ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ ***

DAILY CHARDHIKALA, PATIALA

ਰਜਿਸਟਰਡ ਪੋਸਟਲ ਰਜਿ: ਨੰ. Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 146
ਫ਼ੋਨ: +91- 92168-07500
E-mail: news@charhdikala.com
www.charhdikala.com

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Thursday, 28 May, 2026) ਵੀਰਵਾਰ, 28 ਮਈ, 2026, 14 ਜੇਠ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ


## 1 ਜੂਨ ਤੋਂ ਰੇਲਵੇ ਸਟੇਸ਼ਨਾਂ 'ਤੇ ਮਹਿੰਗੇ ਹੋਣਗੇ ਸਨੈਕਸ

ਨਵੀਂ ਦਿੱਲੀ, 27 ਮਈ (ਚ.ਨ.ਸ.): ਇੰਡੀਅਨ ਰੇਲਵੇ ਨੇ ਯਾਤਰੀਆਂ ਲਈ ਵੱਡਾ ਫੈਸਲਾ ਲੈਂਦਿਆਂ ਰੇਲਵੇ ਸਟੇਸ਼ਨਾਂ 'ਤੇ ਮਿਲਣ ਵਾਲੀਆਂ ਕਈ ਖਾਣ-ਪੀਣ ਦੀਆਂ ਚੀਜ਼ਾਂ ਦੀਆਂ ਕੀਮਤਾਂ ਵਿੱਚ ਵਾਧਾ ਕਰ ਦਿੱਤਾ ਹੈ। ਨਵੀਆਂ ਦਰਾਂ 1 ਜੂਨ 2026 ਤੋਂ ਲਾਗੂ ਹੋਣਗੀਆਂ।ਨਵੇਂ ਰੇਟ ਕਾਰਡ ਅਨੁਸਾਰ ਹੁਣ ਵੜਾ ਪਾਵ, ਸਮੋਸਾ, ਡੋਸਾ, ਪਾਵ ਭਾਜੀ ਅਤੇ ਹੋਰ ਸਨੈਕਸ ਲਈ ਯਾਤਰੀਆਂ ਨੂੰ ਪਹਿਲਾਂ ਨਾਲੋਂ ਵੱਧ ਭੁਗਤਾਨ ਕਰਨਾ ਪਵੇਗਾ। ਵੜਾ ਪਾਵ ਦੀ ਕੀਮਤ ਲਗਭਗ 13 ਰੁਪਏ ਤੋਂ ਵਧਾ ਕੇ 20 ਰੁਪਏ ਕਰ ਦਿੱਤੀ ਗਈ ਹੈ, ਜਦਕਿ ਸਮੋਸਾ ਵੀ ਹੁਣ 20 ਰੁਪਏ (ਬਾਕੀ ਸਫ਼ਾ 2 'ਤੇ)

# ਪੰਜਾਬ 'ਚ ਅੱਜ ਤੋਂ ਮੀਂਹ ਤੇ ਝੱਖੜ ਦੀ ਪੇਸ਼ੀਨਗੋਈ

## 90 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਚੱਲਣਗੀਆਂ ਤੇਜ਼ ਹਵਾਵਾਂ

ਚੜ੍ਹਦੀਕਲਾ ਬਿਊਰੋ



ਚੰਡੀਗੜ੍ਹ, 27 ਮਈ :ਮੌਸਮ ਵਿਭਾਗ ਨੇ ਬੁੱਧਵਾਰ ਨੂੰ ਅਲਰਟ ਜਾਰੀ ਕਰਦਿਆਂ ਦੱਸਿਆ ਹੈ ਕਿ ਵੀਰਵਾਰ (28 ਮਈ) ਤੋਂ ਸ਼ਨਿਚਰਵਾਰ ਤੱਕ ਚੰਡੀਗੜ੍ਹ, ਪੰਜਾਬ ਅਤੇ ਹਰਿਆਣਾ ਵਿੱਚ ਝੱਖੜ ਆ ਸਕਦਾ ਹੈ। ਇਸ ਦੌਰਾਨ 70 ਤੋਂ 80 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਹਵਾਵਾਂ ਚੱਲਣਗੀਆਂ ਜੋ 90 ਕਿਲੋਮੀਟਰ ਤੱਕ ਵੀ ਪਹੁੰਚ ਸਕਦੀਆਂ ਹਨ। ਇਸ ਦੇ ਨਾਲ ਹੀ ਕਈ ਇਲਾਕਿਆਂ ਵਿੱਚ ਤੇਜ਼ ਮੀਂਹ ਅਤੇ ਗੜ੍ਹੇਮਾਰੀ ਦੀ ਵੀ ਸੰਭਾਵਨਾ ਹੈ।

ਦੂਜੇ ਪਾਸੇ 25 ਮਈ ਤੋਂ ਸ਼ੁਰੂ ਹੋਇਆ ਅਤਿ ਦੀ ਗਰਮੀ ਦਾ ਕਹਿਰ ਬੁੱਧਵਾਰ ਨੂੰ ਆਪਣੇ ਸਿਖ਼ਰ 'ਤੇ ਰਿਹਾ ਅਤੇ ਇਹ ਵੀਰਵਾਰ ਨੂੰ ਵੀ ਜਾਰੀ ਰਹੇਗਾ ਪਰ ਇਸ ਤੋਂ ਬਾਅਦ ਮੌਸਮ ਵਿੱਚ ਵੱਡੀ ਤਬਦੀਲੀ ਆਵੇਗੀ। ਸ਼ੁੱਕਰਵਾਰ ਨੂੰ ਮੌਸਮ ਵਿਚ ਬਦਲਾਅ ਦੇਖਣ ਨੂੰ ਮਿਲੇਗਾ ਜਿਸ ਕਾਰਨ ਮੌਸਮ ਵਿਭਾਗ ਨੇ ਚੰਡੀਗੜ੍ਹ, ਮੋਹਾਲੀ, ਪੰਚਕੂਲਾ, ਫ਼ਤਿਹਗੜ੍ਹ ਸਾਹਿਬ, ਰੋਪੜ, ਨਵਾਂਸ਼ਹਿਰ, ਗੁਰਦਾਸਪੁਰ, ਪਠਾਨਕੋਟ, ਅੰਬਾਲਾ ਅਤੇ ਯਮੁਨਾਨਗਰ ਦੇ ਕੁਝ ਹਿੱਸਿਆਂ ਲਈ ਸਭ ਤੋਂ ਗੰਭੀਰ ਯਾਨੀ ਰੈੱਡ ਅਲਰਟ ਜਾਰੀ ਕੀਤਾ ਹੈ।

ਵੀਰਵਾਰ ਤੋਂ ਮੌਸਮ ਵਿੱਚ ਇਕ ਦਮ ਬਦਲਾਅ ਆਵੇਗਾ, ਜਿੱਥੇ ਕੁਝ ਥਾਵਾਂ 'ਤੇ ਹਲਕੇ ਮੀਂਹ ਦੇ ਨਾਲ-ਨਾਲ 90 ਕਿਲੋਮੀਟਰ ਦੀ ਰਫ਼ਤਾਰ ਨਾਲ ਤੇਜ਼ ਝੱਖੜ ਚੱਲਣ, ਬਿਜਲੀ ਚਮਕਣ ਅਤੇ ਗੜ੍ਹੇਮਾਰੀ ਦੀ ਸੰਭਾਵਨਾ ਹੈ। ਇਸ ਦਿਨ ਲਈ 'ਓਰੇਂਜ ਅਲਰਟ' ਜਾਰੀ ਕੀਤਾ ਗਿਆ ਹੈ। ਸ਼ੁੱਕਰਵਾਰ ਨੂੰ ਇਹ ਸਿਸਟਮ ਪੂਰੀ ਤਰ੍ਹਾਂ ਸਰਗਰਮ ਹੋ ਜਾਵੇਗਾ ਅਤੇ ਇਲਾਕੇ ਵਿੱਚ ਭਾਰੀ ਮੀਂਹ ਪਵੇਗਾ। ਸ਼ਨਿਚਰਵਾਰ ਨੂੰ ਵੀ ਮੀਂਹ ਦਾ ਸਿਲਸਿਲਾ ਜਾਰੀ ਰਹੇਗਾ ਅਤੇ 50 ਤੋਂ 60 ਕਿਲੋਮੀਟਰ ਦੀ (ਬਾਕੀ ਸਫ਼ਾ 2 'ਤੇ)

## ਸੂਬੇ 'ਚ ਬਠਿੰਡਾ 45.8 ਡਿਗਰੀ ਨਾਲ ਰਿਹਾ ਸਭ ਤੋਂ ਗਰਮ

ਚੰਡੀਗੜ੍ਹ, 27 ਮਈ (ਚ.ਨ.ਸ.):ਪੰਜਾਬ ਅਤੇ ਚੰਡੀਗੜ੍ਹ ਵਿੱਚ ਤੇਜ਼ ਗਰਮੀ ਪੈ ਰਹੀ ਹੈ। ਮੌਸਮ ਵਿਗਿਆਨ ਕੇਂਦਰ, ਚੰਡੀਗੜ੍ਹ ਨੇ ਅੱਜ ਪੰਜਾਬ ਅਤੇ ਚੰਡੀਗੜ੍ਹ ਲਈ ਭਿਆਨਕ ਗਰਮੀ ਦੀ ਚੇਤਾਵਨੀ ਜਾਰੀ ਕੀਤੀ ਹੈ। 28 ਮਈ ਤੋਂ ਮੌਸਮ ਵਿੱਚ ਬਦਲਾਅ ਆਉਣ ਦੀ ਉਮੀਦ ਹੈ। ਕਈ ਥਾਈਂ ਮੀਂਹ ਅਤੇ ਗੜ੍ਹੇਮਾਰੀ ਸੰਭਵ ਹੈ। ਮੌਸਮ ਵਿਭਾਗ ਅਨੁਸਾਰ ਪਿਛਲੇ 24 ਘੰਟਿਆਂ ਦੌਰਾਨ ਪੰਜਾਬ ਵਿੱਚ ਮੌਸਮ ਪੂਰੀ ਤਰ੍ਹਾਂ ਖ਼ੁਸ਼ਕ ਰਿਹਾ। ਬਠਿੰਡਾ ਵਿਚ ਸੂਬੇ ਦਾ ਸਭ ਤੋਂ ਵੱਧ ਤਾਪਮਾਨ 45.8 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ।

ਮੌਸਮ ਵਿਭਾਗ ਨੇ ਅੱਜ ਮੋਹਾਲੀ, ਪਟਿਆਲਾ, ਲੁਧਿਆਣਾ, ਬਠਿੰਡਾ, ਮਾਨਸਾ ਅਤੇ ਸੰਗਰੂਰ ਸਮੇਤ ਕਈ ਜ਼ਿਲ੍ਹਿਆਂ ਲਈ ਗੰਭੀਰ ਗਰਮੀ ਦੀ ਚੇਤਾਵਨੀ ਜਾਰੀ ਕੀਤੀ ਹੈ। ਦੁਪਹਿਰ ਵੇਲੇ ਤੇਜ਼ ਧੁੱਪ ਅਤੇ ਗਰਮ ਹਵਾਵਾਂ ਸਥਿਤੀ ਨੂੰ ਹੋਰ ਵਿਗਾੜ ਸਕਦੀਆਂ ਹਨ। ਮੌਸਮ ਵਿਭਾਗ ਦੇ ਅਨੁਸਾਰ, 28 ਅਤੇ 29 ਮਈ ਨੂੰ ਪੰਜਾਬ ਦੇ ਕਈ ਹਿੱਸਿਆਂ ਵਿੱਚ ਮੌਸਮ ਅਚਾਨਕ ਬਦਲ ਸਕਦਾ ਹੈ।

## ਪੰਜਾਬ ਨਿਗਮ ਚੋਣਾਂ ਦੇ ਨਤੀਜੇ ਭਲਕੇ

ਚੰਡੀਗੜ੍ਹ, 27 ਮਈ (ਚ.ਨ.ਸ.): ਪੰਜਾਬ ਵਿੱਚ ਮੰਗਲਵਾਰ ਨੂੰ ਅੱਠ ਨਗਰ ਨਿਗਮਾਂ, 75 ਨਗਰ ਕੌਂਸਲਾਂ ਅਤੇ 20 ਨਗਰ ਪੰਚਾਇਤਾਂ ਲਈ ਪਈਆਂ ਵੋਟਾਂ ਦੀ ਗਿਣਤੀ 29 ਮਈ ਨੂੰ ਹੋਵੇਗੀ ਜਿਸ ਤੋਂ ਬਾਅਦ ਬੈਲਟ ਬਾਕਸਾਂ ਵਿੱਚ ਬੰਦ ਵੱਖ-ਵੱਖ ਪਾਰਟੀਆਂ ਦੇ ਉਮੀਦਵਾਰਾਂ ਦੀ ਕਿਸਮਤ ਦਾ ਫ਼ੈਸਲਾ ਹੋ ਜਾਵੇਗਾ।

ਜ਼ਿਕਰਯੋਗ ਹੈ ਕਿ ਰਾਜ ਚੋਣ ਕਮਿਸ਼ਨ ਮੁਤਾਬਕ ਕੱਲ੍ਹ ਸ਼ਾਮ ਤੱਕ ਇਨ੍ਹਾਂ ਚੋਣਾਂ ਤਹਿਤ 63.94 ਫੀਸਦੀ ਵੋਟਰਾਂ ਵੱਲੋਂ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕੀਤੀ ਗਈ ਸੀ। ਇਸ ਦੌਰਾਨ ਵੋਟਿੰਗ ਈਵੀਐਮ ਦੀ ਥਾਂ ਬੈਲਟ ਪੇਪਰਾਂ ਦੀ ਵਰਤੋਂ ਕੀਤੀ ਗਈ ਸੀ। ਵੋਟਿੰਗ ਦੌਰਾਨ ਕਈ ਥਾਵਾਂ 'ਤੇ ਹਿੰਸਕ ਝੜਪਾਂ ਦੀਆਂ ਖ਼ਬਰਾਂ ਸਾਹਮਣੇ ਆਈਆਂ ਸਨ। ਪਟਿਆਲਾ ਦੇ ਸਮਾਣਾ ਵਿੱਚ ਪੁਲਿਸ ਅਤੇ ਭੀੜ ਵਿਚਕਾਰ ਪੱਥਰਬਾਜ਼ੀ ਹੋਈ ਸੀ। ਪੁਲਿਸ ਵੱਲੋਂ ਭੀੜ 'ਤੇ ਲਾਠੀਚਾਰਜ ਕੀਤਾ ਗਿਆ ਸੀ ਜਦ ਕਿ ਹਵਾਈ ਫਾਇਰਿੰਗ ਦੀਆਂ ਵੀ ਖ਼ਬਰਾਂ ਸਾਹਮਣੇ ਆਈਆਂ ਸਨ। ਇਸੇ ਦੌਰਾਨ ਅਧਿਕਾਰੀਆਂ ਵੱਲੋਂ ਇਹ ਵੀ ਜਾਣਕਾਰੀ ਦਿੱਤੀ ਗਈ ਹੈ ਕਿ ਜਿਹੜੇ ਸਕੂਲਾਂ-ਕਾਲਜਾਂ ਵਿੱਚ ਇਨ੍ਹਾਂ ਵੋਟਾਂ ਦੀ ਗਿਣਤੀ ਹੋਵੇਗੀ ਉਨ੍ਹਾਂ ਵਿੱਚ 29 ਮਈ ਨੂੰ ਛੁੱਟੀ ਰਹੇਗੀ।

### 13 ਲੱਖ ਦੀ ਰਿਸ਼ਵਤ ਦਾ ਮਾਮਲਾ

# ਸੀ.ਬੀ.ਆਈ. ਵੱਲੋਂ ਵਿਜੀਲੈਂਸ ਰੀਡਰ ਨੂੰ ਭਗੌੜਾ ਕਰਾਰ ਦੇਣ ਦੀ ਕਾਰਵਾਈ ਸ਼ੁਰੂ

## ਅਦਾਲਤ ਨੇ ਮੁੜ ਗ਼ੈਰ ਜ਼ਮਾਨਤੀ ਵਾਰੰਟ ਜਾਰੀ ਕੀਤੇ

ਚੜ੍ਹਦੀਕਲਾ ਬਿਊਰੋ




ਚੰਡੀਗੜ੍ਹ, 27 ਮਈ :ਸੀ.ਬੀ.ਆਈ. ਨੇ 13 ਲੱਖ ਰੁਪਏ ਰਿਸ਼ਵਤ ਕਾਂਡ 'ਚ ਫ਼ਰਾਰ ਵਿਜੀਲੈਂਸ ਬਿਊਰੋ ਦੇ ਮੁਖੀ ਦੇ ਰੀਡਰ ਓ.ਪੀ. ਰਾਣਾ ਨੂੰ ਭਗੌੜਾ ਐਲਾਨੇ ਜਾਣ ਦੀ ਪ੍ਰਕਿਰਿਆ ਵਿੱਢੀ ਹੈ। ਚੰਡੀਗੜ੍ਹ ਦੀ ਸੀ.ਬੀ.ਆਈ. ਅਦਾਲਤ ਨੇ ਫ਼ਿਲਹਾਲ ਫ਼ਰਾਰ ਰੀਡਰ ਰਾਣਾ ਦੇ ਮੁੜ 6 ਜੂਨ ਤੱਕ ਗੈਰ ਜ਼ਮਾਨਤੀ ਵਾਰੰਟ ਜਾਰੀ ਕਰ ਦਿੱਤੇ ਹਨ। ਰੀਡਰ ਰਾਣਾ ਨੇ ਸੀ.ਬੀ.ਆਈ. ਅਦਾਲਤ 'ਚੋਂ ਅਗਾਊਂ ਜ਼ਮਾਨਤ ਦੀ ਅਰਜ਼ੀ ਰੱਦ ਹੋਣ ਮਗਰੋਂ ਪੰਜਾਬ ਤੇ ਹਰਿਆਣਾ ਹਾਈ ਕੋਰਟ 'ਚ ਦਾਇਰ ਕੀਤੀ ਹੈ ਜਿਸ 'ਤੇ ਹੁਣ 29 ਮਈ ਨੂੰ ਸੁਣਵਾਈ ਹੋਣੀ ਹੈ।

ਸੀ.ਬੀ.ਆਈ. ਅਦਾਲਤ ਨੇ ਹਾਈ ਕੋਰਟ 'ਚ ਅਗਾਊਂ ਜ਼ਮਾਨਤ ਦੀ ਅਰਜ਼ੀ ਸੁਣਵਾਈ ਅਧੀਨ ਹੋਣ ਕਰਕੇ ਰੀਡਰ ਰਾਣਾ ਨੂੰ ਭਗੌੜਾ ਘੋਸ਼ਿਤ ਕਰਨ ਦੀ ਬਜਾਏ ਨਵੇਂ ਗੈਰ ਜ਼ਮਾਨਤੀ ਵਾਰੰਟ ਜਾਰੀ ਕੀਤੇ ਹਨ। ਅਦਾਲਤ ਨੇ ਮੰਨਿਆ ਕਿ ਮੁਲਜ਼ਮ ਦਾ ਵਤੀਰਾ ਪਹਿਲੇ ਨਜ਼ਰੇ ਗ੍ਰਿਫ਼ਤਾਰੀ ਤੋਂ ਬਚਣ ਵਾਲਾ ਹੈ। ਸੀ.ਬੀ.ਆਈ. ਨੇ ਬੀਐੱਨਐੱਸਐੱਸ ਦੀ ਧਾਰਾ 84 ਤਹਿਤ ਅਰਜ਼ੀ ਦਾਇਰ ਕਰਕੇ ਰੀਡਰ ਰਾਣਾ ਨੂੰ ਭਗੌੜਾ ਘੋਸ਼ਿਤ ਕਰਨ ਦੀ ਮੰਗ ਕੀਤੀ ਸੀ। ਸੀ.ਬੀ.ਆਈ. ਨੇ ਅਦਾਲਤ 'ਚ ਸੁਪਰੀਮ ਕੋਰਟ ਤੇ ਹਾਈ ਕੋਰਟ ਦੇ ਫ਼ੈਸਲਿਆਂ ਦੇ ਹਵਾਲੇ ਨਾਲ ਦਲੀਲ ਪੇਸ਼ ਕੀਤੀ ਕਿ ਹਾਈ ਕੋਰਟ 'ਚ ਅਰਜ਼ੀ ਪੈਂਡਿੰਗ ਹੋਣ ਦੇ ਬਾਵਜੂਦ, ਜੇਕਰ ਕੋਈ ਸਟੇਅ ਨਹੀਂ ਹੈ ਤਾਂ ਮੁਲਜ਼ਮ ਨੂੰ ਭਗੌੜਾ ਘੋਸ਼ਿਤ ਕਰਨ ਦੀ ਕਾਰਵਾਈ ਸ਼ੁਰੂ ਕੀਤੀ ਜਾ ਸਕਦੀ ਹੈ। (ਬਾਕੀ ਸਫਾ 2 'ਤੇ)

## ਰਿਸ਼ਵਤ ਕਾਂਡ ਵਿੱਚ ਫਸਿਆ ਵਿਕਾਸ ਗੋਇਲ ਹਸਪਤਾਲ ਭਰਤੀ

ਚੰਡੀਗੜ੍ਹ, 27 ਮਈ (ਚ.ਨ.ਸ.): ਸੀ.ਬੀ.ਆਈ. ਕੋਲ ਰਿਸ਼ਵਤ ਕਾਂਡ 'ਚ ਫਸੇ ਮਲੋਟ ਦੇ ਵਿਕਾਸ ਗੋਇਲ ਦੀ ਅਚਾਨਕ ਤਬੀਅਤ ਵਿਗੜ ਗਈ ਜਿਨ੍ਹਾਂ ਨੂੰ ਚੰਡੀਗੜ੍ਹ ਦੇ ਸੈਕਟਰ 32 ਵਿਚਲੇ ਸਰਕਾਰੀ ਮੈਡੀਕਲ ਕਾਲਜ ਅਤੇ ਹਸਪਤਾਲ 'ਚ ਭਰਤੀ ਕਰਾਇਆ ਗਿਆ ਹੈ। ਵਿਕਾਸ ਗੋਇਲ ਤੇ ਉਨ੍ਹਾਂ ਦਾ ਲੜਕਾ ਰਾਘਵ ਗੋਇਲ ਤੋਂ ਇਲਾਵਾ ਡਰਾਈਵਰ ਇਸ ਵੇਲੇ ਨਿਆਂਇਕ ਹਿਰਾਸਤ 'ਚ ਹਨ। ਵਿਕਾਸ ਗੋਇਲ ਕਈ ਸਰੀਰਕ ਮੁਸ਼ਕਿਲਾਂ ਤੋਂ ਪੀੜਤ ਦੱਸੇ ਜਾ ਰਹੇ ਹਨ।ਮੁਲਜ਼ਮ ਵਿਕਾਸ ਗੋਇਲ ਦੀ ਤਬੀਅਤ (ਬਾਕੀ ਸਫਾ 2 'ਤੇ)

# 'ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਦੇ ਮਾਮਲੇ 'ਚ ਮਮਤਾ ਵਿਰੁੱਧ ਐਫ.ਆਈ.ਆਰ. ਦਰਜ

ਚੜ੍ਹਦੀਕਲਾ ਬਿਊਰੋ



ਨਵੀਂ ਦਿੱਲੀ, 27 ਮਈ : ਪੱਛਮੀ ਬੰਗਾਲ ਵਿੱਚ ਸਾਬਕਾ ਮੁੱਖ ਮੰਤਰੀ ਅਤੇ ਟੀਐਮਸੀ ਮੁਖੀ ਮਮਤਾ ਬੈਨਰਜੀ ਵਿਰੁੱਧ ਐਫਆਈਆਰ ਦਰਜ ਕੀਤੀ ਗਈ ਹੈ। ਪੁਲਿਸ ਨੇ ਬੁੱਧਵਾਰ ਨੂੰ ਕਿਹਾ ਕਿ ਇਹ ਮਾਮਲਾ ਇੱਕ ਵਕੀਲ ਦੁਆਰਾ ਦਾਇਰ ਸ਼ਿਕਾਇਤ ਦੇ ਆਧਾਰ 'ਤੇ ਦਰਜ ਕੀਤਾ ਗਿਆ ਸੀ। ਉਸ 'ਤੇ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਦਾ ਦੋਸ਼ ਲਗਾਇਆ ਗਿਆ ਹੈ।ਇਹ ਸ਼ਿਕਾਇਤ 20 ਮਈ ਨੂੰ ਵਕੀਲ ਰਿੰਕੀ ਚਟੋਪਾਧਿਆਏ ਦੁਆਰਾ ਸਿਲੀਗੁੜੀ ਸਾਈਬਰ ਕ੍ਰਾਈਮ ਪੁਲਿਸ ਸਟੇਸ਼ਨ ਵਿੱਚ ਦਰਜ ਕੀਤੀ ਗਈ ਸੀ। ਉਸਨੇ ਇਹ ਵੀ ਦੋਸ਼ ਲਗਾਇਆ ਕਿ ਪੁਲਿਸ ਨੇ ਸ਼ੁਰੂ ਵਿੱਚ ਕੇਸ ਦਰਜ ਕਰਨ ਤੋਂ ਇਨਕਾਰ ਕਰ ਦਿੱਤਾ ਸੀ ਅਤੇ ਵਾਰ-ਵਾਰ ਫਾਲੋ-ਅਪ ਤੋਂ ਬਾਅਦ ਹੀ ਐਫਆਈਆਰ ਸਵੀਕਾਰ ਕੀਤੀ ਗਈ ਸੀ। ਸ਼ਿਕਾਇਤਕਰਤਾ ਅਨੁਸਾਰ, ਬੈਨਰਜੀ ਦੁਆਰਾ ਕੀਤੀਆਂ ਗਈਆਂ ਦੋ ਖਾਸ ਟਿੱਪਣੀਆਂ ਨੇ ਭਾਰਤ ਅਤੇ ਦੁਨੀਆਂ ਭਰ ਦੇ ਲੱਖਾਂ ਸਨਾਤਾਨੀ ਹਿੰਦੂਆਂ ਦੀਆਂ ਭਾਵਨਾਵਾਂ ਅਤੇ ਵਿਸ਼ਵਾਸ ਨੂੰ ਡੂੰਘੀ ਠੇਸ ਪਹੁੰਚਾਈ ਹੈ। ਇਨ੍ਹਾਂ ਵਿੱਚੋਂ ਪਹਿਲੀ ਟਿੱਪਣੀ 2025 ਵਿੱਚ ਇੱਕ ਧਾਰਮਿਕ ਸਮਾਗਮ ਦੌਰਾਨ ਕੀਤੀ ਗਈ ਸੀ, ਜਦੋਂ ਕਿ ਦੂਜੀ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਧਰਮਤਲਾ ਵਿੱਚ ਇੱਕ ਵਿਰੋਧ ਰੈਲੀ ਦੌਰਾਨ ਕੀਤੀ ਗਈ ਸੀ।

### ਮੋਦੀ ਨੇ ਨਾਗਰਿਕਾਂ ਨੂੰ ਗਰਮੀ ਤੋਂ ਬਚਣ ਲਈ ਵਿਸ਼ੇਸ਼ ਅਪੀਲ !

# 'ਖ਼ੁਦ ਨੂੰ ਹਾਈਡ੍ਰੇਟਿਡ ਰੱਖੋ ਅਤੇ ਘਰੋਂ ਬਾਹਰ ਨਿਕਲਦੇ ਸਮੇਂ ਆਪਣੇ ਕੋਲ ਪਾਣੀ ਜ਼ਰੂਰ ਰੱਖੋ'

ਚੜ੍ਹਦੀਕਲਾ ਬਿਊਰੋ



ਨਵੀਂ ਦਿੱਲੀ, 27 ਮਈ : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਬੁੱਧਵਾਰ ਨੂੰ ਦੇਸ਼ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਦੇਸ਼ ਵਿੱਚ ਲਗਾਤਾਰ ਵਧ ਰਹੇ ਤਾਪਮਾਨ ਨੂੰ ਦੇਖਦੇ ਹੋਏ ਵੱਧ ਤੋਂ ਵੱਧ ਸਾਵਧਾਨੀ ਵਰਤਣ। ਉਨ੍ਹਾਂ ਕਿਹਾ ਕਿ ਅਜਿਹੇ ਖ਼ਰਾਬ ਮੌਸਮ ਵਿੱਚ ਸਰੀਰ ਵਿੱਚ ਪਾਣੀ ਦੀ ਕਮੀ ਨਾ ਹੋਣ ਦੇਣਾ (ਹਾਈਡ੍ਰੇਟਿਡ ਰਹਿਣਾ) ਸਭ ਤੋਂ ਜ਼ਰੂਰੀ ਹੈ। ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਲਗਾਤਾਰ ਕਈ ਪੋਸਟਾਂ ਸਾਂਝੀਆਂ ਕਰਦੇ ਹੋਏ ਪ੍ਰਧਾਨ ਮੰਤਰੀ ਨੇ ਕਿਹਾ ਕਿ ਬੱਚੇ, ਬਜ਼ੁਰਗ ਅਤੇ ਬਾਹਰ ਕੰਮ ਕਰਨ ਵਾਲੇ ਲੋਕ ਇਸ ਗਰਮੀ ਦੀ ਲਪੇਟ ਵਿੱਚ ਜਲਦੀ ਆਉਂਦੇ ਹਨ। ਕਿਸੇ ਨੂੰ ਵੀ ਗਰਮੀ ਕਾਰਨ ਹੋਣ ਵਾਲੀ ਥਕਾਵਟ ਦੇ ਸ਼ੁਰੂਆਤੀ ਲੱਛਣਾਂ ਨੂੰ ਨਜ਼ਰਅੰਦਾਜ਼ ਨਹੀਂ ਕਰਨਾ ਚਾਹੀਦਾ, ਕਿਉਂਕਿ ਇਹ ਬਹੁਤ ਜਲਦੀ ਖ਼ਤਰਨਾਕ ਰੂਪ ਧਾਰਨ ਕਰ ਸਕਦੀ ਹੈ ਅਤੇ 'ਹੀਟ ਸਟ੍ਰੋਕ' (ਲੂ ਲੱਗਣ) ਦਾ ਕਾਰਨ ਬਣ ਸਕਦੀ ਹੈ।

ਪ੍ਰਧਾਨ ਮੰਤਰੀ ਮੋਦੀ ਨੇ ਕਿਹਾ, 'ਭਾਰਤ ਦੇ ਵੱਖ-ਵੱਖ ਹਿੱਸਿਆਂ ਵਿੱਚ ਤਾਪਮਾਨ ਬਹੁਤ ਵੱਧ ਰਿਹਾ ਹੈ ਅਤੇ ਇਸ ਨਾਲ ਕਈ ਚੁਣੌਤੀਆਂ ਖੜ੍ਹੀਆਂ ਹੋ ਰਹੀਆਂ ਹਨ। ਇਹ ਗਰਮੀ ਸਾਡੇ ਸਾਰਿਆਂ ਲਈ ਬਹੁਤ ਜ਼ਿਆਦਾ ਹੈ ਅਤੇ ਮੈਂ ਤੁਹਾਨੂੰ ਸਾਰਿਆਂ ਨੂੰ ਅਪੀਲ ਕਰਦਾ ਹਾਂ ਕਿ ਜਿੰਨੀ ਸੰਭਵ ਹੋ ਸਕੇ ਸਾਵਧਾਨੀ ਵਰਤੋ।' ਉਨ੍ਹਾਂ ਸਾਰਿਆਂ ਨੂੰ ਪਾਣੀ ਪੀਂਦੇ ਰਹਿਣ, ਜਦੋਂ ਵੀ ਬਾਹਰ ਨਿਕਲੋ ਤਾਂ ਪਾਣੀ ਨਾਲ ਲੈ ਕੇ ਜਾਣ ਅਤੇ ਦੂਜਿਆਂ ਨੂੰ ਵੀ ਪਾਣੀ ਪਿਲਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਅਜਿਹੇ ਮੌਸਮ ਵਿੱਚ ਦਿਖਾਈ ਗਈ ਇਹ ਹਮਦਰਦੀ ਬਹੁਤ ਮਦਦਗਾਰ ਸਾਬਤ ਹੁੰਦੀ ਹੈ।

**ਲੱਛਣਾਂ 'ਤੇ ਰੱਖੋ ਨਜ਼ਰ:** ਪੀਐਮ ਮੋਦੀ ਨੇ ਕਿਹਾ ਕਿ ਗਰਮੀ ਕਾਰਨ ਚੱਕਰ ਆਉਣ, ਜੀਅ ਕੱਚਾ ਹੋਣ ਜਾਂ ਬਹੁਤ ਜ਼ਿਆਦਾ ਥਕਾਵਟ ਵਰਗੇ ਲੱਛਣਾਂ 'ਤੇ ਨਜ਼ਰ ਰੱਖੋ। ਜੇਕਰ ਤੁਹਾਡੇ ਆਲੇ-ਦੁਆਲੇ ਕੋਈ ਬਿਮਾਰ ਜਾਂ ਕਮਜ਼ੋਰ ਮਹਿਸੂਸ ਕਰਦਾ ਹੈ ਜਾਂ ਉਸ ਦੇ ਸਿਰ ਵਿੱਚ ਦਰਦ ਹੁੰਦਾ ਹੈ, ਤਾਂ ਉਸ ਨੂੰ ਤੁਰੰਤ ਕਿਸੇ ਠੰਡੀ ਅਤੇ ਛਾਂਦਾਰ ਜਗ੍ਹਾ 'ਤੇ ਲੈ ਕੇ ਜਾਓ। ਉਨ੍ਹਾਂ ਨਾਗਰਿਕਾਂ ਨੂੰ ਪ੍ਰਭਾਵਿਤ ਲੋਕਾਂ ਦੀ ਮਦਦ ਕਰਨ ਅਤੇ ਉਨ੍ਹਾਂ ਨੂੰ ਪਾਣੀ, ਓ.ਆਰ.ਐਸ. ਆਦਿ ਦੇਣਾ ਯਕੀਨੀ ਬਣਾਉਣ ਲਈ ਕਿਹਾ ਤਾਂ ਜੋ ਉਨ੍ਹਾਂ ਨੂੰ ਰਾਹਤ ਮਿਲ ਸਕੇ।

**ਬਜ਼ੁਰਗਾਂ ਦਾ ਰੱਖੋ ਖ਼ਿਆਲ:** ਪ੍ਰਧਾਨ ਮੰਤਰੀ ਨੇ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਗਰਮੀ ਦੇ ਇਸ ਦੌਰ ਦੌਰਾਨ ਜਦੋਂ ਵੀ ਸੰਭਵ ਹੋਵੇ, ਆਪਣੇ ਬਜ਼ੁਰਗ ਮਾਤਾ-ਪਿਤਾ, (ਬਾਕੀ ਸਫਾ 2 'ਤੇ)

# ਤਾਮਿਲਨਾਡੂ ਦੇ ਮੁੱਖ ਮੰਤਰੀ ਥਲਾਪਤੀ ਵਿਜੇ ਵੱਲੋਂ ਪ੍ਰਧਾਨ ਮੰਤਰੀ ਮੋਦੀ ਨਾਲ ਮੁਲਾਕਾਤ

ਚੜ੍ਹਦੀਕਲਾ ਬਿਊਰੋ



ਨਵੀਂ ਦਿੱਲੀ, 27 ਮਈ : ਤਾਮਿਲਨਾਡੂ ਦੇ ਮੁੱਖ ਮੰਤਰੀ ਵਜੋਂ ਅਹੁਦਾ ਸੰਭਾਲਣ ਤੋਂ ਬਾਅਦ, ਥਲਾਪਤੀ ਵਿਜੇ ਨੇ ਅੱਜ ਦਿੱਲੀ ਵਿੱਚ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਪਹਿਲੀ ਵਾਰ ਮੁਲਾਕਾਤ ਕੀਤੀ। ਬੁੱਧਵਾਰ ਸਵੇਰੇ ਦਿੱਲੀ ਪਹੁੰਚੇ ਮੁੱਖ ਮੰਤਰੀ ਜੋਸੇਫ ਵਿਜੇ ਨੇ ਕੇਂਦਰ ਸਰਕਾਰ ਕੋਲ ਲੰਬੇ ਸਮੇਂ ਤੋਂ ਪੈਂਡਿੰਗ ਪਈਆਂ ਤਾਮਿਲਨਾਡੂ ਦੀਆਂ ਮੰਗਾਂ ਅਤੇ ਸੂਬੇ ਦੇ ਵਿਕਾਸ ਨਾਲ ਜੁੜੇ ਮਹੱਤਵਪੂਰਨ ਮੁੱਦਿਆਂ 'ਤੇ ਪ੍ਰਧਾਨ ਮੰਤਰੀ ਨਾਲ ਵਿਸਥਾਰਪੂਰਵਕ ਗੱਲਬਾਤ ਕੀਤੀ।

ਮਿਲੀ ਜਾਣਕਾਰੀ ਅਨੁਸਾਰ, ਵਿਜੇ ਦਿੱਲੀ ਪਹੁੰਚ ਕੇ ਸਭ ਤੋਂ ਪਹਿਲਾਂ ਕੇਂਦਰੀ ਦਿੱਲੀ ਸਥਿਤ 'ਤਾਮਿਲਨਾਡੂ ਹਾਊਸ' ਗਏ। ਪ੍ਰਧਾਨ ਮੰਤਰੀ ਨਾਲ ਉਨ੍ਹਾਂ ਦੀ ਮੁਲਾਕਾਤ ਸ਼ਾਮ 4:30 ਵਜੇ 'ਸੇਵਾ ਤੀਰਥ' ਵਿਖੇ ਤੈਅ ਸੀ, ਜੋ ਲਗਭਗ 25 ਮਿੰਟ ਤੱਕ ਚੱਲੀ। ਹਾਲਾਂਕਿ ਇਸ ਮੀਟਿੰਗ ਦੇ (ਬਾਕੀ ਸਫਾ 2 'ਤੇ)

## ਪੀ.ਐਸ.ਪੀ.ਸੀ.ਐਲ. ਦੇ ਸਾਬਕਾ ਸੀ.ਐਮ.ਡੀ. ਦੀ ਜ਼ਮਾਨਤ ਅਰਜ਼ੀ ਖਾਰਜ



ਲੁਧਿਆਣਾ, 27 ਮਈ (ਚ.ਨ.ਸ.): ਸਪੈਸ਼ਲ ਜੱਜ ਅਮਰਿੰਦਰ ਸਿੰਘ ਸ਼ੇਰਗਿੱਲ ਦੀ ਅਦਾਲਤ ਨੇ ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਲੁਧਿਆਣਾ ਦੀ ਇੱਕ ਨਿੱਜੀ ਕਲੋਨੀ ਵਿੱਚ 66 ਕੇਵੀ ਗ੍ਰਿਡ ਸਬ-ਸਟੇਸ਼ਨ ਲਗਾਉਣ 'ਚ ਕਥਿਤ ਬੇਨਿਯਮੀਆਂ ਦੇ ਸਬੰਧ ਵਿੱਚ ਦਰਜ ਭ੍ਰਿਸ਼ਟਾਚਾਰ ਦੇ ਇੱਕ ਮਾਮਲੇ 'ਚ ਪੀ.ਐੱਸ.ਪੀ.ਸੀ.ਐੱਲ. ਦੇ ਸਾਬਕਾ ਚੀਫ਼ ਮੈਨੇਜਿੰਗ ਡਾਇਰੈਕਟਰ (ਸੀ.ਐੱਮ.ਡੀ.) ਕੇਡੀ ਚੌਧਰੀ ਦੀ ਜ਼ਮਾਨਤ ਅਰਜ਼ੀ ਖਾਰਜ ਕਰ ਦਿੱਤੀ ਹੈ।

ਵਿਜੀਲੈਂਸ ਬਿਊਰੋ ਦੇ ਅਨੁਸਾਰ, ਮੁਲਜ਼ਮ ਅਧਿਕਾਰੀਆਂ ਨੇ ਕਥਿਤ ਤੌਰ 'ਤੇ ਉਸ (ਨਿੱਜੀ) ਕਲੋਨੀ ਵਿੱਚ 66 ਕੇਵੀ ਗ੍ਰਿਡ (ਬਾਕੀ ਸਫਾ 2 'ਤੇ)

### ਸੀ.ਬੀ.ਐਸ.ਈ. ਤਿੰਨ-ਭਾਸ਼ਾ ਨੀਤੀ

# ਸੁਪਰੀਮ ਕੋਰਟ ਨੇ ਕੇਂਦਰ, ਸੀ.ਬੀ.ਐਸ.ਈ. ਅਤੇ ਐਨ.ਸੀ.ਈ.ਆਰ.ਟੀ. ਤੋਂ ਦੋ ਹਫ਼ਤੇ 'ਚ ਮੰਗਿਆ ਜਵਾਬ

ਚੜ੍ਹਦੀਕਲਾ ਬਿਊਰੋ




ਨਵੀਂ ਦਿੱਲੀ, 27 ਮਈ :ਸੁਪਰੀਮ ਕੋਰਟ ਨੇ ਅੱਜ ਕੇਂਦਰ ਸਰਕਾਰ, ਸੀ.ਬੀ.ਐੱਸ.ਈ. ਅਤੇ ਐੱਨ.ਸੀ.ਈ. ਆਰ.ਟੀ. ਨੂੰ ਇੱਕ ਜਨਹਿਤ ਪਟੀਸ਼ਨ 'ਤੇ ਨੋਟਿਸ ਜਾਰੀ ਕੀਤੇ ਹਨ। ਇਸ ਪਟੀਸ਼ਨ ਵਿੱਚ ਸੀ.ਬੀ.ਐੱਸ.ਈ. ਦੀ ਉਸ ਤਿੰਨ-ਭਾਸ਼ਾਈ ਨੀਤੀ ਨੂੰ ਚੁਣੌਤੀ ਦਿੱਤੀ ਗਈ ਹੈ ਜਿਸ ਤਹਿਤ 1 ਜੁਲਾਈ ਤੋਂ ਸ਼ੁਰੂ ਹੋਣ ਵਾਲੇ ਅਕਾਦਮਿਕ ਸਾਲ 2026-27 ਤੋਂ ਨੌਵੀਂ ਜਮਾਤ ਦੇ ਵਿਦਿਆਰਥੀਆਂ ਲਈ ਤਿੰਨ ਭਾਸ਼ਾਵਾਂ ਪੜ੍ਹਨਾ ਲਾਜ਼ਮੀ ਕਰ ਦਿੱਤਾ ਗਿਆ ਹੈ, ਜਿਨ੍ਹਾਂ ਵਿੱਚ ਦੋ ਮੂਲ ਭਾਰਤੀ ਭਾਸ਼ਾਵਾਂ ਸ਼ਾਮਲ ਹਨ।

ਚੀਫ ਜਸਟਿਸ ਸੂਰਿਆ ਕਾਂਤ, ਜਸਟਿਸ ਜੋਏਮਾਲਿਆ ਬਾਗਚੀ ਅਤੇ ਜਸਟਿਸ ਵਿਪੁਲ ਐਮ. ਪੰਚੋਲੀ ਦੇ ਬੈਂਚ ਨੇ ਸਾਰੀਆਂ ਧਿਰਾਂ ਨੂੰ ਦੋ ਹਫ਼ਤਿਆਂ ਦੇ ਅੰਦਰ-ਅੰਦਰ ਜਵਾਬ ਦਾਖ਼ਲ ਕਰਨ ਲਈ ਕਿਹਾ ਹੈ ਅਤੇ ਇਸ ਮਾਮਲੇ ਦੀ ਅਗਲੀ ਸੁਣਵਾਈ ਜੁਲਾਈ ਦੇ ਦੂਜੇ ਹਫ਼ਤੇ ਤੈਅ ਕੀਤੀ ਹੈ। ਇਸ ਦੇ ਨਾਲ ਹੀ ਅਦਾਲਤ ਨੇ ਐਡੀਸ਼ਨਲ ਸਾਲਿਸਿਟਰ ਜਨਰਲ ਐਸ਼ਵਰਿਆ ਭਾਟੀ ਨੂੰ ਇਸ ਫੈਸਲੇ ਨੂੰ ਲਾਗੂ ਕਰਨ ਲਈ ਸੀ.ਬੀ.ਐੱਸ.ਈ. ਦੀਆਂ ਤਿਆਰੀਆਂ ਅਤੇ ਪ੍ਰਬੰਧਾਂ (ਬਾਕੀ ਸਫਾ 2 'ਤੇ)

## 'ਈ.ਸੀ. ਨੇ ਆਪਣੇ ਅਧਿਕਾਰ ਅਧੀਨ ਕਰਵਾਇਆ ਐਸ.ਆਈ.ਆਰ.'

ਨਵੀਂ ਦਿੱਲੀ, 27 ਮਈ (ਚ.ਨ.ਸ.):ਸੁਪਰੀਮ ਕੋਰਟ ਨੇ ਚੋਣ ਕਮਿਸ਼ਨ ਵਲੋਂ ਕਰਵਾਏ ਜਾ ਰਹੇ ਐਸ.ਆਈ.ਆਰ. ਨੂੰ ਬਰਕਰਾਰ ਰੱਖਿਆ ਹੈ। ਅਦਾਲਤ ਨੇ ਕਿਹਾ ਕਿ ਇਹ ਨਹੀਂ ਕਿਹਾ ਜਾ ਸਕਦਾ ਕਿ ਚੋਣ ਕਮਿਸ਼ਨ (ਈ.ਸੀ.ਆਈ.) ਨੇ ਐਸ.ਆਈ.ਆਰ. ਕਰਵਾ ਕੇ ਆਪਣੇ ਕਾਨੂੰਨੀ ਅਧਿਕਾਰ ਤੋਂ ਪਰ੍ਹੇ ਜਾ ਕੇ ਕੰਮ ਕੀਤਾ ਹੈ।ਅਦਾਲਤ ਦੇ ਅਨੁਸਾਰ ਐਸ.ਆਈ.ਆਰ. ਨੂੰ ਸਿਰਫ਼ ਇਸ ਲਈ ਗੈਰ-ਕਾਨੂੰਨੀ ਨਹੀਂ ਮੰਨਿਆ ਜਾ ਸਕਦਾ, ਕਿਉਂਕਿ ਇਹ ਆਮ ਪ੍ਰਕਿਰਿਆ (ਬਾਕੀ ਸਫਾ 2 'ਤੇ)

## ਮੋਗਾ 'ਚ 9 ਸਾਲਾ ਬੱਚੀ ਦੀ ਜਬਰ ਜਨਾਹ ਤੋਂ ਬਾਅਦ ਹੱਤਿਆ

ਮੋਗਾ, 27 ਮਈ (ਚ.ਨ.ਸ.): ਸ਼ਹਿਰ ਦੇ ਗਾਂਧੀ ਰੋਡ ਸਥਿਤ ਮੇਖਾਂ ਵਾਲੀ ਗਲੀ ਵਿੱਚ ਇੱਕ ਦਿਲ ਦਹਿਲਾ ਦੇਣ ਵਾਲਾ ਮਾਮਲਾ ਸਾਹਮਣੇ ਆਇਆ ਹੈ। ਇੱਥੇ ਇੱਕ ਪਰਵਾਸੀ ਮਜ਼ਦੂਰ ਦੀ 9 ਸਾਲਾ ਧੀ ਸ਼ੱਕੀ ਹਾਲਾਤ ਵਿੱਚ ਫਾਹੇ ਨਾਲ ਲਟਕੀ ਹੋਈ ਮਿਲੀ। ਬੱਚੀ ਨੂੰ ਫਾਹੇ ਨਾਲ ਲਟਕਦਾ ਦੇਖ ਪਰਿਵਾਰ ਵਿੱਚ ਹੜਕੰਪ ਮਚ ਗਿਆ। ਪਰਿਵਾਰਕ ਮੈਂਬਰਾਂ ਨੇ ਤੁਰੰਤ ਉਸ ਨੂੰ ਹੇਠਾਂ ਉਤਾਰ ਕੇ ਹਸਪਤਾਲ ਪਹੁੰਚਾਇਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਕਰ ਦਿੱਤਾ।

ਜਾਣਕਾਰੀ ਮੁਤਾਬਕ ਗਾਂਧੀ ਰੋਡ ਸਥਿਤ ਮੇਖਾਂ ਵਾਲੀ ਗਲੀ ਵਿੱਚ ਬਣੇ ਕਿਰਾਏ ਦੇ ਛੋਟੇ-ਛੋਟੇ ਕਵਾਰਟਰਾਂ ਵਿੱਚ ਜ਼ਿਆਦਾਤਰ ਪਰਵਾਸੀ ਮਜ਼ਦੂਰ ਆਪਣੇ ਪਰਿਵਾਰਾਂ ਸਮੇਤ ਰਹਿੰਦੇ ਹਨ। ਘਟਨਾ ਸਮੇਂ ਬੱਚੀ ਦੀ ਮਾਤਾ ਕੰਮ 'ਤੇ ਗਈ ਹੋਈ ਸੀ ਪਰਿਵਾਰ ਨੇ ਦੋਸ਼ ਲਗਾਇਆ ਹੈ (ਬਾਕੀ ਸਫਾ 2 'ਤੇ)

# 328 ਸਰੂਪਾਂ ਦੇ ਮਾਮਲੇ ਵਿੱਚ 'ਸਿਟ' ਵੱਲੋਂ ਮੰਗੀ ਜਾਣਕਾਰੀ 'ਤੇ ਧਾਮੀ ਨੇ ਜਥੇਦਾਰ ਤੋਂ ਮੰਗੇ ਆਦੇਸ਼

## ਸ਼੍ਰੋਮਣੀ ਕਮੇਟੀ ਦੇ ਅੰਦਰੂਨੀ ਮਾਮਲਿਆਂ ਦੀ ਜਾਣਕਾਰੀ ਮੰਗਣ 'ਤੇ ਧਾਮੀ ਨੇ ਪ੍ਰਗਟਾਇਆ ਇਤਰਾਜ਼

ਬਬਲੂ ਮਹਾਜਨ



ਅੰਮ੍ਰਿਤਸਰ, 27 ਮਈ :ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਪਾਸੋਂ 328 ਪਾਵਨ ਸਰੂਪਾਂ ਦੇ ਮਾਮਲੇ ਵਿਚ ਸਿਟ ਵੱਲੋਂ ਮੰਗੀ ਜਾ ਰਹੀ ਜਾਣਕਾਰੀ ਬਾਰੇ ਆਦੇਸ਼ ਮੰਗਿਆ ਹੈ। ਧਾਮੀ ਨੇ ਇਸ ਸਬੰਧੀ ਜਥੇਦਾਰ ਨੂੰ ਪੱਤਰ ਲਿਖਿਆ ਹੈ ਜਿਸ ਵਿਚ ਕਿਹਾ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ 328 ਪਾਵਨ ਬੀੜਾਂ ਦੇ ਮਾਮਲੇ 'ਚ ਪੰਜਾਬ ਸਰਕਾਰ ਵੱਲੋਂ ਗਠਿਤ ਕੀਤੀ ਗਈ ਸਿੱਟ ਨੂੰ ਸ਼੍ਰੋਮਣੀ ਕਮੇਟੀ ਦੀ ਤਰਫੋਂ ਦਾਸ ਦੀ ਨਿਗਰਾਨੀ ਹੇਠ ਸਹਿਯੋਗ ਦੇਣ ਲਈ ਆਪ ਵੱਲੋਂ ਆਦੇਸ਼ ਕੀਤਾ ਗਿਆ ਸੀ। ਇਸ ਤਹਿਤ ਜਦੋਂ ਵੀ ਸਿੱਟ ਵੱਲੋਂ ਕੋਈ ਰਿਕਾਰਡ ਅਤੇ ਜਾਣਕਾਰੀ ਮੰਗੀ ਗਈ, ਤਾਂ ਸ਼੍ਰੋਮਣੀ ਕਮੇਟੀ ਦੇ ਚੰਡੀਗੜ੍ਹ ਸਥਿਤ ਉੱਪ ਦਫ਼ਤਰ ਵਿਖੇ ਜਾ ਕੇ ਪੂਰਾ ਸਹਿਯੋਗ ਦਿੱਤਾ ਗਿਆ ਹੈ। ਪਰੰਤੂ ਹੁਣ ਸਿੱਟ ਵੱਲੋਂ ਪੁੱਜੀਆਂ ਦੋ ਵੱਖ-ਵੱਖ ਪੱਤ੍ਰਿਕਾਵਾਂ ਵਿਚ ਸ਼੍ਰੋਮਣੀ ਕਮੇਟੀ ਦੇ ਅੰਦਰੂਨੀ ਪ੍ਰਬੰਧਕੀ ਮਾਮਲਿਆਂ ਨਾਲ ਸਬੰਧਤ ਵੱਖ-ਵੱਖ ਤਰ੍ਹਾਂ ਦੀ ਜਾਣਕਾਰੀ ਮੰਗੀ ਜਾ ਰਹੀ ਹੈ। ਜਿਵੇਂ ਕਿ ਸ਼੍ਰੋਮਣੀ ਕਮੇਟੀ ਦੇ ਸਮੁੱਚੇ ਬੈਂਕ ਖ਼ਾਤਿਆਂ, ਲੈਣ-ਦੇਣ, ਬੈਲੇਂਸ ਸ਼ੀਟਾਂ, ਅਕਾਊਂਟਸ (ਬਾਕੀ ਸਫਾ 2 'ਤੇ)

### ਏ.ਐਸ.ਆਈ. ਕਤਲ ਦਾ ਮਾਮਲਾ

## ਅੱਤਵਾਦੀ ਸੰਗਠਨ ਟੀ.ਟੀ.ਐਚ. ਵੱਲੋਂ ਸੋਸ਼ਲ ਮੀਡੀਆ 'ਤੇ ਵੀਡੀਓ ਜਾਰੀ

ਅੰਮ੍ਰਿਤਸਰ, 27 ਮਈ (ਚ.ਨ.ਸ.): ਏ.ਐੱਸ.ਆਈ. ਜੋਗਾ ਸਿੰਘ ਦੇ ਕਤਲ ਤੋਂ ਤਿੰਨ ਦਿਨ ਬਾਅਦ, ਕਥਿਤ ਤੌਰ 'ਤੇ ਤਹਿਰੀਕ-ਏ-ਤਾਲੀਬਾਨ ਹਿੰਦੁਸਤਾਨ (ਟੀ.ਟੀ.ਐੱਚ.) ਵੱਲੋਂ ਸੋਸ਼ਲ ਮੀਡੀਆ 'ਤੇ ਜਾਰੀ ਕੀਤੀ ਗਈ ਇੱਕ ਵੀਡੀਓ ਸਾਹਮਣੇ ਆਈ ਹੈ, ਜਿਸ ਵਿੱਚ ਮੋਟਰਸਾਈਕਲਾਂ 'ਤੇ ਸਵਾਰ ਹਥਿਆਰਬੰਦ ਹਮਲਾਵਰ ਪੁਲਿਸ ਅਧਿਕਾਰੀ ਨੂੰ ਗੋਲੀ ਮਾਰਦੇ ਦਿਖਾਈ ਦੇ ਰਹੇ ਹਨ। ਇਹ ਵੀਡੀਓ ਉਨ੍ਹਾਂ ਤਸਵੀਰਾਂ ਨਾਲ ਬਿਲਕੁਲ ਮੇਲ ਖਾਂਦੀ ਹੈ ਜੋ ਐਤਵਾਰ ਨੂੰ ਘਟਨਾ ਤੋਂ ਤੁਰੰਤ ਬਾਅਦ ਸੋਸ਼ਲ ਮੀਡੀਆ 'ਤੇ ਵਾਇਰਲ ਹੋਏ ਇੱਕ ਪੋਸਟਰ ਵਿੱਚ ਸਾਹਮਣੇ ਆਈਆਂ ਸਨ। ਮਜੀਠਾ ਵਿੱਚ ਏ.ਐੱਸ.ਆਈ. ਜੋਗਾ ਸਿੰਘ ਦੇ ਕਤਲ ਤੋਂ ਕੁਝ (ਬਾਕੀ ਸਫਾ 2 'ਤੇ)

# ਗਡਕਰੀ ਵੱਲੋਂ ਪੰਜਾਬ, ਦਿੱਲੀ ਅਤੇ ਹਰਿਆਣਾ ਦੇ ਹਾਈਵੇਅ ਪ੍ਰੋਜੈਕਟਾਂ ਦੀ ਸਮੀਖਿਆ

## ਪ੍ਰੋਜੈਕਟਾਂ ਦੀ ਸਖ਼ਤ ਨਿਗਰਾਨੀ ਅਤੇ ਸੁਰੱਖਿਅਤ ਸਫ਼ਰ 'ਤੇ ਜ਼ੋਰ ਦੇ ਨਿਰਦੇਸ਼

ਚੜ੍ਹਦੀਕਲਾ ਬਿਊਰੋ



ਨਵੀਂ ਦਿੱਲੀ, 27 ਮਈ :ਕੇਂਦਰੀ ਸੜਕ ਆਵਾਜਾਈ ਅਤੇ ਰਾਜਮਾਰਗ ਮੰਤਰੀ ਨਿਤਿਨ ਗਡਕਰੀ ਨੇ ਪੰਜਾਬ ਵਿੱਚ 4,335 ਕਿਲੋਮੀਟਰ ਅਤੇ ਦਿੱਲੀ ਅਤੇ ਹਰਿਆਣਾ ਵਿੱਚ 3,332 ਕਿਲੋਮੀਟਰ ਵਿੱਚ ਫੈਲੇ ਨੈਸ਼ਨਲ ਹਾਈਵੇਅ ਪ੍ਰੋਜੈਕਟਾਂ ਦੀ ਗੁਣਵੱਤਾ ਅਤੇ ਰੱਖ-ਰਖਾਅ ਦੀ ਪ੍ਰਗਤੀ ਦੀ ਸਮੀਖਿਆ ਕੀਤੀ ਹੈ, ਜਿਸ ਵਿੱਚ ਤੇਜ਼ੀ ਨਾਲ ਅਮਲ, ਬਿਹਤਰ ਗੁਣਵੱਤਾ ਦੇ ਮਾਪਦੰਡਾਂ ਅਤੇ ਮਾਨਸੂਨ ਲਈ ਅਗਾਊਂ ਤਿਆਰੀਆਂ ਦੀ ਲੋੜ 'ਤੇ ਜ਼ੋਰ ਦਿੱਤਾ ਗਿਆ ਹੈ।ਇਹ ਸਮੀਖਿਆ ਖੇਤਰ ਵਿੱਚ ਹਾਈਵੇਅ ਦੇ ਹਿੱਸਿਆਂ ਦੀ ਸਥਿਤੀ, ਗੁਣਵੱਤਾ ਅਤੇ ਰੱਖ-ਰਖਾਅ ਬਾਰੇ ਮੀਡੀਆ ਅਤੇ ਸੋਸ਼ਲ ਮੀਡੀਆ ਪਲੇਟਫਾਰਮਾਂ ਰਾਹੀਂ ਪ੍ਰਾਪਤ ਹੋਏ ਇਨਪੁਟਸ ਦੇ ਆਧਾਰ 'ਤੇ ਕੀਤੀ ਗਈ ਸੀ।ਮੀਟਿੰਗ ਦੌਰਾਨ ਗਡਕਰੀ ਨੇ ਅਧਿਕਾਰੀਆਂ ਅਤੇ ਠੇਕੇਦਾਰਾਂ ਨੂੰ ਪ੍ਰੋਜੈਕਟਾਂ ਦੇ ਜ਼ਮੀਨੀ ਪੱਧਰ 'ਤੇ ਅਮਲ ਵਿੱਚ ਤੇਜ਼ੀ ਲਿਆਉਣ ਅਤੇ ਕੰਮਾਂ ਨੂੰ ਸਮੇਂ ਸਿਰ ਪੂਰਾ ਕਰਨ ਨੂੰ ਯਕੀਨੀ ਬਣਾਉਣ ਲਈ ਨਿਰਦੇਸ਼ ਦਿੱਤੇ। ਉਨ੍ਹਾਂ ਅਮਲ (ਬਾਕੀ ਸਫ਼ਾ 2 'ਤੇ)

# ਅੰਤਰਰਾਸ਼ਟਰੀ ਸਰਹੱਦ ਦੇ 15 ਕਿਲੋਮੀਟਰ ਅੰਦਰਲੀਆਂ ਸਾਰੀਆਂ ਗ਼ੈਰ-ਕਾਨੂੰਨੀ ਉਸਾਰੀਆਂ ਢਾਹੀਆਂ ਜਾਣ: ਸ਼ਾਹ

ਚੜ੍ਹਦੀਕਲਾ ਬਿਊਰੋ



ਨਵੀਂ ਦਿੱਲੀ, 27 ਮਈ : ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅਧਿਕਾਰੀਆਂ ਨੂੰ ਦੇਸ਼ ਦੀਆਂ ਸਰਹੱਦਾਂ ਦੇ 15 ਕਿਲੋਮੀਟਰ ਦੇ ਅੰਦਰ ਗੈਰ-ਕਾਨੂੰਨੀ ਉਸਾਰੀਆਂ ਵਿਰੁੱਧ 'ਜ਼ੀਰੋ ਟਾਲਰੈਂਸ ਨੀਤੀ' ਨੂੰ ਸਖ਼ਤੀ ਨਾਲ ਲਾਗੂ ਕਰਨ ਅਤੇ ਪਿਛਲੇ ਕੁਝ ਸਾਲਾਂ ਵਿੱਚ ਬਣੇ ਸੌ ਅਜਿਹੇ ਢਾਂਚਿਆਂ ਨੂੰ ਢਾਹ ਦੇਣ ਦੇ ਨਿਰਦੇਸ਼ ਦਿੱਤੇ ਹਨ। ਅਧਿਕਾਰੀਆਂ ਨੇ ਕਿਹਾ ਕਿ ਗ੍ਰਹਿ ਮੰਤਰਾਲੇ ਨੇ ਜ਼ਿਲ੍ਹਾ ਮੈਜਿਸਟ੍ਰੇਟਾਂ ਨੂੰ ਸਰਹੱਦੀ ਖੇਤਰਾਂ ਵਿੱਚ ਸਾਰੇ ਬੈਂਕਾਂ ਦੁਆਰਾ ਬੈਂਕਿੰਗ ਲੈਣ-ਦੇਣ ਦੀ ਕਾਨੂੰਨੀ ਅਤੇ ਵਿੱਤੀ ਪਾਲਣਾ ਨੂੰ ਯਕੀਨੀ ਬਣਾਉਣ, ਵੱਡੇ ਵਪਾਰਕ ਅਦਾਰਿਆਂ ਦੀ ਪੁਸ਼ਟੀ ਕਰਨ, ਉਨ੍ਹਾਂ ਦੇ ਫੰਡਿੰਗ ਸਰੋਤਾਂ ਦੀ ਜਾਂਚ ਕਰਨ, ਜਾਅਲੀ ਖਾਤਿਆਂ ਅਤੇ ਸ਼ੈੱਲ ਕੰਪਨੀਆਂ ਦਾ ਪਤਾ ਲਗਾਉਣ, ਜਾਅਲੀ ਆਧਾਰ ਕਾਰਡਾਂ ਦੀ ਪਛਾਣ ਕਰਨ ਅਤੇ ਸਰਹੱਦ ਪਾਰ ਤਸਕਰੀ ਨੂੰ ਕੰਟਰੋਲ ਕਰਨ ਲਈ ਜ਼ਿੰਮੇਵਾਰੀ ਵਧਾ ਦਿੱਤੀ ਹੈ।

ਬੀਕਾਨੇਰ ਵਿੱਚ ਇੱਕ ਸੁਰੱਖਿਆ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦੇ ਸ਼ਾਹ ਨੇ ਭਾਰਤ-ਪਾਕਿਸਤਾਨ ਸਰਹੱਦ ਨਾਲ ਲੱਗਦੇ ਰਾਜਸਥਾਨ ਦੇ ਸਰਹੱਦੀ ਜ਼ਿਲ੍ਹਿਆਂ ਵਿੱਚ ਸੁਰੱਖਿਆ ਮੁੱਦਿਆਂ ਦਾ ਮੁਲਾਂਕਣ ਕੀਤਾ। ਇਸ ਮੀਟਿੰਗ ਵਿੱਚ ਰਾਜਸਥਾਨ ਦੇ ਮੁੱਖ ਮੰਤਰੀ ਭਜਨ ਲਾਲ ਸ਼ਰਮਾ, ਸੀਨੀਅਰ ਰਾਜ ਅਧਿਕਾਰੀ, ਅਤੇ ਪੰਜ ਸਰਹੱਦੀ ਜ਼ਿਲ੍ਹਿਆਂ - ਬੀਕਾਨੇਰ, ਜੈਸਲਮੇਰ, ਬਾੜਮੇਰ, ਸ਼੍ਰੀ ਗੰਗਾਨਗਰ ਅਤੇ ਫਲੋਦੀ ਦੇ ਜ਼ਿਲ੍ਹਾ ਮੈਜਿਸਟ੍ਰੇਟ ਅਤੇ ਪੁਲਿਸ ਸੁਪਰਡੈਂਟ ਸ਼ਾਮਲ ਹੋਏ। ਗ੍ਰਹਿ ਮੰਤਰਾਲੇ ਨੇ ਇੱਕ ਬਿਆਨ ਵਿੱਚ ਕਿਹਾ ਕਿ ਸਰਹੱਦੀ ਜ਼ਿਲ੍ਹਿਆਂ ਨੂੰ ਅਪਰਾਧ ਅਤੇ ਨਸ਼ੀਲੇ ਪਦਾਰਥਾਂ ਦੀਆਂ ਸਮੱਸਿਆਵਾਂ ਦੇ ਸਰੋਤਾਂ, ਪੈਟਰਨਾਂ ਅਤੇ ਨੈੱਟਵਰਕਾਂ ਦਾ ਡੂੰਘਾਈ ਨਾਲ ਅਧਿਐਨ ਕਰਨ ਅਤੇ ਦੁਬਾਰਾ ਹੋਣ ਤੋਂ ਰੋਕਣ ਲਈ ਸਥਾਈ ਹੱਲ ਵਿਕਸਤ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। (ਬਾਕੀ ਸਫਾ 2 'ਤੇ)

## ਆਸਾਰਾਮ ਨੂੰ ਰਾਜਸਥਾਨ ਹਾਈ ਕੋਰਟ ਤੋਂ ਨਹੀਂ ਮਿਲੀ ਰਾਹਤ, ਉਮਰ ਕੈਦ ਦੀ ਸਜ਼ਾ ਬਰਕਰਾਰ



ਜੋਧਪੁਰ, 27 ਮਈ (ਚ.ਨ.ਸ.): ਰਾਜਸਥਾਨ ਹਾਈ ਕੋਰਟ ਦੀ ਜੋਧਪੁਰ ਬੈਂਚ ਨੇ ਅੱਜ ਆਸਾਰਾਮ ਬਾਪੂ ਦੀ ਸਜ਼ਾ 'ਤੇ ਇਕ ਮਹੱਤਵਪੂਰਨ ਫੈਸਲਾ ਸੁਣਾਇਆ ਹੈ, ਜਿਸ ਵਿਚ ਇਕ ਨਾਬਾਲਗ ਦੇ ਜਿਨਸੀ ਸ਼ੋਸ਼ਣ ਦੇ ਮਾਮਲੇ ਵਿਚ ਉਸ ਦੀ ਉਮਰ ਕੈਦ ਦੀ ਸਜ਼ਾ ਨੂੰ ਬਰਕਰਾਰ ਰੱਖਿਆ ਗਿਆ। ਜਸਟਿਸ ਅਰੁਣ ਮੋਂਗਾ ਅਤੇ ਜਸਟਿਸ ਯੋਗੇਂਦਰ ਕੁਮਾਰ ਪੁਰੋਹਿਤ ਦੀ ਡਵੀਜ਼ਨ ਬੈਂਚ ਨੇ ਇਹ ਫੈਸਲਾ ਸੁਣਾਇਆ ਹੈ। ਅਦਾਲਤ ਨੇ ਇਸ ਮਾਮਲੇ ਵਿਚ ਸਹਿ-ਦੋਸ਼ੀ ਸ਼ਿਲਪੀ ਅਤੇ ਸ਼ਰਤਚੰਦਰ ਨੂੰ ਵੀ ਬਰੀ ਕਰ ਦਿੱਤਾ। 20 ਅਪ੍ਰੈਲ ਨੂੰ ਸੁਣਵਾਈ ਖ਼ਤਮ ਹੋਣ ਤੋਂ (ਬਾਕੀ ਸਫਾ 2 'ਤੇ)

# ਕੈਪਟਨ ਦੇ ਚਚੇਰੇ ਭਰਾ ਰਾਜਾ ਰਣਧੀਰ ਸਿੰਘ ਦਾ ਦੇਹਾਂਤ

ਚੜ੍ਹਦੀਕਲਾ ਬਿਊਰੋ



ਚੰਡੀਗੜ੍ਹ, 27 ਮਈ : ਪੰਜਾਬ ਦੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਚਚੇਰੇ ਭਰਾ ਰਾਜਾ ਰਣਧੀਰ ਸਿੰਘ ਦਾ ਦੇਹਾਂਤ ਹੋ ਗਿਆ ਹੈ। ਉਹ ਪਿਛਲੇ ਕੁਝ ਸਮੇਂ ਤੋਂ ਬਿਮਾਰੀ ਨਾਲ ਜੂਝ ਰਹੇ ਸਨ। ਇਸ ਦੀ ਜਾਣਕਾਰੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਆਪਣੇ ਸੋਸ਼ਲ ਮੀਡੀਆ ਅਕਾਊਂਟ 'ਤੇ ਸਾਂਝੀ ਕੀਤੀ ਗਈ ਹੈ। ਉਨ੍ਹਾਂ ਲਿਖਿਆ ਕਿ ਬਹੁਤ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਮੇਰੇ ਕਜ਼ਨ ਭਰਾ ਰਾਜਾ ਰਣਧੀਰ ਸਿੰਘ ਦਾ ਦੇਹਾਂਤ ਹੋ ਗਿਆ ਹੈ। ਵਾਹਿਗੁਰੂ ਜੀ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ। ਪਰਿਵਾਰ ਅਨੁਸਾਰ ਰਾਜਾ ਰਣਧੀਰ ਸਿੰਘ ਨੂੰ ਕੁਝ ਸਮੇਂ ਪਹਿਲਾਂ ਬ੍ਰੇਨ ਸਟ੍ਰੋਕ ਹੋਇਆ ਸੀ, ਜਿਸ ਤੋਂ ਉਹ ਉੱਭਰ ਨਹੀਂ ਸਕੇ। ਬੁੱਧਵਾਰ ਸਵੇਰੇ ਕਰੀਬ 10:30 ਵਜੇ ਦਿੱਲੀ ਵਿਖੇ ਉਨ੍ਹਾਂ ਦਾ ਦੇਹਾਂਤ ਹੋ ਗਿਆ। ਰਾਜਾ ਰਣਧੀਰ ਸਿੰਘ ਦਾ ਜਾਣਾ ਸ਼ੂਟਿੰਗ ਅਤੇ ਓਲੰਪਿਕ ਜਗਤ ਲਈ ਇੱਕ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਹੈ। ਉਨ੍ਹਾਂ ਦੀ ਮ੍ਰਿਤਕ ਦੇਹ ਦਾ ਸਸਕਾਰ ਭਲਕੇ ਹਰਿਦੁਆਰ ਵਿਖੇ ਕੀਤਾ ਜਾਵੇਗਾ। ਉਨ੍ਹਾਂ ਦੇ ਚਲੇ ਜਾਣ ਨਾਲ ਭਾਰਤੀ ਤੇ ਅੰਤਰਰਾਸ਼ਟਰੀ ਖੇਡ ਜਗਤ ਅਤੇ ਪਟਿਆਲਾ ਸ਼ਾਹੀ ਪਰਿਵਾਰ 'ਚ ਸੋਗ ਦੀ ਲਹਿਰ ਦੌੜ ਗਈ ਹੈ। 18 ਅਕਤੂਬਰ, 1946 ਨੂੰ ਪਟਿਆਲਾ ਦੇ ਸ਼ਾਹੀ ਪਰਿਵਾਰ 'ਚ ਜਨਮੇ (ਬਾਕੀ ਸਫਾ 2 'ਤੇ)

## ਦੁਵੱਲੇ ਵਪਾਰ ਸਮਝੌਤੇ ਲਈ 1 ਜੂਨ ਤੋਂ ਭਾਰਤ ਦਾ ਦੌਰਾ ਕਰੇਗਾ ਅਮਰੀਕੀ ਵਫ਼ਦ

ਨਵੀਂ ਦਿੱਲੀ , 27 ਮਈ (ਚ.ਨ.ਸ.) : ਭਾਰਤ ਅਤੇ ਅਮਰੀਕਾ ਵਿਚਕਾਰ ਵਪਾਰਕ ਸਬੰਧਾਂ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ, ਇੱਕ ਉੱਚ-ਪੱਧਰੀ ਅਮਰੀਕੀ ਵਫ਼ਦ 1 ਤੋਂ 4 ਜੂਨ ਤੱਕ ਭਾਰਤ ਦਾ ਦੌਰਾ ਕਰੇਗਾ। ਇਸ ਦੌਰੇ ਦੌਰਾਨ ਦੋਵਾਂ ਦੇਸ਼ਾਂ ਵਿਚਾਲੇ ਇੱਕ ਵਿਆਪਕ ਦੁਵੱਲੇ ਵਪਾਰ ਸਮਝੌਤੇ 'ਤੇ ਅਹਿਮ ਗੱਲਬਾਤ ਹੋਣ ਦੀ ਉਮੀਦ ਹੈ।

ਅੰਤਰਿਮ ਸਮਝੌਤੇ 'ਤੇ ਹੋਵੇਗੀ ਚਰਚਾ

ਸਰਕਾਰੀ ਸੂਤਰਾਂ ਅਨੁਸਾਰ, ਦੋਵੇਂ ਦੇਸ਼ ਇਸ ਸਮੇਂ ਇੱਕ ਅੰਤਰਿਮ ਵਪਾਰ ਸਮਝੌਤੇ ਦੇ ਵੇਰਵਿਆਂ ਨੂੰ ਅੰਤਿਮ ਰੂਪ ਦੇਣ ਦੀ ਦਿਸ਼ਾ 'ਚ ਕੰਮ ਕਰ ਰਹੇ ਹਨ। ਇਹ ਦੌਰਾ ਅਪ੍ਰੈਲ 'ਚ ਵਾਸ਼ਿੰਗਟਨ ਡੀ.ਸੀ. 'ਚ ਹੋਈਆਂ ਉੱਚ-ਪੱਧਰੀ ਮੀਟਿੰਗਾਂ ਦਾ ਅਗਲਾ ਪੜਾਅ ਹੈ, ਜਿੱਥੇ ਭਾਰਤੀ ਅਤੇ ਅਮਰੀਕੀ ਅਧਿਕਾਰੀਆਂ ਨੇ ਸਮਝੌਤੇ ਦੇ ਖਰੜੇ ਨੂੰ ਲੈ ਕੇ ਆਹਮੋ-ਸਾਹਮਣੇ ਵਿਸਤ੍ਰਿਤ ਚਰਚਾ ਕੀਤੀ ਸੀ।

ਵਪਾਰਕ ਵਾਰਤਾ ਦੇ ਮੁੱਖ ਮੁੱਦੇ

ਬਾਜ਼ਾਰ ਤੱਕ ਪਹੁੰਚ: ਦੋਵਾਂ ਦੇਸ਼ਾਂ ਦੇ ਉਤਪਾਦਾਂ ਲਈ ਇੱਕ-ਦੂਜੇ ਦੇ ਬਾਜ਼ਾਰਾਂ ਵਿੱਚ ਆਸਾਨ ਪਹੁੰਚ ਯਕੀਨੀ ਬਣਾਉਣਾ।

ਟੈਰਿਫ ਤੇ ਤਕਨੀਕੀ ਰੁਕਾਵਟਾਂ: ਵਪਾਰ ਵਿੱਚ ਆਉਣ ਵਾਲੀਆਂ ਤਕਨੀਕੀ ਰੁਕਾਵਟਾਂ ਅਤੇ ਗੈਰ-ਟੈਰਿਫ ਉਪਾਵਾਂ ਨੂੰ ਦੂਰ ਕਰਨਾ।

ਵਪਾਰ ਦੀ ਸਹੂਲਤ: ਕਸਟਮ ਪ੍ਰਕਿਰਿਆਵਾਂ ਨੂੰ ਸਰਲ ਬਣਾਉਣਾ ਅਤੇ ਨਿਵੇਸ਼ ਨੂੰ ਉਤਸ਼ਾਹਿਤ ਕਰਨਾ।



ਡਿਜੀਟਲ ਵਪਾਰ: ਆਰਥਿਕ ਸੁਰੱਖਿਆ ਤੇ ਉੱਭਰ ਰਹੇ ਡਿਜੀਟਲ ਵਪਾਰ ਦੇ ਖੇਤਰ 'ਚ ਆਪਸੀ ਤਾਲਮੇਲ ਵਧਾਉਣਾ।

ਪਿਛੋਕੜ ਤੇ ਭਵਿੱਖ ਦੀ ਰਣਨੀਤੀ

ਇਸ ਵਪਾਰਕ ਰਿਸ਼ਤੇ ਦੀ ਨੀਂਹ 7 ਫਰਵਰੀ ਨੂੰ ਰੱਖੀ ਗਈ ਸੀ, ਜਦੋਂ ਦੋਵਾਂ ਦੇਸ਼ਾਂ ਨੇ ਇੱਕ ਸਾਂਝਾ ਬਿਆਨ ਜਾਰੀ ਕਰ ਕੇ ਅੰਤਰਿਮ ਸਮਝੌਤੇ ਲਈ ਇੱਕ ਰੂਪਰੇਖਾ ਤੈਅ ਕੀਤੀ ਸੀ। ਇਹ ਫਰੇਮਵਰਕ ਦੋਵਾਂ ਦੇਸ਼ਾਂ ਦੇ ਆਪਸੀ ਲਾਭਕਾਰੀ ਵਪਾਰ ਤੇ ਇੱਕ ਵਿਆਪਕ ਭਾਰਤ-ਅਮਰੀਕਾ ਵਪਾਰ ਸਮਝੌਤੇ ਪ੍ਰਤੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਦਾ ਹੈ। ਅਗਾਮੀ ਜੂਨ ਮਹੀਨੇ ਦੀ ਮੀਟਿੰਗ ਇਸ ਪ੍ਰਕਿਰਿਆ ਨੂੰ ਤੇਜ਼ੀ ਪ੍ਰਦਾਨ ਕਰੇਗੀ।

## ਹੇਮਕੁੰਟ ਸਾਹਿਬ ਯਾਤਰਾ: ਪੰਜਾਬ ਦੀਆਂ ਦੋ ਔਰਤਾਂ ਘੋੜਿਆਂ ਤੋਂ ਡਿੱਗ ਕੇ ਜ਼ਖ਼ਮੀ

ਗੋਬਿੰਦ ਧਾਮ, 27 ਮਈ (ਚ.ਨ.ਸ.): ਉੱਤਰਾਖੰਡ ਵਿੱਚ ਹੇਮਕੁੰਟ ਸਾਹਿਬ ਦੀ ਯਾਤਰਾ ਤੋਂ ਪਰਤਦਿਆਂ ਪੰਜਾਬ ਦੀਆਂ ਦੋ ਮਹਿਲਾ ਸ਼ਰਧਾਲੂਆਂ ਨਾਲ ਹਾਦਸਾ ਵਾਪਰ ਗਿਆ। ਇਹ ਔਰਤਾਂ ਘੋੜਿਆਂ ਤੋਂ ਡਿੱਗਣ ਕਾਰਨ ਗੰਭੀਰ ਜ਼ਖ਼ਮੀ ਹੋ ਗਈਆਂ। ਹਾਦਸੇ ਤੋਂ ਤੁਰੰਤ ਬਾਅਦ ਜ਼ਖ਼ਮੀ ਮਹਿਲਾਵਾਂ ਨੂੰ ਬਿਹਤਰ ਅਤੇ ਤਸੱਲੀਬਖ਼ਸ਼ ਇਲਾਜ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਹੈਲੀਕਾਪਟਰ ਦੀ ਮੱਦਦ ਰਾਹੀਂ ਗੋਬਿੰਦਘਾਟ ਪਹੁੰਚਾਇਆ ਗਿਆ, ਤਾਂ ਕਿ ਉਨ੍ਹਾਂ ਦਾ ਬਿਹਤਰ ਇਲਾਜ ਹੋ ਸਕੇ। ਇਨ੍ਹਾਂ ਸ਼ਰਧਾਲੂਆਂ ਦੀ ਪਛਾਣ ਪੰਜਾਬ ਦੇ ਲੁਧਿਆਣਾ ਸ਼ਹਿਰ ਦੀਆਂ ਰਹਿਣ ਵਾਲੀਆਂ ਵਜੋਂ ਹੋਈ ਹੈ। ਇਹ ਦੋਵੇਂ ਔਰਤਾਂ ਗੁਰਦੁਆਰੇ ਮੱਥਾ ਟੇਕਣ ਅਤੇ ਅਰਦਾਸ ਕਰਨ ਤੋਂ ਬਾਅਦ ਘੋੜਿਆਂ 'ਤੇ ਸਵਾਰ ਹੋ ਕੇ ਘਾਂਗਰੀਆ ਤੋਂ ਗੋਬਿੰਦਘਾਟ ਵਾਪਸ ਆ ਰਹੀਆਂ ਸਨ।

ਪੁਲਿਸ ਨੇ ਦੱਸਿਆ ਕਿ ਜਦੋਂ ਉਹ ਰਾਮਢੂੰਗੀ ਨੇੜੇ ਪਹੁੰਚੀਆਂ ਤਾਂ ਅਚਾਨਕ ਘੋੜੇ ਤੋਂ ਸੰਤੁਲਨ ਵਿਗੜਨ ਕਾਰਨ ਉਹ ਹੇਠਾਂ ਡਿੱਗ ਗਈਆਂ ਅਤੇ ਉਨ੍ਹਾਂ ਨੂੰ ਕਾਫੀ ਸੱਟਾਂ ਲੱਗੀਆਂ।

### ਸੰਯੁਕਤ ਰਾਸ਼ਟਰ 'ਚ ਭਾਰਤ ਦੀ ਦੋ-ਟੂਕ

## ਅੱਤਵਾਦ 'ਤੇ ਪਾਕਿਸਤਾਨ ਨੂੰ ਭੁਗਤਣੇ ਪੈਣਗੇ ਨਤੀਜੇ !

ਸੰਯੁਕਤ ਰਾਸ਼ਟਰ, 27 ਮਈ (ਚ.ਨ.ਸ.): ਭਾਰਤ ਨੇ ਸੰਯੁਕਤ ਰਾਸ਼ਟਰ (ਸੰਯੁਕਤ ਰਾਸ਼ਟਰ) ਦੇ ਮੰਚ ਤੋਂ ਪਾਕਿਸਤਾਨ ਨੂੰ ਸਖ਼ਤ ਚੇਤਾਵਨੀ ਦਿੱਤੀ ਹੈ। ਚੇਤਾਵਨੀ ਦਿੰਦਿਆਂ ਭਾਰਤ ਨੇ ਕਿਹਾ ਹੈ ਕਿ ਗੁਆਂਢੀ ਦੇਸ਼ ਨੂੰ ਇਹ ਸਵੀਕਾਰ ਕਰਨਾ ਹੋਵੇਗਾ, ਕਿ ਸੀਮਾ ਪਾਰ ਅੱਤਵਾਦ ਨੂੰ ਪ੍ਰਾਯੋਜਿਤ ਕਰਨ ਦੇ 'ਭਿਆਨਕ ਨਤੀਜੇ' ਭੁਗਤਣੇ ਪੈਂਦੇ ਹਨ। ਭਾਰਤ ਨੇ ਸਪੱਸ਼ਟ ਕੀਤਾ ਕਿ ਪਾਕਿਸਤਾਨ ਦੁਆਰਾ ਕੀਤੇ ਜਾਣ ਵਾਲੇ ਅੱਤਵਾਦੀ ਹਮਲਿਆਂ ਵਿਰੁੱਧ ਆਪਣੀ ਸੁਰੱਖਿਆ ਕਰਨ ਦਾ ਉਸ ਨੂੰ 'ਪੂਰਾ ਅਧਿਕਾਰ' ਹੈ। ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ (ਯੂ.ਐਨ.ਐਸ.ਸੀ.) ਵਿੱਚ 'ਸੰਯੁਕਤ ਰਾਸ਼ਟਰ ਚਾਰਟਰ ਦੇ ਉਦੇਸ਼ਾਂ ਅਤੇ ਸਿਧਾਂਤਾਂ' 'ਤੇ ਹੋਈ ਬਹਿਸ ਦੌਰਾਨ ਭਾਰਤ ਦੇ ਸਥਾਈ ਪ੍ਰਤੀਨਿਧੀ ਹਰੀਸ਼ ਪਰਵਤਨੇਨੀ ਨੇ ਪਾਕਿਸਤਾਨ ਦੀਆਂ 'ਬੇਬੁਨਿਆਦ' ਟਿੱਪਣੀਆਂ ਦਾ ਕਰਾਰਾ ਜਵਾਬ ਦਿੱਤਾ। ਜ਼ਿਕਰਯੋਗ ਹੈ ਕਿ ਇਸ ਬੈਠਕ ਦੀ ਮੇਜ਼ਬਾਨੀ ਚੀਨ ਨੇ ਕੀਤੀ ਸੀ ਅਤੇ ਇਸ ਦੀ ਪ੍ਰਧਾਨਗੀ ਚੀਨੀ ਵਿਦੇਸ਼ ਮੰਤਰੀ ਵਾਂਗ ਯੀ ਨੇ ਕੀਤੀ।ਬਹਿਸ ਦੌਰਾਨ ਪਾਕਿਸਤਾਨ ਦੇ ਉਪ ਪ੍ਰਧਾਨ ਮੰਤਰੀ ਇਸਹਾਕ ਡਾਰ ਨੇ ਜੰਮੂ-ਕਸ਼ਮੀਰ ਅਤੇ ਸਿੰਧੂ ਜਲ ਸੰਧੀ ਦਾ ਮੁੱਦਾ ਚੁੱਕਿਆ। ਭਾਰਤ ਨੇ ਇਸ ਦਾ ਤਿੱਖਾ ਜਵਾਬ ਦਿੰਦਿਆਂ ਯਾਦ ਕਰਵਾਇਆ ਕਿ ਅਪ੍ਰੈਲ 2025 ਵਿੱਚ




ਪਹਿਲਗਾਮ ਅੱਤਵਾਦੀ ਹਮਲੇ (ਜਿਸ ਵਿੱਚ 26 ਨਾਗਰਿਕ ਮਾਰੇ ਗਏ ਸਨ) ਤੋਂ ਬਾਅਦ ਭਾਰਤ ਨੇ ਇਸ ਸੰਧੀ ਨੂੰ ਮੁਲਤਵੀ ਕਰ ਦਿੱਤਾ ਸੀ। ਇਸ ਹਮਲੇ ਦੀ ਜ਼ਿੰਮੇਵਾਰੀ ਲਸ਼ਕਰ-ਏ-ਤੋਇਬਾ ਦੇ ਮੁਖੌਟਾ ਸੰਗਠਨ 'ਦ ਰੇਸਿਸਟੈਂਸ ਫਰੰਟ' (ਟੀਆਰਐਫ) ਨੇ ਲਈ ਸੀ।ਪਰਵਤਨੇਨੀ ਨੇ ਪਾਕਿਸਤਾਨ ਦੀ ਨਿੰਦਾ ਕਰਦਿਆਂ ਕਿਹਾ ਕਿ 'ਹਜ਼ਾਰ ਜ਼ਖ਼ਮ ਦੇ ਕੇ ਭਾਰਤ ਨੂੰ ਕਮਜ਼ੋਰ ਕਰਨ' ਦਾ ਪਾਕਿਸਤਾਨੀ ਸਿਧਾਂਤ ਉਸ ਦੀ ਅਸਲੀਅਤ ਨੂੰ ਉਜਾਗਰ ਕਰਦਾ ਹੈ। ਉਨ੍ਹਾਂ ਕਿਹਾ ਕਿ ਪਾਕਿਸਤਾਨ ਨੇ ਲਗਾਤਾਰ ਅਣਉਚਿਤ ਹਮਲੇ ਕਰਕੇ ਅਤੇ ਸੀਮਾ ਪਾਰ ਅੱਤਵਾਦ ਨੂੰ ਸਮਰਥਨ ਦੇ ਕੇ ਸੰਪ੍ਰਭੂਤਾ, ਖੇਤਰੀ ਅਖੰਡਤਾ ਅਤੇ ਸ਼ਾਂਤੀਪੂਰਨ ਸਹਿ-ਹੋਂਦ ਦੇ ਸਿਧਾਂਤਾਂ ਦੀ ਉਲੰਘਣਾ ਕੀਤੀ ਹੈ। ਭਾਰਤ ਨੇ ਮੰਗ ਕੀਤੀ ਕਿ ਪਾਕਿਸਤਾਨ ਨੂੰ ਸਾਰੇ ਰੂਪਾਂ ਵਿੱਚ ਅੱਤਵਾਦ ਦੇ ਸਮਰਥਨ ਨੂੰ ਭਰੋਸੇਯੋਗ ਅਤੇ ਅਟੱਲ ਤੌਰ 'ਤੇ ਖ਼ਤਮ ਕਰਨਾ ਹੋਵੇਗਾ।

## ਗੁਜਰਾਤ ਦੇ ਮੁੰਦਰਾ ਤੱਟ ਤੋਂ ਇੱਕ ਕੰਟੇਨਰ ਜਹਾਜ਼ 'ਚੋਂ 1,150 ਕਰੋੜ ਦੀ ਕੋਕੀਨ ਜ਼ਬਤ

### ਭਾਰਤੀ ਤੱਟ ਰੱਖਿਅਕ ਅਤੇ ਗੁਜਰਾਤ ਅੱਤਵਾਦ ਵਿਰੋਧੀ ਦਸਤੇ ਨੇ ਕੀਤੀ ਕਾਰਵਾਈ

ਅਹਿਮਦਾਬਾਦ, 27 ਮਈ (ਚ.ਨ.ਸ.) : ਭਾਰਤੀ ਤੱਟ ਰੱਖਿਅਕ (ਆਈ.ਸੀ.ਜੀ.) ਅਤੇ ਗੁਜਰਾਤ ਅੱਤਵਾਦ ਵਿਰੋਧੀ ਦਸਤੇ (ਏ.ਟੀ.ਐਸ.) ਨੇ ਬੁੱਧਵਾਰ ਨੂੰ ਰਾਜ ਦੇ ਮੁੰਦਰਾ ਤੱਟ ਤੋਂ ਇੱਕ ਸਾਂਝੇ ਆਪ੍ਰੇਸ਼ਨ ਵਿੱਚ ਇੱਕ ਕੰਟੇਨਰ ਜਹਾਜ਼ ਤੋਂ ਲੱਗਭੱਗ 1,150 ਕਰੋੜ ਰੁਪਏ ਦਾ 115 ਕਿਲੋਗ੍ਰਾਮ ਕੋਕੀਨ ਜ਼ਬਤ ਕੀਤੀ। ਪ੍ਰਾਪ ਹੋਈ ਜਾਣਕਾਰੀ ਅਨੁਸਾਰ ਇਹ ਆਪ੍ਰੇਸ਼ਨ 25 ਅਤੇ 26 ਮਈ ਦੀ ਵਿਚਕਾਰਲੀ ਰਾਤ ਨੂੰ ਕੀਤਾ ਗਿਆ ਸੀ। ਇਹ ਕਾਰਵਾਈ ਸਮੁੰਦਰੀ ਰਸਤੇ ਰਾਹੀਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਬਾਰੇ ਏ.ਟੀ.ਐਸ. ਗੁਜਰਾਤ ਦੁਆਰਾ ਸਾਂਝੀ ਕੀਤੀ ਗਈ ਖਾਸ ਖੁਫੀਆ ਜਾਣਕਾਰੀ ਦੇ ਅਧਾਰ 'ਤੇ ਕੀਤੀ ਗਈ ਸੀ।

ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਏ.ਟੀ.ਐਸ. ਕਰਮਚਾਰੀਆਂ ਨੂੰ ਲੈ ਕੇ ਜਾਣ ਵਾਲੀਆਂ ਆਈ.ਸੀ.ਜੀ. ਇੰਟਰਸੈਪਟਰ ਕਿਸ਼ਤੀਆਂ ਨੇ ਮੁੰਦਰਾ ਐਂਕਰੇਜ ਖੇਤਰ ਵਿੱਚ ਇੱਕ ਵਿਸ਼ਾਲ ਤਲਾਸ਼ੀ ਮੁਹਿੰਮ ਸ਼ੁਰੂ ਕੀਤੀ। ਕਾਰਵਾਈ ਦੌਰਾਨ ਮੁੰਦਰਾ ਤੋਂ ਲੱਗਭੱਗ ਪੰਜ ਸਮੁੰਦਰੀ ਮੀਲ ਦੂਰ ਲੰਗਰ ਲਗਾਏ ਗਏ 'ਐਮ.ਵੀ. ਯੂਰਪ' ਨਾਮਕ ਇੱਕ ਕੰਟੇਨਰ ਜਹਾਜ਼ 'ਤੇ ਕੁਝ ਸ਼ੱਕੀ ਗਤੀਵਿਧੀ ਦੇਖੀ ਗਈ। ਰਿਲੀਜ਼ ਦੇ ਅਨੁਸਾਰ ਸਾਂਝੀ ਟੀਮ ਨੇ ਰਾਤ ਦੇ ਹਨੇਰੇ ਵਿੱਚ ਜਹਾਜ਼ ਤੋਂ



ਸਮੁੰਦਰ ਵਿੱਚ ਕੁੱਝ ਬੈਗ ਸੁੱਟੇ ਜਾ ਰਹੇ ਦੇਖੇ । ਇਸ ਤੋਂ ਬਾਅਦ ਆਈ.ਸੀ.ਜੀ. ਅਤੇ ਏ.ਟੀ.ਐਸ. ਦੇ ਕਰਮਚਾਰੀ ਤੁਰੰਤ ਮੌਕੇ 'ਤੇ ਪਹੁੰਚੇ ਅਤੇ ਘੱਟ ਦ੍ਰਿਸ਼ਟੀ ਦੇ ਬਾਵਜੂਦ ਸਮੁੰਦਰ ਤੋਂ ਪੰਜ ਬੈਗ ਬਰਾਮਦ ਕੀਤੇ। ਜਾਂਚ ਕਰਨ 'ਤੇ ਬੈਗਾਂ ਵਿੱਚ ਚਿੱਟੇ ਪਾਊਡਰ ਵਰਗੇ ਪਦਾਰਥ ਦੇ 115 ਪੈਕੇਟ ਸਨ, ਹਰੇਕ ਦਾ ਭਾਰ ਲੱਗਭੱਗ ਇੱਕ ਕਿੱਲੋਗ੍ਰਾਮ ਸੀ। ਅਧਿਕਾਰੀਆਂ ਨੇ ਦੱਸਿਆ ਕਿ ਮੁੱਢਲੀ ਜਾਂਚ ਅਨੁਸਾਰ ਇਸ ਪਦਾਰਥ ਦੇ ਕੋਕੀਨ ਹੋਣ ਦੀ ਪੁਸ਼ਟੀ ਕੀਤੀ ਹੈ। ਜਾਣਕਾਰੀ ਅਨੁਸਾਰ ਜ਼ਬਤ ਕੀਤੇ ਗਏ ਨਸ਼ੀਲੇ ਪਦਾਰਥ ਦਾ ਕੁੱਲ ਭਾਰ ਲੱਗਭੱਗ 115 ਕਿਲੋਗ੍ਰਾਮ ਹੈ ਅਤੇ ਖੁੱਲ੍ਹੇ ਸਰੋਤਾਂ ਤੋਂ ਅਨੁਮਾਨਾਂ ਅਨੁਸਾਰ, ਅੰਤਰਰਾਸ਼ਟਰੀ ਬਾਜ਼ਾਰ ਵਿੱਚ ਇਸਦੀ ਕੀਮਤ ਲੱਗਭੱਗ 1,150 ਕਰੋੜ ਹੈ। ਅਧਿਕਾਰੀਆਂ ਨੇ ਦੱਸਿਆ ਕਿ ਜਹਾਜ਼ ਨੂੰ ਹੋਰ ਜਾਂਚ ਲਈ ਬੰਦਰਗਾਹ 'ਤੇ ਲਿਆਂਦਾ ਗਿਆ ਹੈ, ਅਤੇ ਆਈ.ਸੀ.ਜੀ., ਏ.ਟੀ.ਐਸ. ਗੁਜਰਾਤ ਅਤੇ ਹੋਰ ਏਜੰਸੀਆਂ ਵੱਲੋਂ ਇੱਕ ਸਾਂਝੀ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਇਹ ਪਿਛਲੇ ਪੰਜ ਸਾਲਾਂ ਵਿੱਚ ਆਈ.ਸੀ.ਜੀ. ਅਤੇ ਏ.ਟੀ.ਐਸ. ਗੁਜਰਾਤ ਵੱਲੋਂ ਸਾਂਝੇ ਤੌਰ 'ਤੇ ਕੀਤਾ ਗਿਆ 15ਵਾਂ ਸਫਲ ਨਸ਼ੀਲੇ ਪਦਾਰਥ ਵਿਰੋਧੀ ਆਪ੍ਰੇਸ਼ਨ ਸੀ।

## ਪਹਿਲੇ ਸਫ਼ੇ ਦੀ ਬਾਕੀ

### 1 ਜੂਨ ਤੋਂ ਰੇਲਵੇ ਸਟੇਸ਼ਨਾਂ 'ਤੇ

ਵਿੱਚ ਮਿਲੇਗਾ।ਰੇਲਵੇ ਪ੍ਰਸ਼ਾਸਨ ਨੇ ਸਾਰੇ ਸਟਾਲ ਆਪਰੇਟਰਾਂ ਨੂੰ ਨਵੇਂ ਰੇਟ ਅਤੇ ਮੀਨੂ ਦੋ ਭਾਸ਼ਾਵਾਂ ਵਿੱਚ ਪ੍ਰਦਰਸ਼ਿਤ ਕਰਨ ਦੇ ਹੁਕਮ ਦਿੱਤੇ ਹਨ। ਨਾਲ ਹੀ ਗੁਣਵੱਤਾ ਅਤੇ ਮਾਤਰਾ ਨੂੰ ਯਕੀਨੀ ਬਣਾਉਣ ਲਈ ਨਿਯਮਤ ਜਾਂਚਾਂ ਵੀ ਕੀਤੀਆਂ ਜਾਣਗੀਆਂ।

ਰੇਲਵੇ ਅਧਿਕਾਰੀਆਂ ਮੁਤਾਬਕ ਕੀਮਤਾਂ ਵਿੱਚ ਇਹ ਵਾਧਾ ਭੋਜਨ ਦੀ ਗੁਣਵੱਤਾ ਸੁਧਾਰਨ ਅਤੇ ਬਿਹਤਰ ਸੇਵਾਵਾਂ ਦੇਣ ਲਈ ਕੀਤਾ ਗਿਆ ਹੈ। ਹਾਲਾਂਕਿ ਕਚੌਰੀ, ਗੁਲਾਬ ਜਾਮੁਨ, ਤਾਜ਼ੇ ਜੂਸ ਅਤੇ ਕੁਝ ਹੋਰ ਵਸਤੂਆਂ ਦੀਆਂ ਕੀਮਤਾਂ ਵਿੱਚ ਕੋਈ ਬਦਲਾਅ ਨਹੀਂ ਕੀਤਾ ਗਿਆ।

### ਸੀ.ਬੀ.ਆਈ. ਵੱਲੋਂ ਵਿਜੀਲੈਂਸ ਰੀਡਰ

ਦੱਸਣਯੋਗ ਹੈ ਕਿ ਸੀ.ਬੀ.ਆਈ. ਨੇ 11 ਮਈ ਨੂੰ ਮਲੋਟ ਦੇ ਵਿਕਾਸ ਗੋਇਲ ਅਤੇ ਰਾਘਵ ਗੋਇਲ ਦੇ ਡਰਾਈਵਰ ਅੰਕਿਤ ਵਧਵਾ ਨੂੰ ਮਲੋਟ ਦੇ ਹੀ ਟੈਕਸ ਅਧਿਕਾਰੀ ਤੋਂ 13 ਲੱਖ ਰੁਪਏ ਦੀ ਨਗਦੀ ਅਤੇ ਇੱਕ ਸੈਮਸੰਗ ਮੋਬਾਈਲ ਰਿਸ਼ਵਤ ਲੈਂਦੇ ਫੜਿਆ ਸੀ। ਮਲੋਟ ਦੇ ਪਿਓ-ਪੁੱਤ ਵਿਜੀਲੈਂਸ ਦੇ ਵਿਚੋਲੇ ਵਜੋਂ ਕੰਮ ਕਰਦੇ ਸਨ, ਜਿਸ 'ਚ ਵਿਜੀਲੈਂਸ ਮੁਖੀ ਦਾ ਰੀਡਰ ਓ.ਪੀ.ਰਾਣਾ ਵੀ ਸ਼ਾਮਲ ਸੀ। ਵਿਕਾਸ ਗਰਗ ਅਤੇ ਰਾਘਵ ਗਰਗ ਨੂੰ ਤਾਂ ਪਿੱਛਾ ਕਰਕੇ ਸੀ.ਬੀ.ਆਈ. ਟੀਮ ਨੇ ਦਬੋਚ ਲਿਆ ਸੀ ਪਰ ਰੀਡਰ ਰਾਣਾ ਫ਼ਰਾਰ ਹੋਣ 'ਚ ਸਫਲ ਹੋ ਗਿਆ ਸੀ। ਸੀ.ਬੀ.ਆਈ. ਨੇ ਅਦਾਲਤ 'ਚ ਤਿੰਨ ਸੀਲਬੰਦ ਲਿਫ਼ਾਫ਼ੇ ਸੌਂਪੇ ਹਨ, ਜਿਨ੍ਹਾਂ 'ਚ ਤਲਾਸ਼ੀ ਨਾਲ ਸਬੰਧਿਤ ਸਮਗਰੀ ਹੈ। ਸੀ.ਬੀ.ਆਈ. ਦੀ ਚੰਡੀਗੜ੍ਹ ਅਦਾਲਤ ਨੇ ਰਿਸ਼ਵਤ ਕਾਂਡ 'ਚ ਫੜੇ ਵਿਕਾਸ ਗੋਇਲ, ਰਾਘਵ ਗੋਇਲ ਅਤੇ ਅੰਕਿਤ ਵਧਵਾ ਨੂੰ ਮੁੜ 14 ਦਿਨਾਂ ਲਈ ਨਿਆਇਕ ਹਿਰਾਸਤ 'ਚ ਭੇਜੇ ਜਾਣ ਦੀ ਸੀ.ਬੀ.ਆਈ. ਦੀ ਅਰਜ਼ੀ ਨੂੰ ਪ੍ਰਵਾਨ ਕਰਦਿਆਂ ਅਗਲੀ ਪੇਸ਼ੀ 6 ਜੂਨ ਨੂੰ ਪਾ ਦਿੱਤੀ ਹੈ। ਅਦਾਲਤ ਨੇ ਮੁਲਜ਼ਮਾਂ ਨੂੰ ਨਿਆਇਕ ਹਿਰਾਸਤ 'ਚ ਰੱਖਣ ਦਾ ਵਾਜਬ ਅਧਾਰ ਪਾਇਆ ਹੈ।

### ਰਿਸ਼ਵਤ ਕਾਂਡ ਵਿੱਚ ਫਸਿਆ ਵਿਕਾਸ ਗੋਇਲ

ਖ਼ਰਾਬ ਹੋਣ ਦੇ ਕਾਰਨਾਂ ਦਾ ਤਾਂ ਪਤਾ ਨਹੀਂ ਲੱਗ ਸਕਿਆ, ਪ੍ਰੰਤੂ ਉਨ੍ਹਾਂ ਨੇ ਲੰਘੇ ਕੱਲ੍ਹ ਸੀ.ਬੀ.ਆਈ. ਅਦਾਲਤ 'ਚ ਪੇਸ਼ੀ ਵੀ ਹਸਪਤਾਲ 'ਚੋਂ ਵਰਚੂਅਲ ਹੀ ਭੁਗਤੀ ਹੈ। ਚੇਤੇ ਰਹੇ ਕਿ ਸੀ.ਬੀ.ਆਈ. ਨੇ 11 ਮਈ ਨੂੰ ਮਲੋਟ ਦੇ ਵਿਕਾਸ ਗੋਇਲ ਅਤੇ ਰਾਘਵ ਗੋਇਲ ਦੇ ਡਰਾਈਵਰ ਅੰਕਿਤ ਵਧਵਾ ਨੂੰ ਮਲੋਟ ਦੇ ਹੀ ਟੈਕਸ ਅਧਿਕਾਰੀ ਤੋਂ 13 ਲੱਖ ਰੁਪਏ ਦੀ ਨਗਦੀ ਅਤੇ ਇੱਕ ਸੈਮਸੰਗ ਮੋਬਾਈਲ ਰਿਸ਼ਵਤ ਲੈਂਦੇ ਫੜਿਆ ਸੀ। ਮਲੋਟ ਦੇ ਪਿਓ-ਪੁੱਤ ਵਿਜੀਲੈਂਸ ਦੇ ਕਥਿਤ ਵਿਚੋਲੇ ਵਜੋਂ ਕੰਮ ਕਰਦੇ ਸਨ। ਇਸ ਤੋਂ ਪਹਿਲਾਂ ਸੀ.ਬੀ.ਆਈ. ਵੱਲੋਂ ਫੜੇ ਮੁਅੱਤਲ ਡੀ.ਆਈ.ਜੀ. ਹਰਚਰਨ ਸਿੰਘ ਭੁੱਲਰ ਨੇ ਨਿਆਇਕ ਹਿਰਾਸਤ ਦੌਰਾਨ 11 ਨਵੰਬਰ,2025 ਨੂੰ ਪਿੱਠ ਦੇ ਦਰਦ ਦੇ ਹਵਾਲੇ ਨਾਲ ਜੇਲ੍ਹ 'ਚ ਗੱਦੇ ਦੀ ਮੰਗ ਕੀਤੀ ਸੀ। ਇਸੇ ਤਰ੍ਹਾਂ ਹੀ ਐਨਫੋਰਸਮੈਂਟ ਡਾਇਰੈਕਟੋਰੇਟ ਵੱਲੋਂ ਹਿਰਾਸਤ 'ਚ ਲਏ ਮੁਹਾਲੀ ਦੇ ਬਿਲਡਰ ਅਜੇ ਸਹਿਗਲ ਦੀ ਵੀ ਤਬੀਅਤ ਠੀਕ ਨਹੀਂ ਹੈ। ਜਦੋਂ ਈ.ਡੀ. ਨੇ ਅਜੇ ਸਹਿਗਲ ਨੂੰ ਮੁਹਾਲੀ ਦੀ ਅਦਾਲਤ 'ਚ ਪੇਸ਼ ਕੀਤਾ ਤਾਂ ਅਜੇ ਸਹਿਗਲ ਦੇ ਵਕੀਲ ਨੇ ਅਦਾਲਤ 'ਚ ਅਰਜ਼ੀ ਦਿੱਤੀ ਕਿ ਮੁਲਜ਼ਮ ਕੁੱਝ ਬਿਮਾਰੀਆਂ ਤੋਂ ਪੀੜਤ ਹੈ ਜਿਸ ਕਰਕੇ ਉਸ ਨੂੰ ਨਿਯਮਤ ਦਵਾਈਆਂ ਦੀ ਲੋੜ ਹੈ। ਮੁਹਾਲੀ ਅਦਾਲਤ ਨੇ ਈ.ਡੀ. ਨੂੰ ਨਿਰਦੇਸ਼ ਦਿੱਤੇ ਕਿ ਮੁਲਜ਼ਮ ਦਾ ਸਰਕਾਰੀ ਡਾਕਟਰ ਤੋਂ ਮੁਆਇਨਾ ਕਰਾਇਆ ਜਾਵੇ ਤੇ ਡਾਕਟਰ ਦੀ ਸਿਫ਼ਾਰਸ਼ ਮੁਤਾਬਿਕ ਲੋੜੀਂਦੀਆਂ ਡਾਕਟਰੀ ਸਹੂਲਤਾਂ ਦਿੱਤੀਆਂ ਜਾਣ। ਪੰਜਾਬ ਵਿਜੀਲੈਂਸ ਬਿਊਰੋ ਕੋਲ ਵੀ ਅਜਿਹੀਆਂ ਕਿੰਨੀਆਂ ਹੀ ਮਿਸਾਲਾਂ ਹਨ ਕਿ ਜਦੋਂ ਕਿਸੇ ਸਿਆਸੀ ਆਗੂ ਨੂੰ ਤਲਬ ਕੀਤਾ ਜਾਂਦਾ ਹੈ ਤਾਂ ਉਹ ਨੇਤਾ ਕੋਈ ਨਾ ਕੋਈ ਬਿਮਾਰੀ ਹੋਣ ਦੀ ਦਲੀਲ ਦਿੰਦਾ ਹੈ। ਵਿਜੀਲੈਂਸ ਨੇ ਸ਼ੁਰੂ 'ਚ ਜਦੋਂ ਕੈਪਟਨ ਅਮਰਿੰਦਰ ਸਿੰਘ ਦੇ ਸਾਬਕਾ ਮੀਡੀਆ ਸਲਾਹਕਾਰ ਭਰਤਇੰਦਰ ਸਿੰਘ ਚਾਹਲ ਨੂੰ ਤਲਬ ਕੀਤਾ ਸੀ ਤਾਂ ਉਨ੍ਹਾਂ ਦਿਲ ਦੀ ਬਿਮਾਰੀ ਹੋਣ ਦੀ ਗੱਲ ਕਹੀ ਸੀ ਅਤੇ ਬਕਾਇਦਾ ਸਰਟੀਫਿਕੇਟ ਵੀ ਭੇਜਿਆ ਸੀ। ਇਸੇ ਤਰ੍ਹਾਂ ਜਦੋਂ ਸਾਬਕਾ ਮਾਲ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ ਨੂੰ ਵਿਜੀਲੈਂਸ ਨੇ ਤਲਬੀ ਕਰਨ ਮਗਰੋਂ ਸੰਪਤੀ ਦੇ ਵੇਰਵਿਆਂ ਵਾਲਾ ਪ੍ਰੋਫਾਰਮਾ ਭੇਜਿਆ ਸੀ ਤਾਂ ਉਨ੍ਹਾਂ ਨੇ ਵੀ ਗੋਡਿਆਂ ਦਾ ਅਪਰੇਸ਼ਨ ਕਰਾਏ ਜਾਣ ਦੀ ਦਲੀਲ ਦੇ ਕੇ ਮੁਹਲਤ ਮੰਗੀ ਸੀ। ਸਾਬਕਾ ਮੰਤਰੀ ਓ.ਪੀ.ਸੋਨੀ ਦੀ ਜਦੋਂ ਵਿਜੀਲੈਂਸ ਕੋਲ ਪੇਸ਼ੀ ਪੈ ਰਹੀ ਸੀ ਤਾਂ ਉਸ ਨੇ ਵੀ ਆਪਣੇ ਆਪ ਨੂੰ ਸ਼ੂਗਰ ਦਾ ਮਰੀਜ਼ ਦੱਸਿਆ ਸੀ। ਸਾਬਕਾ ਮੰਤਰੀ ਬ੍ਰਹਮ ਮਹਿੰਦਰ ਵੀ ਵਿਜੀਲੈਂਸ ਕੋਲ ਜਾਂਚ ਦੌਰਾਨ ਕਈ ਬਿਮਾਰੀਆਂ ਦਾ ਹਵਾਲਾ ਦੇ ਚੁੱਕੇ ਹਨ। ਦੇਖਿਆ ਜਾਵੇ ਤਾਂ ਜਾਂਚ ਏਜੰਸੀਆਂ ਕੋਲ ਜਾਂਚ ਸ਼ੁਰੂ ਹੋਣ ਮਗਰੋਂ ਸਿਆਸੀ ਅਤੇ ਖ਼ਾਸ ਲੋਕਾਂ ਦੀ ਅਕਸਰ ਤਬੀਅਤ ਵਿਗੜ ਜਾਂਦੀ ਹੈ। ਬੇਸ਼ੱਕ ਇਹ ਬਿਮਾਰ ਹੋਣ ਦੀ ਦਲੀਲ 'ਚ ਸਚਾਈ ਵੀ ਹੋਵੇ, ਪ੍ਰੰਤੂ ਅਕਸ ਏਦਾਂ ਦਾ ਬਣ ਗਿਆ ਹੈ ਕਿ ਕੋਈ ਯਕੀਨ ਕਰਨ ਨੂੰ ਤਿਆਰ ਨਹੀਂ ਹੁੰਦਾ।

### ਪੰਜਾਬ 'ਚ ਅੱਜ ਤੋਂ ਮੀਂਹ ਤੇ ਝੱਖੜ ਦੀ

ਰਫ਼ਤਾਰ ਨਾਲ ਤੇਜ਼ ਹਵਾਵਾਂ ਚੱਲਣਗੀਆਂ, ਜਿਸ ਨਾਲ ਅਲਰਟ ਘਟ ਕੇ 'ਓਰੇਂਜ' ਰਹਿ ਜਾਵੇਗਾ। ਐਤਵਾਰ ਨੂੰ ਸਿਰਫ਼ ਕੁਝ ਖਾਸ ਥਾਵਾਂ 'ਤੇ ਹੀ ਹਲਕੀਆਂ ਕਣੀਆਂ ਪੈਣਗੀਆਂ ਅਤੇ ਕੋਈ ਖਾਸ ਚੇਤਾਵਨੀ ਨਹੀਂ ਹੋਵੇਗੀ। ਇਸ ਤੂਫ਼ਾਨੀ ਮੌਸਮ ਕਾਰਨ ਸ਼ੁੱਕਰਵਾਰ ਤੋਂ ਤਾਪਮਾਨ ਵਿੱਚ 6 ਤੋਂ 8 ਡਿਗਰੀ ਸੈਲਸੀਅਸ ਦੀ ਵੱਡੀ ਗਿਰਾਵਟ ਦੇਖਣ ਨੂੰ ਮਿਲੇਗੀ, ਜਿਸ ਨਾਲ ਲੋਕਾਂ ਨੂੰ ਗਰਮੀ ਤੋਂ ਵੱਡੀ ਰਾਹਤ ਮਿਲੇਗੀ, ਪਰ ਇਹ ਰਾਹਤ ਜ਼ਿਆਦਾ ਸਮਾਂ ਨਹੀਂ ਰਹੇਗੀ, ਕਿਉਂਕਿ ਸੋਮਵਾਰ ਅਤੇ ਮੰਗਲਵਾਰ ਤੋਂ ਮੌਸਮ ਫਿਰ ਖੁਸ਼ਕ ਹੋ ਜਾਵੇਗਾ ਅਤੇ ਤਾਪਮਾਨ ਦੁਬਾਰਾ ਵਧਣਾ ਸ਼ੁਰੂ ਹੋ ਜਾਵੇਗਾ।

ਫ਼ਰੀਦਕੋਟ ਅਤੇ ਰੋਹਤਕ ਰਹੇ ਸਭ ਤੋਂ ਗਰਮ: ਪਿਛਲੇ 24 ਘੰਟਿਆਂ ਦੌਰਾਨ ਪੰਜਾਬ ਅਤੇ ਹਰਿਆਣਾ ਵਿੱਚ ਮੌਸਮ ਪੂਰੀ ਤਰ੍ਹਾਂ ਖੁਸ਼ਕ ਰਿਹਾ ਅਤੇ ਕਈ ਥਾਵਾਂ 'ਤੇ ਲੋਕਾਂ ਨੂੰ ਭਿਆਨਕ ਲੂ (ਹੀਟਵੇਵ) ਦਾ ਸਾਹਮਣਾ ਕਰਨਾ ਪਿਆ। ਬੁੱਧਵਾਰ ਦਾ ਦਿਨ ਇਸ ਸੀਜ਼ਨ ਦਾ ਸਭ ਤੋਂ ਗਰਮ ਦਿਨ ਰਿਹਾ, ਜਿੱਥੇ ਪੰਜਾਬ ਦਾ ਫ਼ਰੀਦਕੋਟ 46.1 ਡਿਗਰੀ ਸੈਲਸੀਅਸ ਦੇ ਨਾਲ ਸਭ ਤੋਂ ਗਰਮ ਰਿਹਾ ਅਤੇ ਹਰਿਆਣਾ ਦਾ ਰੋਹਤਕ 46.6 ਡਿਗਰੀ ਸੈਲਸੀਅਸ ਤਾਪਮਾਨ ਨਾਲ ਭਖਦਾ ਰਿਹਾ। ਪੰਜਾਬ ਦਾ ਔਸਤਨ ਵੱਧ ਤੋਂ ਵੱਧ ਤਾਪਮਾਨ ਆਮ ਨਾਲੋਂ 4.1 ਡਿਗਰੀ ਅਤੇ ਹਰਿਆਣਾ ਦਾ 4.2 ਡਿਗਰੀ ਸੈਲਸੀਅਸ ਉੱਪਰ ਦਰਜ ਕੀਤਾ ਗਿਆ। ਚੰਡੀਗੜ੍ਹ ਵਿੱਚ ਵੀ ਵੱਧ ਤੋਂ ਵੱਧ ਤਾਪਮਾਨ 43.1 ਡਿਗਰੀ ਸੈਲਸੀਅਸ ਰਿਹਾ, ਜੋ ਆਮ ਨਾਲੋਂ 3 ਡਿਗਰੀ ਸੈਲਸੀਅਸ ਜ਼ਿਆਦਾ ਸੀ। ਮੌਸਮ ਵਿਭਾਗ ਨੇ ਪੁਸ਼ਟੀ ਕੀਤੀ ਹੈ ਕਿ ਵੀਰਵਾਰ ਨੂੰ ਕੇਂਦਰੀ, ਦੱਖਣੀ ਅਤੇ ਦੱਖਣ-ਪੱਛਮੀ ਪੰਜਾਬ ਅਤੇ ਪੂਰੇ ਹਰਿਆਣਾ ਵਿੱਚ ਤਾਪਮਾਨ 45 ਤੋਂ 47 ਡਿਗਰੀ ਦੇ ਵਿਚਕਾਰ ਰਹਿ ਸਕਦਾ ਹੈ, ਜਦਕਿ ਚੰਡੀਗੜ੍ਹ ਅਤੇ ਬਾਕੀ ਪੰਜਾਬ ਵਿੱਚ ਇਹ 42 ਤੋਂ 45 ਡਿਗਰੀ ਸੈਲਸੀਅਸ ਦੇ ਆਸ-ਪਾਸ ਰਹੇਗਾ, ਪਰ 29 ਮਈ (ਸ਼ੁੱਕਰਵਾਰ) ਤੋਂ ਇਸ ਗਰਮੀ ਤੋਂ ਪੂਰੀ ਤਰ੍ਹਾਂ ਨਿਜਾਤ ਮਿਲ ਜਾਵੇਗੀ।

### 'ਖ਼ੁਦ ਨੂੰ ਹਾਈਡ੍ਰੇਟਿਡ ਰੱਖੋ ਅਤੇ ਘਰੋਂ ਬਾਹਰ ਨਿਕਲਦੇ

ਦਾਦਾ-ਦਾਦੀ ਅਤੇ ਪਿਆਰਿਆਂ ਨੂੰ ਫੋਨ ਕਰਕੇ ਉਨ੍ਹਾਂ ਦਾ ਹਾਲ-ਚਾਲ ਪੁੱਛਣ। ਉਨ੍ਹਾਂ ਨੂੰ ਪਾਣੀ ਪੀਂਦੇ ਰਹਿਣ, ਦੁਪਹਿਰ ਦੇ ਸਮੇਂ ਬਾਹਰ ਨਿਕਲਣ ਤੋਂ ਬਚਣ ਅਤੇ ਵੱਧ ਤੋਂ ਵੱਧ ਆਰਾਮ ਕਰਨ ਦੀ ਸਲਾਹ ਦੇਣ।

ਪਸ਼ੂ-ਪੰਛੀਆਂ ਲਈ ਅਪੀਲ: ਉਨ੍ਹਾਂ ਨੇ ਇਸ ਮੁਸ਼ਕਲ ਮੌਸਮ ਵਿੱਚ ਪਸ਼ੂ-ਪੰਛੀਆਂ ਨੂੰ ਵੀ ਯਾਦ ਰੱਖਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ, 'ਆਪਣੇ ਘਰਾਂ ਦੇ ਬਾਹਰ, ਬਾਲਕੋਨੀਆਂ, ਛੱਤਾਂ, ਦੁਕਾਨਾਂ ਜਾਂ ਦਫ਼ਤਰਾਂ ਦੇ ਬਾਹਰ ਪਾਣੀ ਦਾ ਇੱਕ ਛੋਟਾ ਜਿਹਾ ਕਟੋਰਾ ਜ਼ਰੂਰ ਰੱਖੋ, ਜੋ ਕਿਸੇ ਪਿਆਸੇ ਪੰਛੀ ਲਈ ਜੀਵਨ ਰੇਖਾ ਬਣ ਸਕਦਾ ਹੈ।'

ਦੇਸ਼ ਵਿੱਚ ਗਰਮੀ ਦੇ ਹਾਲਾਤ (ਤਾਜ਼ਾ ਸਥਿਤੀ):ਭਾਰਤੀ ਮੌਸਮ ਵਿਗਿਆਨ ਵਿਭਾਗ ਦੇ ਅਨੁਸਾਰ, ਭਾਰਤ ਦੇ ਕਈ ਹਿੱਸੇ ਇਸ ਵੇਲੇ ਭਿਆਨਕ ਗਰਮੀ ਦੀ ਲਪੇਟ ਵਿੱਚ ਹਨ। ਮੰਗਲਵਾਰ ਨੂੰ ਉੱਤਰ ਪ੍ਰਦੇਸ਼ ਦਾ ਬਾਂਦਾ ਸ਼ਹਿਰ 47.4 ਡਿਗਰੀ ਸੈਲਸੀਅਸ ਤਾਪਮਾਨ ਨਾਲ ਦੇਸ਼ ਵਿੱਚ ਸਭ ਤੋਂ ਗਰਮ ਰਿਹਾ। ਦੱਸਣਯੋਗ ਹੈ ਕਿ ਮੈਦਾਨੀ ਇਲਾਕਿਆਂ ਵਿੱਚ ਜੇਕਰ ਤਾਪਮਾਨ 45 ਡਿਗਰੀ ਤੋਂ ਪਾਰ ਚਲਾ ਜਾਵੇ ਤਾਂ 'ਹੀਟਵੇਵ' (ਲੂ) ਘੋਸ਼ਿਤ ਕੀਤੀ ਜਾਂਦੀ ਹੈ, ਜਦੋਂ ਕਿ 47 ਡਿਗਰੀ ਤੋਂ ਉੱਪਰ ਦੇ ਤਾਪਮਾਨ ਨੂੰ 'ਗੰਭੀਰ ਹੀਟਵੇਵ' ਦੀ ਸ਼੍ਰੇਣੀ ਵਿੱਚ ਰੱਖਿਆ ਜਾਂਦਾ ਹੈ।

### ਤਾਮਿਲਨਾਡੂ ਦੇ ਮੁੱਖ ਮੰਤਰੀ ਥਲਾਪਤੀ ਵਿਜੇ

ਪੂਰੇ ਏਜੰਡੇ ਦੇ ਵੇਰਵਿਆਂ ਦੀ ਉਡੀਕ ਕੀਤੀ ਜਾ ਰਹੀ ਹੈ, ਪਰ ਮੰਨਿਆ ਜਾ ਰਿਹਾ ਹੈ ਕਿ ਵਿਜੇ ਪ੍ਰਧਾਨ ਮੰਤਰੀ ਤੋਂ ਇਲਾਵਾ ਦਿੱਲੀ ਵਿੱਚ ਹੋਰ ਵੀ ਕਈ ਸਿਆਸੀ ਹਸਤੀਆਂ ਨਾਲ ਮੁਲਾਕਾਤ ਕਰ ਸਕਦੇ ਹਨ।

ਸਿਨੇਮਾ ਜਗਤ ਦੇ ਸੁਪਰਸਟਾਰ ਤੋਂ ਰਾਜਨੀਤੀ ਦੇ ਨਾਇਕ ਬਣੇ ਵਿਜੇ ਨੇ ਦੋ ਸਾਲ ਪਹਿਲਾਂ ਆਪਣੀ ਪਾਰਟੀ ਟੀਵੀਕੇਰਾਹੀਂ ਸਿਆਸਤ ਵਿੱਚ ਪ੍ਰਵੇਸ਼ ਕੀਤਾ ਸੀ। ਤਾਮਿਲਨਾਡੂ ਚੋਣਾਂ ਵਿੱਚ ਸ਼ਾਨਦਾਰ ਜਿੱਤ ਤੋਂ ਬਾਅਦ ਉਹ ਸੂਬੇ ਵਿੱਚ ਦਹਾਕਿਆਂ ਬਾਅਦ ਪਹਿਲੀ ਵਾਰ ਗਠਜੋੜ ਸਰਕਾਰ ਚਲਾ ਰਹੇ ਹਨ। ਮੁੱਖ ਮੰਤਰੀ ਬਣਨ ਤੋਂ ਬਾਅਦ ਉਹ ਲਗਾਤਾਰ ਸੁਰਖੀਆਂ ਵਿੱਚ ਹਨ। ਹਾਲ ਹੀ ਵਿੱਚ ਉਨ੍ਹਾਂ ਨੇ ਤਾਮਿਲ ਫਿਲਮ ਇੰਡਸਟਰੀ ਲਈ ਇੱਕ ਵੱਡਾ ਫੈਸਲਾ ਲੈਂਦਿਆਂ 70 ਸਾਲ ਪੁਰਾਣੇ ਨਿਯਮ ਨੂੰ ਬਦਲਿਆ ਹੈ ਅਤੇ ਸਿਨੇਮਾਘਰਾਂ ਨੂੰ ਦਿਨ ਵਿੱਚ ਪੰਜ ਸ਼ੋਅ ਚਲਾਉਣ ਦੀ ਇਜਾਜ਼ਤ ਦਿੱਤੀ ਹੈ।

ਜ਼ਿਕਰਯੋਗ ਹੈ ਕਿ ਜਦੋਂ ਵਿਜੇ ਨੇ ਮੁੱਖ ਮੰਤਰੀ ਵਜੋਂ ਸਹੁੰ ਚੁੱਕੀ ਸੀ ਤਾਂ ਪ੍ਰਧਾਨ ਮੰਤਰੀ ਮੋਦੀ ਨੇ ਉਨ੍ਹਾਂ ਨੂੰ ਸੋਸ਼ਲ ਮੀਡੀਆ ਰਾਹੀਂ ਵਧਾਈ ਦਿੱਤੀ ਸੀ ਅਤੇ ਤਾਮਿਲਨਾਡੂ ਦੇ ਲੋਕਾਂ ਦੇ ਜੀਵਨ ਨੂੰ ਬਿਹਤਰ ਬਣਾਉਣ ਲਈ ਕੇਂਦਰ ਵੱਲੋਂ ਮਿਲ ਕੇ ਕੰਮ ਕਰਨ ਦਾ ਭਰੋਸਾ ਦਿੱਤਾ ਸੀ। ਹੁਣ ਪੂਰੇ ਦੇਸ਼ ਦੀਆਂ ਨਜ਼ਰਾਂ ਇਸ ਗੱਲ 'ਤੇ ਟਿਕੀਆਂ ਹੋਈਆਂ ਹਨ ਕਿ ਇਸ ਮਹੱਤਵਪੂਰਨ ਮੁਲਾਕਾਤ ਤੋਂ ਬਾਅਦ ਕੇਂਦਰ ਸਰਕਾਰ ਤਾਮਿਲਨਾਡੂ ਦੀਆਂ ਮੰਗਾਂ 'ਤੇ ਕੀ ਸਟੈਂਡ ਲੈਂਦੀ ਹੈ।

### ਅੱਤਵਾਦੀ ਸੰਗਠਨ ਟੀ.ਟੀ.ਐਚ. ਵੱਲੋਂ ਸੋਸ਼ਲ ਮੀਡੀਆ 'ਤੇ

ਘੰਟਿਆਂ ਬਾਅਦ, ਐਤਵਾਰ ਸ਼ਾਮ ਨੂੰ ਸੋਸ਼ਲ ਮੀਡੀਆ 'ਤੇ ਇਸ ਹਮਲੇ ਦੀ ਜ਼ਿੰਮੇਵਾਰੀ ਲੈਣ ਵਾਲਾ ਇੱਕ ਪੋਸਟਰ ਸਾਹਮਣੇ ਆਇਆ ਸੀ। ਬਹੁਤ ਘੱਟ ਜਾਣੇ ਜਾਂਦੇ ਸੰਗਠਨ ਟੀ. ਟੀ.ਐਚ. ਦੇ ਨਾਂ ਵਾਲੇ ਇਸ ਪੋਸਟਰ ਵਿੱਚ ਸੁਰੱਖਿਆ ਕਰਮਚਾਰੀਆਂ ਅਤੇ ਸਰਕਾਰੀ ਅਧਿਕਾਰੀਆਂ ਨੂੰ ਨਵੀਆਂ ਧਮਕੀਆਂ ਵੀ ਦਿੱਤੀਆਂ ਗਈਆਂ ਸਨ।

ਇਸੇ ਸੰਗਠਨ ਨੇ ਇਸ ਤੋਂ ਪਹਿਲਾਂ ਇਸੇ ਸਾਲ ਗੁਰਦਾਸਪੁਰ ਜ਼ਿਲ੍ਹੇ ਦੇ ਦੋਰਾਂਗਲਾ ਇਲਾਕੇ ਵਿੱਚ ਦੋ ਪੁਲਿਸ ਮੁਲਾਜ਼ਮਾਂ ਦੇ ਕਤਲ ਦੀ ਜ਼ਿੰਮੇਵਾਰੀ ਵੀ ਲਈ ਸੀ, ਜਿਸ ਨੇ ਸੁਰੱਖਿਆ ਏਜੰਸੀਆਂ ਵਿੱਚ ਗੰਭੀਰ ਚਿੰਤਾਵਾਂ ਪੈਦਾ ਕਰ ਦਿੱਤੀਆਂ ਹਨ। ਹਾਲਾਂਕਿ ਪੋਸਟਰ ਅਤੇ ਵੀਡੀਓ ਦੀ ਅਸਲੀਅਤ ਦੀ ਅਜੇ ਪੁਸ਼ਟੀ ਹੋਣੀ ਬਾਕੀ ਹੈ ਪਰ ਪੁਲਿਸ ਹਰ ਸੰਭਵ ਪਹਿਲੂ ਤੋਂ ਜਾਂਚ ਕਰ ਰਹੀ ਹੈ।

ਐੱਸ.ਐੱਸ.ਪੀ. ਸੁਹੇਲ ਕਾਸਿਮ ਮੀਰ ਨੇ ਕਿਹਾ,'ਅਸੀਂ ਸੋਸ਼ਲ ਮੀਡੀਆ 'ਤੇ ਸਾਹਮਣੇ ਆਏ ਪੋਸਟਰ ਸਮੇਤ ਸਾਰੇ ਪਹਿਲੂਆਂ ਦੀ ਜਾਂਚ ਕਰ ਰਹੇ ਹਾਂ।' ਦਹਿਸ਼ਤਗਰਦ ਸੰਗਠਨ ਨੇ ਦਾਅਵਾ ਕੀਤਾ ਹੈ ਕਿ ਉਸ ਦੇ 'ਅਲ-ਬੁਰਾਕ ਸਕੁਐਡ' ਨੇ ਪਿੰਡ ਹਮਜ਼ਾ, ਮਜੀਠਾ ਵਿੱਚ ਇਸ ਹਮਲੇ ਨੂੰ ਅੰਜਾਮ ਦਿੱਤਾ ਹੈ। ਬਿਆਨ ਵਿੱਚ ਪੂਰੇ ਖੇਤਰ ਵਿੱਚ ਪੁਲਿਸ ਮੁਲਾਜ਼ਮਾਂ, ਫੌਜ ਦੇ ਜਵਾਨਾਂ ਅਤੇ ਖੁਫੀਆ ਅਧਿਕਾਰੀਆਂ ਵਿਰੁੱਧ ਅਜਿਹੇ ਹੋਰ ਹਮਲੇ ਕਰਨ ਦੀ ਚਿਤਾਵਨੀ ਦਿੱਤੀ ਗਈ ਹੈ। ਇਸ ਵਿੱਚ ਇਹ ਵੀ ਕਿਹਾ ਗਿਆ ਸੀ ਕਿ ਹਮਲੇ ਦੀ ਇੱਕ ਵੀਡੀਓ ਜਲਦੀ ਹੀ ਜਾਰੀ ਕੀਤੀ ਜਾਵੇਗੀ।

ਅੰਮ੍ਰਿਤਸਰ ਪੁਲਿਸ ਕਮਿਸ਼ਨਰੇਟ ਦੇ ਟਰੈਫਿਕ ਵਿੰਗ ਵਿੱਚ ਤਾਇਨਾਤ ਏ.ਐਸ.ਆਈ. ਜੋਗਾ ਸਿੰਘ ਜਦੋਂ ਆਪਣੀ ਡਿਊਟੀ 'ਤੇ ਜਾ ਰਹੇ ਸਨ, ਤਾਂ ਅਣਪਛਾਤੇ ਹਥਿਆਰਬੰਦ ਹਮਲਾਵਰਾਂ ਨੇ ਉਨ੍ਹਾਂ 'ਤੇ ਅੰਨ੍ਹੇਵਾਹ ਗੋਲੀਆਂ ਚਲਾ ਦਿੱਤੀਆਂ। ਕਈ ਗੋਲੀਆਂ ਲੱਗਣ ਕਾਰਨ ਉਨ੍ਹਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਇਸ ਘਟਨਾ ਤੋਂ ਬਾਅਦ ਪੁਲਿਸ ਨੇ ਮਜੀਠਾ ਅਤੇ ਇਸ ਦੇ ਆਸ-ਪਾਸ ਦੇ ਇਲਾਕਿਆਂ ਵਿੱਚ ਵੱਡੀ ਤਲਾਸ਼ੀ ਮੁਹਿੰਮ ਸ਼ੁਰੂ ਕਰ ਦਿੱਤੀ ਹੈ। ਜਾਂਚਕਰਤਾ ਕਈ ਸੰਭਾਵਨਾਵਾਂ ਦੀ ਜਾਂਚ ਕਰ ਰਹੇ ਹਨ, ਜਿਨ੍ਹਾਂ ਵਿੱਚ ਅਤਿਵਾਦੀ ਸਬੰਧ, ਸੰਗਠਿਤ ਅਪਰਾਧਿਕ ਗੈਂਗਾਂ ਦੀ ਸ਼ਮੂਲੀਅਤ ਅਤੇ ਸਰਹੱਦ ਪਾਰ ਦੇ ਸੰਭਾਵਿਤ ਸਬੰਧ ਸ਼ਾਮਲ ਹਨ। ਹਾਲਾਂਕਿ, ਇਸ ਮਾਮਲੇ ਵਿੱਚ ਅਜੇ ਤੱਕ ਕੋਈ ਵੱਡੀ ਸਫਲਤਾ ਹੱਥ ਨਹੀਂ ਲੱਗੀ ਹੈ।

### 328 ਸਰੂਪਾਂ ਦੇ ਮਾਮਲੇ ਵਿੱਚ 'ਸਿੱਟ' ਵੱਲੋਂ ਮੰਗੀ

ਅਤੇ ਗੁਰਬਾਣੀ ਪ੍ਰਸਾਰਣ ਨੂੰ ਲੈ ਕੇ ਨਿੱਜੀ ਚੈਨਲਾਂ ਨਾਲ ਹੋਏ ਸਮਝੌਤਿਆਂ ਆਦਿ ਨਾਲ ਸਬੰਧਤ ਜਾਣਕਾਰੀ। ਇਨ੍ਹਾਂ ਦਾ ਕਿਸੇ ਵੀ ਤਰ੍ਹਾਂ 328 ਪਾਵਨ ਬੀੜਾਂ ਨਾਲ ਕੋਈ ਵੀ ਸਬੰਧ ਨਹੀਂ ਹੈ। ਅਜਿਹੀ ਗੈਰ ਜ਼ਰੂਰੀ ਜਾਣਕਾਰੀ ਸੰਸਥਾ ਦੇ ਅੰਦਰੂਨੀ ਪ੍ਰਬੰਧਕੀ ਮਾਮਲਿਆਂ ਵਿਚ ਸਿੱਧਾ ਦਖ਼ਲ ਹੈ। ਕਿਉਂਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਅਨੁਸਾਰ ਹੀ ਪਹਿਲਾਂ ਸ਼੍ਰੋਮਣੀ ਕਮੇਟੀ ਵੱਲੋਂ ਸਿੱਟ ਦਾ ਹਰ ਤਰ੍ਹਾਂ ਨਾਲ ਸਹਿਯੋਗ ਕੀਤਾ ਜਾ ਰਿਹਾ ਹੈ, ਇਸ ਲਈ ਆਪ ਨੇ ਯੋਗ ਆਦੇਸ਼ ਭੇਜਣ ਦੀ ਖੇਚਲ ਕਰਨੀ।

### ਮੋਗਾ 'ਚ 9 ਸਾਲਾ ਬੱਚੀ ਦੀ ਜਬਰ ਜਨਾਹ ਤੋਂ

ਕਿ ਨੇੜਲੇ ਕਵਾਰਟਰ ਵਿੱਚ ਰਹਿਣ ਵਾਲੇ ਦਯਾਨੰਦ ਨਾਮਕ ਵਿਅਕਤੀ, ਜੋ ਕਿ ਝਾਰਖੰਡ ਦਾ ਰਹਿਣ ਵਾਲਾ ਦੱਸਿਆ ਜਾ ਰਿਹਾ ਹੈ, ਨੇ ਬੱਚੀ ਨਾਲ ਜਬਰ ਜਨਾਹ ਕਰਨ ਤੋਂ ਬਾਅਦ ਸਬੂਤ ਮਿਟਾਉਣ ਅਤੇ ਆਪਣਾ ਜੁਰਮ ਲੁਕਾਉਣ ਲਈ ਉਸ ਨੂੰ ਦੁਪੱਟੇ ਨਾਲ ਕਵਾਰਟਰ ਦੇ ਬਾਹਰ ਕੌਰੀਡੋਰ ਵਿੱਚ ਲਟਕਾ ਦਿੱਤਾ।

ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਹਸਪਤਾਲ ਪਹੁੰਚਣ ਉਪਰੰਤ ਡਾਕਟਰਾਂ ਨੇ ਬੱਚੀ ਨੂੰ ਮ੍ਰਿਤਕ ਐਲਾਨ ਦਿੱਤਾ। ਪੁਲਿਸ ਨੇ ਮ੍ਰਿਤਕ ਬੱਚੀ ਦੀ ਮਾਤਾ ਦੇ ਬਿਆਨਾਂ ਦੇ ਆਧਾਰ 'ਤੇ ਦਯਾਨੰਦ ਖ਼ਿਲਾਫ਼ ਕਤਲ ਅਤੇ ਜਬਰ ਜਨਾਹ ਸਮੇਤ 2.ਐਨ.ਐਸ. ਦੀਆਂ ਸੰਬੰਧਿਤ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਹੈ। ਪੁਲਿਸ ਵੱਲੋਂ ਮੁਲਜ਼ਮ ਦੀ ਭਾਲ ਕੀਤੀ ਜਾ ਰਹੀ ਹੈ ਅਤੇ ਮਾਮਲੇ ਦੀ ਜਾਂਚ ਜਾਰੀ ਹੈ।

ਮ੍ਰਿਤਕ ਬੱਚੀ ਦੀਆਂ ਭੈਣਾਂ ਦੇ ਅਨੁਸਾਰ ਉਨ੍ਹਾਂ ਦੀ ਮਾਂ ਰੇਲਵੇ ਪਲੇਟਫਾਰਮ 'ਤੇ ਮਜ਼ਦੂਰੀ ਕਰਦੀ ਹੈ। ਬੱਚੀ ਆਪਣੀ ਮਾਂ ਕੋਲੋਂ ਮੋਬਾਈਲ ਫੋਨ ਲੈਣ ਲਈ ਗਈ ਸੀ। ਕੁਝ ਸਮੇਂ ਬਾਅਦ ਜਦੋਂ ਉਹ ਘਰ ਵਾਪਸ ਆਈ ਤਾਂ ਕਵਾਰਟਰ ਦੇ ਬਾਹਰ ਕੌਰੀਡੋਰ ਦਾ ਦ੍ਰਿਸ਼ ਦੇਖ ਕੇ ਉਸ ਦੇ ਹੋਸ਼ ਉੱਡ ਗਏ। ਉਸ ਨੇ ਆਪਣੀ ਭੈਣ ਨੂੰ ਦੁਪੱਟੇ ਦੇ ਫੰਦੇ ਨਾਲ ਲਟਕਿਆ ਹੋਇਆ ਦੇਖਿਆ, ਜਿਸ ਤੋਂ ਬਾਅਦ ਉਹ ਉੱਚੀ-ਉੱਚੀ ਚੀਕਾਂ ਮਾਰਨ ਲੱਗ ਪਈ। ਚੀਖ-ਪੁਕਾਰ ਸੁਣ ਕੇ ਪਰਿਵਾਰ ਦੇ ਹੋਰ ਮੈਂਬਰ ਅਤੇ ਆਸ-ਪਾਸ ਦੇ ਲੋਕ ਮੌਕੇ 'ਤੇ ਪਹੁੰਚ ਗਏ।

### ਪੀ.ਐਸ.ਪੀ.ਸੀ.ਐਲ. ਦੇ ਸਾਬਕਾ ਸੀ.ਐਮ.ਡੀ. ਦੀ

ਸਬ-ਸਟੇਸ਼ਨ ਲਗਾਉਣ ਦੀ ਸਹੂਲਤ ਦੇ ਕੇ ਇੱਕ ਕਲੋਨਾਈਜ਼ਰ ਨੂੰ ਫ਼ਾਇਦਾ ਪਹੁੰਚਾਇਆ, ਜਿਸ ਨਾਲ ਸਰਕਾਰੀ ਖ਼ਜ਼ਾਨੇ ਨੂੰ ਵਿੱਤੀ ਨੁਕਸਾਨ ਹੋਇਆ। ਬਿਊਰੋ ਨੇ ਇਸ ਮਾਮਲੇ ਵਿੱਚ ਸਰਕਾਰੀ ਅਹੁਦੇ ਦੀ ਦੁਰਵਰਤੋਂ ਅਤੇ ਅਪਰਾਧਿਕ ਸਾਜ਼ਿਸ਼ ਰਚਣ ਦਾ ਦੋਸ਼ ਲਗਾਇਆ ਹੈ।

ਸੁਣਵਾਈ ਦੌਰਾਨ ਮੁਲਜ਼ਮ ਵੱਲੋਂ ਪੇਸ਼ ਹੋਏ ਵਕੀਲ ਨੇ ਦਲੀਲ ਦਿੱਤੀ ਕਿ ਪੀ.ਐੱਸ.ਪੀ.ਸੀ.ਐੱਲ. ਦੇ ਸਾਬਕਾ ਸੀ.ਐੱਮ. ਡੀ. ਨੂੰ ਸਿਆਸੀ ਬਦਲਾਖੋਰੀ ਕਾਰਨ ਝੂਠਾ ਫਸਾਇਆ ਗਿਆ ਹੈ। ਬਚਾਅ ਪੱਖ ਦੇ ਵਕੀਲ ਨੇ ਦੱਸਿਆ ਕਿ 2017 ਅਤੇ 2020-21 ਵਿੱਚ ਕੀਤੀਆਂ ਗਈਆਂ ਦੋ ਵਿਭਾਗੀ ਜਾਂਚਾਂ ਵਿੱਚ ਬੇਨਤੀਕਰਤਾ (ਆਵੇਦਕ) ਨੂੰ ਪਹਿਲਾਂ ਹੀ ਬੇਕਸੂਰ (ਦੋਸ਼ਮੁਕਤ) ਕਰਾਰ ਦਿੱਤਾ ਜਾ ਚੁੱਕਾ ਹੈ। ਇਹ ਵੀ ਦੱਸਿਆ ਗਿਆ ਕਿ ਸਬ-ਸਟੇਸ਼ਨ ਸਰਕਾਰ ਤੋਂ ਲੋੜੀਂਦੀਆਂ ਪ੍ਰਵਾਨਗੀਆਂ ਲੈਣ ਤੋਂ ਬਾਅਦ ਅਤੇ ਸਬੰਧਤ ਅਧਿਕਾਰੀਆਂ ਤੋਂ ਫੀਜ਼ੀਬਿਲਟੀ (ਸੰਭਾਵਨਾ) ਰਿਪੋਰਟਾਂ ਮਿਲਣ ਤੋਂ ਬਾਅਦ ਸਥਾਪਿਤ ਕੀਤਾ ਗਿਆ ਸੀ। ਇਸ ਤੋਂ ਇਲਾਵਾ, ਇਹ ਗ੍ਰਿੱਡ ਸਟੇਸ਼ਨ 15 ਕਿਲੋਮੀਟਰ ਦੂਰ ਤੱਕ ਦੇ ਵੱਖ-ਵੱਖ ਪਿੰਡਾਂ ਅਤੇ ਇਲਾਕਿਆਂ ਦੇ ਨਿਵਾਸੀਆਂ ਨੂੰ ਬਿਜਲੀ ਸਪਲਾਈ ਕਰ ਰਿਹਾ ਸੀ ਅਤੇ ਇਸ ਨਾਲ ਲਗਪਗ ਸੱਤ ਲੱਖ ਲੋਕਾਂ ਨੂੰ ਫ਼ਾਇਦਾ ਹੋ ਰਿਹਾ ਸੀ, ਜਿਨ੍ਹਾਂ ਵਿੱਚੋਂ ਕੇਵਲ ਪੰਜ ਫ਼ੀਸਦੀ ਬਸੰਤ ਐਵੇਨਿਊ ਵਿੱਚ ਰਹਿੰਦੇ ਸਨ। ਇਹ ਵੀ ਦੱਸਿਆ ਗਿਆ ਕਿ ਲੁਧਿਆਣਾ ਵਿੱਚ ਜ਼ਮੀਨ ਦੀ ਘਾਟ ਕਾਰਨ ਕਰੀਬ 20 ਤੋਂ 22 ਸਬ-ਸਟੇਸ਼ਨ 2,000 ਵਰਗ ਗਜ਼ ਤੋਂ ਘੱਟ ਖੇਤਰ ਵਿੱਚ ਬਣਾਏ ਗਏ ਹਨ ਅਤੇ 34 ਸਬ-ਸਟੇਸ਼ਨਾਂ ਵਿੱਚੋਂ 28 ਦੋ ਕਿਲੋਮੀਟਰ ਤੋਂ ਘੱਟ ਦੂਰੀ ਦੇ ਅੰਦਰ ਸਥਾਪਿਤ ਕੀਤੇ ਗਏ ਹਨ।

ਹਾਲਾਂਕਿ, ਦੋਵਾਂ ਪੱਖਾਂ ਦੀਆਂ ਦਲੀਲਾਂ ਸੁਣਨ ਤੋਂ ਬਾਅਦ, ਅਦਾਲਤ ਨੇ ਇਸ ਪੜਾਅ 'ਤੇ ਮੁਲਜ਼ਮ ਨੂੰ ਜ਼ਮਾਨਤ ਦੀ ਰਿਆਇਤ ਦੇਣ ਦਾ ਕੋਈ ਆਧਾਰ ਨਹੀਂ ਪਾਇਆ ਅਤੇ ਅਰਜ਼ੀ ਖਾਰਜ ਕਰ ਦਿੱਤੀ। ਜ਼ਿਕਰਯੋਗ ਹੈ ਕਿ ਕੇ ਡੀ ਚੌਧਰੀ ਨੂੰ ਵਿਜੀਲੈਂਸ ਬਿਊਰੋ ਨੇ ਇਸ ਮਾਮਲੇ ਦੇ ਸਬੰਧ ਵਿੱਚ 20 ਮਈ ਨੂੰ ਗ੍ਰਿਫ਼ਤਾਰ ਕੀਤਾ ਸੀ।

### ਸੁਪਰੀਮ ਕੋਰਟ ਨੇ ਕੇਂਦਰ, ਸੀ.ਬੀ.ਐਸ.ਈ. ਅਤੇ

ਬਾਰੇ ਇੱਕ ਰਿਪੋਰਟ ਪੇਸ਼ ਕਰਨ ਲਈ ਵੀ ਕਿਹਾ ਹੈ।

ਪਟੀਸ਼ਨਕਰਤਾ ਯਸ਼ਿਕਾ ਭੰਡਾਰੀ ਜੈਨ ਅਤੇ ਹੋਰਨਾਂ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਮੁਕੁਲ ਰੋਹਤਗੀ ਨੇ ਅਦਾਲਤ ਨੂੰ ਦੱਸਿਆ ਕਿ ਸੀ.ਬੀ.ਐੱਸ.ਈ. ਦੇ 15 ਮਈ ਦੇ ਸਰਕੂਲਰ ਨੇ ਵਿਦਿਆਰਥੀਆਂ ਨੂੰ ਅਗਲੇ ਹੀ ਅਕਾਦਮਿਕ ਸਾਲ ਤੋਂ ਤਿੰਨ ਭਾਸ਼ਾਵਾਂ ਪੜ੍ਹਨ ਲਈ ਮਜਬੂਰ ਕਰ ਦਿੱਤਾ ਹੈ, ਜਦੋਂ ਕਿ ਇਸ ਸਮੇਂ ਬਾਜ਼ਾਰ ਵਿੱਚ ਲੋੜੀਂਦੀਆਂ ਕਿਤਾਬਾਂ ਵੀ ਉਪਲੱਬਧ ਨਹੀਂ ਹਨ।

ਇੱਕ ਹੋਰ ਸੀਨੀਅਰ ਵਕੀਲ ਕਪਿਲ ਸਿੱਬਲ ਨੇ ਕਿਹਾ ਕਿ ਇਹ ਮਾਮਲਾ ਮਹੱਤਵਪੂਰਨ ਸੰਵਿਧਾਨਕ ਮੁੱਦਿਆਂ ਨੂੰ ਉਠਾਉਂਦਾ ਹੈ ਅਤੇ ਇਹ ਇੱਕ 'ਸੰਘੀ ਢਾਂਚੇ' ਨਾਲ ਜੁੜਿਆ ਮੁੱਦਾ ਵੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਭਾਸ਼ਾ ਸਿੱਖਣਾ ਹਮੇਸ਼ਾ ਇੱਕ ਪਸੰਦ ਦਾ ਮਾਮਲਾ ਹੁੰਦਾ ਹੈ ਅਤੇ ਇਸ ਨੂੰ ਕਿਸੇ ਉੱਤੇ ਜ਼ਬਰਦਸਤੀ ਥੋਪਿਆ ਨਹੀਂ ਜਾ ਸਕਦਾ।

ਇਸ ਤੋਂ ਪਹਿਲਾਂ 22 ਮਈ ਨੂੰ ਰੋਹਤਗੀ ਨੇ ਇਸ ਨੀਤੀ ਵਿਰੁੱਧ ਜਲਦੀ ਸੁਣਵਾਈ ਦੀ ਮੰਗ ਕਰਦਿਆਂ ਕਿਹਾ ਸੀ ਕਿ ਇਸ ਫੈਸਲੇ ਨਾਲ ਵਿਦਿਆਰਥੀਆਂ ਵਿੱਚ ਭੰਬਲਭੂਸਾ ਪੈਦਾ ਹੋ ਜਾਵੇਗਾ, ਕਿਉਂਕਿ ਕੋਈ ਵੀ ਬੱਚਾ ਅਚਾਨਕ ਨਵੀਂ ਭਾਸ਼ਾ ਸਿੱਖ ਕੇ ਦਸਵੀਂ ਦੀ ਪ੍ਰੀਖਿਆ ਕਿਵੇਂ ਦੇ ਸਕਦਾ ਹੈ।

ਪਟੀਸ਼ਨਕਰਤਾਵਾਂ ਨੇ ਮੰਗ ਕੀਤੀ ਹੈ ਕਿ ਸੀ.ਬੀ.ਐੱਸ.ਈ. ਦੇ 15 ਮਈ ਦੇ ਸਰਕੂਲਰ ਨੂੰ ਰੱਦ ਕੀਤਾ ਜਾਵੇ ਅਤੇ ਬੋਰਡ ਦੇ 9 ਅਪ੍ਰੈਲ ਦੇ ਉਸ ਨੋਟੀਫਿਕੇਸ਼ਨ ਨੂੰ ਦੁਬਾਰਾ ਲਾਗੂ ਕੀਤਾ ਜਾਵੇ ਜਿਸ ਵਿੱਚ ਨੌਵੀਂ ਜਮਾਤ ਲਈ ਇਸ ਤਿੰਨ-ਭਾਸ਼ਾਈ ਨੀਤੀ ਨੂੰ ਸਾਲ 2029-30 ਤੱਕ ਟਾਲ ਦਿੱਤਾ ਗਿਆ ਸੀ। ਉਨ੍ਹਾਂ ਮੌਜੂਦਾ ਵਿਦਿਆਰਥੀਆਂ ਨੂੰ ਇਸ ਸੋਧੀ ਹੋਈ ਨੀਤੀ ਤੋਂ ਅੰਤਰਿਮ ਰਾਹਤ ਦੇਣ ਦੀ ਵੀ ਮੰਗ ਕੀਤੀ ਹੈ।

ਦੂਜੇ ਪਾਸੇ, ਸੀ.ਬੀ.ਐੱਸ.ਈ. ਦਾ 15 ਮਈ ਦਾ ਇਹ ਫੈਸਲਾ ਰਾਸ਼ਟਰੀ ਸਿੱਖਿਆ ਨੀਤੀ 2020 ਦੇ ਅਨੁਸਾਰ ਹੈ, ਜੋ ਬਹੁ-ਭਾਸ਼ਾਵਾਦ ਨੂੰ ਉਤਸ਼ਾਹਿਤ ਕਰਦੀ ਹੈ ਅਤੇ ਵਿਦਿਆਰਥੀਆਂ ਨੂੰ ਘੱਟੋ-ਘੱਟ ਦੋ ਭਾਰਤੀ ਭਾਸ਼ਾਵਾਂ ਸਮੇਤ ਕਈ ਭਾਸ਼ਾਵਾਂ ਸਿੱਖਣ ਲਈ ਪ੍ਰੇਰਿਤ ਕਰਦੀ ਹੈ, ਜਿਸ ਵਿੱਚ ਭਾਸ਼ਾ ਚੁਣਨ ਦੀ ਛੋਟ ਰਾਜਾਂ ਅਤੇ ਸਕੂਲਾਂ ਕੋਲ ਹੁੰਦੀ ਹੈ।

ਆਮ ਤੌਰ 'ਤੇ ਸੀ.ਬੀ.ਐੱਸ.ਈ. ਦੇ ਵਿਦਿਆਰਥੀ ਦਸਵੀਂ ਜਮਾਤ ਤੱਕ ਕੇਵਲ ਦੋ ਭਾਸ਼ਾਵਾਂ - ਅੰਗਰੇਜ਼ੀ ਅਤੇ ਹਿੰਦੀ ਜਾਂ ਕੋਈ ਖੇਤਰੀ ਭਾਸ਼ਾ ਹੀ ਪੜ੍ਹਦੇ ਆ ਰਹੇ ਹਨ ਪਰ ਹੁਣ ਨਵੇਂ ਨਿਯਮ ਮੁਤਾਬਕ ਨੌਵੀਂ ਜਮਾਤ ਤੋਂ ਵਿਦਿਆਰਥੀਆਂ ਨੂੰ ਇੱਕ ਹੋਰ ਵਾਧੂ ਭਾਸ਼ਾ ਪੜ੍ਹਨੀ ਪਵੇਗੀ, ਜਿਸ ਨਾਲ ਸੈਕੰਡਰੀ ਪੱਧਰ 'ਤੇ ਪੜ੍ਹਾਈ ਜਾਣ ਵਾਲੀ ਭਾਸ਼ਾਵਾਂ ਦੀ ਗਿਣਤੀ ਵੱਧ ਜਾਵੇਗੀ।

ਪਟੀਸ਼ਨਕਰਤਾਵਾਂ ਨੇ ਇਸ ਫੈਸਲੇ ਨੂੰ ਮਨਮਾਨਾ ਦੱਸਦਿਆਂ ਕਿਹਾ ਕਿ ਸਕੂਲਾਂ, ਵਿਦਿਆਰਥੀਆਂ ਅਤੇ ਮਾਪਿਆਂ ਨੇ ਪੁਰਾਣੇ ਨਿਯਮਾਂ ਦੇ ਭਰੋਸੇ ਆਪਣੇ ਪੂਰੇ ਸਾਲ ਦੀ ਪੜ੍ਹਾਈ ਦੀ ਯੋਜਨਾ ਬਣਾਈ ਹੋਈ ਸੀ ਅਤੇ ਨਵਾਂ ਸੈਸ਼ਨ ਸ਼ੁਰੂ ਹੋਣ ਤੋਂ ਕੁਝ ਹਫ਼ਤੇ ਪਹਿਲਾਂ ਕੀਤੇ ਗਏ ਇਸ ਅਚਨਚੇਤ ਬਦਲਾਅ ਨੇ ਸਭ ਦੇ ਸਾਹਮਣੇ ਵੱਡੀ ਅਨਿਸ਼ਚਿਤਤਾ ਅਤੇ ਮੁਸ਼ਕਲ ਖੜ੍ਹੀ ਕਰ ਦਿੱਤੀ ਹੈ।

### 'ਈ.ਸੀ. ਨੇ ਆਪਣੇ ਅਧਿਕਾਰ ਅਧੀਨ ਕਰਵਾਇਆ

ਤੋਂ ਵੱਖਰਾ ਹੈ।ਪਟੀਸ਼ਨਕਰਤਾਵਾਂ ਵਿਚ ਐਸੋਸੀਏਸ਼ਨ ਫਾਰ ਡੈਮੋਕ੍ਰੇਟਿਕ ਰਿਫਾਰਮਜ਼ ਵਰਗੀਆਂ ਸੰਸਥਾਵਾਂ ਦੇ ਨਾਲ-ਨਾਲ ਵਿਰੋਧੀ ਪਾਰਟੀ ਦੇ ਨੇਤਾ ਮਨੋਜ ਝਾਅ, ਯੋਗੇਂਦਰ ਯਾਦਵ, ਮਹੂਆ ਮੋਇਤਰਾ, ਕੇ.ਸੀ. ਵੇਣੂਗੋਪਾਲ, ਪੱਪੂ ਯਾਦਵ ਅਤੇ ਆਰ.ਜੇ.ਡੀ. ਸੰਸਦ ਮੈਂਬਰ ਸੁਧਾਕਰ ਸਿੰਘ ਸ਼ਾਮਿਲ ਹਨ।ਪਟੀਸ਼ਨਕਰਤਾਵਾਂ ਨੇ ਪਹਿਲਾਂ ਬਿਹਾਰ ਵਿਚ ਐਸ.ਆਈ.ਆਰ. ਦੀ ਵੈਧਤਾ ਨੂੰ ਚੁਣੌਤੀ ਦਿੱਤੀ ਸੀ। ਅਦਾਲਤ ਨੇ ਉਸ ਸਮੇਂ ਐਸ.ਆਈ.ਆਰ. 'ਤੇ ਰੋਕ ਨਹੀਂ ਲਗਾਈ ਸੀ, ਪਰ ਕਿਹਾ ਸੀ ਕਿ ਇਹ ਬਾਅਦ ਵਿਚ ਇਹ ਨਿਰਧਾਰਤ ਕਰੇਗੀ ਕਿ ਚੋਣ ਕਮਿਸ਼ਨ ਕੋਲ ਇਸ ਨੂੰ ਕਰਵਾਉਣ ਦਾ ਅਧਿਕਾਰ ਹੈ ਜਾਂ ਨਹੀਂ।ਇਸ ਮੁੱਦੇ 'ਤੇ ਫੈਸਲਾ ਅੱਜ ਆਉਣ ਵਾਲਾ ਹੈ। ਅਦਾਲਤ ਵਲੋਂ ਆਪਣਾ ਫੈਸਲਾ ਰਾਖਵਾਂ ਰੱਖਣ ਤੋਂ ਬਾਅਦ ਬਿਹਾਰ, ਕੇਰਲਾ, ਤਾਮਿਲਨਾਡੂ, ਪੁਡੂਚੇਰੀ ਅਤੇ ਪੱਛਮੀ ਬੰਗਾਲ ਵਿਚ ਇਹ ਪ੍ਰਕਿਰਿਆ ਪੂਰੀ ਹੋ ਚੁੱਕੀ ਹੈ। ਇਹ ਅਜੇ ਵੀ ਉੱਤਰ ਪ੍ਰਦੇਸ਼, ਗੁਜਰਾਤ ਅਤੇ ਰਾਜਸਥਾਨ ਸਮੇਤ ਕਈ ਰਾਜਾਂ ਵਿਚ ਜਾਰੀ ਹੈ।ਪਟੀਸ਼ਨਰਾਂ ਦੀ ਨੁਮਾਇੰਦਗੀ ਕਰਨ ਵਾਲੇ ਵਕੀਲਾਂ ਨੇ ਦਲੀਲ ਦਿੱਤੀ ਕਿ ਕਈ ਰਾਜਾਂ ਵਿਚ ਵਿਧਾਨ ਸਭਾ ਚੋਣਾਂ ਤੋਂ ਠੀਕ ਪਹਿਲਾਂ ਕੀਤੀ ਗਈ ਇਸ ਪ੍ਰਕਿਰਿਆ ਦੇ ਸਮੇਂ, ਢੰਗ ਅਤੇ ਪੈਮਾਨੇ ਦੇ ਨਤੀਜੇ ਵਜੋਂ ਵੋਟਰ ਸੂਚੀ ਵਿਚੋਂ ਵੱਡੀ ਗਿਣਤੀ ਵਿਚ ਲੋਕਾਂ ਨੂੰ ਹਟਾ ਦਿੱਤਾ ਗਿਆ।ਐਸ.ਆਈ.ਆਰ. ਦੀ ਆੜ ਵਿਚ ਚੋਣ ਕਮਿਸ਼ਨ ਨੇ ਬਿਨਾਂ ਕਿਸੇ ਕਾਨੂੰਨੀ ਅਧਿਕਾਰ ਦੇ, ਨਾਗਰਿਕਤਾ ਤਸਦੀਕ ਸੰਸਥਾ ਵਜੋਂ ਕੰਮ ਕਰਨਾ ਸ਼ੁਰੂ ਕਰ ਦਿੱਤਾ।ਪਟੀਸ਼ਨਰਾਂ ਨੇ ਦਲੀਲ ਦਿੱਤੀ ਕਿ ਐਸ.ਆਈ.ਆਰ. ਰਾਹੀਂ ਚੋਣ ਕਮਿਸ਼ਨ ਨੇ ਪਹਿਲਾਂ ਤੋਂ ਰਜਿਸਟਰਡ ਵੋਟਰਾਂ 'ਤੇ ਆਪਣੀ ਨਾਗਰਿਕਤਾ ਸਾਬਤ ਕਰਨ ਦੀ ਜ਼ਿੰਮੇਵਾਰੀ ਲਗਾਈ ਹੈ। ਨਾਗਰਿਕਤਾ ਨਿਰਧਾਰਤ ਕਰਨ ਦਾ ਅਧਿਕਾਰ ਸਰਕਾਰ ਕੋਲ ਹੈ, ਚੋਣ ਕਮਿਸ਼ਨ ਕੋਲ ਨਹੀਂ।ਹਾਲਾਂਕਿ ਚੋਣ ਕਮਿਸ਼ਨ ਨੇ ਐਸ.ਆਈ.ਆਰ. ਦਾ ਬਚਾਅ ਕਰਦੇ ਹੋਏ ਕਿਹਾ ਕਿ ਚੋਣਾਂ ਦੀ ਆਜ਼ਾਦੀ ਅਤੇ ਨਿਰਪੱਖਤਾ ਨੂੰ ਯਕੀਨੀ ਬਣਾਉਣਾ ਇਸ ਦੀ ਸੰਵਿਧਾਨਕ ਜ਼ਿੰਮੇਵਾਰੀ ਹੈ। ਐਸ.ਆਈ.ਆਰ. ਵੋਟਰ ਸੂਚੀ ਨੂੰ ਅਪਡੇਟ ਕਰਨਾ ਜ਼ਰੂਰੀ ਹੈ ਤਾਂ ਜੋ ਸਿਰਫ਼ ਉਹੀ ਲੋਕ ਵੋਟ ਪਾ ਸਕਣ ਜੋ ਦੇਸ਼ ਦੇ ਨਾਗਰਿਕ ਹਨ।ਕਮਿਸ਼ਨ ਦੀ ਨੁਮਾਇੰਦਗੀ ਕਰਨ ਵਾਲੇ ਵਕੀਲਾਂ ਨੇ ਦਲੀਲ ਦਿੱਤੀ ਕਿ ਕਮਿਸ਼ਨ ਸਿਰਫ਼ ਚੋਣ ਉਦੇਸ਼ਾਂ ਲਈ ਨਾਗਰਿਕਤਾ ਤਸਦੀਕ ਕਰ ਰਿਹਾ ਸੀ। ਇਸ ਅਭਿਆਸ ਦਾ ਉਦੇਸ਼ ਕਾਨੂੰਨੀ ਤੌਰ 'ਤੇ ਕਿਸੇ ਦੀ ਨਾਗਰਿਕਤਾ ਨਿਰਧਾਰਤ ਕਰਨਾ ਨਹੀਂ ਹੈ।ਪ੍ਰਕਿਰਿਆ ਨੂੰ ਜਾਰੀ ਰੱਖਣ ਦੀ ਇਜਾਜ਼ਤ ਦਿੰਦੇ ਹੋਏ ਸੁਪਰੀਮ ਕੋਰਟ ਨੇ ਕਿਹਾ ਕਿ ਇਸ ਕਾਨੂੰਨੀ ਸਵਾਲ ਦਾ ਫੈਸਲਾ ਕੀਤਾ ਜਾਵੇਗਾ ਕਿ ਕੀ ਚੋਣ ਕਮਿਸ਼ਨ ਕੋਲ ਅਜਿਹੀ ਕਾਰਵਾਈ ਕਰਨ ਦਾ ਅਧਿਕਾਰ ਹੈ। ਇਸ ਮਾਮਲੇ ਵਿਚ ਫੈਸਲਾ ਇਸ ਸਾਲ 29 ਜਨਵਰੀ ਨੂੰ ਸੁਰੱਖਿਅਤ ਰੱਖਿਆ ਗਿਆ ਸੀ।

### ਗਡਕਰੀ ਵੱਲੋਂ ਪੰਜਾਬ, ਦਿੱਲੀ ਅਤੇ ਹਰਿਆਣਾ

ਕਰਨ ਵਾਲੀਆਂ ਏਜੰਸੀਆਂ ਵਿਚਕਾਰ ਮਜ਼ਬੂਤ ਤਾਲਮੇਲ ਅਤੇ ਪ੍ਰੋਜੈਕਟ ਦੀਆਂ ਸਮਾਂ-ਸੀਮਾਵਾਂ ਦੀ ਪਾਲਣਾ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਗੁਣਵੱਤਾ ਅਤੇ ਟਿਕਾਊਤਾ 'ਤੇ ਜ਼ੋਰ ਦਿੰਦੇ ਹੋਏ, ਮੰਤਰੀ ਨੇ ਏਜੰਸੀਆਂ ਨੂੰ ਨੈਸ਼ਨਲ ਹਾਈਵੇਅ ਦੇ ਲੰਬੇ ਸਮੇਂ ਦੇ ਪ੍ਰਦਰਸ਼ਨ ਨੂੰ ਬਿਹਤਰ ਬਣਾਉਣ ਲਈ ਆਧੁਨਿਕ ਉਸਾਰੀ ਤਕਨਾਲੋਜੀਆਂ ਅਤੇ ਵਧੀਆ ਇੰਜੀਨੀਅਰਿੰਗ ਅਭਿਆਸਾਂ ਨੂੰ ਅਪਣਾਉਣ ਲਈ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਸਵਾਰੀਆਂ ਦੀ ਗੁਣਵੱਤਾ ਨੂੰ ਵਧਾਉਣ ਅਤੇ ਪੰਜਾਬ, ਦਿੱਲੀ ਅਤੇ ਹਰਿਆਣਾ ਵਿੱਚ ਮੁੱਖ ਹਾਈਵੇਅ ਕੋਰੀਡੋਰਾਂ 'ਤੇ ਸਹਿਜ ਸੰਪਰਕ ਪ੍ਰਦਾਨ ਕਰਨ ਦੀ ਲੋੜ ਨੂੰ ਵੀ ਰੇਖਾਂਕਿਤ ਕੀਤਾ ਤਾਂ ਜੋ ਯਾਤਰੀਆਂ ਲਈ ਸੁਰੱਖਿਅਤ ਅਤੇ ਸੁਚਾਰੂ ਸਫਰ ਨੂੰ ਯਕੀਨੀ ਬਣਾਇਆ ਜਾ ਸਕੇ।ਗਡਕਰੀ ਨੇ ਰੱਖ-ਰਖਾਅ ਦੇ ਕਾਰਜਾਂ ਵਿੱਚ ਵਧੇਰੇ ਜਵਾਬਦੇਹੀ ਦੀ ਮੰਗ ਕੀਤੀ ਅਤੇ ਅਧਿਕਾਰੀਆਂ ਨੂੰ ਕਮੀਆਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਜਲਦੀ ਤੋਂ ਜਲਦੀ ਹੱਲ ਕਰਨ ਲਈ ਨਿਯਮਤ ਨਿਰੀਖਣ ਕਰਨ ਦੇ ਨਿਰਦੇਸ਼ ਦਿੱਤੇ।

### ਅੰਤਰਰਾਸ਼ਟਰੀ ਸਰਹੱਦ ਦੇ 15 ਕਿੱਲੋਮੀਟਰ

ਅਮਿਤ ਸ਼ਾਹ ਨੇ ਹਰੇਕ ਸਰਹੱਦੀ ਜ਼ਿਲ੍ਹੇ ਲਈ 360-ਡਿਗਰੀ ਸੁਰੱਖਿਆ ਕਵਰ ਬਣਾਉਣ ਦੀ ਲੋੜ 'ਤੇ ਜ਼ੋਰ ਦਿੱਤਾ, ਜਿਸ ਵਿੱਚ ਨਾਗਰਿਕ, ਸਰਕਾਰੀ ਮਸ਼ੀਨਰੀ ਅਤੇ ਸੁਰੱਖਿਆ ਏਜੰਸੀਆਂ ਸ਼ਾਮਲ ਹੋਣ। ਅਧਿਕਾਰੀਆਂ ਨੇ ਕਿਹਾ ਕਿ ਗ੍ਰਹਿ ਮੰਤਰੀ ਨੇ ਗੈਰ-ਕਾਨੂੰਨੀ ਉਸਾਰੀਆਂ, ਖਾਸ ਕਰਕੇ ਅੰਦਰੂਨੀ ਸਰਹੱਦਾਂ ਦੇ 0 ਤੋਂ 15 ਕਿੱਲੋਮੀਟਰ ਦੇ ਅੰਦਰ, ਵਿਰੁੱਧ ਜ਼ੀਰੋ ਟਾਲਰੈਂਸ ਨੀਤੀ ਨੂੰ ਸਖ਼ਤੀ ਨਾਲ ਲਾਗੂ ਕਰਨ ਅਤੇ ਅਜਿਹੇ ਸਾਰੇ ਢਾਂਚਿਆਂ ਨੂੰ ਢਾਹੁਣ ਲਈ ਕਿਹਾ। ਉਨ੍ਹਾਂ ਨੇ ਘੁਸਪੈਠ, ਨਸ਼ੀਲੇ ਪਦਾਰਥਾਂ ਦੀ ਤਸਕਰੀ, ਕਬਜ਼ੇ, ਅੱਤਵਾਦੀ ਵਿੱਤ ਪੋਸ਼ਣ ਅਤੇ ਹੋਰ ਸਰਹੱਦ ਪਾਰ ਅਪਰਾਧਾਂ ਦਾ ਮੁਕਾਬਲਾ ਕਰਨ ਲਈ ਬੀਐਸਐਫ, ਸੀਬੀਡੀਟੀ, ਐਨਸੀਬੀ ਅਤੇ ਸਰਕਾਰੀ ਮਸ਼ੀਨਰੀ ਨੂੰ ਸ਼ਾਮਲ ਕਰਦੇ ਹੋਏ ਸਰਹੱਦੀ ਪ੍ਰਬੰਧਨ ਲਈ ਇੱਕ ਤਾਲਮੇਲ ਵਾਲੇ ਪਹੁੰਚ ਦੀ ਮਹੱਤਤਾ 'ਤੇ ਜ਼ੋਰ ਦਿੱਤਾ।

ਮੰਤਰਾਲੇ ਦੇ ਬਿਆਨ ਵਿੱਚ ਕਿਹਾ ਗਿਆ ਹੈ, 'ਆਖਰੀ-ਮੀਲ ਪ੍ਰਸ਼ਾਸਨ ਨੂੰ ਮਜ਼ਬੂਤ ਕਰਨ, ਆਰਥਿਕ ਅਪਰਾਧਾਂ ਨੂੰ ਰੋਕਣ, ਬੁਨਿਆਦੀ ਢਾਂਚੇ ਦੀਆਂ ਕਮੀਆਂ ਨੂੰ ਦੂਰ ਕਰਨ ਅਤੇ ਸਰਹੱਦੀ ਆਬਾਦੀ ਦਾ ਸਮਰਥਨ ਕਰਨ ਲਈ 'ਵਾਈਬ੍ਰੈਂਟ ਵਿਲੇਜ ਪ੍ਰੋਗਰਾਮ' (VVP)-II ਦੇ ਸਫਲਤਾਪੂਰਵਕ ਲਾਗੂ ਕਰਨ 'ਤੇ ਜ਼ੋਰ ਦਿੱਤਾ ਗਿਆ।'

ਮੀਟਿੰਗ ਵਿੱਚ ਸ਼ਾਹ ਨੇ ਸਰਹੱਦੀ ਪਿੰਡਾਂ ਵਿੱਚ ਸਾਰੀਆਂ ਸਰਕਾਰੀ ਯੋਜਨਾਵਾਂ ਦੀ 100 ਪ੍ਰਤੀਸ਼ਤ ਕਵਰੇਜ ਯਕੀਨੀ ਬਣਾਉਣ ਦੇ ਨਿਰਦੇਸ਼ ਵੀ ਦਿੱਤੇ ਅਤੇ ਸਾਈਬਰ ਅਪਰਾਧਾਂ ਨਾਲ ਨਜਿੱਠਣ ਲਈ '1930' ਕਾਲ ਸੈਂਟਰ ਦੀ ਪ੍ਰਭਾਵਸ਼ਾਲੀ ਵਰਤੋਂ ਕਰਨ ਦਾ ਸੱਦਾ ਦਿੱਤਾ। ਬਿਆਨ ਵਿੱਚ ਕਿਹਾ ਗਿਆ ਹੈ, 'ਇਨ੍ਹਾਂ ਮੁੱਦਿਆਂ ਦੀ ਸਮੀਖਿਆ ਕੀਤੀ ਜਾਵੇਗੀ ਅਤੇ ਦੋ ਮਹੀਨਿਆਂ ਬਾਅਦ ਦੁਬਾਰਾ ਫੀਡਬੈਕ ਲਿਆ ਜਾਵੇਗਾ; ਇਸ ਲਈ ਜ਼ਿਲ੍ਹਿਆਂ ਨੂੰ ਨਤੀਜਾ-ਮੁਖੀ ਕਾਰਵਾਈ ਯਕੀਨੀ ਬਣਾਉਣੀ ਪਵੇਗੀ।'

### ਆਸਾਰਾਮ ਨੂੰ ਰਾਜਸਥਾਨ ਹਾਈ ਕੋਰਟ ਤੋਂ ਨਹੀਂ ਮਿਲੀ ਰਾਹਤ,

ਬਾਅਦ ਹਾਈ ਕੋਰਟ ਨੇ ਆਪਣਾ ਫ਼ੈਸਲਾ ਸੁਰੱਖਿਅਤ ਰੱਖ ਲਿਆ ਸੀ। ਅੰਤਰਿਮ ਜ਼ਮਾਨਤ 'ਤੇ ਚੱਲ ਰਹੇ ਆਸਾਰਾਮ ਨੂੰ ਹੁਣ ਆਤਮ ਸਮਰਪਣ ਕਰਨਾ ਪਵੇਗਾ। ਹਾਈ ਕੋਰਟ ਨੇ ਆਪਣੇ ਹੁਕਮ ਵਿਚ ਇਹ ਵੀ ਕਿਹਾ ਕਿ ਪੀੜਤਾ ਵੱਲੋਂ ਲਗਾਏ ਗਏ ਜਬਰ ਜਨਾਹ ਦੇ ਮੁੱਖ ਦੋਸ਼ ਭਰੋਸੇਯੋਗ ਹਨ ਅਤੇ ਕਾਫ਼ੀ ਸਬੂਤਾਂ ਦੁਆਰਾ ਸਮਰਥਤ ਹਨ। ਇਸ ਆਧਾਰ 'ਤੇ ਅਦਾਲਤ ਨੇ ਭਾਰਤੀ ਦੰਡ ਸੰਹਿਤਾ ਦੀ ਧਾਰਾ 376 ਦੇ ਤਹਿਤ ਆਸਾਰਾਮ ਦੀ ਸਜ਼ਾ ਅਤੇ ਉਮਰ ਕੈਦ ਦੀ ਸਜ਼ਾ ਨੂੰ ਬਰਕਰਾਰ ਰੱਖਿਆ।

ਫੈਸਲੇ ਤੋਂ ਬਾਅਦ ਆਸਾਰਾਮ ਨੂੰ ਜੋਧਪੁਰ ਕੇਂਦਰੀ ਜੇਲ੍ਹ ਵਿਚ ਆਤਮ ਸਮਰਪਣ ਕਰਨਾ ਪਵੇਗਾ। ਹਾਈ ਕੋਰਟ ਨੇ 16 ਫਰਵਰੀ ਤੋਂ 20 ਅਪ੍ਰੈਲ, 2026 ਤੱਕ ਮਾਮਲੇ ਵਿਚ ਰੋਜ਼ਾਨਾ ਸੁਣਵਾਈ ਕੀਤੀ। ਸੁਣਵਾਈ ਦੌਰਾਨ ਬਚਾਅ ਪੱਖ ਅਤੇ ਇਸਤਗਾਸਾ ਪੱਖ ਨੇ ਆਪਣੇ-ਆਪਣੇ ਬਚਾਅ ਪੱਖ ਦੇ ਸਮਰਥਨ ਵਿਚ ਵਿਸਤ੍ਰਿਤ ਦਲੀਲਾਂ ਪੇਸ਼ ਕੀਤੀਆਂ। ਬਚਾਅ ਪੱਖ ਨੇ ਅਦਾਲਤ ਵਿਚ ਦਲੀਲ ਦਿੱਤੀ ਕਿ ਪੂਰਾ ਮਾਮਲਾ ਮਨਘੜਤ ਹੈ ਅਤੇ ਪੀੜਤ ਦੇ ਮਾਪਿਆਂ ਦੇ ਬਿਆਨਾਂ ਵਿਚ ਕਈ ਵਿਰੋਧਾਭਾਸ ਹਨ। ਵਕੀਲਾਂ ਨੇ ਇਹ ਵੀ ਦਲੀਲ ਦਿੱਤੀ ਕਿ ਘਟਨਾ ਵਾਲੀ ਰਾਤ ਆਸਾਰਾਮ ਅਤੇ ਪੀੜਤ ਵਿਚਕਾਰ ਕੋਈ ਕਾਲ ਰਿਕਾਰਡ ਮੌਜੂਦ ਨਹੀਂ ਸੀ। 'ਸਮਾਨਤਾ ਦੇ ਸਿਧਾਂਤ' ਦਾ ਹਵਾਲਾ ਦਿੰਦੇ ਹੋਏ ਉਨ੍ਹਾਂ ਦਲੀਲ ਦਿੱਤੀ ਕਿ ਆਸਾਰਾਮ ਨੂੰ ਉਨ੍ਹਾਂ ਸਬੂਤਾਂ ਦੇ ਆਧਾਰ 'ਤੇ ਦੋਸ਼ੀ ਨਹੀਂ ਠਹਿਰਾਇਆ ਜਾਣਾ ਚਾਹੀਦਾ, ਜੋ ਹੇਠਲੀ ਅਦਾਲਤ ਨੇ ਦੂਜੇ ਦੋਸ਼ੀਆਂ ਨੂੰ ਰਾਹਤ ਦੇਣ ਲਈ ਵਰਤੇ ਸਨ।

### ਕੈਪਟਨ ਦੇ ਚਚੇਰੇ ਭਰਾ 'ਤੇ 5 ਵਾਰ

ਰਾਜਾ ਰਣਧੀਰ ਸਿੰਘ ਨੂੰ ਖੇਡਾਂ ਵਿਰਾਸਤ 'ਚ ਮਿਲੀਆਂ ਸਨ। ਉਹ ਇਕ ਬਿਹਤਰੀਨ ਸ਼ੂਟਰ ਸਨ ਜਿਨ੍ਹਾਂ ਨੇ ਟ੍ਰੈਪ ਤੇ ਸਕੀਟ ਮੁਕਾਬਲਿਆਂ 'ਚ ਦੇਸ਼ ਦਾ ਨਾਂ ਰੌਸ਼ਨ ਕੀਤਾ। ਉਨ੍ਹਾਂ ਨੇ 1968 (ਮੈਕਸੀਕੋ) ਤੋਂ ਲੈ ਕੇ 1984 (ਲਾਸ ਏਂਜਲਸ) ਤਕ ਲਗਾਤਾਰ 5 ਓਲੰਪਿਕ ਖੇਡਾਂ (1968, 1972, 1976, 1980, ਅਤੇ 1984) 'ਚ ਭਾਰਤ ਦੀ ਨੁਮਾਇੰਦਗੀ ਕੀਤੀ।

ਖੇਡਾਂ ਤੋਂ ਸੰਨਿਆਸ ਲੈਣ ਤੋਂ ਬਾਅਦ ਉਨ੍ਹਾਂ ਨੇ ਦੇਸ਼-ਵਿਦੇਸ਼ ਵਿੱਚ ਖੇਡਾਂ ਦੇ ਪ੍ਰਸ਼ਾਸਨ ਵਿੱਚ ਬਹੁਤ ਵੱਡੀਆਂ ਜ਼ਿੰਮੇਵਾਰੀਆਂ ਨਿਭਾਈਆਂ: ਉਹ 1987 ਤੋਂ 2014 ਤੱਕ 9.ਓ.ਏ. ਦੇ ਸਕੱਤਰ ਜਨਰਲ ਰਹੇ। ਉਹ 2001 ਤੋਂ 2014 ਤੱਕ 9.ਓ.ਸੀ. ਦੇ ਸਰਗਰਮ ਮੈਂਬਰ ਰਹੇ ਅਤੇ ਬਾਅਦ ਵਿੱਚ ਉਨ੍ਹਾਂ ਨੂੰ ਆਨਰੇਰੀ ਮੈਂਬਰ ਬਣਾਇਆ ਗਿਆ। ਉਹ ਲੰਬੇ ਸਮੇਂ ਤੱਕ ਇਸ ਦੇ ਸਕੱਤਰ ਜਨਰਲ ਰਹੇ। ਸਾਲ 2024 ਵਿੱਚ ਉਹ ਏਸ਼ੀਆਈ ਓਲੰਪਿਕ ਕੌਂਸਲ (ਓ.ਸੀ.ਏ.) ਦੇ ਪ੍ਰਧਾਨ ਚੁਣੇ ਜਾਣ ਵਾਲੇ ਪਹਿਲੇ ਭਾਰਤੀ ਬਣੇ ਸਨ।ਨਿਸ਼ਾਨੇਬਾਜ਼ੀ ਤੋਂ ਸੰਨਿਆਸ ਲੈਣ ਤੋਂ ਬਾਅਦ ਵੀ ਉਹ ਖੇਡਾਂ ਨਾਲ ਲਗਾਤਾਰ ਜੁੜੇ ਰਹੇ। ਰਾਜਾ ਰਣਧੀਰ ਸਿੰਘ ਦੇ ਦੇਹਾਂਤ 'ਤੇ ਦੇਸ਼-ਵਿਦੇਸ਼ ਦੇ ਪ੍ਰਮੁੱਖ ਖੇਡ ਸਿਤਾਰਿਆਂ,ਸਿਆਸਤਦਾਨਾਂ ਅਤੇ ਪ੍ਰਸ਼ੰਸਕਾਂ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਜਾ ਰਿਹਾ ਹੈ।

ਚੜ੍ਹਦੀਕਲਾ

ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।

PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala. Chief Editor : Jagjit Singh Dardi

PRGI (RNI) Regd. No. 22972/1972

# ਭਾਜਪਾ ਨੇ ਦੇਸ਼ ਨੂੰ 'ਵਿਸ਼ਵਗੁਰੂ' ਬਣਾਉਣ ਦਾ ਵਾਅਦਾ ਕੀਤਾ ਸੀ ਪਰ ਅੱਜ ਤਾਈਵਾਨ ਵਰਗਾ ਛੋਟਾ ਜਿਹਾ ਮੁਲਕ ਵੀ ਭਾਰਤ ਨੂੰ ਪਿੱਛੇ ਛੱਡ ਗਿਐ : ਚੀਮਾ

ਚੰਡੀਗੜ੍ਹ, 27 ਮਈ (ਅੰਮ੍ਰਿਤਪਾਲ ਸਿੰਘ): ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਬੁੱਧਵਾਰ ਨੂੰ ਕਿਹਾ ਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੇ ਰਾਜ 'ਚ ਭਾਰਤੀ ਆਰਥਿਕਤਾ ਲਗਾਤਾਰ ਕਮਜ਼ੋਰ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਭਾਜਪਾ ਦੇ ਬਾਰਾਂ ਸਾਲਾਂ ਦੇ ਸ਼ਾਸਨ ਨੇ ਦੇਸ਼ ਨੂੰ ਆਰਥਿਕ ਮੰਦੀ, ਵਧਦੇ ਕਰਜ਼ੇ, ਮਹਿੰਗਾਈ, ਬੇਰੁਜ਼ਗਾਰੀ ਤੇ ਨਿਵੇਸ਼ਕਾਂ ਦੇ ਡਿੱਗਦੇ ਭਰੋਸੇ ਦੇ ਮੋੜ 'ਤੇ ਲਿਆ ਖੜ੍ਹਾ ਕੀਤਾ ਹੈ। ਜਾਰੀ ਕੀਤੇ ਇੱਕ ਬਿਆਨ 'ਚ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਭਾਜਪਾ ਸਰਕਾਰ ਨੇ ਭਾਰਤ ਨੂੰ "ਵਿਸ਼ਵਗੁਰੂ" ਬਣਾਉਣ ਦਾ ਵਾਅਦਾ ਕੀਤਾ ਸੀ, ਪਰ ਅੱਜ ਦੇਸ਼ ਪ੍ਰਮੁੱਖ ਆਰਥਿਕ ਸੰਕੇਤਾਂ ਦੇ ਮਾਮਲੇ 'ਚ ਛੋਟੀਆਂ ਅਰਥਵਿਵਸਥਾਵਾਂ ਤੋਂ ਵੀ ਪਿੱਛੇ ਰਹਿ ਗਿਆ ਹੈ। ਉਨ੍ਹਾਂ ਕਿਹਾ, "ਤਾਈਵਾਨ ਦਾ ਮਾਰਕੀਟ ਕੈਪੀਟਲਾਈਜ਼ੇਸ਼ਨ ਹੁਣ ਭਾਰਤ ਨਾਲੋਂ ਅੱਗੇ ਲੰਘ ਗਿਆ ਹੈ। ਮਹਿਜ਼ 2.5 ਕਰੋੜ ਦੀ ਆਬਾਦੀ ਵਾਲਾ ਦੇਸ਼ 130 ਕਰੋੜ ਦੀ ਆਬਾਦੀ ਵਾਲੇ ਦੇਸ਼ ਤੋਂ ਅੱਗੇ ਨਿਕਲ ਗਿਆ ਹੈ। ਭਾਰਤ, ਜੋ ਕਦੇ ਜੀ.ਡੀ.ਪੀ. ਦੇ ਆਕਾਰ ਦੇ ਹਿਸਾਬ ਨਾਲ ਦੁਨੀਆ ਦੀ ਚੌਥੀ ਸਭ ਤੋਂ ਵੱਡੀ ਆਰਥਿਕਤਾ ਸੀ, ਹੁਣ ਖਿਸਕ ਕੇ 6ਵੇਂ ਸਥਾਨ 'ਤੇ ਆ ਗਿਆ ਹੈ।" ਉਨ੍ਹਾਂ ਟਿੱਪਣੀ ਕੀਤੀ ਕਿ ਭੂਗੋਲਿਕ ਤੇ ਆਬਾਦੀ ਦੋਵਾਂ ਪੱਖੋਂ ਭਾਰਤ ਨਾਲੋਂ ਬਹੁਤ



ਛੋਟਾ ਦੇਸ਼ ਅੱਗੇ ਲੰਘਣ 'ਚ ਕਾਮਯਾਬ ਰਿਹਾ ਹੈ, ਜਦੋਂ ਕਿ ਭਾਜਪਾ ਸਰਕਾਰ ਆਰਥਿਕ ਮੁੱਦਿਆਂ 'ਤੇ ਜਵਾਬਦੇਹੀ ਤੋਂ ਲਗਾਤਾਰ ਭੱਜ ਰਹੀ ਹੈ। ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਉਹ ਭਾਰਤ ਨੂੰ ਵਿਸ਼ਵਗੁਰੂ ਬਣਾਉਣਾ ਚਾਹੁੰਦੇ ਸਨ, ਪਰ ਅੱਜ ਜਾਪਾਨ ਤੋਂ ਵੀ ਛੋਟਾ ਅਤੇ ਮਹਿਜ਼ 2.5 ਕਰੋੜ ਦੀ ਆਬਾਦੀ ਵਾਲਾ ਦੇਸ਼ ਸਾਡੇ ਨਾਲੋਂ ਅੱਗੇ ਨਿਕਲ ਗਿਆ ਹੈ। ਮੋਦੀ ਜੀ ਨੂੰ ਹੁਣ ਇਹ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਉਹ ਦੇਸ਼ ਦੀ ਆਰਥਿਕਤਾ ਨੂੰ ਕਿਵੇਂ ਸੰਭਾਲਣ ਦੀ ਯੋਜਨਾ ਬਣਾ ਰਹੇ ਹਨ।" ਵਿੱਤ ਮੰਤਰੀ ਨੇ ਰਿਜ਼ਰਵ ਬੈਂਕ ਆਫ਼ ਇੰਡੀਆ (ਆਰਬੀਆਈ) ਦੇ ਰਿਸਕ ਬਫਰ ਨਾਲ ਜੁੜੇ ਹਾਲ ਹੀ ਦੇ ਫੈਸਲੇ 'ਤੇ ਵੀ ਕੇਂਦਰ ਨੂੰ ਸਵਾਲ ਘੇਰੇ ਵਿੱਚ ਲਿਆ। ਉਨ੍ਹਾਂ ਕਿਹਾ ਕਿ ਇਹ ਫੈਸਲਾ ਭਾਜਪਾ ਸਰਕਾਰ ਦੀ ਆਰਥਿਕਤਾ ਨੂੰ ਲੰਬੇ ਸਮੇਂ ਲਈ ਮਜ਼ਬੂਤ ਕਰਨ ਦੀ ਬਜਾਏ ਆਰਜ਼ੀ ਉਪਾਵਾਂ ਰਾਹੀਂ ਆਪਣੇ ਬਜਟ ਨੂੰ ਸੰਭਾਲਣ ਦੀ ਬੇਚੈਨੀ ਨੂੰ ਜੱਗ-ਜ਼ਾਹਰ ਕਰਦਾ ਹੈ।

ਆਰਬੀਆਈ ਵੱਲੋਂ ਕੇਂਦਰ ਨੂੰ ਰਿਕਾਰਡ ਲਾਭਅੰਸ਼ (ਡਿਵੀਡੈਂਡ) ਟਰਾਂਸਫਰ ਕਰਨ ਤੋਂ ਪਹਿਲਾਂ ਆਪਣੇ ਕੰਟੀਜੈਂਟ ਰਿਸਕ ਬਫਰ ਨੂੰ 7.5% ਤੋਂ ਘਟਾ ਕੇ 6.5% ਕਰਨ ਦੀਆਂ ਰਿਪੋਰਟਾਂ ਦਾ ਹਵਾਲਾ ਦਿੰਦੇ ਹੋਏ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਅਜਿਹੇ ਫੈਸਲੇ ਦੇਸ਼ ਦੀ ਵਿੱਤੀ ਸਥਿਰਤਾ ਨੂੰ ਕਮਜ਼ੋਰ ਕਰ ਸਕਦੇ ਹਨ। ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਅਸੀਂ ਇਸ ਮੁੱਦੇ ਨੂੰ ਉਦੋਂ ਵੀ ਚੁੱਕਿਆ ਸੀ ਜਦੋਂ ਆਰਬੀਆਈ ਨੇ ਭਾਰਤ ਸਰਕਾਰ ਨੂੰ 'ਰਿਕਾਰਡ' ਲਾਭਅੰਸ਼ ਦਿੱਤਾ ਸੀ। ਅਜਿਹੇ ਟ੍ਰਾਂਸਫਰ ਭਾਰਤ ਦੇ ਸਭ ਤੋਂ ਮਹੱਤਵਪੂਰਨ ਵਿੱਤੀ ਸੰਸਥਾਨ ਦੀ ਜੋਖਮ-ਪ੍ਰਬੰਧਨ ਸਮਰੱਥਾ ਦੀ ਕੀਮਤ 'ਤੇ ਨਹੀਂ ਕੀਤੇ ਜਾ ਸਕਦੇ। ਇਸ ਸਰਕਾਰ ਨੂੰ ਸਿਰਫ਼ ਆਪਣਾ ਬਜਟ ਸੰਤੁਲਿਤ ਕਰਨ ਦਾ ਜਨੂੰਨ ਹੈ, ਭਾਵੇਂ ਇਸ ਲਈ ਤੇਲ ਦੀਆਂ ਕੀਮਤਾਂ ਵਧਾਉਣੀਆਂ ਪੈਣ, ਮਹਿੰਗਾਈ ਵਧੇ ਜਾਂ ਆਰਬੀਆਈ ਦੀ ਵਿੱਤੀ ਮਜ਼ਬੂਤੀ ਕਮਜ਼ੋਰ ਹੋਵੇ।"

ਉਨ੍ਹਾਂ ਅੱਗੇ ਕਿਹਾ ਕਿ ਭਾਜਪਾ ਸਰਕਾਰ ਨੂੰ ਇਸ ਗੱਲ ਦਾ ਜਵਾਬ ਦੇਣਾ ਪਵੇਗਾ ਕਿ ਸਿਰਫ਼ ਬਜਟ ਪ੍ਰਬੰਧਨ ਲਈ ਆਰ.ਬੀ.ਆਈ. ਦੀ ਜੋਖਮ-ਪ੍ਰਬੰਧਨ ਸਮਰੱਥਾ ਨਾਲ ਸਮਝੌਤਾ ਕਿਉਂ ਕੀਤਾ ਗਿਆ। ਹਰਪਾਲ ਸਿੰਘ ਚੀਮਾ ਨੇ ਕਿਹਾ, "ਭਾਜਪਾ ਦਾ ਆਰਥਿਕ ਪ੍ਰਬੰਧ ਸਪੱਸ਼ਟ ਨਾਕਾਮੀ ਨੂੰ ਦਰਸਾਉਂਦਾ ਹੈ। ਆਮ ਨਾਗਰਿਕ ਮਹਿੰਗਾਈ, ਤੇਲ ਦੀਆਂ ਵਧਦੀਆਂ ਕੀਮਤਾਂ ਤੇ ਕਮਜ਼ੋਰ ਹੁੰਦੀ ਆਰਥਿਕ ਸਥਿਰਤਾ ਦੇ ਰੂਪ ਵਿੱਚ ਇਸਦੀ ਕੀਮਤ ਚੁਕਾ ਰਹੇ ਹਨ, ਜਦੋਂ ਕਿ ਸਰਕਾਰ ਲਗਾਤਾਰ ਤੱਥਾਂ ਨੂੰ ਛੁਪਾ ਰਹੀ ਹੈ ਤੇ ਲੋਕਾਂ ਨੂੰ ਗੁਮਰਾਹ ਕਰ ਰਹੀ ਹੈ।" ਪੰਜਾਬ ਦੇ ਵਿੱਤ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਦੇਸ਼ ਨੂੰ ਭਟਕਾਉਣ ਵਾਲੀ ਰਾਜਨੀਤੀ ਤੇ ਸੁਰਖੀਆਂ ਬਟੋਰਨ ਵਾਲੇ ਪ੍ਰਬੰਧਾਂ ਦੀ ਬਜਾਏ ਪਾਰਦਰਸ਼ੀ ਆਰਥਿਕ ਸ਼ਾਸਨ, ਘਰੇਲੂ ਮੰਗ ਨੂੰ ਮਜ਼ਬੂਤ ਕਰਨ, ਰੁਜ਼ਗਾਰ ਪੈਦਾ ਕਰਨ, ਮਹਿੰਗਾਈ 'ਤੇ ਕਾਬੂ ਪਾਉਣ ਤੇ ਨਿਵੇਸ਼ਕਾਂ ਦਾ ਭਰੋਸਾ ਬਹਾਲ ਕਰਨ 'ਤੇ ਕੇਂਦਰਿਤ ਨੀਤੀਆਂ ਦੀ ਲੋੜ ਹੈ।

## ਕਾਨੂੰਨੀ ਮੈਟਰੋਲੋਜੀ ਵਿੰਗ ਨੇ ਜਨਵਰੀ ਤੋਂ ਅਪ੍ਰੈਲ ਤੱਕ 39.58 ਲੱਖ ਕੀਤੇ ਇਕੱਠੇ

ਚੰਡੀਗੜ੍ਹ, 27 ਮਈ (ਚ.ਨ.ਸ.): ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਵਿਭਾਗ, ਪੰਜਾਬ ਦੇ ਲੀਗਲ ਮੈਟਰੋਲੋਜੀ ਵਿੰਗ ਵਲੋਂ ਇਸ ਸਾਲ ਜਨਵਰੀ ਤੋਂ ਅਪ੍ਰੈਲ ਤੱਕ ਇਕੱਤਰ ਕੀਤੀ ਗਈ ਕੰਪਾਊਂਡਿੰਗ ਫੀਸ, ਨਿਰੀਖਣ ਤੇ ਤਸਦੀਕ ਵਰਗੇ ਵੱਖ-ਵੱਖ ਮਾਪਦੰਡਾਂ ਤਹਿਤ ਮਿਸਾਲੀ ਕਾਰਗੁਜ਼ਾਰੀ ਦਿਖਾਈ ਗਈ ਹੈ। ਕੰਪਾਊਂਡਿੰਗ ਫੀਸਾਂ ਦੇ ਮਾਮਲੇ ਵਿੱਚ, ਲੀਗਲ ਮੈਟਰੋਲੋਜੀ ਵਿੰਗ ਨੇ ਜਨਵਰੀ ਤੋਂ ਅਪ੍ਰੈਲ '26 ਤੱਕ 39.58 ਲੱਖ ਰੁ. ਇਕੱਤਰ ਕੀਤੇ। ਵਿੰਗ ਨੇ ਇਸੇ ਸਮੇਂ ਦੌਰਾਨ 8864 ਨਿਰੀਖਣ ਕੀਤੇ। ਇਸ ਦੇ ਨਾਲ ਹੀ 870 ਚਲਾਨ ਕੀਤੇ ਗਏ।

ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਵਿਭਾਗ ਦੇ ਅਧਿਕਾਰੀਆਂ ਵੱਲੋਂ ਕੀਤੀ ਗਈ ਸਖ਼ਤ ਮਿਹਨਤ ਦੀ ਸਲਾਘਾ ਕੀਤੀ ਤੇ ਉਨ੍ਹਾਂ ਨੂੰ ਹੋਰ ਵੀ ਜੋਸ਼ ਤੇ ਤਨਦੇਹੀ ਨਾਲ ਕੰਮ ਕਰਨ ਲਈ ਕਿਹਾ। ਜ਼ਿਕਰਯੋਗ ਹੈ ਕਿ ਵਿੰਗ ਕੋਲ ਅੰਮ੍ਰਿਤਸਰ, ਲੁਧਿਆਣਾ, ਜਲੰਧਰ ਤੇ ਪਟਿਆਲਾ ਵਿਖੇ ਵਿਭਾਗ ਦੀ ਮਲਕੀਅਤ ਵਾਲੀਆਂ ਮਿਆਰੀ ਲੈਬਾਂ ਹਨ ਜਦੋਂ ਕਿ ਸਰਹਿੰਦ ਅਤੇ ਖੰਨਾ ਵਿਖੇ ਨਵੀਆਂ ਲੈਬਾਂ ਸਥਾਪਤ ਕੀਤੀਆਂ ਜਾਣਗੀਆਂ। ਲੀਗਲ ਮੈਟਰੋਲੋਜੀ ਵਿੰਗ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾ ਕੇ ਖਪਤਕਾਰਾਂ ਦੇ ਹਿੱਤਾਂ ਦੀ ਰਾਖੀ ਕਰਨਾ ਹੈ ਕਿ ਵੇਚਿਆ ਤੇ ਖਰੀਦਿਆ ਗਿਆ ਸਾਮਾਨ ਦਾਅਵੇ ਮੁਤਾਬਕ ਸੁਚੱਜੀ ਮਾਤਰਾ ਤੇ ਗੁਣਵੱਤਾ ਅਨੁਸਾਰ ਹੋਵੇ।

# ਮੋਹਿੰਦਰ ਭਗਤ ਨੇ ਪੈਸਕੋ ਦੇ ਕੰਮਾਂ ਦੀ ਪ੍ਰਗਤੀ ਦਾ ਲਿਆ ਜਾਇਜ਼ਾ, ਸਾਬਕਾ ਸੈਨਿਕਾਂ ਲਈ ਰੁਜ਼ਗਾਰ ਦੇ ਬਿਹਤਰ ਮੌਕੇ ਪ੍ਰਦਾਨ ਕਰਨ ਦੇ ਦਿੱਤੇ ਨਿਰਦੇਸ਼

## ਪੰਜਾਬ ਸਰਕਾਰ ਸਾਬਕਾ ਸੈਨਿਕਾਂ ਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਵਚਨਬੱਧ : ਮਹਿੰਦਰ ਭਗਤ

ਚੰਡੀਗੜ੍ਹ, 27 ਮਈ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਅਤੇ ਮੁੜ ਵਸੇਬੇ ਲਈ ਤੇਜ਼ੀ ਨਾਲ ਕੰਮ ਕਰ ਰਹੀ ਹੈ। ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਅਧਿਕਾਰੀਆਂ ਨੂੰ ਪੰਜਾਬ ਐਕਸ-ਸਰਵਿਸਮੈਨ ਕਾਰਪੋਰੇਸ਼ਨ (ਪੈਸਕੋ) ਨੂੰ ਹੋਰ ਮਜ਼ਬੂਤ ਕਰਨ ਲਈ ਠੋਸ ਕਦਮ ਚੁੱਕਣ ਦੇ ਨਿਰਦੇਸ਼ ਦਿੱਤੇ ਹਨ ਤਾਂ ਜੋ ਸਾਬਕਾ ਸੈਨਿਕਾਂ ਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਰੁਜ਼ਗਾਰ ਦੇ ਬਿਹਤਰ ਮੌਕੇ ਅਤੇ ਭਲਾਈ ਸਕੀਮਾਂ ਦੇ ਲਾਭ ਪ੍ਰਦਾਨ ਕੀਤੇ ਜਾ ਸਕਣ।



ਪੰਜਾਬ ਸਿਵਲ ਸਕੱਤਰੇਤ ਵਿਖੇ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ, ਕੈਬਨਿਟ ਮੰਤਰੀ ਨੇ ਪੈਸਕੋ ਦੇ ਕੰਮਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਸਾਬਕਾ ਸੈਨਿਕਾਂ ਦੇ ਹਿੱਤਾਂ ਲਈ ਵਧੇਰੇ ਕੁਸ਼ਲਤਾ ਤੇ ਤਨਦੇਹੀ ਨਾਲ ਕੰਮ ਕਰਨ ਅਤੇ ਭਲਾਈ ਸਕੀਮਾਂ ਨੂੰ ਸਮੇਂ ਸਿਰ ਲਾਗੂ ਕਰਨ 'ਤੇ ਜ਼ੋਰ ਦਿੱਤਾ। ਮੀਟਿੰਗ ਦੌਰਾਨ, ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਪ੍ਰਮੁੱਖ ਸਕੱਤਰ ਸੁਮੇਰ ਸਿੰਘ ਗੁਰਜਰ, ਪੈਸਕੋ ਦੇ ਮੈਨੇਜਿੰਗ ਡਾਇਰੈਕਟਰ ਮੇਜਰ ਜਨਰਲ ਹਰਮਨਦੀਪ ਸਿੰਘ (ਸੇਵਾਮੁਕਤ) ਤੇ ਜਨਰਲ ਮੈਨੇਜਰ (ਪ੍ਰਸ਼ਾਸਨ) ਐਨ.ਐਸ. ਘੁੰਮਣ ਨੇ ਮੰਤਰੀ ਨੂੰ ਕਾਰਪੋਰੇਸ਼ਨ ਦੇ ਚੱਲ ਰਹੇ ਵੱਖ-ਵੱਖ ਪ੍ਰੋਗਰਾਮਾਂ ਤੇ ਪ੍ਰਬੰਧਕੀ ਮਾਮਲਿਆਂ ਬਾਰੇ ਜਾਣੂ ਕਰਵਾਇਆ। ਮੀਟਿੰਗ ਦੌਰਾਨ ਵਿੱਤੀ ਪ੍ਰਬੰਧਨ, ਕਰਮਚਾਰੀਆਂ ਦੇ ਬੀਮਾ ਕਵਰੇਜ, ਤਨਖਾਹਾਂ ਦੀ ਸੁਚਾਰੂ ਵੰਡ, ਸੁਰੱਖਿਆ ਗਾਰਡਾਂ ਦੀ ਸਿਖਲਾਈ, ਵਿਭਾਗੀ ਸੰਪਤੀਆਂ ਦੀ ਸਾਂਭ-ਸੰਭਾਲ, ਅਗਨੀਵੀਰਾਂ ਲਈ ਰੁਜਗਾਰ ਦੇ ਮੌਕੇ ਤੇ ਪੁਰਾਣੀਆਂ ਸਿਖਲਾਈ ਸੰਸਥਾਵਾਂ ਨੂੰ ਅਪਗ੍ਰੇਡ ਕਰਨ ਬਾਰੇ ਵਿਆਪਕ ਵਿਚਾਰ-ਵਟਾਂਦਰਾ ਕੀਤਾ ਗਿਆ।

ਮੰਤਰੀ ਨੇ ਅਧਿਕਾਰੀਆਂ ਨੂੰ ਸਾਰੀਆਂ ਭਲਾਈ ਸਕੀਮਾਂ ਦੀ ਪਾਰਦਰਸ਼ਤਾ, ਕੁਸ਼ਲਤਾ ਤੇ ਸਮੇਂ ਸਿਰ ਲਾਗੂਕਰਨ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਸਾਬਕਾ ਸੈਨਿਕਾਂ ਨੇ ਦੇਸ਼ ਲਈ ਵੱਡਮੁੱਲੀਆਂ ਸੇਵਾਵਾਂ ਨਿਭਾਈਆਂ ਹਨ ਅਤੇ ਉਨ੍ਹਾਂ ਦੇ ਮਾਣ-ਸਨਮਾਨ, ਭਲਾਈ ਅਤੇ ਆਰਥਿਕ ਸੁਰੱਖਿਆ ਨੂੰ ਯਕੀਨੀ ਬਣਾਉਣਾ ਸੂਬਾ ਸਰਕਾਰ ਦੀ ਤਰਜੀਹ ਹੈ। ਉਨ੍ਹਾਂ ਅੱਗੇ ਕਿਹਾ ਕਿ ਪੈਸਕੋ ਨੂੰ ਅਪਗ੍ਰੇਡ ਕਰਨ ਤੇ ਸੂਬੇ ਭਰ ਵਿੱਚ ਸਾਬਕਾ ਸੈਨਿਕਾਂ ਲਈ ਰੁਜਗਾਰ ਦੇ ਮੌਕਿਆਂ ਵਿੱਚ ਵਾਧਾ ਕਰਨ ਲਈ ਹਰ ਸੰਭਵ ਯਤਨ ਕੀਤੇ ਜਾਣਗੇ।

# ਮਾਨ ਸਰਕਾਰ ਦੀ ਜੰਗਲੀ ਜੀਵ ਸੰਭਾਲ ਮੁਹਿੰਮ ਦੀ ਸਫ਼ਲਤਾ ਸਦਕਾ 5 ਮਹੀਨਿਆਂ 'ਚ 2 ਲੱਖ ਤੋਂ ਵੱਧ ਸੈਲਾਨੀ ਛੱਤਬੀੜ ਚਿੜੀਆਘਰ ਪਹੁੰਚੇ : ਕਟਾਰੂਚੱਕ

ਚੰਡੀਗੜ੍ਹ, 27 ਮਈ (ਹਰਦੀਪ ਕੌਰ): ਮਹਿੰਦਰ ਚੌਧਰੀ ਜ਼ੁਆਲੋਜੀਕਲ ਪਾਰਕ, ਛੱਤਬੀੜ ਵਿਖੇ ਸੈਲਾਨੀਆਂ ਦੀ ਆਮਦ ਵਿੱਚ ਲਗਾਤਾਰ ਹੋ ਰਹੇ ਵਾਧਾ ਨਾਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਜੰਗਲੀ ਜੀਵ ਸੰਭਾਲ ਅਤੇ ਲੋਕ ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਦੇ ਨਿਰੰਤਰ ਯਤਨਾਂ ਦੇ ਪ੍ਰਤੱਖ ਨਤੀਜੇ ਦਿਖਾਈ ਦੇ ਰਹੇ ਹਨ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਜੰਗਲਾਤ ਅਤੇ ਜੰਗਲੀ ਜੀਵ ਸੰਭਾਲ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਮੌਜੂਦਾ ਸਾਲ ਦੇ ਪਹਿਲੇ ਪੰਜ ਮਹੀਨਿਆਂ ਵਿੱਚ ਛੱਤਬੀੜ ਚਿੜੀਆਘਰ ਵਿਖੇ 2,31,930 ਸੈਲਾਨੀਆਂ ਦੀ ਆਮਦ ਦਰਜ ਕੀਤੀ ਗਈ ਹੈ, ਜੋ ਸੂਬਾ ਸਰਕਾਰ ਦੇ ਜੰਗਲੀ ਜੀਵ ਸੰਭਾਲ ਦੀ ਦਿਸ਼ਾ ਵਿੱਚ ਕੀਤੇ ਗਏ ਯਤਨਾਂ ਨੂੰ ਦਰਸਾਉਂਦਾ ਹੈ। ਇਸ ਸਬੰਧੀ ਪੰਜਾਬ ਦੇ ਜੰਗਲਾਤ ਅਤੇ ਜੰਗਲੀ ਜੀਵ ਸੰਭਾਲ ਬਾਰੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ, ਸਾਡੀ ਸਰਕਾਰ ਨੇ ਲੋਕਾਂ ਨੂੰ ਜੰਗਲੀ ਜੀਵਾਂ ਦੇ ਪਾਲਣ-ਪੋਸ਼ਣ ਤੇ ਸੰਭਾਲ ਪ੍ਰਤੀ ਜਾਗਰੂਕ ਕਰਨ ਲਈ ਲਗਾਤਾਰ ਕੰਮ ਕੀਤਾ ਹੈ ਅਤੇ ਲੋਕਾਂ ਵੱਲੋਂ



ਮਿਲਿਆ ਹੁੰਗਾਰਾ ਬਹੁਤ ਉਤਸ਼ਾਹਜਨਕ ਰਿਹਾ ਹੈ।"

ਜੰਗਲਾਤ ਅਤੇ ਜੰਗਲੀ ਜੀਵ ਸੰਭਾਲ ਬਾਰੇ ਕੈਬਨਿਟ ਮੰਤਰੀ ਨੇ ਦੱਸਿਆ, "ਛੱਤਬੀੜ ਚਿੜੀਆਘਰ ਵਿਖੇ ਸਿਰਫ਼ ਜਨਵਰੀ ਵਿੱਚ ਹੀ 48,719 ਸੈਲਾਨੀ ਆਏ, ਜਦੋਂ ਕਿ ਫਰਵਰੀ ਵਿੱਚ 54216, ਮਾਰਚ ਵਿੱਚ 66377, ਅਪ੍ਰੈਲ ਵਿੱਚ 40168 ਅਤੇ ਮਈ ਵਿੱਚ 22450 ਸੈਲਾਨੀਆਂ ਨੇ ਇਸ ਚਿੜੀਆਘਰ ਦੇ ਸੁਚੱਜੇ ਤੇ ਬਿਹਤਰੀਨ ਢੰਗ ਨਾਲ ਮੇਨਟੇਨ ਰੱਖੇ ਗਏ ਮਾਹੌਲ ਵਿੱਚ ਪੰਛੀਆਂ ਅਤੇ ਜਾਨਵਰਾਂ ਦੀਆਂ ਵਿਭਿੰਨ ਪ੍ਰਜਾਤੀਆਂ ਨੂੰ ਦੇਖਿਆ।"

ਚਿੜੀਆਘਰ ਵਿਖੇ ਕੀਤੀਆਂ ਗਈਆਂ ਜੰਗਲਾਤ ਤੇ ਜੰਗਲੀ ਜੀਵ ਸੰਭਾਲ-ਕੇਂਦ੍ਰਿਤ ਪਹਿਲਕਦਮੀਆਂ ਨੂੰ ਉਜਾਗਰ ਕਰਦਿਆਂ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ, "ਜੰਗਲੀ ਜੀਵਾਂ ਦੀ ਸੰਭਾਲ ਅਤੇ ਸੁਰੱਖਿਆ ਪ੍ਰਤੀ ਸਾਡੀ ਵਚਨਬੱਧਤਾ ਦੇ ਹਿੱਸੇ ਵਜੋਂ ਛੱਤਬੀੜ ਚਿੜੀਆਘਰ ਵਿਖੇ ਕਈ ਮਹੱਤਵਪੂਰਨ ਪਹਿਲਕਦਮੀਆਂ ਕੀਤੀਆਂ ਗਈਆਂ ਹਨ।" ਉਨ੍ਹਾਂ ਅੱਗੇ ਕਿਹਾ, "ਦੇਸ਼ ਦਾ ਸਭ ਤੋਂ ਵੱਡਾ ਅਤੇ ਸਭ ਤੋਂ ਲੰਬਾ ਵਾਕ-ਇਨ ਐਵੀਅਰੀ (ਪੰਛੀਘਰ) ਆਕਰਸ਼ਣ ਦਾ ਇੱਕ ਵੱਡਾ ਕੇਂਦਰ ਬਣ ਗਿਆ ਹੈ। ਇਸ ਦੇ ਨਾਲ ਹੀ ਸੈਲਾਨੀਆਂ ਦੇ ਵਿਦਿਅਕ ਤੇ ਮਨੋਰੰਜਨ ਅਨੁਭਵ ਨੂੰ ਵਧਾਉਣ ਲਈ ਇੱਕ ਅਤਿ-ਆਧੁਨਿਕ ਡਾਇਨਾਸੌਰ ਪਾਰਕ ਵੀ ਸਥਾਪਤ ਕੀਤਾ ਗਿਆ ਹੈ।"

# ਪ੍ਰੋ. ਚੰਦੂਮਾਜਰਾ ਵੱਲੋਂ ਪੰਜਾਬ ਤੇ ਸਿੱਖ ਕੌਮ ਦੇ ਮਸਲਿਆਂ ਲਈ ਸਾਂਝੀ ਮੁਹਿੰਮ ਦਾ ਐਲਾਨ

## ਪੰਜਾਬ ਤੇ ਪੰਥ ਦੇ ਹੱਕਾਂ ਲਈ ਇਕਜੁੱਟ ਹੋਣ ਦਾ ਸਮਾਂ ਆਇਆ

ਪਟਿਆਲਾ, 27 ਮਈ (ਅਮਰਜੀਤ ਸਿੰਘ): ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ



ਦੇ ਸੀਨੀਅਰ ਆਗੂ ਤੇ ਸਾਬਕਾ ਸੰਸਦ ਮੈਂਬਰ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਨੇ ਕਿਹਾ ਹੈ ਕਿ ਪੰਜਾਬ ਤੇ ਪੰਥ ਨੂੰ ਡੂੰਘੇ ਸੰਕਟਾਂ 'ਚੋਂ ਕੱਢਣ ਲਈ ਸਮੂਹ ਪੰਜਾਬੀਆਂ ਨੂੰ ਸਾਂਝੇ ਸੰਘਰਸ਼ ਲਈ ਇਕੱਠੇ ਹੋਣ ਦੀ ਲੋੜ ਹੈ। ਪ੍ਰੈੱਸ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਆਖਿਆ ਕਿ ਪੰਜਾਬ ਦੇ ਹੱਕਾਂ ਤੇ ਮਸਲਿਆਂ ਬਾਰੇ ਕੇਂਦਰ ਤੇ ਸੂਬਾ ਸਰਕਾਰ ਨੂੰ ਜਾਣੂ ਕਰਵਾਉਣ ਲਈ ਲੋਕਾਂ ਨੂੰ ਇਕਜੁੱਟ ਹੋ ਕੇ ਆਵਾਜ਼ ਉਠਾਉਣੀ ਪਵੇਗੀ। ਪ੍ਰੋ. ਚੰਦੂਮਾਜਰਾ ਨੇ ਕਿਹਾ ਕਿ "ਜਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ ਐਕਟ 2026)" ਨੂੰ ਲੈ ਕੇ ਪੰਥਕ ਸਫ਼ਾਂ ਵਿੱਚ ਪੈਦਾ ਹੋਏ ਸ਼ੰਕੇ ਤੇ ਵਿਵਾਦਾਂ ਨੂੰ ਦੂਰ ਕਰਨ ਲਈ ਸਮੂਹ ਪੰਥਕ ਧਿਰਾਂ ਅਤੇ ਜਥੇਬੰਦੀਆਂ ਨੂੰ ਸਾਂਝੀ ਰਾਇ ਬਣਾਉਣੀ ਚਾਹੀਦੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਵੱਲੋਂ ਬਣਾਇਆ ਗਿਆ ਇਹ ਕਾਨੂੰਨ ਸਿੱਖ ਪੰਥ ਨੂੰ ਵੰਡਣ ਤੇ ਆਪਸੀ ਟਕਰਾਅ ਪੈਦਾ ਕਰਨ ਵਾਲਾ ਸਾਬਤ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਸਿੱਖਾਂ ਦੇ ਕਈ ਅਹਿਮ ਮਸਲੇ ਲੰਬੇ ਸਮੇਂ ਤੋਂ ਅਣਸੁਲਝੇ ਪਏ ਹਨ। ਇਨ੍ਹਾਂ 'ਚ ਭਾਈ ਜਗਤਾਰ ਸਿੰਘ ਹਵਾਰਾ ਆਪਣੀ ਬਿਰਧ ਮਾਤਾ ਨੂੰ ਮਿਲਣ ਲਈ ਪੈਰੋਲ ਨਾ ਮਿਲਣਾ, ਭਾਈ ਬਲਵੰਤ ਸਿੰਘ ਰਾਜੋਆਣਾ ਦੀ ਫਾਂਸੀ ਦੀ ਸਜ਼ਾ ਨੂੰ ਉਮਰ ਕੈਦ 'ਚ ਤਬਦੀਲ ਕਰਨ ਦੀ ਮੰਗ, ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ, ਨੌਜਵਾਨਾਂ ਵਿੱਚ ਵਧ ਰਹੀ ਬੇਰੁਜ਼ਗਾਰੀ, ਸਰਹੱਦੀ ਸੂਬਾ ਹੋਣ ਕਰਕੇ ਕੇਂਦਰੀ ਨੌਕਰੀਆਂ 'ਚ 10% ਰਾਖਵਾਂਕਰਨ ਤੇ ਵਿਸ਼ੇਸ਼ ਆਰਥਿਕ ਪੈਕੇਜ ਤੇ ਕਿਸਾਨੀ ਨਾਲ ਜੁੜੇ ਮਸਲੇ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਮਸਲਿਆਂ ਨੂੰ ਲੈ ਕੇ 1 ਤੇ 2 ਜੂਨ ਨੂੰ ਪੰਜਾਬ ਭਰ ਵਿੱਚ ਜ਼ਿਲ੍ਹਾ ਅਧਿਕਾਰੀਆਂ ਨੂੰ ਮੰਗ ਪੱਤਰ ਸੌਂਪੇ ਜਾਣਗੇ। ਇਸ ਤੋਂ ਇਲਾਵਾ ਬਾਘਾ ਬਾਰਡਰ ਰਾਹੀਂ ਵਪਾਰ ਮੁੜ ਸ਼ੁਰੂ ਕਰਨ, ਸਹਿਕਾਰੀ ਬੈਂਕਾਂ ਦੇ ਕਿਸਾਨੀ ਕਰਜ਼ੇ ਮੁਆਫ਼ ਕਰਨ ਤੇ 23 ਫਸਲਾਂ ਦੀ ਸਰਕਾਰੀ ਖਰੀਦ ਦੀ ਗਾਰੰਟੀ ਦੇ ਮਸਲੇ ਵੀ ਉਠਾਏ ਜਾਣਗੇ। ਪ੍ਰੋ. ਚੰਦੂਮਾਜਰਾ ਨੇ ਕਿਹਾ ਕਿ ਇਸ ਤੋਂ ਬਾਅਦ ਇੱਕ ਉੱਚ ਪੱਧਰੀ ਡੈਲੀਗੇਸ਼ਨ ਪੰਜਾਬ ਦੇ ਗਵਰਨਰ ਤੇ ਦੇਸ਼ ਦੇ ਗ੍ਰਹਿ ਮੰਤਰੀ ਨਾਲ ਮੁਲਾਕਾਤ ਕਰਕੇ ਪੰਜਾਬ ਤੇ ਸਿੱਖਾਂ ਦੇ ਮਸਲਿਆਂ ਬਾਰੇ ਜਾਣੂ ਕਰਵਾਏਗਾ। ਉਨ੍ਹਾਂ ਪੰਜਾਬ ਦੀਆਂ ਸਮੂਹ ਅਕਾਲੀ ਪਾਰਟੀਆਂ ਤੇ ਪੰਥਕ ਜਥੇਬੰਦੀਆਂ ਨੂੰ ਇਸ ਮੁਹਿੰਮ ਨਾਲ ਜੁੜਨ ਦੀ ਅਪੀਲ ਕੀਤੀ। ਇਸ ਮੌਕੇ ਰਣਧੀਰ ਸਿੰਘ ਰੱਖੜਾ ਜ਼ਿਲ੍ਹਾ ਪ੍ਰਧਾਨ, ਭੁਪਿੰਦਰ ਸਿੰਘ ਸ਼ੇਖੂਪੁਰ, ਸੁਖਵੀਰ ਸਿੰਘ ਅਬਲੋਵਾਲ ਕੌਂਸਲਰ ਪਟਿਆਲਾ, ਹਰਵਿੰਦਰ ਸਿੰਘ ਡਡੋਆਂ ਮੈਂਬਰ ਬਲਾਕ ਸੰਮਤੀ, ਕੁਲਦੀਪ ਸਿੰਘ ਮੈਂਬਰ ਬਲਾਕ ਸੰਮਤੀ, ਖੁਸ਼ਵੰਤ ਸਿੰਘ ਢਿੱਲੋਂ, ਜਸਵਿੰਦਰਪਾਲ ਸਿੰਘ ਚੱਢਾ, ਗੁਰਚਰਨ ਸਿੰਘ ਕੌਲੀ, ਰਿੰਕੂ ਐਮਸੀ ਪਾਤੜਾਂ, ਕਰਮ ਸਿੰਘ, ਪਲਵਿੰਦਰ ਸਿੰਘ ਰਿੰਕੂ, ਬਲਵਿੰਦਰ ਸਿੰਘ ਕਰਹੇੜੀ ਆਦਿ ਹਾਜ਼ਰ ਸਨ।

# ਯੂਟੀ ਦੇ ਪ੍ਰਸ਼ਾਸਕ ਤੇ ਸੀਨੀਅਰ ਅਧਿਕਾਰੀਆਂ ਨੇ "ਨੋ ਵ੍ਹੀਕਲ ਬੁੱਧਵਾਰ" ਦੀ ਪਹਿਲ ਨੂੰ ਜਾਰੀ ਰੱਖਿਆ



ਚੰਡੀਗੜ੍ਹ, 27 ਮਈ (ਹਰਦੀਪ ਕੌਰ): ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਤੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਯੂਟੀ ਚੰਡੀਗੜ੍ਹ ਦੇ ਮੁੱਖ ਸਕੱਤਰ ਐਚ. ਰਾਜੇਸ਼ ਪ੍ਰਸਾਦ ਤੇ ਚੰਡੀਗੜ੍ਹ ਪ੍ਰਸ਼ਾਸਨ ਦੇ ਹੋਰ ਸੀਨੀਅਰ ਅਧਿਕਾਰੀਆਂ ਤੇ ਕਰਮਚਾਰੀਆਂ ਨਾਲ ਅੱਜ ਵੀ ਈਧਨ ਬਚਤ ਤੇ ਵਾਤਾਵਰਣ-ਅਨੁਕੂਲ ਆਵਾਜਾਈ ਨੂੰ ਉਤਸ਼ਾਹਿਤ ਕਰਨ ਲਈ "ਨੋ ਵ੍ਹੀਕਲ ਬੁੱਧਵਾਰ" ਪਹਿਲ ਦਾ ਪਾਲਣ ਕੀਤਾ।

ਇਸ ਪਹਿਲ ਦੇ ਤਹਿਤ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਨੇ ਆਵਾਜਾਈ ਲਈ ਇਲੈਕਟ੍ਰਿਕ ਗੋਲਫ ਕਾਰਟ ਦੀ ਵਰਤੋਂ ਕੀਤੀ। ਇਸੇ ਦੌਰਾਨ ਯੂਟੀ ਚੰਡੀਗੜ੍ਹ ਦੇ ਮੁੱਖ ਸਕੱਤਰ ਅਤੇ ਹੋਰ ਅਧਿਕਾਰੀਆਂ ਨੇ ਟਿਕਾਊ ਆਵਾਜਾਈ ਨੂੰ ਉਤਸ਼ਾਹਿਤ ਕਰਨ ਅਤੇ ਪ੍ਰਦੂਸ਼ਣ ਘਟਾਉਣ ਲਈ ਸਾਈਕਲ, ਇਲੈਕਟ੍ਰਿਕ ਵਾਹਨਾਂ, ਪੈਦਲ ਚੱਲਣ, ਸੀਟੀਯੂ ਬੱਸਾਂ ਤੇ ਕਾਰਪੂਲਿੰਗ ਦੀ ਵਰਤੋਂ ਕੀਤੀ। ਪ੍ਰਸ਼ਾਸਨ ਨੇ ਵਾਤਾਵਰਣ ਸੁਰੱਖਿਆ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਨਾਗਰਿਕਾਂ ਨੂੰ ਵੀ ਵਾਤਾਵਰਣ-ਅਨੁਕੂਲ ਆਵਾਜਾਈ ਦੇ ਸਾਧਨ ਅਪਣਾਉਣ ਦੀ ਅਪੀਲ ਕੀਤੀ।

# 'ਆਪ' ਸਰਪੰਚ ਦੀ ਸੜਕ ਹਾਦਸੇ 'ਚ ਮੌਤ, ਨਿੱਜੀ ਕਾਲਜ ਦੀ ਬੱਸ ਨੇ ਮਾਰੀ ਟੱਕਰ; ਭਤੀਜੀ ਦੀ ਹਾਲਤ ਗੰਭੀਰ



ਟਾਂਡਾ ਉੜਮੁੜ, 27 ਮਈ (ਅਰਜੁਨ ਜੈਨ): ਹਲਕਾ ਉੜਮੁੜ ਦੇ ਬਲਾਕ ਟਾਂਡਾ ਅਧੀਨ ਪੈਂਦੇ ਪਿੰਡ ਬਸਤੀ ਬੋਹੜਾਂ ਦੀ ਆਮ ਆਦਮੀ ਪਾਰਟੀ ਦੀ ਮੌਜੂਦਾ ਮਹਿਲਾ ਸਰਪੰਚ ਦੀ ਪਤੀ ਨਾਲ ਮੋਟਰਸਾਈਕਲ 'ਤੇ ਜਾਂਦਿਆਂ ਨਿੱਜੀ ਕਾਲਜ ਬੱਸ ਨਾਲ ਟਕਰਾਉਣ ਕਾਰਨ ਮੌਕੇ 'ਤੇ ਮੌਤ ਹੋ ਗਈ ਜਦਕਿ ਉਸਦੀ ਭਤੀਜੀ ਗੰਭੀਰ ਰੂਪ 'ਚ ਜ਼ਖ਼ਮੀ ਹੈ। ਮ੍ਰਿਤਕ ਸਰਪੰਚ ਦੀ ਪਛਾਣ ਨਿਕਿਤਾ ਪਤਨੀ ਸੁਖਵਿੰਦਰ ਸਿੰਘ ਤੇ ਜ਼ਖ਼ਮੀ ਭਤੀਜੀ ਦੀ ਪਛਾਣ ਸੋਨਾਕਸ਼ੀ ਵਾਸੀ ਬਸਤੀ ਬੋਹੜਾਂ ਥਾਣਾ ਟਾਂਡਾ ਵਜੋਂ ਹੋਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮ੍ਰਿਤਕਾ ਦੇ ਪਤੀ ਸੁਖਵਿੰਦਰ ਸਿੰਘ ਨੇ ਦੁਖੀ ਮਨ ਨਾਲ ਦੱਸਿਆ ਕਿ ਉਹ ਆਪਣੀ ਪਤਨੀ ਤੇ ਭਤੀਜੀ ਸੋਨਾਕਸ਼ੀ ਨਾਲ ਮੋਟਰਸਾਈਕਲ 'ਤੇ ਪਿੰਡ ਬਸਤੀ ਬੋਹੜਾਂ ਤੋਂ ਪਿੰਡ ਜਲਾਲਪੁਰ ਨੂੰ ਕਿਸੇ ਨਿੱਜੀ ਕੰਮ ਲਈ ਜਾ ਰਹੇ ਸਨ। ਜਦੋਂ ਉਹ ਡਿਪਸ ਕਾਲਜ ਸਾਹਮਣੇ ਪਹੁੰਚੇ ਤਾਂ ਅਚਾਨਕ ਬੇਗੋਵਾਲ ਵੱਲੋਂ ਆ ਰਹੀ ਕਾਲਜ ਬੱਸ ਨੇ ਮੋੜ ਕੱਟ ਲਿਆ ਜਿਸ ਕਾਰਨ ਮੋਟਰਸਾਈਕਲ ਬੱਸ ਨਾਲ ਜਾ ਟਕਰਾਇਆ। ਹਾਦਸੇ 'ਚ ਨਿਕਿਤਾ ਤੇ ਸੋਨਾਕਸ਼ੀ ਗੰਭੀਰ ਰੂਪ ਵਿਚ ਜ਼ਖ਼ਮੀ ਹੋ ਗਈਆਂ ਪਰ ਮੋਟਰਸਾਈਕਲ ਚਾਲਕ ਸੁਖਵਿੰਦਰ ਸਿੰਘ ਦੇ ਮਾਮੂਲੀ ਸੱਟਾਂ ਲੱਗੀਆਂ। ਮੌਕੇ 'ਤੇ ਬਸਤੀ ਬੋਹੜਾਂ ਚੌਕੀ ਇੰਚਾਰਜ ਰਾਜਵਿੰਦਰ ਸਿੰਘ ਨੇ ਜ਼ਖ਼ਮੀਆਂ ਨੂੰ ਸਰਕਾਰੀ ਹਸਪਤਾਲ ਟਾਂਡਾ ਪਹੁੰਚਾਇਆਂ ਜਿੱਥੇ ਡਾਕਟਰਾਂ ਨੇ ਨਿਕਿਤਾ ਨੂੰ ਮ੍ਰਿਤਕ ਐਲਾਨ ਦਿੱਤਾ ਜਦਕਿ ਸੋਨਾਕਸ਼ੀ ਹਸਪਤਾਲ ਵਿਖੇ ਜ਼ੇਰੇ ਇਲਾਜ ਹੈ। ਨਿਕਿਤਾ ਦੀਆਂ ਤਿੰਨ ਬੇਟੀਆਂ ਹਨ ਜੋ ਅਜੇ ਬਹੁਤ ਛੋਟੀਆਂ ਹਨ। ਇਸ ਹਾਦਸੇ ਬਾਰੇ ਪਤਾ ਲੱਗਣ 'ਤੇ ਹਲਕਾ ਵਿਧਾਇਕ ਉੜਮੁੜ ਟਾਂਡਾ ਜਸਵੀਰ ਸਿੰਘ ਰਾਜਾ ਗਿੱਲ ਮੌਕੇ 'ਤੇ ਹਸਪਤਾਲ ਪਹੁੰਚੇ ਤੇ ਸੋਨਾਕਸ਼ੀ ਦੀ ਹਾਲਤ ਦਾ ਜਾਇਜ਼ਾ ਲੈਣ ਤੋਂ ਬਾਅਦ ਮ੍ਰਿਤਕ ਸਰਪੰਚ ਨਿਕਿਤਾ ਦੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਵਿਧਾਇਕ ਰਾਜਾ ਗਿੱਲ ਨੇ ਮ੍ਰਿਤਕ ਦੇ ਪਰਿਵਾਰ ਨੂੰ ਜ਼ਖ਼ਮੀ ਸੋਨਾਕਸ਼ੀ ਦੇ ਇਲਾਜ ਲਈ ਮਾਲੀ ਇਮਦਾਦ ਵੀ ਕੀਤੀ। ਟਾਂਡਾ ਪੁਲਿਸ ਨੇ ਮੌਕੇ 'ਤੇ ਪਹੁੰਚ ਕੇ ਮ੍ਰਿਤਕਾ ਦੀ ਲਾਸ਼ ਕਬਜ਼ੇ 'ਚ ਲੈਣ ਤੋਂ ਬਾਅਦ ਨਿੱਜੀ ਕਾਲਜ ਦੀ ਬੱਸ ਕਾਬੂ ਕਰ ਕੇ ਬਸਤੀ ਬੋਹੜੀ ਚੌਂਕੀ ਬੰਦ ਕਰਕੇ ਆਪਣੀ ਅਗਲੀ ਕਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ।

# ਰਵਨੀਤ ਬਿੱਟੂ ਦਾ ਵਿਵਹਾਰ ਸ਼ਰਮਨਾਕ, ਹੰਕਾਰੀ ਤੇ ਪੂਰੀ ਤਰ੍ਹਾਂ ਨਿੰਦਣਯੋਗ : ਧਾਲੀਵਾਲ

ਚੰਡੀਗੜ੍ਹ, 27 ਮਈ (ਅੰਮ੍ਰਿਤਪਾਲ ਸਿੰਘ): ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਮੁੱਖ ਬੁਲਾਰੇ ਤੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਨਗਰ ਨਿਗਮ ਚੋਣਾਂ ਦੌਰਾਨ ਭਾਜਪਾ ਦੇ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਦੇ ਵਤੀਰੇ ਨੂੰ ਲੈ ਕੇ ਉਨ੍ਹਾਂ 'ਤੇ ਤਿੱਖਾ ਹਮਲਾ ਕੀਤਾ ਹੈ। 'ਆਪ' ਆਗੂ ਗੁਰਪ੍ਰਤਾਪ ਸਿੰਘ ਸੰਧੂ ਦੇ ਨਾਲ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਿਤ ਕਰਦਿਆਂ ਧਾਲੀਵਾਲ ਨੇ ਪੰਜਾਬ ਪੁਲਿਸ ਦੇ ਅਧਿਕਾਰੀਆਂ ਨਾਲ ਬਿੱਟੂ ਵੱਲੋਂ ਕੀਤੇ ਗਏ ਦੁਰਵਿਵਹਾਰ ਦੀ ਸਖ਼ਤ ਨਿਖੇਧੀ ਕੀਤੀ ਤੇ ਪੁਲਿਸ ਅਧਿਕਾਰੀਆਂ ਖ਼ਿਲਾਫ਼ ਉਨ੍ਹਾਂ ਦੀਆਂ ਟਿੱਪਣੀਆਂ ਨੂੰ ਸ਼ਰਮਨਾਕ, ਨਿੰਦਣਯੋਗ ਅਤੇ ਅਸਵੀਕਾਰਨਯੋਗ ਕਰਾਰ ਦਿੱਤਾ। ਧਾਲੀਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਕੀਤੇ ਗਏ ਪੁਖ਼ਤਾ ਪ੍ਰਬੰਧਾਂ ਸਦਕਾ ਪੰਜਾਬ ਭਰ ਵਿੱਚ ਲਗਭਗ 99 ਫੀਸਦੀ ਮਤਦਾਨ ਸ਼ਾਂਤੀਪੂਰਵਕ ਨੇਪਰੇ ਚੜ੍ਹਿਆ। ਹਾਲਾਂਕਿ, ਉਨ੍ਹਾਂ ਕਿਹਾ ਕਿ ਭਾਜਪਾ ਆਗੂਆਂ ਨੇ ਇੱਕ ਵਾਰ ਫਿਰ ਡਰਾਉਣ-ਧਮਕਾਉਣ ਅਤੇ ਗੁੰਡਾਗਰਦੀ ਰਾਹੀਂ ਜਮਹੂਰੀ ਮਾਹੌਲ ਨੂੰ ਖ਼ਰਾਬ ਕਰਨ ਦੀ ਕੋਸ਼ਿਸ਼ ਕੀਤੀ ਹੈ।



ਰਵਨੀਤ ਬਿੱਟੂ ਦੇ ਵਤੀਰੇ ਦੀ ਨਿੰਦਾ ਕਰਦਿਆਂ ਧਾਲੀਵਾਲ ਨੇ ਕਿਹਾ ਕਿ ਇਹ ਬਹੁਤ ਹੀ ਮੰਦਭਾਗਾ ਹੈ ਕਿ ਇੱਕ ਕੇਂਦਰੀ ਮੰਤਰੀ ਨੇ ਉਨ੍ਹਾਂ ਪੁਲਿਸ ਅਧਿਕਾਰੀਆਂ ਵਿਰੁੱਧ ਧਮਕੀ ਭਰੀ ਅਤੇ ਅਪਮਾਨਜਨਕ ਭਾਸ਼ਾ ਦੀ ਵਰਤੋਂ ਕੀਤੀ ਜੋ ਚੋਣ ਕਮਿਸ਼ਨ ਦੀਆਂ ਹਦਾਇਤਾਂ ਤਹਿਤ ਸਿਰਫ਼ ਆਪਣੀ ਡਿਊਟੀ ਨਿਭਾ ਰਹੇ ਸਨ। ਉਨ੍ਹਾਂ ਨੇ ਖ਼ਾਸ ਤੌਰ 'ਤੇ ਸੰਗਰੂਰ ਦੀ ਐਸਐਸਪੀ ਨਵਜੋਤ ਕੌਰ ਗ੍ਰੇਵਾਲ ਪ੍ਰਤੀ ਬਿੱਟੂ ਵੱਲੋਂ ਕੀਤੀਆਂ ਟਿੱਪਣੀਆਂ 'ਤੇ ਇਤਰਾਜ਼ ਜਤਾਇਆ ਅਤੇ ਕਿਹਾ ਕਿ ਇੱਕ ਮਹਿਲਾ ਅਧਿਕਾਰੀ ਵਿਰੁੱਧ ਅਜਿਹੀ ਭਾਸ਼ਾ ਦੀ ਵਰਤੋਂ ਕਰਨਾ ਭਾਜਪਾ ਦੇ ਹੰਕਾਰ ਅਤੇ ਔਰਤਾਂ ਪ੍ਰਤੀ ਨਿਰਾਦਰ ਨੂੰ ਦਰਸਾਉਂਦਾ ਹੈ। ਧਾਲੀਵਾਲ ਨੇ ਸਵਾਲ ਕੀਤਾ ਕਿ ਇਹ ਸ਼ਰਮਨਾਕ ਹੈ ਕਿ ਇੱਕ ਕੇਂਦਰੀ ਮੰਤਰੀ ਖੁੱਲ੍ਹੇਆਮ ਕਹਿ ਰਿਹਾ ਹੈ ਕਿ ਜੇਕਰ ਐਸਐਸਪੀ ਮਹਿਲਾ ਨਾ ਹੁੰਦੀ, ਤਾਂ ਉਹ ਉਸ ਨਾਲ ਕੁਝ ਬਹੁਤ ਬੁਰਾ ਕਰ ਦਿੰਦੇ। ਇਹ ਕਿਸ ਤਰ੍ਹਾਂ ਦੀ ਮਾਨਸਿਕਤਾ ਹੈ? ਭਾਜਪਾ ਇਸ ਦੇਸ਼ ਦੀਆਂ ਔਰਤਾਂ ਨੂੰ ਕੀ ਸੁਨੇਹਾ ਦੇਣ ਦੀ ਕੋਸ਼ਿਸ਼ ਕਰ ਰਹੀ ਹੈ? 'ਆਪ' ਆਗੂ ਨੇ ਬਿੱਟੂ ਅਤੇ ਉਨ੍ਹਾਂ ਦੇ ਸਮਰਥਕਾਂ ਵੱਲੋਂ ਪੰਜਾਬ ਪੁਲਿਸ ਦੇ ਇੱਕ ਸਬ-ਇੰਸਪੈਕਟਰ ਨਾਲ ਕੀਤੀ ਹੱਥੋਪਾਈ ਦੀ ਵੀ ਨਿਖੇਧੀ ਕੀਤੀ। ਉਨ੍ਹਾਂ ਕਿਹਾ ਕਿ ਸੋਸ਼ਲ ਮੀਡੀਆ 'ਤੇ ਚੱਲ ਰਹੀਆਂ ਵੀਡੀਓਜ਼ 'ਚ ਸਾਫ਼ ਦਿਖਾਈ ਦੇ ਰਿਹਾ ਹੈ ਕਿ ਇੱਕ ਪੁਲਿਸ ਅਧਿਕਾਰੀ ਨੂੰ ਕਾਲਰ ਤੋਂ ਫੜਿਆ ਜਾ ਰਿਹਾ ਹੈ ਤੇ ਉਸ ਖ਼ਿਲਾਫ਼ ਜਾਤੀਸੂਚਕ ਤੇ ਅਪਮਾਨਜਨਕ ਭਾਸ਼ਾ ਦੀ ਵਰਤੋਂ ਕੀਤੀ ਜਾ ਰਹੀ ਹੈ।

ਧਾਲੀਵਾਲ ਨੇ ਕਿਹਾ ਕਿ ਇਹ ਸਿਰਫ਼ ਪੰਜਾਬ ਪੁਲਿਸ 'ਤੇ ਹਮਲਾ ਨਹੀਂ ਹੈ, ਸਗੋਂ ਚੋਣਾਂ ਦੌਰਾਨ ਸੱਤਾ ਦੀ ਦੁਰਵਰਤੋਂ ਕਰਨ, ਸੰਸਥਾਵਾਂ ਨੂੰ ਧਮਕਾਉਣ ਤੇ ਡਰ ਦਾ ਮਾਹੌਲ ਪੈਦਾ ਕਰਨ ਦੇ ਭਾਜਪਾ ਦੇ ਵੱਡੇ ਨੀਤੀ-ਢੰਗ ਦਾ ਹਿੱਸਾ ਹੈ। ਉਨ੍ਹਾਂ ਕਿਹਾ ਕਿ ਪੰਜਾਬੀਆਂ ਦਾ ਜ਼ੁਲਮ ਖ਼ਿਲਾਫ਼ ਖੜ੍ਹੇ ਹੋਣ ਦਾ ਲੰਮਾ ਇਤਿਹਾਸ ਰਿਹਾ ਹੈ ਅਤੇ ਪੰਜਾਬ ਵਿੱਚ ਭਾਜਪਾ ਆਗੂਆਂ ਦੀ ਅਜਿਹੀ ਕਿਸੇ ਵੀ ਧਮਕੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਨੇ ਕਦੇ ਵੀ ਤਾਨਾਸ਼ਾਹਾਂ ਜਾਂ ਹੰਕਾਰੀ ਸ਼ਾਸਕਾਂ ਅੱਗੇ ਸਿਰ ਨਹੀਂ ਝੁਕਾਇਆ। ਭਾਜਪਾ ਆਗੂਆਂ ਨੂੰ ਪੰਜਾਬੀਆਂ ਤੇ ਪੁਲਿਸ ਅਧਿਕਾਰੀਆਂ ਨੂੰ ਧਮਕਾਉਣ ਦੀ ਕੋਸ਼ਿਸ਼ ਕਰਨ ਤੋਂ ਪਹਿਲਾਂ ਪੰਜਾਬ ਦਾ ਇਤਿਹਾਸ ਪੜ੍ਹਨਾ ਚਾਹੀਦਾ ਹੈ।

ਧਾਲੀਵਾਲ ਨੇ ਕਿਹਾ ਕਿ ਜੇਕਰ ਰਵਨੀਤ ਬਿੱਟੂ ਇੰਨੇ ਹੀ ਬਹਾਦਰ ਹਨ, ਤਾਂ ਉਹ ਪੈਟਰੋਲ ਅਤੇ ਡੀਜ਼ਲ ਦੀਆਂ ਵਧਦੀਆਂ ਕੀਮਤਾਂ 'ਤੇ ਕਿਉਂ ਨਹੀਂ ਬੋਲਦੇ? ਉਹ ਬੀਬੀਐਮਬੀ, ਆਰਡੀਐਫ ਅਤੇ ਕਿਸਾਨਾਂ ਦੇ ਹੱਕਾਂ ਵਰਗੇ ਪੰਜਾਬ ਦੇ ਮੁੱਦੇ ਕਿਉਂ ਨਹੀਂ ਉਠਾਉਂਦੇ? ਝੋਨੇ ਦੇ ਸੀਜ਼ਨ ਤੋਂ ਠੀਕ ਪਹਿਲਾਂ ਡੀਜ਼ਲ ਦੀਆਂ ਕੀਮਤਾਂ ਵਿੱਚ ਭਾਰੀ ਵਾਧਾ ਹੋਇਆ ਹੈ, ਪਰ ਭਾਜਪਾ ਦੇ ਮੰਤਰੀ ਚੁੱਪ ਹਨ ਕਿਉਂਕਿ ਉਹ ਅਧਿਕਾਰੀਆਂ ਨੂੰ ਡਰਾਉਣ ਅਤੇ ਪੰਜਾਬੀਆਂ ਨੂੰ ਪ੍ਰੇਸ਼ਾਨ ਕਰਨ ਵਿੱਚ ਰੁੱਝੇ ਹੋਏ ਹਨ। ਉਨ੍ਹਾਂ ਭਾਜਪਾ ਆਗੂਆਂ 'ਤੇ ਜਨਤਾ ਦੇ ਅਸਲ ਮੁੱਦਿਆਂ ਤੋਂ ਬਚਣ ਅਤੇ ਇਸ ਦੀ ਬਜਾਏ ਵੰਡਪਾਊ ਅਤੇ ਅਪਮਾਨਜਨਕ ਰਾਜਨੀਤੀ ਕਰਨ ਦਾ ਦੋਸ਼ ਲਗਾਇਆ। ਧਾਲੀਵਾਲ ਨੇ ਇਹ ਵੀ ਕਿਹਾ ਕਿ ਪੰਜਾਬ ਦੇ ਭਾਜਪਾ ਆਗੂ ਕਿਸਾਨਾਂ, ਬੇਰੁਜ਼ਗਾਰੀ, ਮਹਿੰਗਾਈ ਅਤੇ ਕਿਸਾਨ ਅੰਦੋਲਨ ਦੌਰਾਨ 750 ਤੋਂ ਵੱਧ ਕਿਸਾਨਾਂ ਦੀਆਂ ਸ਼ਹਾਦਤਾਂ ਨਾਲ ਜੁੜੇ ਮੁੱਦਿਆਂ 'ਤੇ ਚੁੱਪ ਰਹਿੰਦੇ ਹਨ, ਪਰ ਜਦੋਂ ਅਧਿਕਾਰੀਆਂ ਨੂੰ ਧਮਕਾਉਣ ਅਤੇ ਚੋਣ ਨਿਯਮਾਂ ਦੀ ਉਲੰਘਣਾ ਕਰਨ ਦੀ ਗੱਲ ਆਉਂਦੀ ਹੈ ਤਾਂ ਉਹ ਹਮਲਾਵਰ ਹੋ ਜਾਂਦੇ ਹਨ।

ਪੰਜਾਬ ਪੁਲਿਸ ਨੂੰ 'ਆਪ' ਵੱਲੋਂ ਪੂਰਾ ਸਮਰਥਨ ਦਿੰਦਿਆਂ ਧਾਲੀਵਾਲ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਨਿਡਰਤਾ ਨਾਲ ਆਪਣੀ ਡਿਊਟੀ ਨਿਭਾਉਣ ਵਾਲੇ ਹਰ ਇਮਾਨਦਾਰ ਅਧਿਕਾਰੀ ਅਤੇ ਕਰਮਚਾਰੀ ਦੇ ਨਾਲ ਚਟਾਨ ਵਾਂਗ ਖੜ੍ਹੀ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਕਿਸੇ ਵੀ ਵਿਅਕਤੀ ਨੂੰ, ਚਾਹੇ ਉਹ ਕਿਸੇ ਵੀ ਸਿਆਸੀ ਅਹੁਦੇ 'ਤੇ ਕਿਉਂ ਨਾ ਹੋਵੇ, ਕਾਨੂੰਨ ਨੂੰ ਢਾਹ ਲਾਉਣ ਜਾਂ ਪੰਜਾਬ ਦੇ ਸ਼ਾਂਤਮਈ ਮਾਹੌਲ ਨੂੰ ਖ਼ਰਾਬ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।

# 14,000 ਰਿਸ਼ਵਤ ਲੈਂਦਾ ਏ.ਐਸ.ਆਈ. ਵਿਜੀਲੈਂਸ ਬਿਊਰੋ ਵੱਲੋਂ ਰੰਗੇ ਹੱਥੀਂ ਕਾਬੂ

ਚੰਡੀਗੜ੍ਹ/ਲੁਧਿਆਣਾ, 27 ਮਈ (ਵਿਸ਼ਾਲ ਸ਼ਰਮਾ): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਆਪਣੀ ਮੁਹਿੰਮ ਦੌਰਾਨ, ਪੁਲਿਸ ਥਾਣਾ ਡਿਵੀਜ਼ਨ ਨੰਬਰ 8, ਲੁਧਿਆਣਾ ਵਿਖੇ ਤਾਇਨਾਤ ਸਹਾਇਕ ਸਬ-ਇੰਸਪੈਕਟਰ ਹਰਦੀਪ ਸਿੰਘ ਨੂੰ 14,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਗੋਪਾਲ ਨਗਰ, ਹੈਬੋਵਾਲ ਕਲਾਂ ਲੁਧਿਆਣਾ ਦੇ ਇੱਕ ਨਿਵਾਸੀ ਦੁਆਰਾ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਆਪਣੇ ਪੱਧਰ 'ਤੇ ਉਸਦੀ ਭਾਲ ਕੀਤੀ, ਪਰ ਉਸਦੀ ਧੀ ਨਹੀਂ ਮਿਲੀ, ਜਿਸ ਦੇ ਚਲਦਿਆਂ ਸ਼ਿਕਾਇਤਕਰਤਾ ਨੇ ਆਪਣੀ ਧੀ ਦੇ ਗੁੰਮ ਹੋਣ ਸਬੰਧੀ ਪੁਲਿਸ ਥਾਣਾ ਡਿਵੀਜ਼ਨ ਨੰਬਰ-8 ਲੁਧਿਆਣਾ ਵਿਖੇ ਡਿਊਟੀ ਅਫ਼ਸਰ ਏ.ਐਸ.ਆਈ. ਹਰਦੀਪ ਸਿੰਘ ਕੋਲ ਰਿਪੋਰਟ ਦਰਜ ਕਰਵਾਈ। ਮੁਲਜ਼ਮ ਏਐਸਆਈ ਹਰਦੀਪ ਸਿੰਘ ਨੇ ਸ਼ਿਕਾਇਤਕਰਤਾ ਨੂੰ ਥਾਣੇ ਬੁਲਾਇਆ ਅਤੇ ਉਸਦੀ ਦਰਖ਼ਾਸਤ 'ਤੇ ਕਾਰਵਾਈ ਕਰਨ ਲਈ 20,000 ਰੁਪਏ ਰਿਸ਼ਵਤ ਮੰਗੀ ਅਤੇ ਮੌਕੇ 'ਤੇ ਹੀ ਉਸਤੋਂ 6000 ਰੁਪਏ ਵੀ ਲੈ ਲਏ। ਬੁਲਾਰੇ ਨੇ ਅੱਗੇ ਦੱਸਿਆ ਕਿ ਸੀਨੀਅਰ ਅਧਿਕਾਰੀਆਂ ਦੇ ਹੁਕਮਾਂ ਤੋਂ ਬਾਅਦ, ਪੁਲਿਸ ਥਾਣਾ ਡਿਵੀਜ਼ਨ ਨੰ. 8, ਲੁਧਿਆਣਾ ਵਿਖੇ ਐਫਆਈਆਰ ਦਰਜ ਕੀਤੀ ਗਈ।



ਮੁਲਜ਼ਮ ਏਐਸਆਈ ਹਰਦੀਪ ਸਿੰਘ ਨੇ ਸ਼ਿਕਾਇਤਕਰਤਾ ਐਫਆਈਆਰ ਦੀ ਕਾਪੀ ਦੇਣ ਤੇ ਇਸ 'ਤੇ ਅਗਲੀ ਕਾਰਵਾਈ ਕਰਨ ਲਈ ਸ਼ਿਕਾਇਤਕਰਤਾ ਤੋਂ ਬਾਕੀ ਰਹਿੰਦੇ 14,000 ਦੇਣ ਲਈ ਕਿਹਾ।

ਰਿਸ਼ਵਤ ਦੇਣ ਲਈ ਰਾਜ਼ੀ ਨਾ ਹੋਣ ਕਰਕੇ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਰੇਂਜ ਲੁਧਿਆਣਾ ਨਾਲ ਸੰਪਰਕ ਕੀਤਾ ਤੇ ਉਸਦੀ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਦੋਸ਼ੀ ਏਐਸਆਈ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 14,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ਗਿਆ। ਇਸ ਸਬੰਧ ਵਿੱਚ ਮੁਲਜ਼ਮ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਊਰੋ ਦੇ ਲੁਧਿਆਣਾ ਪੁਲਿਸ ਥਾਣਾ ਵਿਖੇ ਕੇਸ ਦਰਜ ਕਰ ਲਿਆ ਗਿਆ ਹੈ ਅਤੇ ਇਸਦੀ ਅਗਲੇਰੀ ਜਾਂਚ ਜਾਰੀ ਹੈ।

## ਸੰਧਵਾਂ ਵੱਲੋਂ ਸਾਬਕਾ ਭਾਰਤੀ ਖੇਡ ਪ੍ਰਸ਼ਾਸਕ ਤੇ ਖੇਡ ਨਿਸ਼ਾਨੇਬਾਜ਼ ਰਾਜਾ ਰਣਧੀਰ ਸਿੰਘ ਦੇ ਦੇਹਾਂਤ 'ਤੇ ਦੁੱਖ ਪ੍ਰਗਟ



ਚੰਡੀਗੜ੍ਹ, 27 ਮਈ (ਹਰਦੀਪ ਕੌਰ): ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਭਾਰਤੀ ਖੇਡ ਪ੍ਰਸ਼ਾਸਕ ਤੇ ਏਸ਼ੀਆਈ ਖੇਡਾਂ ਵਿੱਚ ਨਿਸ਼ਾਨੇਬਾਜ਼ੀ 'ਚ ਭਾਰਤ ਲਈ ਪਹਿਲਾ ਗੋਲਡ ਮੈਡਲ ਜਿੱਤਣ ਵਾਲੇ ਮਹਾਨ ਖਿਡਾਰੀ ਰਾਜਾ ਰਣਧੀਰ ਸਿੰਘ ਦੇ ਦੇਹਾਂਤ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ। ਖੇਡਾਂ ਦੀ ਦੁਨੀਆ ਵਿੱਚ ਉਨ੍ਹਾਂ ਦਾ ਯੋਗਦਾਨ ਹਮੇਸ਼ਾ ਯਾਦ ਰੱਖਿਆ ਜਾਵੇਗਾ ਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰੇਰਿਤ ਕਰਦਾ ਰਹੇਗਾ।

ਸਪੀਕਰ ਸੰਧਵਾਂ ਨੇ ਉਨ੍ਹਾਂ ਦੇ ਦੇਹਾਂਤ ਦੀ ਖ਼ਬਰ ਸੁਣ ਕੇ ਬੇਹੱਦ ਦੁੱਖ ਮਹਿਸੂਸ ਕੀਤਾ ਤੇ ਉਨ੍ਹਾਂ ਨੇ ਪ੍ਰਮਾਤਮਾ ਅੱਗੇ ਵਿਛੜੀ ਰੂਹ ਦੀ ਸ਼ਾਂਤੀ ਤੇ ਇਸ ਦੁੱਖ ਦੀ ਘੜੀ ਵਿੱਚ ਦੁਖੀ ਪਰਿਵਾਰ ਨੂੰ ਇਸ ਨਾ ਪੂਰਾ ਹੋਣ ਵਾਲੇ ਘਾਟੇ ਨੂੰ ਸਹਿਣ ਕਰਨ ਦਾ ਬਲ ਬਖਸ਼ਣ ਦੀ ਅਰਦਾਸ ਕੀਤੀ।

# ਸਰਹੱਦ ਪਾਰੋਂ ਹਥਿਆਰ ਤਸਕਰੀ ਵਾਲੇ ਮਾਡਿਊਲ ਨਾਲ ਸਬੰਧਤ ਪੰਜ ਮੁਲਜ਼ਮ 8 ਪਿਸਤੌਲਾਂ ਸਮੇਤ ਕਾਬੂ

ਚੰਡੀਗੜ੍ਹ/ਅੰਮ੍ਰਿਤਸਰ, 27 ਮਈ (ਚ.ਨ.ਸ.): ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਜਾਰੀ ਆਪਣੀ ਮੁਹਿੰਮ ਦੌਰਾਨ ਵੱਡੀ ਸਫ਼ਲਤਾ ਤਹਿਤ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਪੰਜ ਮੁਲਜ਼ਮਾਂ ਨੂੰ ਅੱਠ ਆਧੁਨਿਕ ਪਿਸਤੌਲਾਂ ਤੇ ਜ਼ਿੰਦਾ ਕਾਰਤੂਸਾਂ ਸਮੇਤ ਗ੍ਰਿਫ਼ਤਾਰ ਕਰਕੇ ਸਰਹੱਦ ਪਾਰੋਂ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਵਾਲੇ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅਰਸਦੀਪ ਸਿੰਘ ਉਰਫ ਡੀ (21) ਵਾਸੀ ਗੁਰੂ ਕੀ ਵਡਾਲੀ ਅੰਮ੍ਰਿਤਸਰ; ਮਨਪ੍ਰੀਤ ਸਿੰਘ ਉਰਫ ਮਾਨ (26) ਵਾਸੀ ਪਿੰਡ ਭੈਣੀ ਅੰਮ੍ਰਿਤਸਰ; ਸੁਖਰਾਜ ਸਿੰਘ ਉਰਫ ਬਿੱਲਾ (29) ਵਾਸੀ ਪਿੰਡ ਨੌਸ਼ਹਿਰਾ ਢੱਲਾ ਤਰਨ ਤਾਰਨ; ਰਾਹੁਲ ਗਿੱਲ ਉਰਫ ਰਾਹੁਲ (22), ਜੋ ਭਿੱਖੀਵਿੰਡ ਦਾ ਵਾਸੀ ਹੈ ਤੇ ਮੌਜੂਦਾ ਸਮੇਂ ਪਿੰਡ ਦਰਾਜਕੇ ਤਰਨਤਾਰਨ ਰਹਿ ਰਿਹਾ ਸੀ; ਅਤੇ ਅਰਸਦੀਪ ਸਿੰਘ ਉਰਫ ਗੱਗੜ (25) ਵਾਸੀ ਪਿੰਡ ਲੋਹਕੇ ਤਰਨਤਾਰਨ ਵਜੋਂ ਹੋਈ ਹੈ। ਗ੍ਰਿਫ਼ਤਾਰ ਕੀਤੇ ਮੁਲਜ਼ਮਾਂ ਦਾ ਪੁਰਾਣਾ ਅਪਰਾਧਕ ਪਿਛੋਕੜ ਹੈ, ਜਿਨ੍ਹਾਂ ਖ਼ਿਲਾਫ ਅਸਲਾ ਐਕਟ, ਐਨਡੀਪੀਐਸ ਐਕਟ, ਕਤਲ ਦੀ ਕੋਸ਼ਿਸ਼, ਅਗਵਾ ਤੇ ਜੇਲ੍ਹ ਐਕਟ ਤਹਿਤ ਕਈ ਮਾਮਲੇ ਦਰਜ ਹਨ। ਬਰਾਮਦ ਕੀਤੇ ਗਏ ਪਿਸਤੌਲਾਂ ਵਿੱਚ ਇੱਕ 9 ਐਲਬਮ ਜਿਗਾਨਾ, ਇੱਕ .30 ਬੋਰ ਪੀਐਕਸ 3 (ਚੀਨ ਦਾ ਬਣਿਆ), ਇੱਕ .30 ਬੋਰ ਬੇਰੇਟਾ (ਇਟਲੀ ਦਾ ਬਣਿਆ), ਤਿੰਨ 9 ਐਮਐਮ ਗਲੌਕ ਤੇ ਦੋ .32 ਬੋਰ ਪਿਸਤੌਲ ਸ਼ਾਮਲ ਹਨ।



ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫਤਾਰ ਕੀਤੇ ਗਏ ਮੁਲਜਮ ਵਿਦੇਸ਼ੀ ਤਸਕਰ ਨਾਲ ਸੰਪਰਕ ਲਈ ਵਰਚੁਅਲ ਨੰਬਰਾਂ ਦੀ ਵਰਤੋਂ ਕਰ ਰਹੇ ਸਨ। ਉਨ੍ਹਾਂ ਦੱਸਿਆ ਕਿ ਇਹ ਮਾਡਿਊਲ ਸਰਹੱਦ ਪਾਰੋਂ ਡਰੋਨ ਰਾਹੀਂ ਭੇਜੀਆਂ ਜਾਂਦੀਆਂ ਹਥਿਆਰਾਂ ਤੇ ਨਸ਼ਿਆਂ ਦੀਆਂ ਖੇਪਾਂਪ੍ਰਾਪਤ ਕਰਕੇ ਇਨ੍ਹਾਂ ਨੂੰ ਪੰਜਾਬ ਵਿੱਚ ਅੱਗੇ ਅਪਰਾਧਕ ਤੱਤਾਂ ਨੂੰ ਸਪਲਾਈ ਕਰਦਾ ਸੀ। ਪੁਲਿਸ ਕਮਿਸ਼ਨਰ (ਸੀਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਭਰੋਸੇਯੋਗ ਜਾਣਕਾਰੀ 'ਤੇ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਮੁਲਜ਼ਮ ਰਾਹੁਲ ਗਿੱਲ ਉਰਫ ਰਾਹੁਲ ਨੂੰ ਦੋ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕਰ ਲਿਆ। ਉਨ੍ਹਾਂ ਦੱਸਿਆ ਕਿ ਰਾਹੁਲ ਦੇ ਖੁਲਾਸਿਆਂ ਦੇ ਆਧਾਰ 'ਤੇ ਕਾਰਵਾਈ ਕਰਦਿਆਂ ਪੁਲਿਸ ਨੇ ਅੱਗੇ ਮੁਲਜ਼ਮ ਅਰਸਦੀਪ ਉਰਫ ਗੱਗੜ ਨੂੰ ਇੱਕ ਪਿਸਤੌਲ ਸਮੇਤ ਗ੍ਰਿਫ਼ਤਾਰ ਕਰ ਲਿਆ।

ਉਨ੍ਹਾਂ ਕਿਹਾ ਕਿ ਮਾਮਲੇ ਦੀ ਡੂੰਘਾਈ ਨਾਲ ਜਾਂਚ ਦੌਰਾਨ, ਪੁਲਿਸ ਟੀਮਾਂ ਨੇ ਦੋ ਹੋਰ ਕਾਰਕੁਨਾਂ-ਅਰਸਦੀਪ ਉਰਫ ਡੀ ਅਤੇ ਮਨਪ੍ਰੀਤ ਉਰਫ ਮਾਨ ਦੀ ਪਛਾਣ ਕੀਤੀ ਤੇ ਉਨ੍ਹਾਂ ਨੂੰ ਉਸ ਸਮੇਂ ਗ੍ਰਿਫਤਾਰ ਕਰ ਲਿਆ ਜਦੋਂ ਉਹ ਛੇਹਰਟਾ, ਅੰਮ੍ਰਿਤਸਰ ਵਿਖੇ ਮੀਰੀ ਪੀਰੀ ਅਕੈਡਮੀ ਰੋਡ ਨੇੜੇ ਮੋਟਰਸਾਈਕਲ 'ਤੇ ਜਾ ਰਹੇ ਸਨ ਅਤੇ ਉਨ੍ਹਾਂ ਦੇ ਕਬਜੇ ਵਿੱਚੋਂ ਦੋ ਹੋਰ ਪਿਸਤੌਲ ਬਰਾਮਦ ਹੋਏ। ਇਸ ਤੋਂ ਇਲਾਵਾ ਉਕਤ ਮੁਲਜ਼ਮਾਂ ਵੱਲੋਂ ਕੀਤੇ ਖੁਲਾਸਿਆਂ ਦੇ ਆਧਾਰ 'ਤੇ ਪੁਲਿਸ ਨੇ ਦੋ ਹੋਰ ਪਿਸਤੌਲ ਬਰਾਮਦ ਕਰ ਲਏ। ਪੁਲਿਸ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਪੁੱਛਗਿੱਛ ਦੌਰਾਨ ਦੋਵਾਂ ਮੁਲਜਮਾਂ ਅਰਸਦੀਪ ਉਰਫ ਡੀ ਤੇ ਮਨਪ੍ਰੀਤ ਉਰਫ ਮਾਨ ਨੇ ਖੁਲਾਸਾ ਕੀਤਾ ਕਿ ਬਰਾਮਦ ਕੀਤੇ ਗਏ ਹਥਿਆਰ ਤੇ ਗੋਲਾ-ਸਿੱਕਾ ਉਨ੍ਹਾਂ ਨੇ ਮੁਲਜਮ ਸੁਖਰਾਜ ਉਰਫ ਬਿੱਲਾ ਤੋਂ ਖਰੀਦੇ ਸਨ ਤੇ ਉਨ੍ਹਾਂ ਦੇ ਬਿਆਨਾਂ ਦੇ ਆਧਾਰ 'ਤੇ ਮੁਲਜਮ ਸੁਖਰਾਜ ਉਰਫ ਬਿੱਲਾ ਨੂੰ .30 ਬੋਰ ਬੇਰੇਟਾ ਪਿਸਤੌਲ ਸਮੇਤ ਗ੍ਰਿਫ਼ਤਾਰ ਕਰ ਲਿਆ ਗਿਆ। ਇਸ ਸਬੰਧ ਵਿੱਚ ਅੰਮ੍ਰਿਤਸਰ ਦੇ ਥਾਣਾ ਛੇਹਰਟਾ ਵਿਖੇ ਅਸਲਾ ਐਕਟ ਦੀ ਧਾਰਾ 25 ਅਧੀਨ ਐਫਆਈਆਰ ਨੰ. 106 ਮਿਤੀ 18-05-2026 ਅਤੇ ਅਸਲਾ ਐਕਟ ਦੀ ਧਾਰਾ 25 (6,7,8) ਅਧੀਨ ਐਫਆਈਆਰ ਨੰ. 110 ਮਿਤੀ 21-05-2026 ਅਧੀਨ ਦੋ ਵੱਖ-ਵੱਖ ਕੇਸ ਦਰਜ ਹਨ।

# ਰਵਨੀਤ ਬਿੱਟੂ ਵੱਲੋਂ ਪੰਜਾਬ ਪੁਲਿਸ ਦੇ ਅਧਿਕਾਰੀਆਂ ਨੂੰ ਸ਼ਰੇਆਮ ਗਾਲ੍ਹਾਂ ਕੱਢਣੀਆਂ ਤੇ ਇੱਕ ਮਹਿਲਾ ਐਸ.ਐਸ.ਪੀ. ਨੂੰ ਧਮਕਾਉਣਾ ਅੱਤ ਨਿੰਦਣਯੋਗ ਤੇ ਸ਼ਰਮਨਾਕ : ਪੰਨੂ

ਚੰਡੀਗੜ੍ਹ, 27 ਮਈ (ਅੰਮ੍ਰਿਤਪਾਲ ਸਿੰਘ): ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸਟੇਟ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਭਾਰਤੀ ਜਨਤਾ ਪਾਰਟੀ ਦੇ ਆਗੂ ਅਤੇ ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਵੱਲੋਂ ਬੀਤੇ ਕੱਲ੍ਹ ਧੂਰੀ ਨਗਰ ਨਿਗਮ ਚੋਣਾਂ ਦੌਰਾਨ ਕੀਤੇ ਗਏ ਵਿਵਹਾਰ ਨੂੰ ਬੇਹੱਦ ਸ਼ਰਮਨਾਕ, ਨਿੰਦਣਯੋਗ ਤੇ ਉਨ੍ਹਾਂ ਦੀ ਘਟੀਆ ਮਾਨਸਿਕਤਾ ਦਾ ਪ੍ਰਤੀਕ ਦੱਸਿਆ ਹੈ। ਪੰਨੂ ਨੇ ਕਿਹਾ ਕਿ ਕੇਂਦਰ ਸਰਕਾਰ ਵਿੱਚ ਇੱਕ ਜ਼ਿੰਮੇਵਾਰ ਮੰਤਰਾਲਾ ਸੰਭਾਲ ਰਹੇ ਵਿਅਕਤੀ ਵੱਲੋਂ ਆਨ-ਕੈਮਰਾ ਪੰਜਾਬ ਪੁਲਿਸ ਦੇ ਅਧਿਕਾਰੀਆਂ ਨੂੰ ਗਾਲ੍ਹਾਂ ਕੱਢਣਾ, ਇੱਕ ਮਹਿਲਾ ਐੱਸਐੱਸਪੀ ਦਾ ਅਪਮਾਨ ਕਰਨਾ ਤੇ ਕਾਨੂੰਨ ਦੀਆਂ ਧੱਜੀਆਂ ਉਡਾਉਣਾ ਇਹ ਸਾਬਤ ਕਰਦਾ ਹੈ ਕਿ ਭਾਜਪਾ ਦੇ ਆਗੂਆਂ ਦੇ ਸਿਰ ਸੱਤਾ ਦਾ ਹੰਕਾਰ ਚੜ੍ਹ ਕੇ ਬੋਲ ਰਿਹਾ ਹੈ। ਬੁੱਧਵਾਰ ਨੂੰ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਬਲਤੇਜ ਪੰਨੂ ਨੇ ਕਿਹਾ ਕਿ ਰਵਨੀਤ ਸਿੰਘ ਬਿੱਟੂ ਨਾ ਤਾਂ ਧੂਰੀ ਦੇ ਵਸਨੀਕ ਹਨ ਤੇ ਨਾ ਹੀ ਉੱਥੋਂ ਦੇ ਵੋਟਰ ਹਨ। ਚੋਣ ਪ੍ਰਚਾਰ ਖ਼ਤਮ ਹੋਣ ਤੋਂ ਬਾਅਦ ਬਾਹਰੀ ਵਿਅਕਤੀਆਂ ਦਾ ਇਲਾਕੇ ਵਿੱਚ ਰਹਿਣਾ ਗ਼ੈਰ-ਕਾਨੂੰਨੀ ਹੈ, ਪਰ ਬਿੱਟੂ ਨੇ ਨਾ ਸਿਰਫ਼ ਨਿਯਮਾਂ ਨੂੰ ਛਿੱਕੇ ਟੰਗਿਆ ਬਲਕਿ ਭਾਰੀ ਪੁਲਿਸ ਫੋਰਸ ਦੇ ਕੰਮ ਵਿੱਚ ਸਿੱਧੇ ਤੌਰ 'ਤੇ ਵਿਘਨ ਪਾਇਆ।

ਪੰਨੂ ਨੇ ਕਿਹਾ ਕਿ ਮੈਂ ਸਵੇਰ ਤੋਂ ਉਹ ਵੀਡੀਓ ਕਈ ਵਾਰ ਦੇਖੀ ਹੈ ਅਤੇ ਮੈਨੂੰ ਆਪਣੀਆਂ ਅੱਖਾਂ ਅਤੇ ਕੰਨਾਂ 'ਤੇ ਯਕੀਨ ਨਹੀਂ ਹੋ ਰਿਹਾ ਕਿ ਇੱਕ ਕੇਂਦਰੀ ਮੰਤਰੀ



ਸਿਰਫ਼ ਮੀਡੀਆ ਵਿੱਚ ਸੁਰਖੀਆਂ ਬਟੋਰਨ ਲਈ ਇਸ ਹੱਦ ਤੱਕ ਗਿਰ ਸਕਦਾ ਹੈ। ਬਿੱਟੂ ਨੇ ਡਿਊਟੀ 'ਤੇ ਤਾਇਨਾਤ ਇੱਕ ਗੁਰਸਿੱਖ ਪੁਲਿਸ ਮੁਲਾਜ਼ਮ ਦਾ ਕਾਲਰ ਫੜਿਆ, ਉਸ ਨਾਲ ਬਦਤਮੀਜ਼ੀ ਕੀਤੀ ਤੇ ਪੁਲਿਸ ਨੂੰ 'ਦਲਾਲ' ਵਰਗੇ ਘਟੀਆ ਸ਼ਬਦਾਂ ਨਾਲ ਸੰਬੋਧਨ ਕੀਤਾ। ਪੰਨੂ ਨੇ ਸਖ਼ਤ ਵਿਰੋਧ ਪ੍ਰਗਟ ਕਰਦਿਆਂ ਕਿਹਾ ਕਿ ਸੰਗਰੂਰ ਜ਼ਿਲ੍ਹੇ ਦੀ ਪੁਲਿਸ ਕਮਾਨ ਇੱਕ ਯੋਗ ਮਹਿਲਾ ਅਧਿਕਾਰੀ, ਐੱਸਐੱਸਪੀ ਨਵਜੋਤ ਕੌਰ ਗ੍ਰੇਵਾਲ ਦੇ ਹੱਥਾਂ ਵਿੱਚ ਹੈ, ਜੋ ਆਪਣੀ ਸਖ਼ਤ ਮਿਹਨਤ ਅਤੇ ਪੜ੍ਹਾਈ ਦੇ ਦਮ 'ਤੇ ਇਸ ਮੁਕਾਮ 'ਤੇ ਪਹੁੰਚੀ ਹੈ। ਰਵਨੀਤ ਬਿੱਟੂ ਨੇ ਇੱਕ ਮਹਿਲਾ ਅਧਿਕਾਰੀ ਨੂੰ ਧਮਕੀ ਭਰੇ ਲਹਿਜੇ ਵਿੱਚ ਕਿਹਾ ਕਿ 'ਜੇਕਰ ਤੁਸੀਂ ਮਹਿਲਾ ਨਾ ਹੁੰਦੇ ਤਾਂ ਮੈਂ ਪਤਾ ਨਹੀਂ ਕੀ ਕਰ ਦਿੰਦਾ'। ਇਸ ਤੋਂ ਇਲਾਵਾ ਉਨ੍ਹਾਂ ਨੇ ਸ਼ਰੇਆਮ ਜਾਤੀਸੂਚਕ ਸ਼ਬਦਾਂ ਦੀ ਵਰਤੋਂ ਕੀਤੀ। ਪੰਜਾਬ ਪੁਲਿਸ, ਜਿਸ ਨੇ ਦੇਸ਼ ਵਿੱਚੋਂ ਅੱਤਵਾਦ ਦਾ ਖ਼ਾਤਮਾ ਕੀਤਾ ਤੇ ਜੋ ਅੱਜ ਨਸ਼ਿਆਂ ਖ਼ਿਲਾਫ਼ ਦੇਸ਼ ਵਿੱਚ ਸਭ ਤੋਂ ਸ਼ਾਨਦਾਰ ਕੰਮ ਕਰ ਰਹੀ ਹੈ, ਉਸ ਨੂੰ ਇਸ ਤਰ੍ਹਾਂ ਅਪਮਾਨਿਤ ਕਰਨਾ ਬੇਹੱਦ ਸ਼ਰਮਨਾਕ ਹੈ।

ਪੰਨੂ ਨੇ ਰਵਨੀਤ ਬਿੱਟੂ ਨੂੰ ਉਨ੍ਹਾਂ ਦਾ ਇਤਿਹਾਸ ਯਾਦ ਦਿਵਾਉਂਦਿਆਂ ਕਿਹਾ ਕਿ ਬਿੱਟੂ ਜੀ, ਜੇਕਰ ਇਹ ਫੋਰਸ ਇੰਨੀ ਹੀ ਮਾੜੀ ਹੈ, ਤਾਂ ਤੁਸੀਂ ਇਹ ਕਿਵੇਂ ਭੁੱਲ ਗਏ ਕਿ ਕੈਪਟਨ ਅਮਰਿੰਦਰ ਸਿੰਘ ਦੀ ਸਰਕਾਰ ਵੇਲੇ ਤੁਹਾਡੇ ਆਪਣੇ ਸਗੇ ਭਰਾ ਦੀ ਪੰਜਾਬ ਪੁਲਿਸ ਵਿੱਚ ਭਰਤੀ ਤਰਸ ਦੇ ਅਧਾਰ 'ਤੇ ਹੋਈ ਸੀ? ਉਸ ਸਮੇਂ ਤੁਹਾਡੇ ਭਰਾ ਲਈ ਉਮਰ, ਸਿੱਖਿਆ ਅਤੇ ਸਾਰੇ ਨਿਯਮ-ਕਾਨੂੰਨ ਬਦਲ ਦਿੱਤੇ ਗਏ ਸਨ। ਅੱਜ ਤੁਸੀਂ ਜਿਸ ਇੰਸਪੈਕਟਰ ਅਤੇ ਡੀਐੱਸਪੀ ਨੂੰ ਸ਼ਰੇਆਮ ਗਾਲ੍ਹਾਂ ਕੱਢ ਰਹੇ ਹੋ, ਉਹ ਬਿਨਾਂ ਕਿਸੇ ਸਿਫ਼ਾਰਸ਼ ਅਤੇ ਰਿਸ਼ਵਤ ਦੇ ਆਪਣੀ ਯੋਗਤਾ ਨਾਲ ਉੱਥੇ ਪਹੁੰਚੇ ਹਨ। ਹੋ ਸਕਦਾ ਹੈ ਜਿਸ ਅਹੁਦੇ 'ਤੇ ਤੁਹਾਡਾ ਭਰਾ ਬੈਠਾ ਹੈ, ਉਹ ਕਿਸੇ ਹੱਕਦਾਰ ਅਤੇ ਕਾਬਲ ਨੌਜਵਾਨ ਦਾ ਹੱਕ ਮਾਰ ਕੇ ਦਿੱਤੀ ਗਈ ਹੋਵੇ।

ਪੰਨੂ ਨੇ ਅੰਕੜਿਆਂ ਦਾ ਹਵਾਲਾ ਦਿੰਦੇ ਹੋਏ ਭਾਜਪਾ ਨੂੰ ਘੇਰਿਆ ਅਤੇ ਕਿਹਾ ਕਿ ਪੰਜਾਬ ਪੁਲਿਸ ਕਾਨੂੰਨ-ਵਿਵਸਥਾ ਅਤੇ ਨਸ਼ਿਆਂ ਦੀ ਬਰਾਮਦਗੀ ਵਿੱਚ ਪੂਰੇ ਦੇਸ਼ ਵਿੱਚੋਂ ਸਭ ਤੋਂ ਅੱਗੇ ਹੈ। ਜੇਕਰ ਬਿੱਟੂ ਵਿੱਚ ਹਿੰਮਤ ਹੈ, ਤਾਂ ਉਹ ਗੁਜਰਾਤ ਦੇ ਪੋਰਟ (ਬੰਦਰਗਾਹ) 'ਤੇ ਫੜੇ ਜਾਣ ਵਾਲੇ ਉਸ ਨਸ਼ੇ 'ਤੇ ਸਵਾਲ ਉਠਾਉਣ ਜਿਸ ਨੂੰ ਉੱਥੇ 'ਚੂਹੇ ਖਾ ਜਾਂਦੇ ਹਨ'। ਭਾਜਪਾ ਸ਼ਾਸਤ ਰਾਜਾਂ ਵਿੱਚ ਕਾਨੂੰਨ-ਵਿਵਸਥਾ ਦੀ ਜੋ ਬਦਹਾਲ ਸਥਿਤੀ ਹੈ, ਉਸ 'ਤੇ ਗੱਲ ਕਰਨ ਦੀ ਬਜਾਏ ਬਿੱਟੂ ਪੰਜਾਬ ਦਾ ਮਾਹੌਲ ਖ਼ਰਾਬ ਕਰਨਾ ਚਾਹੁੰਦੇ ਹਨ। ਬਲਤੇਜ ਪੰਨੂ ਨੇ ਸਪੱਸ਼ਟ ਸ਼ਬਦਾਂ ਵਿੱਚ ਚੇਤਾਵਨੀ ਦਿੰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਆਪਣੀ ਸਮੁੱਚੀ ਪੁਲਿਸ ਫੋਰਸ ਅਤੇ ਅਧਿਕਾਰੀਆਂ ਦੇ ਪਿੱਛੇ ਮਜ਼ਬੂਤੀ ਨਾਲ ਖੜ੍ਹੀ ਹੈ। ਪੰਜਾਬ ਪੁਲਿਸ ਦੇ ਮਨੋਬਲ ਨੂੰ ਤੋੜਨ ਦੀ ਭਾਜਪਾਈ ਸਾਜ਼ਿਸ਼ ਨੂੰ ਕਦੇ ਵੀ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਬਿੱਟੂ ਜੀ, ਪੰਜਾਬ ਦੇ ਲੋਕ ਵੱਡੇ ਦਿਲ ਵਾਲੇ ਹਨ ਅਤੇ ਮਾਫ਼ ਕਰਨਾ ਜਾਣਦੇ ਹਨ। ਜੇਕਰ ਤੁਹਾਡੇ ਤੋਂ ਇਹ ਹਰਕਤ ਅਣਜਾਣੇ ਵਿੱਚ ਹੋਈ ਹੈ, ਤਾਂ ਤੁਸੀਂ ਪੰਜਾਬ ਪੁਲਿਸ, ਮਹਿਲਾ ਅਧਿਕਾਰੀ ਅਤੇ ਉਨ੍ਹਾਂ ਪੁਲਿਸ ਮੁਲਾਜ਼ਮਾਂ ਦੇ ਮਾਤਾ-ਪਿਤਾ ਤੋਂ ਤੁਰੰਤ ਬਿਨਾਂ ਸ਼ਰਤ ਮੁਆਫ਼ੀ ਮੰਗੋ ਅਤੇ ਜੇਕਰ ਇਹ ਸਭ ਤੁਸੀਂ ਜਾਣਬੁੱਝ ਕੇ ਆਪਣੀ ਘਟੀਆ ਰਾਜਨੀਤੀ ਚਮਕਾਉਣ ਲਈ ਕੀਤਾ ਹੈ, ਤਾਂ ਕਾਨੂੰਨ ਆਪਣਾ ਕੰਮ ਬਖੂਬੀ ਕਰਨਾ ਜਾਣਦਾ ਹੈ।

## ਸੰਪਾਦਕੀ

# ਲੋਕਤੰਤਰ ਸ਼ਰਮਸਾਰ

ਪੰਜਾਬ ਵਿੱਚ 26 ਮਈ 2026 ਨੂੰ ਹੋਈਆਂ ਸਥਾਨਕ ਸਰਕਾਰ ਦੀਆਂ ਚੋਣਾਂ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਕਿ ਸਿਆਸੀ ਪਾਰਟੀਆਂ ਲਈ ਲੋਕਤੰਤਰੀ ਕਦਰਾਂ-ਕੀਮਤਾਂ ਨਾਲੋਂ ਜਿੱਤ ਦੀ ਭੁੱਖ ਵੱਡੀ ਹੈ। 103 ਸ਼ਹਿਰੀ ਸਥਾਨਕ ਸੰਸਥਾਵਾਂ ਵਿੱਚ ਹੋਈਆਂ ਇਨ੍ਹਾਂ ਚੋਣਾਂ ਵਿੱਚ ਜਿੱਥੇ ਇੱਕ ਪਾਸੇ ਵੋਟਰਾਂ ਨੇ ਭਾਰੀ ਗਰਮੀ ਵਿੱਚ ਕਤਾਰਾਂ ਲਗਾ ਕੇ ਆਪਣੇ ਲੋਕਤੰਤਰੀ ਫ਼ਰਜ਼ ਨੂੰ ਨਿਭਾਇਆ, ਉੱਥੇ ਦੂਜੇ ਪਾਸੇ ਕਈ ਥਾਵਾਂ ਉੱਤੇ ਲਾਠੀਆਂ, ਪੱਥਰਾਂ ਅਤੇ ਹਿੰਸਾ ਨੇ ਲੋਕਤੰਤਰ ਦੇ ਇਸ ਪਵਿੱਤਰ ਤਿਉਹਾਰ ਨੂੰ ਸ਼ਰਮਸਾਰ ਕਰ ਦਿੱਤਾ। ਘੱਟੋ-ਘੱਟ 14 ਵਿਅਕਤੀ ਜ਼ਖਮੀ ਹੋਏ, ਜਿਨ੍ਹਾਂ ਵਿੱਚ ਇੱਕ ਬੱਚਾ ਵੀ ਸ਼ਾਮਲ ਸੀ। ਸਥਾਨਕ ਸਰਕਾਰ ਦੀਆਂ ਚੋਣਾਂ ਦਾ ਅਸਲ ਮਕਸਦ ਹੁੰਦਾ ਹੈ ਗਲੀਆਂ ਦੀ ਸਫ਼ਾਈ, ਪੀਣ ਵਾਲੇ ਪਾਣੀ ਦੀ ਵਿਵਸਥਾ, ਨਾਲੀਆਂ ਦੀ ਸੰਭਾਲ ਅਤੇ ਸਥਾਨਕ ਵਿਕਾਸ। ਪਰ ਇਸ ਵਾਰ ਆਮ ਆਦਮੀ ਪਾਰਟੀ, ਕਾਂਗਰਸ, ਭਾਜਪਾ ਅਤੇ ਸ਼੍ਰੋਮਣੀ ਅਕਾਲੀ ਦਲ ਵਰਗੀਆਂ ਵੱਡੀਆਂ ਸਿਆਸੀ ਪਾਰਟੀਆਂ ਨੇ ਇਨ੍ਹਾਂ ਚੋਣਾਂ ਨੂੰ ਆਪਣੇ-ਆਪਣੇ ਵੱਕਾਰ ਦੀ ਲੜਾਈ ਬਣਾ ਲਿਆ, ਕਿਉਂਕਿ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਇਹ ਤਾਕਤ ਦੀ ਅਹਿਮ ਪਰਖ ਮੰਨੀਆਂ ਜਾ ਰਹੀਆਂ ਸਨ। ਜਦੋਂ ਸਿਆਸੀ ਜਿੱਤ ਦੀ ਲਾਲਸਾ ਲੋਕਤੰਤਰ ਦੀਆਂ ਕਦਰਾਂ-ਕੀਮਤਾਂ ਉੱਤੇ ਭਾਰੀ ਪੈ ਜਾਂਦੀ ਹੈ, ਤਾਂ ਚੋਣਾਂ ਮਹਿਜ਼ ਸ਼ਕਤੀ ਦਾ ਖੇਡ ਬਣ ਕੇ ਰਹਿ ਜਾਂਦੀਆਂ ਹਨ। ਸਭ ਤੋਂ ਵੱਧ ਹੈਰਾਨੀਜਨਕ ਗੱਲ ਇਹ ਰਹੀ ਕਿ ਹਿੰਸਾ ਦੀਆਂ ਘਟਨਾਵਾਂ ਵਿੱਚ ਹਰ ਪਾਰਟੀ ਦੇ ਵਰਕਰ ਸ਼ਾਮਲ ਰਹੇ। ਆਪ ਅਤੇ ਭਾਜਪਾ ਦੇ ਵਰਕਰਾਂ ਵਿਚਾਲੇ ਕਈ ਥਾਵਾਂ ਉੱਤੇ ਟਕਰਾਅ ਹੋਇਆ। ਬਠਿੰਡਾ ਵਿੱਚ ਸਾਬਕਾ ਵਿਧਾਇਕ ਸਰੂਪ ਚੰਦ ਸਿੰਗਲਾ ਅਤੇ ਉਨ੍ਹਾਂ ਦੇ ਸਮਰਥਕਾਂ ਉੱਤੇ ਹਮਲਾ ਕੀਤਾ ਗਿਆ। ਕਾਂਗਰਸ ਅਤੇ ਆਪ ਦੇ ਵਰਕਰ ਵੀ ਜ਼ੀਰਾ ਵਿੱਚ ਆਪਸ ਵਿੱਚ ਭਿੜ ਗਏ। ਇਸ ਤੋਂ ਇਲਾਵਾ ਬੂਥ ਕਬਜ਼ਾ ਕਰਨ ਅਤੇ ਧਮਕੀਆਂ ਦੇਣ ਦੇ ਦੋਸ਼ ਵੀ ਲੱਗੇ। ਇਹ ਚਿੰਤਾ ਦੀ ਗੱਲ ਹੈ ਕਿ 2021 ਦੀਆਂ ਸ਼ਹਿਰੀ ਚੋਣਾਂ ਵਿੱਚ 73 ਫ਼ੀਸਦੀ ਵੋਟ ਪਈ ਸੀ, ਜੋ ਇਸ ਵਾਰ ਘੱਟ ਕੇ 63.94 ਫ਼ੀਸਦੀ ਰਹਿ ਗਈ। ਭਾਵੇਂ ਇਸ ਲਈ ਭਾਰੀ ਗਰਮੀ ਨੂੰ ਵੀ ਜ਼ਿੰਮੇਵਾਰ ਮੰਨਿਆ ਜਾ ਸਕਦਾ ਹੈ, ਪਰ ਹਿੰਸਾ ਅਤੇ ਡਰ ਦਾ ਮਾਹੌਲ ਵੀ ਵੋਟਰਾਂ ਨੂੰ ਘਰਾਂ ਵਿੱਚ ਰੱਖ ਸਕਦਾ ਹੈ। ਕਤਾਰਾਂ ਵਿੱਚ ਖੜ੍ਹੇ ਕਈ ਵੋਟਰ ਗਰਮੀ ਨਾਲ ਬੇਹੋਸ਼ ਵੀ ਹੋ ਗਏ। ਇਨ੍ਹਾਂ ਮੁਸ਼ਕਲਾਂ ਦੇ ਬਾਵਜੂਦ ਜੋ ਵੋਟਰ ਆਏ, ਉਹ ਸੱਚਮੁੱਚ ਸ਼ਲਾਘਾਯੋਗ ਹਨ। ਸਵਾਲ ਇਹ ਉੱਠਦਾ ਹੈ ਕੀ ਸਾਡੇ ਸਿਆਸੀ ਆਗੂ ਇੰਨੇ ਬੇਜ਼ਮੀਰੇ ਹੋ ਗਏ ਹਨ ਕਿ ਨਗਰ ਪੰਚਾਇਤ ਵਰਗੀਆਂ ਛੋਟੀਆਂ ਚੋਣਾਂ ਲਈ ਵੀ ਹਿੰਸਾ ਅਤੇ ਡਰਾਵੇ ਦਾ ਸਹਾਰਾ ਲੈਣਾ ਜ਼ਰੂਰੀ ਲੱਗਦਾ ਹੈ? ਜੇ ਹਾਂ, ਤਾਂ ਲੋਕਤੰਤਰ ਦੇ ਭਵਿੱਖ ਬਾਰੇ ਸਾਨੂੰ ਗੰਭੀਰਤਾ ਨਾਲ ਸੋਚਣਾ ਚਾਹੀਦਾ ਹੈ। ਸੱਤਾਧਾਰੀ ਅਤੇ ਵਿਰੋਧੀ ਧਿਰਾਂ, ਦੋਵਾਂ ਨੇ ਇੱਕ-ਦੂਜੇ ਉੱਤੇ ਦੋਸ਼ ਲਗਾਏ, ਪਰ ਕਿਸੇ ਨੇ ਵੀ ਆਪਣੇ ਗਲੇ ਵਿੱਚ ਘੰਟੀ ਬੰਨ੍ਹਣ ਦੀ ਕੋਸ਼ਿਸ਼ ਨਹੀਂ ਕੀਤੀ। ਸਥਾਨਕ ਸਰਕਾਰ ਚੋਣਾਂ ਲੋਕਾਂ ਦੇ ਰੋਜ਼ਮਰ੍ਹਾ ਦੇ ਜੀਵਨ ਨਾਲ ਸਿੱਧੀਆਂ ਜੁੜੀਆਂ ਹੁੰਦੀਆਂ ਹਨ। ਇਨ੍ਹਾਂ ਚੋਣਾਂ ਵਿੱਚ ਉਹੀ ਨੁਮਾਇੰਦੇ ਚੁਣੇ ਜਾਂਦੇ ਹਨ ਜੋ ਸਾਡੀਆਂ ਗਲੀਆਂ, ਸੀਵਰੇਜ ਅਤੇ ਸਫ਼ਾਈ ਦਾ ਧਿਆਨ ਰੱਖਣਗੇ। ਜੇ ਇਨ੍ਹਾਂ ਚੋਣਾਂ ਵਿੱਚ ਡਰ ਅਤੇ ਹਿੰਸਾ ਦੇ ਜ਼ੋਰ ਨਾਲ ਜਿੱਤ ਹਾਸਲ ਕੀਤੀ ਜਾਂਦੀ ਹੈ, ਤਾਂ ਅਜਿਹੇ ਨੁਮਾਇੰਦਿਆਂ ਤੋਂ ਜਨਤਾ ਦੀ ਸੇਵਾ ਦੀ ਉਮੀਦ ਰੱਖਣਾ ਬੇਮਾਇਨੀ ਹੋਵੇਗਾ। ਪੰਜਾਬ ਦੇ ਲੋਕਾਂ ਨੂੰ ਚਾਹੀਦਾ ਹੈ ਕਿ ਉਹ ਅਜਿਹੇ ਉਮੀਦਵਾਰਾਂ ਅਤੇ ਪਾਰਟੀਆਂ ਨੂੰ ਸਬਕ ਸਿਖਾਉਣ ਜੋ ਹਿੰਸਾ ਨੂੰ ਹਥਿਆਰ ਵਜੋਂ ਵਰਤਦੇ ਹਨ ਅਤੇ ਪ੍ਰਸ਼ਾਸਨ ਤੇ ਚੋਣ ਕਮਿਸ਼ਨ ਦਾ ਫ਼ਰਜ਼ ਹੈ ਕਿ ਹਿੰਸਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ, ਭਾਵੇਂ ਉਹ ਕਿਸੇ ਵੀ ਪਾਰਟੀ ਨਾਲ ਸਬੰਧਤ ਹੋਣ। ਵੋਟਿੰਗ ਦਾ ਅਧਿਕਾਰ ਹਰ ਨਾਗਰਿਕ ਦਾ ਮੌਲਿਕ ਅਧਿਕਾਰ ਹੈ ਅਤੇ ਇਸ ਨੂੰ ਸੁਰੱਖਿਅਤ ਰੱਖਣਾ ਸਭ ਦੀ ਜ਼ਿੰਮੇਵਾਰੀ ਹੈ। 29 ਮਈ ਨੂੰ ਜੋ ਵੀ ਨਤੀਜੇ ਆਉਣਗੇ, ਉਨ੍ਹਾਂ ਤੋਂ ਵੱਧ ਅਹਿਮ ਸਵਾਲ ਇਹ ਹੈ ਕਿ ਕੀ ਅਸੀਂ ਆਪਣੀ ਲੋਕਤੰਤਰੀ ਜੜ੍ਹਾਂ ਨੂੰ ਮਜ਼ਬੂਤ ਕਰਾਂਗੇ ਜਾਂ ਹਿੰਸਾ ਦੀ ਇਸ ਸੰਸਕ੍ਰਿਤੀ ਨੂੰ ਸਵੀਕਾਰ ਕਰਦੇ ਰਹਾਂਗੇ?

**-ਜਗਜੀਤ ਸਿੰਘ ਦਰਦੀ**

## ਅੱਖਾਂ ਵਿੱਚ ਕੈਨੇਡਾ, ਦਿਲ ਵਿੱਚ ਪਿੰਡ ਦੀ ਮਿੱਟੀ !

# ਇਸੇ ਲਈ ਤਾਂ ਪੰਜਾਬ ਜੁਗਾਂ ਜੁਗਾਂ ਤੋਂ ਜ਼ਿੰਦਾ ਹੈ ਤੇ ਰਹੇਗਾ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਅੱਜ ਪੰਜਾਬ ਅਜੀਬ ਦੋਰਾਹੇ 'ਤੇ ਖੜ੍ਹਾ ਹੈ। ਅੱਜ ਪੰਜਾਬ ਦੇ ਨੌਜਵਾਨ ਕਿਸੇ ਚੰਗੇ ਭਵਿੱਖ ਲਈ ਪੰਜਾਬ ਦੀ ਧਰਤੀ ਨੂੰ ਛੱਡ ਰਹੇ ਹਨ। ਉਹ ਪਰਵਾਸ ਦੀ ਕੀਮਤ ਤੇ ਆਪਣੀ ਮਿੱਟੀ ਨਾਲੋਂ ਟੁੱਟ ਰਹੇ ਹਨ ਪ੍ਰੰਤੂ ਹੁਣ ਮਨੋਵਿਗਿਆਨਿਕ ਤੌਰ 'ਤੇ ਹਾਲਤ ਇਹ ਹੈ, ਉਹਨਾਂ ਦੇ ਦਿਲ ਵਿੱਚ ਕੈਨੇਡਾ, ਡਾਲਰ ਤੇ ਪੌਂਡਾਂ ਦੀ ਖਣਕ ਹੈ ਪ੍ਰੰਤੂ ਦਿਲ ਵਿੱਚ ਉਦਾਸੀ ਨਿਰਾਸ਼ਾ ਤੇ ਪਿੰਡ ਦੀ ਮਿੱਟੀ ਦੀ ਖ਼ੁਸ਼ਬੂ ਅਜੇ ਵੀ ਬਾਕੀ ਹੈ। ਇਹ ਤ੍ਰਾਸਦਿਕ ਮੰਜ਼ਰ ਪੰਜਾਬ ਦੇ ਭਵਿੱਖ ਬਾਰੇ ਫਿਕਰਮੰਦ ਕਰਦਾ ਹੈ। ਅੱਜ ਇੱਕ ਟੁੱਟਦੀ ਪੀੜ੍ਹੀ, ਇੱਕ ਉਦਾਸ ਪੰਜਾਬ ਅਤੇ ਉਮੀਦ ਦੀ ਆਖ਼ਰੀ ਲੋਅ ਅਜੇ ਵੀ ਬਾਕੀ ਹੈ। ਪੰਜਾਬ ਅੱਜ ਇੱਕ ਅਜੀਬ ਚੌਰਾਹੇ 'ਤੇ ਖੜ੍ਹਾ ਹੈ। ਅੱਜ ਇੱਕ ਪਾਸੇ ਚਮਕਦਾਰ ਏਅਰਪੋਰਟ ਹਨ, ਵਿਦੇਸ਼ੀ ਯੂਨੀਵਰਸਿਟੀਆਂ ਦੇ ਸੁਪਨੇ ਹਨ, ਡਾਲਰਾਂ ਅਤੇ ਪੌਂਡਾਂ ਦੀ ਖਣਕ ਹੈ; ਦੂਜੇ ਪਾਸੇ ਸੁੰਨੇ ਹੋ ਰਹੇ ਪੰਜਾਬ ਦੇ ਪਿੰਡ ਹਨ, ਬੰਦ ਹੋ ਰਹੀਆਂ ਖੰਡਰ ਹਵੇਲੀਆਂ ਹਨ, ਵਿਰਾਨ ਖੇਤ ਹਨ ਅਤੇ ਬੁਜ਼ੁਰਗ ਮਾਪਿਆਂ ਦੀਆਂ ਉਡੀਕਦੀਆਂ ਉਦਾਸ ਅੱਖਾਂ ਹਨ।

ਅੱਜ ਪੰਜਾਬ ਦਾ ਨੌਜਵਾਨ ਅੱਜ ਸਿਰਫ਼ ਆਪਣਾ ਘਰ ਨਹੀਂ ਛੱਡ ਰਿਹਾ, ਉਹ ਆਪਣੀ ਮਿੱਟੀ ਨਾਲੋਂ ਵੀ ਹੌਲੀ-ਹੌਲੀ ਟੁੱਟਦਾ ਜਾ ਰਿਹਾ ਹੈ। ਉਸ ਦੀਆਂ ਅੱਖਾਂ ਵਿੱਚ ਕੈਨੇਡਾ ਵੱਸਦਾ ਹੈ, ਪਰ ਉਸ ਦੇ ਦਿਲ ਵਿੱਚ ਅਜੇ ਵੀ ਉਹੀ ਪਿੰਡ ਦੀ ਮਿੱਟੀ ਹੈ, ਜਿਸ ਦੀ ਖ਼ੁਸ਼ਬੂ ਉਸ ਦੇ ਅੰਦਰ ਕਿਤੇ ਡੂੰਘੇ ਤੱਕ ਜ਼ਿੰਦਾ ਹੈ।

ਹੁਣ ਇਹ ਸਿਰਫ਼ ਪ੍ਰਵਾਸ ਦੀ ਕਹਾਣੀ ਨਹੀਂ। ਅੱਜ ਇਹ ਇੱਕ ਸਮਾਜਕ ਵਿਛੋੜੇ ਦੀ ਕਥਾ ਹੈ।ਇਹ ਇੱਕ ਪੀੜ੍ਹੀ ਦੀ ਖਾਮੋਸ਼ ਚੀਖ ਹੈ। ਅੱਜ ਇਹ ਪੰਜਾਬ ਦੇ ਅੰਦਰ ਪੈਦਾ ਹੋ ਰਹੇ ਉਸ ਖਾਲੀਪਨ ਦੀ ਕਹਾਣੀ ਹੈ, ਜਿਸ ਨੂੰ ਅਸੀਂ ਵਿਕਾਸ, ਗਲੋਬਲਾਈਜੇਸ਼ਨ ਅਤੇ ਸੈਟਲ ਹੋ ਜਾਣ ਦੇ ਸੁੰਦਰ ਸ਼ਬਦਾਂ ਨਾਲ ਢੱਕਣ ਦੀ ਕੋਸ਼ਿਸ਼ ਕਰ ਰਹੇ ਹਾਂ।

ਅੱਜ ਹਰ ਪਿੰਡ ਦੀ ਗਲੀ ਵਿੱਚ ਇੱਕ ਸੂਟਕੇਸ ਪਿਆ ਹੈ। ਹਰ ਘਰ ਵਿੱਚ ਇੱਕ ਫਾਈਲ ਬਣੀ ਹੋਈ ਹੈ। ਹਰ ਮੋਬਾਈਲ ਵਿੱਚ IELTS ਦੀ ਐਪ ਹੈ।ਹਰ ਪਰਿਵਾਰ ਦੇ ਸੁਪਨਿਆਂ ਦਾ ਕੇਂਦਰ ਹੁਣ ਖੇਤ ਨਹੀਂ, ਵਿਦੇਸ਼ ਦਾ ਵੀਜ਼ਾ ਬਣ ਗਿਆ ਹੈ। ਕਦੇ ਪੰਜਾਬ ਦਾ ਨੌਜਵਾਨ ਆਪਣੇ ਖੇਤਾਂ ਦੀਆਂ ਮੇੜਾਂ 'ਤੇ ਤੁਰ ਕੇ ਭਵਿੱਖ ਦੇ ਸੁਪਨੇ ਵੇਖਦਾ ਸੀ। ਅੱਜ ਉਹ ਏਅਰਪੋਰਟ ਦੀਆਂ ਲਾਈਨਾਂ ਵਿੱਚ ਖੜ੍ਹ ਕੇ ਆਪਣੀ ਜ਼ਿੰਦਗੀ ਦਾ ਨਵਾਂ ਪਤਾ ਲੱਭ ਰਿਹਾ ਹੈ। ਅੱਜ ਪਰ ਸਭ ਤੋਂ ਵੱਡਾ ਸਵਾਲ ਇਹ ਹੈ ਕਿ ਕੀ ਉਹ ਸੱਚਮੁੱਚ ਆਪਣੀ ਮਿੱਟੀ ਨੂੰ ਭੁੱਲ ਗਿਆ ਹੈ ਜਾਂ ਉਹ ਸਿਰਫ਼ ਮਜਬੂਰੀ ਵਿੱਚ ਉਸ ਤੋਂ ਦੂਰ ਹੋ ਰਿਹਾ ਹੈ? ਅੱਜ ਸੱਚ ਇਹ ਹੈ ਕਿ ਪੰਜਾਬ ਦਾ ਨੌਜਵਾਨ ਅਜੇ ਵੀ ਆਪਣੇ ਪਿੰਡ ਨਾਲ ਪਿਆਰ ਕਰਦਾ ਹੈ। ਉਹ ਵਿਦੇਸ਼ਾਂ ਵਿੱਚ ਜਾ ਕੇ ਵੀ ਪੰਜਾਬੀ ਗੀਤ ਸੁਣਦਾ ਹੈ, ਮਾਂ ਦੀਆਂ ਬਣਾਈਆਂ ਰੋਟੀਆਂ ਨੂੰ ਯਾਦ ਕਰਦਾ ਹੈ, ਪਿੰਡ ਦੀਆਂ ਗਲੀਆਂ ਦੇ ਵੀਡੀਓ ਵੇਖ ਕੇ ਰੋ ਪੈਂਦਾ ਹੈ। ਪਰ ਉਹ ਇਹ ਵੀ ਜਾਣਦਾ ਹੈ ਕਿ ਉਸ ਦੇ ਆਪਣੇ ਪੰਜਾਬ ਨੇ ਉਸ ਨੂੰ ਉਹ ਭਰੋਸਾ ਨਹੀਂ ਦਿੱਤਾ, ਜਿਸ ਨਾਲ ਉਹ ਇੱਥੇ ਰਹਿ ਕੇ ਆਪਣਾ ਭਵਿੱਖ ਬਣਾ ਸਕੇ।

ਅੱਜ ਟੁੱਟ ਰਹੀ ਖੇਤੀ ਅਤੇ ਸੁੰਨੀਆਂ ਹੋ ਰਹੀਆਂ ਧਰਤੀਆਂ ਕਦੇ ਪੰਜਾਬ ਦੀ ਪਛਾਣ ਖੇਤੀ ਸੀ। ਇਹ ਉਹ ਧਰਤੀ ਸੀ ਜਿਸ ਨੇ ਦੇਸ਼ ਨੂੰ ਅੰਨ ਦਿੱਤਾ, ਜਿਸ ਨੇ ਹਰੇ ਇਨਕਲਾਬ ਦਾ ਇਤਿਹਾਸ ਲਿਖਿਆ ਪਰ ਅੱਜ ਉਹੀ ਖੇਤੀ ਪੰਜਾਬ ਦੇ ਨੌਜਵਾਨ ਲਈ ਡਰ ਬਣ ਗਈ ਹੈ। ਅੱਜ ਛੋਟੀਆਂ ਹੋ ਰਹੀਆਂ ਜੋਤਾਂ ਜ਼ਮੀਨਾਂ, ਵੱਧ ਰਹੀਆਂ ਲਾਗਤਾਂ, ਕਰਜ਼ੇ, ਮੌਸਮੀ ਤਬਦੀਲੀਆਂ, ਡਿੱਗਦਾ ਪਾਣੀ ਦਾ ਪੱਧਰ ਅਤੇ ਘਟਦਾ ਲਾਭ — ਇਹ ਸਭ ਮਿਲ ਕੇ ਖੇਤੀ ਨੂੰ ਇੱਕ ਅਣਸੁਰੱਖਿਅਤ ਜ਼ਿੰਦਗੀ ਵਿੱਚ ਬਦਲ ਰਹੇ ਹਨ। ਜਿਸ ਖੇਤ ਨੂੰ ਕਦੇ ਪੰਜਾਬੀ ਆਪਣੀ ਸ਼ਾਨ ਸਮਝਦਾ ਸੀ, ਅੱਜ ਉਹੀ ਖੇਤ ਉਸ ਨੂੰ ਬੋਝ ਲੱਗਣ ਲੱਗ ਪਿਆ ਹੈ।

ਇੱਕ ਸਮਾਂ ਸੀ ਜਦੋਂ ਪਿਉ ਆਪਣੇ ਪੁੱਤ ਨੂੰ ਕਹਿੰਦਾ ਸੀ —

ਪੁੱਤ, ਧਰਤੀ ਨਾਲ ਜੁੜਿਆ ਰਹੀਂ। ਅੱਜ ਉਹੀ ਪਿਉ ਕਹਿੰਦਾ ਹੈ

ਪੁੱਤ, ਕਿਸੇ ਤਰ੍ਹਾਂ ਬਾਹਰ ਚਲਾ ਜਾ। ਅੱਜ ਇਸ ਵਾਕ ਵਿੱਚ ਪੰਜਾਬ ਦਾ ਸਭ ਤੋਂ ਵੱਡਾ ਦਰਦ ਲੁਕਿਆ ਹੋਇਆ ਹੈ।

ਅੱਜ ਪਿੰਡਾਂ ਵਿੱਚ ਹੁਣ ਟਰੈਕਟਰਾਂ ਦੀਆਂ ਆਵਾਜ਼ਾਂ ਘੱਟ ਅਤੇ ਵੀਜ਼ਾ ਸੈਂਟਰਾਂ ਦੀਆਂ ਗੱਲਾਂ ਵੱਧ ਸੁਣਾਈ ਦਿੰਦੀਆਂ ਹਨ। ਖੇਤਾਂ ਦੀਆਂ ਮੇੜਾਂ 'ਤੇ ਹੁਣ ਖੇਤੀ ਦੀ ਯੋਜਨਾ ਨਹੀਂ ਬਣਦੀ; ਉੱਥੇ ਹੁਣ ਇਹ ਗੱਲ ਹੁੰਦੀ ਹੈ ਕਿ ਕਿਹੜਾ ਕਾਲਜ ਸਸਤਾ ਹੈ, ਕਿਹੜਾ ਏਜੰਟ ਪੱਕਾ ਕੰਮ ਕਰਦਾ ਹੈ ਅਤੇ ਕਿਹੜੇ ਦੇਸ਼ ਵਿੱਚ PR ਜਲਦੀ ਮਿਲ ਜਾਂਦੀ ਹੈ। ਇਹ ਸਿਰਫ਼ ਪੇਸ਼ੇ ਦੀ ਤਬਦੀਲੀ ਨਹੀਂ, ਇਹ ਪੰਜਾਬ ਦੀ ਰੂਹ ਦੇ ਬਦਲਣ ਦੀ ਪ੍ਰਕਿਰਿਆ ਹੈ। ਅੱਜ ਬੇਰੁਜ਼ਗਾਰੀ ਅਤੇ ਨਿਰਾਸ਼ਾ ਦਾ ਹਨੇਰਾ ਹੈ। ਸੱਚ ਤਾਂ ਇਹ ਹੈ ਕਿ ਪੰਜਾਬ ਦਾ ਨੌਜਵਾਨ ਆਲਸੀ ਨਹੀਂ ਹੈ।

ਉਹ ਮਿਹਨਤ ਤੋਂ ਨਹੀਂ ਡਰਦਾ। ਉਹ ਦੁਨੀਆਂ ਦੇ ਹਰ ਕੋਨੇ ਵਿੱਚ ਜਾ ਕੇ ਆਪਣੀ ਕਾਬਲੀਅਤ ਸਾਬਤ ਕਰਦਾ ਹੈ ਪਰ ਆਪਣੇ ਹੀ ਘਰ ਵਿੱਚ ਉਸ ਨੂੰ ਮੌਕੇ ਨਹੀਂ ਮਿਲ ਰਹੇ। ਅੱਜ ਬੇਰੁਜ਼ਗਾਰੀ ਨੇ ਪੰਜਾਬ ਦੇ ਯੁਵਕਾਂ ਨੂੰ ਅੰਦਰੋਂ ਤੋੜ ਦਿੱਤਾ ਹੈ। ਡਿਗਰੀਆਂ ਹਨ ਪਰ ਨੌਕਰੀਆਂ ਨਹੀਂ। ਯੋਗਤਾ ਹੈ ਪਰ ਪ੍ਰਣਾਲੀ 'ਤੇ ਭਰੋਸਾ ਨਹੀਂ ਹੈ। ਇਸੇ ਸੋਚ ਨੇ ਹਜ਼ਾਰਾਂ ਘਰਾਂ ਨੂੰ ਖਾਲੀ ਕਰ ਦਿੱਤਾ ਹੈ। ਕਿੰਨੇ ਹੀ ਮਾਪੇ ਆਪਣੀਆਂ ਜ਼ਮੀਨਾਂ ਵੇਚ ਕੇ ਪੁੱਤਰਾਂ ਨੂੰ ਵਿਦੇਸ਼ ਭੇਜ ਰਹੇ ਹਨ। ਕਿੰਨੀਆਂ ਹੀ ਮਾਵਾਂ ਆਪਣੇ ਗਹਿਣੇ ਗਿਰਵੀ ਰੱਖ ਰਹੀਆਂ ਹਨ। ਕਿੰਨੇ ਹੀ ਘਰ ਕਰਜ਼ਿਆਂ ਦੇ ਬੋਝ ਹੇਠ ਆ ਰਹੇ ਹਨ — ਸਿਰਫ਼ ਇਸ ਆਸ ਵਿੱਚ ਕਿ ਸ਼ਾਇਦ ਜ਼ਿੰਦਗੀ ਬਣ ਜਾਵੇਪਰ ਹਰ ਕਹਾਣੀ ਸੁੱਖਾਂ ਵਿੱਚ ਨਹੀਂ ਮੁੱਕਦੀ। ਕਈ ਨੌਜਵਾਨ ਵਿਦੇਸ਼ਾਂ ਵਿੱਚ ਮਜ਼ਦੂਰੀ ਕਰਦੇ ਕਰਦੇ ਟੁੱਟ ਜਾਂਦੇ ਹਨ। ਕਈ ਡਿਪ੍ਰੈਸ਼ਨ ਦਾ ਸ਼ਿਕਾਰ ਹੋ ਜਾਂਦੇ ਹਨ। ਕਈਆਂ ਦੀਆਂ ਲਾਸ਼ਾਂ ਤਾਬੂਤਾਂ ਵਿੱਚ ਵਾਪਸ ਆਉਂਦੀਆਂ ਹਨ।

ਅੱਜ ਫਿਰ ਵੀ ਪੰਜਾਬ ਦੇ ਏਅਰਪੋਰਟ ਭਰੇ ਹੋਏ ਹਨ ਕਿਉਂਕਿ ਜਦੋਂ ਆਪਣੇ ਘਰ ਵਿੱਚ ਉਮੀਦ ਮਰ ਜਾਵੇ, ਤਾਂ ਇਨਸਾਨ ਅਜਨਬੀ ਧਰਤੀਆਂ 'ਤੇ ਵੀ ਭਵਿੱਖ ਲੱਭਣ ਨਿਕਲ ਪੈਂਦਾ ਹੈ।

ਅੱਜ ਪਿੰਡਾਂ ਦੀ ਉਦਾਸੀ ਅਤੇ ਬਜ਼ੁਰਗਾਂ ਦਾ ਇਕੱਲਾਪਨ ਇਕ ਨਵੀਂ ਪਹਿਚਾਣ ਹੋ ਗਿਆ ਹੈ। ਅੱਜ ਪੰਜਾਬ ਦੇ ਪਿੰਡਾਂ ਵਿੱਚ ਸਭ ਤੋਂ ਵੱਡੀ ਖਾਮੋਸ਼ੀ ਬਜ਼ੁਰਗਾਂ ਦੇ ਘਰਾਂ ਵਿੱਚ ਵੱਸਦੀ ਹੈ। ਉਹ ਵੱਡੇ ਘਰ, ਜਿਨ੍ਹਾਂ ਵਿੱਚ ਕਦੇ ਬੱਚਿਆਂ ਦੀਆਂ ਆਵਾਜ਼ਾਂ ਗੂੰਜਦੀਆਂ ਸਨ, ਅੱਜ ਸੁੰਨੇ ਪਏ ਹਨ। ਮਾਪੇ ਵੀਡੀਓ ਕਾਲਾਂ 'ਤੇ ਆਪਣੇ ਪੁੱਤਰਾਂ ਨੂੰ ਵੇਖਦੇ ਹਨ। ਪੋਤਿਆਂ ਨੂੰ ਸਕ੍ਰੀਨ 'ਤੇ ਵੱਡਾ ਹੁੰਦਾ ਵੇਖਦੇ ਹਨ। ਅੱਜ ਪਿੰਡ ਦੀਆਂ ਗਲੀਆਂ ਵਿੱਚ ਹੁਣ ਖੇਡਦੇ ਬੱਚੇ ਘੱਟ ਹਨ। ਬੰਦ ਗੇਟ ਅਤੇ ਵਿਦੇਸ਼ੀ ਨੰਬਰ ਪਲੇਟਾਂ ਵਾਲੀਆਂ ਕਾਰਾਂ ਵੱਧ ਹਨ।

ਹੁਣ ਪੰਜਾਬ ਵਿੱਚ ਇੱਕ ਸਮਾਜਕ ਖਾਲੀਪਨ ਹੈ। ਪੰਜਾਬ ਦੇ ਬਹੁਤ ਸਾਰੇ ਪਿੰਡ ਹੁਣ ਟ੍ਰਾਂਜ਼ਿਟ ਕੈਂਪ ਬਣਦੇ ਜਾ ਰਹੇ ਹਨ — ਜਿੱਥੇ ਲੋਕ ਰਹਿਣ ਲਈ ਨਹੀਂ, ਸਿਰਫ਼ ਜਾਣ ਤੋਂ ਪਹਿਲਾਂ ਕੁਝ ਸਮਾਂ ਬਿਤਾਉਣ ਲਈ ਰਹਿੰਦੇ ਹਨ। ਅੱਜ ਨਸ਼ਿਆਂ ਦੀ ਤਬਾਹੀ ਦੇ ਸੰਕੇਤ ਪੰਜਾਬ ਦਾ ਇੱਕ ਹਿੱਸਾ ਹਨ।

ਜਦੋਂ ਕਿਸੇ ਸਮਾਜ ਦਾ ਨੌਜਵਾਨ ਆਪਣਾ ਭਵਿੱਖ ਗੁਆਉਣ ਲੱਗ ਪਵੇ, ਤਾਂ ਨਸ਼ੇ ਉਸ ਖਾਲੀਪਨ ਵਿੱਚ ਦਾਖ਼ਲ ਹੋ ਜਾਂਦੇ ਹਨ। ਕਈ ਨੌਜਵਾਨਾਂ ਲਈ ਨਸ਼ਾ ਹੁਣ ਮੌਜ ਨਹੀਂ, ਭੱਜਣ ਦਾ ਰਸਤਾ ਬਣ ਗਿਆ ਹੈ। ਬੇਰੁਜ਼ਗਾਰੀ, ਡਿਪ੍ਰੈਸ਼ਨ, ਸਮਾਜਕ ਦਬਾਅ ਅਤੇ ਅਸਫਲਤਾਵਾਂ ਇਹ ਸਭ ਉਸ ਨੂੰ ਅੰਦਰੋਂ ਤੋੜਦੇ ਹਨ।

ਫਿਰ ਵੀ ਪੰਜਾਬ ਜ਼ਿੰਦਾ ਹੈ ਪਰ ਇਨ੍ਹਾਂ ਸਭ ਹਨੇਰਿਆਂ ਦੇ ਬਾਵਜੂਦ ਪੰਜਾਬ ਅਜੇ ਵੀ ਪੂਰੀ ਤਰ੍ਹਾਂ ਨਹੀਂ ਟੁੱਟਿਆ। ਅੱਜ ਵੀ ਪੰਜਾਬ ਦੀ ਸਭ ਤੋਂ ਵੱਡੀ ਖ਼ੂਬੀ ਇਹ ਹੈ ਕਿ ਉਹ ਹਰ ਵਾਰ ਰਾਖ਼ ਵਿੱਚੋਂ ਉੱਠਦਾ ਹੈ। ਵਿਦੇਸ਼ਾਂ ਵਿੱਚ ਬੈਠੇ ਪੰਜਾਬੀ ਅਜੇ ਵੀ ਆਪਣੇ ਪਿੰਡਾਂ ਲਈ ਪੈਸੇ ਭੇਜਦੇ ਹਨ। ਗੁਰਦੁਆਰੇ ਬਣਾਉਂਦੇ ਹਨ। ਸਕੂਲਾਂ ਦੀ ਮਦਦ ਕਰਦੇ ਹਨ। ਮਾਂ ਬੋਲੀ ਨਾਲ ਪਿਆਰ ਕਰਦੇ ਹਨ। ਇਹ ਸਾਬਤ ਕਰਦਾ ਹੈ ਕਿ ਪੰਜਾਬੀ ਸਿਰਫ਼ ਧਰਤੀ ਨਹੀਂ ਛੱਡਦਾ, ਉਹ ਉਸ ਨੂੰ ਆਪਣੇ ਅੰਦਰ ਲੈ ਕੇ ਜਾਂਦਾ ਹੈ।

ਕੈਨੇਡਾ ਦੀ ਬਰਫ਼ ਵਿੱਚ ਵੀ ਉਸ ਨੂੰ ਸਰੋਂ ਦੇ ਖੇਤ ਯਾਦ ਆਉਂਦੇ ਹਨ। ਲੰਡਨ ਦੀ ਭੀੜ ਵਿੱਚ ਵੀ ਉਸ ਨੂੰ ਪਿੰਡ ਦੀ ਚੌਪਾਲ ਯਾਦ ਆਉਂਦੀ ਹੈ। ਅਮਰੀਕਾ ਦੀਆਂ ਸੜਕਾਂ 'ਤੇ ਵੀ ਉਸ ਨੂੰ ਆਪਣੇ ਬਾਪੂ ਦੀ ਸਾਈਕਲ ਯਾਦ ਆਉਂਦੀ ਹੈ। ਇਹੀ ਉਹ ਡੋਰ ਹੈ ਜੋ ਪੰਜਾਬ ਨੂੰ ਅਜੇ ਵੀ ਜ਼ਿੰਦਾ ਰੱਖੀ ਹੋਈ ਹੈ।

ਅੱਜ ਪੰਜਾਬ ਨੂੰ ਸਿਰਫ਼ ਭਾਸ਼ਣਾਂ ਨਾਲ ਨਹੀਂ ਬਚਾਇਆ ਜਾ ਸਕਦਾ। ਇਸ ਲਈ ਡੂੰਘੇ ਬਦਲਾਅ ਦੀ ਲੋੜ ਹੈ। ਖੇਤੀ ਨੂੰ ਨਵੀਂ ਤਕਨਾਲੋਜੀ, ਨਵੇਂ ਬਾਜ਼ਾਰ ਅਤੇ ਨਵੀਆਂ ਨੀਤੀਆਂ ਨਾਲ ਜੋੜਨਾ ਪਵੇਗਾ। ਪਿੰਡਾਂ ਵਿੱਚ ਉਦਯੋਗ ਅਤੇ ਰੋਜ਼ਗਾਰ ਦੇ ਮੌਕੇ ਬਣਾਉਣੇ ਪੈਣਗੇ। ਸਿੱਖਿਆ ਨੂੰ ਸਿਰਫ਼ ਡਿਗਰੀ ਨਹੀਂ, ਹੁਨਰ ਨਾਲ ਜੋੜਨਾ ਪਵੇਗਾ ਕਿਉਂਕਿ ਕੋਈ ਵੀ ਕੌਮ ਸਿਰਫ਼ ਅਰਥਵਿਵਸਥਾ ਨਾਲ ਨਹੀਂ ਬਚਦੀ। ਉਹ ਆਪਣੀ ਆਤਮਾ ਨਾਲ ਬਚਦੀ ਹੈ। ਇੱਕ ਮਾਂ ਦੀ ਉਡੀਕ ਪੰਜਾਬ ਦੀ ਅਸਲ ਤਸਵੀਰ ਕੋਈ ਸਰਕਾਰੀ ਰਿਪੋਰਟ ਨਹੀਂ। ਉਹ ਇੱਕ ਮਾਂ ਦੀਆਂ ਅੱਖਾਂ ਹਨ। ਅੱਜ ਉਹ ਮਾਂ ਜੋ ਹਰ ਰੋਜ਼ ਆਪਣੇ ਪੁੱਤ ਦੀ ਵੀਡੀਓ ਕਾਲ ਦੀ ਉਡੀਕ ਕਰਦੀ ਹੈ।

ਉਹ ਮਾਂ ਜੋ ਰੋਟੀ ਬਣਾਉਂਦਿਆਂ ਅਚਾਨਕ ਚੁੱਪ ਹੋ ਜਾਂਦੀ ਹੈ।

ਉਹ ਮਾਂ ਜੋ ਘਰ ਦੇ ਖਾਲੀ ਕਮਰੇ ਵਿੱਚ ਜਾ ਕੇ ਕਦੇ ਕਦੇ ਰੋ ਲੈਂਦੀ ਹੈ। ਉਸ ਦੇ ਲਈ ਕੈਨੇਡਾ ਕੋਈ ਸੁਪਨਾ ਨਹੀਂ। ਉਸ ਲਈ ਉਹ ਸਿਰਫ਼ ਇੱਕ ਦੂਰੀ ਹੈ, ਜਿਸ ਨੇ ਉਸ ਦਾ ਪੁੱਤ ਉਸ ਤੋਂ ਖੋਹ ਲਿਆ ਹੈ।

ਅੱਜ ਪੰਜਾਬ ਦਾ ਨੌਜਵਾਨ ਟੁੱਟ ਰਿਹਾ ਹੈ, ਪਰ ਉਹ ਅਜੇ ਵੀ ਪੂਰੀ ਤਰ੍ਹਾਂ ਹਾਰਿਆ ਨਹੀਂ। ਉਸ ਦੇ ਅੰਦਰ ਅਜੇ ਵੀ ਇੱਕ ਪਿੰਡ ਜ਼ਿੰਦਾ ਹੈ।ਇੱਕ ਮਾਂ ਦੀ ਆਵਾਜ਼ ਜ਼ਿੰਦਾ ਹੈ। ਇੱਕ ਖੇਤ ਦੀ ਖ਼ੁਸ਼ਬੂ ਜ਼ਿੰਦਾ ਹੈ। ਇੱਕ ਬੋਲੀ ਦੀ ਮਿਠਾਸ ਜ਼ਿੰਦਾ ਹੈ। ਸਿਰਫ਼ ਉਸ ਨੂੰ ਇਹ ਯਕੀਨ ਦਿਵਾਉਣ ਦੀ ਲੋੜ ਹੈ ਕਿ ਉਸ ਦੀ ਆਪਣੀ ਧਰਤੀ ਵੀ ਉਸ ਦੇ ਸੁਪਨਿਆਂ ਨੂੰ ਪੂਰਾ ਕਰ ਸਕਦੀ ਹੈ ਕਿਉਂਕਿ ਜੇ ਨੌਜਵਾਨ ਵਾਪਸ ਆ ਗਿਆ —ਤਾਂ ਪੰਜਾਬ ਵੀ ਵਾਪਸ ਆ ਜਾਵੇਗਾ ਪਰ ਜੇ ਇਹ ਪੀੜ੍ਹੀ ਅੰਦਰੋਂ ਪੂਰੀ ਤਰ੍ਹਾਂ ਟੁੱਟ ਗਈ, ਤਾਂ ਸਿਰਫ਼ ਘਰ ਹੀ ਨਹੀਂ ਸੁੰਨੇ ਹੋਣਗੇ, ਇੱਕ ਪੂਰਾ ਸੱਭਿਆਚਾਰ ਖਾਲੀ ਹੋ ਜਾਵੇਗੀ।

ਅੱਖਾਂ ਵਿਚ ਕੈਨੇਡਾ ਵੱਸਦਾ,
ਦਿਲ ਵਿਚ ਪਿੰਡ ਦੀ ਮਿੱਟੀ,
ਸੂਟਕੇਸਾਂ ਵਿੱਚ ਬੰਦ ਹੋ ਗਈਆਂ ਬਚਪਨ ਵਾਲੀਆਂ ਚਿੱਠੀਆਂ।
ਮਾਂ ਦੇ ਹੱਥਾਂ ਦੀ ਰੋਟੀ ਅਜੇ ਵੀ ਸੁਪਨਿਆਂ ਵਿੱਚ ਆਉਂਦੀ ਏ,
ਬਰਫ਼ੀਲੇ ਸ਼ਹਿਰਾਂ ਵਿੱਚ ਵੀ ਉਸ ਨੂੰ ਸਰੋਂ ਯਾਦ ਆਉਂਦੀ ਏ।
ਉੱਡ ਗਿਆ ਹੈ ਦੂਰ ਬਹੁਤ ਉਹ ਆਪਣੇ ਘਰ ਦੀ ਛੱਤ ਤੋਂ,
ਪਰ ਅੰਦਰ ਅਜੇ ਵੀ ਬੈਠਾ ਇੱਕ ਪੰਜਾਬ ਧੜਕਦਾ ਏ।
ਕੋਈ ਉਸ ਨੂੰ ਆਖੇ —
ਧਰਤੀ ਅਜੇ ਵੀ ਤੇਰੀ ਉਡੀਕ ਕਰਦੀ ਏ।

# ਕੀ ਹੈ ਨਸ਼ੇ ਦੀ ਜੜ੍ਹ ਅਤੇ ਇਸਨੂੰ ਕਿਵੇਂ ਖਤਮ ਕਰਨਾ ਹੈ ?



ਦਿਨੇਸ਼ ਕੁਮਾਰ
ਲੈਕਚਰਾਰ ਫ਼ਿਜ਼ਿਕਸ
ਸ. ਵਿਕਟੋਰੀਆ ਕੰਨਿਆ ਸੀਨੀ. ਸੈਕੰ. ਸਕੂਲ, ਪਟਿਆਲਾ



ਸਤਨਾਮ ਸਿੰਘ
ਸਰਕਾਰੀ ਪ੍ਰਾਇਮਰੀ ਸਕੂਲ ਜਾਤੀਵਾਲ, ਬਲਾਕ ਭਾਦਸੋਂ 2
ਪਟਿਆਲਾ

ਅੱਜ ਦਾ ਭਾਰਤ ਤੇਜ਼ੀ ਨਾਲ ਸਾਇੰਸ, ਟੈਕਨੋਲੋਜੀ, ਸਿੱਖਿਆ ਅਤੇ ਵਿਕਾਸ ਵੱਲ ਵਧ ਰਿਹਾ ਹੈ, ਪਰ ਇਸ ਤਰੱਕੀ ਦੇ ਵਿਚਕਾਰ ਇੱਕ ਭਿਆਨਕ ਸਮੱਸਿਆ ਵੀ ਫੈਲ ਰਹੀ ਹੈ ਜੋ ਸਮਾਜ ਦੀ ਨੀਂਹ ਨੂੰ ਖੋਖਲਾ ਕਰ ਰਹੀ ਹੈ। ਸ਼ਰਾਬ, ਤੰਬਾਕੂ, ਚਿੱਟਾ, ਅਫੀਮ, ਗਾਂਜਾ, ਸਿੰਥੈਟਿਕ ਡਰੱਗਜ਼ ਅਤੇ ਨਸ਼ੀਲੇ ਪਦਾਰਥਾਂ ਦੀਆਂ ਗੋਲੀਆਂ ਦੀ ਵੱਧ ਰਹੀ ਵਰਤੋਂ ਨਾ ਸਿਰਫ ਇੱਕ ਵਿਅਕਤੀਗਤ ਆਦਤ ਹੈ, ਬਲਕਿ ਹੁਣ ਇਹ ਇੱਕ ਸਮਾਜਿਕ, ਆਰਥਿਕ ਅਤੇ ਮਾਨਸਿਕ ਮਹਾਂਮਾਰੀ ਦਾ ਰੂਪ ਲੈ ਚੁੱਕੀ ਹੈ।

ਅੱਜ ਨਸ਼ਾ ਆਪਣੀਆਂ ਜੜ੍ਹਾਂ ਪਿੰਡਾਂ ਤੋਂ ਲੈ ਕੇ ਸ਼ਹਿਰਾਂ ਤੱਕ, ਗ਼ਰੀਬਾਂ ਤੋਂ ਲੈ ਕੇ ਅਮੀਰਾਂ ਤੱਕ ਅਤੇ ਨੌਜਵਾਨਾਂ ਤੋਂ ਲੈ ਕੇ ਕਿਸ਼ੋਰਾਂ ਤੱਕ ਫੈਲ ਚੁੱਕਾ ਹੈ। ਸਭ ਤੋਂ ਚਿੰਤਾਜਨਕ ਗੱਲ ਇਹ ਹੈ ਕਿ ਯੁਵਾ ਸ਼ਕਤੀ, ਜਿਸ ਨੂੰ ਦੇਸ਼ ਦਾ ਭਵਿੱਖ ਕਿਹਾ ਜਾਂਦਾ ਹੈ, ਅੱਜ ਨਸ਼ਿਆਂ ਦੇ ਜਾਲ ਵਿੱਚ ਸਭ ਤੋਂ ਵੱਧ ਫਸ ਗਈ ਹੈ।

ਨਸ਼ੀਲੇ ਪਦਾਰਥ ਮਹਾਂਮਾਰੀ ਕਿਉਂ ਬਣ ਰਹੇ ਹਨ: ਇਹ ਸਮੱਸਿਆ ਅਚਾਨਕ ਪੈਦਾ ਨਹੀਂ ਹੋਈ। ਇਸ ਦੇ ਬਹੁਤ ਸਾਰੇ ਸਮਾਜਿਕ, ਆਰਥਿਕ ਅਤੇ ਰਾਜਨੀਤਕ ਕਾਰਨ ਹਨ।

1.ਬੇਰੁਜ਼ਗਾਰੀ ਅਤੇ ਨਿਰਾਸ਼ਾ: ਜੋ ਨੌਜਵਾਨਾਂ ਨੂੰ ਸਿੱਖਿਆ ਤੋਂ ਬਾਅਦ ਰੁਜ਼ਗਾਰ ਨਹੀਂ ਮਿਲਦਾ, ਤਾਂ ਉਨ੍ਹਾਂ ਦਾ ਤਣਾਅ ਅਤੇ ਨਿਰਾਸ਼ਾ ਵਧ ਜਾਂਦੀ ਹੈ। ਬਹੁਤ ਸਾਰੇ ਨੌਜਵਾਨ ਗਲਤ ਸੰਗਤ ਵਿੱਚ ਪੈ ਜਾਂਦੇ ਹਨ ਅਤੇ ਨਸ਼ਿਆਂ ਨੂੰ 'ਤਣਾਅ ਤੋਂ ਰਾਹਤ' ਮੰਨਦੇ ਹਨ। ਹੌਲੀ-ਹੌਲੀ ਇਹ ਇੱਕ ਆਦਤ ਬਣ ਜਾਂਦੀ ਹੈ। ਇਹ ਇੱਕ ਨਸ਼ਾ ਬਣ ਜਾਂਦਾ ਹੈ।

2.ਅਣਉਚਿਤ ਸੰਗਤ ਅਤੇ ਸਮਾਜਿਕ ਦਬਾਅ: ਨੌਜਵਾਨ ਅਕਸਰ ਦੋਸਤਾਂ ਦੇ ਦਬਾਅ ਹੇਠ ਪਹਿਲੀ ਵਾਰ ਨਸ਼ਾ ਕਰਨ ਦਾ ਕਾਰਨ ਬਣਦੇ ਹਨ। ਇਹ ਸੋਚਣਾ ਕਿ 'ਇੱਕ ਵਾਰ ਕੀ ਹੋਵੇਗਾ' ਹੌਲੀ-ਹੌਲੀ ਜ਼ਿੰਦਗੀ ਨੂੰ ਤਬਾਹ ਕਰ ਦਿੰਦਾ ਹੈ।

3.ਫਿਲਮ ਅਤੇ ਸੋਸ਼ਲ ਮੀਡੀਆ: ਕੁਝ ਫਿਲਮਾਂ, ਗਾਣੇ ਅਤੇ ਡਿਜੀਟਲ ਸਮੱਗਰੀ ਨਸ਼ਾ ਨੂੰ ਇੱਕ 'ਸਟਾਈਲ' ਅਤੇ 'ਕੂਲ' ਜੀਵਨ ਸ਼ੈਲੀ ਵਜੋਂ ਦਰਸਾਉਂਦੀਆਂ ਹਨ। ਕਿਸ਼ੋਰ ਜਲਦੀ ਪ੍ਰਭਾਵਿਤ ਹੁੰਦੇ ਹਨ ਅਤੇ ਅਸਲੀਅਤ ਨੂੰ ਨਹੀਂ ਸਮਝਦੇ।

4.ਪਰਿਵਾਰਕ ਤਣਾਅ: ਘਰ ਵਿੱਚ ਲੜਾਈਆਂ, ਟੁੱਟੇ ਰਿਸ਼ਤੇ, ਮਾਪਿਆਂ ਦਾ ਘੱਟ ਧਿਆਨ ਅਤੇ ਭਾਵਨਾਤਮਕ ਇਕੱਲਤਾ ਵੀ ਨੌਜਵਾਨਾਂ ਨੂੰ ਨਸ਼ਾ ਕਰਨ ਵੱਲ ਧੱਕਦੀ ਹੈ।

5.ਆਸਾਨੀ ਨਾਲ ਪਹੁੰਚਯੋਗ: ਬਹੁਤ ਸਾਰੇ ਖੇਤਰਾਂ ਵਿੱਚ ਦਵਾਈਆਂ ਅਸਾਨੀ ਨਾਲ ਉਪਲਬਧ ਹਨ। ਗ਼ੈਰ-ਕਾਨੂੰਨੀ ਤਸਕਰੀ ਅਤੇ ਕਮਜ਼ੋਰ ਨਿਗਰਾਨੀ ਸਮੱਸਿਆ ਨੂੰ ਹੋਰ ਗੰਭੀਰ ਬਣਾਉਂਦੀ ਹੈ।

ਨਸ਼ਾ ਕਰਨ ਦੇ ਭਿਆਨਕ ਨਤੀਜੇ:

ਨਸ਼ਾ ਸਿਰਫ਼ ਵਿਅਕਤੀ ਨੂੰ ਹੀ ਪ੍ਰਭਾਵਿਤ ਨਹੀਂ ਕਰਦਾ ਬਲਕਿ ਇਹ ਪੂਰੇ ਪਰਿਵਾਰ ਨੂੰ ਪ੍ਰਭਾਵਿਤ ਕਰਦਾ ਹੈ।ਨਸ਼ਾ ਸਰੀਰ ਨੂੰ ਅੰਦਰੋਂ ਨਸ਼ਟ ਕਰ ਦਿੰਦਾ ਹੈ। ਇਹ ਦਿਲ, ਦਿਮਾਗ, ਗੁਰਦੇ ਅਤੇ ਫੇਫੜਿਆਂ ਨੂੰ ਪ੍ਰਭਾਵਿਤ ਕਰਦਾ ਹੈ। ਮਾਨਸਿਕ ਬਿਮਾਰੀ, ਉਦਾਸੀ, ਚਿੰਤਾ ਅਤੇ ਯਾਦਦਾਸ਼ਤ ਕਮਜ਼ੋਰੀ ਵੀ ਵਧੇਗੀ।

1.ਵਾਰ-ਵਾਰ ਪਰਿਵਾਰਾਂ ਦੇ ਟੁੱਟਣ: ਨਸ਼ਾ ਕਰਨ ਵਾਲਾ ਵਿਅਕਤੀ ਪਰਿਵਾਰਕ ਜ਼ਿੰਮੇਵਾਰੀਆਂ ਤੋਂ ਦੂਰ ਹੋ ਜਾਂਦਾ ਹੈ। ਘਰੇਲੂ ਹਿੰਸਾ, ਵਿੱਤੀ ਸੰਕਟ ਅਤੇ ਰਿਸ਼ਤਿਆਂ ਵਿੱਚ ਤਣਾਅ ਵਧਣਾ ਸ਼ੁਰੂ ਹੋ ਜਾਂਦਾ ਹੈ।

2.ਅਪਰਾਧ ਵਿੱਚ ਵਾਧਾ: ਚੋਰੀ, ਹਿੰਸਾ, ਸੜਕ ਹਾਦਸਿਆਂ ਅਤੇ ਕਈ ਗੰਭੀਰ ਅਪਰਾਧਾਂ ਪਿੱਛੇ ਨਸ਼ੇ ਦੀ ਭੂਮਿਕਾ ਵੇਖੀ ਜਾਂਦੀ ਹੈ। ਸ਼ਰਾਬ ਮਨੁੱਖ ਦੀ ਸੋਚਣ ਦੀ ਸਮਰੱਥਾ ਨੂੰ ਕਮਜ਼ੋਰ ਕਰਦੀ ਹੈ।ਨੌਜਵਾਨਾਂ ਦਾ ਭਵਿੱਖ ਧੁੰਦਲਾ ਹੈ, ਜੋ ਨੌਜਵਾਨ ਡਾਕਟਰ, ਇੰਜੀਨੀਅਰ, ਅਧਿਆਪਕ ਜਾਂ ਸਿਪਾਹੀ ਬਣ ਸਕਦੇ ਸਨ, ਉਹ ਨਸ਼ਿਆਂ ਦੀ ਪਕਡ ? ਵਿੱਚ ਆਪਣੀ ਜ਼ਿੰਦਗੀ ਬਰਬਾਦ ਕਰਦੇ ਹਨ। ਇਹ ਸਿਰਫ਼ ਇੱਕ ਨਿੱਜੀ ਨੁਕਸਾਨ ਨਹੀਂ ਹੈ, ਬਲਕਿ ਰਾਸ਼ਟਰ ਦੀ ਸ਼ਕਤੀ ਦਾ ਨੁਕਸਾਨ ਹੈ।

ਪੰਜਾਬ ਅਤੇ ਹੋਰ ਰਾਜਾਂ ਦੀਆਂ ਚੁਣੌਤੀਆਂ: ਭਾਰਤ ਦੇ ਕਈ ਹਿੱਸਿਆਂ ਵਿੱਚ ਸ਼ਰਾਬ ਇੱਕ ਗੰਭੀਰ ਸਮੱਸਿਆ ਹੈ। ਨਸ਼ੀਲੇ ਪਦਾਰਥਾਂ ਦੀ ਤਸਕਰੀ, ਖਾਸ ਕਰਕੇ ਸਰਹੱਦੀ ਖੇਤਰਾਂ ਵਿੱਚ, ਨੇ ਸਮਾਜ ਨੂੰ ਡੂੰਘਾ ਨੁਕਸਾਨ ਪਹੁੰਚਾਇਆ ਹੈ। ਹੁਣ ਪਿੰਡਾਂ ਵਿੱਚ ਵੀ ਨਸ਼ਾ ਤੇਜ਼ੀ ਨਾਲ ਫੈਲ ਰਿਹਾ ਹੈ। ਕਈ ਪਰਿਵਾਰ ਆਪਣੇ ਬੱਚਿਆਂ ਨੂੰ ਬਚਾਉਣ ਲਈ ਸੰਘਰਸ਼ ਕਰ ਰਹੇ ਹਨ। ਇਹ ਸਿਰਫ਼ ਕਾਨੂੰਨ ਵਿਵਸਥਾ ਦਾ ਸਵਾਲ ਨਹੀਂ ਹੈ ਬਲਕਿ ਸਮਾਜਿਕ ਚੇਤਨਾ ਦਾ ਸਵਾਲ ਹੈ।

ਨਸ਼ਾ ਛੁਡਾਉਣ ਦੇ ਤਰੀਕੇ

1. ਜਾਗਰੂਕਤਾ ਮੁਹਿੰਮ: ਸਕੂਲਾਂ, ਕਾਲਜਾਂ ਅਤੇ ਪਿੰਡਾਂ ਵਿੱਚ ਜਾਗਰੂਕਤਾ ਮੁਹਿੰਮਾਂ ਚਲਾਈਆਂ ਜਾਣਗੀਆਂ। ਨੌਜਵਾਨਾਂ ਨੂੰ ਨਸ਼ਿਆਂ ਦੇ ਅਸਲ ਮਾੜੇ ਪ੍ਰਭਾਵਾਂ ਨੂੰ ਸਮਝਣਾ ਹੋਵੇਗਾ।

2. ਪਰਿਵਾਰ ਦੀ ਭੂਮਿਕਾ: ਮਾਪਿਆਂ ਨੂੰ ਬੱਚੇ ਦੇ ਵਿਵਹਾਰ, ਦੋਸਤਾਂ ਅਤੇ ਮਾਨਸਿਕ ਸਥਿਤੀ ਵੱਲ ਧਿਆਨ ਦੇਣਾ ਚਾਹੀਦਾ ਹੈ। ਬੱਚਿਆਂ ਨਾਲ ਗੱਲਬਾਤ ਕਰਨਾ ਬਹੁਤ ਜ਼ਰੂਰੀ ਹੈ।

3.ਖੇਡ ਅਤੇ ਸਕਾਰਾਤਮਕ: ਨੌਜਵਾਨਾਂ ਲਈ ਖੇਡ ਗਤੀਵਿਧੀਆਂ,ਕਲਾ, ਸੰਗੀਤ ਅਤੇ ਸਮਾਜਿਕ ਕਾਰਜਾਂ ਨੂੰ ਜੋੜਿਆ ਜਾਣਾ ਚਾਹੀਦਾ ਹੈ ਤਾਂ ਜੋ ਉਨ੍ਹਾਂ ਦੀ ਊਰਜਾ ਸਹੀ ਦਿਸ਼ਾ ਵਿੱਚ ਜਾਵੇ।

4.ਸਖ਼ਤ ਕਾਨੂੰਨ ਅਤੇ ਨਿਯਮ: ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।

5.ਪੁਨਰਵਾਸ ਕੇਂਦਰਾਂ ਦਾ ਵਿਸਤਾਰ: ਜੋ ਲੋਕ ਨਸ਼ੇ ਦੇ ਸ਼ਿਕਾਰ ਹੋ ਗਏ ਹਨ, ਉਨ੍ਹਾਂ ਦਾ ਇਲਾਜ ਕੀਤਾ ਜਾਣਾ ਚਾਹੀਦਾ ਹੈ ਅਤੇ ਉਨ੍ਹਾਂ ਨੂੰ ਮਰੀਜ਼ ਮੰਨਿਆ ਜਾਣਾ ਚਾਹੀਦਾ ਹੈ ਨਾ ਕਿ ਅਪਰਾਧੀ।ਪੁਨਰਵਾਸ ਕੇਂਦਰਾਂ ਦੀ ਗਿਣਤੀ ਅਤੇ ਗੁਣਵੱਤਾ ਵਧਾਉਣੀ ਪਵੇਗੀ।

6.ਨੌਜਵਾਨਾਂ ਦੀ ਜ਼ਿੰਮੇਵਾਰੀ: ਜੇ ਨੌਜਵਾਨ ਇਹ ਤੈਅ ਕਰ ਲੈਣ ਕਿ ਉਹ ਨਸ਼ਿਆਂ ਤੋਂ ਦੂਰ ਰਹਿਣਗੇ ਅਤੇ ਦੂਜਿਆਂ ਨੂੰ ਵੀ ਬਚਾ ਲੈਣਗੇ, ਤਾਂ ਸਮਾਜ ਵਿੱਚ ਵੱਡੀ ਤਬਦੀਲੀ ਆ ਸਕਦੀ ਹੈ। ਇੱਕ ਚੇਤੰਨ ਨੌਜਵਾਨ ਨਾ ਸਿਰਫ ਆਪਣੀ ਰੱਖਿਆ ਕਰਦਾ ਹੈ, ਬਲਕਿ ਆਪਣੇ ਪਰਿਵਾਰ ਅਤੇ ਸਮਾਜ ਨੂੰ ਵੀ ਸੁਰੱਖਿਅਤ ਕਰਦਾ ਹੈ।

**ਸਿੱਟਾ:** ਨਸ਼ਾ ਸਿਰਫ਼ ਇੱਕ ਆਦਤ ਨਹੀਂ ਹੈ, ਬਲਕਿ ਇੱਕ ਮਹਾਮਾਰੀ ਹੈ ਜੋ ਸਮਾਜ ਦੀ ਭਾਵਨਾ ਨੂੰ ਕਮਜ਼ੋਰ ਕਰ ਰਹੀ ਹੈ। ਜੇਕਰ ਸਮੇਂ ਸਿਰ ਇਸ ਨੂੰ ਨਹੀਂ ਰੋਕਿਆ ਗਿਆ ਤਾਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਇਸ ਦੀ ਭਾਰੀ ਕੀਮਤ ਚੁਕਾਉਣੀ ਪਵੇਗੀ। ਸਰਕਾਰ ਨੂੰ, ਸਮਾਜ ਨੂੰ, ਪਰਿਵਾਰ ਨੂੰ, ਸਕੂਲ ਨੂੰ, ਨੌਜਵਾਨਾਂ ਨੂੰ ਮਿਲ ਕੇ ਇਸ ਲਡ ?ਾਈ ਨੂੰ ਲੜਨਾ ਹੈ। ਜਾਗਰੂਕਤਾ, ਸਿੱਖਿਆ, ਪਿਆਰ, ਅਨੁਸ਼ਾਸਨ ਅਤੇ ਸਖ਼ਤ ਕਾਨੂੰਨਾਂ ਰਾਹੀਂ ਹੀ ਅਸੀਂ ਨਸ਼ਿਆਂ ਨੂੰ ਜੜ੍ਹੋਂ ਖਤਮ ਕਰ ਸਕਦੇ ਹਾਂ। ਇੱਕ ਸਿਹਤਮੰਦ ਅਤੇ ਮਜ਼ਬੂਤ ਭਾਰਤ ਲਈ ਇਹ ਜ਼ਰੂਰੀ ਹੈ ਕਿ ਨੌਜਵਾਨ ਨਸ਼ਿਆਂ ਦੀ ਬਜਾਏ ਸੁਪਨਿਆਂ ਨਾਲ ਜੁੜੇ ਹਨ।



ਵਿੰਕਲਜੀਤ ਸਿੰਘ ਸਰਾ
9501477889

## ਅੱਖੀਂ ਦੇਖੀ ਹਕੀਕਤ ਰਿਸ਼ਤਿਆਂ ਦਾ ਕਤਲ, ਅਦਾਲਤੀ ਫਟਕਾਰ ਅਤੇ ਅਵਾਰਾ ਦਹਿਸ਼ਤ ਦਾ ਸਮਾਜਿਕ ਪਾਖੰਡ

# ਜਿੱਥੇ ਜਨਮਦਾਤੇ ਬਿਰਧ ਆਸ਼ਰਮਾਂ ਦੀਆਂ ਚਾਰ ਦੀਵਾਰੀਆਂ 'ਚ ਰੋਏ, ਉਥੇ ਗਲੀਆਂ ਦੇ ਕੁੱਤੇ 'ਪਰਿਵਾਰ' ਹੋਏ

**ਆਧੁਨਿਕਤਾ ਦੇ ਮੋੜ 'ਤੇ ਖੜ੍ਹੀ ਅੰਨ੍ਹੀ ਮਾਨਸਿਕਤਾ** : ਅੱਜ ਦਾ ਮਨੁੱਖ ਵਿਗਿਆਨ, ਆਰਥਿਕ ਤਰੱਕੀ, ਕਾਨੂੰਨੀ ਬਾਰੀਕੀਆਂ ਅਤੇ ਆਧੁਨਿਕਤਾ ਦੇ ਉਸ ਉੱਚੇ ਮੁਕਾਮ 'ਤੇ ਪਹੁੰਚ ਚੁੱਕਾ ਹੈ, ਜਿੱਥੇ ਉਹ ਹਰ ਰੋਜ਼ ਸਫ਼ਲਤਾ ਦੀਆਂ ਨਵੀਆਂ ਇਬਾਰਤਾਂ ਲਿਖ ਰਿਹਾ ਹੈ। ਪਰ ਜਦੋਂ ਮੈਂ ਸਮਾਜ ਦੇ ਅੰਦਰੂਨੀ ਤਾਣੇ-ਬਾਣੇ, ਬਦਲਦੀ ਮਾਨਸਿਕਤਾ ਅਤੇ ਟੁੱਟ ਰਹੀਆਂ ਨੈਤਿਕ ਕਦਰਾਂ-ਕੀਮਤਾਂ ਨੂੰ ਬਹੁਤ ਨੇੜਿਓਂ ਦੇਖਦਾ ਹਾਂ, ਤਾਂ ਇੱਕ ਬਹੁਤ ਹੀ ਚਿੰਤਾਜਨਕ ਅਤੇ ਭਿਆਨਕ ਤਸਵੀਰ ਸਾਹਮਣੇ ਆਉਂਦੀ ਹੈ। ਅਸੀਂ ਬਾਹਰੀ ਤੌਰ 'ਤੇ ਜਿੰਨੇ ਆਧੁਨਿਕ, ਪੜ੍ਹੇ-ਲਿਖੇ ਅਤੇ ਸੱਭਿਅਕ ਹੋਣ ਦਾ ਦਾਅਵਾ ਕਰ ਰਹੇ ਹਾਂ, ਅੰਦਰੂਨੀ ਤੌਰ 'ਤੇ ਸ਼ਾਇਦ ਉਨੇ ਹੀ ਖੋਖਲੇ, ਸੁਆਰਥੀ ਅਤੇ ਸੰਵੇਦਨਹੀਣ ਹੋ ਰਹੇ ਹਾਂ। ਅੱਜ ਸਾਡਾ ਸਮਾਜ ਇੱਕ ਅਜਿਹੇ ਅਜੀਬ ਅਤੇ ਖ਼ਤਰਨਾਕ ਦੋਰਾਹੇ 'ਤੇ ਖੜ੍ਹਾ ਹੈ, ਜਿੱਥੇ ਇਨਸਾਨੀਅਤ ਦੀ ਅਸਲ ਪਰਿਭਾਸ਼ਾ ਨੂੰ ਹੀ ਬਦਲ ਦਿੱਤਾ ਗਿਆ ਹੈ। ਇੱਕ ਪਾਸੇ ਸਾਡੇ ਘਰਾਂ ਦੇ ਬਜ਼ੁਰਗ, ਜਿਨ੍ਹਾਂ ਨੇ ਆਪਣੀ ਪੂਰੀ ਜ਼ਿੰਦਗੀ, ਆਪਣੀ ਜਵਾਨੀ, ਆਪਣੀ ਕਮਾਈ ਅਤੇ ਆਪਣੇ ਸੁਪਨੇ ਬੱਚਿਆਂ ਦੇ ਭਵਿੱਖ ਨੂੰ ਸੁਆਰਨ ਲਈ ਕੁਰਬਾਨ ਕਰ ਦਿੱਤੇ, ਉਹ ਬੁਢਾਪੇ ਦੇ ਇਸ ਦੌਰ ਵਿੱਚ ਇਕੱਲੇਪਣ, ਮਾਨਸਿਕ ਪੀੜਾ, ਬੇਇੱਜ਼ਤੀ ਅਤੇ ਉਪੇਖਿਆ ਦਾ ਸ਼ਿਕਾਰ ਹੋ ਕੇ ਬਿਰਧ ਆਸ਼ਰਮਾਂ ਵਿੱਚ ਦਿਨ ਕੱਟ ਰਹੇ ਹਨ ਜਾਂ ਫਿਰ ਆਪਣੇ ਹੀ ਘਰ ਵਿੱਚ ਇੱਕ ਕਮਰੇ ਲਈ ਅਦਾਲਤਾਂ ਦੇ ਧੱਕੇ ਖਾ ਰਹੇ ਹਨ। ਦੂਜੇ ਪਾਸੇ, ਉਸੇ ਸਮਾਜ ਦੇ ਕਈ ਲੋਕ ਸੜਕਾਂ 'ਤੇ ਘੁੰਮਦੇ ਆਵਾਰਾ ਕੁੱਤਿਆਂ ਅਤੇ ਪਸ਼ੂਆਂ ਲਈ ਇਸ ਤਰ੍ਹਾਂ ਦੀ ਵਫ਼ਾਦਾਰੀ ਅਤੇ ਹਮਦਰਦੀ ਦਿਖਾਉਂਦੇ ਹਨ, ਜਿਵੇਂ ਉਹੀ ਦੁਨੀਆ ਦੀ ਸਭ ਤੋਂ ਵੱਡੀ ਇਨਸਾਨੀਅਤ ਹੋਵੇ। ਇਹ ਅਜਿਹੀ ਨੈਤਿਕਤਾ ਹੈ ਜੋ ਸਵਾਲ ਖੜ੍ਹੇ ਕਰਦੀ ਹੈ ਕਿ ਕੀ ਅਸੀਂ ਸੱਚਮੁੱਚ ਦਿਆਲੂ ਹੋ ਰਹੇ ਹਾਂ ਜਾਂ ਫਿਰ ਅਸੀਂ ਸਿਰਫ਼ ਦਿਖਾਵੇ, ਪਖੰਡ, ਅੰਧਵਿਸ਼ਵਾਸ ਅਤੇ ਸੋਸ਼ਲ ਮੀਡੀਆ ਵਾਲੀ 'ਸਸਤੀ ਹਮਦਰਦੀ' ਦੇ ਗੁਲਾਮ ਬਣ ਚੁੱਕੇ ਹਾਂ? ਇਨਸਾਨੀਅਤ ਦੀ ਇਸ ਬੇਕਦਰੀ ਅਤੇ ਅਵਾਰਾ ਜਾਨਵਰਾਂ ਪ੍ਰਤੀ ਅੰਨ੍ਹੀ ਵਫ਼ਾਦਾਰੀ ਨੇ ਅੱਜ ਸਾਡੇ ਸੱਭਿਆਚਾਰ ਨੂੰ ਇੱਕ ਬਹੁਤ ਵੱਡੀ ਚੁਣੌਤੀ ਦਿੱਤੀ ਹੈ।

**ਹਾਈਕੋਰਟ ਦੀ ਸਖ਼ਤ ਫਟਕਾਰ; ਮਾਪਿਆਂ ਦੀ ਦੇਖਭਾਲ ਕਾਨੂੰਨ ਨਹੀਂ, ਪਵਿੱਤਰ ਫ਼ਰਜ਼** : ਸਮਾਜਿਕ ਗਿਰਾਵਟ ਦੀ ਜਿਉਂਦੀ-ਜਾਗਦੀ ਮਿਸਾਲ ਹਾਲ ਹੀ ਵਿੱਚ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਸਾਹਮਣੇ ਆਏ ਇੱਕ ਮਾਮਲੇ ਤੋਂ ਮਿਲਦੀ ਹੈ, ਜਿੱਥੇ ਅਦਾਲਤ ਨੂੰ ਇੱਕ ਬਿਰਧ ਮਾਂ ਦੇ ਹੱਕ ਵਿੱਚ ਖੜ੍ਹੇ ਹੋਣਾ ਪਿਆ। ਇੱਕ ਪੁੱਤਰ, ਜਿਸ ਨੂੰ ਉਸਦੀ ਮਾਂ ਨੇ ਪਾਲ-ਪੋਸ ਕੇ ਵੱਡਾ ਕੀਤਾ, ਉਸਨੇ ਉਸੇ ਮਾਂ ਨੂੰ ਘਰ ਵਿੱਚ ਰਹਿਣ ਲਈ ਇੱਕ ਕਮਰਾ ਦੇਣ ਤੋਂ ਵੀ ਇਨਕਾਰ ਕਰ ਦਿੱਤਾ। ਹਾਈਕੋਰਟ ਦੇ ਜਸਟਿਸ ਕੁਲਦੀਪ ਤਿਵਾਰੀ ਨੇ ਇਸ ਗੈਰ-ਇਨਸਾਨੀ ਵਿਵਹਾਰ 'ਤੇ ਸਖ਼ਤ ਰੁਖ ਅਖ਼ਤਿਆਰ ਕਰਦਿਆਂ ਪੁੱਤਰ ਨੂੰ ਭਾਰੀ ਫਟਕਾਰ ਲਗਾਈ ਅਤੇ ਉਸ 'ਤੇ 50 ਹਜ਼ਾਰ ਰੁਪਏ ਦਾ ਜੁਰਮਾਨਾ ਠੋਕਿਆ। ਅਦਾਲਤ ਨੇ ਬਹੁਤ ਹੀ ਭਾਵੁਕ ਅਤੇ ਇਤਿਹਾਸਕ ਟਿੱਪਣੀ ਕਰਦਿਆਂ ਕਿਹਾ ਕਿ ਜੇਕਰ ਕਿਸੇ ਮਾਂ ਨੂੰ ਆਪਣੇ ਹੀ ਮਰਹੂਮ ਪਤੀ ਦੇ ਬਣਾਏ 14 ਮਰਲੇ ਦੇ ਘਰ ਵਿੱਚ ਰਹਿਣ ਲਈ ਕਾਨੂੰਨ ਦਾ ਸਹਾਰਾ ਲੈਣਾ ਪਵੇ, ਤਾਂ ਇਸ ਤੋਂ ਵੱਧ ਦੁਖਦਾਈ ਗੱਲ ਸਮਾਜ ਲਈ ਹੋਰ ਕੋਈ ਨਹੀਂ ਹੋ ਸਕਦੀ। ਅਦਾਲਤ ਨੇ ਸਾਡੇ ਪ੍ਰਾਚੀਨ ਗ੍ਰੰਥਾਂ ਦੇ ਮਹਾਨ ਵਾਕ 'ਮਾਤ੍ਰਿ ਦੇਵੋ ਭਵ, ਪਿਤ੍ਰਿ ਦੇਵੋ ਭਵ' (ਮਾਤਾ-ਪਿਤਾ ਦੇਵਤਿਆਂ ਸਮਾਨ ਹਨ) ਦਾ ਹਵਾਲਾ ਦਿੰਦਿਆਂ ਸਪੱਸ਼ਟ ਕੀਤਾ ਕਿ ਭਾਰਤੀ ਸੰਸਕ੍ਰਿਤੀ ਵਿੱਚ ਮਾਪਿਆਂ ਦੀ ਸੇਵਾ ਕਰਨਾ ਸੰਤਾਨ ਦਾ ਸਭ ਤੋਂ ਵੱਡਾ ਅਤੇ ਪਹਿਲਾ ਫ਼ਰਜ਼ ਹੈ। ਹਾਈਕੋਰਟ ਨੇ ਲੁਧਿਆਣਾ ਟ੍ਰਿਬਿਊਨਲ ਦੇ ਉਸ ਫੈਸਲੇ ਨੂੰ ਬਰਕਰਾਰ ਰੱਖਿਆ, ਜਿਸ ਵਿੱਚ ਪੁੱਤਰ ਨੂੰ ਹੁਕਮ ਦਿੱਤਾ ਗਿਆ ਸੀ ਕਿ ਉਹ ਮਾਂ ਲਈ ਗਰਾਊਂਡ ਫਲੋਰ 'ਤੇ ਕਮਰਾ ਖਾਲੀ ਕਰੇ, ਤਿੰਨ ਮਹੀਨਿਆਂ ਵਿੱਚ ਵੱਖਰਾ ਗੁਸਲਖਾਨਾ ਬਣਵਾ ਕੇ ਦੇਵੇ ਅਤੇ ਸਾਰੀਆਂ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਏ। ਇਹ ਮਾਮਲਾ ਇਸ ਗੱਲ ਦਾ ਸਬੂਤ ਹੈ ਕਿ ਸਾਡਾ ਮੌਜੂਦਾ ਸਮਾਜ ਨੈਤਿਕ ਅਤੇ ਸੱਭਿਆਚਾਰਕ ਪੱਖੋਂ ਕਿਸ ਕਦਰ ਖੋਖਲਾ ਹੋ ਚੁੱਕਾ ਹੈ ਕਿ ਹੁਣ ਮਾਪਿਆਂ ਨੂੰ ਰੋਟੀ ਅਤੇ ਕਮਰੇ ਵਰਗੀਆਂ ਬੁਨਿਆਦੀ ਲੋੜਾਂ ਲਈ ਵੀ ਅਦਾਲਤੀ ਹੁਕਮਾਂ ਦੀ ਲੋੜ ਪੈ ਰਹੀ ਹੈ। ਜਸਟਿਸ ਤਿਵਾਰੀ ਨੇ ਬਿਲਕੁਲ ਸਹੀ ਕਿਹਾ ਕਿ ਮਾਪਿਆਂ ਦੀ ਦੇਖਭਾਲ ਸਿਰਫ਼ ਇੱਕ ਕਾਨੂੰਨੀ ਦਾਇਰਾ ਨਹੀਂ, ਸਗੋਂ ਇਹ ਇੱਕ ਪਰਮ ਨੈਤਿਕ ਅਤੇ ਪਵਿੱਤਰ ਜ਼ਿੰਮੇਵਾਰੀ ਹੈ ਜਿਸ ਤੋਂ ਕੋਈ ਵੀ ਔਲਾਦ ਮੁਨਕਰ ਨਹੀਂ ਹੋ ਸਕਦੀ।

**ਖੇਤੀਬਾੜੀ ਪਿਛੋਕੜ, ਜੀਵ-ਪ੍ਰੇਮ ਅਤੇ ਅਸਲੀ ਜ਼ਿੰਮੇਵਾਰੀ ਦਾ ਸੱਚ** : ਇਸ ਗੰਭੀਰ ਸਮਾਜਿਕ ਵਿਰੋਧਾਭਾਸ 'ਤੇ ਅੱਗੇ ਗੱਲ ਕਰਨ ਤੋਂ ਪਹਿਲਾਂ ਮੈਂ ਆਪਣਾ ਨਿੱਜੀ ਪਿਛੋਕੜ ਸਾਂਝਾ ਕਰਨਾ ਬਹੁਤ ਜ਼ਰੂਰੀ ਸਮਝਦਾ ਹਾਂ ਤਾਂ ਜੋ ਕੋਈ ਮੇਰੀ ਗੱਲ ਦਾ ਗਲਤ ਮਤਲਬ ਨਾ ਕੱਢੇ। ਮੈਂ ਖੁਦ ਇੱਕ ਖੇਤੀਬਾੜੀ ਕਿੱਤੇ ਨਾਲ ਸਬੰਧ ਰੱਖਣ ਵਾਲੇ ਪੇਂਡੂ ਕਿਸਾਨ ਪਰਿਵਾਰ ਵਿੱਚੋਂ ਹਾਂ। ਸਾਡੇ ਵਰਗੇ ਜੜ੍ਹਾਂ ਨਾਲ ਜੁੜੇ ਪਰਿਵਾਰਾਂ ਵਿੱਚ ਜਾਨਵਰਾਂ ਪ੍ਰਤੀ ਪ੍ਰੇਮ ਕੋਈ ਦਿਖਾਵਾ ਜਾਂ ਫੈਸ਼ਨ ਨਹੀਂ, ਸਗੋਂ ਸਾਡੀ ਰੂਹ ਅਤੇ ਰੋਜ਼ਾਨਾ ਜ਼ਿੰਦਗੀ ਦਾ ਅਹਿਮ ਹਿੱਸਾ ਹੁੰਦਾ ਹੈ। ਅਸੀਂ ਆਪਣੇ ਘਰ ਦੇ ਪਸ਼ੂਆਂ ਅਤੇ ਰੱਖੇ ਹੋਏ ਕੁੱਤਿਆਂ ਨੂੰ ਬਿਲਕੁਲ ਆਪਣੇ ਪਰਿਵਾਰ ਦੇ ਜੀਅ (ਮੈਂਬਰ) ਵਾਂਗ ਪਿਆਰ ਕਰਦੇ ਹਾਂ ਅਤੇ ਉਹ ਜਾਨਵਰ ਵੀ ਬਦਲੇ ਵਿੱਚ ਸਾਨੂੰ ਉਨੀ ਹੀ ਬੇਸ਼ੁਮਾਰ ਵਫ਼ਾਦਾਰੀ, ਨਿਰਸਵਾਰਥ ਮੁਹੱਬਤ ਤੇ ਸੁਰੱਖਿਆ ਦਿੰਦੇ ਹਨ। ਅੱਜ ਵੀ ਮੇਰੇ ਆਪਣੇ ਘਰ ਵਿੱਚ ਇੱਕ ਪਾਲਤੂ ਜਾਨਵਰ (Pet) ਮੌਜੂਦ ਹੈ, ਜਿਸ ਦੀ ਅਸੀਂ ਪੂਰੇ ਚਾਅ ਅਤੇ ਜ਼ਿੰਮੇਵਾਰੀ ਨਾਲ ਸੰਭਾਲ ਕਰਦੇ ਹਾਂ। ਇਸ ਲਈ ਮੇਰਾ ਵਿਰੋਧ ਕਦੇ ਵੀ ਜਾਨਵਰਾਂ ਨਾਲ ਨਹੀਂ ਰਿਹਾ ਅਤੇ ਨਾ ਹੀ ਮੈਨੂੰ ਇਨ੍ਹਾਂ ਬੇਜ਼ੁਬਾਨ ਜੀਵਾਂ ਤੋਂ ਕੋਈ ਨਿੱਜੀ ਤਕਲੀਫ਼ ਹੈ। ਮੇਰਾ ਸਵਾਲ, ਗਿਲਾ ਅਤੇ ਅਸਲ ਦੁੱਖ ਤਾਂ ਸਮਾਜ ਦੇ ਉਨ੍ਹਾਂ ਲੋਕਾਂ ਦੀ ਖੋਖਲੀ ਤੇ ਦੋਗਲੀ ਮਾਨਸਿਕਤਾ 'ਤੇ ਹੈ, ਜੋ ਬੇਹੱਦ ਗੈਰ-ਜ਼ਿੰਮੇਵਾਰ ਹਨ। ਮੈਂ ਉਨ੍ਹਾਂ ਲੋਕਾਂ ਦੇ ਸਖ਼ਤ ਖ਼ਿਲਾਫ਼ ਹਾਂ ਜੋ ਜਾਨਵਰਾਂ ਨੂੰ ਸਿਰਫ਼ ਉਦੋਂ ਤੱਕ ਘਰ ਰੱਖਦੇ ਹਨ ਜਦੋਂ ਤੱਕ ਉਹ ਛੋਟੇ, ਖੇਡਣ ਯੋਗ ਅਤੇ ਸੋਹਣੇ ਹੁੰਦੇ ਹਨ, ਪਰ ਜਿਵੇਂ ਹੀ ਉਹ ਵੱਡੇ ਜਾਂ ਬੀਮਾਰ ਹੁੰਦੇ ਹਨ, ਉਨ੍ਹਾਂ ਨੂੰ ਗਲੀਆਂ ਵਿੱਚ ਅਵਾਰਾ ਘੁੰਮਣ ਲਈ ਬੇਸਹਾਰਾ ਛੱਡ ਦਿੰਦੇ ਹਨ। ਮੈਨੂੰ ਗਿਲਾ ਉਨ੍ਹਾਂ ਅਖੌਤੀ 'ਦਰਦਮੰਦਾਂ' 'ਤੇ ਹੈ ਜੋ ਸਿਰਫ਼ ਆਪਣੀ ਕੋਈ ਸੁੱਖਣਾ ਲਾਹੁਣ ਲਈ, ਕਿਸੇ ਜੋਤਿਸ਼ ਦੇ ਗ੍ਰਹਿ ਸ਼ਾਂਤ ਕਰਨ ਦੇ ਉਪਾਅ ਵਜੋਂ ਦਿਨ ਵਿੱਚ ਸਿਰਫ਼ 5 ਮਿੰਟ ਵਾਸਤੇ ਗੱਡੀ 'ਚੋਂ ਬਾਹਰ ਆਉਂਦੇ ਹਨ, ਕੁੱਤਿਆਂ ਨੂੰ ਇੱਕ ਰੋਟੀ ਜਾਂ ਪੇੜਾ ਸੁੱਟਦੇ ਹਨ ਅਤੇ ਫਿਰ ਆਪਣੀ ਜ਼ਮੀਰ ਨੂੰ ਝੂਠੀ ਤਸੱਲੀ ਦੇ ਕੇ ਹੱਥ ਝਾੜ ਕੇ ਚਲੇ ਜਾਂਦੇ ਹਨ। ਇਹ ਲੋਕ ਏਅਰ-ਕੰਡੀਸ਼ਨਡ ਕਮਰਿਆਂ ਵਿੱਚ ਬਹਿ ਕੇ ਜਾਨਵਰਾਂ ਦੇ ਅਧਿਕਾਰਾਂ ਦੀ ਤਰਫ਼ਦਾਰੀ ਤਾਂ ਬਹੁਤ ਕਰਦੇ ਹਨ, ਪਰ ਜਦੋਂ ਇਨ੍ਹਾਂ ਦੀ ਪੂਰੀ ਸੰਭਾਲ, ਖ਼ੁਰਾਕ, ਬੀਮਾਰੀ ਦੇ ਇਲਾਜ ਅਤੇ ਟੀਕਾਕਰਨ ਦੀ ਅਸਲ ਜ਼ਿੰਮੇਵਾਰੀ ਆਉਂਦੀ ਹੈ ਤਾਂ ਇਹ ਚਾਹੁੰਦੇ ਹਨ ਕਿ ਉਹ ਕੰਮ ਕੋਈ ਹੋਰ ਜਾਂ ਸਥਾਨਕ ਪ੍ਰਸ਼ਾਸਨ ਕਰੇ।

**ਪੀੜਤ ਪਰਿਵਾਰਾਂ ਦਾ ਦਰਦ; ਜਦੋਂ ਅਵਾਰਾ ਦਹਿਸ਼ਤ ਘਰਾਂ ਦੇ ਚਿਰਾਗ ਬੁਝਾਉਂਦੀ ਹੈ** : ਇੱਕ ਪੱਤਰਕਾਰ ਵਜੋਂ, ਮੇਰੀ ਅਸਲ ਹਮਦਰਦੀ ਅਤੇ ਹੇਜ ਉਨ੍ਹਾਂ ਪੀੜਤ ਅਤੇ ਗਰੀਬ ਪਰਿਵਾਰਾਂ ਨਾਲ ਹੈ, ਜਿਨ੍ਹਾਂ ਦੇ ਹੱਸਦੇ-ਖੇਡਦੇ ਮਾਸੂਮ ਬੱਚੇ ਇਨ੍ਹਾਂ ਅਵਾਰਾ ਜਾਨਵਰਾਂ ਦੇ ਹਿੰਸਕ ਹਮਲਿਆਂ ਦਾ ਸ਼ਿਕਾਰ ਹੋ ਜਾਂਦੇ ਹਨ। ਪੰਜਾਬ ਸਮੇਤ ਦੇਸ਼ ਦੇ ਕਈ ਹਿੱਸਿਆਂ ਵਿੱਚ ਅਵਾਰਾ ਕੁੱਤਿਆਂ ਦਾ ਆਤੰਕ ਇੰਨਾ ਵੱਧ ਚੁੱਕਾ ਹੈ ਕਿ ਆਮ ਲੋਕਾਂ, ਖਾਸ ਕਰਕੇ ਗਰੀਬ ਮਜ਼ਦੂਰਾਂ, ਬੱਚਿਆਂ ਅਤੇ ਬਜ਼ੁਰਗਾਂ ਦਾ ਸੜਕਾਂ 'ਤੇ ਨਿਕਲਣਾ ਦੁਸ਼ਵਾਰ ਹੋ ਗਿਆ ਹੈ। ਹਰ ਸਾਲ ਲੱਖਾਂ ਲੋਕ 'ਡੌਗ ਬਾਈਟ' (ਕੁੱਤਿਆਂ ਦੇ ਵੱਢਣ) ਦਾ ਸ਼ਿਕਾਰ ਹੁੰਦੇ ਹਨ ਅਤੇ ਰੇਬੀਜ਼ ਵਰਗੀ ਨਾਮੁਰਾਦ ਤੇ ਜਾਨਲੇਵਾ ਬਿਮਾਰੀ ਕਾਰਨ ਦਮ ਤੋੜ ਦਿੰਦੇ ਹਨ। ਸਭ ਤੋਂ ਵੱਧ ਰੂਹ ਕੰਬਾਊ ਹਾਲਤ ਉਦੋਂ ਹੁੰਦੀ ਹੈ ਜਦੋਂ ਅਸੀਂ ਅਖ਼ਬਾਰਾਂ ਦੇ ਪੰਨਿਆਂ 'ਤੇ ਇਹ ਖ਼ਬਰਾਂ ਛਾਪਦੇ ਹਾਂ ਕਿ ਅਵਾਰਾ ਕੁੱਤਿਆਂ ਦੇ ਝੁੰਡ ਨੇ ਖੇਡਦੇ ਹੋਏ ਕਿਸੇ ਗਰੀਬ ਦੇ 3-4 ਸਾਲ ਦੇ ਮਾਸੂਮ ਬੱਚੇ ਨੂੰ ਨੋਚ-ਨੋਚ ਕੇ ਮਾਰ ਦਿੱਤਾ। ਜਦੋਂ ਕਿਸੇ ਪਰਿਵਾਰ ਦੇ ਘਰ ਦਾ ਚਿਰਾਗ ਇਨ੍ਹਾਂ ਅਵਾਰਾ ਜਾਨਵਰਾਂ ਕਾਰਨ ਹਮੇਸ਼ਾ ਲਈ ਬੁੱਝ ਜਾਂਦਾ ਹੈ ਅਤੇ ਕਿਸੇ ਮਾਂ ਦੀ ਗੋਦ ਉੱਜੜਦੀ ਹੈ, ਤਾਂ ਉਸ ਪਰਿਵਾਰ ਦੀ ਦੁਨੀਆ ਹੀ ਖ਼ਤਮ ਹੋ ਜਾਂਦੀ ਹੈ। ਉਨ੍ਹਾਂ ਬੇਵੱਸ ਮਾਪਿਆਂ ਦੇ ਹੰਝੂ ਅਤੇ ਚੀਕਾਂ ਸਮਾਜ ਦੇ ਮੂੰਹ 'ਤੇ ਇੱਕ ਜ਼ੋਰਦਾਰ ਚਪੇੜ ਹਨ। ਪਰ ਸਭ ਤੋਂ ਵੱਧ ਪਰੇਸ਼ਾਨ ਕਰਨ ਵਾਲੀ ਗੱਲ ਇਹ ਹੈ ਕਿ ਉਸ ਦੁੱਖ ਦੀ ਘੜੀ ਵਿੱਚ ਵੀ ਇਹ 5 ਮਿੰਟ ਦੇ ਕਥਿਤ 'ਜੀਵ-ਪ੍ਰੇਮੀ' ਪੀੜਤ ਪਰਿਵਾਰ ਦੇ ਹੱਕ ਵਿੱਚ ਕਿਤੇ ਨਜ਼ਰ ਨਹੀਂ ਆਉਂਦੇ। ਇਸਦੇ ਉਲਟ ਕੁਝ ਅਖੌਤੀ ਐਨੀਮਲ ਰਾਈਟਸ ਐਕਟੀਵਿਸਟ ਇਨਸਾਨੀ ਜਾਨ ਦੀ ਕੀਮਤ ਨੂੰ ਨਜ਼ਰਅੰਦਾਜ਼ ਕਰਕੇ, ਕਾਨੂੰਨ ਦੀਆਂ ਬਾਰੀਕੀਆਂ ਪਿੱਛੇ ਲੁਕ ਕੇ ਹਿੰਸਕ ਜਾਨਵਰਾਂ ਦੀ ਆਜ਼ਾਦੀ ਦੀ ਵਕਾਲਤ ਕਰਨ ਲੱਗਦੇ ਹਨ। ਕੀ ਇੱਕ ਮਾਸੂਮ ਬੱਚੇ ਦੀ ਮੁਸਕਰਾਹਟ, ਉਸਦੇ ਜੀਉਣ ਦੇ ਅਧਿਕਾਰ ਅਤੇ ਉਸਦੇ ਪਰਿਵਾਰ ਦੇ ਦਰਦ ਨਾਲੋਂ ਸੜਕਾਂ 'ਤੇ ਘੁੰਮਦੇ ਹਿੰਸਕ ਜਾਨਵਰਾਂ ਦੀ ਆਜ਼ਾਦੀ ਵੱਡੀ ਹੋ ਸਕਦੀ ਹੈ? ਇਹ ਕਿਹੋ ਜਿਹੀ ਸੰਵੇਦਨਹੀਣ ਮਾਨਸਿਕਤਾ ਹੈ ਜੋ ਇਨਸਾਨੀ ਖ਼ੂਨ ਅਤੇ ਮਾਸੂਮਾਂ ਦੀ ਮੌਤ ਨੂੰ ਦੇਖ ਕੇ ਵੀ ਨਹੀਂ ਪਿਘਲਦੀ?

**ਸੋਸ਼ਲ ਮੀਡੀਆ ਦਾ ਪਖੰਡ ਅਤੇ ਬਿਰਧ ਆਸ਼ਰਮਾਂ ਦਾ ਵਧਦਾ ਨਰਕ** : ਇਸ ਸਮਾਜਿਕ ਤਾਣੇ-ਬਾਣੇ ਦਾ ਦੂਜਾ ਪਹਿਲੂ ਹੋਰ ਵੀ ਦਰਦਨਾਕ ਹੈ ਕਿਉਂਕਿ ਅੱਜਕੱਲ੍ਹ ਦੀ ਹਮਦਰਦੀ ਡੂੰਘੀ ਅਤੇ ਨਿਰਸਵਾਰਥ ਨਹੀਂ ਰਹੀ, ਸਗੋਂ ਇਹ 'ਕੈਮਰੇ', 'ਲਾਈਕਸ' (Likes) ਅਤੇ 'ਕਮੈਂਟਸ' ਦੀ ਮੁਹਤਾਜ਼ ਹੋ ਚੁੱਕੀ ਹੈ। ਸੜਕਾਂ 'ਤੇ ਘੁੰਮਦੇ ਅਵਾਰਾ ਕੁੱਤਿਆਂ ਨੂੰ ਖਾਣਾ ਪਾਉਂਦੇ ਸਮੇਂ ਵੀਡੀਓ ਬਣਾਉਣੀ, ਉਸਨੂੰ ਇੰਸਟਾਗ੍ਰਾਮ ਜਾਂ ਫੇਸਬੁੱਕ 'ਤੇ ਅਪਲੋਡ ਕਰਨਾ ਅਤੇ ਫਿਰ ਹੇਠਾਂ Feeding the innocents ਲਿਖਣਾ ਅੱਜ ਦੇ ਸਮਾਜ ਦੀ ਖੋਖਲੀ ਮਾਨਸਿਕਤਾ ਦਾ ਪ੍ਰਤੀਕ ਹੈ। ਲੋਕ ਅਜਿਹੀਆਂ ਪੋਸਟਾਂ 'ਤੇ ਕਮੈਂਟ ਕਰਦੇ ਹਨ — ਬਹੁਤ ਵੱਡਾ ਦਿਲ, ਬਹੁਤ ਨੇਕ ਕੰਮ। ਪਰ ਕੋਈ ਇਹ ਨਹੀਂ ਪੁੱਛਦਾ ਕਿ ਜਿਹੜੇ ਲੋਕ ਬਾਹਰ ਇੰਨੀ ਦਇਆ ਦਿਖਾ ਰਹੇ ਹਨ, ਕੀ ਉਨ੍ਹਾਂ ਨੇ ਕਦੇ ਆਪਣੇ ਬਿਰਧ ਮਾਪਿਆਂ ਨਾਲ ਬੈਠ ਕੇ ਚਾਹ ਦੀ ਇੱਕ ਚੁਸਕੀ ਲਈ ਹੈ? ਕੀ ਕਦੇ ਉਨ੍ਹਾਂ ਦੀ ਬਿਮਾਰੀ ਵੇਲੇ ਉਨ੍ਹਾਂ ਦੇ ਦੁਖਦੇ ਹੋਏ ਗੋਡੇ ਘੁੱਟੇ ਹਨ?

ਇਸੇ ਦੋਗਲੀ ਸੋਚ ਦਾ ਨਤੀਜਾ ਹੈ ਕਿ ਅੱਜ ਸਾਡੇ ਦੇਸ਼ ਵਿੱਚ ਬਿਰਧ ਆਸ਼ਰਮਾਂ ਦੀ ਗਿਣਤੀ ਲਗਾਤਾਰ ਵਧਦੀ ਜਾ ਰਹੀ ਹੈ। ਜਿਨ੍ਹਾਂ ਮਾਪਿਆਂ ਨੇ ਆਪਣੀ ਜਵਾਨੀ ਅਤੇ ਆਪਣੀ ਪੂੰਜੀ ਬੱਚਿਆਂ ਦਾ ਭਵਿੱਖ ਬਣਾਉਣ ਲਈ ਕੁਰਬਾਨ ਕਰ ਦਿੱਤੀ, ਬੁਢਾਪੇ ਵਿੱਚ ਉਨ੍ਹਾਂ ਨੂੰ 'ਬੋਝ' ਸਮਝ ਕੇ ਆਸ਼ਰਮਾਂ ਵਿੱਚ ਛੱਡ ਦਿੱਤਾ ਜਾਂਦਾ ਹੈ। ਕਈ ਬਜ਼ੁਰਗ ਆਪਣੇ ਹੀ ਬਣਾਏ ਘਰਾਂ ਵਿੱਚ ਪਰਵਾਸੀਆਂ ਵਾਂਗ ਰਹਿਣ ਲਈ ਮਜਬੂਰ ਹਨ, ਜਿੱਥੇ ਉਨ੍ਹਾਂ ਨਾਲ ਗੱਲ ਕਰਨ ਵਾਲਾ ਕੋਈ ਨਹੀਂ ਹੈ। ਜੇਕਰ ਮਨੁੱਖਤਾ ਦਾ ਮਤਲਬ ਸਿਰਫ਼ ਬਾਹਰਲੇ ਜਾਨਵਰਾਂ ਨੂੰ ਦੁੱਧ ਪਾਉਣਾ ਰਹਿ ਗਿਆ ਹੈ ਅਤੇ ਆਪਣੇ ਜਨਮਦਾਤਿਆਂ ਨੂੰ ਤਿਲ-ਤਿਲ ਮਰਨ ਲਈ ਬੇਸਹਾਰਾ ਛੱਡ ਦੇਣਾ ਹੈ ਤਾਂ ਇਹ ਹਮਦਰਦੀ ਨਹੀਂ, ਸਗੋਂ ਇੱਕ ਗਿਰੀ ਹੋਈ ਮਾਨਸਿਕਤਾ ਅਤੇ ਨੈਤਿਕ ਦੀਵਾਲੀਆਪਨ ਹੈ। ਇਹ ਕੇਵਲ ਆਪਣੀ ਜ਼ਮੀਰ ਨੂੰ ਝੂਠੀ ਤਸੱਲੀ ਦੇਣ ਅਤੇ ਸਮਾਜ ਵਿੱਚ ਇੱਕ ਅਖੌਤੀ 'ਨੇਕ ਇਨਸਾਨ' ਦੀ ਛਵੀ ਬਣਾਉਣ ਦਾ ਇੱਕ ਸਸਤਾ ਸਾਧਨ ਹੈ।

**ਕਾਨੂੰਨੀ ਅਤੇ ਸਰਕਾਰੀ ਕਦਮ; ਇੱਕ ਸ਼ਲਾਘਾਯੋਗ ਅਤੇ ਇਤਿਹਾਸਕ ਪਹਿਲਕਦਮੀ** : ਇਸ ਗੰਭੀਰ ਅਤੇ ਭਿਆਨਕ ਹੁੰਦੀ ਜਾ ਰਹੀ ਸਮੱਸਿਆ ਨੂੰ ਦੇਖਦੇ ਹੋਏ, ਦੇਸ਼ ਦੀਆਂ ਸਰਵਉੱਚ ਅਦਾਲਤਾਂ ਅਤੇ ਮੌਜੂਦਾ ਸਰਕਾਰਾਂ ਨੇ ਜੋ ਸਖ਼ਤ ਕਦਮ ਚੁੱਕੇ ਹਨ, ਉਹ ਬਹੁਤ ਹੀ ਸ਼ਲਾਘਾਯੋਗ ਅਤੇ ਰਾਹਤ ਦੇਣ ਵਾਲੇ ਹਨ। ਇਹ ਫੈਸਲੇ ਦਰਸਾਉਂਦੇ ਹਨ ਕਿ ਆਖਰਕਾਰ ਕਾਨੂੰਨ ਨੇ ਆਮ ਲੋਕਾਂ ਦੇ ਦਰਦ ਅਤੇ ਪੀੜਾ ਨੂੰ ਗੰਭੀਰਤਾ ਨਾਲ ਸੁਣਿਆ ਹੈ। ਮਾਨਯੋਗ ਸੁਪਰੀਮ ਕੋਰਟ ਨੇ ਇਸ ਮੁੱਦੇ 'ਤੇ ਬਹੁਤ ਹੀ ਸਪੱਸ਼ਟ ਅਤੇ ਸਖ਼ਤ ਹੁਕਮ ਦਿੱਤੇ ਹਨ। ਅਦਾਲਤ ਨੇ ਸਾਫ਼ ਕਰ ਦਿੱਤਾ ਹੈ ਕਿ ਦੇਸ਼ ਦੇ ਨਾਗਰਿਕਾਂ, ਔਰਤਾਂ, ਬਜ਼ੁਰਗਾਂ ਅਤੇ ਮਾਸੂਮ ਬੱਚਿਆਂ ਦੀ ਸੁਰੱਖਿਆ ਅਤੇ ਜੀਉਣ ਦਾ ਅਧਿਕਾਰ ਸਭ ਤੋਂ ਪਹਿਲਾਂ ਹੈ। ਕਾਨੂੰਨ ਕਿਸੇ ਵੀ ਅਜਿਹੀ ਗਤੀਵਿਧੀ ਦੀ ਇਜਾਜ਼ਤ ਨਹੀਂ ਦੇ ਸਕਦਾ ਜੋ ਮਨੁੱਖੀ ਜਾਨਾਂ ਨੂੰ ਖਤਰੇ ਵਿੱਚ ਪਾਉਂਦੀ ਹੋਵੇ। ਅਦਾਲਤ ਦੇ ਇਸ ਰੁਖ ਨੇ ਉਨ੍ਹਾਂ ਸਥਾਨਕ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਜਵਾਬਦੇਹ ਬਣਾਇਆ ਹੈ ਜੋ ਹੁਣ ਤੱਕ ਇਸ ਸਮੱਸਿਆ ਵੱਲੋਂ ਅੱਖਾਂ ਮੀਟ ਕੇ ਬੈਠੇ ਸਨ। ਨਾਗਰਿਕਾਂ ਦੀ ਜਾਨ-ਮਾਲ ਦੀ ਰੱਖਿਆ ਕਰਨਾ ਰਾਜ ਦੀ ਸਭ ਤੋਂ ਪਹਿਲੀ ਜ਼ਿੰਮੇਵਾਰੀ ਹੈ ਅਤੇ ਸੁਪਰੀਮ ਕੋਰਟ ਨੇ ਇਸੇ ਸਿਧਾਂਤ ਨੂੰ ਮੁੜ ਦੁਹਰਾਇਆ ਹੈ।

ਪੰਜਾਬ ਦੀ ਮਾਨ ਸਰਕਾਰ ਨੇ ਇਸ ਮੁੱਦੇ 'ਤੇ ਜ਼ਮੀਨੀ ਪੱਧਰ 'ਤੇ ਐਕਸ਼ਨ ਲੈ ਕੇ ਇੱਕ ਸ਼ਾਨਦਾਰ ਮਿਸਾਲ ਕਾਇਮ ਕੀਤੀ ਹੈ। ਸਰਕਾਰ ਵੱਲੋਂ ਚੁੱਕੇ ਗਏ ਕਦਮਾਂ ਦੀ ਜਿੰਨੀ ਸ਼ਲਾਘਾ ਕੀਤੀ ਜਾਵੇ, ਘੱਟ ਹੈ। ਸਰਕਾਰ ਨੇ ਸਕੂਲਾਂ, ਹਸਪਤਾਲਾਂ, ਜਨਤਕ ਪਾਰਕਾਂ ਅਤੇ ਭੀੜ ਵਾਲੇ ਬਜ਼ਾਰਾਂ ਨੂੰ ਨੋ-ਰਿਲੀਜ਼ ਜ਼ੋਨ (No-Release Zones) ਐਲਾਨਿਆ ਹੈ, ਤਾਂ ਜੋ ਬੱਚੇ, ਮਰੀਜ਼ ਅਤੇ ਬਜ਼ੁਰਗ ਬਿਨਾਂ ਕਿਸੇ ਡਰ ਦੇ ਉੱਥੇ ਜਾ ਸਕਣ।

**ਅਸਲੀ ਇਨਸਾਨੀਅਤ ਦੀ ਵਾਪਸੀ ਦੀ ਲੋੜ** : ਇਸ ਪੂਰੇ ਵਿਸਥਾਰਪੂਰਵਕ ਵਿਸ਼ਲੇਸ਼ਣ ਅਤੇ ਹਾਈਕੋਰਟ ਦੇ ਇਤਿਹਾਸਕ ਫੈਸਲੇ ਤੋਂ ਬਾਅਦ ਇੱਕ ਸਮਾਜਿਕ ਚਿੰਤਕ ਅਤੇ ਸੰਪਾਦਕ ਵਜੋਂ ਮੈਂ ਇਹ ਬਿਲਕੁਲ ਸਾਫ਼ ਕਰਨਾ ਚਾਹੁੰਦਾ ਹਾਂ ਕਿ ਜਾਨਵਰਾਂ ਪ੍ਰਤੀ ਦਇਆ ਰੱਖਣਾ ਕੋਈ ਗੁਨਾਹ ਨਹੀਂ ਹੈ। ਸਾਡਾ ਗੁਰਬਾਣੀ ਦਾ ਫਲਸਫਾ ਅਤੇ ਅਮੀਰ ਪੰਜਾਬੀ ਸੱਭਿਆਚਾਰ ਵੀ ਸਾਨੂੰ ਜੀਵ ਦਇਆ ਸਿਖਾਉਂਦਾ ਹੈ। ਪਰ ਜਾਨਵਰਾਂ ਪ੍ਰਤੀ ਇਹ ਦਇਆ ਕਦੇ ਵੀ ਮਨੁੱਖੀ ਮੁੱਲਾਂ, ਰਿਸ਼ਤਿਆਂ ਦੀ ਪਵਿੱਤਰਤਾ, ਮਾਸੂਮ ਬੱਚਿਆਂ ਦੀ ਸੁਰੱਖਿਆ ਅਤੇ ਆਪਣੇ ਬਜ਼ੁਰਗਾਂ ਦੀ ਬੇਕਦਰੀ ਦੀ ਕੀਮਤ 'ਤੇ ਨਹੀਂ ਹੋਣੀ ਚਾਹੀਦੀ। ਜੇਕਰ ਅਸੀਂ ਜਾਨਵਰਾਂ ਦੀ ਰੱਖਿਆ ਦੇ ਨਾਮ 'ਤੇ ਇਨਸਾਨਾਂ ਦੇ ਖ਼ੂਨ, ਉੱਜੜਦੀਆਂ ਗੋਦਾਂ ਅਤੇ ਬਿਰਧ ਮਾਂ-ਬਾਪ ਦੀਆਂ ਅੱਖਾਂ ਦੇ ਹੰਝੂਆਂ ਨੂੰ ਅਣਦੇਖਾ ਕਰ ਰਹੇ ਹਾਂ, ਤਾਂ ਅਸੀਂ ਇੱਕ ਬਿਮਾਰ ਅਤੇ ਅੰਨ੍ਹੇ ਸਮਾਜ ਨੂੰ ਸਿਰਜ ਰਹੇ ਹਾਂ।

ਇਸ ਦੇ ਨਾਲ ਹੀ, ਸਾਨੂੰ ਅੰਧਵਿਸ਼ਵਾਸ ਅਤੇ ਦਿਖਾਵੇ ਦੇ ਪਖੰਡ ਨੂੰ ਛੱਡ ਕੇ, ਆਪਣੇ ਸਮਾਜ ਦੇ ਮਾਸੂਮ ਬੱਚਿਆਂ ਅਤੇ ਨਾਗਰਿਕਾਂ ਲਈ ਇੱਕ ਸੁਰੱਖਿਅਤ, ਭੈਅ-ਮੁਕਤ ਅਤੇ ਸਿਹਤਮੰਦ ਮਾਹੌਲ ਸਿਰਜਣ ਵਿੱਚ ਪੰਜਾਬ ਦੀ ਮਾਨ ਸਰਕਾਰ ਅਤੇ ਪ੍ਰਸ਼ਾਸਨ ਦਾ ਪੂਰਾ ਸਾਥ ਦੇਣਾ ਪਵੇਗਾ। ਜੇਕਰ ਸਾਡੇ ਘਰ ਦੇ ਜਨਮਦਾਤੇ ਇਕੱਲੇ ਬੈਠੇ ਹੰਝੂ ਕੇਰ ਰਹੇ ਹਨ ਜਾਂ ਇੱਕ ਕਮਰੇ ਲਈ ਤਰਸ ਰਹੇ ਹਨ ਤਾਂ ਬਾਹਰ ਸੜਕਾਂ 'ਤੇ ਦੁੱਧ ਦੀਆਂ ਨਦੀਆਂ ਵਹਾ ਕੇ ਖ਼ੁਦ ਨੂੰ 'ਨੇਕ' ਦਿਖਾਉਣਾ ਸਿਰਫ਼ ਇੱਕ ਮਾਨਸਿਕ ਦੀਵਾਲੀਆਪਨ ਹੈ। ਆਓ, ਅਸੀਂ ਸਾਰੇ ਆਪਣੇ ਅੰਦਰ ਝਾਤੀ ਮਾਰੀਏ, ਦਿਖਾਵੇ ਦੀ ਇਸ ਦੌੜ ਵਿੱਚੋਂ ਬਾਹਰ ਨਿਕਲੀਏ ਅਤੇ ਅਸਲੀ ਮਨੁੱਖੀ ਮੁੱਲਾਂ ਨੂੰ ਅਪਣਾ ਕੇ ਇਨਸਾਨੀਅਤ ਦੀ ਲਾਜ ਬਚਾਈਏ।

# ਗੁਰੂ ਨਾਨਕ ਜਹਾਜ਼ ਦੀ 112ਵੀਂ ਯਾਦਗਾਰੀ ਵਰ੍ਹੇਗੰਢ 'ਤੇ ਵੈਨਕੂਵਰ 'ਚ ਸਮਾਗਮ

ਐਬਟਸਫੋਰਡ, 27 ਮਈ (ਚ.ਨ.ਸ): 23 ਮਈ 1914 ਨੂੰ ਬ੍ਰਿਟਿਸ਼ ਕੈਨੇਡਾ ਦੇ ਬਸਤੀਵਾਦ ਤੇ ਨਸਲਵਾਦ ਦਾ ਚੜ੍ਹਦੀ ਕਲਾ ਤੇ ਭਾਈਚਾਰਕ ਸਾਂਝ ਨਾਲ ਮੁਕਾਬਲਾ ਕਰਨ ਵਾਲੇ 'ਗੁਰੂ ਨਾਨਕ ਜਹਾਜ਼' ਦੇ ਮੁਸਾਫਿਰਾਂ ਦੀ ਨਿਡਰ ਤੇ ਸੁਤੰਤਰ ਹਸਤੀ ਬਾਰੇ, ਵੈਨਕੂਵਰ ਸਮੁੰਦਰੀ ਤੱਟ 'ਤੇ ਸ਼ਾਨਦਾਰ ਸਮਾਗਮ ਉਲੀਕਿਆ ਗਿਆ। ਇਸ ਮੌਕੇ 'ਤੇ ਗੁਰੂ ਨਾਨਕ ਜਹਾਜ਼ ਦੇ ਅਸਲੀ ਇਤਿਹਾਸ ਤੇ ਨਾਂਅ ਦੀ ਬਹਾਲੀ ਲਈ ਵੈਨਕੂਵਰ ਸ਼ਹਿਰ ਵੱਲੋਂ ਜਾਰੀ ਐਲਾਨਨਾਮੇ 'ਤੇ ਗੁਰੂ ਨਾਨਕ ਜਹਾਜ਼ ਨਾਂਅ 'ਤੇ ਸਥਾਪਤ ਹੋਏ ਸਮਾਰਕ 'ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ। ਵੈਨਕੂਵਰ ਦੇ ਮੇਅਰ ਕੈਨ ਸਿਮ ਤੇ ਪਾਰਕਸ ਬੋਰਡ ਦੇ ਕਮਿਸ਼ਨਰ ਜਸਪ੍ਰੀਤ ਸਿੰਘ ਵਿਰਦੀ ਸਮੇਤ 'ਚ ਦਸਤਾਰ ਦਾ ਕੇਸ ਜਿੱਤਣ ਵਾਲੇ ਬਲਤੇਜ ਸਿੰਘ ਢਿੱਲੋਂ, ਵੈਨਕੂਵਰ ਤੋਂ ਨਿਊ ਡੈਮੋਕਰੇਟਿਕ ਪਾਰਟੀ ਦੀ ਸੰਸਦ ਮੈਂਬਰ ਜੈਨੀ ਕਵਾਨ, ਕੈਨੇਡਾ ਦੇ ਸੂਬੇ ਬੀ.ਸੀ. ਦੀ ਵਿਰੋਧੀ ਧਿਰ ਦੇ ਅੰਤਰਿਮ ਮੁਖੀ ਟ੍ਰੇਵਰ ਹੈਲਫੋਰਡ, ਸਰੀ ਨੌਰਥ ਤੋਂ ਵਧਾਇਕ ਮਨਦੀਪ ਸਿੰਘ ਧਾਲੀਵਾਲ, ਵੈਨਕੂਵਰ ਤੋਂ ਐਨ.ਡੀ.ਪੀ. ਦੇ ਵਧਾਇਕ ਜੌਰਜ ਚਾਓਸ, ਕੈਨੇਡਾ ਦੀ ਵਿਰੋਧੀ ਧਿਰ ਕੰਜ਼ਰਵਟਿਵ ਪਾਰਟੀ ਦੇ ਆਗੂ ਪੀਅਰ ਪੋਲੀਏਵ ਦਾ ਸੰਦੇਸ਼ ਸਾਂਝਾ ਕਰਦਿਆਂ ਐਬਸਫੋਰਡ ਲੈਂਗਲੀ ਤੋਂ ਸੰਸਦ ਮੈਂਬਰ ਸੁਖਮਨ ਸਿੰਘ ਗਿੱਲ ਨੇ ਗੁਰੂ ਨਾਨਕ ਜਹਾਜ਼ ਕੈਨੇਡਾ ਦੇ ਸੈਨੇਟਰ ਤੇ ਕੈਨੇਡੀਅਨ ਪੁਲਿਸ ਗੁਰੂ ਨਾਨਕ ਜਹਾਜ਼ ਦੇ ਨਾਂਅ 'ਤੇ ਖੁਸ਼ੀ ਦਾ ਇਜ਼ਹਾਰ ਕੀਤਾ।ਗੁਰੂ ਨਾਨਕ ਜਹਾਜ਼ ਹੈਰੀਟੇਜ ਸੁਸਾਇਟੀ ਵੱਲੋਂ ਡਾ. ਗੁਰਵਿੰਦਰ ਸਿੰਘ ਨੇ ਕਿਹਾ ਕਿ ਜਦੋਂ ਬਾਬਾ ਗੁਰਦਿੱਤ ਸਿੰਘ ਵੱਲੋਂ ਕਿਰਾਏ 'ਤੇ ਲਏ ਗਏ ਸਮੁੰਦਰੀ ਬੇੜੇ ਦਾ ਨਾਂਅ ਗੁਰੂ ਨਾਨਕ ਜਹਾਜ਼ ਰੱਖਿਆ ਗਿਆ ਸੀ ਤਾਂ ਇਤਿਹਾਸਕਾਰਾਂ, ਮੀਡੀਆਕਾਰਾਂ ਤੇ ਸਿਆਸਤਦਾਨਾਂ ਨੂੰ ਗੁਰੂ ਨਾਨਕ ਜਹਾਜ਼ ਸ਼ਬਦ ਹੀ ਵਰਤਣਾ ਚਾਹੀਦਾ ਹੈ। ਸੁਸਾਇਟੀ ਦੇ ਬੁਲਾਰੇ ਰਾਜ ਸਿੰਘ ਭੰਡਾਲ ਨੇ ਵੈਨਕੂਵਰ ਸਿਟੀ ਕੌਂਸਲ ਵੱਲੋਂ ਗੁਰੂ ਨਾਨਕ ਜਹਾਜ਼ ਯਾਦਗਾਰੀ ਦਿਹਾੜੇ 'ਤੇ ਐਲਾਨਨਾਮਾ ਕਰਨ ਤੇ ਯਾਦਗਾਰੀ ਸਮਾਰਕ ਦਾ ਨਾਂਅ ਬਦਲਣ ਲਈ ਧੰਨਵਾਦ ਕੀਤਾ। ਜ਼ਿਕਰਯੋਗ ਹੈ ਕਿ ਸਰੀ ਸ਼ਹਿਰ ਵੱਲੋਂ ਮੇਅਰ ਬਰਿੰਡਾ ਲੌਕ ਤੇ ਕੌਂਸਲ ਵੱਲੋਂ ਗੁਰੂ ਨਾਨਕ ਜਹਾਜ਼ ਨਾਂਅ ਬਹਾਲ ਕਰਦਿਆਂ ਪਹਿਲਾਂ ਹੀ ਐਲਾਨਨਾਮੇ ਜਾਰੀ ਕੀਤੇ ਗਏ ਹਨ। ਪਾਕਿਸਤਾਨ ਦੇ ਸਾਬਕਾ ਪਾਰਲੀਮੈਂਟ ਸਕੱਤਰ ਰਾਏ ਅਜ਼ੀਜ਼ ਉਲ੍ਹਾ ਖਾਨ, ਬੀ.ਸੀ. ਫੇਰੀ 'ਚ ਦਸਤਾਰ ਦਾ ਕੇਸ ਜਿੱਤਣ ਵਾਲੇ ਕਰਮਵੀਰ ਸਿੰਘ ਕੰਗ, ਵਰਲਡ ਸਿੱਖ ਆਰਗਨਾਈਜੇਸ਼ਨ ਵੱਲੋਂ ਅਰਜਨ ਸਿੰਘ ਤੂਰ, ਖ਼ਾਲਸਾ ਏ ਵੱਲੋਂ ਜਿੰਦੀ ਸਿੰਘ, 7 ਮਨੁੱਖੀ ਅਧਿਕਾਰਾਂ ਦੇ ਕਾਰਕੁੰਨ ਭੁਪਿੰਦਰ ਸਿੰਘ ਮੱਲੀ, ਹਰਭਜਨ ਸਿੰਘ ਗਿੱਲ, ਇੰਜੀਨੀਅਰ ਜਗਰੂਪ ਸਿੰਘ ਖੇੜਾ, ਨੌਜਵਾਨ ਵਕੀਲ ਬਲਪ੍ਰੀਤ ਸਿੰਘ ਖਟੜਾ ਤੇ ਪੰਜਾਬੀ ਸਾਹਿਤ ਸਭਾ ਮੁੱਢਲੀ ਦੇ ਵਾਈਸ ਪ੍ਰਧਾਨ ਗੁਰਪ੍ਰੀਤ ਸਿੰਘ ਚਾਹਲ ਸਮੇਤ ਅਹਿਮ ਬੁਲਾਰਿਆਂ ਨੇ ਗੁਰੂ ਨਾਨਕ ਜਹਾਜ਼ ਦੀ ਮਹੱਤਤਾ ਬਾਰੇ ਵਿਚਾਰ ਦਿੱਤੇ।

# ਰੋਟਰੀ ਆਈ ਬੈਂਕ ਨੇ ਹੁਣ ਤੱਕ 4165 ਨੇਤਰਹੀਣ ਲੋਕਾਂ ਦੇ ਕੋਰਨੀਆ ਟ੍ਰਾਂਸਪਲਾਂਟ ਕਰਵਾਏ

ਹੁਸ਼ਿਆਰਪੁਰ, 27 ਮਈ (ਪਰਮਿੰਦਰ ਘੁੰਮਣ): ਰੋਟਰੀ ਆਈ ਬੈਂਕ ਐਂਡ ਕੋਰਨੀਆਲ ਟ੍ਰਾਂਸਪਲਾਂਟੇਸ਼ਨ ਸੁਸਾਇਟੀ ਹੁਸ਼ਿਆਰਪੁਰ ਦੇ ਪ੍ਰਧਾਨ ਜੇ.ਬੀ. ਬਹਿਲ ਤੇ ਚੇਅਰਮੈਨ ਤੇ ਪ੍ਰਮੁੱਖ ਸਮਾਜਸੇਵੀ ਸੰਜੀਵ ਅਰੋੜਾ ਦੀ ਅਗਵਾਈ ਹੇਠ ਸਿਵਲ ਸਰਜਨ ਡਾ. ਮਨਦੀਪ ਕਮਲ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਉਨ੍ਹਾਂ ਨੇ ਜ਼ਿਲ੍ਹੇ ਵਿੱਚ ਕੋਰਨੀਆਲ ਬਲਾਈਂਡਨੈਸ ਤੋਂ ਪੀੜਤ ਮਰੀਜ਼ਾਂ ਦੀ ਸੂਚੀ ਮੁਹੱਈਆ ਕਰਵਾਉਣ ਦੀ ਮੰਗ ਕੀਤੀ ਤੇ ਨੇਤਰਹੀਨਤਾ ਦੂਰ ਕਰਨ ਲਈ ਕੀਤੇ ਜਾ



ਰਹੇ ਕਾਰਜਾਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਪ੍ਰਧਾਨ ਜੇ.ਬੀ. ਬਹਿਲ ਤੇ ਚੇਅਰਮੈਨ ਸੰਜੀਵ ਅਰੋੜਾ ਨੇ ਦੱਸਿਆ ਕਿ ਰੋਟਰੀ ਆਈ ਬੈਂਕ ਵੱਲੋਂ ਹੁਣ ਤੱਕ 4165 ਨੇਤਰਹੀਨ ਲੋਕਾਂ ਦੇ ਕੋਰਨੀਆ ਟ੍ਰਾਂਸਪਲਾਂਟ ਕਰਵਾ ਕੇ ਉਨ੍ਹਾਂ ਨੂੰ ਰੋਸ਼ਨੀ ਪ੍ਰਦਾਨ ਕੀਤੀ ਜਾ ਚੁੱਕੀ ਹੈ, ਜਿਨ੍ਹਾਂ ਵਿੱਚ 6 ਮਹੀਨੇ ਤੋਂ ਲੈ ਕੇ 8 ਸਾਲ ਤੱਕ ਦੇ ਬੱਚੇ ਵੀ ਸ਼ਾਮਲ ਹਨ। ਇਸ ਤੋਂ ਇਲਾਵਾ ਸੁਸਾਇਟੀ ਵੱਲੋਂ 30 ਮਰਨ ਉਪਰੰਤ ਸ਼ਰੀਰ ਵੱਖ-ਵੱਖ ਮੈਡੀਕਲ ਕਾਲਜਾਂ ਨੂੰ ਰਿਸਰਚ ਲਈ ਭੇਜੇ ਜਾ ਚੁੱਕੇ ਹਨ। ਸੰਜੀਵ ਅਰੋੜਾ ਨੇ ਦੱਸਿਆ ਕਿ ਰੋਟਰੀ ਆਈ ਬੈਂਕ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਮੌਜੂਦ ਆਈ ਬੈਂਕਾਂ ਤੇ ਹਸਪਤਾਲਾਂ ਨਾਲ ਸੰਪਰਕ ਵਿੱਚ ਹੈ ਤੇ ਉੱਥੋਂ ਮਿਲਣ ਵਾਲੀਆਂ ਕੋਰਨੀਆਲ ਬਲਾਈਂਡਨੈਸ ਮਰੀਜ਼ਾਂ ਦੀਆਂ ਸੂਚੀਆਂ ਦੇ ਆਧਾਰ 'ਤੇ ਉਨ੍ਹਾਂ ਦੇ ਆਪ੍ਰੇਸ਼ਨ ਕਰਵਾ ਕੇ ਉਨ੍ਹਾਂ ਨੂੰ ਦੁਨੀਆਂ ਦੇਖਣ ਯੋਗ ਬਣਾਉਣ ਦੇ ਯਤਨ ਕੀਤੇ ਜਾ ਰਹੇ ਹਨ।ਸ੍ਰੀ ਅਰੋੜਾ ਨੇ ਕਿਹਾ ਕਿ ਅਜੇ ਵੀ ਕਈ ਮਰੀਜ਼ ਜਾਗਰੂਕਤਾ ਦੀ ਘਾਟ ਕਾਰਨ ਰੋਸ਼ਨੀ ਤੋਂ ਵੰਚਿਤ ਹਨ। ਇਸ ਲਈ ਜੇਕਰ ਜ਼ਿਲ੍ਹਾ ਸਿਹਤ ਵਿਭਾਗ ਕੋਲ ਅਜਿਹੇ ਮਰੀਜ਼ਾਂ ਸਬੰਧੀ ਕੋਈ ਜਾਣਕਾਰੀ ਹੈ ਤਾਂ ਉਹ ਸੁਸਾਇਟੀ ਨੂੰ ਮੁਹੱਈਆ ਕਰਵਾਈ ਜਾਵੇ ਤਾਂ ਜੋ ਉਨ੍ਹਾਂ ਦੇ ਵੀ ਆਪ੍ਰੇਸ਼ਨ ਕਰਵਾ ਕੇ ਉਨ੍ਹਾਂ ਨੂੰ ਇਸ ਸੁੰਦਰ ਸੰਸਾਰ ਨੂੰ ਦੇਖਣ ਦੇ ਯੋਗ ਬਣਾਇਆ ਜਾ ਸਕੇ। ਉਨ੍ਹਾਂ ਇਹ ਵੀ ਮੰਗ ਕੀਤੀ ਕਿ ਜ਼ਿਲ੍ਹੇ ਦੇ ਸਾਰੇ ਸਰਕਾਰੀ ਤੇ ਨਿੱਜੀ ਹਸਪਤਾਲਾਂ ਨੂੰ ਹੁਕਮ ਜਾਰੀ ਕੀਤੇ ਜਾਣ ਕਿ ਨੇਤਰਹੀਨਤਾ ਨਾਲ ਸਬੰਧਤ ਜਾਣਕਾਰੀ ਸਿਵਲ ਹਸਪਤਾਲ ਦਫ਼ਤਰ ਨੂੰ ਭੇਜੀ ਜਾਵੇ ਤਾਂ ਜੋ ਕੋਈ ਵੀ ਮਰੀਜ਼ ਇਲਾਜ ਤੋਂ ਵੰਚਿਤ ਨਾ ਰਹੇ।ਇਸ ਮੌਕੇ ਵਿਜੇ ਅਰੋੜਾ, ਰਮਿੰਦਰ ਸਿੰਘ, ਮਦਨ ਲਾਲ ਮਹਾਜਨ ਤੇ ਹੋਰ ਹਾਜ਼ਰ ਸਨ।

# ਮਿਸਲ ਸਤਲੁਜ ਵੱਲੋਂ ਸੂਬੇ ਭਰ 'ਚ ਕੀਤੀਆਂ ਜਾਣਗੀਆਂ 'ਚੜ੍ਹਦੀ ਕਲਾ' ਰੈਲੀਆਂ: ਬਰਾੜ

ਐਸ.ਏ.ਐਸ. ਨਗਰ, 27 ਮਈ (ਚ.ਨ.ਸ.): ਪੰਜਾਬ ਨੂੰ ਮੁੜ ਵਿਕਾਸ, ਖੁਸ਼ਹਾਲੀ ਤੇ ਤਰੱਕੀ ਦੇ ਰਾਹ 'ਤੇ ਤੋਰ ਕੇ 1 ਨੰਬਰ ਸੂਬਾ ਬਣਾਉਣ ਲਈ ਮਿਸਲ ਸਤਲੁਜ ਜਥੇਬੰਦੀ ਵੱਲੋਂ ਕਰਦਿਆਂ ਮਿਸਲ ਸਤਲੁਜ ਜਥੇਬੰਦੀ ਦੇ ਪ੍ਰਧਾਨ ਅਜੈਪਾਲ ਸਿੰਘ ਬਰਾੜ ਨੇ ਦੱਸਿਆ ਕਿ ਇਨ੍ਹਾਂ ਰੈਲੀਆਂ ਦਾ ਮੁੱਖ ਉਦੇਸ਼ ਪੰਜਾਬ ਦੇ ਲੋਕਾਂ 'ਚ ਨਵੀਂ ਸੋਚ ਤੇ ਵਿਆਪਕ ਲੋਕ ਚੇਤਨਾ ਦੀ ਚੇਟਕ ਲਗਾਉਣਾ ਹੈ ਤਾਂ ਜੋ ਸੂਬੇ ਦੇ ਹੱਕੀ ਮਸਲਿਆਂ, ਨੌਜਵਾਨਾਂ ਦੇ ਭਵਿੱਖ, ਕਿਸਾਨੀ ਸੰਕਟ, ਰੁਜ਼ਗਾਰ, ਸਿੱਖਿਆ ਤੇ ਔਰਤਾਂ ਦੇ ਸਸ਼ਕਤੀਕਰਨ ਵਰਗੇ ਮੁੱਦਿਆਂ ਤੇ ਲੋਕਾਂ ਦਾ ਧਿਆਨ ਕੇਂਦਰਿਤ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਮਿਸਲ ਸਤਲੁਜ ਜਥੇਬੰਦੀ ਸੂਬੇ ਤੋਂ ਆਗਾਮੀ ਦੋ ਮਹੀਨਿਆਂ ਦੌਰਾਨ ਪੰਜਾਬ ਭਰ 'ਚ 17 ਵਿਸ਼ਾਲ 'ਚੜ੍ਹਦੀ ਕਲਾ' ਰੈਲੀਆਂ ਕੀਤੀਆਂ ਜਾਣਗੀਆਂ। ਇਹ ਐਲਾਨ ਪੰਜਾਬ, ਪੰਜਾਬੀਅਤ ਤੇ ਲੋਕ ਹਿੱਤਾਂ ਦੀ ਆਵਾਜ਼ ਬਣ ਕੇ ਸੰਘਰਸ਼ ਕਰਦੀ ਆ ਰਹੀ ਹੈ ਤੇ ਹੁਣ ਸਮਾਂ ਆ ਗਿਆ ਹੈ ਕਿ ਪੰਜਾਬ ਨੂੰ ਮੁੜ ਤਰੱਕੀ ਦੇ ਰਾਹ 'ਤੇ ਤੋਰਨ ਲਈ ਲੋਕਾਂ ਨੂੰ ਇਕੱਠਾ ਕੀਤਾ ਜਾਵੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਰੈਲੀਆਂ ਰਾਹੀਂ ਪੰਜਾਬ ਦੀਆਂ ਹੱਕੀ ਮੰਗਾਂ ਪ੍ਰਤੀ ਜਾਗਰੂਕਤਾ ਪੈਦਾ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਰੈਲੀਆਂ ਦੀ ਲੜੀ ਦੀ ਸ਼ੁਰੂਆਤ 8 ਜੂਨ ਨੂੰ ਜ਼ੀਰਾ ਤੋਂ ਕੀਤੀ ਜਾਵੇਗੀ। ਇਸ ਤੋਂ ਬਾਅਦ 11 ਜੂਨ ਸ੍ਰੀ ਫ਼ਤਹਿਗੜ੍ਹ ਸਾਹਿਬ, 15 ਜੂਨ ਫ਼ਰੀਦਕੋਟ, 18 ਜੂਨ ਨੂੰ ਰੋਪੜ, 22 ਜੂਨ ਗੜ੍ਹਸ਼ੰਕਰ, 25 ਜੂਨ ਨੂੰ ਘਨੌਰ, 29 ਜੂਨ ਫ਼ਿਰੋਜ਼ਪੁਰ, 2 ਜੁਲਾਈ ਨੂੰ ਮੁਹਾਲੀ, 6 ਜੁਲਾਈ ਨੂੰ ਬਲਾਚੌਰ, 8 ਜੁਲਾਈ ਨੂੰ ਸ੍ਰੀ ਅਨੰਦਪੁਰ ਸਾਹਿਬ, 13 ਜੁਲਾਈ ਨੂੰ ਫ਼ਗਵਾੜਾ, 16 ਜੁਲਾਈ ਨੂੰ ਰਾਜਪੁਰਾ, 20 ਜੁਲਾਈ ਨੂੰ ਨਕੋਦਰ, 23 ਜੁਲਾਈ ਨੂੰ ਸ੍ਰੀ ਚਮਕੌਰ ਸਾਹਿਬ, 27 ਜੁਲਾਈ ਨੂੰ ਬਠਿੰਡਾ, 30 ਜੁਲਾਈ ਨੂੰ ਨਵਾਂ ਸ਼ਹਿਰ ਤੇ 3 ਅਗਸਤ ਨੂੰ ਸਨੌਰ ਵਿਖੇ ਰੈਲੀ ਹੋਵੇਗੀ। ਬਰਾੜ ਨੇ ਅੱਗੇ ਦੱਸਿਆ ਕਿ ਇਨ੍ਹਾਂ ਰੈਲੀਆਂ ਦੀ ਸਫ਼ਲਤਾ ਲਈ ਮਿਸਲ ਸਤਲੁਜ ਜਥੇਬੰਦੀ ਦੇ ਮੈਂਬਰ ਤੇ ਵਲੰਟੀਅਰ ਪੂਰੀ ਤਨਦੇਹੀ ਨਾਲ ਤਿਆਰੀਆਂ 'ਚ ਜੁਟ ਗਏ ਹਨ।

# ਭਾਰਤ ਚੋਣ ਕਮਿਸ਼ਨ ਵੱਲੋਂ ਪੰਜਾਬ ਰਾਜ 'ਚ ਵੋਟਰ ਸੂਚੀ ਦੀ ਐਸ.ਆਈ.ਆਰ. ਦਾ ਪ੍ਰੋਗਰਾਮ ਜਾਰੀ

ਗੁਰਦਾਸਪੁਰ, 27 ਮਈ (ਜਗੀਰ ਸਿੰਘ ਮੰਡ/ਨਾਹਰ): ਗੁਰਸਿਮਰਨ ਸਿੰਘ ਢਿੱਲੋਂ, ਵਧੀਕ ਡਿਪਟੀ ਕਮਿਸ਼ਨਰ (ਜ)-ਕਮ-ਵਧੀਕ ਜ਼ਿਲ੍ਹਾ ਚੋਣ ਅਫਸਰ ਗੁਰਦਾਸਪੁਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਵੱਲੋਂ ਪੰਜਾਬ ਰਾਜ ਵਿੱਚ ਵੋਟਰ ਸੂਚੀ ਦੀ ਸਪੈਸ਼ਲ ਇੰਟੈਸਿਵ ਰਿਵੀਜ਼ਨ ਦਾ ਪ੍ਰੋਗਰਾਮ ਜਾਰੀ ਕਰ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਐਸ.ਆਈ.ਆਰ. ਦੀ ਯੋਗਤਾ ਮਿਤੀ 1 ਅਕਤੂਬਰ 2026 ਹੈ। ਤਿਆਰੀ, ਸਿਖਲਾਈ ਤੇ ਪ੍ਰਿੰਟਿੰਗ ਦੀ ਮਿਤੀ 15 ਜੂਨ ਤੋਂ 24 ਜੂਨ ਤੱਕ ਹੈ ਤੇ ਬੀ.ਐਲ.ਓਜ਼ 25 ਜੂਨ ਤੋਂ 24 ਜੁਲਾਈ ਤੱਕ ਘਰ-ਘਰ ਦੀ ਵਿਜ਼ਿਟ ਕਰਨਗੇ। ਉਨ੍ਹਾਂ ਅੱਗੇ ਦੱਸਿਆ ਕਿ ਪੋਲਿੰਗ ਸਟੇਸ਼ਨਾਂ ਦੀ ਰੈਸ਼ਨਲਾਈਜ਼ੇਸ਼ਨ 24 ਜੁਲਾਈ 2026 ਤੱਕ ਹੋਵੇਗੀ। ਵੋਟਰ ਸੂਚੀ ਦੀ ਡਰਾਫਟ ਪਬਲੀਕੇਸ਼ਨ 31 ਜੁਲਾਈ ਨੂੰ ਹੋਵੇਗੀ। ਦਾਅਵੇ ਤੇ ਇਤਰਾਜ਼ 31 ਜੁਲਾਈ ਤੋਂ



30 ਅਗਸਤ ਤੱਕ ਦਿੱਤੇ ਜਾ ਸਕਣਗੇ, ਨੋਟਿਸ ਫੇਜ਼/ਦਾਅਵਿਆਂ ਤੇ ਇਤਰਾਜ਼ਾਂ ਦਾ ਨਿਪਟਾਰਾਂ 31 ਜੁਲਾਈ ਤੋਂ 28 ਸਤੰਬਰ 2026 ਹੈ ਤੇ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਮਿਤੀ 1 ਅਕਤੂਬਰ 2026 ਨੂੰ ਹੋਵੇਗੀ। ਉਨ੍ਹਾਂ ਨੇ ਸਮੂਹ ਚੋਣਕਾਰ ਰਜਿਸਟ੍ਰੇਸ਼ਨ ਅਫਸਰਾਂ ਨੂੰ ਹਦਾਇਤ ਕੀਤੀ ਕਿ ਸਪੈਸ਼ਲ ਇੰਟੈਸ਼ਿਵ ਰਿਵੀਜ਼ਨ ਦੀ ਪ੍ਰਕਿਰਿਆ/ਗਤੀਵਿਧੀਆਂ ਨੂੰ ਹਦਾਇਤਾਂ/ਨਿਯਮਾਂ ਅਨੁਸਾਰ ਸਮੇਂ ਸਿਰ ਮੁਕੰਮਲ ਕਰਵਾਉਣਾ ਯਕੀਨੀ ਬਣਾਇਆ ਜਾਵੇ।

# ਡੀ.ਸੀ. ਵੱਲੋਂ ਐਸ.ਬੀ.ਐਸ. ਨਗਰ 'ਚ ਐਸ.ਆਈ.ਆਰ. ਗਤੀਵਿਧੀਆਂ ਦੇ ਸੁਚਾਰੂ ਸੰਚਾਲਨ ਲਈ ਨੋਡਲ ਅਫ਼ਸਰ ਨਿਯੁਕਤ

ਸ਼ਹੀਦ ਭਗਤ ਸਿੰਘ ਨਗਰ, 27 ਮਈ (ਸੁਖਦੇਵ ਸਿੰਘ ਉੜਾਪੜ): ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਗੁਲਪ੍ਰੀਤ ਸਿੰਘ ਔਲਖ ਵੱਲੋਂ ਜ਼ਿਲ੍ਹੇ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਨਟੈਂਸਿਵ ਰਿਵੀਜ਼ਨ (ਐਸ.ਆਈ.ਆਰ.) ਗਤੀਵਿਧੀਆਂ ਦੇ ਸੁਚਾਰੂ ਸੰਚਾਲਨ ਤੇ ਪ੍ਰਭਾਵਸ਼ਾਲੀ ਪ੍ਰਬੰਧਨ ਲਈ ਜ਼ਿਲ੍ਹਾ ਪੱਧਰੀ ਨੋਡਲ ਅਫ਼ਸਰਾਂ ਤੇ ਸਹਾਇਕ ਨੋਡਲ ਅਫ਼ਸਰਾਂ ਦੀ ਨਿਯੁਕਤੀ ਕੀਤੀ ਗਈ ਹੈ। ਹੁਕਮ ਜਾਰੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਭਾਰਤ ਚੋਣ ਕਮਿਸ਼ਨ ਵੱਲੋਂ ਵੋਟਰ ਸੂਚੀਆਂ ਦੀ ਐਸ.ਆਈ.ਆਰ. ਲਈ ਪ੍ਰੋਗਰਾਮ ਜਾਰੀ ਕੀਤਾ ਗਿਆ ਹੈ ਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਸਿੱਧੀ ਨਿਗਰਾਨੀ ਹੇਠ ਐਸ.ਆਈ.ਆਰ. ਨਾਲ ਸਬੰਧਤ ਹਰ ਗਤੀਵਿਧੀ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਮਰਪਿਤ ਟੀਮਾਂ ਦਾ ਗਠਨ ਕੀਤਾ ਗਿਆ ਹੈ।



ਔਲਖ ਨੇ ਦੱਸਿਆ ਕਿ ਨਿਯੁਕਤ ਕੀਤੇ ਗਏ ਨੋਡਲ ਅਫ਼ਸਰ ਸ਼ਿਕਾਇਤ ਨਿਵਾਰਣ, ਆਈ.ਟੀ. ਸਬੰਧੀ ਸਮੱਸਿਆਵਾਂ ਦੇ ਹੱਲ, ਟ੍ਰੇਨਿੰਗ ਪ੍ਰਬੰਧਨ, ਸਮੱਗਰੀ ਪ੍ਰਬੰਧਨ, ਸੋਸ਼ਲ ਮੀਡੀਆ ਤਾਲਮੇਲ, ਸਵੀਪ ਜਾਗਰੂਕਤਾ ਗਤੀਵਿਧੀਆਂ, ਐਸ.ਆਈ.ਆਰ. ਸਬੰਧੀ ਅਹਿਮ ਮੁੱਦਿਆਂ ਦੀ ਰਿਪੋਰਟਿੰਗ, ਕਾਨੂੰਨੀ ਮਾਮਲੇ, ਬੀ.ਐਲ.ਓਜ਼ ਦੀ ਭਲਾਈ ਤੇ ਹੈਲਪ ਡੈਸਕ ਸੰਚਾਲਨ ਵਰਗੇ ਮਹੱਤਵਪੂਰਨ ਕਾਰਜਾਂ ਦੀ ਨਿਗਰਾਨੀ ਕਰਨਗੇ।ਉਨ੍ਹਾਂ ਦੱਸਿਆ ਕਿ ਬਿਹਤਰ ਤਾਲਮੇਲ ਤੇ ਰਿਵੀਜ਼ਨ ਪ੍ਰਕਿਰਿਆ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਸਹਾਇਕ ਨੋਡਲ ਅਫ਼ਸਰ ਵੀ ਤਾਇਨਾਤ ਕੀਤੇ ਗਏ ਹਨ। ਡਿਪਟੀ ਕਮਿਸ਼ਨਰ ਨੇ ਅੱਗੇ ਕਿਹਾ ਕਿ ਇਹ ਟੀਮਾਂ ਐਸ.ਆਈ.ਆਰ. ਪ੍ਰਕਿਰਿਆ ਦੌਰਾਨ ਲੋਕਾਂ ਦੀ ਸਹਾਇਤਾ ਵੀ ਕਰਨਗੀਆਂ ਤੇ ਇਹ ਯਕੀਨੀ ਬਣਾਉਣਗੀਆਂ ਕਿ ਯੋਗ ਵੋਟਰਾਂ ਨੂੰ ਦਸਤਾਵੇਜ਼ੀ ਤੇ ਤਸਦੀਕੀ ਕਾਰਵਾਈ ਦੌਰਾਨ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਸਾਰੇ ਸਬੰਧਤ ਅਧਿਕਾਰੀਆਂ ਨੂੰ ਪੂਰੀ ਤਨਦੇਹੀ, ਪਾਰਦਰਸ਼ਤਾ ਤੇ ਜਵਾਬਦੇਹੀ ਨਾਲ ਕੰਮ ਕਰਨ ਦੇ ਨਿਰਦੇਸ਼ ਦਿੱਤੇ। ਔਲਖ ਨੇ ਦੱਸਿਆ ਕਿ ਵਧੀਕ ਜ਼ਿਲ੍ਹਾ ਚੋਣ ਅਫ਼ਸਰ ਸੰਜੀਵ ਸ਼ਰਮਾ ਵੱਲੋਂ ਸਾਰੀਆਂ ਨੋਡਲ ਟੀਮਾਂ ਦੇ ਕੰਮਕਾਜ ਤੇ ਪ੍ਰਗਤੀ ਦੀ ਨਿਗਰਾਨੀ ਕੀਤੀ ਜਾਵੇਗੀ ਤਾਂ ਜੋ ਸੌਂਪੀਆਂ ਗਈਆਂ ਜ਼ਿੰਮੇਵਾਰੀਆਂ ਨੂੰ ਸਮੇਂ ਸਿਰ ਮੁਕੰਮਲ ਕੀਤਾ ਜਾ ਸਕੇ। ਇਸ ਤੋਂ ਇਲਾਵਾ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਲੋਕਾਂ ਦੀ ਐਸ.ਆਈ.ਆਰ. ਸਬੰਧੀ ਸਮੱਸਿਆਵਾਂ ਦੇ ਹੱਲ ਲਈ ਇੱਕ ਸਮਰਪਿਤ ਹੈਲਪ ਡੈਸਕ ਤੇ ਸ਼ਿਕਾਇਤ ਸੈੱਲ ਵੀ ਸਥਾਪਤ ਕੀਤਾ ਜਾਵੇਗਾ।

# ਐਨੋਕੋਟ 'ਚ ਕਾਂਗਰਸ ਦੀ ਬੂਥ ਪੱਧਰੀ ਮੀਟਿੰਗ, ਲੋਕਾਂ ਨੂੰ ਪਾਰਟੀ ਨਾਲ ਜੁੜਨ ਦਾ ਦਿੱਤਾ ਸੱਦਾ

☛ਇੰਜ. ਹਰਵਿੰਦਰਪਾਲ ਸਿੰਘ ਸ਼ਾਹਬਾਦ ਨੇ ਕਿਹਾ ਕਿ 2027 'ਚ ਕਾਂਗਰਸ ਦੀ ਸਰਕਾਰ ਬਣੇਗੀ

ਘੁਮਾਣ/ਸ੍ਰੀ ਹਰਿਗੋਬਿੰਦਪੁਰ ਸਾਹਿਬ, 27 ਮਈ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਇੰਜ. ਹਰਵਿੰਦਰਪਾਲ ਸਿੰਘ ਸ਼ਾਹਬਾਦ ਵੱਲੋਂ ਲੀਡਰਸ਼ਿਪ ਦੇ ਦੁਆਰਾ ਦਿਸ਼ਾ-ਨਿਰਦੇਸ਼ਾਂ ਹੇਠ ਅੱਜ ਪਿੰਡ ਐਨੋਕੋਟ ਵਿਖੇ ਕੰਵਲਜੀਤ ਸਿੰਘ ਪੁੱਤਰ ਹਰਭਜਨ ਸਿੰਘ ਦੇ ਗ੍ਰਹਿ ਵਿਖੇ ਇੱਕ ਵਿਸ਼ੇਸ਼ ਮੀਟਿੰਗ



ਪਿੰਡ-ਪਿੰਡ ਬੂਥ ਪੱਧਰ 'ਤੇ ਲੋਕਾਂ ਨੂੰ ਕਾਂਗਰਸ ਪਾਰਟੀ ਨਾਲ ਜੋੜਨ ਲਈ ਲਗਾਤਾਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਰਾਹੁਲ ਗਾਂਧੀ, ਰਜਿੰਦਰਪਾਲ ਗੌਤਮ ਆਲ ਇੰਡੀਆ ਚੇਅਰਮੈਨ ਐਸਸੀ/ਐਸਟੀ ਤੇ ਪੰਜਾਬ ਐਸਸੀ ਵਿੰਗ ਦੇ ਚੇਅਰਮੈਨ ਗੁਰਪ੍ਰੀਤ ਸਿੰਘ ਲੱਕੀ ਤੇ ਪਰਟੀ ਦੀ ਸੀਨੀਅਰ ਆਯੋਜਿਤ ਕੀਤੀ ਗਈ। ਮੀਟਿੰਗ ਦੌਰਾਨ ਲੋਕਾਂ ਨੂੰ ਕਾਂਗਰਸ ਪਾਰਟੀ ਦੀਆਂ ਨੀਤੀਆਂ ਤੇ ਭਵਿੱਖੀ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਇੰਜ. ਹਰਵਿੰਦਰਪਾਲ ਸਿੰਘ ਸ਼ਾਹਬਾਦ, ਵਾਈਸ ਪ੍ਰਧਾਨ ਪੰਜਾਬ ਐਸਸੀ ਵਿੰਗ ਨੇ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਵੱਡੇ ਫਰਕ ਨਾਲ ਪੰਜਾਬ ਵਿੱਚ ਸਰਕਾਰ ਬਣਾਵੇਗੀ ਤੇ ਪੰਜਾਬ ਦੀ ਤਰੱਕੀ ਤੇ ਖੁਸ਼ਹਾਲੀ ਲਈ ਵਰਦਾਨ ਸਾਬਤ ਹੋਵੇਗੀ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦੀਆਂ ਲੋਕ-ਹਿਤੈਸ਼ੀ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਪਿੰਡ ਪੱਧਰ 'ਤੇ ਮੀਟਿੰਗਾਂ ਦਾ ਸਿਲਸਿਲਾ ਜਾਰੀ ਰਹੇਗਾ ਤੇ ਵੱਡੀ ਗਿਣਤੀ ਵਿੱਚ ਲੋਕ ਪਾਰਟੀ ਨਾਲ ਜੁੜ ਰਹੇ ਹਨ। ਇਸ ਮੌਕੇ ਸਰਵਨ ਸਿੰਘ, ਬਲਬੀਰ ਸਿੰਘ, ਸਤਨਾਮ ਸਿੰਘ, ਸੁਖਵਿੰਦਰ ਸਿੰਘ, ਮਨਜੀਤ ਸਿੰਘ, ਜਸਵੰਤ ਸਿੰਘ, ਲਖਵਿੰਦਰ ਸਿੰਘ ਸੰਧੂ, ਲਵਪ੍ਰੀਤ ਤੇ ਸੰਤੋਸ਼ ਮਸੀਹ ਸਮੇਤ ਹੋਰ ਹਾਜ਼ਰ ਸਨ।

# ਐਸ.ਸੀ. ਡਿਪਾਰਟਮੈਂਟ ਦੇ ਡਿਸਟ੍ਰਿਕਟ ਚੇਅਰਮੈਨ ਬਣਨ 'ਤੇ ਕਾਂਗਰਸ ਵੱਲੋਂ ਬਿੱਟੂ ਦਾ ਸਨਮਾਨ



ਚੱਬੇਵਾਲ, 27 ਮਈ (ਵਿਜੈ ਬਜਰਾਵਰ): ਹਲਕਾ ਚੱਬੇਵਾਲ ਵਿੱਚ ਕਾਂਗਰਸ ਪਾਰਟੀ ਦੇ ਵਰਕਰਾਂ ਵੱਲੋਂ ਬਲਵਿੰਦਰ ਸਿੰਘ ਬਿੱਟੂ ਨੂੰ ਕਾਂਗਰਸ ਪਾਰਟੀ ਦੇ ਐਸਸੀ ਡਿਪਾਰਟਮੈਂਟ ਦਾ ਡਿਸਟ੍ਰਿਕਟ ਚੇਅਰਮੈਨ ਨਿਯੁਕਤ ਕੀਤੇ ਜਾਣ 'ਤੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੂੰ ਸਿਰੋਪਾਓ ਪਾ ਕੇ ਵਧਾਈ ਦਿੱਤੀ ਗਈ ਤੇ ਪਾਰਟੀ ਵਰਕਰਾਂ ਨੇ ਖੁਸ਼ੀ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਯਾਮਿਨੀ ਗੋਮਰ ਨੇ ਕਿਹਾ ਕਿ ਪਾਰਟੀ ਹਾਈਕਮਾਨ ਵੱਲੋਂ ਬਲਵਿੰਦਰ ਸਿੰਘ ਬਿੱਟੂ ਨੂੰ ਦਿੱਤੀ ਗਈ ਜ਼ਿੰਮੇਵਾਰੀ ਇੱਕ ਮਹੱਤਵਪੂਰਨ ਫੈਸਲਾ ਹੈ ਤੇ ਉਹ ਇਸ ਅਹੁਦੇ ਨੂੰ ਪੂਰੀ ਇਮਾਨਦਾਰੀ ਤੇ ਸਮਰਪਣ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਹਲਕਾ ਇੰਚਾਰਜ ਰਣਜੀਤ ਕੁਮਾਰ ਐਡਵੋਕੇਟ, ਦਵਿੰਦਰ ਸਿੰਘ ਸੈਕਟਰੀ, ਸੋਡੀ ਰਾਮ ਜਨਰਲ ਸੈਕਟਰੀ ਸਮੇਤ ਕਾਂਗਰਸ ਪਾਰਟੀ ਦੇ ਕਈ ਸੀਨੀਅਰ ਤੇ ਪੁਰਾਣੇ ਵਰਕਰ ਇਸ ਸਮਾਗਮ ਵਿੱਚ ਸ਼ਾਮਲ ਹੋਏ। ਉਨ੍ਹਾਂ ਅੱਗੇ ਕਿਹਾ ਕਿ ਪਾਰਟੀ ਨੂੰ ਬਿੱਟੂ ਤੋਂ ਵੱਡੀਆਂ ਉਮੀਦਾਂ ਹਨ ਤੇ ਉਹ ਲੋਕਾਂ ਨੂੰ ਕਾਂਗਰਸ ਪਾਰਟੀ ਨਾਲ ਜੋੜਨ ਲਈ ਜ਼ਮੀਨੀ ਪੱਧਰ 'ਤੇ ਮਜ਼ਬੂਤੀ ਨਾਲ ਕੰਮ ਕਰਨਗੇ। ਵਰਕਰਾਂ ਨੇ ਇੱਕ ਵਾਰੀ ਫਿਰ ਬਲਵਿੰਦਰ ਸਿੰਘ ਬਿੱਟੂ ਨੂੰ ਨਵੀਂ ਜ਼ਿੰਮੇਵਾਰੀ ਲਈ ਮੁਬਾਰਕਬਾਦ ਦਿੱਤੀ ਤੇ ਉਨ੍ਹਾਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ।

# ਡਾ. ਅਜੈ ਕੁਮਾਰ ਛਾਬੜਾ ਨੇ ਚੁੱਕੇ ਸਵਾਲ: ਆਖਿਰ ਕਦੋਂ ਬਣੇਗੀ ਬੁੱਟਰ ਰੋਡ ਦੀ ਖਸਤਾ ਹਾਲ ਸੜਕ, ਲੋਕ ਪ੍ਰੇਸ਼ਾਨ

ਕਾਦੀਆਂ, 27 ਮਈ (ਸਿਕੰਦਰ ਸੰਧੂ): ਸ਼ਹਿਰ ਵਿੱਚ ਵਿਕਾਸ ਕਾਰਜਾਂ ਤੇ ਨਵੀਆਂ ਸੜਕਾਂ ਦੇ ਨਿਰਮਾਣ ਦੇ ਦਾਅਵਿਆਂ ਦੇ ਦਰਮਿਆਨ ਕਾਦੀਆਂ ਦੀ ਬੁੱਟਰ ਰੋਡ ਪਿਛਲੇ ਕਰੀਬ ਇੱਕ ਸਾਲ ਤੋਂ ਆਪਣੀ ਖਸਤਾ ਹਾਲਤ ਕਾਰਨ ਲੋਕਾਂ ਲਈ ਵੱਡੀ ਪ੍ਰੇਸ਼ਾਨੀ ਦਾ ਕਾਰਨ ਬਣੀ ਹੋਈ ਹੈ। ਸੜਕ ਦੀ ਟੁੱਟੀ-ਫੁੱਟੀ ਹਾਲਤ, ਚਾਰੋਂ ਪਾਸੇ ਫੈਲੀ ਧੂੜ-ਮਿੱਟੀ ਤੇ ਖਿਲਰੀ ਹੋਈ ਬਜਰੀ ਨੇ ਰਾਹਗੀਰਾਂ, ਦੁਕਾਨਦਾਰਾਂ ਤੇ ਵਾਹਨ ਚਾਲਕਾਂ ਦੀ ਜ਼ਿੰਦਗੀ ਮੁਸ਼ਕਿਲ ਬਣਾ ਦਿੱਤੀ ਹੈ। ਸਥਾਨਕ ਲੋਕਾਂ ਦਾ ਦੋਸ਼ ਹੈ ਕਿ ਪ੍ਰਸ਼ਾਸਨ ਦੀ ਅਣਦੇਖੀ ਤੇ ਲਾਪ੍ਰਵਾਹੀ ਕਾਰਨ ਇਹ ਸੜਕ ਲੰਮੇ ਸਮੇਂ ਤੋਂ ਅਧੂਰੀ ਪਈ ਹੋਈ ਹੈ, ਜਿਸ ਕਾਰਨ ਲੋਕਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਜਾਣਕਾਰੀ ਅਨੁਸਾਰ ਪਿਛਲੇ ਸਾਲ ਇਸ ਸੜਕ ਨੂੰ ਨਿਰਮਾਣ ਕਾਰਜ ਦੇ ਨਾਮ 'ਤੇ ਖੁਦਵਾ ਦਿੱਤਾ ਗਿਆ ਸੀ ਤੇ ਇਸ 'ਤੇ ਮੋਟੀ ਬਜਰੀ ਪਾ ਦਿੱਤੀ ਗਈ ਸੀ। ਲੋਕਾਂ ਨੂੰ ਉਮੀਦ ਸੀ ਕਿ ਕੁਝ ਹੀ ਦਿਨਾਂ ਵਿੱਚ ਸੜਕ ਦਾ ਨਿਰਮਾਣ ਪੂਰਾ ਕਰ ਦਿੱਤਾ ਜਾਵੇਗਾ, ਪਰ ਮਹੀਨੇ ਬੀਤ ਜਾਣ ਦੇ ਬਾਵਜੂਦ ਵੀ ਕੰਮ ਅਧੂਰਾ ਹੀ ਪਿਆ ਰਿਹਾ। ਸੜਕ 'ਤੇ ਪਈ ਬਜਰੀ ਕਾਰਨ ਹਰ ਰੋਜ਼ ਰਾਹਗੀਰ ਫਿਸਲ ਕੇ ਡਿੱਗਦੇ ਰਹੇ, ਜਦਕਿ ਦੋਪਹੀਆ ਤੇ ਚਾਰਪਹੀਆ ਵਾਹਨਾਂ ਦੇ ਸਸਪੈਂਸ਼ਨ ਤੱਕ ਖਰਾਬ ਹੋ ਗਏ। ਵਪਾਰੀਆਂ ਦਾ ਕਹਿਣਾ ਹੈ ਕਿ ਸੜਕ ਦੀ ਮਾੜੀ ਹਾਲਤ ਕਾਰਨ ਗ੍ਰਾਹਕਾਂ ਦੀ ਆਵਾਜਾਈ ਪ੍ਰਭਾਵਿਤ ਹੋਈ ਹੈ, ਜਿਸ ਨਾਲ ਵਪਾਰ 'ਤੇ ਵੀ ਨਕਾਰਾਤਮਕ ਅਸਰ ਪਿਆ ਹੈ। ਮੁਹੱਲਾ ਨਿਵਾਸੀਆਂ ਤੇ ਦੁਕਾਨਦਾਰਾਂ ਨੇ ਕਈ ਵਾਰ ਪ੍ਰਸ਼ਾਸਨ ਤੇ ਸਬੰਧਤ ਵਿਭਾਗ ਦਾ ਧਿਆਨ ਇਸ ਸਮੱਸਿਆ ਵੱਲ ਖਿੱਚਣ ਦੀ ਕੋਸ਼ਿਸ਼ ਕੀਤੀ। ਵੱਖ-ਵੱਖ



ਅਖ਼ਬਾਰਾਂ ਵਿੱਚ ਵੀ ਸੜਕ ਦੀ ਖਸਤਾ ਹਾਲਤ ਨੂੰ ਲੈ ਕੇ ਖ਼ਬਰਾਂ ਪ੍ਰਕਾਸ਼ਿਤ ਹੋਈਆਂ, ਪਰ ਇਸ ਦੇ ਬਾਵਜੂਦ ਵੀ ਨਿਰਮਾਣ ਕਾਰਜ ਵਿੱਚ ਕੋਈ ਤੇਜ਼ੀ ਨਹੀਂ ਆਈ। ਇਸ ਸਬੰਧੀ ਜਦੋਂ ਪੀਡਬਲਿਊਡੀ ਵਿਭਾਗ ਦੇ ਐਸਡੀਓ ਨਿਰਮਲ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਦੱਸਿਆ ਕਿ ਸੜਕ 'ਤੇ ਡਬਲ ਲੇਅਰ ਬਜਰੀ ਪਾਈ ਜਾ ਚੁੱਕੀ ਹੈ ਤੇ ਆਉਣ ਵਾਲੇ ਇੱਕ-ਦੋ ਦਿਨਾਂ ਵਿੱਚ ਨਿਰਮਾਣ ਕਾਰਜ ਸ਼ੁਰੂ ਕਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਸੜਕ ਨਿਰਮਾਣ ਨੂੰ ਗੁਣਵੱਤਾ ਨਾਲ ਪੂਰਾ ਕਰਨ ਦੀ ਯੋਜਨਾ ਬਣਾਈ ਗਈ ਹੈ ਤਾਂ ਜੋ ਭਵਿੱਖ ਵਿੱਚ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਐਸਡੀਓ ਨਿਰਮਲ ਸਿੰਘ ਨੇ ਇਹ ਵੀ ਜਾਣਕਾਰੀ ਦਿੱਤੀ ਕਿ ਬਣਨ ਵਾਲੀ ਸੜਕ ਦੀ ਪੰਜ ਸਾਲ ਦੀ ਗਾਰੰਟੀ ਹੋਵੇਗੀ ਤੇ ਜੇਕਰ ਭਵਿੱਖ ਵਿੱਚ ਸੜਕ 'ਤੇ ਖੱਡੇ ਪੈਂਦੇ ਹਨ ਤਾਂ ਉਨ੍ਹਾਂ ਦੀ ਮੁਰੰਮਤ ਦੀ ਪੂਰੀ ਜ਼ਿੰਮੇਵਾਰੀ ਸਬੰਧਤ ਠੇਕੇਦਾਰ ਦੀ ਹੋਵੇਗੀ। ਇਸ ਮਾਮਲੇ 'ਤੇ ਪ੍ਰਤੀਕਿਰਿਆ ਦਿੰਦਿਆਂ ਡਾ. ਅਜੈ ਕੁਮਾਰ ਛਾਬੜਾ ਨੇ ਕਿਹਾ ਕਿ ਸ਼ਹਿਰ ਵਾਸੀਆਂ ਨੂੰ ਬੁਨਿਆਦੀ ਸੁਵਿਧਾਵਾਂ ਮੁਹੱਈਆ ਕਰਵਾਉਣਾ ਪ੍ਰਸ਼ਾਸਨ ਦੀ ਪਹਿਲੀ ਜ਼ਿੰਮੇਵਾਰੀ ਹੈ। ਉਨ੍ਹਾਂ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਸੜਕ ਨਿਰਮਾਣ ਕਾਰਜ ਨੂੰ ਜੰਗੀ ਪੱਧਰ 'ਤੇ ਪੂਰਾ ਕਰਵਾਇਆ ਜਾਵੇ ਤਾਂ ਜੋ ਲੋਕਾਂ ਨੂੰ ਜਲਦ ਰਾਹਤ ਮਿਲ ਸਕੇ। ਇਸ ਮੌਕੇ ਮਾਂਗਾ ਭਾਟੀਆ, ਵਿਨੋਦ ਕੁਮਾਰ, ਡਾ. ਪ੍ਰਦੀਪ, ਰਾਜੇਸ਼ ਕੁਮਾਰ, ਰਵੀ ਕੁਮਾਰ, ਪਵਨ ਕੁਮਾਰ ਤੇ ਸਰਵਣ ਸਿੰਘ ਨੇ ਵੀ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਲੋਕਾਂ ਦੀ ਲੰਮੇ ਸਮੇਂ ਤੋਂ ਚੱਲੀ ਆ ਰਹੀ ਪ੍ਰੇਸ਼ਾਨੀ ਨੂੰ ਗੰਭੀਰਤਾ ਨਾਲ ਲੈਂਦਿਆਂ ਬੁੱਟਰ ਰੋਡ ਦੇ ਨਿਰਮਾਣ ਕਾਰਜ ਨੂੰ ਜਲਦ ਤੋਂ ਜਲਦ ਪੂਰਾ ਕਰਵਾਇਆ ਜਾਵੇ।

# ਪੰਜਾਬ ਨੈਸ਼ਨਲ ਬੈਂਕ ਵਿਖੇ ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾਇਆ



ਫਤਹਿਗੜ੍ਹ ਚੂੜੀਆਂ, 27 ਮਈ (ਰਾਜਨ ਸ਼ਰਮਾ): ਫਤਹਿਗੜ੍ਹ ਚੂੜੀਆਂ ਦੇ ਨਜ਼ਦੀਕ ਪਿੰਡ ਤਲਵੰਡੀ ਭਰਥ ਵਿਖੇ ਸਰਬੱਤ ਦੇ ਭਲੇ ਲਈ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾਇਆ ਗਿਆ ਤੇ ਰਾਗੀ ਜੱਥੇ ਵੱਲੋਂ ਕੀਰਤਨ ਕੀਤਾ ਗਿਆ। ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਲਈ ਅਮਿਤ ਕੁਮਾਰ ਰਾਹੁਤ ਸਰਕਲ ਹੈਡ (ਡੀਜੀਐਮ) ਪੰਜਾਬ ਨੈਸ਼ਨਲ ਬੈਂਕ ਸਰਕਲ ਆਫਿਸ ਪਠਾਨਕੋਟ ਵੱਲੋਂ ਪਰਮਾਤਮਾ ਦਾ ਸ਼ੁਕਰਾਨਾ ਕੀਤਾ ਗਿਆ। ਪੰਜਾਬ ਨੈਸ਼ਨਲ ਬੈਂਕ ਤਲਵੰਡੀ ਭਰਥ ਦੇ ਮੈਨੇਜਰ ਸੰਜੇ ਕੁਮਾਰ ਨੇ ਦੱਸਿਆ ਕਿ ਬੈਂਕ ਦੇ ਵਿੱਚ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦਾ ਸਿਲਸਿਲਾ ਜਾਰੀ ਰਹੇਗਾ ਤੇ ਜਦੋਂ ਤੱਕ ਪਰਮਾਤਮਾ ਦਾ ਹੁਕਮ ਹੋਵੇਗਾ ਹਰ ਸਾਲ ਉਸ ਵਾਹਿਗੁਰੂ ਜੀ ਦਾ ਓਟ ਆਸਰਾ ਲਿਆ ਜਾਵੇਗਾ। ਉਸ ਤੋਂ ਉਪਰੰਤ ਬਾਅਦ ਪੰਜਾਬ ਨੈਸ਼ਨਲ ਬੈਂਕ ਦੇ ਸਾਰੇ ਹੀ ਸਮੂਹ ਸਟਾਫ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਤੇ ਪਰਮਾਤਮਾ ਦਾ ਸ਼ੁਕਰਾਨਾ ਅਦਾ ਕੀਤਾ। ਇਸ ਮੌਕੇ 'ਤੇ ਸੰਜੇ ਕੁਮਾਰ ਮੈਨੇਜਰ, ਸਿਮਰਨਜੀਤ ਸਿੰਘ, ਮੰਗਲ ਦਾਸ, ਕੁਲਦੀਪਕ, ਸਿਮਰਤਿ ਸਿੰਘ, ਪੁਨੀਤ, ਗੁਰਪ੍ਰੀਤ ਸਿੰਘ, ਜਤਿੰਦਰ, ਅਜੀਤ ਸਿੰਘ, ਅਮਰਜੀਤ ਸਿੰਘ, ਰੇਸ਼ਮ ਸਿੰਘ, ਭੁਪਿੰਦਰ ਸਿੰਘ, ਕੁਲਬੀਰ ਸਿੰਘ ਹਾਜ਼ਰ ਸਨ।

# ਪੁਲਿਸ ਪ੍ਰਸ਼ਾਸਨ ਸ਼ਾਂਤਮਈ, ਸੁਖਾਵੇਂ ਤੇ ਨਿਰੱਪਖ ਮਾਹੌਲ 'ਚ ਚੋਣਾਂ ਕਰਵਾਉਣ 'ਚ ਸਫਲ ਰਿਹਾ

ਧਾਰੀਵਾਲ, 27 ਮਈ (ਅਸ਼ੋਕ ਕੁਮਾਰ): ਮਾਣਯੋਗ ਐਸਐਸਪੀ ਗੁਰਦਾਸਪੁਰ ਆਦਿਤਿਆ ਦੇ ਦਿਸ਼ਾ-ਨਿਰਦੇਸ਼ਾਂ ਤੇ ਐਸਪੀ ਹੈਡਕੁਆਰਟਰ ਜੁਗਰਾਜ ਸਿੰਘ ਦੀ ਨਿਗਰਾਨੀ ਹੇਠ ਡਿਊਟੀ 'ਤੇ ਤੈਨਾਤ ਪੁਲਿਸ ਅਮਲੇ ਵੱਲੋਂ ਧਾਰੀਵਾਲ ਸ਼ਹਿਰ ਅੰਦਰ ਨਗਰ ਕੌਂਸਲ ਚੋਣਾਂ ਨੂੰ ਪੂਰੀ ਤਰ੍ਹਾਂ ਸ਼ਾਂਤਮਈ, ਸੁਖਾਵੇਂ ਤੇ ਨਿਰਪੱਖ ਮਾਹੌਲ ਵਿੱਚ ਸੰਪੰਨ ਕਰਵਾਇਆ ਗਿਆ। ਇਸ ਮੌਕੇ ਐਸਐਚਓ ਧਾਰੀਵਾਲ ਪਰਮਿੰਦਰ ਸਿੰਘ ਸਿੱਧੂ ਸਮੇਤ ਸਮੂਹ ਪੁਲਿਸ ਪ੍ਰਸ਼ਾਸਨ ਵੱਲੋਂ ਚੋਣਾਂ ਦੌਰਾਨ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਗਏ ਸਨ ਤਾਂ ਜੋ ਹਰ ਵੋਟਰ ਬਿਨਾਂ ਕਿਸੇ ਡਰ ਜਾਂ ਦਬਾਅ ਦੇ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰ ਸਕੇ। ਚੋਣਾਂ ਦੌਰਾਨ ਪੁਲਿਸ ਪ੍ਰਸ਼ਾਸਨ ਵੱਲੋਂ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਲਗਾਤਾਰ ਨਿਗਰਾਨੀ ਰੱਖੀ ਗਈ ਤੇ ਕਾਨੂੰਨ ਵਿਵਸਥਾ ਨੂੰ ਕਾਇਮ ਰੱਖਣ ਲਈ ਵੱਡੀ ਗਿਣਤੀ ਵਿੱਚ ਪੁਲਿਸ ਫੋਰਸ ਤਾਇਨਾਤ ਕੀਤੀ ਗਈ। ਪੁਲਿਸ ਅਧਿਕਾਰੀਆਂ ਨੇ ਲੋਕਾਂ ਨਾਲ ਸਾਂਝ ਬਣਾਈ ਰੱਖਦਿਆਂ ਹਰ ਸੰਭਵ ਸਹਿਯੋਗ ਦਿੱਤਾ, ਜਿਸ ਕਾਰਨ ਚੋਣਾਂ ਪੂਰੀ ਤਰ੍ਹਾਂ ਅਮਨ-ਅਮਾਨ ਨਾਲ ਨੇਪਰੇ ਚੜ੍ਹੀਆਂ। ਧਾਰੀਵਾਲ ਸ਼ਹਿਰ ਦੀਆਂ ਸਾਰੀਆਂ



ਰਾਜਨੀਤਿਕ ਪਾਰਟੀਆਂ, ਉਮੀਦਵਾਰਾਂ ਤੇ ਸ਼ਹਿਰ ਵਾਸੀਆਂ ਵੱਲੋਂ ਪੁਲਿਸ ਪ੍ਰਸ਼ਾਸਨ ਦੀ ਕਾਰਗੁਜ਼ਾਰੀ ਦੀ ਖੁੱਲ੍ਹ ਕੇ ਸ਼ਲਾਘਾ ਕੀਤੀ ਗਈ। ਲੋਕਾਂ ਨੇ ਕਿਹਾ ਕਿ ਪੁਲਿਸ ਨੇ ਨਿਰਪੱਖਤਾ ਨਾਲ ਆਪਣੀ ਡਿਊਟੀ ਨਿਭਾਈ ਤੇ ਚੋਣ ਪ੍ਰਕਿਰਿਆ ਨੂੰ ਪਾਰਦਰਸ਼ੀ ਬਣਾਉਣ ਵਿੱਚ ਅਹਿਮ ਯੋਗਦਾਨ ਪਾਇਆ। ਇਸ ਮੌਕੇ ਪੁਲਿਸ ਅਧਿਕਾਰੀਆਂ ਵੱਲੋਂ ਵੀ ਧਾਰੀਵਾਲ ਦੇ ਲੋਕਾਂ, ਰਾਜਨੀਤਿਕ ਪਾਰਟੀਆਂ ਤੇ ਮੀਡੀਆ ਦਾ ਸਹਿਯੋਗ ਲਈ ਧੰਨਵਾਦ ਕੀਤਾ ਗਿਆ ਤੇ ਭਵਿੱਖ ਵਿੱਚ ਵੀ ਅਮਨ-ਸ਼ਾਂਤੀ ਬਣਾਈ ਰੱਖਣ ਦੀ ਅਪੀਲ ਕੀਤੀ ਗਈ।

# ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਦੀ ਪ੍ਰਿੰਸੀਪਲ ਨੂੰ ਗੁਰਦੁਆਰਾ ਟਾਹਲੀ ਸਾਹਿਬ ਗਾਹਲੜੀ ਪਹੁੰਚਣ 'ਤੇ ਸਨਮਾਨਿਤ ਕੀਤਾ

ਗੁਰਦਾਸਪੁਰ, 27 ਮਈ (ਜਸਵਿੰਦਰ ਸਿੰਘ): ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ, ਗੁਰਦਾਸਪੁਰ ਨੇ ਟਾਹਲੀ ਸਾਹਿਬ ਗੁਰਦੁਆਰੇ ਦੇ ਪਵਿੱਤਰ ਅਸਥਾਨ ਦੀ ਇੱਕ ਅਧਿਆਤਮਿਕ ਯਾਤਰਾ ਦਾ ਆਯੋਜਨ ਕੀਤਾ, ਜਿੱਥੇ ਸਟਾਫ ਨੇ ਮੱਥਾ ਟੇਕਿਆ ਤੇ ਬ੍ਰਹਮ ਆਸ਼ੀਰਵਾਦ ਪ੍ਰਾਪਤ ਕੀਤਾ। ਇਹ ਯਾਤਰਾ ਸਕੂਲ ਪ੍ਰਬੰਧਨ ਤੇ ਪ੍ਰਿੰਸੀਪਲ ਡਾ. ਸ਼ਿਵਾਨੀ ਸਿੰਘ ਦੀ ਅਗਵਾਈ ਹੇਠ ਅਧਿਆਤਮਿਕ ਤੇ ਨੈਤਿਕ ਕਦਰਾਂ-ਕੀਮਤਾਂ ਨੂੰ ਸਥਾਪਤ ਕਰਨ ਤੇ ਸਰਬੱਤ ਦੇ ਭਲੇ ਦੇ ਦੀ ਅਰਦਾਸ ਦੇ ਉਦੇਸ਼ ਨਾਲ ਕੀਤੀ ਗਈ ਸੀ। ਫੇਰੀ ਦੌਰਾਨ ਸਕੂਲ ਦੇ ਪ੍ਰਤੀਨਿਧੀਆਂ ਨੇ ਗੁਰਦੁਆਰਾ ਸਾਹਿਬ ਵਿਖੇ ਸ਼ਰਧਾ ਤੇ ਸਤਿਕਾਰ ਦੇ ਪ੍ਰਤੀਕ ਵਜੋਂ ਰੁਮਾਲਾ ਸਾਹਿਬ ਭੇਟ ਕੀਤਾ। ਟਾਹਲੀ ਸਾਹਿਬ



ਗੁਰਦੁਆਰੇ ਦੇ ਪ੍ਰਬੰਧਨ ਨੇ ਸਕੂਲ ਦੇ ਵਫ਼ਦ ਦਾ ਨਿੱਘਾ ਸਵਾਗਤ ਕੀਤਾ। ਗੁਰਦੁਆਰੇ ਦੇ ਮੈਨੇਜਰ ਹਰਜੀਤ ਸਿੰਘ ਨੇ ਪ੍ਰਤੀਨਿਧੀਆਂ ਨੂੰ ਆਸ਼ੀਰਵਾਦ ਤੇ ਪ੍ਰਸ਼ੰਸਾ ਦੇ ਪ੍ਰਤੀਕ ਵਜੋਂ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਪਵਿੱਤਰ ਮੌਕੇ 'ਤੇ, ਸਕੂਲ ਦੀ ਪ੍ਰਿੰਸੀਪਲ ਦੀ ਪ੍ਰਿੰਸੀਪਲ ਡਾ. ਸ਼ਿਵਾਨੀ ਸਿੰਘ ਨੂੰ ਅਧਿਆਤਮਿਕਤਾ ਤੇ ਆਸ਼ੀਰਵਾਦ ਦੇ ਪ੍ਰਤੀਕ ਵਜੋਂ ਬਾਬਾ ਸ੍ਰੀ ਚੰਦ ਜੀ ਦੀ ਇੱਕ ਤਸਵੀਰ ਵੀ ਭੇਟ ਕੀਤੀ ਗਈ। ਸਟਾਫ ਨੇ ਅਧਿਆਤਮਿਕ ਤੌਰ 'ਤੇ ਅਮੀਰ ਮਹਿਸੂਸ ਕੀਤਾ ਤੇ ਪਵਿੱਤਰ ਸਥਾਨ ਦੇ ਦਰਸ਼ਨ ਕਰਨ ਦੇ ਮੌਕੇ ਲਈ ਧੰਨਵਾਦ ਪ੍ਰਗਟ ਕੀਤਾ। ਸਕੂਲ ਪ੍ਰਬੰਧਨ ਨੇ ਕਿਹਾ ਕਿ ਅਜਿਹੇ ਦੌਰੇ ਨੂੰ ਸਮਾਜ ਵਿੱਚ ਸ਼ਾਂਤੀ, ਨਿਮਰਤਾ ਤੇ ਸਤਿਕਾਰ ਨੂੰ ਉਤਸ਼ਾਹਿਤ ਕਰਦੇ ਹੋਏ ਸੱਭਿਆਚਾਰਕ, ਧਾਰਮਿਕ ਤੇ ਨੈਤਿਕ ਕਦਰਾਂ-ਕੀਮਤਾਂ ਨਾਲ ਜੁੜੇ ਰਹਿਣ ਵਿੱਚ ਮਦਦ ਕਰਦੇ ਹਨ। ਇਸ ਮੌਕੇ 'ਤੇ ਅਸ਼ਵਨੀ ਕੁਮਾਰ, ਹਰਪਾਲ ਸਿੰਘ, ਦਲਬੀਰ ਸਿੰਘ, ਅਮਿਤ ਕੁਮਾਰ, ਅਮਨ ਸ਼ਰਮਾ ਸਮੇਤ ਸਮੂਹ ਸਟਾਫ਼ ਹਾਜ਼ਰ ਸੀ।

# ਹਰਚੋਵਾਲ-ਚੰਡੀਗੜ੍ਹ ਸੜਕ ਦੇ ਮਾੜੇ ਹਾਲ ਕਾਰਨ ਸਵਿਫਟ ਗੱਡੀ ਛੱਪੜ 'ਚ ਡਿੱਗੀ, ਵੱਡਾ ਹਾਦਸਾ ਟਲਿਆ

ਹਰਚੋਵਾਲ, 27 ਮਈ (ਪ੍ਰਦੀਪ ਸਿੰਘ ਬੇਦੀ): ਹਰਚੋਵਾਲ ਤੋਂ ਚੰਡੀਗੜ੍ਹ ਵਾਲੀ ਸੜਕ ਦੀ ਖਸਤਾਹਾਲੀ ਤੇ ਸੜਕ ਦੇ ਕਿਨਾਰੇ ਦੀ ਘਾਟ ਕਾਰਨ ਇੱਕ ਸਵਿਫਟ ਕਾਰ ਛੱਪੜ ਵਿੱਚ ਜਾ ਡਿੱਗਣ ਦਾ ਮਾਮਲਾ ਸਾਹਮਣੇ ਆਇਆ ਹੈ। ਹਾਦਸੇ ਦੌਰਾਨ ਗੱਡੀ ਦਾ ਭਾਰੀ ਨੁਕਸਾਨ ਹੋਇਆ, ਜਦਕਿ ਗੱਡੀ ਵਿੱਚ ਸਵਾਰ ਬਜ਼ੁਰਗ ਜੋੜਾ ਵਾਲ-ਵਾਲ ਬਚ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਬਜ਼ੁਰਗ ਜੋੜਾ ਗੁਰਦਾਸਪੁਰ ਤੋਂ ਸ੍ਰੀ ਹਰਿਗੋਬਿੰਦਪੁਰ ਵੱਲ ਜਾ ਰਿਹਾ ਸੀ। ਜਦੋਂ ਉਹ ਹਰਚੋਵਾਲ ਨੇੜੇ ਪੁੱਜੇ ਤਾਂ ਟੁੱਟੀ ਹੋਈ ਸੜਕ ਤੇ ਛੱਪੜ ਦੇ ਕਿਨਾਰੇ ਦੀ ਕਮੀ ਕਾਰਨ ਗੱਡੀ ਬੇਕਾਬੂ ਹੋ ਕੇ ਛੱਪੜ ਵਿੱਚ ਜਾ ਡਿੱਗੀ। ਹਾਦਸੇ ਤੋਂ ਬਾਅਦ ਮੌਕੇ 'ਤੇ ਇਕੱਠੇ ਹੋਏ ਰਾਹਗੀਰਾਂ ਨੇ ਰੱਸਿਆਂ ਤੇ ਟਰੈਕਟਰ ਦੀ ਮਦਦ ਨਾਲ ਗੱਡੀ ਨੂੰ ਬਾਹਰ ਕੱਢਿਆ। ਸਥਾਨਕ ਲੋਕਾਂ ਨੇ ਦੱਸਿਆ ਕਿ ਪੀਡਬਲਿਊਡੀ ਵਿਭਾਗ ਦੀ ਅਣਗਹਿਲੀ ਕਾਰਨ ਇਸ ਸੜਕ 'ਤੇ ਹਰ ਰੋਜ਼ ਛੋਟੇ-ਵੱਡੇ ਹਾਦਸੇ ਵਾਪਰ ਰਹੇ ਹਨ। ਉਨ੍ਹਾਂ





ਦੱਸਿਆ ਕਿ ਕੁਝ ਦਿਨ ਪਹਿਲਾਂ ਇੱਕ ਟਰੱਕ ਡਰਾਈਵਰ ਵੀ ਪੈਰ ਫਿਸਲਣ ਕਾਰਨ ਇਸੇ ਛੱਪੜ ਵਿੱਚ ਡਿੱਗ ਗਿਆ ਸੀ, ਜਿਸ ਨੂੰ ਨੇੜਲੇ ਦੁਕਾਨਦਾਰਾਂ ਨੇ ਬਚਾਇਆ ਸੀ। ਲੋਕਾਂ ਨੇ ਦੋਸ਼ ਲਗਾਇਆ ਕਿ ਇਸ ਸੜਕ ਦੀ ਮੁਰੰਮਤ ਤੇ ਸੁਰੱਖਿਆ ਪ੍ਰਬੰਧਾਂ ਲਈ ਪੀਡਬਲਿਊਡੀ ਗੁਰਦਾਸਪੁਰ ਨੂੰ ਕਈ ਵਾਰ ਸ਼ਿਕਾਇਤਾਂ ਦਿੱਤੀਆਂ ਗਈਆਂ ਹਨ, ਪਰ ਕੋਈ ਕਾਰਵਾਈ ਨਹੀਂ ਕੀਤੀ ਗਈ। ਬਾਰਿਸ਼ ਦੇ ਦਿਨਾਂ ਵਿੱਚ ਇਹ ਸੜਕ ਛੱਪੜ ਦਾ ਰੂਪ ਧਾਰ ਲੈਂਦੀ ਹੈ, ਜਿਸ ਕਾਰਨ ਆਵਾਜਾਈ ਬਹੁਤ ਪ੍ਰਭਾਵਿਤ ਹੁੰਦੀ ਹੈ ਤੇ ਹਾਦਸਿਆਂ ਦਾ ਖ਼ਤਰਾ ਹੋਰ ਵੱਧ ਜਾਂਦਾ ਹੈ। ਇਲਾਕਾ ਨਿਵਾਸੀਆਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਕਿਸੇ ਵੱਡੀ ਅਣਹੋਣੀ ਤੋਂ ਪਹਿਲਾਂ ਇਸ ਸੜਕ ਦੀ ਤੁਰੰਤ ਮੁਰੰਮਤ ਕਰਵਾਈ ਜਾਵੇ ਤੇ ਸੜਕ ਕਿਨਾਰੇ ਸੁਰੱਖਿਆ ਪ੍ਰਬੰਧ ਕੀਤੇ ਜਾਣ।

# ਮੁੱਖ ਖੇਤੀਬਾੜੀ ਅਫ਼ਸਰ ਵੱਲੋਂ ਵੱਖ-ਵੱਖ ਅਦਾਰਿਆਂ ਨਾਲ ਖਾਦਾਂ ਸਬੰਧੀ ਅਹਿਮ ਮੀਟਿੰਗ

ਨਵਾਂਸ਼ਹਿਰ, 27 ਮਈ (ਸੁਖਦੇਵ ਸਿੰਘ ਉੜਾਪੜ): ਪੰਜਾਬ ਸਰਕਾਰ ਤੇ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਵੱਲੋਂ ਜਾਰੀ ਨਿਰਦੇਸ਼ਾਂ ਤਹਿਤ ਡਾ. ਲੇਖ ਰਾਜ, ਮੁੱਖ ਖੇਤੀਬਾੜੀ ਅਫਸਰ ਵੱਲੋਂ ਜ਼ਿਲ੍ਹੇ ਅੰਦਰ ਖਾਦਾਂ ਦੀ ਸੰਤੁਲਿਤ ਵਰਤੋਂ ਕਰਨ ਦੇ ਮੰਤਵ ਲਈ ਸਹਿਕਾਰੀ ਸਭਾਵਾਂ, ਇਫਕੋ, ਮਾਰਕਫੈਡ, ਕਰਿਭਕੋ ਤੇ ਜ਼ਿਲ੍ਹੇ ਦੇ ਖਾਦ ਹੋਲਸੇਲਰ ਖਾਦ ਡੀਲਰ ਦੇ ਨੁਮਾਇੰਦੀਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਉਨ੍ਹਾਂ ਵੱਲੋਂ ਇਨ੍ਹਾਂ ਅਦਾਰਿਆਂ ਕੋਲ ਪਈ ਖਾਦ ਦਾ ਜਾਇਜ਼ਾ ਲਿਆ ਗਿਆ। ਕਿਉਂਕਿ ਜ਼ਿਲ੍ਹੇ ਅੰਦਰ ਲੱਗਣ ਵਾਲੇ ਖਾਦਾਂ ਦੇ ਰੇਕਾਂ ਵਿੱਚ 60 ਪ੍ਰਤੀਸ਼ਤ ਸਹਿਕਾਰੀ ਸਭਾਵਾਂ ਤੇ 40



ਪ੍ਰਤੀਸ਼ਤ ਪ੍ਰਾਈਵੇਟ ਖਾਦ ਵਿਕ੍ਰੇਤਾ ਨੂੰ ਸਪਲਾਈ ਹੁੰਦੀ ਹੈ। ਉਨ੍ਹਾਂ ਵੱਲੋਂ ਖਾਦਾਂ ਦੇ ਪਿਛਲੇ ਸਾਲ ਦੇ ਇਡੈਂਟ ਦੇ ਮੁਕਾਬਲੇ ਇਸ ਸਾਲ ਦੇ ਇਡੈਂਟ ਸਬੰਧੀ ਪੁੱਛਿਆ ਗਿਆ। ਮੀਟਿੰਗ ਵਿੱਚ ਹਾਜ਼ਰੀਨ ਨੁਮਾਇੰਦਿਆਂ ਵੱਲੋਂ ਆਪਣੇ-ਆਪਣੇ ਅਦਾਰਿਆਂ ਨਾਲ ਸਬੰਧਤ ਯੂਰੀਆ ਤੇ ਡੀ.ਏ.ਪੀ. ਖਾਦ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ। ਡਾ. ਲੇਖ ਰਾਜ, ਮੁੱਖ ਖੇਤੀਬਾੜੀ ਅਫਸਰ ਵੱਲੋਂ ਕਿਹਾ ਗਿਆ ਕਿ ਸਰਕਾਰ ਵੱਲੋਂ ਖਾਦਾਂ ਦੀ ਵਿਕਰੀ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਇਸ ਲਈ ਖਾਦ ਦੀ ਵਿਕਰੀ ਪੀ.ਓ.ਐਸ. ਮਸ਼ੀਨ ਰਾਹੀਂ ਹੀ ਕੀਤੀ ਜਾਵੇ ਤੇ ਇਹ ਵੀ ਯਕੀਨੀ ਬਣਾਇਆ ਜਾਵੇ ਕਿ ਖਾਦ ਦਾ ਫਿਜੀਕਲ ਸਟਾਕ ਤੇ ਪੀਓਐਸ ਸਟਾਕ ਮੇਲ ਖਾਂਦਾ ਹੋਵੇ। ਖਾਦ ਵਿਕ੍ਰੇਤਾ ਸਟਾਕ ਬੋਰਡ ਲਗਾਉਣ ਦੇ ਨਾਲ-ਨਾਲ ਭਰੇ ਜਾਣੇ ਯਕੀਨੀ ਬਣਾਏ ਜਾਣ ਤਾਂ ਜੋ ਕਿਸਾਨਾਂ ਨੂੰ ਪਈਆਂ ਖੇਤੀ ਵਸਤਾਂ ਦਾ ਪਤਾ ਲੱਗ ਸਕੇ। ਕਿਸਾਨਾਂ ਨੂੰ ਖਾਦ ਦੇ ਕੱਟੇ ਜਾਂਦੇ ਬਿੱਲ ਉਪਰ ਕਿਸਾਨਾਂ ਦਾ ਨਾਮ, ਪਿੰਡ ਦਾ ਨਾਮ, ਮੋਬਾਇਲ ਨੰਬਰ ਤੇ ਖਾਦ ਦੀ ਦਿੱਤੀ ਮਾਤਰਾ ਲਿਖਿਆ ਹੋਣਾ ਲਾਜ਼ਮੀ ਹੈ। ਨਾਲ ਹੀ ਖਾਦਾਂ ਦੀ ਸੁਚੱਜੀ ਵਰਤੋਂ ਕਰਨ ਲਈ ਕਿਸਾਨਾਂ ਨੂੰ ਪ੍ਰੇਰਿਤ ਕੀਤਾ ਜਾਵੇ।ਵਿਜੈ ਮਹੇਸ਼ੀ ਖੇਤੀਬਾੜੀ ਵਿਕਾਸ ਅਫਸਰ (ਇਨਫੋਰਸਮੈਂਟ) ਨੇ ਭਾਰਤ ਸਰਕਾਰ ਵੱਲੋਂ ਜਾਰੀ ਐਫ.ਐਸ.ਏ.ਐਸ. ਬਾਰੇ ਜਾਣਕਾਰੀ ਦਿੰਦਿਆਂ ਹੋਏ ਕਿਹਾ ਕਿ ਕਿਸਾਨਾਂ ਦੀ ਵੱਧ ਤੋਂ ਵੱਧ ਐਗਰੀਸਟੇਕ ਆਈਡੀ ਬਣਾਈ ਜਾਵੇ ਤਾਂ ਜੋ ਕਿਸਾਨਾਂ ਨੂੰ ਖਾਦਾਂ ਦੀ ਸੁਖਾਲੀ ਵੰਡ ਕੀਤੀ ਜਾ ਸਕੇ। ਇਸ ਮੌਕੇ ਬਲਜਿੰਦਰ ਸਿੰਘ ਜ਼ਿਲ੍ਹਾ ਮੈਨੇਜਰ ਮਾਰਕਫੈਡ, ਅਸ਼ੋਕ ਕੁਮਾਰ ਸਹਿਕਾਰਤਾ ਵਿਭਾਗ, ਨੀਤਨ ਇਫਕੋ, ਅੰਕੂਰ ਚੌਧਰੀ ਕਰਿਭਕੋ, ਹੈਰੀ ਗੁਲਾਟੀ, ਰੋਹਿਤ ਕੁਮਾਰ, ਅਨਿਕੇਤ ਛਾਬਡਾ, ਗੁਰਪ੍ਰੀਤ ਸਿੰਘ, ਸੰਦੀਪ ਜੋਸ਼ੀ ਆਦਿ ਹਾਜ਼ਰ ਸਨ।

# ਸਿਲਵਰ ਓਕ ਇੰਟਰਨੈਸ਼ਨਲ ਸਕੂਲ 'ਚ ਵਿਦਿਆਰਥੀਆਂ ਨੇ ਮਰਾਠੀ ਨਾਚ ਤੇ ਸਾਜ਼ਾਂ ਬਾਰੇ ਹਾਸਲ ਕੀਤੀ ਜਾਣਕਾਰੀ



ਟਾਂਡਾ ਉੜਮੁੜ, 27 ਮਈ (ਅਰਜੁਨ ਜੈਨ): ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਰਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਾਹਬਾਜ਼ਪੁਰ ਵਿਖੇ ਸੀਬੀਐਸਈ ਬੋਰਡ ਵੱਲੋਂ ਜਾਰੀ ਨਿਰਦੇਸ਼ਾਂ ਦੇ ਅਨੁਸਾਰ ਭਾਰਤੀ ਭਾਸ਼ਾ ਸਮਰ ਕੈਂਪ ਦਾ ਤੀਸਰਾ ਦਿਨ ਬੜਾ ਹੀ ਦਿਲਚਸਪ ਰਿਹਾ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਤੇ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਵਿੱਚ ਸਕੂਲ ਦੇ ਡਾਂਸ ਟੀਚਰ ਵਿਸ਼ਾਲੀ ਤੇ ਸੀਸੀਏ ਵਿਭਾਗ ਦੇ ਬਲਜੀਤ ਕੌਰ ਤੇ ਸੁਮੀਤ ਦੀ ਅਗਵਾਈ ਵਿੱਚ ਬੱਚਿਆਂ ਨੂੰ ਮਰਾਠੀ ਨਾਚ ਤੇ ਮਰਾਠੀ ਸੱਭਿਆਚਾਰ ਵਿੱਚ ਵਰਤੇ ਜਾਂਦੇ ਹੋਏ ਸਾਜ਼ਾਂ ਬਾਰੇ ਜਾਣਕਾਰੀ ਦਿੱਤੀ ਗਈ। ਬੱਚਿਆਂ ਨੇ ਬੜੇ ਜੋਸ਼ ਦੇ ਨਾਲ ਮਰਾਠੀ ਸੱਭਿਆਚਾਰ ਦੇ ਇਨ੍ਹਾਂ ਦੋ ਪਹਿਲੂਆਂ ਬਾਰੇ ਜਾਣਕਾਰੀ ਹਾਸਲ ਕੀਤੀ ਤੇ ਉਨ੍ਹਾਂ ਨੇ ਮਰਾਠੀ ਨਾਚ ਸਿੱਖ ਕੇ ਅਧਿਆਪਕਾਂ ਦੇ ਅੱਗੇ ਪੇਸ਼ ਕੀਤਾ। ਪ੍ਰਿੰਸੀਪਲ ਸੰਗਰ ਨੇ ਦੱਸਿਆ ਕਿ ਸੀਬੀਐਸਈ ਬੋਰਡ ਦੇ ਨਿਰਦੇਸ਼ਾਂ ਅਨੁਸਾਰ ਭਾਰਤੀ ਭਾਸ਼ਾ ਸਮਰ ਕੈਂਪ ਦਾ ਅੱਜ ਦਾ ਇਹ ਤੀਸਰਾ ਦਿਨ ਸੀ, ਜਿਸ ਵਿੱਚ ਸਾਡੇ ਬੱਚਿਆਂ ਨੇ ਮਰਾਠੀ ਭਾਸ਼ਾ ਤੇ ਸੱਭਿਆਚਾਰ ਦੇ ਬਾਰੇ ਕੁਝ ਹੋਰ ਰੋਚਕ ਤੱਥਾਂ ਬਾਰੇ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਦੱਸਿਆ ਕਿ ਪਿਛਲੇ ਦੋ ਦਿਨਾਂ ਤੋਂ ਲਗਾਤਾਰ ਬੱਚੇ ਮਰਾਠੀ ਭਾਸ਼ਾ ਦੇ ਵੱਖ-ਵੱਖ ਪਹਿਲੂਆਂ ਬਾਰੇ ਜਾਣਕਾਰੀ ਹਾਸਲ ਕਰ ਰਹੇ ਹਨ। ਇਸ ਮੌਕੇ 'ਤੇ ਮੈਨੇਜਰ ਗਜਿੰਦਰ ਪਾਲ ਸਿੰਘ ਤਰਨ ਸੈਣੀ, ਕੋਆਰਡੀਨੇਟਰ ਬਿਕਰਮਜੀਤ ਸਿੰਘ, ਅਮਰਜੀਤ ਕੌਰ ਸੈਣੀ, ਜਗਬੰਧਨ ਸਿੰਘ, ਇਕਬਾਲ, ਰਾਜਵੀਰ, ਰਾਜਵਿੰਦਰ, ਕੰਚਨ, ਪਰਮਜੀਤ, ਪੂਜਾ, ਅਨੁਰਾਧਾ, ਨੀਨਾ, ਪਰਵੀਨ, ਮਨਦੀਪ, ਪ੍ਰੀਆ, ਰਜਮੀਤ, ਹਰਮਿੰਦਰ, ਕੁਲਦੀਪ, ਵੀਨਾ, ਹਰਨਾਮ, ਕੁਲਵੀਰ, ਬਲਦੇਵ, ਪੰਕਜ, ਸੁਸ਼ੀਲ, ਰੁਪਿੰਦਰ, ਸੁਰੇਸ਼ ਤੇ ਬਾਕੀ ਸਟਾਫ ਮੌਜੂਦ ਸੀ।

# ਬਿਜਲੀ ਬੋਰਡ ਮੈਨੇਜਮੈਂਟ ਤੇ ਸਰਕਾਰ ਵਿਰੁੱਧ ਰੋਸ ਧਰਨਾ



ਫਤਹਿਗੜ੍ਹ ਚੂੜੀਆਂ, 27 ਮਈ (ਰਾਜਨ ਸ਼ਰਮਾ): ਫਤਹਿਗੜ੍ਹ ਚੂੜੀਆਂ ਸਬ-ਡਵੀਜ਼ਨ ਵਿਖੇ ਪਿਛਲੇ ਦਿਨੀਂ ਸਤਨਾਮ ਸਿੰਘ ਬੇਰੀਆਂਵਾਲ ਦੀ ਪ੍ਰਧਾਨਗੀ ਹੇਠ ਇੱਕ ਸਾਂਝੀ ਮੀਟਿੰਗ ਕੀਤੀ ਗਈ, ਜਿਸ ਵਿੱਚ ਬਿਜਲੀ ਬੋਰਡ ਦੀ ਮੈਨੇਜਮੈਂਟ ਵੱਲੋਂ ਕੀਤੀਆਂ ਜਾ ਰਹੀਆਂ ਧੱਕੇਸ਼ਾਹੀਆਂ ਤੇ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਮਾਰੂ ਨੀਤੀਆਂ ਵਿਰੁੱਧ ਰੋਸ ਪ੍ਰਗਟ ਕੀਤਾ ਗਿਆ। ਇਸ ਦੌਰਾਨ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਹੋਇਆ ਕਿਹਾ ਕਿ ਬਿਜਲੀ ਬੋਰਡ ਨਾ ਤਾਂ ਮੁਲਾਜ਼ਮਾਂ ਦੀ ਭਰਤੀ ਕਰ ਰਿਹਾ ਹੈ ਤੇ ਨਾ ਹੀ ਸਟਾਫ ਦੀ ਭਰਤੀ ਕਰ ਰਿਹਾ ਹੈ ਤੇ ਸਟਾਫ ਦੀ ਭਰਤੀ ਨਾ ਹੋਣ ਕਾਰਨ ਮੁਲਾਜ਼ਮ ਕਾਰਪੋਰੇਸ਼ਨ ਅਧੀਨ ਕੰਮ ਕਰ ਰਹੇ ਹਨ। ਉਨ੍ਹਾਂ ਮੁਲਾਜ਼ਮਾਂ ਤੇ ਧੱਕੇਸ਼ਾਹੀ ਨਾਲ ਮੋਬਾਈਲ ਤੇ ਹੋਰ ਹੱਥਕੰਡੇ ਵਰਤ ਕੇ ਮੁਲਾਜ਼ਮਾਂ ਨੂੰ ਨਾਜਾਇਜ਼ ਤੰਗ ਪ੍ਰੇਸ਼ਾਨ ਕਰ ਰਹੇ ਹਨ। ਜਿਸ ਦਾ ਬੁਲਾਰਿਆਂ ਨੇ ਭਾਰੀ ਵਿਰੋਧ ਕੀਤਾ ਤੇ ਕਿਹਾ ਕਿ ਮਹਿਕਮੇ ਵਿੱਚ ਸਟਾਫ ਭਰਤੀ ਕੀਤਾ ਜਾਵੇ ਤੇ ਇਸ ਦੇ ਨਾਲ ਹੀ ਕੱਚੇ ਮੁਲਾਜ਼ਮ ਪੱਕੇ ਭਰਤੀ ਕੀਤੇ ਜਾਣ। ਮੁਲਾਜ਼ਮਾਂ ਦਾ ਬਣਦਾ ਪੇਅ ਸਕੇਲ ਦਾ ਬਕਾਇਆ ਵੀ ਦਿੱਤਾ ਜਾਵੇ ਤੇ ਪੰਜਾਬ ਸਰਕਾਰ ਮੁਲਾਜ਼ਮਾਂ ਦਾ ਬਣਦਾ ਡੀਏ ਵੀ ਬਹਾਲ ਕਰੇ। ਇਸ ਮੌਕੇ 'ਤੇ ਰਾਜਵਿੰਦਰ ਸਿੰਘ ਟਰਪੱਲਾ ਬਾਰਡਰ ਜ਼ੋਨ, ਹਰਵਿੰਦਰ ਸਿੰਘ ਲਾਈਨਮੈਨ ਪੱਡਾ, ਮੁਕੇਸ਼ ਕੁਮਾਰ ਲਾਈਨ ਮੈਨ, ਵਜ਼ੀਰ ਸਿੰਘ, ਅਵਤਾਰ ਸਿੰਘ, ਇਸ਼ਾਨ ਸ਼ਰਮਾ, ਰਾਜਨ, ਜਨਕ ਰਾਜ, ਸਤਿਨਾਮ ਸਿੰਘ, ਪਰਮਜੀਤ ਸਿੰਘ, ਜਗਦੀਪ ਸਿੰਘ ਹਾਜ਼ਰ ਸਨ।

# ਗੁਰੂ ਅਮਰਦਾਸ ਫਿਲਿੰਗ ਸਟੇਸ਼ਨ 'ਤੇ ਦਿਨ-ਦਿਹਾੜੇ ਲੁੱਟ ਤੇ ਗੋਲੀਬਾਰੀ ਦੀ ਵੱਡੀ ਵਾਰਦਾਤ

ਚੋਹਲਾ ਸਾਹਿਬ/ਹਰੀਕੇ ਪੱਤਣ, 27 ਮਈ (ਚ.ਨ.ਸ): ਤਰਨਤਾਰਨ ਜ਼ਿਲ੍ਹੇ ਦੇ ਪਿੰਡ ਠੱਠੀਆਂ ਮਹੰਤਾਂ ਵਿਖੇ ਨੈਸ਼ਨਲ ਹਾਈਵੇ 'ਤੇ ਸਥਿਤ ਗੁਰੂ ਅਮਰਦਾਸ ਫਿਲਿੰਗ ਸਟੇਸ਼ਨ 'ਤੇ ਦਿਨ-ਦਿਹਾੜੇ ਲੁੱਟ ਤੇ ਗੋਲੀਬਾਰੀ ਦੀ ਵੱਡੀ ਵਾਰਦਾਤ ਸਾਹਮਣੇ ਆਈ ਹੈ। ਘਟਨਾ ਦੁਪਹਿਰ ਕਰੀਬ ਤਿੰਨ ਵਜੇ ਵਾਪਰੀ, ਜਿਸ ਤੋਂ ਬਾਅਦ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ। ਮਿਲੀ ਜਾਣਕਾਰੀ ਅਨੁਸਾਰ ਮੋਟਰਸਾਈਕਲ ਸਵਾਰ ਦੋ ਅਣਪਛਾਤੇ ਵਿਅਕਤੀ ਪੈਟਰੋਲ ਪੰਪ 'ਤੇ ਆਏ, ਜਿਨ੍ਹਾਂ ਵਿੱਚੋਂ ਇੱਕ ਨੇ ਆਪਣਾ ਮੂੰਹ ਢੱਕਿਆ ਹੋਇਆ ਸੀ। ਉਕਤ ਲੋਕਾਂ ਨੇ ਪਹਿਲਾਂ ਆਪਣੇ ਮੋਟਰਸਾਈਕਲ ਵਿੱਚ 500 ਰੁਪਏ ਦਾ ਤੇਲ ਪਵਾਇਆ ਤੇ ਉਸ ਤੋਂ ਬਾਅਦ ਪੰਪ ਦੇ ਕਰਿੰਦੇ ਸੁਰਜੀਤ ਸਿੰਘ ਪੁੱਤਰ ਨਿਰਮਲ ਸਿੰਘ ਵਾਸੀ ਚੌਧਰੀ ਵਾਲਾ ਨੂੰ ਪਿਸਤੌਲ ਦੀ ਨੋਕ 'ਤੇ ਡਰਾ ਧਮਕਾ ਕੇ ਕਰੀਬ 7 ਤੋਂ 8 ਹਜ਼ਾਰ ਰੁਪਏ ਦੀ ਨਕਦੀ ਖੋਹ ਲਈ। ਲੁੱਟ ਦੀ ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਜਦੋਂ ਦੋਵੇਂ



ਹਮਲਾਵਰ ਮੌਕੇ ਤੋਂ ਫ਼ਰਾਰ ਹੋਣ ਲੱਗੇ ਤਾਂ ਮੋਟਰਸਾਈਕਲ ਦੇ ਪਿੱਛੇ ਬੈਠੇ ਵਿਅਕਤੀ ਨੇ ਪਿਸਤੌਲ ਨਾਲ ਗੋਲੀ ਚਲਾ ਦਿੱਤੀ। ਇਹ ਗੋਲੀ ਪੰਪ ਦੇ ਕਰਿੰਦੇ ਸੁਰਜੀਤ ਸਿੰਘ ਦੀ ਲੱਤ ਵਿੱਚ ਜਾ ਲੱਗੀ, ਜਿਸ ਕਾਰਨ ਉਹ ਜ਼ਖ਼ਮੀ ਹੋ ਗਿਆ। ਘਟਨਾ ਤੋਂ ਬਾਅਦ ਜ਼ਖ਼ਮੀ ਨੂੰ ਤੁਰੰਤ ਹਸਪਤਾਲ ਦਾਖ਼ਲ ਕਰਵਾਇਆ ਗਿਆ। ਜਿੱਥੇ ਉਸ ਦਾ ਇਲਾਜ ਚੱਲ ਰਿਹਾ ਹੈ। ਘਟਨਾ ਦੀ ਸੂਚਨਾ ਮਿਲਦੇ ਹੀ ਐਸਪੀ ਇਨਵੈਸਟੀਗੇਸ਼ਨ ਰਿਪੁਤਪਨ ਸਿੰਘ ਤੇ ਡੀਐਸਪੀ ਇਨਵੈਸਟੀਗੇਸ਼ਨ ਸ਼ਿਵਦਰਸ਼ਨ ਸਿੰਘ ਤੋਂ ਇਲਾਵਾ ਥਾਣਾ ਸਰਹਾਲੀ ਦੀ ਪੁਲਿਸ ਮੌਕੇ 'ਤੇ ਪੁੱਜ ਗਈ ਤੇ ਜਾਂਚ ਸ਼ੁਰੂ ਕਰ ਦਿੱਤੀ। ਪੁਲਿਸ ਵੱਲੋਂ ਆਸ-ਪਾਸ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਚੈਕ ਕੀਤੀ ਜਾ ਰਹੀ ਹੈ ਤਾਂ ਜੋ ਹਮਲਾਵਰਾਂ ਦੀ ਪਛਾਣ ਕੀਤੀ ਜਾ ਸਕੇ। ਇਸ ਸਬੰਧੀ ਥਾਣਾ ਸਰਹਾਲੀ ਦੇ ਐਸਐਚਓ ਬਿੰਦਰਜੀਤ ਸਿੰਘ ਨੇ ਦੱਸਿਆ ਕਿ ਪੁਲਿਸ ਵੱਲੋਂ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ ਤੇ ਜਲਦ ਹੀ ਦੋਸ਼ੀਆਂ ਨੂੰ ਕਾਬੂ ਕਰ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਇਲਾਕੇ ਵਿੱਚ ਨਾਕਾਬੰਦੀ ਕਰਕੇ ਸ਼ੱਕੀ ਵਿਅਕਤੀਆਂ ਦੀ ਤਲਾਸ਼ ਵੀ ਕੀਤੀ ਜਾ ਰਹੀ ਹੈ। ਉਧਰ ਦਿਨ-ਦਿਹਾੜੇ ਵਾਪਰੀ ਇਸ ਘਟਨਾ ਤੋਂ ਬਾਅਦ ਇਲਾਕੇ ਦੇ ਲੋਕਾਂ ਵਿੱਚ ਭਾਰੀ ਰੋਸ ਤੇ ਡਰ ਦਾ ਮਾਹੌਲ ਪਾਇਆ ਜਾ ਰਿਹਾ ਹੈ।

# ਭਾਰਤ-ਅਮਰੀਕਾ ਵੱਲੋਂ ਅਹਿਮ ਖਣਿਜਾਂ ਬਾਰੇ ਸਮਝੌਤਾ

ਨਵੀਂ ਦਿੱਲੀ, 27 ਮਈ (ਚ.ਨ.ਸ): ਨਵੀਂ ਦਿੱਲੀ ਦੇ ਤਾਜ ਪੈਲੇਸ ਹੋਟਲ ਵਿੱਚ ਕਵਾਡ ਦੇਸ਼ਾਂ ਦੇ ਵਿਦੇਸ਼ ਮੰਤਰੀਆਂ ਦੀ ਮੀਟਿੰਗ ਖ਼ਤਮ ਹੋ ਗਈ ਹੈ। ਇਸ ਮੀਟਿੰਗ ਵਿੱਚ ਭਾਰਤ, ਅਮਰੀਕਾ, ਜਾਪਾਨ ਤੇ ਆਸਟ੍ਰੇਲੀਆ ਦੇ ਵਿਦੇਸ਼ ਮੰਤਰੀ ਸ਼ਾਮਲ ਹੋਏ ਸਨ। ਜੈਸ਼ੰਕਰ ਸਮੇਤ ਅਮਰੀਕਾ ਵੱਲੋਂ ਮਾਰਕੋ ਰੂਬੀਓ, ਜਾਪਾਨ ਵੱਲੋਂ ਤੋਸ਼ੀਮਿਤਸੁ ਮੋਤੇਗੀ ਤੇ ਆਸਟ੍ਰੇਲੀਆ ਵੱਲੋਂ ਪੈਨੀ ਵਾਂਗ ਨੇ ਬੈਠਕ ਵਿੱਚ ਹਿੱਸਾ ਲਿਆ। ਭਾਰਤ ਦੇ ਵਿਦੇਸ਼ ਮੰਤਰੀ ਸੁਬਰਾਮਨੀਅਮ ਜੈਸ਼ੰਕਰ ਨੇ ਇਸ ਬੈਠਕ ਤੋਂ ਨਿਕਲੇ ਤਿੰਨ ਨਤੀਜਿਆਂ ਬਾਰੇ ਦੱਸਿਆ ਹੈ। ਜੈਸ਼ੰਕਰ ਨੇ ਇੱਕ ਪੋਸਟ ਵਿੱਚ ਇਸ ਬੈਠਕ ਦੇ ਤਿੰਨ ਨਤੀਜੇ ਦੱਸੇ ਹਨ: 1. ਇੰਡੋ-ਪੈਸਿਫਿਕ ਸਮੁੰਦਰੀ ਨਿਗਰਾਨੀ ਤੇ ਜਾਣਕਾਰੀ ਸਾਂਝਾ ਕਰਨ ਉਤੇ ਸਹਿਮਤੀ ਬਣੀ। ਪੋਰਟ ਨਾਲ ਜੁੜੀਆਂ ਸਹੂਲਤਾਂ ਉਤੇ ਇੱਕ ਐਕਸਪਰਟ ਟੀਮ ਬਣਾਉਣ ਉਤੇ ਵਿਚਾਰ ਹੋਵੇਗਾ। ਫਿਜੀ ਵਿੱਚ ਇੱਕ ਨਵਾਂ ਪੋਰਟ ਪ੍ਰੋਜੈਕਟ ਸ਼ੁਰੂ ਹੋਵੇਗਾ ਤੇ ਅੰਡਰ-ਸੀ ਕੇਬਲਾਂ ਉਤੇ ਵੀ ਇੱਕਠੇ ਕੰਮ ਕੀਤਾ ਜਾਵੇਗਾ।2. ਕਵਾਡ ਨੇ ਕ੍ਰਿਟੀਕਲ ਮਿਨਰਲਜ਼ ਉਤੇ ਆਪਣਾ ਫ੍ਰੇਮਵਰਕ ਤੈਅ ਕਰ ਲਿਆ ਹੈ। ਭਾਰਤ ਤੇ ਅਮਰੀਕਾ ਨੇ ਇਸ ਉਤੇ ਵੱਖਰਾ ਸਮਝੌਤਾ ਵੀ ਕੀਤਾ ਹੈ। ਕਵਾਡ ਇਸ ਕੰਮ ਵਿੱਚ ਹੋਰ ਦੇਸ਼ਾਂ ਨੂੰ ਵੀ ਆਪਣੇ ਨਾਲ ਲੈ ਰਿਹਾ ਹੈ। 3. ਇੰਡੋ-ਪੈਸਿਫਿਕ ਵਿੱਚ ਊਰਜਾ ਸੁਰੱਖਿਆ ਲਈ ਕਵਾਡ ਨੇ ਨਵੀਂ ਪਹਿਲ ਸ਼ੁਰੂ ਕੀਤੀ ਹੈ। ਇਸ ਵਿੱਚ ਤਕਨੀਕ, ਪ੍ਰਬੰਧਨ, ਨੀਤੀਆਂ, ਅੰਤਰਰਾਸ਼ਟਰੀ ਬਾਜ਼ਾਰ ਦਾ ਵਿਸ਼ਲੇਸ਼ਣ ਤੇ ਐਮਰਜੈਂਸੀ ਰਿਸਪਾਂਸ ਐਕਸਰਸਾਈਜ਼ ਵਰਗੀਆਂ ਚੀਜ਼ਾਂ ਸ਼ਾਮਲ ਹਨ। ਇਸੇ ਮੀਟਿੰਗ ਵਿੱਚ ਭਾਰਤ ਤੇ ਅਮਰੀਕਾ ਨੇ ਅੱਜ ਅਲੱਗ ਤੋਂ ਇੱਕ ਅਹਿਮ ਸਮਝੌਤੇ ਉਤੇ



ਦਸਤਖਤ ਕੀਤੇ ਹਨ, ਜਿਸ ਦਾ ਮਕਸਦ ਕ੍ਰਿਟੀਕਲ ਮਿਨਰਲਜ਼ ਦੀ ਸਪਲਾਈ ਨੂੰ ਯਕੀਨੀ ਬਣਾਉਣਾ ਹੈ। ਭਾਰਤੀ ਵਿਦੇਸ਼ ਮੰਤਰੀ ਐਸ ਜੈਸ਼ੰਕਰ ਨੇ ਅਮਰੀਕੀ ਵਿਦੇਸ਼ ਮੰਤਰੀ ਮਾਰਕੋ ਰੂਬੀਓ ਦੀ ਹਾਜ਼ਰੀ ਵਿੱਚ ਕਿਹਾ ਕਿ ਇਹ ਸਮਝੌਤਾ ਬਹੁਤ ਸਹੀ ਸਮੇਂ ਉਤੇ ਹੋਇਆ ਹੈ ਤੇ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਇਹ ਸਮਝੌਤਾ ਖਣਿਜਾਂ ਤੇ (ਦੁਰਲਭ ਤੱਤਾਂ) ਦੀ ਪੂਰੀ ਸਪਲਾਈ ਚੇਨ ਵਿੱਚ ਸਾਡੇ ਸਹਿਯੋਗ ਨੂੰ ਡੂੰਘਾ ਕਰੇਗਾ। ਇਸ ਵਿਚ ਖੁਦਾਈ, ਪ੍ਰੋਸੈਸਿੰਗ, ਰੀਸਾਈਕਲਿੰਗ ਤੇ ਨਿਵੇਸ਼ ਸ਼ਾਮਲ ਹਨ। ਜੈਸ਼ੰਕਰ ਨੇ ਦੱਸਿਆ ਕਿ ਇਹ ਸਮਝੌਤਾ ਮਜ਼ਬੂਤ ਤੇ ਵਿਭਿੰਨ ਸਪਲਾਈ ਚੇਨ ਬਣਾਉਣ ਵਿੱਚ ਮਦਦ ਕਰੇਗਾ ਤੇ ਪ੍ਰੋਜੈਕਟਾਂ ਨੂੰ ਫਾਈਨੈਂਸ ਕਰਨ ਵਿੱਚ ਸਹਾਇਕ ਹੋਵੇਗਾ। ਰੂਬੀਓ ਨੇ ਆਪਣੇ ਬਿਆਨ ਵਿੱਚ ਭਾਰਤ-ਅਮਰੀਕਾ ਰਣਨੀਤਕ ਭਾਈਵਾਲੀ ਉਤੇ ਜ਼ੋਰ ਦਿੱਤਾ ਤੇ ਕਿਹਾ ਕਿ ਇਹ ਦੋਵਾਂ ਦੇਸ਼ਾਂ ਦੇ ਰਾਸ਼ਟਰੀ ਹਿੱਤਾਂ ਲਈ ਬਹੁਤ ਅਹਿਮ ਹੈ।

# ਗੁਜਰਾਤ ਦੇ ਗਿਰ ਜੰਗਲ 'ਚ ਪੰਜ ਏਸ਼ੀਆਈ ਸ਼ੇਰਾਂ ਦੀ ਮੌਤ

ਅਹਿਮਦਾਬਾਦ, 27 ਮਈ (ਚ.ਨ.ਸ): ਗੁਜਰਾਤ ਦੇ ਮਸ਼ਹੂਰ ਗਿਰ ਨੈਸ਼ਨਲ ਪਾਰਕ ਤੇ ਵਾਈਲਡਲਾਈਫ ਸੈਂਚੁਰੀ (ਗਿਰ ਜੰਗਲ) ਵਿੱਚ ਪਿਛਲੇ ਦਸ ਦਿਨਾਂ ਦੌਰਾਨ ਦੋ ਬੱਚਿਆਂ (ਸ਼ਾਵਕਾਂ) ਸਮੇਤ ਪੰਜ ਏਸ਼ੀਆਈ ਸ਼ੇਰਾਂ ਦੀ ਮੌਤ ਹੋਣ ਦਾ ਗੰਭੀਰ ਮਾਮਲਾ ਸਾਹਮਣੇ ਆਇਆ ਹੈ। ਇਸ ਘਟਨਾ ਤੋਂ ਬਾਅਦ ਜੰਗਲੀ ਜੀਵ ਪ੍ਰੇਮੀਆਂ ਤੇ ਇਲਾਕੇ ਵਿੱਚ ਚਿੰਤਾ ਦਾ ਮਾਹੌਲ ਬਣ ਗਿਆ ਹੈ, ਪਰ ਗੁਜਰਾਤ ਸਰਕਾਰ ਤੇ ਵਣ ਵਿਭਾਗ ਦੇ ਉਚ ਅਧਿਕਾਰੀਆਂ ਨੇ ਜੰਗਲ ਵਿੱਚ ਕਿਸੇ ਵੀ ਤਰ੍ਹਾਂ ਦੀ ਬਿਮਾਰੀ ਜਾਂ ਮਹਾਂਮਾਰੀ ਦੇ ਫੈਲਣ ਦੇ ਖ਼ਦਸ਼ੇ ਨੂੰ ਪੂਰੀ ਤਰ੍ਹਾਂ ਖਾਰਜ ਕਰ ਦਿੱਤਾ ਹੈ। ਸਰਕਾਰ ਦਾ ਕਹਿਣਾ ਹੈ ਕਿ ਇਹ ਮੌਤਾਂ ਵੱਖ-ਵੱਖ ਕੁਦਰਤੀ ਕਾਰਨਾਂ ਤੇ ਆਪਸੀ ਲੜਾਈ ਕਾਰਨ ਹੋਈਆਂ ਹਨ, ਇਸ ਲਈ ਘਬਰਾਉਣ ਦੀ ਕੋਈ ਲੋੜ ਨਹੀਂ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਜਰਾਤ ਦੇ ਵਣ ਮੰਤਰੀ ਅਰਜੁਨ ਮੋਢਵਾਡੀਆ ਨੇ ਇੱਕ ਅਧਿਕਾਰਤ ਬਿਆਨ ਜਾਰੀ ਕਰਕੇ ਦੱਸਿਆ ਕਿ ਮੀਡੀਆ ਤੇ ਹੋਰ ਥਾਵਾਂ 'ਤੇ ਪੰਜ ਸ਼ੇਰਾਂ ਦੀ ਮੌਤ ਬਾਬੇਸੀਆ ਇਨਫੈਕਸ਼ਨ ਕਾਰਨ ਹੋਣ ਦੀਆਂ ਜੋ ਖ਼ਬਰਾਂ ਚੱਲ ਰਹੀਆਂ ਹਨ, ਉਹ ਗੁੰਮਰਾਹਕੁੰਨ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਵਣ ਵਿਭਾਗ ਦੀ ਜਾਂਚ ਮੁਤਾਬਿਕ ਸਿਰਫ਼ ਦੋ ਸ਼ੇਰ ਦੇ ਬੱਚਿਆਂ ਦੀ ਮੌਤ ਹੀ ਬਾਬੇਸੀਆ ਨਾਮਕ ਇਨਫੈਕਸ਼ਨ ਨਾਲ ਹੋਣ ਦਾ ਸ਼ੱਕ ਹੈ, ਜਦੋਂ ਕਿ ਬਾਕੀ ਤਿੰਨ ਸ਼ੇਰਾਂ ਦੀ ਮੌਤ ਆਪਸੀ ਲੜਾਈ ਤੇ ਹੋਰ ਕੁਦਰਤੀ ਕਾਰਨਾਂ ਕਰਕੇ ਹੋਈ ਹੈ। ਉਨ੍ਹਾਂ ਕਿਹਾ ਕਿ ਸਰਕਾਰ ਇਸ ਪੂਰੇ ਘਟਨਾਕ੍ਰਮ 'ਤੇ ਨਜ਼ਰ ਰੱਖ ਰਹੀ ਹੈ ਤੇ ਫਿਲਹਾਲ ਜੰਗਲ ਵਿੱਚ ਕੋਈ ਵੱਡਾ ਸਿਹਤ ਸੰਕਟ ਨਜ਼ਰ ਨਹੀਂ ਆ ਰਿਹਾ। ਇਹ ਮੌਤਾਂ ਜੰਗਲੀ ਜੀਵਾਂ ਦੀ ਆਮ ਮੌਤ ਦਰ (ਰੁਟੀਨ ਮੋਰਟੈਲਿਟੀ) ਦਾ ਹਿੱਸਾ ਹਨ।

# ਵਰਜੀਨੀਆ 'ਚ ਭਾਰਤੀ ਔਰਤ ਨੂੰ ਮਾਰੀ ਗੋਲੀ, ਮੌਤ

ਵਾਸ਼ਿੰਗਟਨ, 27 ਮਈ (ਚ.ਨ.ਸ): ਅਮਰੀਕੀ ਰਾਜ ਵਰਜੀਨੀਆ 'ਚ ਇੱਕ ਗੁਜਰਾਤੀ ਔਰਤ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ। ਰਿਪੋਰਟਾਂ ਅਨੁਸਾਰ ਮੇਹਸਾਣਾ ਜ਼ਿਲ੍ਹੇ ਦੇ ਜੰਤਰਾਲ ਪਿੰਡ ਦੀ ਰਹਿਣ ਵਾਲੀ ਮੇਘਨਾ ਪਟੇਲ ਨੂੰ ਉਸਦੇ ਸੁਪਰ ਮਾਰਕੀਟ ਸਟੋਰ 'ਚ ਗੋਲੀ ਮਾਰ ਦਿੱਤੀ ਗਈ। ਇਸ ਘਟਨਾ ਨੇ ਪਿੰਡ ਨੂੰ ਸੋਗ 'ਚ ਡੁੱਬਾ ਦਿੱਤਾ ਹੈ। ਮੇਘਨਾ ਪਟੇਲ ਪਿਛਲੇ 10 ਸਾਲਾਂ ਤੋਂ ਅਮਰੀਕਾ 'ਚ ਰਹਿ ਰਹੀ ਸੀ ਤੇ ਆਪਣੇ ਪਤੀ ਨਾਲ ਸਟੋਰ 'ਚ ਕੰਮ ਕਰਦੀ ਸੀ। ਘਟਨਾ ਸਮੇਂ, ਉਹ ਸਟੋਰ ਦੇ ਅੰਦਰ ਸੀ, ਜਦੋਂ ਇੱਕ ਅਣਪਛਾਤਾ ਹਮਲਾਵਰ



ਆਇਆ ਤੇ ਉਸ 'ਤੇ ਹਮਲਾ ਕਰ ਦਿੱਤਾ। ਪੂਰੀ ਘਟਨਾ ਸੀ.ਸੀ.ਟੀ.ਵੀ. ਕੈਮਰਿਆਂ 'ਚ ਕੈਦ ਹੋ ਗਈ। ਫੁਟੇਜ 'ਚ ਸਾਫ਼ ਦਿਖਾਈ ਦੇ ਰਿਹਾ ਹੈ ਕਿ ਘਟਨਾ ਨੂੰ ਅੰਜਾਮ ਦੇਣ ਤੋਂ ਬਾਅਦ ਹਮਲਾਵਰ ਲਗਭਗ 26 ਸਕਿੰਟਾਂ ਦੇ ਅੰਦਰ ਮੌਕੇ ਤੋਂ ਭੱਜ ਗਿਆ। ਪੁਲਿਸ ਨੂੰ ਸ਼ੱਕ ਹੈ ਕਿ ਇਹ ਮਾਮਲਾ ਡਕੈਤੀ ਦਾ ਹੋ ਸਕਦਾ ਹੈ। ਜ਼ਿਕਰਯੋਗ ਹੈ ਕਿ ਪਿਛਲੇ ਸਾਲ ਵੀ 4 ਗੁਜਰਾਤੀਆਂ ਨੂੰ ਮਾਰ ਦਿੱਤਾ।

# ਹਰਿਆਣਾ ਦੇ ਵਕੀਲ ਵੱਲੋਂ 'ਕਾਕਰੋਚ ਜਨਤਾ ਪਾਰਟੀ' ਨੂੰ ਸਿਆਸੀ ਪਾਰਟੀ ਵਜੋਂ ਰਜਿਸਟਰ ਕਰਵਾਉਣ ਲਈ ਚੋਣ ਕਮਿਸ਼ਨ ਕੋਲ ਪਹੁੰਚ

ਨਵੀਂ ਦਿੱਲੀ/ਪਾਣੀਪਤ, 27 ਮਈ (ਚ.ਨ.ਸ): ਦੇਸ਼ ਦੀ ਸਿਆਸਤ ਵਿੱਚ ਅੱਜ-ਕੱਲ੍ਹ ਸੋਸ਼ਲ ਮੀਡੀਆ ਰਾਹੀਂ ਉਭਰੀ ਇੱਕ ਅਨੋਖੀ ਲਹਿਰ ਹੁਣ ਕਾਨੂੰਨੀ ਤੇ ਸਿਆਸੀ ਰੂਪ ਧਾਰਨ ਕਰਨ ਜਾ ਰਹੀ ਹੈ। ਹਰਿਆਣਾ ਦੇ ਪਾਣੀਪਤ ਜ਼ਿਲ੍ਹੇ ਦੇ ਰਹਿਣ ਵਾਲੇ ਇੱਕ ਵਕੀਲ ਤੇ ਸਮਾਜਿਕ ਕਾਰਕੁੰਨ ਸੁਧੀਰ ਜਾਖੜ ਨੇ ਭਾਰਤੀ ਚੋਣ ਕਮਿਸ਼ਨ ਕੋਲ ਇੱਕ ਅਰਜ਼ੀ ਦਾਇਰ ਕਰਕੇ ਕਾਕਰੋਚ ਜਨਤਾ ਪਾਰਟੀ (ਸੀ.ਜੇ.ਪੀ.) ਨੂੰ ਇੱਕ ਅਧਿਕਾਰਤ ਰਾਜਨੀਤਿਕ ਪਾਰਟੀ ਵਜੋਂ ਰਜਿਸਟਰ ਕਰਨ ਦੀ ਮੰਗ ਕੀਤੀ ਹੈ। ਖ਼ਾਸ ਗੱਲ ਇਹ ਹੈ ਕਿ ਇਹ ਅਰਜ਼ੀ ਇਸ ਡਿਜੀਟਲ ਲਹਿਰ ਦੇ ਮੂਲ ਸੰਸਥਾਪਕ, ਜੋ ਕਿ ਅਮਰੀਕਾ ਵਿੱਚ ਰਹਿ ਰਹੇ ਹਨ, ਤੋਂ ਵੱਖਰੇ ਤੌਰ 'ਤੇ ਵਕੀਲ ਨੇ ਆਪਣੇ ਨਾਮ 'ਤੇ ਦਾਇਰ ਕੀਤੀ ਹੈ, ਤਾਂ ਜੋ ਇਸ ਤੇਜ਼ੀ ਨਾਲ ਵੱਧ ਰਹੇ ਅੰਦੋਲਨ ਦੇ ਨਾਮ ਤੇ ਸੋਸ਼ਲ ਮੀਡੀਆ ਹੈਂਡਲਾਂ ਦੀ ਦੁਰਵਰਤੋਂ ਨੂੰ ਰੋਕਿਆ ਜਾ ਸਕੇ। ਸੁਧੀਰ ਜਾਖੜ ਨੇ ਚੋਣ ਕਮਿਸ਼ਨ ਦੇ ਸਕੱਤਰ ਕੋਲ ਲੋਕ ਪ੍ਰਤੀਨਿਧਤਾ ਐਕਟ (ਆਰ.ਪੀ. ਐਕਟ), 1951 ਦੀ ਧਾਰਾ 29ਏ ਤਹਿਤ ਇਹ ਅਰਜ਼ੀ ਦਿੱਤੀ ਹੈ, ਜਿਸ ਵਿੱਚ ਉਨ੍ਹਾਂ ਨੇ ਖ਼ੁਦ ਨੂੰ ਇਸ ਪਾਰਟੀ ਦਾ ਰਾਸ਼ਟਰੀ ਕਨਵੀਨਰ ਦੱਸਿਆ ਹੈ ਤੇ ਪਾਰਟੀ ਦੇ ਚੋਣ ਨਿਸ਼ਾਨ ਵਜੋਂ ਕਾਕਰੋਚ ਦੇ ਲੋਗੋ ਨੂੰ ਪੇਸ਼ ਕੀਤਾ ਹੈ। ਇਹ ਪੂਰਾ ਮਾਮਲਾ ਇਸੇ ਮਹੀਨੇ ਸੁਪਰੀਮ ਕੋਰਟ ਦੇ ਚੀਫ਼ ਜਸਟਿਸ ਸੂਰਿਆ ਕਾਂਤ ਵੱਲੋਂ ਦੇਸ਼ ਦੇ ਬੇਰੁਜ਼ਗਾਰ ਨੌਜਵਾਨਾਂ ਤੇ ਵਕਾਲਤ ਦੇ ਪੇਸ਼ੇ ਨਾਲ ਜੁੜੇ ਕੁਝ ਲੋਕਾਂ ਬਾਰੇ ਦਿੱਤੀ ਗਈ ਇੱਕ ਟਿੱਪਣੀ ਤੋਂ ਬਾਅਦ ਸ਼ੁਰੂ ਹੋਇਆ ਸੀ। ਇੱਕ ਸੁਣਵਾਈ ਦੌਰਾਨ ਅਦਾਲਤ ਵਿੱਚ ਅਜਿਹੀ ਟਿੱਪਣੀ ਸਾਹਮਣੇ ਆਈ ਸੀ ਕਿ ਕੁਝ ਬੇਰੁਜ਼ਗਾਰ ਨੌਜਵਾਨ ਕਾਕਰੋਚਾਂ ਵਾਂਗ ਹੁੰਦੇ ਹਨ, ਜਿਨ੍ਹਾਂ ਨੂੰ ਜਦੋਂ ਕੋਈ ਰੁਜ਼ਗਾਰ ਜਾਂ ਕੰਮ ਨਹੀਂ ਮਿਲਦਾ ਤਾਂ ਉਹ ਮੀਡੀਆ, ਸੋਸ਼ਲ ਮੀਡੀਆ ਤੇ ਆਰ.ਟੀ.ਆਈ. ਵਰਗੇ ਸਾਧਨਾਂ ਰਾਹੀਂ ਸੰਸਥਾਵਾਂ 'ਤੇ ਹਮਲੇ ਕਰਨੇ ਸ਼ੁਰੂ ਕਰ ਦਿੰਦੇ ਹਨ। ਹਾਲਾਂਕਿ ਬਾਅਦ ਵਿੱਚ ਚੀਫ਼ ਜਸਟਿਸ ਵੱਲੋਂ ਇਸ ਬਿਆਨ 'ਤੇ ਸਪੱਸ਼ਟੀਕਰਨ ਵੀ ਦਿੱਤਾ ਗਿਆ ਸੀ ਕਿ ਉਨ੍ਹਾਂ ਦੀ ਗੱਲ ਨੂੰ ਗਲਤ ਤਰੀਕੇ ਨਾਲ ਪੇਸ਼ ਕੀਤਾ ਗਿਆ ਹੈ, ਪਰ ਉਦੋਂ ਤੱਕ ਦੇਸ਼ ਦੇ ਨੌਜਵਾਨਾਂ ਵਿੱਚ ਗੁੱਸੇ ਦੀ ਲਹਿਰ ਫੈਲ ਚੁੱਕੀ ਸੀ। ਇਸੇ ਗੁੱਸੇ ਤੇ ਵਿਰੋਧ ਵਜੋਂ ਅਮਰੀਕਾ ਦੀ ਬੋਸਟਨ ਯੂਨੀਵਰਸਿਟੀ ਵਿੱਚ ਪੜ੍ਹ ਰਹੇ ਭਾਰਤੀ ਮੂਲ ਦੇ ਨੌਜਵਾਨ ਅਭਿਜੀਤ ਦਿਪਕੇ ਨੇ ਸੋਸ਼ਲ ਮੀਡੀਆ 'ਤੇ ਵਿਅੰਗ ਦੇ ਰੂਪ ਵਿੱਚ ਕਾਕਰੋਚ ਜਨਤਾ ਪਾਰਟੀ (ਸੀ.ਜੇ.ਪੀ.) ਦੀ ਸ਼ੁਰੂਆਤ ਕੀਤੀ। ਹੁਣ ਦੇਖਣਾ ਇਹ ਹੋਵੇਗਾ ਕਿ ਭਾਰਤੀ ਚੋਣ ਕਮਿਸ਼ਨ ਇਸ ਅਨੋਖੇ ਨਾਮ ਤੇ ਚਿੰਨ੍ਹ ਵਾਲੀ ਪਾਰਟੀ ਦੀ ਰਜਿਸਟ੍ਰੇਸ਼ਨ ਅਰਜ਼ੀ 'ਤੇ ਕੀ ਕਾਨੂੰਨੀ ਫੈਸਲਾ ਲੈਂਦਾ ਹੈ।




## ਦਿੱਲੀ ਜਿਮਖਾਨਾ ਕਲੱਬ ਮਾਮਲਾ......

# ਕੇਂਦਰ ਨੇ ਹਾਈਕੋਰਟ ਨੂੰ ਦਿੱਤਾ ਭਰੋਸਾ, 5 ਜੂਨ ਨੂੰ ਨਹੀਂ ਹੋਵੇਗਾ ਕੋਈ ਜਬਰਨ ਕਬਜ਼ਾ, ਕਾਨੂੰਨ ਮੁਤਾਬਿਕ ਹੋਵੇਗੀ ਅਗਲੀ ਕਾਰਵਾਈ

ਨਵੀਂ ਦਿੱਲੀ, 27 ਮਈ (ਚ.ਨ.ਸ): ਦਿੱਲੀ ਦੇ ਲੁਟੀਅਨਜ਼ ਜ਼ੋਨ ਵਿੱਚ ਸਥਿਤ ਦੇਸ਼ ਦੇ ਸਭ ਤੋਂ ਵੱਕਾਰੀ ਤੇ 113 ਸਾਲ ਪੁਰਾਣੇ ਦਿੱਲੀ ਜਿਮਖਾਨਾ ਕਲੱਬ ਦੇ ਮੈਂਬਰਾਂ ਤੇ ਸਟਾਫ ਨੂੰ ਉਸ ਸਮੇਂ ਵੱਡੀ ਰਾਹਤ ਮਿਲੀ, ਜਦੋਂ ਕੇਂਦਰ ਸਰਕਾਰ ਨੇ ਦਿੱਲੀ ਹਾਈਕੋਰਟ ਵਿੱਚ ਸਾਫ਼ ਕਰ ਦਿੱਤਾ ਕਿ 5 ਜੂਨ ਨੂੰ ਕਲੱਬ ਦੀ ਇਮਾਰਤ 'ਤੇ ਕੋਈ ਜਬਰਨ ਕਬਜ਼ਾ ਨਹੀਂ ਕੀਤਾ ਜਾਵੇਗਾ। ਅਦਾਲਤ ਵਿੱਚ ਸੁਣਵਾਈ ਦੌਰਾਨ ਕੇਂਦਰ ਸਰਕਾਰ ਵੱਲੋਂ ਪੇਸ਼ ਹੋਏ ਸਾਲਿਸਟਰ ਜਨਰਲ ਤੁਸ਼ਾਰ ਮਹਿਤਾ ਨੇ ਭਰੋਸਾ ਦਿੱਤਾ ਕਿ ਜੇਕਰ ਭਵਿੱਖ ਵਿੱਚ ਕਲੱਬ ਨੂੰ ਖਾਲੀ ਕਰਵਾਉਣ ਦੀ ਕੋਈ ਵੀ ਕਾਰਵਾਈ ਕੀਤੀ ਜਾਂਦੀ ਹੈ ਤਾਂ ਉਹ ਪੂਰੀ ਤਰ੍ਹਾਂ ਕਾਨੂੰਨੀ ਪ੍ਰਕਿਰਿਆ ਦੇ ਤਹਿਤ ਤੇ ਕਲੱਬ ਦੇ ਮੈਂਬਰਾਂ ਤੇ ਪ੍ਰਬੰਧਕਾਂ ਨੂੰ ਬਕਾਇਦਾ ਨੋਟਿਸ ਦੇਣ ਤੋਂ ਬਾਅਦ ਹੀ ਅਮਲ ਵਿੱਚ ਲਿਆਂਦੀ ਜਾਵੇਗੀ। ਇਸ ਅਹਿਮ ਬਿਆਨ ਨੂੰ ਰਿਕਾਰਡ 'ਤੇ ਲੈਂਦਿਆਂ ਦਿੱਲੀ ਹਾਈਕੋਰਟ ਦੇ ਜਸਟਿਸ ਅਵਨੀਸ਼ ਝੀਂਗਣ ਨੇ ਕਿਹਾ ਕਿ ਕੇਂਦਰ ਦੇ ਇਸ ਭਰੋਸੇ ਤੋਂ ਬਾਅਦ ਫਿਲਹਾਲ ਇਸ ਮਾਮਲੇ ਵਿੱਚ ਕਿਸੇ ਵੀ ਤਰ੍ਹਾਂ ਦੇ ਅੰਤਰਿਮ ਹੁਕਮ (ਸਟੇਅ) ਜਾਰੀ ਕਰਨ ਦੀ ਕੋਈ ਲੋੜ ਨਹੀਂ ਰਹਿ ਜਾਂਦੀ। ਜ਼ਿਕਰਯੋਗ ਹੈ ਕਿ ਕੇਂਦਰੀ ਸ਼ਹਿਰੀ ਵਿਕਾਸ ਤੇ ਹਾਊਸਿੰਗ ਮੰਤਰਾਲੇ ਦੇ ਲੈਂਡ ਐਂਡ ਡਿਵੈਲਪਮੈਂਟ ਆਫਿਸ ਵੱਲੋਂ ਬੀਤੀ 22 ਮਈ ਨੂੰ ਇੱਕ ਹੁਕਮ ਜਾਰੀ ਕੀਤਾ ਗਿਆ ਸੀ, ਜਿਸ ਵਿੱਚ ਕਲੱਬ ਦੀ ਲੀਜ਼ ਰੱਦ ਕਰਦਿਆਂ ਪ੍ਰਬੰਧਕਾਂ ਨੂੰ 5 ਜੂਨ ਤੱਕ 27.3 ਏਕੜ ਵਿੱਚ ਫੈਲੀ ਇਸ ਕੀਮਤੀ ਜ਼ਮੀਨ ਨੂੰ ਖਾਲੀ ਕਰਕੇ ਕਬਜ਼ਾ ਸਰਕਾਰ ਨੂੰ ਸੌਂਪਣ ਲਈ ਕਿਹਾ ਗਿਆ ਸੀ। ਸਰਕਾਰ ਵੱਲੋਂ ਇਸ ਕਾਰਵਾਈ ਪਿੱਛੇ ਦੇਸ਼ ਦੀ ਸੁਰੱਖਿਆ, ਰੱਖਿਆ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਤੇ ਜਨਹਿੱਤ ਦੇ ਕੰਮਾਂ ਦਾ ਹਵਾਲਾ ਦਿੱਤਾ ਗਿਆ ਸੀ। ਸਰਕਾਰ ਦੇ ਇਸ ਅਚਾਨਕ ਆਏ ਫੈਸਲੇ ਖ਼ਿਲਾਫ ਕਲੱਬ ਦੇ ਮੈਂਬਰਾਂ, ਸਾਬਕਾ ਫੌਜੀਆਂ ਤੇ ਉਥੇ ਕੰਮ ਕਰਦੇ ਕਰਮਚਾਰੀਆਂ ਦੀ ਵੈਲਫੇਅਰ ਐਸੋਸੀਏਸ਼ਨ ਵੱਲੋਂ ਹਾਈਕੋਰਟ ਵਿੱਚ ਪਟੀਸ਼ਨਾਂ ਦਾਇਰ ਕਰਕੇ ਇਸ 'ਤੇ ਤੁਰੰਤ ਰੋਕ ਲਗਾਉਣ ਦੀ ਮੰਗ ਕੀਤੀ ਗਈ ਸੀ। ਪਟੀਸ਼ਨਕਰਤਾਵਾਂ ਦਾ ਕਹਿਣਾ ਸੀ ਕਿ ਬਿਨਾਂ ਕਿਸੇ ਪੁਖਤਾ ਕਾਰਨ ਤੇ ਅਚਾਨਕ ਲਏ ਗਏ ਇਸ ਫੈਸਲੇ ਨਾਲ ਕਲੱਬ 'ਤੇ ਨਿਰਭਰ ਸੈਂਕੜੇ ਪਰਿਵਾਰਾਂ ਦਾ ਰੁਜ਼ਗਾਰ ਤੇ ਮੈਂਬਰਾਂ ਦੇ ਹੱਕ ਪ੍ਰਭਾਵਿਤ ਹੋਣਗੇ।ਹਾਈਕੋਰਟ ਵਿੱਚ ਹੋਈ ਬਹਿਸ ਦੌਰਾਨ ਕੇਂਦਰ ਸਰਕਾਰ ਦੇ ਚੋਟੀ ਦੇ ਕਾਨੂੰਨੀ ਅਧਿਕਾਰੀ ਸਾਲਿਸਟਰ ਜਨਰਲ ਤੁਸ਼ਾਰ ਮਹਿਤਾ ਨੇ ਸਪੱਸ਼ਟ ਕੀਤਾ ਕਿ ਸਰਕਾਰ ਵੱਲੋਂ ਜਾਰੀ ਕੀਤਾ ਗਿਆ ਨੋਟਿਸ ਅਸਲ ਵਿੱਚ ਲੀਜ਼ ਸਮਝੌਤੇ ਦੀ ਧਾਰਾ 4 ਦੇ ਤਹਿਤ ਲੀਜ਼ ਖ਼ਤਮ ਕਰਨ ਤੇ ਜ਼ਮੀਨ 'ਤੇ ਮੁੜ ਹੱਕ ਜਤਾਉਣ ਨਾਲ ਸਬੰਧਤ ਹੈ, ਨਾ ਕਿ ਇਹ ਕੋਈ ਜਬਰਨ ਬੇਦਖਲੀ ਦਾ ਹੁਕਮ ਹੈ।

# ਮੂਲੇਪੁਰ 'ਚ ਫ਼ਤਹਿਗੜ੍ਹ ਸਾਹਿਬ ਤੋਂ ਕਾਂਗਰਸ ਟਿਕਟ ਦੇ ਦਾਅਵੇਦਾਰ ਈਸ਼ਰਪ੍ਰੀਤ ਸਿੱਧੂ ਦਾ ਸਨਮਾਨ

ਮੰਡੀ ਗੋਬਿੰਦਗੜ੍ਹ, 27 ਮਈ (ਰੂਪਲ ਸੂਦ): ਹਲਕਾ ਫ਼ਤਹਿਗੜ੍ਹ ਸਾਹਿਬ ਦੇ ਕਾਂਗਰਸ ਪਾਰਟੀ ਦੀ ਟਿਕਟ ਦੇ ਦਾਅਵੇਦਾਰ ਤੇ ਐਨ.ਐਸ.ਯੂ.ਆਈ. ਦੇ ਸੂਬਾ ਪ੍ਰਧਾਨ ਈਸ਼ਰਪ੍ਰੀਤ ਸਿੰਘ ਸਿੱਧੂ ਦਾ ਪਿੰਡ ਮੂਲੇਪੁਰ ਵਿਖੇ ਪਹੁੰਚਣ 'ਤੇ ਪਿੰਡ ਵਾਸੀਆਂ ਵੱਲੋਂ ਨਿੱਘਾ ਸਨਮਾਨ ਕੀਤਾ ਗਿਆ। ਇਸ ਮੌਕੇ ਮੀਟਿੰਗ ਵਿੱਚ ਹਾਜ਼ਰੀਨ ਨੇ ਸ੍ਰੀ ਸਿੱਧੂ ਦੀ ਕਾਰਗੁਜ਼ਾਰੀ ਦੀ ਸ਼ਲਾਘਾ ਕਰਦਿਆਂ ਉਸ ਨੂੰ ਪੂਰਨ ਹਮਾਇਤ ਦੇਣ ਦਾ ਵੀ ਐਲਾਨ ਕੀਤਾ। ਇੱਕਤਰਤਾ ਨੂੰ ਸੰਬੋਧਨ ਕਰਦਿਆਂ ਈਸ਼ਰਪ੍ਰੀਤ ਸਿੰਘ ਸਿੱਧੂ ਨੇ ਕਾਂਗਰਸ ਪਾਰਟੀ ਦੇ ਪੁਰਾਣੇ ਵਰਕਰਾਂ ਨੂੰ ਨਜ਼ਰ-ਅੰਦਾਜ਼ ਕਰਨ ਦੇ ਮਾਮਲੇ ਉਪਰ ਦੁਖ ਪ੍ਰਗਟ ਕਰਦਿਆਂ ਕਿਹਾ ਕਿ ਉਹ ਇਹ ਮਾਮਲਾ ਜਿਥੇ ਪਾਰਟੀ ਹਾਈਕਮਾਂਡ ਦੇ ਧਿਆਨ ਵਿੱਚ ਲਿਆਉਣਗੇ, ਉਥੇ ਘਰਾਂ ਵਿੱਚ ਨਰਾਜ਼ ਹੋ ਕੇ ਬੈਠੇ ਟਕਸਾਲੀ ਕਾਂਗਰਸ ਵਰਕਰਾਂ ਦੇ ਘਰ-ਘਰ ਜਾ ਕੇ ਉਨ੍ਹਾਂ ਨੂੰ ਮੁੜ ਸਰਗਰਮ ਕਰਕੇ ਉਨ੍ਹਾਂ ਦੀਆਂ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸੇਵਾਵਾਂ ਲੈਣਗੇ। ਉਨ੍ਹਾਂ ਭਰੋਸਾ ਦਿੱਤਾ ਕਿ ਉਹ ਹਲਕੇ ਦੇ ਲੋਕਾਂ ਨੂੰ ਕੋਈ ਮੁਸ਼ਕਿਲ ਨਹੀਂ ਆਉਣ ਦੇਣਗੇ ਤੇ ਉਨ੍ਹਾਂ ਦੇ ਮਸਲੇ ਪਹਿਲ ਦੇ ਆਧਾਰ 'ਤੇ ਹੱਲ ਕਰਵਾਏ ਜਾਣਗੇ। ਇਸ ਮੌਕੇ 'ਤੇ ਪੁਰਾਣੇ ਕਾਂਗਰਸੀ ਟਕਸਾਲੀ ਆਗੂ ਅੰਮ੍ਰਿਤਪਾਲ ਸਿੰਘ ਟਿਵਾਣਾ, ਰਾਜਵਿੰਦਰ ਸਿੰਘ ਰਾਣਾ, ਅਵਤਾਰ ਸਿੰਘ ਰਾਜੇ, ਜੋਤ ਸਿੰਘ ਰਾਜੇ, ਚਰਨਜੀਤ ਸਿੰਘ ਚਰਨੀ, ਬਾਬਾ ਦਰਸ਼ਨ ਸਿੰਘ ਅਮਰੀਕਾ, ਵਿਨੋਦ ਮੌਦਗਿਲ, ਹਰਿੰਦਰ ਸਿੰਘ ਅਤਾਪੁਰ, ਅਮਨਦੀਪ ਸਿੰਘ ਬਿੱਟਾ, ਮਨਜੀਤ ਸਿੰਘ ਛਲੇੜੀ, ਨਰਿੰਦਰ ਸਿੰਘ, ਕੁਲਦੀਪ ਸਿੰਘ, ਮਨਦੀਪ ਸਿੰਘ, ਹਰਦੀਪ ਸਿੰਘ, ਸਿੱਪੀ ਨੌਲੱਖਾ ਤੇ ਪ੍ਰਿਤਪਾਲ ਸਿੰਘ ਹਾਜ਼ਰ ਸਨ।



# ਨਗਰ ਨਿਗਮ ਚੋਣਾਂ 'ਚ ਭਾਜਪਾ ਉਮੀਦਵਾਰਾਂ ਨੂੰ ਦਿਲੋਂ ਸਮਰਥਨ ਦੇਣ ਲਈ ਸਥਾਨਕ ਨਿਵਾਸੀਆਂ ਦਾ ਦਿਲੋਂ ਧੰਨਵਾਦ: ਡਾ. ਗਰਗ

ਮੋਗਾ, 27 ਮਈ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਕੱਲ੍ਹ ਹੋਈਆਂ ਨਗਰ ਨਿਗਮ ਚੋਣਾਂ ਦੌਰਾਨ ਪਾਰਟੀ ਦੇ ਉਮੀਦਵਾਰਾਂ ਪ੍ਰਤੀ ਦਿਖਾਏ ਗਏ ਅਥਾਹ ਉਤਸ਼ਾਹ ਤੇ ਅਟੁੱਟ ਸਮਰਥਨ ਲਈ ਭਾਜਪਾ ਮੋਗਾ ਸ਼ਹਿਰ ਦੇ ਨਿਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕਰਦੀ ਹੈ। ਅੱਜ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਇਨ੍ਹਾਂ ਭਾਵਨਾਵਾਂ ਦਾ ਪ੍ਰਗਟਾਵਾ ਕਰਦੇ ਹੋਏ, ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਨੇ ਕਿਹਾ ਕਿ ਇਹ ਪਹਿਲੀ ਵਾਰ ਹੈ ਜਦੋਂ ਭਾਜਪਾ ਉਮੀਦਵਾਰਾਂ ਨੂੰ ਇੰਨਾ ਭਾਰੀ ਜਨਤਕ ਸਮਰਥਨ ਮਿਲਿਆ ਹੈ। ਇਹ ਸਪੱਸ਼ਟ ਤੌਰ 'ਤੇ ਦਰਸਾਉਂਦਾ ਹੈ ਕਿ ਆਉਣ ਵਾਲੀਆਂ 2027 ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਪੰਜਾਬ ਦੀ ਸਭ ਤੋਂ ਵੱਡੀ ਰਾਜਨੀਤਿਕ ਪਾਰਟੀ ਵਜੋਂ ਉਭਰਨ ਲਈ ਤਿਆਰ ਹੈ। ਪੰਜਾਬ ਵਿੱਚ ਸੱਤਾ ਸੰਭਾਲਣ 'ਤੇ, ਪਾਰਟੀ ਦਾ ਉਦੇਸ਼ ਬੇਰੁਜ਼ਗਾਰੀ, ਕਾਨੂੰਨ ਵਿਵਸਥਾ ਤੇ ਆਰਥਿਕ ਸਥਿਤੀ ਨਾਲ ਸਬੰਧਤ ਮੁੱਦਿਆਂ ਨੂੰ ਸੁਧਾਰਨਾ ਹੈ, ਜਿਸ ਨਾਲ ਸ਼ਾਂਤੀ ਤੇ ਸਦਭਾਵਨਾ ਦਾ ਮਾਹੌਲ ਪੈਦਾ ਹੁੰਦਾ ਹੈ। ਇਸ ਤੋਂ ਇਲਾਵਾ ਪਾਰਟੀ ਸੂਬੇ ਵਿੱਚੋਂ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ, ਗੈਂਗਸਟਰਵਾਦ ਤੇ ਗੁੰਡਾਗਰਦੀ ਨੂੰ ਜੜ੍ਹ ਤੋਂ ਖਤਮ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਗਰੀਬਾਂ ਤੇ ਲੋੜਵੰਦਾਂ ਲਈ ਬਣਾਈਆਂ ਜਾ ਰਹੀਆਂ ਨੀਤੀਆਂ ਤੋਂ ਪ੍ਰੇਰਿਤ ਹੋ ਕੇ ਹਰ ਵਰਗ ਦੇ ਲੋਕ ਭਾਜਪਾ ਵਿੱਚ ਸ਼ਾਮਲ ਹੋ ਰਹੇ ਹਨ, ਅਜਿਹੀਆਂ ਨੀਤੀਆਂ ਜਿਨ੍ਹਾਂ ਦਾ ਜ਼ਮੀਨੀ ਪੱਧਰ 'ਤੇ ਲੋਕਾਂ ਨੂੰ ਸਿੱਧਾ ਲਾਭ ਮਿਲ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਵਿਰੋਧੀ ਪਾਰਟੀਆਂ ਦੇ ਸੀਨੀਅਰ ਆਗੂ ਵੀ ਕੇਂਦਰ ਸਰਕਾਰ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਭਾਜਪਾ ਵਿੱਚ ਸ਼ਾਮਲ ਹੋ ਰਹੇ ਹਨ ਤੇ ਪਾਰਟੀ ਦੀ ਮਜ਼ਬੂਤੀ ਵਿੱਚ ਯੋਗਦਾਨ ਪਾ ਰਹੇ ਹਨ। ਡਾ. ਗਰਗ ਨੇ ਅੱਗੇ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇੜਲੇ ਭਵਿੱਖ ਵਿੱਚ ਪੰਜਾਬ ਵਿੱਚ ਪਾਰਟੀ ਦੀ ਰਣਨੀਤੀ ਦੀ ਵਾਗਡੋਰ ਸੰਭਾਲਣ ਲਈ ਤਿਆਰ ਹਨ, ਉਹ ਜਲਦੀ ਹੀ ਰਾਜ ਵਿੱਚ ਭਾਜਪਾ ਦੀ ਸਰਕਾਰ ਸਥਾਪਤ ਕਰਨ ਦੇ ਉਦੇਸ਼ ਨਾਲ ਇੱਕ ਨਵਾਂ ਰੋਡਮੈਪ ਤਿਆਰ ਕਰਨਗੇ।ਇਹ ਰਣਨੀਤੀ ਭਾਜਪਾ ਦੀਆਂ ਨੀਤੀਆਂ ਪ੍ਰਤੀ ਵੱਧ ਤੋਂ ਵੱਧ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨ ਤੇ ਉਨ੍ਹਾਂ ਨੂੰ ਪਾਰਟੀ ਵਿੱਚ ਲਿਆਉਣ 'ਤੇ ਕੇਂਦ੍ਰਿਤ ਹੋਵੇਗੀ, ਜਿਸ ਨਾਲ ਪੰਜਾਬ ਵਿੱਚ ਸਰਕਾਰ ਬਣਾਉਣ ਦਾ ਰਾਹ ਪੱਧਰਾ ਹੋਵੇਗਾ।



# ਅਮਲੋਹ ਦੇ ਲੋਕਾਂ ਨੇ ਗੈਸ ਦੀ ਬੁਕਿੰਗ 45 ਦਿਨ ਦੀ ਥਾਂ 26 ਦਿਨ ਕਰਨ ਦੀ ਮੰਗ ਕੀਤੀ

## ☛ਗੈਸ-ਏਜੰਸੀਆਂ ਦੇ ਰਿਕਾਰਡ 'ਚ ਅਮਲੋਹ ਸਬ-ਡਵੀਜ਼ਨ ਹੋਣ ਦੇ ਬਾਵਜੂਦ ਬੋਲਦਾ ਪੇਂਡੂ ਖੇਤਰ

ਅਮਲੋਹ, 27 ਮਈ (ਜਸਵੰਤ ਸਿੰਘ): ਅਮਲੋਹ ਸਬ-ਡਵੀਜ਼ਨ ਜੋ ਕਿ ਵਿਧਾਨ ਸਭਾ ਹੈਡ ਕੁਆਰਟਰ ਹੈ ਤੇ ਰਿਆਸਤ ਨਾਭਾ ਸਮੇਂ ਜ਼ਿਲ੍ਹਾ ਹੈਡ ਕੁਆਟਰ ਰਿਹਾ ਹੈ ਲੇਕਿਨ ਹੈਰਾਨੀ ਦੀ ਗੱਲ ਹੈ ਕਿ ਇਸ ਨੂੰ ਸਰਕਾਰੀ ਖੇਤਰ ਵਿੱਚ ਅਜੇ ਵੀ ਪੇਂਡੂ ਇਲਾਕੇ ਵਿੱਚ ਸ਼ਾਮਲ ਕੀਤਾ ਹੋਇਆ ਹੈ। ਲੋਕਾਂ ਨੇ ਦੱਸਿਆ ਕਿ ਅੱਜ ਕੱਲ੍ਹ ਗੈਸ ਦੀ ਘਾਟ ਕਾਰਨ ਉਨ੍ਹਾਂ ਨੂੰ ਭਾਰੀ ਮੁਸ਼ਕਿਲ ਆ ਰਹੀ ਹੈ। ਗੈਸ-ਏਜੰਸੀਆਂ ਵੱਲੋਂ ਅਮਲੋਹ ਵਿੱਚ 45 ਦਿਨ ਦੀ ਬੁਕਿੰਗ ਬਾਅਦ ਸਿਲੰਡਰ ਦਿੱਤਾ ਜਾਂਦਾ ਹੈ, ਜਦੋਂ ਕਿ ਮੰਡੀ ਗੋਬਿੰਦਗੜ੍ਹ ਤੇ ਹੋਰ ਸ਼ਹਿਰਾਂ ਵਿੱਚ 25-26 ਦਿਨ ਦੀ ਬੁਕਿੰਗ ਬਾਅਦ ਸਿਲੰਡਰ ਮਿਲਦਾ ਹੈ। ਇਸ ਦਾ ਕਾਰਨ ਗੈਸ ਏਜੰਸੀਆਂ ਵੱਲੋਂ ਅਮਲੋਹ ਪੇਂਡੂ ਖੇਤਰ ਵਿੱਚ ਹੋਣਾ ਦੱਸਿਆ ਜਾਂਦਾ ਹੈ। ਵਰਣਨਯੋਗ ਹੈ ਕਿ ਅਮਲੋਹ ਵਿੱਚ ਸਬ-ਡਵੀਜ਼ਨਲ ਜੁਡੀਸ਼ੀਅਲ ਅਦਾਲਤਾਂ, ਐਸ.ਡੀ.ਐਮ., ਖਜ਼ਾਨਾ ਤੇ ਦੋ ਤਹਿਸੀਲਦਾਰ ਬੈਠਦੇ ਹਨ ਤੇ ਮੰਡੀ ਗੋਬਿੰਦਗੜ੍ਹ ਸ਼ਹਿਰ ਵੀ ਅਮਲੋਹ ਸਬ-ਡਵੀਜ਼ਨ ਵਿੱਚ ਹੈ ਪ੍ਰੰਤੂ ਫਿਰ ਵੀ ਗੈਸ ਏਜੰਸੀਆਂ ਦੇ ਰਿਕਾਰਡ ਵਿੱਚ ਅਮਲੋਹ ਪੇਂਡੂ ਖੇਤਰ ਵਿੱਚ ਹੀ ਗਿਣਿਆ ਜਾ ਰਿਹਾ ਹੈ।ਲੋਕਾਂ ਦੀ ਮੰਗ ਹੈ ਕਿ ਅਮਲੋਹ ਨੂੰ ਪੇਂਡੂ ਖੇਤਰ ਵਿੱਚੋਂ ਕੱਢ ਕੇ ਸ਼ਹਿਰੀ ਖੇਤਰ ਵਿੱਚ ਸ਼ਾਮਲ ਕੀਤਾ ਜਾਵੇ ਤਾਂ ਜੋ ਉਨ੍ਹਾਂ ਨੂੰ ਘਰੇਲੂ ਗੈਸ ਸਿਲੰਡਰ ਲੈਣ ਵਿੱਚ ਮੁਸ਼ਕਿਲ ਨਾ ਆਵੇ।

# ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ ਰੋਜ਼ਗਾਰ ਕੈਂਪ 30 ਨੂੰ

ਸ੍ਰੀ ਫ਼ਤਹਿਗੜ੍ਹ ਸਾਹਿਬ, 27 ਮਈ (ਹਰਪ੍ਰੀਤ ਕੌਰ ਟਿਵਾਣਾ): ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ ਬੇਰੁਜ਼ਗਾਰ ਨੌਜਵਾਨਾਂ ਨੂੰ ਰੁਜ਼ਗਾਰ ਦੇ ਮੌਕੇ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਮਿਤੀ 30 ਮਈ ਨੂੰ ਆਰ ਸੇਟੀ ਸਿਖਲਾਈ ਸੰਸਥਾ ਪਿੰਡ ਮਹੱਦੀਆਂ ਵਿਖੇ ਸਵੇਰੇ 10:00 ਵਜੇ ਤੋਂ ਸ਼ਾਮ 4:00 ਵਜੇ ਤੱਕ ਰੋਜ਼ਗਾਰ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਰੋਜ਼ਗਾਰ ਅਫ਼ਸਰ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਕੈਂਪ ਵਿੱਚ ਪ੍ਰਸਿੱਧ ਅਦਾਰੇ 'ਐਕਟਿਵ ਕਲੋਦਿੰਗ ਕੰਪਨੀ' ਵੱਲੋਂ ਟੇਲਰ (ਲੜਕੇ ਤੇ ਲੜਕੀਆਂ) ਤੇ ਐਲਆਈਸੀ ਵੱਲੋਂ ਭਰਤੀ ਕੀਤੀ ਜਾਵੇਗੀ। ਉਨ੍ਹਾਂ ਨੇ ਦੱਸਿਆ ਕਿ ਇਸ ਭਰਤੀ ਮੁਹਿੰਮ ਵਿੱਚ ਭਾਗ ਲੈਣ ਲਈ ਉਮੀਦਵਾਰ ਦੀ ਵਿੱਦਿਅਕ ਯੋਗਤਾ 10ਵੀਂ, 12ਵੀਂ, ਡਿਪਲੋਮਾ ਜਾਂ ਆਈਟੀਆਈ ਹੋਣੀ ਚਾਹੀਦੀ ਹੈ ਤੇ ਬਿਨੈਕਾਰ ਦੀ ਉਮਰ 18 ਤੋਂ 40 ਸਾਲ ਦੇ ਦਰਮਿਆਨ ਹੋਣੀ ਲਾਜ਼ਮੀ ਹੈ। ਉਨ੍ਹਾਂ ਦੱਸਿਆ ਕਿ ਐਕਟਿਵ ਕਲੋਦਿੰਗ ਕੰਪਨੀ ਇੱਕ 'ਬਰਾਬਰ ਅਵਸਰ ਪ੍ਰਦਾਨ ਕਰਨ ਵਾਲਾ' ਅਦਾਰਾ ਹੈ। ਚਾਹਵਾਨ ਤੇ ਯੋਗ ਉਮੀਦਵਾਰ ਆਪਣੇ ਅਸਲ ਦਸਤਾਵੇਜ਼ਾਂ ਤੇ ਫੋਟੋ ਸਟੇਟ ਕਾਪੀਆਂ ਸਮੇਤ ਨਿਰਧਾਰਿਤ ਸਮੇਂ ਤੇ ਸਥਾਨ 'ਤੇ ਪਹੁੰਚ ਕੇ ਇਸ ਸੁਨਹਿਰੀ ਮੌਕੇ ਦਾ ਲਾਭ ਉਠਾ ਸਕਦੇ ਹਨ।



## ਹਰ ਨਸ਼ਾ ਪੀੜਤ ਨੂੰ ਇਲਾਜ ਤੇ ਸਨਮਾਨ ਦੋਵੇਂ ਮਿਲਣੇ ਚਾਹੀਦੇ ਨੇ

# ਡਿਪਟੀ ਮੈਡੀਕਲ ਕਮਿਸ਼ਨਰ ਵੱਲੋਂ ਸਰਕਾਰੀ ਨਸ਼ਾ ਮੁਕਤੀ ਕੇਂਦਰ ਦਾ ਅਚਨਚੇਤ ਦੌਰਾ

ਨਵਾਂਸ਼ਹਿਰ, 27 ਮਈ (ਸੁਖਦੇਵ ਸਿੰਘ ਉੜਾਪੜ): ਮਾਣਯੋਗ ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੀ ਯੋਗ ਰਹਿਨੁਮਾਈ ਹੇਠ ਜ਼ਿਲ੍ਹਾ ਸਿਹਤ ਵਿਭਾਗ, ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹੇ ਅੰਦਰ ਬਿਹਤਰ ਸਿਹਤ ਦੇਖਭਾਲ ਸੇਵਾਵਾਂ ਮੁਹੱਈਆ ਕਰਵਾਉਣ ਲਈ ਯਤਨਸ਼ੀਲ ਹੈ। ਇਸੇ ਕੜੀ ਤਹਿਤ ਡਿਪਟੀ ਮੈਡੀਕਲ ਕਮਿਸ਼ਨਰ ਡਾ. ਹਰਪ੍ਰੀਤ ਸਿੰਘ ਨੇ ਬੁੱਧਵਾਰ ਨੂੰ ਸਰਕਾਰੀ ਨਸ਼ਾ ਮੁਕਤੀ ਕੇਂਦਰ, ਨਵਾਂਸ਼ਹਿਰ ਵਿਖੇ ਅਚਨਚੇਤ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਵੱਲੋਂ ਕੇਂਦਰ ਵਿੱਚ ਦਾਖਲ ਮਰੀਜ਼ਾਂ ਨੂੰ ਪ੍ਰਦਾਨ ਕੀਤੀਆਂ ਜਾ ਰਹੀਆਂ ਸਿਹਤ ਸੇਵਾਵਾਂ, ਇਲਾਜ ਪ੍ਰਬੰਧਨ ਤੇ ਕਾਊਂਸਲਿੰਗ ਪ੍ਰਕਿਰਿਆ ਦਾ ਵਿਸਥਾਰਪੂਰਵਕ ਜਾਇਜ਼ਾ ਲਿਆ। ਦੌਰੇ ਦੌਰਾਨ ਮਾਣਯੋਗ ਡੀ.ਐਮ.ਸੀ. ਸਾਹਿਬ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਤੇ ਸਟਾਫ ਨਾਲ ਮੀਟਿੰਗ ਕਰਦੇ ਹੋਏ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਮੁਹਿੰਮਾਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਦੇ ਨਿਰਦੇਸ਼ ਜਾਰੀ ਕੀਤੇ। ਉਨ੍ਹਾਂ ਕਿਹਾ ਕਿ ਨਸ਼ਾ ਪੀੜਤ ਵਿਅਕਤੀਆਂ ਨੂੰ ਮਿਆਰੀ ਇਲਾਜ ਦੇ ਨਾਲ-ਨਾਲ ਮਨੋਵਿਗਿਆਨਕ ਸਹਿਯੋਗ ਤੇ ਸਕਾਰਾਤਮਕ ਮਾਹੌਲ ਮੁਹੱਈਆ ਕਰਵਾਉਣਾ ਸਮੇਂ ਦੀ ਅਹਿਮ ਲੋੜ ਹੈ ਤਾਂ ਜੋ ਉਹ ਸਮਾਜ ਦੀ ਮੁੱਖ ਧਾਰਾ ਨਾਲ ਮੁੜ ਜੁੜ ਸਕਣ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਨਸ਼ਾ ਪੀੜਤ ਵਿਅਕਤੀਆਂ ਨੂੰ ਸਮਾਜ ਦੀ ਮੁੱਖ ਧਾਰਾ ਵਿੱਚ ਵਾਪਸ ਲਿਆਉਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕੇਂਦਰ ਵਿੱਚ ਦਾਖਲ ਮਰੀਜ਼ਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਦਾ ਹੌਸਲਾ ਵਧਾਇਆ ਤੇ ਨਵੀਂ ਜ਼ਿੰਦਗੀ ਦੀ ਸ਼ੁਰੂਆਤ ਲਈ ਪ੍ਰੇਰਿਤ ਕੀਤਾ।



# ਜ਼ਿਲ੍ਹਾ ਚੋਣ ਅਫ਼ਸਰ ਨੇ ਚੋਣ ਪ੍ਰਕਿਰਿਆ ਨੂੰ ਅਮਨ-ਸ਼ਾਂਤੀ ਨਾਲ ਨੇਪਰੇ ਚਾੜ੍ਹਨ ਲਈ ਕੀਤਾ ਧੰਨਵਾਦ

## ☛ਪੋਲ ਹੋਈਆਂ ਵੋਟਾਂ ਦੀ ਗਿਣਤੀ 29 ਨੂੰ ਹੋਵੇਗੀ

ਫਿਰੋਜ਼ਪੁਰ, 27 ਮਈ (ਤਿਵਾੜੀ): ਜ਼ਿਲ੍ਹਾ ਚੋਣ ਅਫ਼ਸਰ ਕਮ ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਨੇ ਨਗਰ ਕੌਂਸਲ ਤੇ ਨਗਰ ਪੰਚਾਇਤ ਚੋਣਾਂ 2026 ਦੌਰਾਨ ਜ਼ਿਲ੍ਹੇ ਵਿੱਚ ਸ਼ਾਂਤੀਪੂਰਵਕ ਵੋਟਾਂ ਪਾਉਣ ਲਈ ਜ਼ਿਲ੍ਹੇ ਦੇ ਵੋਟਰਾਂ ਤੇ ਚੋਣ ਡਿਊਟੀ ਮਿਹਨਤ ਨਾਲ ਨਿਭਾਉਣ ਵਾਲੇ ਮੁਲਾਜ਼ਮਾਂ ਤੇ ਅਧਿਕਾਰੀਆਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸਾਰਿਆਂ ਦੇ ਯੋਗਦਾਨ ਸਦਕਾ ਹੀ ਫਿਰੋਜ਼ਪੁਰ ਜ਼ਿਲ੍ਹੇ ਵਿੱਚ ਕੁੱਲ 60.45% ਫੀਸਦੀ ਵੋਟ ਪਈ ਹੈ। ਜ਼ਿਲ੍ਹਾ ਚੋਣ ਅਫਸਰ ਨੇ ਦੱਸਿਆ ਕਿ ਵੋਟਿੰਗ ਦੌਰਾਨ ਜ਼ਿਲ੍ਹੇ ਦੀ ਨਗਰ ਕੌਂਸਲ ਫਿਰੋਜ਼ਪੁਰ ਵਿੱਚ 57.25 ਫੀਸਦੀ ਵੋਟਿੰਗ ਹੋਈ, ਇਸੇ ਤਰ੍ਹਾਂ ਨਗਰ ਕੌਂਸਲ ਤਲਵੰਡੀ ਭਾਈ ਵਿੱਚ 65.44 ਫੀਸਦੀ ਤੇ ਨਗਰ ਕੌਂਸਲ ਜ਼ੀਰਾ ਵਿੱਚ 67.59 ਫੀਸਦੀ ਵੋਟਿੰਗ ਹੋਈ ਹੈ। ਜ਼ਿਲ੍ਹੇ ਵਿੱਚ ਕੁੱਲ 72,681 ਵੋਟਾਂ ਪੋਲ ਹੋਈਆਂ ਹਨ। ਦੀਪਸ਼ਿਖਾ ਸ਼ਰਮਾ ਨੇ ਦੱਸਿਆ ਕਿ ਚੋਣ ਪ੍ਰਕਿਰਿਆ ਦੇ ਦੌਰਾਨ ਕਾਨੂੰਨ ਵਿਵਸਥਾ ਤੇ ਚੋਣ ਜ਼ਾਬਤੇ ਦੀ ਉਲੰਘਣਾ ਦੀ ਨਿਗਰਾਨੀ ਦੇ ਲਈ ਅਧਿਕਾਰੀਆਂ ਤੇ ਮੁਲਾਜ਼ਮਾਂ ਦੀਆਂ ਟੀਮਾਂ ਦਿਨ-ਰਾਤ ਕੰਮ ਵਿੱਚ ਲੱਗੀਆਂ ਰਹੀਆਂ, ਜਿਸ ਸਦਕਾ ਹੀ ਜ਼ਿਲ੍ਹੇ ਵਿੱਚ ਸ਼ਾਂਤੀਪੂਰਵਕ ਤਰੀਕੇ ਨਾਲ ਵੋਟਾਂ ਮੁਕੰਮਲ ਹੋਈਆਂ। ਉਨ੍ਹਾਂ ਜ਼ਿਲ੍ਹੇ ਦੇ ਸਾਰੇ ਵੋਟਰਾਂ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਨੇ ਵੱਧ ਚੜ੍ਹ ਕੇ ਵੋਟ ਪ੍ਰਕਿਰਿਆ ਵਿੱਚ ਹਿੱਸਾ ਲਿਆ। ਉਨ੍ਹਾਂ ਦੱਸਿਆ ਕਿ ਪੋਲ ਹੋਈਆਂ ਵੋਟਾਂ ਦੀ ਗਿਣਤੀ 29 ਮਈ 2026 ਨੂੰ ਹੋਵੇਗੀ।



# ਸਿਲਵਰ ਓਕਸ ਸਕੂਲ ਦੇ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਬਾਬਾ ਫਰੀਦ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਵੱਲੋਂ ਸਨਮਾਨ

ਜੈਤੋ, 27 ਮਈ (ਸੰਜੀਵ ਗੋਇਲ ਸੰਜੂ): ਸਿੱਖਿਆ ਦੇ ਖੇਤਰ ਵਿੱਚ ਉਤਮਤਾ ਨੂੰ ਉਤਸ਼ਾਹਿਤ ਕਰਦੇ ਹੋਏ, ਬਾਬਾ ਫਰੀਦ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਨੇ ਆਪਣੇ ਸਾਲਾਨਾ ਅਕਾਦਮਿਕ ਅਚੀਵਰਜ਼ ਐਵਾਰਡ ਸਮਾਰੋਹ-2025-26 ਦੌਰਾਨ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਤੇ ਰਾਜਸਥਾਨ ਦੇ 100 ਤੋਂ ਵੱਧ ਸਕੂਲਾਂ ਦੇ 2,000 ਤੋਂ ਵੱਧ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ। ਇਸ ਸਮਾਰੋਹ ਵਿੱਚ ਸਿਲਵਰ ਓਕਸ ਸਕੂਲ ਸੇਵੇਵਾਲਾ ਜੈਤੋ ਦੇ ਦਸਵੀਂ ਦੇ ਤੇ ਬਾਰ੍ਹਵੀਂ ਜਮਾਤ ਦੇ 12 ਵਿਦਿਆਰਥੀਆਂ ਨੂੰ ਸੀਬੀਐਸਈ ਬੋਰਡ ਦੀਆਂ ਪ੍ਰੀਖਿਆਵਾਂ ਵਿੱਚ 80% ਤੋਂ ਵੱਧ ਅੰਕ ਲੈ ਕੇ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨਾਂ ਨੇ ਵਿਦਿਆਰਥੀਆਂ ਨੂੰ ਸਵੈ-ਅਨੁਸ਼ਾਸਨ ਤੇ ਸਖ਼ਤ ਮਿਹਨਤ ਨਾਲ ਆਪਣੇ ਟੀਚੇ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ। ਇਸ ਸਮਾਰੋਹ ਵਿੱਚ ਸਕੂਲ ਦੇ ਅਧਿਆਪਕਾ ਮਿਸ ਸਬੀਨਾ ਤੇ ਮਨਪ੍ਰੀਤ ਕੌਰ ਨੂੰ ਵੀ ਵਿਸ਼ੇਸ਼ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਬੀ.ਐਫ.ਜੀ.ਆਈ. ਦੇ ਚੇਅਰਮੈਨ ਡਾ. ਗੁਰਮੀਤ ਸਿੰਘ ਧਾਲੀਵਾਲ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਸਿਲਵਰ ਓਕਸ ਸਕੂਲ ਦੇ ਪ੍ਰਿੰਸੀਪਲ ਪ੍ਰਿਅੰਕਾ ਮਹਿਤਾ ਨੇ ਸਨਮਾਨ ਪ੍ਰਾਪਤ ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਾਡਾ ਉਦੇਸ਼ ਸਿਰਫ਼ ਸਿੱਖਿਆ ਦੇਣਾ ਨਹੀਂ, ਸਗੋਂ ਵਿਦਿਆਰਥੀਆਂ ਨੂੰ ਜੀਵਨ ਵਿੱਚ ਉਚੇ ਮੁਕਾਮ ਹਾਸਲ ਕਰਨ ਲਈ ਤਿਆਰ ਕਰਨਾ ਵੀ ਹੈ। ਸੰਸਥਾ ਦੇ ਪ੍ਰਬੰਧਕਾਂ ਤੇ ਅਧਿਆਪਕਾਂ ਨੇ ਵਿਦਿਆਰਥੀਆਂ ਦੀ ਮਿਹਨਤ, ਅਨੁਸ਼ਾਸਨ ਤੇ ਲਗਨ ਦੀ ਪ੍ਰਸ਼ੰਸਾ ਕਰਦਿਆਂ ਉਨ੍ਹਾਂ ਦੇ ਚੰਗੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਸਮਾਗਮ ਵਿੱਚ ਕਰੀਅਰ ਕਾਊਂਸਲਿੰਗ ਤੇ ਭਵਿੱਖ ਦੀਆਂ ਚੁਣੌਤੀਆਂ ਬਾਰੇ ਵੀ ਮਾਰਗਦਰਸ਼ਨ ਕੀਤਾ ਗਿਆ। ਅੰਤ ਵਿੱਚ ਸੰਸਥਾ ਵੱਲੋਂ ਸਾਰੇ ਸਫਲ ਵਿਦਿਆਰਥੀਆਂ, ਅਧਿਆਪਕਾਂ ਤੇ ਮਾਪਿਆਂ ਨੂੰ ਵਧਾਈ ਦਿੱਤੀ ਗਈ।




# ਬਾਬਾ ਬੁੱਢਾ ਸਾਹਿਬ ਸੀਨੀ. ਸੈਕੰ. ਸਕੂਲ ਵਿਖੇ ਅਨੁਸ਼ਾਸਨ ਤੇ ਸਕੂਲ ਨੈਤਿਕਤਾ ਵਿਸ਼ੇ 'ਤੇ ਹਫ਼ਤਾਵਾਰੀ ਗਤੀਵਿਧੀ ਕਰਵਾਈ

ਬਟਾਲਾ, 27 ਮਈ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਬਾਬਾ ਬੁੱਢਾ ਸਾਹਿਬ ਸੀਨੀਅਰ ਸੈਕੰਡਰੀ ਸਕੂਲ, ਉਗਰੇਵਾਲ ਵਿਖੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਨੂੰ ਮੁੱਖ ਰੱਖਦਿਆਂ ਅਨੁਸ਼ਾਸਨ ਤੇ ਸਕੂਲ ਨੈਤਿਕਤਾ ਵਿਸ਼ੇ 'ਤੇ ਇੱਕ ਵਿਸ਼ੇਸ਼ ਹਫ਼ਤਾਵਾਰੀ ਗਤੀਵਿਧੀ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਦਾ ਮੁੱਖ ਆਕਰਸ਼ਣ ਸਕੂਲ ਦੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤਾ ਗਿਆ, ਇੱਕ ਬਹੁਤ ਹੀ ਸਿੱਖਿਆਦਾਇਕ ਤੇ ਪ੍ਰਭਾਵਸ਼ਾਲੀ ਨਾਟਕ ਰਿਹਾ। ਇਸ ਨਾਟਕ ਵਿੱਚ ਜਮਾਤ ਦੇ ਅਸਲ ਮਾਹੌਲ ਨੂੰ ਬਹੁਤ ਹੀ ਬਾਖ਼ੂਬੀ ਨਾਲ ਪਰਦੇ 'ਤੇ ਉਤਾਰਿਆ ਗਿਆ, ਜਿਸ ਵਿੱਚ ਦਿਖਾਇਆ ਗਿਆ ਕਿ ਕਿਵੇਂ ਕੁਝ ਸ਼ਰਾਰਤੀ ਬੱਚੇ ਪੜ੍ਹਾਈ ਦੌਰਾਨ ਵਾਰ-ਵਾਰ ਜਮਾਤ ਵਿੱਚ ਸ਼ੋਰ ਮਚਾਉਂਦੇ ਹਨ ਤੇ ਅਨੁਸ਼ਾਸਨ ਭੰਗ ਕਰਕੇ ਅਧਿਆਪਕਾਂ ਤੇ ਬਾਕੀ ਪੜ੍ਹਨ ਵਾਲੇ ਬੱਚਿਆਂ ਲਈ ਮੁਸ਼ਕਿਲ ਖੜ੍ਹੀ ਕਰਦੇ ਹਨ। ਨਾਟਕ ਦੇ ਅਗਲੇ ਹਿੱਸੇ ਵਿੱਚ ਦਿਖਾਇਆ ਗਿਆ ਕਿ ਅਧਿਆਪਕ ਵੱਲੋਂ ਗੁੱਸਾ ਕਰਨ ਦੀ ਬਜਾਏ ਬਹੁਤ ਹੀ ਪਿਆਰ, ਸਬਰ ਤੇ ਸੰਜੀਦਗੀ ਨਾਲ ਉਨ੍ਹਾਂ ਬੱਚਿਆਂ ਨੂੰ ਸਮਝਾਇਆ ਜਾਂਦਾ ਹੈ, ਜਿਸ ਸਦਕਾ ਵਾਰ-ਵਾਰ ਗਲਤੀਆਂ ਕਰਨ ਵਾਲੇ ਉਨ੍ਹਾਂ ਸ਼ਰਾਰਤੀ ਵਿਦਿਆਰਥੀਆਂ ਦੀ ਜ਼ਮੀਰ ਜਾਗਦੀ ਹੈ ਤੇ ਉਨ੍ਹਾਂ ਨੂੰ ਇਹ ਅਹਿਸਾਸ ਹੁੰਦਾ ਹੈ ਕਿ ਅਨੁਸ਼ਾਸਨਹੀਣਤਾ ਕਾਰਨ ਉਹ ਕਿਸ ਤਰ੍ਹਾਂ ਆਪਣੇ ਸੁਨਹਿਰੀ ਭਵਿੱਖ ਤੇ ਕੀਮਤੀ ਸਮੇਂ ਦਾ ਨੁਕਸਾਨ ਕਰ ਰਹੇ ਹਨ। ਅੰਤ ਵਿੱਚ, ਉਹ ਬੱਚੇ ਆਪਣੀ ਗਲਤੀ ਦਾ ਪਛਤਾਵਾ ਕਰਦੇ ਹੋਏ ਭਵਿੱਖ ਵਿੱਚ ਹਮੇਸ਼ਾ ਅਨੁਸ਼ਾਸਨ ਵਿੱਚ ਰਹਿਣ ਤੇ ਸਕੂਲ ਦੇ ਨਿਯਮਾਂ ਦਾ ਪਾਲਣ ਕਰਨ ਦਾ ਪ੍ਰਣ ਲੈਂਦੇ ਹਨ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਤੇ ਸਮੂਹ ਸਟਾਫ਼ ਨੇ ਵਿਦਿਆਰਥੀਆਂ ਦੀ ਇਸ ਸ਼ਾਨਦਾਰ ਅਦਾਕਾਰੀ ਤੇ ਸਾਰਥਕ ਸੁਨੇਹੇ ਦੀ ਭਰਪੂਰ ਸ਼ਲਾਘਾ ਕੀਤੀ। ਇਸ ਵਿਸ਼ੇਸ਼ ਮੌਕੇ 'ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸਰਬਜੀਤ ਸਿੰਘ, ਹਰਪ੍ਰੀਤ ਕੌਰ, ਅਰਸ਼ਦੀਪ ਕੌਰ ਤੇ ਸੁਖਮੀਤ ਕੌਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਤੇ ਬੱਚਿਆਂ ਦਾ ਹੌਸਲਾ ਵਧਾਇਆ।



# ਓਮ ਪ੍ਰਕਾਸ਼ ਬਾਂਸਲ ਮਾਡਰਨ ਸਕੂਲ ਦੀ ਹਰਵੀਨ ਕੌਰ ਵੱਲੋਂ 98.2 ਪ੍ਰਤੀਸ਼ਤ ਅੰਕ ਪ੍ਰਾਪਤ

ਮੰਡੀ ਗੋਬਿੰਦਗੜ੍ਹ, 27 ਮਈ (ਰੂਪਲ ਸੂਦ): ਓਮ ਪ੍ਰਕਾਸ਼ ਬਾਂਸਲ ਮਾਡਰਨ ਸਕੂਲ ਮੰਡੀ ਗੋਬਿੰਦਗੜ੍ਹ ਦੀ +2 ਹਿਊਮੈਨੀਟੀਜ਼ ਦੀ ਹੋਣਹਾਰ ਵਿਦਿਆਰਥਣ ਹਰਵੀਨ ਕੌਰ ਨੇ ਸੀਬੀਐਸਈ ਬੋਰਡ ਪ੍ਰੀਖਿਆ ਵਿੱਚ 98.2 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਜ਼ਿਲ੍ਹਾ ਟੌਪਰ ਬਣਨ ਦਾ ਮਾਣ ਪ੍ਰਾਪਤ ਕੀਤਾ। ਇਸ ਸ਼ਾਨਦਾਰ ਪ੍ਰਾਪਤੀ ਨੇ ਸਕੂਲ ਕੈਂਪਸ ਵਿੱਚ ਖੁਸ਼ੀ ਦਾ ਮਾਹੌਲ ਪੈਦਾ ਕੀਤਾ। ਇਸ ਵਿਦਿਆਰਥਣ ਨੇ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਸਾਰਿਆਂ ਨੂੰ ਪ੍ਰਭਾਵਿਤ ਕੀਤਾ। ਉਸ ਨੇ ਮਨੋਵਿਗਿਆਨ ਵਿੱਚ 100 ਵਿਚੋਂ 100 ਅੰਕ, ਰਾਜਨੀਤੀ ਸ਼ਾਸਤਰ ਵਿੱਚ 100 ਵਿਚੋਂ 98 ਤੇ ਸੂਚਨਾ ਤਕਨਾਲੋਜੀ ਵਿੱਚ 100 ਵਿਚੋਂ 99 ਅੰਕ ਪ੍ਰਾਪਤ ਕੀਤੇ। ਉਸ ਦੀ ਸਖ਼ਤ ਮਿਹਨਤ, ਅਨੁਸ਼ਾਸਨ ਤੇ ਦ੍ਰਿੜ ਇਰਾਦੇ ਨੂੰ ਸਫਲਤਾ ਦੀ ਇੱਕ ਨਵੀਂ ਮਿਸਾਲ ਕਾਇਮ ਕੀਤੀ ਹੈ। ਇਸ ਮਾਣਮੱਤੇ ਪ੍ਰਾਪਤੀ ਨੇ ਨਾ ਸਿਰਫ਼ ਸਕੂਲ ਨੂੰ ਸਗੋਂ ਉਸਦੇ ਮਾਪਿਆਂ ਤੇ ਪੂਰੇ ਖੇਤਰ ਨੂੰ ਵੀ ਮਾਣ ਦਿਵਾਇਆ ਹੈ। ਸਕੂਲ ਪ੍ਰਬੰਧਨ ਤੇ ਅਧਿਆਪਕਾਂ ਨੇ ਹਰਵੀਰ ਦੀ ਸਫਲਤਾ ਨੂੰ ਹੋਰ ਵਿਦਿਆਰਥੀਆਂ ਲਈ ਪ੍ਰੇਰਨਾ ਸਰੋਤ ਕਿਹਾ। ਸਕੂਲ ਪ੍ਰਿੰਸੀਪਲ ਸੰਗੀਤਾ ਸ਼ਰਮਾ ਨੇ ਇਸ ਹੋਣਹਾਰ ਵਿਦਿਆਰਥਣ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਇਹ ਪ੍ਰਾਪਤੀ ਉਸ ਦੀ ਸਖ਼ਤ ਮਿਹਨਤ ਤੇ ਸਮਰਪਣ ਦਾ ਨਤੀਜਾ ਹੈ। ਸਾਨੂੰ ਉਸ 'ਤੇ ਬਹੁਤ ਮਾਣ ਹੈ। ਉਨ੍ਹਾਂ ਇਸ ਦੇ ਉਜਵੱਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੰਦੇ ਹੋਏ ਆਸ ਕੀਤੀ ਕਿ ਉਹ ਸਫਲਤਾ ਦੀਆਂ ਨਵੀਆਂ ਉਚਾਈਆਂ ਛੂਹਦੀ ਰਹੇਗੀ।



# ਏ.ਡੀ.ਸੀ. ਪੂਨਮ ਸਿੰਘ ਵੱਲੋਂ ਜਨਗਣਨਾ ਦੇ ਕੰਮਾਂ ਦੀ ਸਮੀਖਿਆ



ਲੁਧਿਆਣਾ, 27 ਮਈ (ਵਿਸ਼ਾਲ ਸ਼ਰਮਾ): ਵਧੀਕ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਜਨਗਣਨਾ ਅਫਸਰ ਪੂਨਮ ਸਿੰਘ ਨੇ ਬੁੱਧਵਾਰ ਨੂੰ ਜਨਗਣਨਾ 2027 ਦੇ ਪੜਾਅ-1 ਅਧੀਨ ਲੁਧਿਆਣਾ ਪੱਛਮੀ ਤਹਿਸੀਲ ਵਿੱਚ ਤਾਇਨਾਤ ਗਿਣਤੀਕਾਰਾਂ ਅਤੇ ਸੁਪਰਵਾਈਜ਼ਰਾਂ ਨਾਲ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕੀਤੀ, ਜਿਸ ਵਿੱਚ ਘਰ ਦੀ ਸੂਚੀਕਰਨ ਕਾਰਜ ਅਤੇ ਰਿਹਾਇਸ਼ੀ ਜਨਗਣਨਾ ਸ਼ਾਮਲ ਹੈ।

ਮੀਟਿੰਗ ਦੌਰਾਨ ਜ਼ਿਲ੍ਹਾ ਜਨਗਣਨਾ ਕੋਆਰਡੀਨੇਟਰ ਅਲੋਕ ਕੁਮਾਰ, ਮਾਸਟਰ ਟ੍ਰੇਨਰ ਉਪਮਾ ਕੌਲ, ਜਨਗਣਨਾ ਸਟਾਫ, ਲੁਧਿਆਣਾ ਪੱਛਮੀ ਦੇ ਤਹਿਸੀਲਦਾਰ ਅਤੇ ਹੋਰ ਅਧਿਕਾਰੀ ਵੀ ਮੌਜੂਦ ਸਨ। ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਨੇ ਚੱਲ ਰਹੀਆਂ ਫੀਲਡ ਗਤੀਵਿਧੀਆਂ ਦੀ ਪ੍ਰਗਤੀ ਦੀ ਸਮੀਖਿਆ ਕੀਤੀ ਅਤੇ ਜਨਗਣਨਾ ਅਭਿਆਸ ਦੌਰਾਨ ਗਿਣਤੀਕਾਰਾਂ ਅਤੇ ਸੁਪਰਵਾਈਜ਼ਰਾਂ ਨੂੰ ਦਰਪੇਸ਼ ਵੱਖ-ਵੱਖ ਤਕਨੀਕੀ, ਪ੍ਰਸ਼ਾਸਕੀ ਅਤੇ ਸੰਚਾਲਨ ਚੁਣੌਤੀਆਂ 'ਤੇ ਚਰਚਾ ਕੀਤੀ ਗਈ। ਉਨ੍ਹਾਂ ਨੇ ਜਨਗਣਨਾ ਕਾਰਜਾਂ ਦੇ ਸੁਚਾਰੂ, ਪਾਰਦਰਸ਼ੀ ਅਤੇ ਪ੍ਰਭਾਵਸ਼ਾਲੀ ਸੰਚਾਲਨ ਨੂੰ ਯਕੀਨੀ ਬਣਾਉਣ ਲਈ ਜ਼ਰੂਰੀ ਮਾਰਗਦਰਸ਼ਨ ਅਤੇ ਨਿਰਦੇਸ਼ ਦਿੱਤੇ। ਨਿਰਧਾਰਤ ਕੰਮਾਂ ਦੀ ਸ਼ੁੱਧਤਾ ਅਤੇ ਸਮੇਂ ਸਿਰ ਪੂਰਾ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ ਪੂਨਮ ਸਿੰਘ ਨੇ ਫੀਲਡ ਸਟਾਫ ਨੂੰ ਘਰ ਸੂਚੀਕਰਨ ਕਾਰਜਾਂ ਨੂੰ ਪੂਰਾ ਕਰਦੇ ਸਮੇਂ ਜਨਗਣਨਾ ਦਿਸ਼ਾ-ਨਿਰਦੇਸ਼ਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਅਧਿਕਾਰੀਆਂ ਨੂੰ ਗੁਣਵੱਤਾ ਵਾਲੇ ਡਾਟਾ ਸੰਗ੍ਰਹਿ ਨੂੰ ਯਕੀਨੀ ਬਣਾਉਣ ਲਈ ਹਰ ਪੱਧਰ 'ਤੇ ਤਾਲਮੇਲ ਬਣਾਈ ਰੱਖਣ ਦੀ ਵੀ ਅਪੀਲ ਕੀਤੀ। ਉਨ੍ਹਾਂ ਨੇ ਸੁਪਰਵਾਈਜ਼ਰਾਂ ਨੂੰ ਗਣਨਾਕਾਰਾਂ ਦੇ ਕੰਮ ਦੀ ਨਿਯਮਤ ਤੌਰ 'ਤੇ ਨਿਗਰਾਨੀ ਕਰਨ ਅਤੇ ਇਹ ਯਕੀਨੀ ਬਣਾਉਣ ਲਈ ਵੀ ਕਿਹਾ ਕਿ ਸਰਵੇਖਣ ਪ੍ਰਕਿਰਿਆ ਦੌਰਾਨ ਕੋਈ ਵੀ ਘਰ ਅਣਗੌਲਿਆ ਨਾ ਰਹੇ। ਜਨਤਕ ਸਹਿਯੋਗ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ ਵਧੀਕ ਡਿਪਟੀ ਕਮਿਸ਼ਨਰ ਨੇ ਫੀਲਡ ਸਟਾਫ ਨੂੰ ਵਸਨੀਕਾਂ ਨਾਲ ਗੱਲਬਾਤ ਕਰਦੇ ਸਮੇਂ ਨਿਮਰਤਾ ਵਿਵਹਾਰ ਬਣਾਈ ਰੱਖਣ ਅਤੇ ਜਨਗਣਨਾ ਗਤੀਵਿਧੀਆਂ ਦੀ ਮਹੱਤਤਾ ਬਾਰੇ ਜਾਗਰੂਕਤਾ ਫੈਲਾਉਣ ਲਈ ਵੀ ਕਿਹਾ ਗਿਆ। ਵਧੀਕ ਡਿਪਟੀ ਕਮਿਸ਼ਨਰ ਪੂਨਮ ਸਿੰਘ ਨੇ ਜ਼ਿਲ੍ਹੇ ਭਰ ਵਿੱਚ ਭਰੋਸੇਯੋਗ ਅਤੇ ਵਿਆਪਕ ਡਾਟਾ ਸੰਗ੍ਰਹਿ ਨੂੰ ਯਕੀਨੀ ਬਣਾਉਣ ਲਈ ਜਨਗਣਨਾ ਅਭਿਆਸ ਨੂੰ ਕੁਸ਼ਲਤਾ ਅਤੇ ਯੋਜਨਾਬੱਧ ਢੰਗ ਨਾਲ ਕਰਵਾਉਣ ਲਈ ਪ੍ਰਸ਼ਾਸਨ ਦੀ ਵਚਨਬੱਧਤਾ ਨੂੰ ਦੁਹਰਾਇਆ।

# ਤਿਵਾੜੀ ਅਤੇ ਦੀਵਾਨ ਦੇ ਆਸਟ੍ਰੇਲੀਆ ਦੌਰੇ 'ਤੇ ਵਿਦੇਸ਼ੀ ਭਾਰਤੀਆਂ ਨੇ ਕੀਤੇ ਵੱਡੇ ਸਮਾਗਮ : ਅਸ਼ਵਨੀ



ਲੁਧਿਆਣਾ, 27 ਮਈ (ਰਵਿੰਦਰ ਸਿੰਘ ਨਿੱਝਰ): ਆਸਟ੍ਰੇਲੀਅਨ ਭਾਰਤੀ ਅਤੇ ਪੰਜਾਬ ਦੀ ਮਿੱਟੀ ਨਾਲ ਜੁੜੇ ਇੰਡੀਅਨ ਓਵਰਸੀਜ਼ ਕਾਂਗਰਸ ਦੇ ਜਨਰਲ ਸਕੱਤਰ ਅਸ਼ਵਨੀ ਬਾਵਾ ਆਸਟਰੇਲੀਆ ਨੇ ਇੱਕ ਪ੍ਰੈਸ ਬਿਆਨ ਰਾਹੀਂ ਦੱਸਿਆ ਕਿ ਮੁਨੀਸ਼ ਤਿਵਾੜੀ ਮੈਂਬਰ ਪਾਰਲੀਮੈਂਟ ਚੰਡੀਗੜ੍ਹ ਅਤੇ ਚੇਅਰਮੈਨ ਇੰਡੀਅਨ ਆਸਟ੍ਰੇਲੀਅਨ ਪਾਰਲੀਮੈਂਟਰੀ ਗਰੁੱਪ ਅਤੇ ਪਵਨ ਦੀਵਾਨ ਸਾਬਕਾ ਚੇਅਰਮੈਨ ਪੰਜਾਬ ਲਾਰਜ਼ ਇੰਡਸਟਰੀ ਬੋਰਡ ਨੇ ਆਸਟਰੇਲੀਆ ਆ ਕੇ ਇੱਥੇ ਰਹਿੰਦੇ ਪ੍ਰਵਾਸੀ ਭਾਰਤੀਆਂ ਦੀਆਂ ਸਮੱਸਿਆਵਾਂ ਨਾਲ ਕਈ ਮੀਟਿੰਗਾਂ ਕੀਤੀਆਂ। ਇਸ ਮੌਕੇ ਕਈ ਵੱਡੇ ਵੱਡੇ ਸਮਾਗਮ ਕੀਤੇ ਗਏ, ਜਿਨਾਂ ਵਿੱਚ ਸ਼੍ਰੀ ਤਿਵਾੜੀ ਅਤੇ ਸ਼੍ਰੀ ਦੀਵਾਨ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਹ ਮਹਿਸੂਸ ਕਰਨ ਲੱਗੇ ਹਨ, ਕਿ ਜਦੋਂ ਵੀ ਕਾਂਗਰਸ ਦੀ ਸਰਕਾਰ ਸੱਤਾ ਵਿੱਚ ਆਏਗੀ ਤਾਂ ਉਹਨਾਂ ਦੀਆਂ ਮੁਸ਼ਕਲਾਂ ਤੁਰੰਤ ਹੱਲ ਹੋਣੀਆਂ ਸ਼ੁਰੂ ਹੋ ਜਾਣਗੀਆਂ। ਪ੍ਰਵਾਸੀਆਂ ਨੇ ਵੀ ਤਿਵਾੜੀ ਅਤੇ ਸ਼੍ਰੀ ਦੀਵਾਨ ਨੂੰ ਭਰੋਸਾ ਦਵਾਇਆ ਕਿ ਜਦੋਂ ਵੀ ਚੋਣਾਂ ਹੋਣਗੀਆਂ, ਉਹ ਕਾਂਗਰਸ ਦੀ ਡਟ ਕੇ ਹਮਾਇਤ ਕਰਨਗੇ ਅਤੇ ਕਾਂਗਰਸ ਨੂੰ ਵੱਡੇ ਫਰਕ ਨਾਲ ਜਿਤਾ ਕੇ ਸੱਤਾ ਵਿੱਚ ਸੰਭਾਲਣ ਵਿੱਚ ਵੱਡਾ ਯੋਗਦਾਨ ਪਾਉਣਗੇ। ਇਸ ਮੌਕੇ ਰਵਿੰਦਰ ਰਵੀ ਆਸਟਰੇਲੀਆ ਵਰੁਣ ਸ਼ਰਮਾ ਸਨੀ ਦੱਤ ਸੁਨੀਲ ਦੱਤ ਗੁਰਦੀਪ ਸਿੰਘ ਆਦਿ ਸਮੇਤ ਇੰਡੀਅਨ ਓਵਰਸੀਜ਼ ਕਾਂਗਰਸ ਦੇ ਅਨੇਕਾਂ ਮੈਂਬਰ ਅਤੇ ਅਹੁਦੇਦਾਰ ਮੌਜੂਦ ਸਨ।

# ਨਹਿਰੀ ਪਾਣੀ ਦੀ ਵਰਤੋਂ ਵੱਧਣਾ ਕਿਸਾਨੀ ਲਈ ਚੰਗਾ ਉਪਰਾਲਾ : ਪਰਮਵੀਰ



ਲੁਧਿਆਣਾ, 27 ਮਈ (ਵਿਸ਼ਾਲ ਸ਼ਰਮਾ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਯੋਗ ਅਗਵਾਹੀ ਹੇਠਾਂ ਸੂਬੇ ਵਿੱਚ ਖੇਤੀ ਨੂੰ ਮੁੜ ਕੇ ਲਾਹੇਵੰਦ ਧੰਦਾ ਬਣਾਉਣ ਲਈ ਸੁਹਿਰਦ ਕਦਮ ਚੁੱਕੇ ਜਾ ਰਹੇ ਹਨ। ਪੰਜਾਬ ਮੀਡੀਅਮ ਇੰਡਸਟਰੀ ਬੋਰਡ ਦੇ ਵਾਈਸ ਚੇਅਰਮੈਨ ਪਰਮਵੀਰ ਸਿੰਘ ਐਡਵੋਕੇਟ ਨੇ ਵਿਚਾਰ ਸਾਂਝੇ ਕਰਦਿਆਂ ਦੱਸਿਆ ਕਿ, ਪੰਜਾਬ ਵਿੱਚ ਨਹਿਰੀ ਪਾਣੀ ਦੀ ਸਿੰਚਾਈ ਲਈ ਜੋ ਕਾਰਜ ਚਾਲ ਰਹੇ ਹਨ, ਓਹਨਾਂ ਦੀ ਦੇਖ ਰੇਖ ਮੁੱਖ ਮੰਤਰੀ ਭਗਵੰਤ ਮਾਨ ਆਪ ਕਰ ਰਹੇ ਹਨ। 2022 ਵਿੱਚ ਜਦੋਂ ਮਾਨ ਸਰਕਾਰ ਨੇ ਅਹਿਦ ਚੁਕਿਆ ਸੀ ਉਸ ਵੇਲੇ ਵਿਰਾਸਤ ਵਿਚ ਨਹਿਰੀ ਪਾਣੀ ਦਾ ਕੇਵਲ 22 ਪ੍ਰਤੀਸ਼ਤ ਉਪਯੋਗ ਪਿਛਲੀ ਸਰਕਾਰਾਂ ਵੱਲੋਂ ਵਰਤੋਂ ਵਿਚ ਲਿਆਉਂਦਾ ਗਿਆ ਸੀ। ਮਾਨ ਸਰਕਾਰ ਪਿਛਲੇ 4 ਸਾਲਾਂ ਤੋਂ ਖੇਤਾਂ ਦੀ ਸਿੰਚਾਈ ਸਿੱਧਾ ਨਹਿਰੀ ਪਾਣੀ ਨਾਲ ਕਰਵਾਉਣ ਲਈ ਪੁਰਜ਼ੋਰ ਉਪਰਾਲੇ ਕਰ ਰਹੀ ਹੈ। ਟੇਲਾਂ ਤਕ ਪਾਣੀ ਪਹੁੰਚਣ ਲਈ ਸੂਏ ਅਤੇ ਕੱਸੀਆਂ ਦਰੁਸਤ ਕੀਤੇ ਗਏ ਹਨ। ਸੈਂਕੜੇ ਕਿਲੋਮੀਟਰ ਨਵੀਆਂ ਕੱਸੀਆਂ ਅਤੇ ਪਾਈਪਾਂ ਪਾਈਆਂ ਗਈਆਂ ਹਨ। ਇਨ੍ਹਾਂ ਕੋਸ਼ਿਸ਼ਾਂ ਸਦਕਾ, ਪੰਜਾਬ ਹੁਣ ਨਹਿਰੀ ਪਾਣੀ ਦਾ 78% ਤੋਂ ਵੱਧ ਪਾਣੀ ਵਰਤ ਰਿਹਾ ਹੈ। ਇਸ ਤੋਂ ਇਲਾਵਾ ਅਗਲੇ ਕੁਝ ਮਹੀਨਿਆਂ ਵਿੱਚ ਇਹ ਅੰਕੜਾ 90% ਤੋਂ ਵੱਧ ਲੈ ਕੇ ਜਾਣਾ ਮਾਨ ਸਰਕਾਰ ਦਾ ਟੀਚਾ ਹੈ। ਇਸ ਉਪਰਾਲੇ ਨਾਲ ਪੰਜਾਬ ਦੀ ਧਰਤੀ ਨੂੰ ਕਈ ਤਰ੍ਹਾਂ ਦੇ ਫਾਇਦੇ ਹੋਏ ਹਨ ਪੰਜਾਬ ਦਾ ਜ਼ਮੀਨ ਹੇਠਲਾ ਪਾਣੀ ਕਾਫੀ ਮਾਤਰਾ ਵਿਚ ਬਚਿਆ ਹੈ ਅਤੇ ਕੇਂਦਰ ਦੇ ਜਲ ਸ਼ਕਤੀ ਮਹਿਕਮੇ ਵੱਲੋਂ ਜਾਰੀ ਅੰਕੜਿਆਂ ਅਨੁਸਾਰ ਪੰਜਾਬ ਦਾ ਧਰਤੀ ਹੇਠਲਾ ਪਾਣੀ ਲੱਗਭੱਗ 2 ਮੀਟਰ ਉੱਪਰ ਵੱਲ ਵੱਧ ਚੁੱਕਿਆ ਹੈ ਪਿਛਲੇ 20 ਸਾਲਾਂ ਵਿਚ ਇਹ ਵਾਧਾ ਪਹਿਲੀ ਵਾਰ ਰਿਕਾਰਡ ਕੀਤਾ ਗਿਆ ਹੈ। ਇਸ ਤੋਂ ਇਲਾਵਾ ਵੱਡੇ ਪੱਧਰ 'ਤੇ ਮੋਟਰਾਂ ਨਾ ਚੱਲਣ ਕਰਕੇ ਬਿਜਲੀ ਦੀ ਭਾਰੀ ਬਚਤ ਪੰਜਾਬ ਨੂੰ ਹੋਈ ਹੈ, ਜਿਸ ਨੂੰ ਹੋਰ ਵਰਤੋਂ ਵਿਚ ਲਿਆਂਦਾ ਗਿਆ ਹੈ। ਮਾਹਿਰਾਂ ਅਨੁਸਾਰ ਨਹਿਰੀ ਪਾਣੀ ਦੀ ਵਰਤੋਂ ਨਾਲ ਫ਼ਸਲ ਦੀ ਗੁਣਵੱਤਾ ਵਿੱਚ ਵੀ ਵਾਧਾ ਹੋਇਆ ਹੈ, ਜਿਸ ਨਾਲ ਕਿਸਾਨਾਂ ਨੂੰ ਚੰਗਾ ਮੁਨਾਫ਼ਾ ਪ੍ਰਾਪਤ ਹੋਇਆ ਹੈ ਮੁੱਖ ਮੰਤਰੀ ਦੀ ਦੂਰਅੰਦੇਸ਼ੀ ਸੋਚ ਅਤੇ ਚੰਗੇ ਉਪਰਾਲਿਆਂ ਕਰਕੇ ਪੰਜਾਬ ਤਰੱਕੀ ਦੇ ਰਾਹ 'ਤੇ ਤੇਜ਼ੀ ਨਾਲ ਵੱਧ ਰਿਹਾ ਹੈ। ਇਕੱਲੇ ਨਹਿਰੀ ਪਾਣੀ ਦੀ ਪਹੁੰਚ ਨੂੰ ਦਰੁਸਤ ਕਰਕੇ ਮੁੱਖ ਮੰਤਰੀ ਭਗਵੰਤ ਮਾਨ ਨੇ ਪੰਜਾਬ ਨੂੰ ਵੱਖੋ ਵੱਖ ਪੱਖਾਂ ਤੋਂ ਫਾਇਦੇ ਦਵਾਏ ਹਨ।

# ਗੁਰਦੁਆਰਾ ਸਾਹਿਬ ਮਾਡਲ ਟਾਊਨ ਐਕਸਟੈਂਸ਼ਨ ਵਿਖੇ ਕੀਰਤਨ ਸਮਾਗਮ



ਲੁਧਿਆਣਾ, 27 ਮਈ (ਰਵਿੰਦਰ ਸਿੰਘ ਨਿੱਝਰ) : ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਨਸ਼ਨ ਵਿਖੇ ਗੁਰ ਦਸਮੇਸ਼ ਸੇਵਾ ਸੋਸਾਇਟੀ ਵੱਲੋਂ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਨਿੱਘੇ ਸਹਿਯੋਗ ਨਾਲ ਬੀਤੀ ਰਾਤ ਹਫਤਾਵਾਰੀ ਕੀਰਤਨ ਸਮਾਗਮ ਕਰਵਾਇਆ ਗਿਆ।ਜਿਸ ਵਿੱਚ ਪੰਥ ਦੇ ਪ੍ਰਸਿੱਧ ਕੀਰਤਨੀਏ ਭਾਈ ਜਸਵੰਤ ਸਿੰਘ ਸਾਬਕਾ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆਂ ਦੇ ਕੀਰਤਨੀ ਜੱਥੇ ਨੇ ਗੁਰਬਾਣੀ ਦਾ ਇਲਾਹੀ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਸੋਸਾਇਟੀ ਦੇ ਮੈਂਬਰਾਂ ਨੇ ਭਾਈ ਜਸਵੰਤ ਸਿੰਘ ਸਾਬਕਾ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆਂ ਦੇ ਕੀਰਤਨੀ ਜੱਥੇ ਦੇ ਮੈਂਬਰਾਂ ਨੂੰ ਸਿਰਪਾਓ ਭੇਟ ਕਰਕੇ ਸਨਮਾਨਿਤ ਵੀ ਕੀਤਾ । ਕੀਰਤਨ ਸਮਾਗਮ ਅੰਦਰ ਦਸਮੇਸ਼ ਸੇਵਾ ਸੋਸਾਇਟੀ ਦੇ ਪ੍ਰਮੁੱਖ ਮੈਂਬਰ ਇੰਦਰਬੀਰ ਸਿੰਘ ਬੱਤਰਾ, ਹਰਪਾਲ ਸਿੰਘ ਬੱਤਰਾ, ਰਜਿੰਦਰ ਸਿੰਘ ਡੰਗ, ਸਰਬਜੀਤ ਸਿੰਘ ਦਸਮੇਸ਼ ਪੰਪ ਵਾਲੇ, ਭੁਪਿੰਦਰ ਸਿੰਘ ਅਰੋੜਾ, ਬਲਬੀਰ ਸਿੰਘ ਭਾਟੀਆ, ਹਰਪਾਲ ਸਿੰਘ ਖਾਲਸਾ, ਭੁਪਿੰਦਰ ਸਿੰਘ ਜੁਨੇਜਾ, ਗੁਰਦੀਪ ਸਿੰਘ ਡੀਮਾਰਟੇ, ਐਨ. ਪੀ ਸਿੰਘ ਕਥੂਰੀਆਂ, ਰਘਬੀਰ ਸਿੰਘ, ਮਹਿੰਦਰ ਸਿੰਘ ਡੰਗ, ਹਰਮੀਤ ਸਿੰਘ ਡੰਗ, ਗੁਰਬਚਨ ਸਿੰਘ, ਅਤਰ ਸਿੰਘ ਮਕੱੜ, ਸੁਰਿੰਦਰਪਾਲ ਸਿੰਘ ਭੁਟੀਆਣੀ, ਅਵਤਾਰ ਸਿੰਘ ਮਿੱਢਾ, ਦਾਨ ਸਿੰਘ, ਹਰਪ੍ਰੀਤ ਸਿੰਘ ਨੀਟਾ, ਦਵਿੰਦਰ ਸਿੰਘ ਬਿੱਟੂ, ਹਰਚਰਨ ਸਿੰਘ ਕਾਲੜਾ, ਕਵੰਲਪ੍ਰੀਤ ਸਿੰਘ ਸੋਢੀ, ਇੰਦਰਜੀਤ ਸਿੰਘ ਛਾਬੜਾ, ਵਿਜੈ ਕੁਮਾਰ ਸੂਦ, ਮਨਮੋਹਨ ਸਿੰਘ, ਜੋਗਿੰਦਰ ਸਿੰਘ ਸਲੂਜਾ, ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ ।

# ਟਰਾਂਸਪੋਰਟ ਮਹਿਕਮੇ ਵੱਲੋਂ ਆਰਸੀ ਗੀਨਿਊ ਫੀਸਾਂ 'ਚ ਫਰਕ ਨਾਲ ਬਿਨੈਕਾਰ ਪ੍ਰੇਸ਼ਾਨ




ਲੁਧਿਆਣਾ, 27 ਮਈ (ਵਿਸ਼ਾਲ ਸ਼ਰਮਾ) : ਟਰਾਂਸਪੋਰਟ ਮਹਿਕਮੇ ਵੱਲੋਂ 15 ਸਾਲ ਪੁਰਾਣੇ ਵਾਹਨਾਂ ਦੇ ਗੀਨਿਊ ਕੇਸਾਂ ਵਿੱਚ ਟੈਕਸਾਂ ਦਾ ਫਰਕ ਪਿਛਲੇ ਕੁਝ ਮਹੀਨਿਆਂ ਤੋਂ ਦੇਖਣ ਵਿੱਚ ਆ ਰਿਹਾ ਹੈ। ਮਹਿਕਮੇ ਵੱਲੋਂ ਗਰੀਨ ਟੈਕਸ ਦੇ ਰੂਪ ਵਿੱਚ ਪੈਟਰੋਲ ਵਾਹਨ ਉੱਪਰ ਜੋ ਕਿ 1500 ਸੀ.ਸੀ. ਤੋਂ ਹੇਠਾਂ ਹਨ, ਉਸ ਉੱਪਰ 3000 ਅਤੇ ਜੋ ਵਾਹਨ 1500 ਸੀ.ਸੀ. ਤੋਂ ਉੱਪਰ ਹਨ, ਉਸ ਉੱਪਰ 4000 ਰੁਪਏ। ਇਸੇ ਤਰ੍ਹਾਂ ਡੀਜ਼ਲ ਵਾਹਨ ਜੋ 1500 ਸੀ.ਸੀ. ਤੋਂ ਹੇਠਾਂ ਹਨ, ਉਸ ਉੱਪਰ 4000 ਅਤੇ 1500 ਸੀ.ਸੀ. ਤੋਂ ਉੱਪਰ ਵਾਹਨ ਉੱਪਰ 6000 ਟੈਕਸ ਵਸੂਲਿਆ ਜਾ ਰਿਹਾ ਹੈ ਇਸ ਤੋਂ ਇਲਾਵਾ ਵਹੀਕਲ ਇੰਸਪੈਕਸ਼ਨ ਦੀ ਫੀਸ ਆਵੇਦਕ ਕੋਲੋਂ ਵਸੂਲੀ ਜਾਂਦੀ ਹੈ। ਡੀਜ਼ਲ ਜਾਂ ਪੈਟਰੋਲ ਵਾਹਨ ਦੀ ਇੰਸਪੈਕਸ਼ਨ ਉੱਪਰ ਟਰਾਂਸਪੋਰਟ ਮਹਿਕਮੇ ਵੱਲੋਂ ਕੋਈ ਕੈਟਾਗਰੀ ਨਹੀਂ ਬਣਾਈ ਗਈ ਹੈ। ਪਰ ਕੁਝ ਮਹੀਨਿਆਂ ਤੋਂ ਅਕਸਰ ਦੇਖਣ ਵਿੱਚ ਆ ਰਿਹਾ ਹੈ ਕਿ ਕਿਸੇ ਵਹੀਕਲ ਇੰਸਪੈਕਸ਼ਨ ਦੀ ਫੀਸ 600 ਕਿਸੇ ਦੀ 800 ਅਤੇ ਕਿਸੇ ਦੀ 1000 ਰੁਪਏ ਤਕ ਫੀਸ ਵਸੂਲੀ ਜਾ ਰਹੀ ਹੈ। ਇਸੇ ਤਰਾਂ ਵਾਹਨ ਦੇ ਗੀਨਿਊ ਦੀ ਫੀਸ ਵਿੱਚ ਵੀ ਫਰਕ ਵੇਖਿਆ ਜਾ ਰਿਹਾ ਹੈ। ਹੁਣ ਇੱਥੇ ਦੇਖਣ ਯੋਗ ਹੈ ਕਿ ਇਸ ਤਰ੍ਹਾਂ ਦੀਆਂ ਖਾਮੀਆਂ ਜੋ ਕਿ ਟਰਾਂਸਪੋਰਟ ਮਹਿਕਮੇ ਵੱਲੋਂ ਲੋਕਾਂ ਉੱਪਰ ਥੋਪੀਆਂ ਜਾ ਰਹੀਆਂ ਹਨ, ਉਸ ਦਾ ਖਮਿਆਜ਼ਾ ਆਮ ਆਵੇਦਕ ਕਿਉਂ ਭੁਗਤ ਰਿਹਾ ਹੈ।

# ਪੰਡਿਤ ਨਹਿਰੂ ਦੀ 62ਵੀਂ ਬਰਸੀ ਹਲਕਾ ਦੱਖਣੀ ਵਿੱਚ ਬਾਵਾ ਦੀ ਸਰਪ੍ਰਸਤੀ ਹੇਠ ਮਨਾਈ



ਲੁਧਿਆਣਾ, 27 ਮਈ (ਰਵਿੰਦਰ ਸਿੰਘ ਨਿੱਝਰ) : ਹਲਕਾ ਦੱਖਣੀ ਵਿੱਚ ਅੱਜ ਭਾਰਤ ਦੇ ਪਹਿਲੇ ਪ੍ਰਧਾਨ ਮੰਤਰੀ ਪੰਡਿਤ ਜਵਾਹਰ ਲਾਲ ਨਹਿਰੂ ਦੀ 62ਵੀਂ ਬਰਸੀ 'ਪੰਡਿਤ ਨਹਿਰੂ ਦੀ ਭਾਰਤ ਨੂੰ ਦੇਣ' ਵਿਸ਼ੇ 'ਤੇ ਵਿਚਾਰ ਗੋਸ਼ਟੀ ਕਰਕੇ ਸੀਨੀਅਰ ਕਾਂਗਰਸੀ ਨੇਤਾ ਕ੍ਰਿਸ਼ਨ ਕੁਮਾਰ ਬਾਵਾ ਕੋਆਰਡੀਨੇਟਰ ਕੁੱਲ ਹਿੰਦ ਕਾਂਗਰਸ (ਓ.ਬੀ.ਸੀ) ਇੰਚਾਰਜ ਹਿਮਾਚਲ ਪ੍ਰਦੇਸ਼ ਦੀ ਸਰਪ੍ਰਸਤੀ ਹੇਠ ਮਨਾਈ ਗਈ। ਇਸ ਸਮੇਂ ਪ੍ਰੋ. ਸਤੀਸ਼ ਸ਼ਰਮਾ, ਗੁਰਨਾਮ ਸਿੰਘ ਕਲੇਰ ਜਨਰਲ ਸਕੱਤਰ ਪ੍ਰਦੇਸ਼ ਕਾਂਗਰਸ, ਕਿਰਨਦੀਪ ਗਰੇਵਾਲ ਪ੍ਰਧਾਨ ਮਹਿਲਾ ਕਾਂਗਰਸ ਲੁਧਿਆਣਾ (ਦਿਹਾਤੀ), ਹਰਜੀਤ ਕੌਰ ਗਰਚਾ, ਸੁਸ਼ੀਲ ਮਲਹੋਤਰਾ, ਸੁਖਵਿੰਦਰ ਸੋਹਲ, ਮਨਜੀਤ ਕੌਰ ਸਰੋਏ ਸਮਾਜ ਸੇਵੀ, ਵਰਿੰਦਰ ਭੱਲਾ ਪ੍ਰਧਾਨ ਓ.ਬੀ.ਸੀ, ਜ਼ਿਲ੍ਹਾ ਪ੍ਰਧਾਨ ਮਾਸਟਰ ਹਰੀਦੇਵ ਬਾਵਾ, ਅਮਿਤ ਕੁਮਾਰ, ਕੈਪਟਨ ਮਲਕੀਤ ਸਿੰਘ ਵਾਲੀਆ, ਬੀਰਪਾਲ ਸਿੰਘ ਹਾਜ਼ਰ ਸਨ। ਇਸ ਸਮੇਂ ਬੋਲਦਿਆਂ ਬਾਵਾ ਅਤੇ ਸ਼ਰਮਾ ਨੇ ਕਿਹਾ ਕਿ ਪੰਡਿਤ ਜਵਾਹਰ ਲਾਲ ਨਹਿਰੂ ਦਾ ਆਦਰਸ਼ਵਾਦੀ ਜੀਵਨ ਸਾਨੂੰ ਜੀਵਨ ਦੇ ਹਰ ਖੇਤਰ ਵਿੱਚ ਸੇਧ ਦੇਣ ਵਾਲਾ ਹੈ। ਉਹਨਾਂ ਵੱਲੋਂ ਲਿਖੀਆਂ ਪੁਸਤਕਾਂ ਲੈਟਰ ਫਰੌਮ ਫਾਦਰ ਟੂ ਹਿਜ਼ ਡਾਟਰ, ਐਨ ਆਟੋਗਰਾਫੀ, ਦੀ ਡਿਸਕਵਰੀ ਆਫ ਇੰਡੀਆ, ਗਲਿੰਪਸ ਆਫ ਵਰਡ ਹਿਸਟਰੀ ਸਾਨੂੰ ਸਮਾਜ ਵਿੱਚ ਵਿਚਰਨ ਦਾ ਰਸਤਾ ਦਿਖਾਉਂਦੀਆਂ ਹਨ। ਇਸ ਸਮੇਂ ਵੀਨਾ ਰਾਣੀ, ਪਰਮਜੀਤ ਕੌਰ, ਵਿਜੇ ਲਕਸ਼ਮੀ, ਜਸਵੀਰ ਸਿੰਘ, ਪਲਵਿੰਦਰ ਕੌਰ, ਮਨਜੀਤ ਕੌਰ ਸਰੋਏ, ਪਰਮਜੀਤ ਸਿੰਘ ਸਰੋਏ, ਗਗਨਦੀਪ ਕੌਰ, ਮਮਤਾ ਰਾਣੀ, ਸੁਖਵਿੰਦਰ ਕੌਰ, ਗੌਰਵੀ ਸਰੋਏ, ਗੋਬਿੰਦ ਰਾਣੀ ਸ਼ਰਮਾ, ਪਵਨ ਸ਼ੁਕਲਾ, ਕ੍ਰਿਸ਼ਨਾ ਦੇਵੀ, ਸੁਖਵਿੰਦਰ ਕੌਰ, ਜਸਵਿੰਦਰ ਕੌਰ, ਸੁਮਨ ਰਾਣੀ, ਬਲਵਿੰਦਰ ਕੌਰ, ਕਮਲਜੀਤ ਕੌਰ, ਕੁਲਵੀਰ ਕੌਰ, ਸੰਤੋਖ ਸਿੰਘ, ਸੁਖਦੇਵ ਸਿੰਘ, ਸ਼ਿਵ ਕੁਮਾਰ, ਆਕਾਸ਼ ਕੁਮਾਰ ਆਦਿ ਹਾਜ਼ਰ ਸਨ।

# ਈਦ ਮੌਕੇ ਆਪਸੀ ਭਾਈਚਾਰਾ ਬਣਾ ਕੇ ਰੱਖਣ 'ਤੇ ਜ਼ੋਰ

ਲੁਧਿਆਣਾ, 27 ਮਈ (ਰਵਿੰਦਰ ਸਿੰਘ ਨਿੱਝਰ): ਭਾਰਤੀ ਕਮਿਊਨਿਸਟ ਪਾਰਟੀ (ਸੀਪੀਆਈ) ਦੀ ਜ਼ਿਲ੍ਹਾ ਲੁਧਿਆਣਾ ਇਕਾਈ ਵੱਲੋਂ ਦੇਸ਼ ਭਰ ਵਿੱਚ ਸਭ ਨੂੰ ਈਦ ਦੀ ਮੁਬਾਰਕਬਾਦ ਅਤੇ ਅਪੀਲ ਕਿ ਆਓ ਪਿਆਰ ਤੇ ਮੁਹੱਬਤ ਨਾਲ ਤਿਉਹਾਰਾਂ ਨੂੰ ਸਾਂਝੇ ਤੌਰ 'ਤੇ ਮਨਾ ਕੇ ਸਮਾਜ ਵਿੱਚ ਅਮਨ ਤੇ ਸ਼ਾਂਤੀ ਬਣਾ ਕੇ ਰੱਖੀਏ। ਅਤੀ ਨਿੰਦਨਯੋਗ ਹੈ ਕਿ ਆਰਐਸਐਸ ਤੇ ਉਸਦੇ ਨਾਲ ਜੁੜੀਆਂ ਹੋਈਆਂ ਜਥੇਬੰਦੀਆਂ ਵੱਲੋਂ ਦੇਸ਼ ਦੀਆਂ ਅਨੇਕਾਂ ਥਾਵਾਂ ਤੋਂ ਹੁੱਲੜਬਾਜ਼ੀ ਕਰਨ ਦੀਆਂ ਰਿਪੋਰਟਾਂ ਆ ਰਹੀਆਂ ਹਨ। ਬੰਗਾਲ ਦੇ ਵਿੱਚ ਮੁਸਲਮਾਨਾਂ ਨੇ ਆਪਣੇ ਤੌਰ 'ਤੇ ਹੀ ਗਾਂ ਦੀ ਹੱਤਿਆ ਕਰਨ 'ਤੇ ਰੋਕ ਲਾ ਦਿੱਤੀ ਹੈ। ਇਸ ਨਾਲ ਹਿੰਦੂ ਵਪਾਰੀ, ਜੋ ਕਿ ਗਾਵਾਂ ਤੇ ਬੱਕਰੀਆਂ ਨੂੰ ਵੱਡੀ ਗਿਣਤੀ ਵਿੱਚ ਪਾਲਦੇ ਹਨ ਤੇ ਬਕਰੀਦ ਦੇ ਮੌਕੇ 'ਤੇ ਉਹਨਾਂ ਨੂੰ ਵੇਚਦੇ ਹਨ, ਬੜੇ ਪਰੇਸ਼ਾਨ ਹਨ। ਉਹਨਾਂ ਦੀ ਆਰਥਿਕਤਾ 'ਤੇ ਬਹੁਤ ਸੱਟ ਵੱਜੀ ਹੈ। ਮੁੰਬਈ ਦੇ ਵਿੱਚ ਇਹਨਾਂ ਤਾਕਤਾਂ ਨੇ ਦੰਗੇ ਕਰਾਉਣ ਦੀ ਕੋਸ਼ਿਸ਼ ਕੀਤੀ ਹੈ। ਇੱਥੇ ਜਾਰੀ ਬਿਆਨ ਵਿੱਚ ਆਗੂਆਂ ਨੇ ਕਿਹਾ ਹੈ ਕਿ ਅਸੀਂ ਹਰ ਥਾਂ 'ਤੇ ਪ੍ਰਸ਼ਾਸਨ ਤੋਂ ਮੰਗ ਕਰਦੇ ਹਾਂ ਕਿ ਕਾਨੂੰਨ ਵਿਵਸਥਾ ਨੂੰ ਬਣਾ ਕੇ ਰੱਖਿਆ ਜਾਏ, ਤੇ ਧਾਰਮਿਕ ਤੌਰ 'ਤੇ ਫਿਰਕਾਪ੍ਰਸਤੀ ਫੈਲਾਉਣ ਵਾਲਿਆਂ ਤੇ ਫੁੱਟ ਪਾਊ ਤਾਕਤਾਂ ਦੇ ਨਾਂਹ ਪੱਖੀ ਕਾਰਿਆਂ ਨੂੰ ਸਖਤੀ ਨਾਲ ਨਿਪਟਿਆ ਜਾਏ।ਇੱਥੇ ਇਹ ਜ਼ਿਕਰਯੋਗ ਹੈ ਕਿ ਆਰ ਐਸ ਐਸ ਨੇ ਆਜ਼ਾਦੀ ਦੇ ਸੰਘਰਸ਼ ਦੇ ਦੌਰਾਨ ਅੰਗਰੇਜ਼ਾਂ ਦਾ ਸਾਥ ਦਿੱਤਾ ਸੀ ਤੇ ਹੁਣ ਉਹ 5000 ਸਾਲ ਪੁਰਾਣੀਆਂ ਗੱਲਾਂ ਨੂੰ ਉਭਾਰ ਕੇ ਲੋਕਾਂ ਦੀਆਂ ਭਾਵਨਾਵਾਂ ਨੂੰ ਵਰਤ ਕੇ ਮਨ ਘੜਤ ਇਤਿਹਾਸ ਨੂੰ ਪੇਸ਼ ਕਰਕੇ ਸਮਾਜ ਨੂੰ ਪਿਛਾਂਹ ਵੱਲ ਧੱਕਣਾ ਚਾਹੁੰਦੇ ਹਨ ਅਤੇ ਇਹ ਦੱਸਣਾ ਚਾਹੁੰਦੇ ਹਨ ਕਿ ਕੇਵਲ ਇਸਲਾਮ ਦੇ ਭਾਰਤ ਵਿੱਚ ਆਉਣ ਤੋਂ ਬਾਅਦ ਦੇਸ਼ ਦੀ ਹਾਲਤ ਖਰਾਬ ਹੋਈ, ਉਸ ਤੋਂ ਪਹਿਲੇ ਤਾਂ ਦੇਸ਼ ਸੋਨੇ ਦਾ ਚਿੜੀਆ ਸੀ। ਬੰਗਲਾ ਦੇਸ਼ ਦੀ ਸੀਮਾ 'ਤੇ ਅਨੇਕਾਂ ਗਰੀਬ ਬੰਦਿਆਂ ਨੂੰ ਬਿਠਾ ਰੱਖਿਆ ਹੈ ਤੇ ਬੰਗਲਾਦੇਸ਼ ਦੀ ਸਰਕਾਰ ਕਹਿ ਰਹੀ ਹੈ ਕਿ ਇਹ ਬੰਗਲਾਦੇਸ਼ੀ ਹਨ, ਨਹੀਂ ਇਹ ਭਾਰਤੀ ਹਨ, ਇਹਨਾਂ ਨੂੰ ਵਾਪਸ ਤੁਸੀਂ ਲਓ। ਇਸ ਤਰ੍ਹਾਂ ਉਨ੍ਹਾਂ ਆਮ ਗਰੀਬਾਂ ਨਾਲ ਜਿਹੜੀ ਧੱਕੇਸ਼ਾਹੀ ਹੋ ਰਹੀ ਹੈ, ਅਸੀਂ ਉਸਦੀ ਵੀ ਨਿਖੇਧੀ ਕਰਦੇ ਹਾਂ। ਬਿਆਨ ਜਾਰੀ ਕਰਨ ਵਾਲਿਆਂ ਵਿੱਚ ਜ਼ਿਲ੍ਹਾ ਸਕੱਤਰ ਡੀ ਪੀ ਮੌੜ, ਸਹਾਇਕ ਜ਼ਿਲ੍ਹਾ ਸਕੱਤਰ ਚਮਕੌਰ ਸਿੰਘ, ਐਮ ਐਸ ਭਾਟੀਆ ਅਤੇ ਰਜਿੰਦਰ ਪਾਲ ਸਿੰਘ, ਡਾ: ਅਰੁਣ ਮਿੱਤਰਾ, ਰਮੇਸ਼ ਰਤਨ ਅਤੇ ਵਿਜੇ ਕੁਮਾਰ ਸ਼ਾਮਲ ਹਨ।

## ਕਰਜ਼ ਵਸੂਲੀ ਟ੍ਰਿਬਿਊਨਲ-1 ਚੰਡੀਗੜ੍ਹ

ਐਸ.ਸੀ.ਓ. 33,34,35, ਦੂਜੀ ਮੰਜ਼ਿਲ, ਸੈਕਟਰ 17-ਏ, ਚੰਡੀਗੜ੍ਹ

ਡੇਅਰੀ ਨੰਬਰ 2180    ਆਰਸੀ ਨੰਬਰ 1767/2019    ਮਿਤੀ: 21.05.2026

ਪੰਜਾਬ ਨੈਸ਼ਨਲ ਬੈਂਕ ....ਸਰਟੀਫਿਕੇਟ ਧਾਰਕ

ਬਨਾਮ

ਸ਼੍ਰੀ ਗੁਰਜੰਟ ਸਿੰਘ ...ਸਰਟੀਫਿਕੇਟ ਦੇਣਦਾਰ

ਪ੍ਰਕਾਸ਼ਨ ਸੂਚਨਾ

(ਆਰਡੀਡੀਬੀਐਫਆਈ ਐਕਟ, 1993 ਦੀ ਧਾਰਾ 25 ਤੋਂ 29 ਵੇਖੋ r/w ਆਮਦਨ ਕਰ ਐਕਟ, 1961 ਦੀ ਦੂਜੀ ਅਨੁਸੂਚੀ ਦਾ ਨਿਯਮ 53)

ਵਿਕਰੀ ਘੋਸ਼ਣਾ ਦਾ ਨਿਪਟਾਰਾ ਕਰਨ ਦਾ ਸੂਚਨਾ

ਵੱਲ,

1. ਸ਼੍ਰੀ ਗੁਰਜੰਟ ਸਿੰਘ ਪੁੱਤਰ ਸ਼੍ਰੀ ਬਖਤਾਵਰ ਸਿੰਘ, ਨਿਵਾਸੀ ਪਿੰਡ ਮੁੱਲਿਆਂਵਾਲੀ, ਤਹਿਸੀਲ ਅਤੇ ਜ਼ਿਲ੍ਹਾ ਫਾਜ਼ਿਲਕਾ, ਪੰਜਾਬ।
2. ਸ਼੍ਰੀ ਮੱਘਰ ਸਿੰਘ ਪੁੱਤਰ ਸ਼੍ਰੀ ਗੁਰਜੰਟ ਸਿੰਘ, ਨਿਵਾਸੀ ਪਿੰਡ ਮੁੱਲਿਆਂਵਾਲੀ, ਤਹਿਸੀਲ ਅਤੇ ਜ਼ਿਲ੍ਹਾ ਫਾਜ਼ਿਲਕਾ, ਪੰਜਾਬ।
3. ਸ਼੍ਰੀ ਗੁਰਜੀਤ ਸਿੰਘ ਪੁੱਤਰ ਸ਼੍ਰੀ. ਜਸਮੰਦਰ ਸਿੰਘ, ਨਿਵਾਸੀ ਪਿੰਡ ਮੁੱਲਿਆਂਵਾਲੀ, ਤਹਿਸੀਲ ਅਤੇ ਜ਼ਿਲ੍ਹਾ ਫਾਜ਼ਿਲਕਾ, ਪੰਜਾਬ।

ਜਦੋਂ ਕਿ, ਮਾਨਯੋਗ ਪ੍ਰੀਜ਼ਾਈਡਿੰਗ ਅਫਸਰ ਦੁਆਰਾ ਜਾਰੀ ਕੀਤਾ ਗਿਆ ਇੱਕ ਰਿਕਵਰੀ ਸਰਟੀਫਿਕੇਟ ਨੰਬਰ 1767/2019, ਓ.ਏ. ਨੰਬਰ 214/2019 ਵਿੱਚ, 20/07/2018 ਤੋਂ ਪ੍ਰਾਪਤੀ ਤੱਕ ਸਾਲਾਨਾ 13.50% ਸਧਾਰਨ ਵਿਆਜ ਦੇ ਨਾਲ 19,03,344/- ਰੁਪਏ ਦੀ ਰਕਮ ਅਤੇ ਭਵਿੱਖੀ ਵਿਆਜ, 22,000/- ਰੁਪਏ (ਬਾਈ ਹਜ਼ਾਰ ਰੁਪਏ ਸਿਰਫ਼) ਤੁਹਾਡੇ ਵਿਰੁੱਧ ਬਕਾਇਆ ਬਣ ਗਿਆ ਹੈ (ਸੰਯੁਕਤ ਅਤੇ ਕਈ ਵਾਰ/ਪੂਰੀ ਤਰ੍ਹਾਂ/ਸੀਮਤ)। ਜਦੋਂ ਕਿ, ਮੰਗ ਨੋਟਿਸ ਦੀ ਸੇਵਾ ਅਤੇ ਕਾਫ਼ੀ ਮਿਆਦ ਦੀ ਸਮਾਪਤੀ ਦੇ ਬਾਵਜੂਦ, ਉਕਤ ਰਕਮ ਤੁਹਾਡੇ ਦੁਆਰਾ ਸੀਐਚ ਬੈਂਕ ਨੂੰ ਅਦਾ ਨਹੀਂ ਕੀਤੀ ਗਈ ਹੈ। ਤੁਹਾਨੂੰ ਕਾਨੂੰਨ ਦੀ ਜ਼ਰੂਰਤ ਨੂੰ ਪੂਰਾ ਕਰਨਾ ਪਵੇਗਾ। ਗਿਰਵੀ ਰੱਖੀ ਗਈ ਜਾਇਦਾਦ ਦੇ ਸਬੰਧ ਵਿੱਚ ਵਿਕਰੀ ਦਾ ਐਲਾਨ ਜਾਰੀ ਕਰਨ ਦਾ ਫੈਸਲਾ ਕੀਤਾ ਗਿਆ ਹੈ। ਇਸ ਲਈ, ਇਹ ਨੋਟਿਸ 21.07.2026 ਨੂੰ ਹੇਠ ਹਸਤਾਖਰ ਕਰਨ ਵਾਲੇ ਦੇ ਸਾਹਮਣੇ ਪੇਸ਼ ਹੋਣਾ ਚਾਹੀਦਾ ਹੈ ਤਾਂ ਜੋ ਅਚੱਲ ਜਾਇਦਾਦ @ਤੇ ਕੋਈ ਵੀ ਬੋਝ ਘੋਸ਼ਿਤ ਕੀਤਾ ਜਾ ਸਕੇ ਅਤੇ POS ਲਈ ਨਿਯਮਾਂ ਅਤੇ ਸ਼ਰਤਾਂ ਦਾ ਨਿਪਟਾਰਾ ਕੀਤਾ ਜਾ ਸਕੇ।

ਜਾਇਦਾਦਾਂ ਦਾ ਵੇਰਵਾ

36 ਕਨਾਲ 00 ਮਰਲੇ ਦੀ ਜ਼ਮੀਨ ਵੇਰਵੇ ਅਨੁਸਾਰ:-(1) ਗੁਰਜੰਟ ਸਿੰਘ ਦੀ ਮਾਲਕੀ:- ਖੇਵਟ ਨੰਬਰ 407 ਵਿੱਚ ਸ਼ਾਮਲ 13 ਕਨਾਲ 00 ਮਰਲੇ ਦੀ ਜ਼ਮੀਨ ਕੁੱਲ 143 ਕਨਾਲ 10 ਮਰਲੇ ਦੀ ਜ਼ਮੀਨ ਦਾ 260/2870 ਹਿੱਸਾ ਹੈ

(2) ਮੱਘਰ ਸਿੰਘ ਦੀ ਮਾਲਕੀ:-

ਸਾਲ 2011-12 ਲਈ ਜਮ੍ਹਾਂਬੰਦੀ ਦੇ ਅਨੁਸਾਰ ਖੇਵਟ ਨੰਬਰ 407 ਵਿੱਚ ਸ਼ਾਮਲ 143 ਕਨਾਲ 10 ਮਰਲੇ ਦੀ ਕੁੱਲ ਜ਼ਮੀਨ ਦਾ 460/2870 ਹਿੱਸਾ ਹੈ, ਪਿੰਡ ਮੁੱਲਿਆਂਵਾਲੀ ਤਹਿਸੀਲ ਅਤੇ ਜ਼ਿਲ੍ਹਾ ਫਾਜ਼ਿਲਕਾ ਦੀ ਮਾਲੀਆ ਜਾਇਦਾਦ ਦੇ ਅੰਦਰ ਸਥਿਤ ਹੈ।

ਇਸ ਟ੍ਰਿਬਿਊਨਲ ਦੇ ਮੇਰੇ ਦਸਤਖ਼ਤ ਅਤੇ ਮੋਹਰ ਹੇਠ 20.05.2026 ਨੂੰ ਚੰਡੀਗੜ੍ਹ ਵਿਖੇ ਦਿੱਤਾ ਗਿਆ।

ਵਸੂਲੀ ਅਫ਼ਸਰ-I
ਡੀਆਰਟੀ-1, ਚੰਡੀਗੜ੍ਹ

## ਵਸੂਲੀ ਅਧਿਕਾਰੀ ਦਾ ਦਫਤਰ-1/2
## ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ 1)
## ਦੂਜੀ ਮੰਜ਼ਿਲ, ਐਸਸੀਓ 33-34-35, ਸੈਕਟਰ 17-ਏ ਚੰਡੀਗੜ੍ਹ

ਮੰਗ ਸੂਚਨਾ

ਆਮਦਨ ਕਰ ਕਾਨੂੰਨ, 1961 ਦੀ ਦੂਜੀ ਅਨੁਸੂਚੀ ਦੇ ਨਿਯਮ 2 ਅਤੇ ਕਰਜ਼ਿਆਂ ਦੀ ਵਸੂਲੀ ਅਤੇ ਦੀਵਾਲੀਆਪਣ ਕਾਨੂੰਨ, 1993 ਦੀਆਂ ਧਾਰਾਵਾਂ 25 ਤੋਂ 28 ਦੇ ਅਧੀਨ ਸੂਚਨਾ

ਆਰ.ਸੀ./2539/2017    08.05.2026

ਸਟੇਟ ਬੈਂਕ ਆਫ ਇੰਡੀਆ

ਬਨਾਮ

ਮੈਸ. ਮਦਾਨ ਜਿਊਲਰਜ਼

ਵੱਲ,

(ਸੀਡੀ 1) ਮੈਸਰਜ਼ ਮਦਾਨ ਜਵੈਲਰਜ਼ ਇੱਕ ਸੋਲ ਪ੍ਰੋਪਰਾਈਟਰ ਸ਼ਿਪ ਕੰਸਰਨ ਆਪਣੀ ਪ੍ਰੋਪਰਾਈਟਰ ਸ਼੍ਰੀਮਤੀ ਨੀਲਮ ਮਦਾਨ ਪਤਨੀ ਸ੍ਰੀ ਹਰੀਸ਼ ਮਦਾਨ ਦੁਆਰਾ, ਮੇਨ ਬਜ਼ਾਰ ਫਿਰੋਜ਼ਪੁਰ ਵਿਖੇ ਰਜਿਸਟਰਡ ਦਫ਼ਤਰ ਹੈ।

(ਸੀਡੀ 2) ਸ੍ਰੀਮਤੀ ਨੀਲਮ ਮਦਾਨ ਪਤਨੀ ਸ੍ਰੀ ਹਰਸ਼ ਮਦਾਨ, ਵਾਸੀ ਤੇਲੂ ਮੱਲ ਗਲੀ 164, ਫਿਰੋਜ਼ਪੁਰ। ਇਸ 'ਤੇ ਵੀ: ਦੂਜਾ ਪਤਾ: ਮੇਨ ਬਜ਼ਾਰ, ਫਿਰੋਜ਼ਪੁਰ।

(ਸੀਡੀ 3) ਸ੍ਰੀ ਹਰਸ਼ ਮਦਾਨ ਪੁੱਤਰ ਸ. ਕੁਲਦੀਪ ਚੰਦਰ ਮਦਾਨ, ਵਾਸੀ ਮੇਨ ਬਜ਼ਾਰ ਫਿਰੋਜ਼ਪੁਰ ਇੱਥੇ: ਦੂਜਾ ਪਤਾ: 164, ਤੇਲੂ ਮੱਲ ਗਲੀ, ਫਿਰੋਜ਼ਪੁਰ

(ਸੀਡੀ 4) ਸ੍ਰੀ ਹਰਵਿੰਦਰ ਸਿੰਘ ਪੁੱਤਰ ਸ. ਹਰਬੰਸ ਸਿੰਘ, ਵਾਸੀ 312, ਵਾਰਡ ਨੰ.10, ਗਲੀ ਨੰ. 12 ਦਫ਼ਤਰ ਨਗਰ ਕੌਂਸਲ, ਗੁਰੂਹਰਸਹਾਏ ਜਲਾਲਾਬਾਦ ਤਹਿਸੀਲ ਜ਼ਿਲ੍ਹਾ ਫਿਰੋਜ਼ਪੁਰ।

ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ-1) ਓਏ/804/2017 ਵੱਲੋਂ ਜਾਰੀ ਹੁਕਮਾਂ ਦੀ ਨਿਰੰਤਰਤਾ ਵਿਚ ਜਾਰੀ ਵਸੂਲੀ ਪ੍ਰਮਾਣ ਪੱਤਰ ਦੇ ਅਨੁਸਾਰ ਪੂਰਤੀ ਹੋਣ ਤੱਕ 30.05.2016 ਤੋਂ ਪ੍ਰਭਾਵੀ ਸਧਾਰਨ ਸਲਾਨਾ ਵਿਆਜ 14.15% ਦੀ ਦਰ 'ਤੇ ਭਾਵੀ ਵਿਆਜ ਅਤੇ ਮੁਕੱਦਮੇਬਾਜ਼ੀ ਸਮੇਤ ਰੁ. 35,84,200.00/- (ਰੁਪਏ ਪੈਂਤੀ ਲੱਖ ਚੁਰਾਸੀ ਹਜ਼ਾਰ ਦੋ ਸੌ ਕੇਵਲ) ਦੀ ਰਕਮ ਅਤੇ ਰੁ. 66,755/- (ਰੁਪਏ ਛਿਆਹਠ ਲੱਖ ਸੱਤ ਸੌ ਪਚਵੰਜਾ ਕੇਵਲ) ਦੀਆਂ ਲਾਗਤਾਂ ਤੁਹਾਡੇ ਖਿਲਾਫ਼ (ਸਾਂਝੇ ਅਤੇ ਵੱਖਰੇ ਤੌਰ 'ਤੇ/ਪੂਰਨ/ਸੀਮਿਤ ਤੌਰ 'ਤੇ) ਬਕਾਇਆ ਬਣ ਚੁੱਕੀਆਂ ਹਨ।

2. ਤੁਹਾਨੂੰ ਇਸ ਦੁਆਰਾ ਨਿਰਦੇਸ਼ ਦਿੱਤਾ ਜਾਂਦਾ ਹੈ ਕਿ ਸੂਚਨਾ ਦੀ ਪ੍ਰਾਪਤੀ ਤੋਂ 15 ਦਿਨਾਂ ਦੇ ਅੰਦਰ ਉਕਤ ਰਕਮ ਨੂੰ ਅਦਾ ਕਰ ਦਿਓ, ਜਿਸ ਤੋਂ ਅਸਫਲ ਰਹਿਣ 'ਤੇ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਵੱਲ ਬਕਾਇਆ ਕਰਜ਼ਿਆਂ ਦੀ ਵਸੂਲੀ ਕਾਨੂੰਨ, 1993 ਅਤੇ ਇਸ ਦੇ ਤਹਿਤ ਨਿਯਮਾਂ ਦੀ ਨਿਰੰਤਰਤਾ ਵਿਚ ਵਸੂਲੀ ਕੀਤੀ ਜਾਵੇਗੀ।

3.ਤੁਹਾਨੂੰ ਇਸ ਦੁਆਰਾ ਆਦੇਸ਼ ਦਿੱਤਾ ਜਾਂਦਾ ਹੈ ਕਿ ਸੁਣਵਾਈ ਦੀ ਅਗਲੀ ਮਿਤੀ ਨੂੰ ਜਾਂ ਪਹਿਲਾਂ ਆਪਣੇ ਅਸਾਸਿਆਂ ਦੇ ਵੇਰਵਿਆਂ ਦਾ ਹਲਫੀਆ ਬਿਆਨ 'ਤੇ ਐਲਾਨ ਕਰੋ।

4. ਤੁਹਾਨੂੰ ਇਸ ਦੁਆਰਾ ਆਦੇਸ਼ ਦਿੱਤਾ ਜਾਂਦਾ ਹੈ ਕਿ ਅਗਲੇਰੀ ਕਾਰਵਾਈ ਲਈ 19.06.2026 ਨੂੰ ਸਵੇਰੇ 10.30 ਵਜੇ ਨਿਮਨ ਹਸਤਾਖਰੀ ਕੋਲ ਹਾਜ਼ਰ ਹੋਵੋ।

5. ਉਕਤ ਦਰਸਾਈ ਰਕਮ ਤੋਂ ਇਲਾਵਾ ਤੁਸੀਂ ਨਿਮਨ ਦਾ ਭੁਗਤਾਨ ਕਰਨ ਲਈ ਵੀ ਜੁਆਬਦੇਹ ਹੋਵੋਗੇ :

(ੳ) ਸਰਟੀਫਿਕੇਟ/ਕਾਰਜਰੂਪ ਪ੍ਰਕਿਰਿਆ ਦੀ ਇਸ ਸੂਚਨਾ ਤੋਂ ਤੁਰੰਤ ਬਾਅਦ ਸ਼ੁਰੂ ਹੋਣ ਵਾਲੀ ਮਿਆਦ ਦੇ ਲਈ ਅਦਾਇਗੀਯੋਗ ਵਿਆਜ (ਅ) ਇਸ ਸੂਚਨਾ ਦੀ ਤਾਮੀਲ ਦੇ ਸਬੰਧ ਵਿਚ ਅਤੇ ਵਾਰੰਟਾਂ ਅਤੇ ਹੋਰ ਪ੍ਰਕਿਰਿਆਵਾਂ ਅਤੇ ਬਕਾਇਆ ਰਕਮ ਦੀ ਵਸੂਲੀ ਲਈ ਅਪਣਾਈਆਂ ਗਈਆਂ ਸਾਰੀਆਂ ਹੋਰ ਕਾਰਵਾਈਆਂ ਵਿਚ ਲਾਗੂ ਸਾਰੀਆਂ ਲਾਗਤਾਂ, ਫੀਸਾਂ ਅਤੇ ਖਰਚੇ।

ਮੇਰੇ ਦਸਤਖ਼ਤ ਅਤੇ ਟ੍ਰਿਬਿਊਨਲ ਦੀ ਮੋਹਰ ਹੇਠ ਇਸ ਮਿਤੀ 08.05.2026 ਨੂੰ ਜਾਰੀ।

ਵਸੂਲੀ ਅਧਿਕਾਰੀ
ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ, (ਡੀਆਰਟੀ 1)

## ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ 1)
## ਦੂਜੀ ਮੰਜ਼ਿਲ ਐਸਸੀਓ 33-34-35, ਸੈਕਟਰ 17-ਏ, ਚੰਡੀਗੜ੍ਹ

ਮਾਮਲਾ ਨੰਬਰ : ਓਏ/64/2026

ਕਰਜ਼ ਵਸੂਲੀ ਟ੍ਰਿਬਿਊਨਲ (ਪ੍ਰਕਿਰਿਆ) ਨਿਯਮਾਂਵਲੀ, 1993 ਦੇ ਨਿਯਮ 5 ਦੇ ਉਪ-ਨਿਯਮ (2ਏ) ਨਾਲ ਪੜ੍ਹੇ ਜਾਣ ਵਾਲੇ ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੇ ਅਧੀਨ ਸੰਮਨ

ਈਐਕਸਐਚ ਨੰ. : 34167

ਪੰਜਾਬ ਨੈਸ਼ਨਲ ਬੈਂਕ

ਬਨਾਮ

ਕੁਲਵਿੰਦਰ ਕੌਰ

ਵੱਲ,

(1) ਕੁਲਵਿੰਦਰ ਕੌਰ ਸਪੁੱਤਰੀ/ਸੁਪਤਨੀ/ਸਪੁੱਤਰ/ਹੋਰ-ਸੁਪਤਨੀ ਬਲਵਿੰਦਰ ਸਿੰਘ ਪਿੰਡ ਮਲਕਪੁਰ, ਤਹਿਸੀਲ ਡੇਰਾ ਬਾਬਾ ਨਾਨਕ, ਜ਼ਿਲ੍ਹਾ ਗੁਰਦਾਸਪੁਰ, ਪੰਜਾਬ-143605

ਸੰਮਨ

ਜਿਥੇ ਕਿ, ਓ. ਏ./64/2026, 20.04.2026 ਨੂੰ ਮਾਨਯੋਗ ਪ੍ਰਧਾਨਗੀ ਅਧਿਕਾਰੀ/ਰਜਿਸਟਰਾਰ ਕੋਲ ਸੂਚੀਬੱਧ ਸੀ।

ਜਿਥੇ ਕਿ, ਇਸ ਮਾਨਯੋਗ ਟ੍ਰਿਬਿਊਨਲ ਵੱਲੋਂ ਰੁ. 26,90,631/- ਦੇ ਕਰਜ਼ਿਆਂ ਦੀ ਵਸੂਲੀ ਲਈ ਤੁਹਾਡੇ ਖਿਲਾਫ ਦਾਇਰ (ਓ. ਏ.) ਕਾਨੂੰਨ ਦੀ ਧਾਰਾ 19 (4) ਦੇ ਅਧੀਨ ਦਰਸਾਈ ਅਰਜ਼ੀ 'ਤੇ ਸੰਮਨ/ਸੂਚਨਾ ਜਾਰੀ ਕੀਤੀ ਜਾ ਰਹੀ ਹੈ।

ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੀ ਨਿਰੰਤਰਤਾ ਵਿਚ ਤੁਹਾਨੂੰ, ਡਿਫੈਂਡੈਂਟਸ ਨੂੰ ਨਿਮਨ ਅਨੁਸਾਰ ਨਿਰਦੇਸ਼ ਦਿੱਤਾ ਜਾਂਦਾ ਹੈ :-

(1) ਸੰਮਨ ਦੀ ਤਾਮੀਲ ਤੋਂ ਤੀਹ ਦਿਨਾਂ ਦੇ ਅੰਦਰ ਕਾਰਨ ਦੱਸਣਾ ਕਿ ਬਿਨੈ ਕੀਤੀ ਰਾਹਤ ਕਿਉਂ ਪ੍ਰਵਾਨ ਨਾ ਕੀਤੀ ਜਾਵੇ;

(2) ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਅਧੀਨ ਬਿਨੈਕਾਰ ਵੱਲੋਂ ਦਰਸਾਈਆਂ ਸੰਪੱਤੀਆਂ ਅਤੇ ਅਸਾਸਿਆਂ ਨਾਲੋਂ ਹੋਰ ਸੰਪੱਤੀਆਂ ਜਾਂ ਅਸਾਸਿਆਂ ਦੇ ਵੇਰਵਿਆਂ ਦਾ ਖੁਲਾਸਾ ਕਰਨਾ;

(3) ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਅਧੀਨ ਖੁਲਾਸਾ ਕੀਤੀਆਂ, ਲੰਬਿਤ ਸੁਣਵਾਈ ਵਾਲੀਆਂ ਸੁਰੱਖਿਅਤ ਸੰਪੱਤੀਆਂ ਜਾਂ ਅਜਿਹੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਸੌਦੇਬਾਜ਼ੀ ਜਾਂ ਨਿਪਟਾਰਾ ਕਰਨ ਅਤੇ ਸੰਪੱਤੀਆਂ ਨੂੰ ਜੋੜਨ ਲਈ ਅਰਜ਼ੀ ਦਾ ਨਿਪਟਾਰਾ ਕਰਨ ਤੋਂ ਰੋਕ ਲਗਾਈ ਜਾਂਦੀ ਹੈ;

(4) ਤੁਸੀਂ ਟ੍ਰਿਬਿਊਨਲ ਦੀ ਅਗਾਊਂ ਪ੍ਰਵਾਨਗੀ ਤੋਂ ਬਿਨਾਂ ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਤਹਿਤ ਦਰਸਾਏ ਜਾਂ ਨਿਪਟਾਰਾ ਕੀਤੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਅਤੇ/ਜਾਂ ਅਸਾਸੇ ਜਿਨ੍ਹਾਂ ਉਪਰ ਸੁਰੱਖਿਆ ਵਿਆਜ ਦਾ ਨਿਰਮਾਣ ਕੀਤਾ ਗਿਆ ਹੈ, ਵਿਚੋਂ ਕਿਸੇ ਦਾ ਵੀ ਵਪਾਰ ਦੇ ਸਧਾਰਨ ਢੰਗ ਤੋਂ ਬਿਨਾਂ ਵਿਕਰੀ, ਲੀਜ਼ ਜਾਂ ਕਿਸੇ ਹੋਰ ਮਾਧਿਅਮ ਦੁਆਰਾ ਤਬਾਦਲਾ ਨਹੀਂ ਕਰੋਗੇ।

(5) ਤੁਸੀਂ ਵਪਾਰ ਦੇ ਸਧਾਰਨ ਢੰਗ ਵਿਚ ਸੁਰੱਖਿਅਤ ਅਸਾਸਿਆਂ ਜਾਂ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਵਿਕਰੀ ਦੁਆਰਾ ਪ੍ਰਾਪਤ ਵਿਕਰੀ ਵਸੂਲੀ ਦੇ ਲਈ ਲੇਖਾ ਰੱਖਣ ਲਈ ਜੁਆਬਦੇਹ ਹੋ ਅਤੇ ਅਜਿਹੀ ਵਿਕਰੀ ਵਸੂਲੀ ਨੂੰ ਬੈਂਕ ਜਾਂ ਅਜਿਹੇ ਅਸਾਸਿਆਂ ਉਪਰ ਸੁਰੱਖਿਆ ਵਿਆਜ ਦੀਆਂ ਧਾਰਕ ਵਿੱਤੀ ਸੰਸਥਾਵਾਂ ਕੋਲ ਰੱਖੇ ਖਾਤੇ ਵਿਚ ਜਮ੍ਹਾਂ ਕਰਵਾਓਗੇ।

ਤੁਹਾਨੂੰ ਇਹ ਵੀ ਨਿਰਦੇਸ਼ ਦਿੱਤਾ ਜਾਂਦਾ ਹੈ ਕਿ ਬਿਨੈਕਾਰ ਨੂੰ ਲਿਖਤੀ ਬਿਆਨ ਉਤਾਰੇ ਸਮੇਤ ਦਰਜ ਕਰਵਾਓ ਅਤੇ 21.07.2026 ਨੂੰ ਸਵੇਰੇ 10.30 ਵਜੇ ਰਜਿਸਟਰਾਰ ਕੋਲ ਪੇਸ਼ ਹੋਵੋ, ਜਿਸ ਤੋਂ ਅਸਫਲ ਰਹਿਣ 'ਤੇ ਅਰਜ਼ੀ 'ਤੇ ਸੁਣਵਾਈ ਅਤੇ ਫੈਸਲਾ ਤੁਹਾਡੀ ਗੈਰ ਹਾਜ਼ਰੀ ਵਿਚ ਲੈ ਲਿਆ ਜਾਵੇਗਾ।

ਮੇਰੇ ਦਸਤਖ਼ਤ ਅਤੇ ਇਸ ਟ੍ਰਿਬਿਊਨਲ ਦੀ ਮੋਹਰ ਮਿਤੀ 22.04.2026 ਨੂੰ ਜਾਰੀ।

ਸਹੀ/-
ਸੰਮਨ ਜਾਰੀ ਕਰਨ ਵਾਲੇ ਅਧਿਕਾਰਤ ਅਧਿਕਾਰੀ ਦੇ ਹਸਤਾਖਰ

ਨੋਟ : ਛੱਡ ਦਿਓ, ਜੋ ਵੀ ਲਾਗੂ ਨਾ ਹੋਵੇ।

## SMFG Grihashakti — ਐਸਐਮਐਫਜੀ ਇੰਡੀਆ ਹੋਮ ਫਾਇਨਾਂਸ ਕੰਪਨੀ ਲਿਮ.

Nayi Asha. Naya Vishwas.

ਕਾਰਪੋਰੇਟ ਦਫਤਰ : 503 ਅਤੇ 504, 5ਵੀਂ ਮੰਜ਼ਿਲ, ਜੀ-ਬਲਾਕ, ਇਮਪਾਇਰ ਬੀਕੇਸੀ, ਬੀਕੇਸੀ ਮੁੱਖ ਸੜਕ, ਬਾਂਦਰਾ ਕੁਰਲਾ ਕੰਪਲੈਕਸ, ਬਾਂਦਰਾ (ਪੂਰਬ), ਮੁੰਬਈ-400051,
ਰਜਿ. ਦਫ਼ਤਰ : ਕਾਮਰਜ਼ੋਨ ਆਈਟੀ ਪਾਰਕ, ਟਾਵਰ ਬੀ, ਪਹਿਲੀ ਮੰਜ਼ਿਲ, ਨੰ. 111, ਮਾਊਂਟ ਪੂਨਾਵਾਲਾ ਰੋਡ, ਪੋਰੂਰ, ਚੇਨੱਈ-600 116, ਟੀ.ਐਨ.

### ਅਚੱਲ ਸੰਪੱਤੀ ਦੇ ਲਈ ਕਬਜ਼ਾ ਸੂਚਨਾ [(ਅੰਤਿਕਾ IV) ਨਿਯਮ 8(1)]

ਜਿਥੇ ਕਿ, ਨਿਮਨ ਹਸਤਾਖਰੀ ਨੇ **ਐਸਐਮਐਫਜੀ ਇੰਡੀਆ ਹੋਮ ਫਾਇਨਾਂਸ ਕੰਪਨੀ ਲਿਮ.** ਇੱਕ ਹਾਊਸਿੰਗ ਫਾਇਨਾਂਸ ਕੰਪਨੀ (ਨੈਸ਼ਨਲ ਹਾਊਸਿੰਗ ਬੈਂਕ (ਪੂਰੀ ਤਰ੍ਹਾਂ **ਆਰਬੀਆਈ** ਦੀ ਮਾਲਕੀ ਹੇਠ) ਨਾਲ ਪੂਰਨ ਪੰਜੀਕ੍ਰਿਤ) (ਇੱਥੇ ਬਾਅਦ ਵਿੱਚ **"ਐਸਐਮਐਚਐਫਸੀ"** ਵੱਜੋਂ ਸੰਦਰਭਿਤ) ਦੇ **ਅਧਿਕਾਰਤ ਅਧਿਕਾਰੀ** ਵਜੋਂ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 (2002 ਦਾ 54) ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 3 ਨਾਲ ਪੜ੍ਹੀ ਜਾਣ ਵਾਲੀ ਧਾਰਾ 13 (12) ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਦਰਸਾਈ ਸੂਚਨਾ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਿਆਜ ਅਤੇ ਦਰਸਾਈ ਸੂਚਨਾ ਵਿੱਚ ਦਰਸਾਈ ਰਕਮ ਨੂੰ ਅਦਾ ਕਰਨ ਦੇ ਲਈ ਕਰਜ਼ਦਾਰਾਂ (**ਨਾਮ ਨਿਮਨ ਦਰਸਾਏ**) ਨੂੰ ਸੱਦਾ ਦਿੰਦੇ ਹੋਏ ਦਰਸਾਏ ਕਾਨੂੰਨ ਦੀ ਧਾਰਾ 13 (2) ਦੇ ਅਧੀਨ ਨਿਮਨ ਦਰਸਾਈ ਮਿਤੀ ਨੂੰ ਮੰਗ ਸੂਚਨਾ ਜਾਰੀ ਕੀਤੀ ਸੀ। ਇੱਥੇ ਦਰਸਾਏ ਕਰਜ਼ਦਾਰ ਰਕਮ ਅਦਾ ਕਰਨ ਵਿਚ ਅਸਫ਼ਲ ਰਹੇ ਹਨ, ਇਸ ਲਈ ਇਥੇ ਨਿਮਨ ਦਰਸਾਏ ਕਰਜ਼ਦਾਰਾਂ ਨੂੰ ਅਤੇ **ਆਮ ਕਰਕੇ ਜਨਤਾ** ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨ ਹਸਤਾਖਰੀ ਨੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 ਨਾਲ ਪੜ੍ਹੇ ਜਾਣ ਵਾਲੇ ਕਾਨੂੰਨ ਦੀ ਧਾਰਾ 13 ਦੀ ਉਪ-ਧਾਰਾ (4) ਅਧੀਨ ਮੈਨੂੰ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਨਿਮਨ ਦਰਸਾਈ ਸੰਪੱਤੀ ਦਾ **ਕਬਜ਼ਾ** ਲੈ ਲਿਆ ਹੈ। ਉਕਤ ਦਰਸਾਏ ਕਰਜ਼ਦਾਰਾਂ ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਥੇ ਚਿਤਾਵਨੀ ਦਿੱਤੀ ਜਾਂਦੀ ਹੈ ਕਿ ਦਰਸਾਈ ਸੰਪੱਤੀ ਦੀ ਕੋਈ ਸੌਦੇਬਾਜ਼ੀ ਨਾ ਕੀਤੀ ਜਾਵੇ ਅਤੇ ਸੰਪੱਤੀ ਦੀ ਕੋਈ ਵੀ ਸੌਦੇਬਾਜ਼ੀ ਨਿਮਨ ਦਰਸਾਈ ਰਕਮ ਅਤੇ ਵਿਆਜ ਦੇ ਲਈ **"ਐਸਐਮਐਚਐਫਸੀ"** ਦੇ ਚਾਰਜ ਨਾਲ ਸਬੰਧਤ ਹੋਵੇਗੀ।

| ਲ ਨੰ. | ਕਰਜ਼ਦਾਰ(ਾਂ)/ਜ਼ਾਮਨ (ਾਂ) ਦਾ ਨਾਮ ਕਰਜ਼ ਖਾਤਾ ਨੰਬਰ | ਸੁਰੱਖਿਅਤ ਅਸਾਸਿਆਂ (ਅਚੱਲ ਸੰਪੱਤੀ) ਦੇ ਵੇਰਵੇ | ਮੰਗ ਸੂਚਨਾ ਦੀ ਮਿਤੀ ਅਤੇ ਰਕਮ | ਕਬਜ਼ੇ ਦੀ ਮਿਤੀ |
|---|---|---|---|---|
| 1. | Lan :- 610139211513693<br>1. ਅਨੁਰਾਗ ਕੁਮਾਰ ਪੁੱਤਰ ਰਜਿੰਦਰ ਕੁਮਾਰ<br>2. ਸ਼੍ਰੀਮਤੀ ਰਿੱਤੂ ਮਾਰਫਤ ਅਨੁਰਾਗ ਕੁਮਾਰ | ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ, ਜਿਸ ਵਿੱਚ ਖੇਵਟ/ਖਤੌਨੀ ਨੰਬਰ-819/1002, 820/1003, 821/1004, 822/1005, 823/1006, ਪੰਨਾ ਨੰਬਰ-1916, 1920, 1924, 1929, 1932, ਖਸਰਾ ਨੰਬਰ-1085/237, 233, 236, 234, 235, ਜਮ੍ਹਾਂਬੰਦੀ ਹੈ, ਸਾਲ 2009-10 ਲਈ, ਮਕਾਨ ਨੰ-260, ਪਿੰਡ-ਲੋਹਾਰਾ, ਆਬਾਦੀ ਸੁਖਦੇਵ ਨਗਰ, ਗਲੀ ਨੰ-5/6, ਤਹਿਸੀਲ ਅਤੇ ਜ਼ਿਲ੍ਹਾ-ਲੁਧਿਆਣਾ ਵਿਖੇ ਸਥਿਤ, ਵਿਕਰੀ ਡੀਡ ਬੇਅਰਿੰਗ ਵਸੀਕਾ ਨੰ-2023-24/103/1/9813 ਮਿਤੀ 18-12-2023 ਅਨੁਰਾਗ ਕੁਮਾਰ ਪੁੱਤਰ ਰਾਜਿੰਦਰ ਕੁਮਾਰ ਦੇ ਨਾਮ @ਤੇ ਦਰਜ। ਇਸ ਤਰ੍ਹਾਂ ਸੀਮਾਬੱਧ:- ਪੂਰਬ-ਜੋਗਿੰਦਰਪਾਲ, ਪੱਛਮ-ਸ਼ਿਵ ਦਿਆਲ, ਉੱਤਰ-ਗੁਆਂਢੀ, ਦੱਖਣੀ-ਗਲੀ। | 10.11.2025<br>Rs. 22,07,280.53/-<br>(ਰੁ. ਬਾਈ ਲੱਖ ਸੱਤ ਹਜ਼ਾਰ ਦੋ ਸੌ ਅੱਸੀ ਅਤੇ ਤਰਵੰਜਾ ਪੈਸੇ ਕੇਵਲ) 06.11.2025 ਨੂੰ | 25.05.2026 |

ਸਥਾਨ: ਲੁਧਿਆਣਾ, ਪੰਜਾਬ
ਮਿਤੀ : 25.05.2026

ਸਹੀ/-
ਅਧਿਕਾਰਤ ਅਧਿਕਾਰੀ, ਐਸਐਮਐਫਜੀ ਇੰਡੀਆ ਹੋਮ ਫਾਇਨਾਂਸ ਕੰਪਨੀ ਲਿਮ.

## ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ 3)

ਜ਼ਮੀਨੀ ਤਲ ਐਸਸੀਓ 33-34-35, ਸੈਕਟਰ 17-ਏ ਚੰਡੀਗੜ੍ਹ-160017

ਮਾਮਲਾ ਨੰ. : ਓਏ/568/2024

ਕਰਜ਼ ਵਸੂਲੀ ਟ੍ਰਿਬਿਊਨਲ (ਪ੍ਰਕਿਰਿਆ) ਨਿਯਮਾਂਵਲੀ, 1993 ਦੇ ਨਿਯਮ 5 ਦੇ ਉਪ-ਨਿਯਮ (2ਏ) ਨਾਲ ਪੜ੍ਹੇ ਜਾਣ ਵਾਲੇ ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੇ

ਈਐਕਸਐਚ ਨੰ. 31779

ਬੈਂਕ ਆਫ ਬੜੌਦਾ

ਬਨਾਮ

ਮੈਸਰਜ਼ ਅਭੈ ਐਂਟਰਪ੍ਰਾਇਜ਼ਿਜ਼ ਅਤੇ ਹੋਰ

ਵੱਲ,

(1) ਮੈਸਰਜ਼ ਅਭੈ ਇੰਟਰਪ੍ਰਾਈਜ਼ਿਜ਼ ਇਸਦੇ ਸੋਲ ਪ੍ਰੋਪ੍ਰਾਈਟਰ ਸ਼. ਜੈ ਭੋਲਾ ਪੁੱਤਰ ਸ. ਧਰਮਿੰਦਰ ਕੁਮਾਰ ਭੋਲਾ ਨੰਬਰ 1659/ਯੂ, ਚੰਡੀਗੜ੍ਹ ਰੋਡ ਸੈਕਟਰ 39 ਵਾਰਡ ਨੰਬਰ 15 ਗੁਰੂ ਰਾਮ ਦਾਸ ਕਲੋਨੀ ਲੁਧਿਆਣਾ

(2) ਜੈ ਭੋਲਾ ਪੁੱਤਰ ਸ੍ਰੀ ਧਰਮਿੰਦਰ ਕੁਮਾਰ ਭੋਲਾ ਸੋਲ ਪ੍ਰੋਪਰਾਈਟਰ ਮੈਸਰਜ਼ ਅਭੈ ਇੰਟਰਪ੍ਰਾਈਜ਼ ਐਚ ਨੰਬਰ 1659/ਯੂ, ਚੰਡੀਗੜ੍ਹ ਰੋਡ, ਸੈਕਟਰ 39, ਵਾਰਡ ਨੰਬਰ 15, ਗੁਰੂ ਰਾਮ ਦਾਸ ਕਲੋਨੀ ਲੁਧਿਆਣਾ।

(3) ਰੀਨਾ ਰਾਣੀ ਪਤਨੀ ਸ੍ਰੀ ਧਰਮਿੰਦਰ ਕੁਮਾਰ ਭੋਲਾ ਮਕਾਨ ਨੰ.1659/U, ਚੰਡੀਗੜ੍ਹ ਰੋਡ, ਸੈਕਟਰ 39, ਵਾਰਡ ਨੰ. 15 ਗੁਰੂ ਰਾਮ ਦਾਸ ਕਲੋਨੀ ਲੁਧਿਆਣਾ।

ਸੰਮਨ

ਜਿਥੇ ਕਿ, ਓ. ਏ./568/2024, 25.05.2026 ਨੂੰ ਮਾਨਯੋਗ ਪ੍ਰਧਾਨਗੀ ਅਧਿਕਾਰੀ/ਰਜਿਸਟਰਾਰ ਕੋਲ ਸੂਚੀਬੱਧ ਸੀ।

ਜਿਥੇ ਕਿ, ਇਸ ਮਾਨਯੋਗ ਟ੍ਰਿਬਿਊਨਲ ਵੱਲੋਂ ਰੁ. 46,92,505.65/- (**ਅਰਜ਼ੀ, ਦਸਤਾਵੇਜ਼ਾਂ ਦੀਆਂ ਕਾਪੀਆਂ ਆਦਿ ਦੇ ਨਾਲ, ਨਾਲ ਨੱਥੀ ਹੈ।**) ਦੇ ਕਰਜ਼ਿਆਂ ਦੀ ਵਸੂਲੀ ਲਈ ਤੁਹਾਡੇ ਖਿਲਾਫ ਦਾਇਰ (ਓ. ਏ.) ਕਾਨੂੰਨ ਦੀ ਧਾਰਾ 19 (4) ਦੇ ਅਧੀਨ ਦਰਸਾਈ ਅਰਜ਼ੀ 'ਤੇ ਸੰਮਨ/ਸੂਚਨਾ ਜਾਰੀ ਕੀਤੀ ਜਾ ਰਹੀ ਹੈ।

ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੀ ਨਿਰੰਤਰਤਾ ਵਿਚ ਤੁਹਾਨੂੰ, ਡਿਫੈਂਡੈਂਟਸ ਨੂੰ ਨਿਮਨ ਅਨੁਸਾਰ ਨਿਰਦੇਸ਼ ਦਿੱਤਾ ਜਾਂਦਾ ਹੈ :-

(1) ਸੰਮਨ ਦੀ ਤਾਮੀਲ ਤੋਂ ਤੀਹ ਦਿਨਾਂ ਦੇ ਅੰਦਰ ਕਾਰਨ ਦੱਸਣਾ ਕਿ ਬਿਨੈ ਕੀਤੀ ਰਾਹਤ ਕਿਉਂ ਪ੍ਰਵਾਨ ਨਾ ਕੀਤੀ ਜਾਵੇ;

(2) ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਅਧੀਨ ਬਿਨੈਕਾਰ ਵੱਲੋਂ ਦਰਸਾਈਆਂ ਸੰਪੱਤੀਆਂ ਅਤੇ ਅਸਾਸਿਆਂ ਨਾਲੋਂ ਹੋਰ ਸੰਪੱਤੀਆਂ ਜਾਂ ਅਸਾਸਿਆਂ ਦੇ ਵੇਰਵਿਆਂ ਦਾ ਖੁਲਾਸਾ ਕਰਨਾ;

(3) ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਅਧੀਨ ਖੁਲਾਸਾ ਕੀਤੀਆਂ, ਲੰਬਿਤ ਸੁਣਵਾਈ ਵਾਲੀਆਂ ਸੁਰੱਖਿਅਤ ਸੰਪੱਤੀਆਂ ਜਾਂ ਅਜਿਹੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਸੌਦੇਬਾਜ਼ੀ ਜਾਂ ਨਿਪਟਾਰਾ ਕਰਨ ਅਤੇ ਸੰਪੱਤੀਆਂ ਨੂੰ ਜੋੜਨ ਲਈ ਅਰਜ਼ੀ ਦਾ ਨਿਪਟਾਰਾ ਕਰਨ ਤੋਂ ਰੋਕ ਲਗਾਈ ਜਾਂਦੀ ਹੈ;

(4) ਤੁਸੀਂ ਟ੍ਰਿਬਿਊਨਲ ਦੀ ਅਗਾਊਂ ਪ੍ਰਵਾਨਗੀ ਤੋਂ ਬਿਨਾਂ ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਤਹਿਤ ਦਰਸਾਏ ਜਾਂ ਨਿਪਟਾਰਾ ਕੀਤੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਅਤੇ/ਜਾਂ ਅਸਾਸੇ ਜਿਨ੍ਹਾਂ ਉਪਰ ਸੁਰੱਖਿਆ ਵਿਆਜ ਦਾ ਨਿਰਮਾਣ ਕੀਤਾ ਗਿਆ ਹੈ, ਵਿਚੋਂ ਕਿਸੇ ਦਾ ਵੀ ਵਪਾਰ ਦੇ ਸਧਾਰਨ ਢੰਗ ਤੋਂ ਬਿਨਾਂ ਵਿਕਰੀ, ਲੀਜ਼ ਜਾਂ ਕਿਸੇ ਹੋਰ ਮਾਧਿਅਮ ਦੁਆਰਾ ਤਬਾਦਲਾ ਨਹੀਂ ਕਰੋਗੇ।

(5) ਤੁਸੀਂ ਵਪਾਰ ਦੇ ਸਧਾਰਨ ਢੰਗ ਵਿਚ ਸੁਰੱਖਿਅਤ ਅਸਾਸਿਆਂ ਜਾਂ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਵਿਕਰੀ ਦੁਆਰਾ ਪ੍ਰਾਪਤ ਵਿਕਰੀ ਵਸੂਲੀ ਦੇ ਲਈ ਲੇਖਾ ਰੱਖਣ ਲਈ ਜੁਆਬਦੇਹ ਹੋ ਅਤੇ ਅਜਿਹੀ ਵਿਕਰੀ ਵਸੂਲੀ ਨੂੰ ਬੈਂਕ ਜਾਂ ਅਜਿਹੇ ਅਸਾਸਿਆਂ ਉਪਰ ਸੁਰੱਖਿਆ ਵਿਆਜ ਦੀਆਂ ਧਾਰਕ ਵਿੱਤੀ ਸੰਸਥਾਵਾਂ ਕੋਲ ਰੱਖੇ ਖਾਤੇ ਵਿਚ ਜਮ੍ਹਾਂ ਕਰਵਾਓਗੇ।

ਤੁਹਾਨੂੰ ਇਹ ਵੀ ਨਿਰਦੇਸ਼ ਦਿੱਤਾ ਜਾਂਦਾ ਹੈ ਕਿ ਬਿਨੈਕਾਰ ਨੂੰ ਲਿਖਤੀ ਬਿਆਨ ਉਤਾਰੇ ਸਮੇਤ ਦਰਜ ਕਰਵਾਓ ਅਤੇ 09.07.2026 ਨੂੰ **ਸਵੇਰੇ** 10.30 **ਵਜੇ ਰਜਿਸਟਰਾਰ** ਕੋਲ ਪੇਸ਼ ਹੋਵੋ, ਜਿਸ ਤੋਂ ਅਸਫਲ ਰਹਿਣ 'ਤੇ ਅਰਜ਼ੀ 'ਤੇ ਸੁਣਵਾਈ ਅਤੇ ਫੈਸਲਾ ਤੁਹਾਡੀ ਗੈਰ ਹਾਜ਼ਰੀ ਵਿਚ ਲੈ ਲਿਆ ਜਾਵੇਗਾ।

ਮੇਰੇ ਦਸਤਖ਼ਤ ਅਤੇ ਇਸ ਟ੍ਰਿਬਿਊਨਲ ਦੀ ਮੋਹਰ ਮਿਤੀ 26.05.2026 ਨੂੰ ਜਾਰੀ।

ਸੰਮਨ ਜਾਰੀ ਕਰਨ ਲਈ ਅਧਿਕਾਰਤ ਅਧਿਕਾਰੀ ਦੇ ਹਸਤਾਖਰ

ਨੋਟ : ਜੋ ਵੀ ਲਾਗੂ ਨਾ ਹੋਵੇ ਉਸਨੂੰ ਕੱਟ ਦਿਓ

## ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ 1)

ਦੂਜੀ ਮੰਜ਼ਿਲ ਐਸਸੀਓ 33-34-35, ਸੈਕਟਰ 17-ਏ ਚੰਡੀਗੜ੍ਹ

ਮਾਮਲਾ ਨੰ. : ਓਏ/1240/2025

ਕਰਜ਼ ਵਸੂਲੀ ਟ੍ਰਿਬਿਊਨਲ (ਪ੍ਰਕਿਰਿਆ) ਨਿਯਮਾਂਵਲੀ, 1993 ਦੇ ਨਿਯਮ 5 ਦੇ ਉਪ-ਨਿਯਮ (2ਏ) ਨਾਲ ਪੜ੍ਹੇ ਜਾਣ ਵਾਲੇ ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੇ

ਪੰਜਾਬ ਨੈਸ਼ਨਲ ਬੈਂਕ

ਬਨਾਮ

ਮੈਸ. ਸੰਤ ਮੋਟਰਜ਼

ਵੱਲ,

(1) ਮੈਸਰਜ਼ ਸੰਤ ਮੋਟਰਜ਼, ਨੇੜੇ ਸਿਵਲ ਹਸਪਤਾਲ, ਅੰਮ੍ਰਿਤਸਰ ਰੋਡ, ਤਰਨਤਾਰਨ ਜ਼ਿਲ੍ਹਾ ਤਰਨਤਾਰਨ, ਪੰਜਾਬ, ਤਰਨਤਾਰਨ, ਪੰਜਾਬ-143401

(2) ਗੁਰਜੀਤ ਸਿੰਘ ਪੁੱਤਰ ਸਵਰਗੀ ਸ਼. ਸੁਖਦੇਵ ਸਿੰਘ ਵਾਸੀ ਪਿੰਡ ਬਿਜਲੀਵਾਲ ਡਾਕਖਾਨਾ ਸਰਾਂਵਾਲੀ ਜ਼ਿਲ੍ਹਾ ਗੁਰਦਾਸਪੁਰ, ਪੰਜਾਬ-143511

(3) ਸੁਖਦੇਵ ਸਿੰਘ ਪੁੱਤਰ ਸ. ਅਮਰ ਸਿੰਘ (ਮ੍ਰਿਤਕ) ਆਪਣੇ ਕਾਨੂੰਨੀ ਵਾਰਸਾਂ/ਨੁਮਾਇੰਦਿਆਂ ਰਾਹੀਂ:- ਕਾਨੂੰਨੀ ਵਾਰਸ: 1- ਗੁਰਜੀਤ ਸਿੰਘ ਪੁੱਤਰ ਸਵਰਗੀ ਸ਼. ਸੁਖਦੇਵ ਸਿੰਘ ਵਾਸੀ ਪਿੰਡ ਬਿਜਲੀਵਾਲ ਡਾਕਖਾਨਾ ਸਰਾਂਵਾਲੀ ਜ਼ਿਲ੍ਹਾ ਗੁਰਦਾਸਪੁਰ ਪੰਜਾਬ -143511, ਕਾਨੂੰਨੀ ਵਾਰਸ: 2- ਸ਼ਿਵਰਾਜ ਸਿੰਘ ਪੁੱਤਰ ਸਵਰਗੀ ਸ਼. ਸੁਖਦੇਵ ਸਿੰਘ ਵਾਸੀ ਪਿੰਡ ਬਿਜਲੀਵਾਲ ਡਾਕਖਾਨਾ ਸਰਾਂਵਾਲੀ ਜ਼ਿਲ੍ਹਾ ਗੁਰਦਾਸਪੁਰ ਪੰਜਾਬ-143511, ਕਾਨੂੰਨੀ ਵਾਰਸ: 3- ਬਲਵਿੰਦਰ ਸਿੰਘ ਪੁੱਤਰ ਸਵਰਗੀ ਸ਼. ਸੁਖਦੇਵ ਸਿੰਘ ਵਾਸੀ ਪਿੰਡ ਬਿਜਲੀਵਾਲ ਡਾਕਖਾਨਾ ਸਰਵਾਲੀ ਜ਼ਿਲ੍ਹਾ ਗੁਰਦਾਸਪੁਰ ਪੰਜਾਬ -143511, ਕਾਨੂੰਨੀ ਵਾਰਸ: 4- ਗੁਰਦੀਪ ਸਿੰਘ ਪੁੱਤਰ ਸਵਰਗਵਾਸੀ ਸ. ਸੁਖਦੇਵ ਸਿੰਘ ਵਾਸੀ ਪਿੰਡ ਬਿਜਲੀਵਾਲ ਡਾਕਖਾਨਾ ਸਰਾਂਵਾਲੀ ਜ਼ਿਲ੍ਹਾ ਗੁਰਦਾਸਪੁਰ ਪੰਜਾਬ-143511

ਸੰਮਨ

ਜਿਥੇ ਕਿ, ਓ. ਏ./1240/2025, 30.03.2026 ਨੂੰ ਮਾਨਯੋਗ ਪ੍ਰਧਾਨਗੀ ਅਧਿਕਾਰੀ/ਰਜਿਸਟਰਾਰ ਕੋਲ ਸੂਚੀਬੱਧ ਸੀ।

ਜਿਥੇ ਕਿ, ਇਸ ਮਾਨਯੋਗ ਟ੍ਰਿਬਿਊਨਲ ਵੱਲੋਂ ਰੁ. 81,83,702.67/- (**ਅਰਜ਼ੀ, ਦਸਤਾਵੇਜ਼ਾਂ ਦੀਆਂ ਕਾਪੀਆਂ ਆਦਿ ਦੇ ਨਾਲ, ਨਾਲ ਨੱਥੀ ਹੈ।**) ਦੇ ਕਰਜ਼ਿਆਂ ਦੀ ਵਸੂਲੀ ਲਈ ਤੁਹਾਡੇ ਖਿਲਾਫ ਦਾਇਰ (ਓ. ਏ.) ਕਾਨੂੰਨ ਦੀ ਧਾਰਾ 19 (4) ਦੇ ਅਧੀਨ ਦਰਸਾਈ ਅਰਜ਼ੀ 'ਤੇ ਸੰਮਨ/ਸੂਚਨਾ ਜਾਰੀ ਕੀਤੀ ਜਾ ਰਹੀ ਹੈ।

ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੀ ਨਿਰੰਤਰਤਾ ਵਿਚ ਤੁਹਾਨੂੰ, ਡਿਫੈਂਡੈਂਟਸ ਨੂੰ ਨਿਮਨ ਅਨੁਸਾਰ ਨਿਰਦੇਸ਼ ਦਿੱਤਾ ਜਾਂਦਾ ਹੈ :-

(1) ਸੰਮਨ ਦੀ ਤਾਮੀਲ ਤੋਂ ਤੀਹ ਦਿਨਾਂ ਦੇ ਅੰਦਰ ਕਾਰਨ ਦੱਸਣਾ ਕਿ ਬਿਨੈ ਕੀਤੀ ਰਾਹਤ ਕਿਉਂ ਪ੍ਰਵਾਨ ਨਾ ਕੀਤੀ ਜਾਵੇ;

(2) ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਅਧੀਨ ਬਿਨੈਕਾਰ ਵੱਲੋਂ ਦਰਸਾਈਆਂ ਸੰਪੱਤੀਆਂ ਅਤੇ ਅਸਾਸਿਆਂ ਨਾਲੋਂ ਹੋਰ ਸੰਪੱਤੀਆਂ ਜਾਂ ਅਸਾਸਿਆਂ ਦੇ ਵੇਰਵਿਆਂ ਦਾ ਖੁਲਾਸਾ ਕਰਨਾ;

(3) ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਅਧੀਨ ਖੁਲਾਸਾ ਕੀਤੀਆਂ, ਲੰਬਿਤ ਸੁਣਵਾਈ ਵਾਲੀਆਂ ਸੁਰੱਖਿਅਤ ਸੰਪੱਤੀਆਂ ਜਾਂ ਅਜਿਹੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਸੌਦੇਬਾਜ਼ੀ ਜਾਂ ਨਿਪਟਾਰਾ ਕਰਨ ਅਤੇ ਸੰਪੱਤੀਆਂ ਨੂੰ ਜੋੜਨ ਲਈ ਅਰਜ਼ੀ ਦਾ ਨਿਪਟਾਰਾ ਕਰਨ ਤੋਂ ਰੋਕ ਲਗਾਈ ਜਾਂਦੀ ਹੈ;

(4) ਤੁਸੀਂ ਟ੍ਰਿਬਿਊਨਲ ਦੀ ਅਗਾਊਂ ਪ੍ਰਵਾਨਗੀ ਤੋਂ ਬਿਨਾਂ ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਤਹਿਤ ਦਰਸਾਏ ਜਾਂ ਨਿਪਟਾਰਾ ਕੀਤੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਅਤੇ/ਜਾਂ ਅਸਾਸੇ ਜਿਨ੍ਹਾਂ ਉਪਰ ਸੁਰੱਖਿਆ ਵਿਆਜ ਦਾ ਨਿਰਮਾਣ ਕੀਤਾ ਗਿਆ ਹੈ, ਵਿਚੋਂ ਕਿਸੇ ਦਾ ਵੀ ਵਪਾਰ ਦੇ ਸਧਾਰਨ ਢੰਗ ਤੋਂ ਬਿਨਾਂ ਵਿਕਰੀ, ਲੀਜ਼ ਜਾਂ ਕਿਸੇ ਹੋਰ ਮਾਧਿਅਮ ਦੁਆਰਾ ਤਬਾਦਲਾ ਨਹੀਂ ਕਰੋਗੇ।

(5) ਤੁਸੀਂ ਵਪਾਰ ਦੇ ਸਧਾਰਨ ਢੰਗ ਵਿਚ ਸੁਰੱਖਿਅਤ ਅਸਾਸਿਆਂ ਜਾਂ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਵਿਕਰੀ ਦੁਆਰਾ ਪ੍ਰਾਪਤ ਵਿਕਰੀ ਵਸੂਲੀ ਦੇ ਲਈ ਲੇਖਾ ਰੱਖਣ ਲਈ ਜੁਆਬਦੇਹ ਹੋ ਅਤੇ ਅਜਿਹੀ ਵਿਕਰੀ ਵਸੂਲੀ ਨੂੰ ਬੈਂਕ ਜਾਂ ਅਜਿਹੇ ਅਸਾਸਿਆਂ ਉਪਰ ਸੁਰੱਖਿਆ ਵਿਆਜ ਦੀਆਂ ਧਾਰਕ ਵਿੱਤੀ ਸੰਸਥਾਵਾਂ ਕੋਲ ਰੱਖੇ ਖਾਤੇ ਵਿਚ ਜਮ੍ਹਾਂ ਕਰਵਾਓਗੇ।

ਤੁਹਾਨੂੰ ਇਹ ਵੀ ਨਿਰਦੇਸ਼ ਦਿੱਤਾ ਜਾਂਦਾ ਹੈ ਕਿ ਬਿਨੈਕਾਰ ਨੂੰ ਲਿਖਤੀ ਬਿਆਨ ਉਤਾਰੇ ਸਮੇਤ ਦਰਜ ਕਰਵਾਓ ਅਤੇ 21.07.2026 ਨੂੰ **ਸਵੇਰੇ** 10.30 **ਵਜੇ ਰਜਿਸਟਰਾਰ** ਕੋਲ ਪੇਸ਼ ਹੋਵੋ, ਜਿਸ ਤੋਂ ਅਸਫਲ ਰਹਿਣ 'ਤੇ ਅਰਜ਼ੀ 'ਤੇ ਸੁਣਵਾਈ ਅਤੇ ਫੈਸਲਾ ਤੁਹਾਡੀ ਗੈਰ ਹਾਜ਼ਰੀ ਵਿਚ ਲੈ ਲਿਆ ਜਾਵੇਗਾ।

ਮੇਰੇ ਦਸਤਖ਼ਤ ਅਤੇ ਇਸ ਟ੍ਰਿਬਿਊਨਲ ਦੀ ਮੋਹਰ ਮਿਤੀ 02.04.2026 ਨੂੰ ਜਾਰੀ।

ਸੰਮਨ ਜਾਰੀ ਕਰਨ ਲਈ ਅਧਿਕਾਰਤ ਅਧਿਕਾਰੀ ਦੇ ਹਸਤਾਖਰ

ਨੋਟ : ਜੋ ਵੀ ਲਾਗੂ ਨਾ ਹੋਵੇ ਉਸਨੂੰ ਕੱਟ ਦਿਓ

## ਮੰਗ ਸੂਚਨਾ

ਜਦੋਂ ਕਿ ਐਸੇਟ ਰੀਕੰਸਟਰਕਸ਼ਨ ਕੰਪਨੀ (ਇੰਡੀਆ) ਲਿਮਿਟਡ (ਹੇਠਾਂ ਦੱਸੇ ਗਏ ਟਰੱਸਟਾਂ ਲਈ ਟਰੱਸਟੀ ਵਜੋਂ ਕੰਮ ਕਰ ਰਿਹਾ ਹੈ) (ਇਸ ਤੋਂ ਬਾਅਦ "ARCIL" ਵਜੋਂ ਜਾਣਿਆ ਜਾਂਦਾ ਹੈ) ਦਾ ਅਧਿਕਾਰਤ ਅਧਿਕਾਰੀ ਕੰਪਨੀ ਐਕਟ, 1956 ਦੇ ਅਧੀਨ ਸ਼ਾਮਲ ਹੈ ਅਤੇ ਰਿਜ਼ਰਵ ਬੈਂਕ ਆਫ਼ ਇੰਡੀਆ ਦੇ ਨਾਲ ਇੱਕ ਐਸੇਟ ਰੀਕੰਸਟ ?ਰਕਸ਼ਨ ਕੰਪਨੀ ਵਜੋਂ ਰਜਿਸਟਰਡ ਹੈ, ਜਿਵੇਂ ਕਿ ਹੇਠਾਂ ਦਿੱਤੇ ਚਾਰਟ ਦੇ ਕਾਲਮ ਨੰਬਰ 2 ਵਿੱਚ ਦੱਸਿਆ ਗਿਆ ਹੈ (ਇਸ ਤੋਂ ਬਾਅਦ "SARFAESI ਐਕਟ ਵਜੋਂ ਜਾਣਿਆ ਜਾਂਦਾ ਹੈ) ਅਤੇ ਜਦੋਂ ਕਿ ਹੇਠਾਂ ਦਿੱਤੇ ਚਾਰਟ ਦੇ ਕਾਲਮ ਨੰਬਰ 2 ਵਿੱਚ ਦੱਸੇ ਗਏ ਕਰਜ਼ਦਾਰ / ਸਹਿ-ਕਰਜ਼ਦਾਰ ਨੇ ਮੂਲ ਕਰਜ਼ਾਦਾਤਾਵਾਂ ਤੋਂ ਕਰਜ਼ਾ ਪ੍ਰਾਪਤ ਕੀਤਾ ਹੈ ਅਤੇ ਜਦੋਂ ਕਿ ARCIL ਨੇ ਹੇਠਾਂ ਦੱਸੇ ਗਏ ਕਰਜ਼ ਖਾਤਿਆਂ ਨਾਲ ਸਬੰਧਤ ਵਿੱਤੀ ਸੰਪਤੀਆਂ ਪ੍ਰਾਪਤ ਕੀਤੀਆਂ ਹਨ ਅਤੇ ਜਦੋਂ ਕਿ ARCIL SARFAESI ਐਕਟ ਦੇ ਤਹਿਤ ਸੁਰੱਖਿਅਤ ਕਰਜ਼ਦਾਤਾ ਹੈ, ਅਤੇ ਸੁਰੱਖਿਆ ਵਿਆਜ (ਇਨਫੋਰਸਮੈਂਟ) ਨਿਯਮ 2002 ਦੇ ਨਿਯਮ 2 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(2) ਦੇ ਤਹਿਤ ਦਿੱਤੀਆਂ ਗਈਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਹੇਠਾਂ ਦੱਸੇ ਗਏ ਕਰਜ਼ਦਾਰ / ਸਹਿ-ਕਰਜ਼ਦਾਰ ਨੂੰ ਜ਼ਿਕਰ ਕੀਤੀ ਰਕਮ ਦੀ ਅਦਾਇਗੀ ਕਰਨ ਲਈ ਮੰਗ ਨੋਟਿਸ ਜਾਰੀ ਕੀਤਾ ਹੈ। ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਹੋਰ ਦਿਲਚਸਪੀ ਨਾਲ ਨੋਟਿਸਾਂ ਵਿੱਚ, ਪਰ ਕਈ ਕਾਰਨਾਂ ਕਰਕੇ ਉਨ੍ਹਾਂ ਵਿੱਚੋਂ ਕੁਝ ਨੂੰ ਨੋਟਿਸ ਨਹੀਂ ਭੇਜੇ ਜਾ ਸਕੇ।

| ਕਰਜ਼ ਖਾਤਾ ਨੰਬਰ/ਮੂਲ ਲੈਣਦਾਰ ਦਾ ਨਾਮ/ ਮੰਗ ਸੂਚਨਾ ਦੀ ਮਿਤੀ/ਟਰੱਸਟ ਦਾ ਨਾਮ | ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਮ | ਮੰਗ ਸੂਚਨਾ ਦੀ ਮਿਤੀਅਨੁਸਾਰ ਕੁੱਲ ਬਕਾਇਆ ਰੁ. 'ਚ |
|---|---|---|
| LAN: 3621584500010026<br>ਮੂਲ ਰਿਣਦਾਤਾ: ਮਨੱਪੁਰਮ ਫਾਈਨੈਂਸ ਲਿਮਿਟਿਡ<br>ਮੰਗ ਨੋਟਿਸ ਦੀ ਮਿਤੀ: 20.12.2025<br>ਟਰੱਸਟ ਦਾ ਨਾਮ: ਆਰਸਿਲ-ਟਰੱਸਟ-2026-002 | ਪਿੰਕੀ ਰਾਣੀ-ਰਜਿੰਦਰ ਪਾਲ-ਸੁਰਜੀਤ ਕੌਰ-ਨਾਨਕ ਸਿੰਘ- | Rs. 5,16,926.65/- |
| ਜਾਇਦਾਦ ਦਾ ਵੇਰਵਾ: ਵਾਰਡ ਨੰ. 13 ਦਰਦੀ ਨਿਵਾਸ ਸਮਾਣਾ ਪਟਿਆਲਾ ਪੰਜਾਬ-147101 ਵਿਖੇ ਸਥਿਤ ਸਰਵੇਖਣ ਨੰ. 2021-2022 ਵਿੱਚ 84 ਵਰਗ ਗਜ਼ ਦੀ ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ। | | |
| LAN: 3627954500010195<br>ਮੂਲ ਰਿਣਦਾਤਾ: ਮਨੱਪੁਰਮ ਫਾਈਨੈਂਸ ਲਿਮਿਟਿਡ<br>ਮੰਗ ਨੋਟਿਸ ਦੀ ਮਿਤੀ: 20.12.2025<br>ਟਰੱਸਟ ਦਾ ਨਾਮ: ਆਰਸਿਲ-ਟਰੱਸਟ-2026-002 | ਰਾਜ ਰਾਣੀ -ਵਿੱਕੀ- | Rs. 8,24,775.26/- |
| ਜਾਇਦਾਦ ਦਾ ਵੇਰਵਾ: ਮਕਾਨ ਨੰਬਰ 276 ਖਲੀਲ ਸ਼ੇਰਪੁਰ ਸੰਗਰੂਰ Sy ਨੰਬਰ 2827 ਜਿਸਦੀ ਜ਼ਮੀਨ ਦਾ ਖੇਤਰਫਲ 945 ਵਰਗ ਫੁੱਟ ਪੰਜਾਬ - 148025 ਦੀ ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ। | | |
| LAN: 3627954500010105<br>ਮੂਲ ਰਿਣਦਾਤਾ: ਮਨੱਪੁਰਮ ਫਾਈਨੈਂਸ ਲਿਮਿਟਿਡ<br>ਮੰਗ ਨੋਟਿਸ ਦੀ ਮਿਤੀ: 20.12.2025<br>ਟਰੱਸਟ ਦਾ ਨਾਮ: ਆਰਸਿਲ-ਟਰੱਸਟ-2026-002 | ਸਰੋਜ ਦੇਵੀ-ਏਕਜੋਤਪ੍ਰੀਤ ਕੌਰ | Rs. 8,17,144.55/- |
| ਜਾਇਦਾਦ ਦਾ ਵੇਰਵਾ: ਪਿੰਡ ਕੋਟਲੀ, ਕੁਲਾਰਾਂ ਤਹਿਸੀਲ ਸਮਾਣਾ, ਜ਼ਿਲ੍ਹਾ ਪਟਿਆਲਾ ਪੰਜਾਬ - 147101 ਵਿਖੇ ਸਥਿਤ ਅਚੱਲ ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ। | | |

ਇਸ ਲਈ, ਕਰਜਦਾਰ/ਸਹਿ-ਕਰਜ਼ਦਾਰ ਨੂੰ ਨੋਟਿਸ ਦਿੱਤਾ ਜਾਂਦਾ ਹੈ, ਜਿਵੇਂ ਕਿ ਉੱਪਰ ਦੱਸਿਆ ਗਿਆ ਹੈ, ਉਹਨਾਂ ਨੂੰ ਇਸ ਨੋਟਿਸ ਦੇ ਪ੍ਰਕਾਸ਼ਨ ਦੇ 60 ਦਿਨਾਂ ਦੇ ਅੰਦਰ, ਸੰਬੰਧਿਤ ਕਰਜ਼ਦਾਰ/ਸਹਿ-ਕਰਜ਼ਦਾਰ ਦੇ ਵਿਰੁੱਧ ਉੱਪਰ ਦਰਸਾਈ ਗਈ ਕੁੱਲ ਬਕਾਇਆ ਰਕਮ ਦਾ ਭੁਗਤਾਨ ਕਰਨ ਲਈ ਕਿਹਾ ਜਾਂਦਾ ਹੈ। ਸਬੰਧਤ ਕਰਜ਼ਦਾਰ/ਸਹਿ-ਕਰਜ਼ਦਾਰ ਦੁਆਰਾ ਹੋਰ ਵਿਆਜ ਦੇ ਨਾਲ ਕੁੱਲ ਬਕਾਇਆ ਰਕਮ ਦਾ ਭੁਗਤਾਨ ਕਰਨ ਵਿੱਚ ਅਸਫਲ ਰਹਿਣ 'ਤੇ, ARCIL ਉੱਪਰ ਦੱਸੇ ਅਨੁਸਾਰ ਜਾਇਦਾਦਾਂ 'ਤੇ ਸੁਰੱਖਿਆ ਵਿਆਜ ਲਾਗੂ ਕਰਨ ਲਈ ਧਾਰਾ 13(4) ਦੇ ਤਹਿਤ ਕਦਮ ਚੁੱਕਣ ਲਈ ਮਜਬੂਰ ਹੋਵੇਗਾ, ਐਕਟ ਅਤੇ ਇੱਥੇ ਬਣਾਏ ਗਏ ਨਿਯਮਾਂ ਦੇ ਤਹਿਤ ਨਿਰਧਾਰਤ ਹੋਰ ਤਰੀਕਿਆਂ ਨਾਲ ਨੋਟਿਸ ਦੀ ਸੇਵਾ ਲਈ ਵੀ ਕਦਮ ਚੁੱਕੇ ਜਾ ਰਹੇ ਹਨ। ਤੁਹਾਨੂੰ ਸੂਚਿਤ ਕੀਤਾ ਜਾਂਦਾ ਹੈ ਕਿ SARFAESI ਐਕਟ ਦੀ ਧਾਰਾ 13(8) ਵਿੱਚ ਦੱਸੇ ਅਨੁਸਾਰ, ਜਨਤਕ ਨਿਲਾਮੀ ਜਾਂ ਵਿਕਰੀ ਦੇ ਤਰੀਕੇ ਨਾਲ ਟਰਾਂਸਫਰ ਲਈ ਨਿੱਜੀ ਸੰਧੀ ਲਈ ਨੋਟਿਸ ਪ੍ਰਕਾਸ਼ਨ ਦੀ ਮਿਤੀ ਤੋਂ ਪਹਿਲਾਂ ਕਿਸੇ ਵੀ ਸਮੇਂ Arcil ਦੁਆਰਾ ਲਾਗਤਾਂ, ਫੀਸਾਂ ਅਤੇ ਖਰਚਿਆਂ ਦੇ ਨਾਲ ਬਕਾਇਆ ਸਾਰੀ ਰਕਮ ਦਾ ਭੁਗਤਾਨ ਕਰਨ 'ਤੇ ਉਕਤ ਗਿਰਵੀ ਨੂੰ ਛੁਡਾਇਆ ਜਾ ਸਕਦਾ ਹੈ। ਧਿਆਨ ਦਿਓ ਕਿ SARFAESI ਐਕਟ ਦੇ S-13 (13) ਦੇ ਅਨੁਸਾਰ, ਤੁਹਾਨੂੰ ਇਸ ਦੁਆਰਾ ਸੁਰੱਖਿਅਤ ਜਾਇਦਾਦਾਂ ਨੂੰ ਕਿਸੇ ਵੀ ਤਰੀਕੇ ਨਾਲ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਟਰਾਂਸਫਰ ਕਰਨ ਅਤੇ/ਜਾਂ ਉਹਨਾਂ ਨਾਲ ਨਜਿੱਠਣ ਤੋਂ ਰੋਕਿਆ ਜਾਂਦਾ ਹੈ।

ਸਥਾਨ: ਪੰਜਾਬ
ਮਿਤੀ: 28.05.2026

ਸਹੀ/- ਅਧਿਕਾਰਤ ਅਧਿਕਾਰੀ,
ਸੰਪਤੀ ਪੁਨਰ ਨਿਰਮਾਣ ਕੰਪਨੀ (ਇੰਡੀਆ) ਲਿਮਿਟਿਡ (ਟਰੱਸਟੀ ਵਜੋਂ)

**Arcil** — ਅਸੇਟ ਰੀਕੰਸਟ੍ਰਕਸ਼ਨ ਕੰਪਨੀ (ਇੰਡੀਆ) ਲਿਮ.

CIN No.: U65999MH2002PLC134884 • Website: www.arcil.co.in

ਰਜਿਸਟਰਡ ਦਫ਼ਤਰ: ਦ ਰੂਬੀ, 10ਵੀਂ ਮੰਜ਼ਿਲ, 29 ਸੈਨਾਪਤੀ ਬਾਪਟ ਮਾਰਗ, ਦਾਦਰ (ਪੱਛਮ), ਮੁੰਬਈ - 400028 । ਟੈਲੀਫ਼ੋਨ ਨੰ.: 022-66581300 ।

## SBI ਸਟੇਟ ਬੈਂਕ ਆਫ ਇੰਡੀਆ

ਐਗਰੀ ਐਂਡ ਐਮਐਸਐਮਈ ਕ੍ਰੈਡਿਟ ਸੈਂਟਰ, ਏਐਮਸੀਸੀ ਰੇਲਵੇ ਰੋਡ, ਨਾਭਾ, ਜ਼ਿਲ੍ਹਾ ਪਟਿਆਲਾ, ਪੰਜਾਬ 147201

### ਕਬਜ਼ਾ ਸੂਚਨਾ (ਚੱਲ ਸੰਪੱਤੀ ਦੇ ਲਈ)

[ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 (1) ਦੇ ਅਨੁਸਾਰ]

ਜਦੋਂ ਕਿ, ਹੇਠ ਹਸਤਾਖਰ ਕਰਨ ਵਾਲਾ, ਸਟੇਟ ਬੈਂਕ ਆਫ ਇੰਡੀਆ ਦਾ ਅਧਿਕਾਰਤ ਅਧਿਕਾਰੀ ਹੈ, ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂ, 2002 ਦੇ ਨਿਯਮ 3 ਦੇ ਨਾਲ ਪੜ੍ਹੇ ਗਏ ਧਾਰਾ 13(12) ਦੇ ਅਧੀਨ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਇੱਥੇ ਦੱਸੀ ਗਈ ਮਿਤੀ 'ਤੇ ਕਰਜ਼ਾ ਲੈਣ ਵਾਲੇ ਨੂੰ ਮੰਗ ਸੂਚਨਾ ਜਾਰੀ ਕੀਤਾ ਗਿਆ ਹੈ ਜਿਸ ਵਿੱਚਕਰਜ਼ਦਾਰ ਨੂੰ ਉਕਤ ਸੂਚਨਾ ਧਾਰਾ 13 (2) ਦੇ ਅਧੀਨ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਮੰਗ ਸੂਚਨਾ ਵਿੱਚ ਦੱਸੀ ਗਈ ਰਕਮ ਵਾਪਸ ਕਰਨ ਲਈ ਕਿਹਾ ਗਿਆ ਹੈ।

ਕਰਜ਼ਦਾਰ (ਾਂ) ਰਕਮ ਵਾਪਸ ਕਰਨ ਵਿੱਚ ਅਸਫਲ ਰਹਿਣ ਤੋਂ ਬਾਅਦ, ਕਰਜ਼ਦਾਰ ਅਤੇ ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਹੇਠ ਹਸਤਾਖਰ ਕਰਨ ਵਾਲੇ ਨੇ ਖਾਤੇ ਦੇ ਵਿਰੁੱਧ ਦੱਸੀ ਗਈ ਮਿਤੀ 'ਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂ, 2002 ਦੇ ਨਿਯਮ 8 ਦੇ ਨਾਲ ਪੜ੍ਹੇ ਗਏ ਐਕਟ ਦੀ ਧਾਰਾ 13 (4) ਦੇ ਤਹਿਤ ਉਸਨੂੰ ਦਿੱਤੀਆਂ ਗਈਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਹੇਠਾਂ ਦੱਸੀ ਗਈ ਸੰਪੱਤੀ/ਆਂ ਦਾ ਕਬਜ਼ਾ ਲੈ ਲਿਆ ਹੈ।

ਕਰਜ਼ਦਾਰ (ਾਂ) ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਸ ਦੁਆਰਾ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਸੰਪੱਤੀ/ਆਂ ਦੀ ਸੌਦੇਬਾਜ਼ੀ ਨਾ ਕੀਤੀ ਜਾਵੇ ਅਤੇ ਸੰਪੱਤੀ/ਆਂ ਦੀ ਕੋਈ ਵੀ ਸੌਦੇਬਾਜ਼ੀ ਹਰੇਕ ਖਾਤੇ ਅਧੀਨ ਵਿਆਜ ਅਤੇ ਹੋਰ ਫੀਸਾਂ/ਖਰਚਿਆਂ, ਮਨਫੀ ਪੁਨਰ ਭੁਗਤਾਨ, ਜੇਕਰ ਕੋਈ ਹੈ, ਤੋਂ ਇਲਾਵਾ ਉਕਤ ਦਰਸਾਈਆਂ ਰਕਮਾਂ ਦੇ ਲਈ **ਸਟੇਟ ਬੈਂਕ ਆਫ ਇੰਡੀਆ** ਦੇ ਚਾਰਜ ਨਾਲ ਸੰਬੰਧਤ ਹੋਵੇਗੀ ਅਤੇ ਕਰਜ਼ਦਾਰ (ਾਂ)/ਜ਼ਾਮਨ (ਾਂ) ਵੱਲੋਂ ਬਕਾਏ ਨਾ ਮੋੜੇ ਜਾਣ ਦੀ ਸੂਰਤ ਵਿਚ ਸੰਪੱਤੀ (ਆਂ) ਦੀ ਬੈਂਕ ਦੇ ਬਕਾਇਆਂ ਨੂੰ ਵਸੂਲ ਕਰਨ ਲਈ ਕਾਨੂੰਨ ਦੇ ਤਹਿਤ ਪ੍ਰਸਤਾਵਿਤ ਅਨੁਸਾਰ ਵਿਕਰੀ ਕੀਤੀ ਜਾਵੇਗੀ।

ਕਰਜ਼ਦਾਰ (ਾਂ) ਅਤੇ ਜ਼ਾਮਨ (ਾਂ) ਦਾ ਧਿਆਨ ਐਕਟ ਦੀ ਧਾਰਾ 13 ਦੀ ਉਪ-ਧਾਰਾ (8) ਦੇ ਉਪਬੰਧਾਂ ਵੱਲ ਖਿੱਚਿਆ ਜਾਂਦਾ ਹੈ, ਉਪਲਬਧ ਸਮੇਂ ਦੇ ਸੰਬੰਧ ਵਿੱਚ, ਸੁਰੱਖਿਅਤ ਸੰਪਤੀਆਂ ਨੂੰ ਛੁਡਾਉਣ ਲਈ।

| ਸ਼ਾਖਾ ਅਤੇ ਖਾਤਾ ਧਾਰਕ/ ਕਰਜ਼ਦਾਰ ਦਾ ਨਾਮ | ਚੱਲ ਸੰਪੱਤੀ ਦੇ ਵੇਰਵੇ | ਮੰਗ ਸੂਚਨਾ ਦੀ ਮਿਤੀ | ਕਬਜ਼ੇ ਦੀ ਮਿਤੀ | ਮੰਗ ਸੂਚਨਾ ਦੀ ਮਿਤੀ ਨੂੰ ਬਕਾਇਆ ਰਕਮ |
|---|---|---|---|---|
| ਬੀ.ਓ. : ਕਲਿਆਣ<br>ਕਰਜ਼ਦਾਰ (ਾਂ) :- ਸ੍ਰੀ ਜਸਵੰਤ ਸਿੰਘ ਸਪੁੱਤਰ ਸ੍ਰੀ ਸਾਧਾ ਰਾਮ, ਪਿੰਡ ਗੋਬਿੰਦਗੜ੍ਹ ਚੈਨਾ, ਤਹਿਸੀਲ ਨਾਭਾ, ਜ਼ਿਲ੍ਹਾ ਪਟਿਆਲਾ-147202 | ਹਾਰਵੈਸਟਰ ਕੰਬਾਇਨ; ਮਾਰਕਾ : ਸਹਿਲ ਪ੍ਰੀਤ ਇੰਜ. ਵਰਕਸ, ਮਾਡਲ : ਸਹਿਲਪ੍ਰੀਤ-916; ਚਾਸੀ ਨੰਬਰ : **SHEHAL916G2024009**, ਰਜਿ. ਨੰਬਰ : **PB11DH5038** | 06.03.2026 | 27.05.2026 | ਰੁ. 23,17,202.38 ਜਮ੍ਹਾਂ ਇਸ 'ਤੇ ਵਿਆਜ ਅਤੇ ਹੋਰ ਫੀਸਾਂ |
| ਬੀ.ਓ. : ਕੁਲਾਰਾਂ<br>ਕਰਜ਼ਦਾਰ (ਾਂ):- ਸ੍ਰੀ ਗੋਬਿੰਦ ਰਾਮ ਸਪੁੱਤਰ ਸ੍ਰੀ ਗੁਰਮੀਤ ਸਿੰਘ, ਵਾਸੀ ਪਿੰਡ ਕਾਂਗੜ ਭੂਤਨਾ, ਤਹਿਸੀਲ ਸਮਾਣਾ, ਜ਼ਿਲ੍ਹਾ ਪਟਿਆਲਾ-147101 | ਕਟਰ ਦੇ ਨਾਲ ਹਾਰਵੈਸਟਰ ਕੰਬਾਇਨ; ਚਾਸੀ ਨੰਬਰ : **KMW930/240353**, ਇੰਜਣ ਨੰਬਰ : **RPHM101265**, ਮਾਰਕਾ : ਕਰਮਾ ਮਕੈਨੀਕਲ ਵਰਕਸ (ਰਜਿ.) ਮਾਡਲ : ਕਰਮਾ 930, ਰਜਿ. ਨੰਬਰ : **PB11DJ2428** | 12.11.2025 | 27.05.2026 | ਰੁ. 27,22,101/- ਜਮ੍ਹਾਂ ਇਸ 'ਤੇ ਵਿਆਜ ਅਤੇ ਹੋਰ ਫੀਸਾਂ |

ਮਿਤੀ : 27.05.2026    ਸਥਾਨ : ਨਾਭਾ    ਅਧਿਕਾਰਤ ਅਧਿਕਾਰੀ




# ਸੁਰ ਸੰਗਮ ਸੰਗੀਤ ਕਲਾ ਮੰਦਰ ਟਰੱਸਟ ਨੇ ਸੰਗੀਤ ਸਭਾ ਕਰਵਾਈ




ਭੋਗਪੁਰ, 27 ਮਈ (ਜੰਡੀਰ ਸੈਣੀ) :ਸੁਰ ਸੰਗਮ ਸੰਗੀਤ ਕਲਾ ਮੰਦਰ ਟਰੱਸਟ ਭੋਗਪੁਰ ਵੱਲੋਂ 21ਵੀਂ ਸੰਗੀਤ ਸਭਾ ਦਾ ਵਿਸ਼ਾਲ ਆਯੋਜਨ ਭੋਗਪੁਰ ਵਿਖੇ ਬਹੁਤ ਹੀ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ। ਸਮਾਗਮ ਦੇ ਆਰੰਭ ਵਿੱਚ ਸ੍ਰੀ ਅਨਿਲ ਵਸ਼ਿਸ਼ਟ ਤੇ ਹੋਰਾਂ ਨੇ ਵੀ ਮਾਤਾ ਸਰਸਵਤੀ ਜੀ ਦਾ ਪਾਠ ਕੀਤਾ। ਸ਼ਮਾ ਰੌਸ਼ਨ ਕਰਨ ਦੀ ਰਸਮ ਸ੍ਰੀ ਉਮੇਸ਼ ਵਰਮਾ ਜੁਆਇੰਟ ਰਜਿਸਟਰਾਰ, ਡਾਕਟਰ ਮਹਿੰਗਾ ਸਿੰਘ, ਉਸਤਾਦ ਪੰਡਿਤ ਕਾਲੇ ਰਾਮ ਜੀ, ਉਸਤਾਦ ਪ੍ਰੇਮ ਚੰਦ ਜੀ, ਸੂਬੇਦਾਰ ਚਰਨ ਸਿੰਘ ਅਤੇ ਪੀਸੀ ਰਾਉਤ ਵੱਲੋਂ ਸਾਂਝੇ ਤੌਰ 'ਤੇ ਅਦਾ ਕੀਤੀ ਗਈ।ਸਮਾਗਮ ਦੇ ਆਰੰਭ ਵਿੱਚ ਸੈਂਟ ਸੋਲਜਰ ਸਕੂਲ ਟਾਂਡਾ ਦੇ ਵਿਦਿਆਰਥੀਆਂ ਨੇ ਗੁਰਬਾਣੀ ਗਰੁੱਪ ਸ਼ਬਦ ਪੇਸ਼ ਕੀਤਾ। ਉਪਰੰਤ ਉਸਤਾਦ ਪ੍ਰੇਮ ਚੰਦ, ਹਰਸ਼ ਕੁਮਾਰ ਤਬਲਾ ਵਾਦਕ, ਉਮੇਸ਼ ਵਰਮਾ ਬੰਸਰੀਵਾਦਕ, ਹਾਰਦਿਕ ਰਾਜਪੂਤ ਗਜ਼ਲ, ਮਨਜੀਤ ਸਿੰਘ ਬਿਨੇਪਾਲ ਕੇ ਗਜ਼ਲ, ਗਗਨਦੀਪ ਹੀਰਾ ਸਿਤਾਰਵਾਦਨ, ਕੇ ਛਵੀ ਤਬਲਾ ਵਾਦਨ, ਪਾਰਸ ਗਾਇਕ ਠੁਮਰੀ, ਰਿਜੂਲ ਤਬਲਾ ਵਾਦਨ, ਉਸਤਾਦ ਪ੍ਰੋਫੈਸਰ ਭੁਪਿੰਦਰ ਸਿੰਘ ਦੀ ਸੰਗੀਤ ਕਲਾ ਕੇਂਦਰ ਦੇ ਤਿੰਨ ਵਿਦਿਆਰਥੀਆਂ ਨੇ ਪੇਸ਼ਕਾਰੀ ਦਿੱਤੀ। ਇਹਨਾਂ ਤੋਂ ਇਲਾਵਾ ਪ੍ਰੋਫੈਸਰ ਰਣਜੀਤ ਸੋਹਲ ਤੇ ਉਸਤਾਦ ਪੀਸੀ ਰਾਉਤ ਨੇ ਜੁਗਲਬੰਦੀ, ਸੁਸ੍ਰੀ ਵਨੀਤਾ ਕਾਲੇ ਰਾਮ ਸਿਤਾਰਵਾਦਨ, ਮਾਸਟਰ ਯੁਵਰਾਜ ਤਬਲਾ ਵਾਦਨ ਦੀ ਪੇਸ਼ਕਾਰੀ ਨੇ ਸਰੋਤਿਆਂ ਨੂੰ ਮੰਤਰ ਮੁਗਧ ਕਰ ਦਿੱਤਾ।ਇਸ ਸੰਗੀਤ ਸਮਾਗਮ ਵਿੱਚ ਭੋਗਪੁਰ ਇਲਾਕੇ ਦੀਆਂ ਨਾਮਵਰ ਸ਼ਖਸ਼ੀਅਤਾਂ ਸੰਜੀਵ ਅਗਰਵਾਲ, ਡਾਕਟਰ ਹਰਪ੍ਰੀਤ ਸਿੰਘ, ਮਾਨ ਸਿੰਘ ਸਮਰਾਟ, ਕੌਂਸਲਰ ਸੁਖਜੀਤ ਸੈਣੀ ,ਯੋਗੇਸ਼ ਕੁਮਾਰ ਫੁਰਤੀ ਆਟੋ, ਸੁਖਦੇਵ ਭੰਗੂ, ਜਸ ਕਲਿਆਣ ਰਾਜ ਕੁਮਾਰ ਸਾਕੀ, ਥਾਣਾ ਮੁਖੀ ਭੋਗਪੁਰ ਰਜੇਸ਼. ਕੁਮਾਰ, ਬਲਵਿੰਦਰ ਸਿੰਘ ਭੰਗੂ, ਮਨਜਿੰਦਰ ਸਿੰਘ, ਲੇਖਕ ਅਤੇ ਗੀਤਕਾਰ ਰਾਣਾ ਭੋਗਪੁਰੀਆ, ਗੀਤਕਾਰ ਅਮਰਦੀਪ ਸਿੰਘ ਪੁਰੀਆ, ਪ੍ਰੋਫੈਸਰ ਕੁਲਵੰਤ ਕੌਰ ਕਲਸੀ, ਡਾਕਟਰ ਚਰਨਜੀਤ ਸਿੰਘ ਤੋਂ ਇਲਾਵਾ ਪੰਜਾਬ ਭਰ ਤੋਂ ਸੰਗੀਤ ਪ੍ਰੇਮੀਆਂ ਨੇ ਆਪਣੀ ਭਰਵੀ ਹਾਜ਼ਰੀ ਲਗਵਾਈ।

# ਸਿੰਗਲ ਯੂਜ਼ ਪਲਾਸਟਿਕ ਖ਼ਿਲਾਫ਼ ਵਿਸ਼ੇਸ਼ ਚੈਕਿੰਗ ਅਭਿਆਨ ਚਲਾਇਆ ਗਿਆ




ਹੁਸ਼ਿਆਰਪੁਰ, 27 ਮਈ (ਪਰਮਿੰਦਰ ਘੁੰਮਣ) :ਪੰਜਾਬ ਪ੍ਰਦੂਸ਼ਨ ਕੰਟਰੋਲ ਬੋਰਡ ਵੱਲੋਂ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ ਅਤੇ ਵਿਕਰੀ ਉੱਪਰ ਪੂਰਨ ਪਾਬੰਦੀ ਲਗਾਈ ਗਈ ਹੈ, ਤਾਂ ਜੋ ਵਾਤਾਵਰਣ ਨੂੰ ਪ੍ਰਦੂਸ਼ਨ ਤੋਂ ਬਚਾਇਆ ਜਾ ਸਕੇ। ਇਸੇ ਮੁਹਿੰਮ ਤਹਿਤ ਨਗਰ ਨਿਗਮ ਹੁਸ਼ਿਆਰਪੁਰ ਵੱਲੋਂ ਸਿੰਗਲ ਯੂਜ਼ ਪਲਾਸਟਿਕ ਖ਼ਿਲਾਫ਼ ਵਿਸ਼ੇਸ਼ ਚੈਕਿੰਗ ਅਭਿਆਨ ਚਲਾਇਆ ਗਿਆ।ਕਮਿਸ਼ਨਰ ਨਗਰ ਨਿਗਮ ਜਯੋਤੀ ਬਾਲਾ (ਮੱਟੂ) ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੈਨੇਟਰੀ ਇੰਸਪੈਕਟਰ ਸੰਜੀਵ ਕੁਮਾਰ ਨਾਹਰ, ਸੈਨੇਟਰੀ ਸੁਪਰਵਾਈਜਰ ਸੂਰਜ ਕੁਮਾਰ ਅਤੇ ਸੈਨੇਟਰੀ ਸੁਪਰਵਾਈਜਰ ਸੰਜੀਵ ਕੁਮਾਰ ਨੇ ਆਪਣੀ ਪੈਟਰੋਲਿੰਗ ਟੀਮ ਸਮੇਤ ਸ਼ਹਿਰ ਦੇ ਮੁੱਖ ਬਾਜ਼ਾਰਾਂ ਅਤੇ ਹੋਰ ਅਹਿਮ ਇਲਾਕਿਆਂ ਵਿੱਚ ਸਵੇਰੇ ਵਿਸ਼ੇਸ਼ ਚੈਕਿੰਗ ਕੀਤੀ।ਚੈਕਿੰਗ ਦੌਰਾਨ ਸਿੰਗਲ ਯੂਜ਼ ਪਲਾਸਟਿਕ ਦੀ ਵਿਕਰੀ ਅਤੇ ਵਰਤੋਂ ਕਰਨ ਵਾਲਿਆਂ ਖ਼ਿਲਾਫ਼ ਕਾਰਵਾਈ ਕਰਦਿਆਂ 2 ਚਲਾਨ ਕੱਟੇ ਗਏ। ਇਸ ਤੋਂ ਇਲਾਵਾ ਮੌਕੇ 'ਤੇ ਹੀ ਲਗਭਗ 45 ਕਿਲੋ ਸਿੰਗਲ ਯੂਜ਼ ਪਲਾਸਟਿਕ ਸਮੱਗਰੀ ਜ਼ਬਤ ਕੀਤੀ ਗਈ।ਕਮਿਸ਼ਨਰ ਨਗਰ ਨਿਗਮ ਨੇ ਸਮੂਹ ਸ਼ਹਿਰਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ ਤੋਂ ਪੂਰੀ ਤਰ੍ਹਾਂ ਪਰਹੇਜ਼ ਕਰਨ

# ਗੁ: ਸ਼ਹੀਦ ਗੰਜ ਸਾਹਿਬ ਲੋਪੋਕੇ ਵਿਖੇ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਮਨਾਇਆ



ਚੋਗਾਵਾਂ, 27 ਮਈ (ਸੁਬੇਗ ਸਿੰਘ ਸੋਨਾ): ਗੁਰਦੁਆਰਾ ਸ਼ਹੀਦ ਗੰਜ ਸਾਹਿਬ ਬਾਬਾ ਤਾਰਾ ਜੀ ਵਿਖੇ ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਐਨ.ਆਰ.ਆਈ. ਵੀਰਾਂ, ਸਮੂਹ ਪਿੰਡ ਤੇ ਇਲਾਕੇ ਦੀਆਂ ਸੰਗਤਾਂ, ਤੇ ਮੁੱਖ ਸੇਵਾਦਾਰ ਬਾਬਾ ਜੋਗਿੰਦਰ ਸਿੰਘ ਤੇ ਕਮੇਟੀ ਮੈਂਬਰਾਂ ਵੱਲੋਂ ਮਨਾਇਆ ਗਿਆ। ਇਸ ਮੌਕੇ ਪਾਠਾਂ ਦੇ ਭੋਗ ਪਾਏ ਗਏ। ਉਪਰੰਤ ਸਜੇ ਸੁੰਦਰ ਦੀਵਾਨ ਵਿੱਚ ਭਾਈ ਸਰਬਜੀਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਗੁਰਚਰਨ ਸਿੰਘ ਬੀਬੀ ਕੌਲਾਂ ਜੀ ਅੰਮ੍ਰਿਤਸਰ, ਭਾਈ ਅਮਰਜੀਤ ਸਿੰਘ ਸਭਰਾ, ਭਾਈ ਕੇਵਲ ਸਿੰਘ ਮਹਿਤਾ, ਭਾਈ ਗੁਰਪ੍ਰੀਤ ਸਿੰਘ ਖਾਲਸਾ ਸੌੜੀਆਂ ਦਾ ਕਵੀਸ਼ਰੀ ਜਥਾ, ਭਾਈ ਗੁਰਭੇਜ ਸਿੰਘ ਚਵਿੰਡਾ ਦੇ ਢਾਡੀ ਜਥੇ ਨੇ ਜੁੜੀ ਸੰਗਤ ਨੂੰ ਕਥਾ ਕੀਰਤਨ ਤੇ ਸੂਰਬੀਰ ਯੋਧਿਆਂ ਦਾ ਗੁਰ ਇਤਿਹਾਸ ਸੁਣਾ ਕੇ ਨਿਹਾਲ ਕੀਤਾ। ਜੋੜ ਮੇਲੇ ਵਿੱਚ ਸ੍ਰੀ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਗ੍ਰੰਥੀ, ਸੰਤ ਹਰਨਾਮ ਸਿੰਘ ਦਮਦਮੀ ਟਕਸਾਲ ਮਹਿਤਾ, ਸੰਤ ਬਾਬਾ ਅਵਤਾਰ ਸਿੰਘ ਸੁਰ ਸਿੰਘ ਵਾਲੇ, ਸੰਤ ਬਾਬਾ ਜੋਗਾ ਸਿੰਘ, ਸੰਤ ਬਾਬਾ ਸਤਨਾਮ ਸਿੰਘ ਗੁਰੂ ਕਾ ਬਾਗ, ਸੰਤ ਬਾਬਾ ਸਤਨਾਮ ਸਿੰਘ ਕਿਲਾ ਅਨੰਦਗੜ੍ਹ, ਸੇਵਾਦਾਰ ਬਾਬਾ ਕੁਲਬੀਰ ਸਿੰਘ ਗੁਰੂ ਕਾ ਬਾਗ ਆਦਿ ਨੇ ਹਾਜ਼ਰੀਆਂ ਭਰੀਆਂ। ਇਸ ਮੌਕੇ ਤੇ ਬਾਬਾ ਜੋਗਿੰਦਰ ਸਿੰਘ ਜੀ ਦੇ ਵੱਲੋਂ ਆਏ ਹੋਏ ਜਥਿਆਂ ਤੇ ਸੰਤਾਂ ਮਹਾਂਪੁਰਸ਼ਾਂ ਤੇ ਹੋਰਨਾ ਨੂੰ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਭੇਂਟ ਕੀਤਾ ਗਿਆ। ਇਸ ਮੌਕੇ ਸਮੂਹ ਸੰਗਤਾਂ ਵੱਲੋਂ ਗੁਰਦੁਆਰਾ ਸਾਹਿਬ ਨੂੰ ਟਰੈਕਟਰ, ਟਰਾਲਾ ਤੇ ਬਲੈਰੋ ਗੱਡੀ ਭੇਂਟ ਕੀਤੀ ਗਈ। ਇਸ ਮੌਕੇ ਸਾਬਕਾ ਵਿਧਾਇਕ ਜਥੇਦਾਰ ਵੀਰ ਸਿੰਘ ਲੋਪੋਕੇ, ਜ਼ਿਲਾ ਦਿਹਾਤੀ ਪ੍ਰਧਾਨ ਰਾਜਵਿੰਦਰ ਰਾਜਾ ਲਦੇਹ, ਸ਼੍ਰੋਮਣੀ ਕਮੇਟੀ ਮੈਂਬਰ ਸੁਰਜੀਤ ਸਿੰਘ ਭਿੱਟੇਵੱਡ, ਪ੍ਰਧਾਨ ਜਰਨੈਲ ਸਿੰਘ, ਗ੍ਰੰਥੀ ਮੇਜਰ ਸਿੰਘ, ਅਵਤਾਰ ਸਿੰਘ, ਬਾਬਾ ਕਰਨਜੀਤ ਸਿੰਘ ਭੋਲਾ, ਅਮਨਜੋਤ ਸਿੰਘ ਲਾਡੀ, ਬਾਬਾ ਹਰਜਾਪ ਸਿੰਘ ਲੋਪੋਕੇ, ਬਾਬਾ ਬੋਹੜ ਰਾਜੂ, ਹਰਦਿਆਲ ਸਿੰਘ ਔਲਖ, ਬਲਜੀਤ ਸਿੰਘ ਆਦਿ ਹਾਜ਼ਰ ਸਨ।

# ਸਪੈਸ਼ਲ ਇੰਨਟੈਂਸਿਵ ਰਵੀਜ਼ਨ ਸਬੰਧੀ 25 ਜੂਨ ਤੋਂ 24 ਜੁਲਾਈ ਤੱਕ ਫਾਰਮ ਭਰਵਾਏ ਜਾਣਗੇ

ਅੰਮ੍ਰਿਤਸਰ/ਜੰਡਿਆਲਾ ਗੁਰੂ, 27 ਮਈ (ਰਾਮ ਸ਼ਰਨਜੀਤ ਸਿੰਘ): ਭਾਰਤ ਚੋਣ ਕਮਿਸ਼ਨ ਵੱਲੋਂ ਪੰਜਾਬ ਰਾਜ ਵਿੱਚ 15 ਜੂਨ 2026 ਤੋਂ ਕਰਵਾਈ ਜਾ ਰਹੀ ਵੋਟਰ ਸੂਚੀਆਂ ਦੀ ਸਪੈਸ਼ਲ ਇੰਨਟੈਂਸਿਵ ਰਵੀਜ਼ਨ (ਐਸ.ਆਈ.ਆਰ) ਦੇ ਸਬੰਧ ਵਿੱਚ ਜ਼ਿਲ੍ਹਾ ਅੰਮ੍ਰਿਤਸਰ ਦੇ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਜ਼ਿਲ੍ਹੇ ਦੇ 11 ਵਿਧਾਨ ਸਭਾ ਚੋਣ ਹਲਕਿਆਂ ਦੇ ਚੋਣਕਾਰ ਰਜਿਸਟਰੇਸ਼ਨ ਅਫ਼ਸਰਾਂ ਅਤੇ ਸਹਾਇਕ ਚੋਣਕਾਰ ਰਜਿਸਟਰੇਸ਼ਨ ਅਫ਼ਸਰਾਂ ਨੂੰ ਹਦਾਇਤ ਕੀਤੀ ਹੈ ਕਿ ਸਪੈਸ਼ਲ ਇੰਨਟੈਂਸਿਵ ਰਵੀਜ਼ਨ-2026 ਦੇ ਅਸਰਦਾਰ ਢੰਗ ਨਾਲ ਲਾਗੂ ਕੀਤਾ ਜਾਵੇ। ਉਨ੍ਹਾਂ ਦੱਸਿਆ ਕਿ ਇਸ ਕਾਰਜ ਲਈ ਜ਼ਿਲ੍ਹੇ ਵਿੱਚ 55 ਵਾਧੂ ਸਹਾਇਕ ਚੋਣਕਾਰ ਰਜਿਸਟਰੇਸ਼ਨ ਅਫ਼ਸਰ, 2 ਸੁਪਰਵਾਈਜ਼ਰ, 5 ਜ਼ਿਲ੍ਹਾ ਲੈਵਲ ਮਾਸਟਰ ਟ੍ਰੇਨਰ ਅਤੇ 2134 ਬੀ.ਐੱਲ.ਓਜ਼ ਲਗਾਏ ਗਏ ਹਨ।ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਸਪੈਸ਼ਲ ਇੰਨਟੈਂਸਿਵ ਰਵੀਜ਼ਨ ਸਬੰਧੀ ਜਾਰੀ ਪ੍ਰੋਗਰਾਮ ਅਨੁਸਾਰ ਬੀ.ਐਲ.ਓਜ਼ ਵੱਲੋਂ 25 ਜੂਨ ਤੋਂ 24 ਜੁਲਾਈ 2026 ਤੱਕ ਘਰ-ਘਰ ਜਾ ਕੇ ਫਾਰਮ ਭਰਵਾਏ ਜਾਣਗੇ।

# ਬਾਬਾ ਬਕਾਲਾ ਸਾਹਿਬ ਵਿਖੇ ਪੰਥਕ ਇਕੱਠ 'ਚ ਨਿਹੰਗ ਜਥੇਬੰਦੀਆਂ ਅਤੇ ਸਿੱਖ ਸੰਪਰਦਾਵਾਂ ਦੇ ਮੁਖੀ ਕਰਨਗੇ ਸ਼ਮੂਲੀਅਤ

## ➤ਸਤਿਕਾਰ ਐਕਟ 'ਚ ਸ਼ਾਮਲ ਮੱਦਾਂ ਨੂੰ ਸਿੱਖ ਭਾਵਨਾਵਾਂ ਅਨੁਸਾਰ ਦੂਰ ਕਰੇ ਸਰਕਾਰ : ਐਡਵੋਕੇਟ ਧਾਮੀ



ਅੰਮ੍ਰਿਤਸਰ, 27 ਮਈ (ਗੁਰਦਿਆਲ ਸਿੰਘ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਅੱਜ ਨਿਹੰਗ ਸਿੰਘਾਂ ਦੀ ਸਿਰਮੌਰ ਜਥੇਬੰਦੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਜਥੇਦਾਰ ਬਾਬਾ ਬਲਬੀਰ ਸਿੰਘ ਨਾਲ ਬਾਬਾ ਬਕਾਲਾ ਸਾਹਿਬ ਵਿਖੇ 31 ਮਈ ਨੂੰ ਰੱਖੀ ਪੰਥਕ ਕਾਨਫਰੰਸ ਦੇ ਸਬੰਧ ਵਿਚ ਮੁਲਾਕਾਤ ਕੀਤੀ ਗਈ। ਇਸ ਮੁਲਾਕਾਤ ਦੌਰਾਨ ਪ੍ਰਧਾਨ ਸਾਹਿਬ ਐਡਵੋਕੇਟ ਧਾਮੀ ਦੇ ਨਾਲ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਜਥੇਦਾਰ ਜਸਮੇਰ ਸਿੰਘ ਲਾਛੜੂ, ਜਥੇਦਾਰ ਭੁਪਿੰਦਰ ਸਿੰਘ ਭਲਵਾਨ, ਜਥੇਦਾਰ ਬਲਤੇਜ ਸਿੰਘ ਖੋਖ ਵੀ ਹਾਜਰ ਸਨ। ਇਸ ਉਪਰੰਤ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਗਏ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਤਿਕਾਰ (ਸੋਧ) ਐਕਟ ਵਿਚ ਸ਼ਾਮਲ ਦਰਜ ਕੁਝ ਮੱਦਾਂ ਬਾਰੇ ਸੰਗਤਾਂ ਦੇ ਵੱਡੇ ਇਤਰਾਜ਼ ਹਨ ਅਤੇ ਕਈ ਤਰ੍ਹਾਂ ਦੇ ਭਰਮ ਭੁਲੇਖੇ ਪੈਦਾ ਹੋ ਰਹੇ, ਜਿਨ੍ਹਾਂ ਨੂੰ ਸਿੱਖ ਭਾਵਨਾਵਾਂ ਅਨੁਸਾਰ ਦੂਰ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਇਸ ਐਕਟ ਵਿਚ ਦਰਜ ਮੱਦਾਂ ਨੂੰ ਹਟਾਉਣ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਆਦੇਸ਼ ਕੀਤੇ ਹੋਏ ਹਨ ਜਿਸ ਤਹਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਆਪਣੇ ਫਰਜ਼ਾਂ ਦੀ ਪਹਿਰੇਦਾਰੀ ਕਰ ਰਹੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਗੁਰਦੁਆਰਾ ਬਾਬਾ ਬਕਾਲਾ ਸਾਹਿਬ ਵਿਖੇ 31 ਮਈ ਨੂੰ ਵਿਸ਼ਾਲ ਪੰਥਕ ਇਕੱਠ ਸੱਦਿਆ ਗਿਆ ਤਾਂ ਜੋ ਪੰਥਕ ਇਕੱਠ ਵਿਚ ਸਮੂਹ ਸਿੱਖ ਜਥੇਬੰਦੀਆਂ, ਦਮਦਮੀ ਟਕਸਾਲ, ਨਿਹੰਗ ਸਿੰਘ ਦਲਾਂ, ਨਿਰਮਲੇ, ਉਦਾਸੀ ਸੰਪਰਦਾ, ਕਾਰ ਸੇਵਾ ਵਾਲੇ ਮਹਾਂਪੁਰਸ਼ਾਂ ਤੇ ਸਮੂਹ ਸਿੱਖ ਫੈਡਰੇਸ਼ਨਾਂ ਦੀ ਭਰਵੀਂ ਸ਼ਮੂਲੀਅਤ ਨਾਲ ਸਾਂਝਾ ਗੁਰਮਤਾ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਜੋ ਮੱਦਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ ਵਿਚ ਸਰਕਾਰ ਵੱਲੋਂ ਲਿਆਂਦਾ ਗਿਆ ਉਹ ਗੁਰਮਤਿ ਦੇ ਅਨੁਕੂਲ ਨਹੀਂ ਹਨ। ਐਡਵੋਕੇਟ ਧਾਮੀ ਨੇ ਕਿਹਾ ਕਿ ਜਦੋਂ ਵੀ ਸਮੇਂ ਸਮੇਂ 'ਤੇ ਕਾਨੂੰਨ ਅੰਦਰ ਸੋਧ ਹੋਈ ਉਸ ਸਮੇਂ ਸਿਰਮੌਰ ਸੰਸਥਾ ਵੱਲੋਂ ਮਤਾ ਪਾਸ ਕੀਤਾ ਜਾਂਦਾ ਰਿਹਾ, ਪ੍ਰੰਤੂ ਹੁਣ ਸਰਕਾਰ ਸੋਧ ਕਾਨੂੰਨ ਅੰਦਰ ਅਜਿਹੀਆਂ ਮੱਦਾਂ ਲੈ ਕੇ ਆਈ ਹੈ, ਜੋ ਸਿੱਖ ਕੌਮ ਦੀਆਂ ਭਾਵਨਾਵਾਂ ਦੇ ਅਨੁਕੂਲ ਨਹੀਂ ਹਨ ਅਤੇ ਸਿੱਖ ਸਿਧਾਂਤਾਂ ਦੀ ਤਰਜ਼ਮਾਨੀ ਨਹੀਂ ਹੋ ਪਾ ਰਹੀ ਹੈ। ਉਨ੍ਹਾਂ ਕਿਹਾ ਕਿ ਬੇਅਦਬੀ ਕਰਨ ਵਾਲਿਆਂ ਨੂੰ ਸਖਤ ਸ਼ਜ਼ਾਵਾਂ ਮਿਲਣੀਆਂ ਚਾਹੀਦੀਆਂ ਹਨ, ਜਿਸ 'ਤੇ ਕਿਸੇ ਵੀ ਤਰ੍ਹਾਂ ਦਾ ਕੋਈ ਇਤਰਾਜ਼ ਨਹੀਂ ਕੀਤਾ ਜਾ ਰਿਹਾ ਹੈ, ਪ੍ਰੰਤੂ ਸਰਕਾਰ ਨੂੰ ਸੋਧ ਕਾਨੂੰਨ ਅੰਦਰ ਲਿਆਂਦੀਆਂ ਮਦਾਂ ਨੂੰ ਦੂਰ ਕਰਨ ਲਈ ਸਿੱਖ ਕੌਮ ਦੀਆਂ ਭਾਵਨਾਵਾਂ ਦੀ ਅਣਦੇਖੀ ਨਹੀਂ ਕਰਨੀ ਚਾਹੀਦੀ। ਉਨ੍ਹਾਂ ਕਿਹਾ ਕਿ ਕਿਸੇ ਵੀ ਤਰ੍ਹਾਂ ਦੇ ਟਕਰਾਅ ਦਾ ਸਵਾਲ ਨਹੀਂ ਬਲਕਿ ਸ੍ਰੀ ਅਕਾਲ ਤਖਤ ਸਾਹਿਬ ਦੀ ਮਰਿਆਦਾ ਨੂੰ ਸੰਗਤਾਂ ਵਿਚ ਇਨ ਬਿਨ ਲਾਗੂ ਕਰਵਾਉਣਾ ਵੀ ਵੱਡੀ ਜ਼ਿੰਮੇਵਾਰੀ ਹੈ। ਇਸ ਮੌਕੇ ਬੁੱਢਾ ਦਲ ਦੇ ਮੁਖੀ ਜਥੇਦਾਰ ਬਾਬਾ ਬਲਬੀਰ ਸਿੰਘ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਦਿੱਤੇ ਸੱਦੇ ਨੂੰ ਸਵੀਕਾਰ ਕਰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ 31 ਮਈ ਦੀ ਬਾਬਾ ਬਕਾਲਾ ਸਾਹਿਬ ਵਿਖੇ ਹੋਣ ਜਾ ਰਹੀ ਪੰਥਕ ਕਾਨਫਰੰਸ ਵਿਚ ਉਹ ਨਿਹੰਗ ਜਥੇਬੰਦੀਆਂ ਦੇ ਮੁਖੀਆਂ ਨੂੰ ਲੈ ਕੇ ਪਹੁੰਚਣਗੇ ਤਾਂ ਜੋ ਸਰਕਾਰ ਵੱਲੋਂ ਲਿਆਂਦੇ ਗਏ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਤਿਕਾਰ ਐਕਟ ਵਿਚ ਸ਼ਾਮਲ ਮੱਦਾਂ 'ਤੇ ਦੀਰਘ ਵਿਚਾਰਾਂ ਤੋਂ ਬਾਅਦ ਸੰਗਤੀ ਰੂਪ ਵਿਚ ਸਾਂਝਾ ਗੁਰਮਤਾ ਕੀਤਾ ਜਾ ਸਕੇ।

# 31 ਮਈ ਦੀ ਪੰਥਕ ਕਾਨ.ਫਰੰਸ ਦਾ ਹਿੱਸਾ ਬਣਨ ਸਮੂਹ ਸਿੱਖ ਜਥੇਬੰਦੀਆਂ : ਕਾਹਲਵਾਂ



ਅੰਮ੍ਰਿਤਸਰ, 27 ਮਈ : (ਗੁਰਦਿਆਲ ਸਿੰਘ) :ਪੰਜਾਬ ਸਰਕਾਰ ਵੱਲੋਂ "ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ 2026" ਵਿੱਚ ਸਿੱਖ ਭਾਵਨਾਵਾਂ ਵਿਰੁੱਧ ਦਰਜ ਮੱਦਾਂ ਅਤੇ ਸ਼ਬਦਾਵਲੀ ਨੂੰ ਲੈ ਕੇ ਪੰਥਕ ਭਾਵਨਾਵਾਂ ਦੀ ਤਰਜਮਾਨੀ ਕਰਦਿਆਂ ਕੌਮੀ ਇਕਜੁੱਟਤਾ ਦਾ ਪ੍ਰਗਟਾਵਾ ਕਰਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 31 ਮਈ 2026 ਨੂੰ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ, ਬਾਬਾ ਬਕਾਲਾ ਸਾਹਿਬ ਵਿਖੇ ਕਰਵਾਈ ਜਾ ਰਹੀ ਹੈ। ਇਸ ਪੰਥਕ ਕਾਨਫਰੰਸ ਵਿਚ ਹਰ ਸੁਹਿਰਦ ਸਿੱਖ ਅਤੇ ਜਥੇਬੰਦੀ ਨੂੰ ਆਪਣੀ ਸ਼ਮੂਲੀਅਤ ਯਕੀਨੀ ਬਣਾਉਣੀ ਚਾਹੀਦੀ ਹੈ। ਇਸ ਸਬੰਧੀ ਜਾਰੀ ਪ੍ਰੈੱਸ ਬਿਆਨ ਰਾਹੀਂ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਨੇ ਕਿਹਾ ਕਿ ਇਸ ਗੰਭੀਰ ਪੰਥਕ ਮਾਮਲੇ ਸਬੰਧੀ ਕੌਮ ਦੀਆਂ ਜਥੇਬੰਦੀਆਂ, ਸਿੱਖ ਵਿਦਵਾਨਾਂ ਅਤੇ ਸੁਹਿਰਦ ਸਿੱਖਾਂ ਵੱਲੋਂ ਵੱਡੀਆਂ ਚਿੰਤਾਵਾਂ ਪ੍ਰਗਟ ਕੀਤੀਆਂ ਗਈਆਂ ਹਨ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਕੌਮ ਦੀਆਂ ਭਾਵਨਾਵਾਂ ਦੇ ਮੱਦੇਨਜ਼ਰ ਸਮੁੱਚੀਆਂ ਸਿੱਖ ਜਥੇਬੰਦੀਆਂ ਨਾਲ ਵਿਚਾਰ ਕਰਨ ਲਈ ਇਹ ਪੰਥਕ ਇਕੱਠ ਬੁਲਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਬੇਅਦਬੀਆਂ ਦੇ ਦੋਸ਼ੀਆਂ ਨੂੰ ਸਜ਼ਾਵਾਂ ਦੇਣ ਦੇ ਨਾਂ 'ਤੇ ਇਸ ਐਕਟ ਵਿਚ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਕਾਂ ਅਤੇ ਸੇਵਕਾਂ ਨੂੰ ਹੀ ਦੋਸ਼ੀ ਵਜੋਂ ਪੇਸ਼ ਕਰਕੇ ਸਿੱਖਾਂ ਨੂੰ ਗੁਰਬਾਣੀ ਨਾਲੋਂ ਤੋੜਨ ਦੀ ਵੱਡੀ ਸਾਜ਼ਿਸ਼ ਮਹਿਸੂਸ ਹੁੰਦੀ ਹੈ, ਜਿਸ ਨੂੰ ਕੌਮ ਵੱਲੋਂ ਕਦੇ ਵੀ ਪ੍ਰਵਾਨ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਹਰ ਸਿੱਖ ਦਾ ਫ਼ਰਜ਼ ਹੈ ਕਿ ਸਰਕਾਰਾਂ ਦੀ ਇਸ ਸਾਜ਼ਿਸ਼ ਨੂੰ ਸਮਝੇ ਅਤੇ ਇਸ ਐਕਟ ਵਿਚ ਪੰਥਕ ਭਾਵਨਾਵਾਂ ਅਨੁਸਾਰ ਸੋਧ ਕਰਵਾਉਣ ਲਈ ਆਪਣਾ ਬਣਦਾ ਯੋਗਦਾਨ ਪਾਵੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਸ ਪੰਥਕ ਕਾਨ.ਫਰੰਸ ਲਈ ਸਿੱਖ ਕੌਮ ਦੀਆਂ ਸਮੂਹ ਪੰਥਕ ਜਥੇਬੰਦੀਆਂ, ਦਮਦਮੀ ਟਕਸਾਲ, ਨਿਹੰਗ ਸਿੰਘ ਦਲਾਂ, ਸਿੱਖ ਸੰਸਥਾਵਾਂ, ਸਿੰਘ ਸਭਾਵਾਂ, ਦੀਵਾਨਾਂ, ਸਿੱਖ ਫੈਡਰੇਸ਼ਨਾਂ, ਸਭਾ ਸੁਸਾਇਟੀਆਂ, ਉਦਾਸੀ, ਨਿਰਮਲੇ, ਕਾਰਸੇਵਾ ਵਾਲੇ ਮਹਾਂਪੁਰਸ਼, ਸੇਵਾ ਪੰਥੀ ਸੰਪ੍ਰਦਾਵਾਂ, ਗੁਰਦੁਆਰਾ ਕਮੇਟੀਆਂ, ਸਿੱਖ ਵਿਦਵਾਨਾਂ ਤੇ ਬੁੱਧੀਜੀਵੀਆਂ ਨੂੰ ਸੱਦਾ ਪੱਤਰ ਭੇਜੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਹਰ ਸੁਹਿਰਦ ਸਿੱਖ ਨੂੰ ਵੀ ਇਸ ਕੌਮੀ ਇਕੱਠ ਦਾ ਹਿੱਸੇਦਾਰ ਜ਼ਰੂਰ ਬਣਨਾ ਚਾਹੀਦਾ ਹੈ, ਤਾਂ ਜੋ ਸਰਕਾਰਾਂ ਦੀ ਸਿੱਖ ਸੰਸਥਾਵਾਂ ਵਿਚ ਬੇਲੋੜੀ ਦਖ਼ਲਅੰਦਾਜ਼ੀ ਨੂੰ ਰੋਕਿਆ ਜਾ ਸਕੇ।

# ਰਾਮ ਰਹੀਮ ਨੂੰ ਵਾਰ-ਵਾਰ ਪਰੋਲ ਦੇਣ ਦਾ ਦਮਦਮੀ ਟਕਸਾਲ ਵੱਲੋਂ ਤਿੱਖਾ ਵਿਰੋਧ

## *ਬੰਦੀ ਸਿੰਘਾਂ ਨਾਲ ਹੋ ਰਿਹਾ ਦੋਹਰਾ ਵਤੀਰਾ: ਗਿਆਨੀ ਰਾਮ ਸਿੰਘ*



ਅੰਮ੍ਰਿਤਸਰ, 27 ਮਈ (ਬਬਲੂ ਮਹਾਜਨ): ਦਮਦਮੀ ਟਕਸਾਲ ਦੇ ਮੁਖੀ ਗਿਆਨੀ ਰਾਮ ਸਿੰਘ ਖਾਲਸਾ ਭਿੰਡਰਾਂਵਾਲੇ ਨੇ ਡੇਰਾ ਸਿਰਸਾ ਮੁਖੀ ਗੁਰਮੀਤ ਰਾਮ ਰਹੀਮ ਸਿੰਘ ਨੂੰ ਵਾਰ-ਵਾਰ ਪਰੋਲ ਦਿੱਤੇ ਜਾਣ ਦੀ ਕਰੜੇ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਇੱਕ ਪਾਸੇ ਸਰਕਾਰਾਂ ਵੱਲੋਂ ਬਲਾਤਕਾਰ ਦੇ ਮਾਮਲਿਆਂ ਵਿੱਚ ਸਜ਼ਾ ਕੱਟ ਰਹੇ ਡੇਰਾ ਮੁਖੀ ਨੂੰ ਲਗਾਤਾਰ ਪਰੋਲ ਦਿੱਤੀ ਜਾ ਰਹੀ ਹੈ, ਜਦਕਿ ਦੂਜੇ ਪਾਸੇ ਸਾਲਾਂ ਤੋਂ ਜੇਲ੍ਹਾਂ ਵਿੱਚ ਬੰਦ ਬੰਦੀ ਸਿੰਘਾਂ ਅਤੇ ਅੰਮ੍ਰਿਤਪਾਲ ਸਿੰਘ ਨੂੰ ਨਾ ਤਾਂ ਪਰੋਲ ਦਿੱਤੀ ਜਾ ਰਹੀ ਹੈ ਅਤੇ ਨਾ ਹੀ ਰਿਹਾਈ ਸਬੰਧੀ ਕੋਈ ਫੈਸਲਾ ਲਿਆ ਜਾ ਰਿਹਾ ਹੈ।ਗਿਆਨੀ ਰਾਮ ਸਿੰਘ ਖਾਲਸਾ ਨੇ ਕਿਹਾ ਕਿ ਇਹ ਸਿੱਖ ਕੌਮ ਨਾਲ ਵੱਡਾ ਧੱਕਾ ਅਤੇ ਦੋਹਰਾ ਮਾਪਦੰਡ ਸਰਕਾਰਾਂ ਕਰਦੀਆਂ ਆ ਰਹੀਆਂ। ਉਨ੍ਹਾਂ ਦੋਸ਼ ਲਗਾਇਆ ਕਿ ਸਰਕਾਰਾਂ ਵੱਲੋਂ ਇੱਕ ਖਾਸ ਵਰਗ ਨੂੰ ਰਾਹਤ ਦਿੱਤੀ ਜਾ ਰਹੀ ਹੈ, ਜਦਕਿ ਸਿੱਖ ਬੱਚਿਆਂ ਦੀ ਰਿਹਾਈ ਦੇ ਮਾਮਲੇ ਨੂੰ ਲਗਾਤਾਰ ਅਣਡਿੱਠਾ ਕੀਤਾ ਜਾਂਦਾ। ਉਨ੍ਹਾਂ ਕਿਹਾ ਕਿ ਬੰਦੀ ਸਿੰਘ ਤਾਂ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ, ਫਿਰ ਵੀ ਉਹ ਅੱਜ ਤੱਕ ਜੇਲ੍ਹਾਂ ਵਿੱਚ ਬੰਦ ਹਨ, ਜੋ ਕਿ ਇਨਸਾਫ ਦੇ ਮੂਲ ਸਿਧਾਂਤਾਂ ਦੇ ਖ਼ਿਲਾਫ਼ ਹੈ।ਉਨ੍ਹਾਂ ਕਿਹਾ ਕਿ ਸਿੱਖ ਜਥੇਬੰਦੀਆਂ ਅਤੇ ਪੰਥਕ ਧਿਰਾਂ ਵੱਲੋਂ ਲੰਮੇ ਸਮੇਂ ਤੋਂ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਕੀਤੀ ਜਾ ਰਹੀ ਹੈ, ਪਰ ਸਰਕਾਰਾਂ ਇਸ ਮਾਮਲੇ ਵਿੱਚ ਕੋਈ ਗੰਭੀਰਤਾ ਨਹੀਂ ਵਿਖਾ ਰਹੀਆਂ। ਬਾਬਾ ਜੀ ਨੇ ਕਿਹਾ ਕਿ ਜੇਕਰ ਸਰਕਾਰ ਸੱਚਮੁੱਚ ਇਨਸਾਫ ਪਸੰਦ ਹੁੰਦੀ ਤਾਂ ਸਭ ਲਈ ਇੱਕੋ ਜਿਹਾ ਕਾਨੂੰਨ ਮੰਨਦੀ। ਹਿੰਦੋਸਤਾਨ ਦੀ ਸਰਕਾਰ ਅਤੇ ਪੰਜਾਬ ਸਰਕਾਰ ਸਿੱਖਾਂ ਨਾਲ ਕਿਸ ਪੱਖ ਤੋਂ ਹਮਦਰਦੀ ਦਾ ਨਾਟਕ ਕਰਦੀ ਹੈ, ਜਦ ਕੇ ਢੀਡੋਂ ਨਫ਼ਰਤ ਦਾ ਬੀਜ ਬੋਈ ਬੈਠੀ ਹੈ।ਉਨ੍ਹਾਂ ਚੇਤਾਵਨੀ ਦਿੰਦਿਆਂ ਕਿਹਾ ਕਿ ਜੇ ਬੰਦੀ ਸਿੰਘਾਂ ਅਤੇ ਭਾਈ ਅੰਮ੍ਰਿਤਪਾਲ ਸਿੰਘ ਦੇ ਮਾਮਲੇ 'ਤੇ ਜਲਦ ਕੋਈ ਨਿਆਂਪੂਰਨ ਫੈਸਲਾ ਨਾ ਲਿਆ ਗਿਆ ਤਾਂ ਸਿੱਖ ਸੰਸਥਾਵਾਂ ਦਾ ਸੰਘਰਸ਼ ਹੋਰ ਤੇਜ਼ੀ ਫੜੇਗਾ।

# ਗੁ. ਸ਼ਹੀਦ ਗੰਜ ਸਾਹਿਬ ਵਿਖੇ ਸ਼ਾਰਟ ਸਰਕਟ ਕਾਰਨ ਲੱਗੀ ਅੱਗ



ਅੰਮ੍ਰਿਤਸਰ, 27 ਮਈ (ਬਬਲੂ ਮਹਾਜਨ) :ਗੁਰਦੁਆਰਾ ਸ਼ਹੀਦ ਗੰਜ ਸਾਹਿਬ ਬਾਬਾ ਦੀਪ ਸਿੰਘ ਜੀ ਸ਼ਹੀਦ ਵਿਖੇ ਬਿਜਲੀ ਦੇ ਸ਼ਾਰਟ ਸਰਕਟ ਕਾਰਨ ਅੱਗ ਲੱਗ ਗਈ। ਸੰਗਤ ਦੀ ਆਮਦ ਘੱਟ ਹੋਣ ਕਾਰਨ ਭਾਵੇਂ ਇਸ ਨਾਲ ਸੰਗਤ ਦਾ ਕੋਈ ਨੁਕਸਾਨ ਨਹੀਂ ਹੋਇਆ, ਪਰ ਗੁਰਦੁਆਰਾ ਕੰਪਲੈਕਸ ਵਿਚ ਲੱਗੇ ਸ਼ਮਿਆਨੇ ਅਤੇ ਪੱਖਿਆਂ ਤੇ ਕੂਲਰਾਂ ਨੂੰ ਭਾਰੀ ਨੁਕਸਾਨ ਪਹੁੰਚਿਆ। ਪ੍ਰਬੰਧਕਾਂ ਤੇ ਸੰਗਤਾਂ ਨੇ ਤੁਰੰਤ ਪਾਣੀ ਅਤੇ ਅੱਗ ਬੁਝਾਓ ਜੰਤਰਾਂ ਦੇ ਨਾਲ ਅੱਗ 'ਤੇ ਕਾਬੂ ਪਾਇਆ। ਪਰ ਉਸ ਸਮੇਂ ਤੱਕ ਕੁਝ ਚਾਨਣੀਆਂ ਅਤੇ ਪੱਖੇ ਅੱਗ ਦੀ ਚਪੇਟ ਵਿਚ ਆ ਗਏ ਸਨ। ਇਸ ਮੌਕੇ ਸੜੀਆਂ ਹੋਈਆਂ ਚਾਨਣੀਆਂ ਅਤੇ ਪੱਖੇ ਬਦਲ ਕੇ ਨਵੀਆਂ ਚਾਨਣੀਆਂ ਲਗਾ ਦਿੱਤੀਆਂ ਗਈਆਂ ਹਨ। ਜਿਥੇ ਜਿਥੇ ਅੱਗ ਕਾਰਨ ਰੰਗ ਰੋਗਣ ਕਾਲਾ ਪੈ ਗਿਆ ਸੀ, ਉਸ ਨੂੰ ਵੀ ਤੁਰੰਤ ਰੰਗ ਕਰ ਦਿੱਤਾ ਗਿਆ। ਇੱਥੇ ਇਹ ਵੀ ਦੱਸਣਯੋਗ ਹੈ ਕਿ ਬੀਤੇ ਐਤਵਾਰ ਨੂੰ ਚੱਲ ਰਹੀ ਲੰਗਰ ਇਮਾਰਤ ਦੀ ਉਸਾਰੀ ਤੋਂ ਲੈਂਟਰ ਦੀ ਸ਼ਟਰਿੰਗ ਡਿੱਗਣ ਕਾਰਨ ਦੋ ਔਰਤਾਂ ਦੀ ਮੌਤ ਅਤੇ ਕਈ ਜ਼ਖਮੀ ਹੋ ਗਈਆਂ ਸਨ। ਇਸ ਹਫਤੇ ਦਾ ਇਹ ਦੂਸਰਾ ਹਾਦਸਾ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਵਿਖੇ ਵਾਪਰਿਆ ਹੈ।ਇਥੇ ਇਹ ਵੀ ਦਸਣਯੋਗ ਹੈ ਕਿ ਪ੍ਰਬੰਧਕਾਂ ਅਨੁਸਾਰ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਬਾਬਾ ਦੀਪ ਸਿੰਘ ਜੀ ਸ਼ਹੀਦ ਵਿਖੇ ਹਰ ਐਤਵਾਰ ਨੂੰ ਸਵੇਰ ਤੋਂ ਸ਼ਾਮ ਤੱਕ ਚੋਪਹਿਰਾ ਸਾਹਿਬ ਵਿਚ ਹਾਜਰੀ ਭਰਨ ਲਈ 2 ਲੱਖ ਦੇ ਕਰੀਬ ਸੰਗਤਾਂ ਦੂਰ-ਦੂਰ ਤੋਂ ਪਹੁੰਚਦੀਆਂ ਹਨ। ਸੰਗਤਾਂ ਦੀ ਵੱਡੀ ਆਮਦ ਦੇ ਚੱਲਦਿਆਂ ਪ੍ਰਬੰਧਕਾਂ ਦੇ ਹੱਥ ਖੜੇ ਹੱਥ ਜਾਂਦੇ ਹਨ। ਸੰਗਤਾਂ ਸੜਕਾਂ, ਬਜਾਰਾਂ, ਗਲੀਆਂ ਵਿਚ ਹੀ ਬਿਨਾਂ ਕਿਸੇ ਦਰੀਆਂ, ਸ਼ਮਿਆਨੇ, ਪੱਖਿਆਂ ਆਦਿ ਦੀ ਸਹੂਲਤ ਤੋਂ ਹਾਜਰੀ ਭਰਦੀਆਂ ਹਨ। ਗੁਰਦੁਆਰਾ ਸਾਹਿਬ ਦੇ ਮੈਨੇਜਰ ਜਤਿੰਦਰਪਾਲ ਸਿੰਘ ਨੇ ਕਿਹਾ ਕਿ ਬਿਜਲੀ ਦੇ ਸ਼ਾਰਟ ਸਰਕਟ ਕਰਕੇ ਇਹ ਅੱਗ ਲੱਗੀ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦਾ ਕੋਈ ਹੋਰ ਹਾਦਸਾ ਨਾ ਵਾਪਰੇ ਉਸ ਲਈ ਵੀ ਯੋਗ ਪ੍ਰਬੰਧ ਕੀਤੇ ਜਾਣਗੇ। ਉਨਹਾਂ ਕਿਹਾ ਕਿ ਆਮ ਦਿਨਾਂ ਵਿਚ ਸੰਗਤ ਦੀ ਆਮਦ ਘੱਟ ਹੁੰਦੀ ਹੈ, ਐਤਵਾਰ ਨੂੰ ਸਵੇਰ ਤੋਂ ਸ਼ਾਮ ਤੱਕ ਚੋਪਹਿਰਾ ਸਾਹਿਬ ਵਿਚ ਹਾਜਰੀ ਭਰਨ ਲਈ 2 ਲੱਖ ਦੇ ਕਰੀਬ ਸੰਗਤਾਂ ਦੂਰ-ਦੂਰ ਤੋਂ ਪਹੁੰਚਦੀਆਂ ਹਨ।

# ਖ਼ਾਲਸਾ ਕਾਲਜ ਐਜੂਕੇਸ਼ਨ ਬਣਿਆ ਖ਼ਾਲਸਾ ਕਾਲਜ ਰਣਜੀਤ ਐਵੀਨਿਊ

## *ਭਾਰਤ ਸਰਕਾਰ ਦੀ 'ਐਜੂਕੇਸ਼ਨ ਪਾਲਿਸੀ-2020' ਤਹਿਤ ਡਿਗਰੀ ਕਾਲਜ 'ਚ ਤਬਦੀਲ ਹੋਣ ਵਾਲਾ ਸੂਬੇ ਦਾ ਪਹਿਲਾ ਕਾਲਜ*




ਅੰਮ੍ਰਿਤਸਰ, 27 ਮਈ ਬਬਲੂ ਮਹਾਜਨ): ਗੁਰੂ ਨਗਰੀ ਦੇ ਕੇਂਦਰੀ ਖੇਤਰ ਰਣਜੀਤ ਐਵੀਨਿਊ ਵਿਖੇ 136 ਸਾਲਾ ਪੁਰਾਤਨ ਇਤਿਹਾਸਕ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੁਆਰਾ ਅਧਿਆਪਕ ਕਿੱਤੇ ਨਾਲ ਸਬੰਧਿਤ ਸਿੱਖਿਆ ਪ੍ਰਦਾਨ ਕਰਨ ਦੇ ਮਕਸਦ ਤਹਿਤ ਸਾਲ 2005 'ਚ ਸਥਾਪਿਤ ਕੀਤੀ ਗਈ ਗਈ ਵਿੱਦਿਅਕ ਸੰਸਥਾ ਖ਼ਾਲਸਾ ਕਾਲਜ ਆਫ਼ ਐਜੂਕੇਸ਼ਨ, ਰਣਜੀਤ ਐਵੀਨਿਊ ਨੂੰ ਉੱਚ ਸਿੱਖਿਆ ਵਿਭਾਗ, ਪੰਜਾਬ ਅਤੇ ਨੈਸ਼ਨਲ ਕੌਂਸਲ ਫ਼ਾਰ ਟੀਚਰ ਐਜੂਕੇਸ਼ਨ ਵੱਲੋਂ ਨਾਮ ਤਬਦੀਲ ਕਰਕੇ ਹੁਣ 'ਖ਼ਾਲਸਾ ਕਾਲਜ, ਰਣਜੀਤ ਐਵੀਨਿਊ' ਦੀ ਮੰਜ਼ੂਰੀ ਦੇ ਦਿੱਤੀ ਗਈ ਹੈ। ਜਿਸ ਕਾਰਨ ਇਹ ਸੂਬੇ ਭਰ ਦਾ ਪਹਿਲਾ ਬੀ.ਐਡ. ਕਾਲਜ ਹੈ, ਜੋ ਭਾਰਤ ਸਰਕਾਰ ਦੀ ਨਵੀਂ 'ਐਜੂਕੇਸ਼ਨ ਪਾਲਿਸੀ-2020' ਤਹਿਤ ਡਿਗਰੀ ਕਾਲਜ 'ਚ ਤਬਦੀਲ ਹੋਇਆ ਹੈ। ਜਿਸ ਕਾਰਨ ਨਵੇਂ ਨਾਮ ਨਾਲ ਕਾਲਜ ਦੀ ਪਛਾਣ ਹੋਰ ਮਜ਼ਬੂਤ ਹੋਵੇਗੀ ਅਤੇ ਇਹ ਖਾਲਸਾ ਪ੍ਰੰਪਰਾ, ਅਕਾਦਮਿਕ ਮਿਆਰ ਅਤੇ ਸੰਸਥਾ ਦੀ ਵਿਸ਼ਾਲ ਵਿਰਾਸਤ ਨੂੰ ਹੋਰ ਵਧੇਰੇ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਏਗਾ।ਇਸ ਸਬੰਧੀ ਪ੍ਰਮਾਤਮਾ ਦਾ ਓਟ ਆਸਰਾ ਲੈਂਦਿਆਂ ਕਾਲਜ ਦੇ ਨਾਮਕਰਨ ਦੀ ਰਸਮ ਨਿਭਾਉਣ ਲਈ ਧਾਰਮਿਕ ਸਮਾਰੋਹ 'ਚ ਪੁੱਜੇ ਖ਼ਾਲਸਾ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਕਿਹਾ ਕਿ 'ਖ਼ਾਲਸਾ ਕਾਲਜ' ਨਾਮ ਖ਼ੁਦ 'ਚ ਸਿੱਖਿਆ, ਅਨੁਸ਼ਾਸਨ, ਨੈਤਿਕਤਾ ਅਤੇ ਸਮਾਜ ਸੇਵਾ ਦਾ ਪ੍ਰਤੀਕ ਹੈ, ਜਿਸ ਨਾਲ ਜੁੜਨਾ ਹਰੇਕ ਵਿਦਿਆਰਥੀ ਲਈ ਮਾਣ ਦੀ ਗੱਲ ਹੈ।ਉਨ੍ਹਾਂ ਕਿਹਾ ਕਿ ਕਾਲਜ ਵਿਖੇ ਪਹਿਲਾਂ ਵਿਦਿਆਰਥੀਆਂ ਦੇ ਪੇਸ਼ੇਵਰ ਅਤੇ ਸ਼ਖਸੀਅਤ ਵਿਕਾਸ 'ਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹੋਏ ਬੀ. ਐਡ., ਐਮ.ਐਡ., ਆਈ. ਟੀ. ਈ. ਪੀ (ਬੀ.ਏ.-ਬੀ.ਐਡ.), ਆਈ. ਟੀ. ਈ. ਪੀ (ਬੀ.ਐਸ. ਸੀ.-ਬੀ.ਐਡ.) ਅਤੇ 3 ਸਾਲਾ ਬੀ.ਐਡ.-ਐੱਮ. ਐੱਡ. ਇੰਟੀਗ੍ਰੇਟਿਡ ਦੀ ਪੜ੍ਹਾਈ ਪ੍ਰਦਾਨ ਕਰ ਰਿਹਾ ਹੈ ਹੁਣ ਕਾਲਜ ਦਾ ਨਾਮ ਬਦਲਣ ਨਾਲ ਵਿਦਿਆਰਥੀ ਬੀ.ਏ., ਬੀ.ਕਾਮ. ਅਤੇ ਬੀ.ਐੱਸ.ਸੀ., ਪੀ.ਜੀ.ਡੀ.ਸੀ.ਏ.(ਟੀ.ਈ.) ਵਰਗੇ ਕੋਰਸ ਤੇ ਹੋਰ ਵਿਸ਼ਿਆਂ ਦੀ ਵਿੱਦਿਆ ਹਾਸਲ ਕਰ ਸਕਣਗੇ। ਉਨ੍ਹਾਂ ਕਿਹਾ ਕਿ ਗਵਰਨਿੰਗ ਕੌਂਸਲ ਵਿਦਿਆਰਥੀਆਂ ਦੇ ਬੌਧਿਕ, ਤਕਨੀਕੀ ਤੇ ਸਮਾਜਿਕ ਹੁਨਰਾਂ ਨੂੰ ਵਧਾਉਣ ਅਤੇ ਉਨ੍ਹਾਂ ਦੇ ਸੰਪੂਰਨ ਵਿਕਾਸ ਲਈ ਯੋਗਦਾਨ ਪਾਉਣ ਸਬੰਧੀ ਹਮੇਸ਼ਾਂ ਤੱਤਪਰ ਹੈ।

# ਸਿਲਵਰ ਓਕ ਸਕੂਲ ਵਿੱਚ ਭਾਰਤੀ ਭਾਸ਼ਾ ਸਮਰ ਕੈਂਪ ਦੌਰਾਨ ਬੱਚਿਆਂ ਨੇ ਕੀਤੀਆਂ ਮਨੋਰੰਜਕ ਗਤੀਵਿਧੀਆਂ




ਟਾਂਡਾ ਉੜਮੁੜ, 27 ਮਈ (ਅਰਜੁਨ ਜੈਨ): ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਾਹਬਾਜ਼ਪੁਰ ਦੇ ਵਿੱਚ ਸੀਬੀਐਸਈ ਬੋਰਡ ਵੱਲੋਂ ਦਿੱਤੇ ਨਿਰਦੇਸ਼ਾਂ ਅਨੁਸਾਰ ਭਾਰਤੀ ਭਾਸ਼ਾ ਸਮਰ ਕੈਂਪ 2026 ਦਾ ਦੂਸਰਾ ਦਿਨ ਬੜੀਆਂ ਮਨੋਰੰਜਕ ਗਤੀਵਿਧੀਆਂ ਨਾਲ ਸਮਾਪਤ ਹੋਇਆ।ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮਨੀਸ਼ਾ ਸੰਗਰ ਦੀ ਅਗਵਾਈ ਵਿੱਚ ਸਕੂਲ ਦੇ ਸੀਸੀਏ ਵਿਭਾਗ ਦੇ ਕੋਆਰਡੀਨੇਟਰ ਬਲਜੀਤ ਕੌਰ, ਸੁਮਿਤ ਕੌਰ ਅਤੇ ਅਧਿਆਪਕ ਪ੍ਰਭਜੀਤ ਕੌਰ ਨੇ ਬੱਚਿਆਂ ਦੀਆਂ ਵੱਖ ਵੱਖ ਤਰੀਕੇ ਦੀਆਂ ਗਤੀਵਿਧੀਆਂ ਆਯੋਜਿਤ ਕੀਤੀਆਂ। ਜਿਨਾਂ ਦੇ ਵਿੱਚ ਰੋਜ਼ਮਰਾ ਦੇ ਸਮਾਜ ਵਿੱਚ ਕੀਤੇ ਜਾਣ ਵਾਲੇ ਕੰਮ ਜਿਵੇਂ ਕਿ ਖਰੀਦਦਾਰੀ, ਸਫਰ ਅਤੇ ਆਮ ਗੱਲਬਾਤ, ਇਹਨਾਂ ਕੰਮਾਂ ਦੌਰਾਨ ਮਰਾਠੀ ਭਾਸ਼ਾ ਦੇ ਵਿੱਚ ਗੱਲਬਾਤ ਕਰਨਾ ਸ਼ਾਮਿਲ ਸੀ।ਪ੍ਰਿੰਸੀਪਲ ਸੰਗਰ ਨੇ ਦੱਸਿਆ ਕਿ ਅਜਿਹੀਆਂ ਆਯੋਜਿਤ ਕੀਤੀਆਂ ਜਾਣ ਵਾਲੀਆਂ ਗਤੀਵਿਧੀਆਂ ਨਾਲ ਬੱਚਿਆਂ ਦਾ ਆਪਣੇ ਦੇਸ਼ ਦੀਆਂ ਵੱਖ ਵੱਖ ਭਾਸ਼ਾਵਾਂ ਦੇ ਬਾਰੇ ਜਾਨਣ ਅਤੇ ਉਹਨਾਂ ਨੂੰ ਸਿੱਖਣ ਵਿੱਚ ਉਤਸੁਕਤਾ ਵੱਧਦੀ ਹੈ। ਉਹਨਾਂ ਦੱਸਿਆ ਕਿ ਬੱਚਿਆਂ ਨੇ ਬੜੇ ਹੀ ਜੋਸ਼ੀਲੇ ਢੰਗ ਦੇ ਨਾਲ ਮਰਾਠੀ ਭਾਸ਼ਾ ਨੂੰ ਸਿੱਖਣ ਦੀ ਕੋਸ਼ਿਸ਼ ਕੀਤੀ ਹੈ ਅਤੇ ਕਾਫੀ ਹੱਦ ਤੱਕ ਅਸੀਂ ਇਸ ਵਿੱਚ ਸਫਲ ਰਹੇ ਹਾਂ। ਸਕੂਲ ਦੇ ਸੀਸੀਏ ਵਿਭਾਗ ਨੇ ਦੱਸਿਆ ਕਿ ਇਹ ਪੂਰਾ ਹਫਤਾ ਭਾਰਤੀ ਭਾਸ਼ਾ ਸਮਰ ਕੈਂਪ 2026 ਨੂੰ ਸਮਰਪਿਤ ਰਹੇਗਾ ਅਤੇ ਰੋਜ ਦੇ ਰੋਜ ਅਲੱਗ ਅਲੱਗ ਗਤੀਵਿਧੀਆਂ ਬੱਚਿਆਂ ਵੱਲੋਂ ਅਧਿਆਪਕਾਂ ਦੁਆਰਾ ਕਰਵਾਈਆਂ ਜਾਣਗੀਆਂ। ਉਹਨਾਂ ਕਿਹਾ ਕਿ ਸਾਡੀ ਕੋਸ਼ਿਸ਼ ਰਹੇਗੀ ਕਿ ਬੱਚੇ ਪੂਰਾ ਦਿਲ ਲਾ ਕੇ ਇਹਨਾਂ ਗਤੀਵਿਧੀਆਂ ਦੇ ਵਿੱਚ ਹਿੱਸਾ ਲੈਣ। ਇਸ ਮੌਕੇ ਤੇ ਮੈਨੇਜਰ ਗਜਿੰਦਰ ਪਾਲ ਸਿੰਘ ਤਰਨ ਸੈਣੀ, ਅਮਰਜੀਤ ਕੌਰ ਸੈਣੀ ਰਾਜਵਿੰਦਰ ਰਾਜਵੀਰ ਜੁਗਬੰਧਨ ਸਿੰਘ, ਸੁਰੇਸ਼, ਪੰਕਜ, ਬਲਦੇਵ, ਕੁਲਬੀਰ, ਹਰਨਾਮ, ਕੰਚਨ, ਪਰਮਜੀਤ, ਪੂਜਾ ,ਰੁਪਿੰਦਰ , ਆਸ਼ਾ ਗੁਰਿੰਦਰ ਹਰਜਿੰਦਰ ਆਰਤੀ ਮਨਪ੍ਰੀਤ ਮਨਦੀਪ ਅਤੇ ਹੋਰ ਸਟਾਫ ਮੈਂਬਰ ਵੀ ਮੌਜੂਦ ਸਨ।

# ਨਗਰ ਕੌਂਸਲ ਚੋਣਾਂ ਸ਼ਾਂਤਮਈ ਹੋਣ 'ਤੇ ਵਿਧਾਇਕ ਰਾਜਾ ਨੇ ਵੋਟਰਾਂ ਦਾ ਕੀਤਾ ਧੰਨਵਾਦ



ਟਾਂਡਾ ਉੜਮੁੜ, 27 ਮਈ (ਅਰਜੁਨ ਜੈਨ): ਹਲਕਾ ਵਿਧਾਇਕ ਉੜਮੁੜ ਟਾਂਡਾ ਜਸਵੀਰ ਸਿੰਘ ਰਾਜਾ ਗਿੱਲ ਨੇ ਟਾਂਡਾ ਸ਼ਹਿਰ ਤੇ ਗੜਦੀਵਾਲ ਨਗਰ ਕੌਂਸਲ ਚੋਣਾਂ ਸ਼ਾਂਤਮਈ ਢੰਗ ਨਾਲ ਹੋਣ 'ਤੇ ਜਿੱਥੇ ਹਲਕੇ ਦੇ ਸਮੂਹ ਵੋਟਰਾਂ ਦਾ ਧੰਨਵਾਦ ਕੀਤਾ, ਉੱਥੇ ਪ੍ਰਸ਼ਾਸਨਿਕ ਅਧਿਕਾਰੀ ਐਸਡੀਐਮ ਕਮ ਮੁੱਖ ਚੋਣ ਅਫਸਰ ਲਵਪ੍ਰੀਤ ਸਿੰਘ ਔਲਖ ਤੇ ਡੀਐਸਪੀ ਟਾਂਡਾ ਦਵਿੰਦਰ ਸਿੰਘ ਬਾਜਵਾ ਦਾ ਚੋਣ ਪ੍ਰਕਿਰਿਆ ਸੁਚੱਜੇ ਤੇ ਸਵਧਾਨਿਕ ਢੰਗ ਨਾਲ ਨੇਪਰੇ ਚਾੜ੍ਹਨ 'ਤੇ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਇਸ ਮੌਕੇ ਬੋਲਦਿਆਂ ਵਿਧਾਇਕ ਰਾਜਾ ਗਿੱਲ ਨੇ ਕਿਹਾ ਕਿ ਜਿੱਥੇ ਮੁੱਖ ਚੋਣ ਅਫਸਰ ਲਵਪ੍ਰੀਤ ਸਿੰਘ ਔਲਖ ਤੇ ਡੀਐਸਪੀ ਟਾਂਡਾ ਦਵਿੰਦਰ ਸਿੰਘ ਬਾਜਵਾ ਨੇ ਚੋਣ ਪ੍ਰਕਿਰਿਆ ਬਹੁਤ ਪ੍ਰਸ਼ਾਸਨਿਕ ਢੰਗਾਂ ਤੇ ਪੂਰੀ ਤਰ੍ਹਾਂ ਸਵਧਾਨਿਕ ਢੰਗ ਨਾਲ ਕਰਵਾਈ ਹੈ ਬਹੁਤ ਸ਼ਲਾਘਾਯੋਗ ਹੈ। ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਨੇ ਟਾਂਡਾ ਅਤੇ ਗੜਦੀਵਾਲ ਦੇ ਸਮੂਹ ਵੋਟਰਾਂ ਵਲੋਂ ਸ਼ਾਂਤਮਈ ਢੰਗ ਨਾਲ ਆਪਣਾ ਮਤਦਾਨ ਕਰਨ ਦੀ ਵੀ ਭਰਪੂਰ ਪ੍ਰਸੰਸਾ ਕੀਤੀ। ਉਨ੍ਹਾਂ ਡਿਪਟੀ ਕਮਿਸ਼ਨਰ ਜੈਨ ਤੇ ਜ਼ਿਲ੍ਹਾ ਪੁਲਿਸ ਮੁਖੀ ਨੂੰ ਅਪੀਲ ਕਰਦਿਆਂ ਕਿਹਾ ਕਿ 29 ਮਈ ਨੂੰ ਵੋਟਾਂ ਦੀ ਗਿਣਤੀ ਤੇ ਨਤੀਜਿਆਂ ਮੌਕੇ ਵੀ ਪੁਖ਼ਤਾ ਪ੍ਰਸ਼ਾਸਨਿਕ ਪ੍ਰਬੰਧ ਕੀਤੇ ਜਾਣ

# ਗੁਰਦਾਸਪੁਰ ਵਿਖੇ ਪਾਸਪੋਰਟ ਸੇਵਾ ਲਈ ਆਰ.ਪੀ.ਓ ਮੋਬਾਈਲ ਵੈਨ ਤਾਇਨਾਤ

ਗੁਰਦਾਸਪੁਰ, 27 ਮਈ (ਜਗੀਰ ਸਿੰਘ ਮੰਡ/ਸੁਰਿੰਦਰ ਸਿੰਘ ਬਸਰਾ): ਖੇਤਰੀ ਪਾਸਪੋਰਟ ਦਫ਼ਤਰ ਜਲੰਧਰ ਨੇ ਗੁਰਦਾਸਪੁਰ ਅਤੇ ਨੇੜਲੇ ਇਲਾਕੇ ਦੇ ਵਸਨੀਕਾਂ ਨੂੰ ਆਪਣੀਆਂ ਪਾਸਪੋਰਟ ਅਰਜ਼ੀਆਂ ਜਮ੍ਹਾਂ ਕਰਾਉਣ ਵਿੱਚ ਸਹੂਲਤ ਦੇਣ ਲਈ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਡਿਪਟੀ ਕਮਿਸ਼ਨਰ ਦਫ਼ਤਰ ਗੁਰਦਾਸਪੁਰ ਵਿਖੇ ਆਪਣੀ ਪਾਸਪੋਰਟ ਸੇਵਾ ਆਰ.ਪੀ.ਓ ਮੋਬਾਈਲ ਵੈਨ ਤਾਇਨਾਤ ਕੀਤੀ ਜਾਣੀ ਹੈ।ਪਾਸਪੋਰਟ ਅਧਿਕਾਰੀਆਂ ਦੱਸਿਆ ਕਿ ਇਹ ਪਾਸਪੋਰਟ ਸੇਵਾ ਆਰ.ਪੀ.ਓ ਮੋਬਾਈਲ ਵੈਨ ਮਿਤੀ 3 ਜੂਨ ਤੋਂ 05 ਜੂਨ 2026 ਤੱਕ ਡਿਪਟੀ ਕਮਿਸ਼ਨਰ ਦਫ਼ਤਰ, ਗੁਰਦਾਸਪੁਰ (ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ) ਵਿਖੇ ਉਪਲਬਧ ਰਹੇਗੀ। ਇਸ ਦੌਰਾਨ ਇਲਾਕੇ ਦੇ ਲੋਕ ਆਪਣੀਆਂ ਪਾਸਪੋਰਟ ਅਰਜ਼ੀਆਂ ਜਮ੍ਹਾਂ ਕਰਵਾ ਸਕਣਗੇ ਅਤੇ ਸਬੰਧਿਤ ਸੇਵਾਵਾਂ ਦਾ ਲਾਭ ਲੈ ਸਕਣਗੇ।ਜੋ ਲੋਕ ਪਾਸਪੋਰਟ ਲਈ ਅਰਜ਼ੀ ਦੇਣਾ ਚਾਹੁੰਦੇ ਹਨ, ਉਹ ਔਨਲਾਈਨ ਅਰਜ਼ੀ ਫਾਰਮ ਭਰ ਕੇ ਅਤੇ ਅਧਿਕਾਰਤ ਪੋਰਟਲ ਤੋਂ ਮੁਲਾਕਾਤਾਂ ਬੁੱਕ ਕਰਕੇ ਇਸ ਸਹੂਲਤ ਦਾ ਲਾਭ ਉਠਾ ਸਕਦੇ ਹਨ।

# ਰਾਜਾ ਰਣਧੀਰ ਸਿੰਘ ਦੇ ਦੇਹਾਂਤ ਨਾਲ ਖੇਡ ਜਗਤ ਨੂੰ ਵੱਡਾ ਘਾਟਾ ਪਿਆ : ਰਵੀਇੰਦਰ ਸਿੰਘ

ਅੰਮ੍ਰਿਤਸਰ, 27 ਮਈ (ਬਬਲੂ ਮਹਾਜਨ): ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਸਰਪ੍ਰਸਤ ਰਵੀਇੰਦਰ ਸਿੰਘ ਨੇ ਕਿਹਾ ਕਿ ਪਟਿਆਲਾ ਰਾਜ ਘਰਾਣੇ ਦੇ ਮੈਂਬਰ ਅਤੇ ਕੈਪਟਨ ਅਮਰਿੰਦਰ ਸਿੰਘ ਦੇ ਚਚੇਰੇ ਭਰਾ ਰਾਜਾ ਰਣਧੀਰ ਸਿੰਘ ਦੇ ਦੇਹਾਂਤ ਨਾਲ ਖੇਡ ਜਗਤ ਨੂੰ ਵੱਡਾ ਘਾਟਾ ਪਿਆ ਹੈ। ਕਿਉਂਕਿ ਰਾਜਾ ਰਣਧੀਰ ਸਿੰਘ ਓਲੰਪਿਕ ਕੌਮਾਂਤਰੀ ਕਮੇਟੀ ਦੇ ਭਾਰਤ ਵੱਲੋਂ ਪ੍ਰਤੀਨਿਧ ਸਨ। ਸ ਰਵੀਇੰਦਰ ਸਿੰਘ ਨੇ ਯਾਦ ਕਰਦਿਆਂ ਕਿਹਾ ਕਿ ਭਾਰਤ ਵਿੱਚ ਏਸ਼ੀਆਈ ਖੇਡਾਂ ਵਿੱਚ ਨਿਸ਼ਾਨੇਬਾਜੀ ਦਾ ਪਹਿਲਾ ਸੋਨ ਤਮਗਾ ਰਾਜਾ ਸਾਹਿਬ ਹੀ ਲੈ ਕੇ ਆਏ ਸਨ। ਰਾਸ਼ਟਰਮੰਡਲ ਖੇਡਾਂ ਦਾ ਭਾਰਤ ਵਿੱਚ ਪ੍ਰਦਰਸ਼ਨ ਵੀ ਉਹਨਾਂ ਦੀ ਬਦੌਲਤ ਹੀ ਸੰਭਵ ਹੋਇਆ ਸੀ। ਖੇਡਾਂ ਨੂੰ ਉਤਸ਼ਾਹਿਤ ਕਰਨ ਦੇ ਨਾਲ-ਨਾਲ ਉਹ ਇਕ ਸੂਝਵਾਨ ਰਾਜਨੀਤਿਕ ਵੀ ਸਨ ਜੋ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਸੁਚਾਰੂ ਰਾਜਨੀਤੀ ਦੇ ਅਲੰਬਰਦਾਰ ਸਨ। ਰਾਜਾ ਰਣਧੀਰ ਸਿੰਘ ਦੇ ਅਚਾਨਕ ਅਕਾਲ ਚਲਾਣੇ ਤੇ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ, ਸਕੱਤਰ ਜਨਰਲ ਸ ਗੁਰਪ੍ਰਤਾਪ ਸਿੰਘ ਵਡਾਲਾ, ਸੀਨੀਅਰ ਮੀਤ ਪ੍ਰਧਾਨ, ਸ ਸੁੱਚਾ ਸਿੰਘ ਛੋਟੇਪੁਰ, ਸ ਆਦੇਸ਼ ਪ੍ਰਤਾਪ ਸਿੰਘ ਕੈਰੋਂ, ਪ੍ਰੋ ਪ੍ਰੇਮ ਸਿੰਘ ਚੰਦੂਮਾਜਰਾ, ਸ ਇਕਬਾਲ ਸਿੰਘ ਝੂੰਦਾਂ, ਰਘਬੀਰ ਸਿੰਘ ਰਾਜਾਸਾਂਸੀ,ਜਸਬੀਰ ਸਿੰਘ ਘੁੰਮਣ,ਅਤੇ ਦਫਤਰ ਸਕੱਤਰ ਸ ਜਗਜੀਤ ਸਿੰਘ ਕੋਹਲੀ ,ਗੁਰਜੀਤ ਸਿੰਘ ਤਲਵੰਡੀ ਆਦਿ ਆਗੂਆਂ ਨੇ ਵੀ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਪ੍ਰੈੱਸ ਨੂੰ ਇਹ ਬਿਆਨ ਸ ਜਗਜੀਤ ਸਿੰਘ ਕੋਹਲੀ ਨੇ ਜਾਰੀ ਕੀਤਾ।

# ਪੰਜਾਬ ਬਚਾਓ ਪੰਥ ਬਚਾਓ ਕਾਨਫਰੰਸ ਵਿੱਚ ਬਾਪੂ ਤਰਸੇਮ ਸਿੰਘ ਨੇ ਸ਼ਿਰਕਤ ਕੀਤੀ



ਚੋਗਾਵਾਂ, 27 ਮਈ (ਸੁਬੇਗ ਸਿੰਘ ਸੋਨਾ): ਪੰਜਾਬ ਬਚਾਓ ਪੰਥ ਬਚਾਓ ਤਹਿਤ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਸਿਆਸੀ ਪੰਥਕ ਕਾਨਫਰੰਸ ਕੀਰਤਨ ਦਰਬਾਰ ਗਰਾਊਂਡ ਅਜਨਾਲਾ ਵਿਖੇ ਸੇਵਾਦਾਰ ਚਰਨਜੀਤ ਸਿੰਘ ਗਾਲਿਬ ਵਿਧਾਨ ਸਭਾ ਹਲਕਾ ਅਜਨਾਲਾ ਦੀ ਅਗਵਾਈ ਹੇਠ ਕੀਤੀ ਗਈ। ਜਿਸ ਵਿੱਚ ਐਮਪੀ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਪਿਤਾ ਭਾਈ ਤਰਸੇਮ ਸਿੰਘ, ਐਮਪੀ ਸਰਬਜੀਤ ਸਿੰਘ, ਸੁਰਜੀਤ ਸਿੰਘ, ਅਮਰਜੀਤ ਸਿੰਘ ਵਨ ਚੜੀ, ਹਰਭਜਨ ਸਿੰਘ, ਪਰਮਜੀਤ ਸਿੰਘ ਜੌਹਲ ਆਦਿ ਨੇ ਪਹੁੰਚ ਕੇ ਹਜ਼ਾਰਾਂ ਦੀ ਗਿਣਤੀ ਦੇ ਵਿੱਚ ਜੁੜੇ ਵਰਕਰਾਂ ਨੂੰ ਸੰਬੋਧਨ ਕੀਤਾ ਗਿਆ। ਇਸ ਕਾਨਫਰੰਸ ਦੇ ਨੂੰ ਲੈ ਕੇ ਵਰਕਰਾਂ ਵਿੱਚ ਕਾਫੀ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਵੱਡੀ ਗਿਣਤੀ ਦੇ ਵਿੱਚ ਵਰਕਰਾਂ ਨੇ ਸ਼ਮੂਲੀਅਤ ਕੀਤੀ। ਆਉਣ ਵਾਲੀਆਂ 2027 ਦੀਆਂ ਚੋਣਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਤੇ ਐਮਪੀ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ ਨੇ ਆਏ ਹੋਏ ਵਰਕਰਾਂ ਨੂੰ ਅਪੀਲ ਕੀਤੀ ਕਿ ਆਉਣ ਵਾਲੀਆਂ 2027 ਦੀਆਂ ਚੋਣਾਂ ਵਿੱਚ ਅਕਾਲੀ ਦਲ ਵਾਰਸ ਪੰਜਾਬ ਦੀ ਸੂਝਵਾਨ ਅਤੇ ਸੱਚੀ ਸਰਕਾਰ ਬਣਾਈਏ ਤਾਂ ਜੋ ਪੰਜਾਬ ਦੇ ਵਿੱਚੋਂ ਨਸ਼ੇ ਵਰਗੇ ਕੋਹੜ ਨੂੰ ਖਤਮ ਕਰਕੇ ਰਲ ਮਿਲ ਕੇ ਨਸ਼ਾ ਮੁਕਤ ਪੰਜਾਬ ਬਣਾਈਏ ਅਤੇ ਆਉਣ ਵਾਲੀ ਪੀੜੀ ਦਾ ਨਵਾਂ ਭਵਿੱਖ ਬਣਾ ਸਕੀਏ, ਅਤੇ ਪੰਜਾਬ ਨੂੰ ਖੁਸ਼ਹਾਲ ਬਣਾ ਸਕੀਏ। ਇਸ ਮੌਕੇ ਐਮਪੀ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਨੇ ਅਕਾਲੀ ਦਲ ਵਾਰਿਸ ਪੰਜਾਬ ਦੇ ਵਰਕਰਾਂ ਅਤੇ ਸਮੂਹ ਨੌਜਵਾਨਾਂ ਦੇ ਵਲੋਂ ਅੱਤ ਦੀ ਗਰਮੀ ਵਿੱਚ ਇਸ ਕਾਨਫਰੰਸ ਵਿੱਚ ਆਉਣ ਤੇ ਧੰਨਵਾਦ ਕੀਤਾ ਗਿਆ।



ਰੋਜ਼ਾਨਾ ਚੜ੍ਹਦੀਕਲਾ
## ਸਿਹਤ ਖ਼ਬਰਨਾਮਾ



# ਫੈਟੀ ਲਿਵਰ ਦੇ ਮਰੀਜ਼ਾਂ ਲਈ ਜ਼ਹਿਰ ਨੇ ਤਲੇ ਖਾਧ ਪਦਾਰਥ!

ਫੈਟੀ ਲਿਵਰ ਇਕ ਆਮ ਪਰ ਗੰਭੀਰ ਸਿਹਤ ਸਮੱਸਿਆ ਹੈ ਜਿਸ 'ਚ ਲਿਵਰ ਦੀਆਂ ਕੋਸ਼ਿਕਾਵਾਂ 'ਚ ਵਾਧੂ ਚਰਬੀ ਇਕੱਠੀ ਹੋ ਜਾਂਦੀ ਹੈ। ਇਹ ਸਮੱਸਿਆ ਖਾਸ ਕਰਕੇ ਖ਼ਰਾਬ ਜੀਵਨਸ਼ੈਲੀ,



ਗਲਤ ਆਹਾਰ ਅਤੇ ਵਧੇਰੇ ਐਲਕੋਹਲ ਪੀਣ ਕਾਰਨ ਵੱਧਦੀ ਹੈ। ਸ਼ੁਰੂਆਤੀ ਪੜਾਅ 'ਚ ਇਹ ਗੰਭੀਰ ਨਹੀਂ ਹੁੰਦੀ ਪਰ ਜੇਕਰ ਇਸ ਦਾ ਇਲਾਜ ਨਾ ਕੀਤਾ ਜਾਵੇ, ਤਾਂ ਇਹ ਲਿਵਰ ਦੀ ਬਿਮਾਰੀ ਅਤੇ ਹੋਰ ਗੰਭੀਰ ਸਿਹਤ ਸਮੱਸਿਆਵਾਂ ਨੂੰ ਜਨਮ ਦੇ ਸਕਦੀ ਹੈ। ਜੇਕਰ ਤੁਸੀਂ ਫੈਟੀ ਲਿਵਰ ਤੋਂ ਛੁਟਕਾਰਾ ਪਾਉਣਾ ਚਾਹੁੰਦੇ ਹੋ, ਤਾਂ ਤੁਹਾਨੂੰ ਕੁਝ ਖਾਣ-ਪੀਣ ਦੀਆਂ ਆਦਤਾਂ ਨੂੰ ਤੁਰੰਤ ਬਦਲਣਾ ਪਵੇਗਾ।

**ਤਲੀਆਂ-ਭੁੰਨੀਆਂ ਹੋਈਆਂ ਚੀਜ਼ਾਂ ;-** ਚਿੱਟੇ ਤੇਲ ਅਤੇ ਘੱਟ ਗੁਣਵੱਤਾ ਵਾਲੇ ਫੈਟ ਲਿਵਰ ਤੇ ਬੋਝ ਪਾਉਂਦੇ ਹਨ। ਬਰਗਰ, ਪਕੌੜੇ, ਸਮੋਸੇ, ਚਿਪਸ ਆਦਿ ਤੋਂ ਪਰਹੇਜ਼ ਕਰੋ।

**ਚਿੱਟਾ ਆਟਾ ਅਤੇ ਪਰੋਸੈਸਡ ਕਾਰਬ ;** ਵ੍ਹਾਈਟ ਬ੍ਰੈਡ, ਪਾਸਤਾ, ਮੈਦਾ ਅਤੇ ਮੀਠੀਆਂ ਚੀਜ਼ਾਂ ਲਿਵਰ 'ਚ ਚਰਬੀ ਵਧਾਉਂਦੀਆਂ ਹਨ।- ਇਸ ਦੀ ਬਜਾਏ ਕਣਕ ਦਾ ਆਟਾ, ਦਲੀਆ ਅਤੇ ਹੋਲ-ਗ੍ਰੇਨ ਚੀਜ਼ਾਂ ਵਰਤੋਂ।

**ਬਹੁਤ ਜ਼ਿਆਦਾ ਸ਼ੂਗਰ :** ਸੋਡਾ, ਕੋਲਡ ਡ੍ਰਿੰਕ, ਜੂਸ, ਮਿਠਾਈਆਂ ਅਤੇ ਬੇਕਰੀ ਆਈਟਮਾਂ 'ਚ ਬਹੁਤ ਜ਼ਿਆਦਾ ਸ਼ੂਗਰ ਹੁੰਦੀ ਹੈ।- ਜ਼ਿਆਦਾ ਮਾਤਰਾ 'ਚ ਸ਼ੂਗਰ ਲਿਵਰ 'ਚ ਚਰਬੀ ਇਕੱਠੀ ਕਰਦੀ ਹੈ।

**ਜ਼ਿਆਦਾ ਨਮਕ ਵਾਲੇ ਭੋਜਨ:** ਪ੍ਰੋਸੈਸਡ ਫੂਡ, ਪੈਕਟ ਚਿਪਸ, ਅਚਾਰ, ਫ੍ਰੋਜ਼ਨ ਫੂਡ 'ਚ ਜ਼ਿਆਦਾ ਨਮਕ ਹੁੰਦਾ ਹੈ, ਜੋ ਲਿਵਰ ਨੂੰ ਨੁਕਸਾਨ ਪਹੁੰਚਾ ਸਕਦਾ ਹੈ।

**ਰੈਡ ਮੀਟ :** ਮਟਨ, ਬੀਫ ਅਤੇ ਵਧੇਰੇ ਚਰਬੀ ਵਾਲਾ ਮੀਟ ਲਿਵਰ ਲਈ ਹਾਨੀਕਾਰਕ ਹੋ ਸਕਦਾ ਹੈ। ਇਸ ਦੀ ਥਾਂ ਮੱਛੀ ਜਾਂ ਚਿਕਨ ਚੁਣੋ।

# ਰਾਜਪਾਲ ਕਟਾਰੀਆ ਨੇ 'ਅਟਲ ਮੈਮੋਇਰਜ਼' ਕਿਤਾਬ ਕੀਤੀ ਜਾਰੀ ਅਟਲ ਜੀ ਦੀ ਰਾਸ਼ਟਰ ਪਹਿਲਾਂ ਭਾਵਨਾ ਨੂੰ ਉਜਾਗਰ ਕਰਦੈ

ਚੰਡੀਗੜ੍ਹ, 27 ਮਈ (ਅੰਮ੍ਰਿਤਪਾਲ ਸਿੰਘ): ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਯੂਟੀ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਪੰਜਾਬ ਲੋਕ ਭਵਨ ਵਿਖੇ ਅਟਲ ਮੈਮੋਇਰਜ਼ ਕਿਤਾਬ ਜਾਰੀ ਕੀਤੀ। ਇਹ ਕਿਤਾਬ ਸੀਨੀਅਰ ਪੱਤਰਕਾਰ ਸ਼੍ਰੀ ਅਸ਼ੋਕ ਟੰਡਨ ਦੁਆਰਾ ਭਾਰਤ ਰਤਨ ਅਤੇ ਸਾਬਕਾ ਪ੍ਰਧਾਨ ਮੰਤਰੀ ਸ਼੍ਰੀ ਅਟਲ ਬਿਹਾਰੀ ਵਾਜਪਾਈ ਦੀ ਜਨਮ ਸ਼ਤਾਬਦੀ ਦੇ ਮੌਕੇ 'ਤੇ ਲਿਖੀ ਗਈ ਹੈ। ਸਮਾਗਮ ਨੂੰ ਸੰਬੋਧਨ ਕਰਦੇ ਹੋਏ, ਰਾਜਪਾਲ ਨੇ ਅਟਲ ਜੀ ਨੂੰ ਇੱਕ ਦੂਰਦਰਸ਼ੀ ਸਿਆਸਤਦਾਨ, ਇੱਕ ਆਦਰਸ਼ ਸੰਸਦ ਮੈਂਬਰ ਅਤੇ ਇੱਕ ਸੱਚਾ ਰਾਸ਼ਟਰਵਾਦੀ ਦੱਸਿਆ ਜਿਸਨੇ ਆਪਣਾ ਪੂਰਾ ਜੀਵਨ ਮਾਤ ਭੂਮੀ ਦੀ ਸੇਵਾ ਲਈ ਸਮਰਪਿਤ ਕਰ ਦਿੱਤਾ। ਉਨ੍ਹਾਂ ਕਿਹਾ ਕਿ ਅਟਲ ਜੀ ਨੇ ਹਮੇਸ਼ਾ ਰਾਜਨੀਤਿਕ ਹਿੱਤਾਂ, ਨਿੱਜੀ ਇੱਛਾਵਾਂ ਅਤੇ ਸ਼ਕਤੀ ਤੋਂ ਉੱਪਰ ਰਾਸ਼ਟਰ ਪਹਿਲਾਂ ਰੱਖਿਆ। ਸ਼੍ਰੀ ਕਟਾਰੀਆ ਨੇ ਕਿਹਾ ਕਿ ਅਟਲ ਜੀ ਕੋਲ ਆਪਣੇ ਸ਼ਕਤੀਸ਼ਾਲੀ ਭਾਸ਼ਣਾਂ ਅਤੇ ਪ੍ਰੇਰਨਾਦਾਇਕ ਕਵਿਤਾਵਾਂ ਰਾਹੀਂ



ਛੋਟੀ ਉਮਰ ਤੋਂ ਹੀ ਲੋਕਾਂ ਨਾਲ ਜੁੜਨ ਦੀ ਅਸਾਧਾਰਨ ਯੋਗਤਾ ਸੀ। ਉਨ੍ਹਾਂ ਕਿਹਾ ਕਿ ਅਟਲ ਜੀ ਦੇ ਸ਼ਬਦਾਂ ਵਿੱਚ ਸਰੋਤਿਆਂ ਨੂੰ ਡੂੰਘਾਈ ਨਾਲ ਪ੍ਰਭਾਵਿਤ ਕਰਨ ਅਤੇ ਵੱਖ-ਵੱਖ ਵਿਚਾਰਧਾਰਾਵਾਂ ਦੇ ਲੋਕਾਂ ਨੂੰ ਇਕਜੁੱਟ ਕਰਨ ਦੀ ਸ਼ਕਤੀ ਸੀ। ਅਟਲ ਜੀ ਦੀ ਦੇਸ਼ ਭਗਤੀ ਨੂੰ ਯਾਦ ਕਰਦਿਆਂ, ਰਾਜਪਾਲ ਨੇ ਕਿਹਾ ਕਿ ਉਨ੍ਹਾਂ ਦੀ ਦੇਸ਼ ਭਗਤੀ ਅਤੇ ਪ੍ਰਭਾਵਸ਼ਾਲੀ ਭਾਸ਼ਣ ਕਲਾ ਦੇ ਹੁਨਰ ਨੂੰ ਮਾਨਤਾ ਦਿੰਦੇ ਹੋਏ, ਉਸ ਸਮੇਂ ਦੀ ਵਿਰੋਧੀ ਲੀਡਰਸ਼ਿਪ ਨੇ ਉਨ੍ਹਾਂ ਨੂੰ 1977 ਵਿੱਚ ਸੰਯੁਕਤ ਰਾਸ਼ਟਰ ਵਿੱਚ ਭਾਰਤ ਦੀ ਨੁਮਾਇੰਦਗੀ ਕਰਨ ਲਈ ਵੀ ਭੇਜਿਆ ਸੀ। ਸ਼੍ਰੀ ਕਟਾਰੀਆ ਨੇ ਕਿਹਾ ਕਿ ਭਾਵੇਂ ਇਹ ਪੋਖਰਣ ਪ੍ਰਮਾਣੂ ਪ੍ਰੀਖਣ ਹੋਵੇ, ਭਾਰਤ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ??ਕਰਨਾ ਹੋਵੇ, ਵਿਗਿਆਨਕ ਤਰੱਕੀ ਨੂੰ ਉਤਸ਼ਾਹਿਤ ਕਰਨਾ ਹੋਵੇ, ਜਾਂ ਕਾਰਗਿਲ ਯੁੱਧ ਦੌਰਾਨ ਰਾਸ਼ਟਰੀ ਸੁਰੱਖਿਆ ਦੀ ਰੱਖਿਆ ਕਰਨਾ ਹੋਵੇ, ਅਟਲ ਜੀ ਦੁਆਰਾ ਲਿਆ ਗਿਆ ਹਰ ਮਹੱਤਵਪੂਰਨ ਫੈਸਲਾ ਰਾਸ਼ਟਰੀ ਹਿੱਤ ਅਤੇ ਸਵੈ-ਨਿਰਭਰ ਭਾਰਤ ਪ੍ਰਤੀ ਉਨ੍ਹਾਂ ਦੀ ਅਟੁੱਟ ਵਚਨਬੱਧਤਾ ਨੂੰ ਦਰਸਾਉਂਦਾ ਹੈ। ਭਾਰਤ ਰਤਨ ਸ਼੍ਰੀ ਅਟਲ ਬਿਹਾਰੀ ਵਾਜਪਾਈ ਜੀ ਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ, ਸ਼੍ਰੀ ਕਟਾਰੀਆ ਨੇ ਕਿਹਾ ਕਿ ਅਟਲ ਜੀ ਦੇ ਵਿਚਾਰ, ਆਦਰਸ਼ ਅਤੇ ਲੋਕਤੰਤਰੀ ਕਦਰਾਂ-ਕੀਮਤਾਂ ਹਮੇਸ਼ਾ ਰਾਸ਼ਟਰ ਦਾ ਮਾਰਗਦਰਸ਼ਨ ਕਰਨਗੀਆਂ ਅਤੇ ਨੌਜਵਾਨਾਂ ਨੂੰ ਰਾਸ਼ਟਰਵਾਦ, ਇਮਾਨਦਾਰੀ ਅਤੇ ਜਨਤਕ ਸੇਵਾ ਲਈ ਪ੍ਰੇਰਿਤ ਕਰਨਗੀਆਂ। ਅਟਲ ਮੈਮੋਇਰਜ਼ ਕਿਤਾਬ ਦੇ ਲੇਖਕ ਸੀਨੀਅਰ ਪੱਤਰਕਾਰ ਸ਼੍ਰੀ ਅਸ਼ੋਕ ਟੰਡਨ ਨੇ ਕਿਤਾਬ ਨੂੰ ਅਟਲ ਜੀ ਨੂੰ ਭਾਵਨਾਤਮਕ ਸ਼ਰਧਾਂਜਲੀ ਦੱਸਿਆ ਅਤੇ ਉਨ੍ਹਾਂ ਨਾਲ ਜੁੜੇ ਕਈ ਯਾਦਗਾਰੀ ਅਨੁਭਵ ਸਾਂਝੇ ਕੀਤੇ। ਜਸਟਿਸ (ਸੇਵਾਮੁਕਤ) ਸ਼ਬੀਹੁਲ ਹਸਨੈਨ ਨੇ ਕਿਹਾ ਕਿ ਅਟਲ ਜੀ ਦੀ ਸ਼ਖਸੀਅਤ ਵਿੱਚ ਰਾਸ਼ਟਰਵਾਦ ਅਤੇ ਮਨੁੱਖੀ ਕਦਰਾਂ-ਕੀਮਤਾਂ ਦਾ ਇੱਕ ਸ਼ਾਨਦਾਰ ਮਿਸ਼ਰਣ ਸੀ, ਜੋ ਉਨ੍ਹਾਂ ਦੀਆਂ ਕਵਿਤਾਵਾਂ ਵਿੱਚ ਵੀ ਝਲਕਦਾ ਸੀ। ਭਾਰਤ ਦੇ ਵਧੀਕ ਸਾਲਿਸਟਰ ਜਨਰਲ, ਸ਼੍ਰੀ ਸੱਤਿਆ ਪਾਲ ਜੈਨ ਨੇ ਅਟਲ ਜੀ ਨੂੰ ਇੱਕ ਅਜਿਹੇ ਸਿਆਸਤਦਾਨ ਵਜੋਂ ਦਰਸਾਇਆ ਜੋ ਆਪਣੀ ਗੱਲ ਦੇ ਸੱਚੇ ਸਨ ਅਤੇ ਰਾਸ਼ਟਰ ਨਿਰਮਾਣ ਲਈ ਸਮਰਪਿਤ ਸਨ। ਸਾਬਕਾ ਫੌਜ ਮੁਖੀ, ਜਨਰਲ ਵੇਦ ਪ੍ਰਕਾਸ਼ ਮਲਿਕ ਨੇ ਕਿਹਾ ਕਿ ਅਟਲ ਜੀ ਮਹੱਤਵਪੂਰਨ ਫੈਸਲੇ ਲੈਂਦੇ ਸਮੇਂ ਸਲਾਹ-ਮਸ਼ਵਰਾ, ਗੱਲਬਾਤ ਅਤੇ ਸਹਿਮਤੀ ਵਿੱਚ ਵਿਸ਼ਵਾਸ ਰੱਖਦੇ ਸਨ। ਭਾਰਤ ਰਤਨ ਸ਼੍ਰੀ ਅਟਲ ਬਿਹਾਰੀ ਵਾਜਪਾਈ ਦੇ ਬਹੁਤ ਸਾਰੇ ਪ੍ਰਸ਼ੰਸਕ ਅਤੇ ਪੈਰੋਕਾਰ, ਜਿਨ੍ਹਾਂ ਵਿੱਚ ਸੰਸਦ ਮੈਂਬਰ, ਸ਼੍ਰੀ ਅਤੁਲ ਗਰਗ ਵੀ ਸ਼ਾਮਲ ਸਨ, ਇਸ ਮੌਕੇ 'ਤੇ ਮੌਜੂਦ ਸਨ।

# ਸਿੱਕਮ ਯੂਨੀਵਰਸਿਟੀ ਦੀ ਸੱਭਿਆਚਾਰ ਅਤੇ ਵਾਤਾਵਰਨ ਨੂੰ ਸੁਰੱਖਿਅਤ ਰੱਖਣ ਦੀ ਵਿਸ਼ੇਸ਼ ਜ਼ਿੰਮੇਵਾਰੀ: ਰਾਸ਼ਟਰਪਤੀ

ਗੰਗਟੋਕ, 27 ਮਈ (ਅੰਮ੍ਰਿਤਪਾਲ ਸਿੰਘ) : ਭਾਰਤ ਦੇ ਰਾਸ਼ਟਰਪਤੀ, ਸ਼੍ਰੀਮਤੀ ਦ੍ਰੋਪਦੀ ਮੁਰਮੂ ਨੇ ਅੱਜ ਗੰਗਟੋਕ ਵਿੱਚ ਸਿੱਕਮ ਯੂਨੀਵਰਸਿਟੀ ਦੇ ਸੱਤਵੇਂ ਕਨਵੋਕੇਸ਼ਨ ਵਿੱਚ ਸ਼ਿਰਕਤ ਕੀਤੀ। ਇਸ ਮੌਕੇ 'ਤੇ ਬੋਲਦਿਆਂ ਰਾਸ਼ਟਰਪਤੀ ਨੇ ਕਿਹਾ ਕਿ ਸਿੱਕਮ ਦੀ ਆਪਣੀ ਕੁਦਰਤੀ ਸੁੰਦਰਤਾ, ਸੱਭਿਆਚਾਰ ਅਤੇ ਜੈਵ ਵਿਭਿੰਨਤਾ ਕਾਰਨ ਇੱਕ ਵਿਲੱਖਣ ਪਛਾਣ ਹੈ। ਹਿਮਾਲਿਆ ਦੀਆਂ ਸਭ ਤੋਂ ਉੱਚੀਆਂ ਚੋਟੀਆਂ ਵਿੱਚੋਂ ਇੱਕ, ਕੰਚਨਜੰਗਾ ਪਹਾੜ ਸਿੱਕਮ ਨੂੰ ਕੁਦਰਤ ਦਾ ਇੱਕ ਅਨਮੋਲ ਤੋਹਫ਼ਾ ਹੈ। ਸਿੱਕਮ ਦੇ ਲੋਕ ਇਸ ਚੋਟੀ ਨੂੰ ਆਪਣੀ ਰੱਖਿਆਤਮਕ ਦੇਵੀ ਵਜੋਂ ਪੂਜਦੇ ਹਨ। ਉਹ ਕੁਦਰਤ ਦੀ ਸੰਭਾਲ ਅਤੇ ਪ੍ਰਚਾਰ ਪ੍ਰਤੀ ਜ਼ਿੰਮੇਵਾਰੀ ਦੀ ਡੂੰਘੀ ਭਾਵਨਾ ਨੂੰ ਸਪੱਸ਼ਟ ਤੌਰ 'ਤੇ ਪ੍ਰਦਰਸ਼ਿਤ ਕਰਦੇ ਹਨ। ਰਾਸ਼ਟਰਪਤੀ ਨੇ ਕਿਹਾ ਕਿ ਇਹ ਸਿੱਕਮ ਲਈ ਬਹੁਤ ਮਾਣ ਵਾਲੀ ਗੱਲ



ਹੈ ਕਿ 2016 ਵਿੱਚ ਇਹ ਭਾਰਤ ਦਾ ਪਹਿਲਾ ਪੂਰੀ ਤਰ੍ਹਾਂ ਜੈਵਿਕ ਰਾਜ ਬਣਿਆ। ਉਹ ਇਹ ਦੇਖ ਕੇ ਖੁਸ਼ ਹੋਏ ਕਿ ਸਿੱਕਮ ਨੇ ਸਾਬਤ ਕਰ ਦਿੱਤਾ ਹੈ ਕਿ ਕੁਦਰਤ ਦਾ ਵਿਕਾਸ ਅਤੇ ਸੰਭਾਲ ਸੱਚਮੁੱਚ ਨਾਲ-ਨਾਲ ਚੱਲ ਸਕਦੇ ਹਨ। ਉਨ੍ਹਾਂ ਕਿਹਾ ਕਿ ਪਲਾਸਟਿਕ ਦੀ ਵਰਤੋਂ ਨੂੰ ਰੋਕਣਾ, ਜੈਵਿਕ ਖੇਤੀ ਨੂੰ ਉਤਸ਼ਾਹਿਤ ਕਰਨਾ ਅਤੇ ਵਾਤਾਵਰਣ ਦੀ ਰੱਖਿਆ ਵਰਗੇ ਉਪਰਾਲੇ ਪੂਰੇ ਦੇਸ਼ ਨੂੰ ਪ੍ਰੇਰਿਤ ਕਰਦੇ ਹਨ। ਜੇਕਰ ਹਰ ਵਿਅਕਤੀ ਆਪਣੇ ਆਲੇ ਦੁਆਲੇ ਦੀ ਸਫਾਈ ਦੇ ਨਾਲ-ਨਾਲ ਕੁਦਰਤ ਅਤੇ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਏ, ਤਾਂ ਦੇਸ਼ ਤੇਜ਼ੀ ਨਾਲ ਤਰੱਕੀ ਕਰ ਸਕਦਾ ਹੈ।

ਰਾਸ਼ਟਰਪਤੀ ਨੇ ਕਿਹਾ ਕਿ ਇਹ ਸਾਰੇ ਦੇਸ਼ ਵਾਸੀਆਂ, ਖਾਸ ਕਰਕੇ ਸਿੱਕਮ ਦੇ ਲੋਕਾਂ ਲਈ ਮਾਣ ਦੀ ਗੱਲ ਹੈ ਕਿ ਸਿੱਕਮ ਹੁਣ ਇੱਕ ਪੂਰੀ ਤਰ੍ਹਾਂ ਸਾਖਰ ਰਾਜ ਬਣ ਗਿਆ ਹੈ। ਉਨ੍ਹਾਂ ਨੇ ਇਸ ਇਤਿਹਾਸਕ ਪ੍ਰਾਪਤੀ ਲਈ ਸਰਕਾਰ ਅਤੇ ਸਿੱਕਮ ਦੇ ਲੋਕਾਂ ਨੂੰ ਵਧਾਈ ਦਿੱਤੀ।

ਰਾਸ਼ਟਰਪਤੀ ਨੇ ਕਿਹਾ ਕਿ ਦੇਸ਼ ਦੀ ਸਮਾਵੇਸ਼ੀ ਤਰੱਕੀ ਲਈ ਉੱਤਰ-ਪੂਰਬੀ ਖੇਤਰ ਦਾ ਵਿਕਾਸ ਜ਼ਰੂਰੀ ਹੈ। ਇਸ ਖੇਤਰ ਦੇ ਨੌਜਵਾਨਾਂ ਵਿੱਚ ਅਥਾਹ ਪ੍ਰਤਿਭਾ ਹੈ। ਉਨ੍ਹਾਂ ਸਿੱਕਮ ਯੂਨੀਵਰਸਿਟੀ ਦੇ ਵਿਦਿਆਰਥੀਆਂ - ਜੋ ਕਿ ਸਿੱਕਮ ਅਤੇ ਹੋਰ ਰਾਜਾਂ ਦੋਵਾਂ ਤੋਂ ਆਉਂਦੇ ਹਨ - ਨੂੰ ਇੱਕ ਦੂਜੇ ਨਾਲ ਜੁੜੇ ਰਹਿਣ ਅਤੇ ਰਾਸ਼ਟਰੀ ਵਿਕਾਸ ਵਿੱਚ ਯੋਗਦਾਨ ਪਾਉਣ ਦੀ ਸਮੂਹਿਕ ਭਾਵਨਾ ਨਾਲ ਅੱਗੇ ਵਧਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਆਪਣੀ ਪ੍ਰਤਿਭਾ ਅਤੇ ਸਮਰਪਣ ਰਾਹੀਂ, ਉਹ ਸਮਾਜ ਦੇ ਪਛੜੇ ਵਰਗਾਂ ਦੇ ਲੋਕਾਂ ਦੇ ਜੀਵਨ ਨੂੰ ਬਿਹਤਰ ਬਣਾ ਸਕਦੇ ਹਨ। ਅਜਿਹਾ ਕਰਕੇ, ਉਹ ਸਮਾਵੇਸ਼ੀ ਵਿਕਾਸ ਨੂੰ ਉਤਸ਼ਾਹਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦੇ ਹਨ।

# ਡਾ. ਸੁਰਿੰਦਰ ਸਿੰਘ ਗਿੱਲ ਗਲੋਬਲ ਪੀਸ ਐਵਾਰਡ ਨਾਲ ਸਨਮਾਨਿਤ



ਸਾਨ ਫਰਾਂਸਿਸਕੋ, 27 ਮਈ (ਅਮਰਜੀਤ ਸਿੰਘ) : ਇੰਟਰਨੈਸ਼ਨਲ ਫੋਰਮ ਯੂ.ਐਸ.ਏ. ਦੇ ਚੇਅਰਮੈਨ ਡਾ. ਸੁਰਿੰਦਰ ਸਿੰਘ ਸ਼ੇਰਗਿੱਲ ਨੂੰ ਸ਼ੰਘਾਈ, ਚੀਨ ਵਿਖੇ ਹੋਏ ਅੰਤਰਰਾਸ਼ਟਰੀ ਗਾਲਾ ਸਮਾਗਮ ਦੌਰਾਨ ਗਲੋਬਲ ਪੀਸ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ । ਇਸ ਸਮਾਗਮ 'ਚ ਦੁਨੀਆ ਭਰ ਤੋਂ ਉੱਘੇ ਕਾਰੋਬਾਰੀ, ਸੀ.ਈ.ਓ., ਸਮਾਜਿਕ ਆਗੂ, ਡਿਪਲੋਮੈਟ ਤੇ ਵੱਖ-ਵੱਖ ਦੇਸ਼ਾਂ ਦੇ ਡੈਲੀਗੇਟ ਸ਼ਾਮਲ ਸਨ । ਸ਼ੰਘਾਈ ਦਾ ਇਹ ਗਾਲਾ ਸਮਾਗਮ ਅੰਤਰਰਾਸ਼ਟਰੀ ਕਾਰੋਬਾਰੀ ਕਾਨਫਰੰਸ ਦਾ ਵਿਸ਼ੇਸ਼ ਆਕਰਸ਼ਣ ਰਿਹਾ। ਜਿੱਥੇ ਵਿਸ਼ਵ ਪੱਧਰ 'ਤੇ ਕਾਰੋਬਾਰ, ਤਕਨਾਲੋਜੀ, ਏ.ਆਈ. ਅਤੇ ਲੀਡਰਸ਼ਿਪ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ । ਡਾ. ਗਿੱਲ ਨੂੰ ਇਹ ਐਵਾਰਡ ਵਿਸ਼ਵ ਪੱਧਰ 'ਤੇ ਅਮਨ, ਭਾਈਚਾਰਕ ਸਾਂਝ, ਆਪਸੀ ਸਤਿਕਾਰ, ਧਾਰਮਿਕ ਸਹਿਣਸ਼ੀਲਤਾ ਤੇ ਮਨੁੱਖਤਾ ਦੀ ਸੇਵਾ ਲਈ ਕੀਤੇ ਯੋਗਦਾਨ ਲਈ ਪ੍ਰਦਾਨ ਕੀਤਾ ਗਿਆ । ਚੋਣ ਕਮੇਟੀ ਵੱਲੋਂ ਕੋਰੀਆ, ਪਾਕਿਸਤਾਨ, ਕੈਨੇਡਾ ਤੇ ਹੋਰ ਦੇਸ਼ਾਂ 'ਚ ਅਮਨ ਤੇ ਆਪਸੀ ਸਹਿਯੋਗ ਲਈ ਕੀਤੀਆਂ । ਉਸ ਦੀਆਂ ਗਤੀਵਿਧੀਆਂ ਨੂੰ ਵਿਸ਼ੇਸ਼ ਤੌਰ 'ਤੇ ਮਾਨਤਾ ਦਿੱਤੀ ਗਈ । ਵੱਖ-ਵੱਖ ਬੁਲਾਰਿਆਂ ਨੇ ਕਿਹਾ ਕਿ ਡਾ. ਗਿੱਲ ਨੇ ਸਮੇਂ ਸਮੇਂ 'ਤੇ ਭਾਈਚਾਰਕ ਸਾਂਝ, ਸੰਵਾਦ ਤੇ ਸਹਿਯੋਗ ਨੂੰ ਮਜ਼ਬੂਤ ਕਰਨ ਲਈ ਮਹੱਤਵਪੂਰਨ ਭੂਮਿਕਾ ਨਿਭਾਈ ਹੈ । ਇਸ ਮਾਣ ਲਈ ਡਾ. ਗਿੱਲ ਨੇ ਆਯੋਜਕਾਂ ਤੇ ਚੋਣ ਕਮੇਟੀ ਦਾ ਦਿਲੋਂ ਧੰਨਵਾਦ ਕਿਹਾ ਕਿ ਇਹ ਸਨਮਾਨ ਮੈਨੂੰ ਅਮਨ, ਲੀਡਰਸ਼ਿਪ ਤੇ ਵਿਸ਼ਵ ਪੱਧਰੀ ਸਹਿਯੋਗ ਲਈ ਹੋਰ ਵੱਧ ਕੰਮ ਕਰਨ ਦੀ ਪ੍ਰੇਰਣਾ ਦਿੰਦਾ ਰਹੇਗਾ ।

# ਇੰਗਲੈਂਡ ਦੀਆਂ ਸੰਗਤਾਂ ਵੱਲੋਂ ਗ੍ਰੰਥੀ ਸਾਹਿਬ ਦਾ ਗੋਲਡ ਮੈਡਲ ਨਾਲ ਸਨਮਾਨ

ਮਿਲਾਨ , 27 ਮਈ (ਦਲਜੀਤ ਮੱਕੜ) : ਜਿੱਥੇ ਅਕਸਰ ਹੀ ਕੁਝ ਲੋਕ ਗ੍ਰੰਥੀ ਅਤੇ ਕੀਰਤਨੀ ਸਿੰਘਾਂ ਦੀਆਂ ਤਨਖਾਹਾਂ ਵਧਾਉਣ ਵਾਲੀਆਂ ਆਪਣੇ ਗੁਰੂ ਘਰ ਦੇ ਹੈਡ ਗ੍ਰੰਥੀ ਗਿਆਨੀ ਅਜੀਤ ਸਿੰਘ ਦਾ ਸਮੁੱਚੀਆਂ ਸੰਗਤਾਂ ਦੇ ਸਹਿਯੋਗ ਗੋਲਡ ਮੈਡਲ ਨਾਲ ਵਿਸ਼ੇਸ਼ ਸਨਮਾਨ ਕੀਤਾ ਗਿਆ। ਵਧੀਆਂ ਤਰੀਕੇ ਨਾਲ ਸੇਵਾਵਾਂ ਕਰ ਰਹੇ ਹਨ, ਉਹ ਆਪਣੀ ਡਿਊਟੀ ਬੜੀ ਤਨਦੇਹੀ ਨਾਲ ਨਿਭਾ ਰਹੇ ਹਨ, ਜਿਸਦੇ ਚਲਦਿਆਂ ਸਮੁੱਚੀਆਂ ਸੰਗਤਾਂ ਵੱਲੋਂ ਗੋਲਡ ਮੈਡਲ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਭਾਈ ਪਰਮਜੀਤ ਸਿੰਘ ਕਰੇਮੋਨਾ, ਸ. ਕਰਮਜੀਤ ਸਿੰਘ ਬੈਂਸ, ਸ. ਪਰਮਿੰਦਰ ਸਿੰਘ ਸਟੇਜ ਸਕੱਤਰ, ਸ. ਕੁਲਵਿੰਦਰ ਸਿੰਘ ਸ਼ੌਕਰ, ਸੁੱਖੀ ਸੰਧੂ, ਟੇਕ ਸਿੰਘ ਖਹਿਰਾ, ਚਰਨਜੀਤ ਸਿੰਘ ਢਿੱਲੋਂ, ਮੋਹਨ ਸਿੰਘ ਚੀਮਾ, ਕ੍ਰਿਪਾਲ ਸਿੰਘ ਸੰਧੂ, ਗਿਆਨ ਸਿੰਘ ਕਾਲੀਰਾਏ, ਬੀਬੀ ਪਰਮਜੀਤ ਕੌਰ, ਦੇਵ ਸਿੰਘ, ਸਤਨਾਮ ਸਿੰਘ, ਗੁਰਦੀਪ



ਪੋਸਟਾਂ ਪਾਉਣ 'ਚ ਲੱਗੇ ਰਹਿੰਦੇ ਹਨ, ਉੱਥੇ ਹੀ ਅਜਿਹੀਆਂ ਪ੍ਰਬੰਧਕ ਕਮੇਟੀਆਂ ਵੀ ਹਨ, ਜੋ ਗ੍ਰੰਥੀ ਸਿੰਘਾਂ ਨੂੰ ਚੰਗਾ ਮਾਣ ਬਖਸ਼ਦੀਆਂ ਹਨ, ਗੁਰੂ ਨਾਨਕ ਗੁਰਦੁਆਰਾ ਵਲਸਾਲ (ਇੰਗਲੈਂਡ) ਦੀ ਪ੍ਰਬੰਧਕ ਕਮੇਟੀ ਵੱਲੋਂ ਪੱਤਰਕਾਰ ਨੂੰ ਜਾਣਕਾਰੀ ਦਿੰਦਿਆ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਭਾਈ ਪਰਮਜੀਤ ਸਿੰਘ ਕਰੇਮੋਨਾ ਵੱਲੋਂ ਦੱਸਿਆਂ ਕਿ ਗਿਆਨੀ ਅਜੀਤ ਸਿੰਘ ਪਿਛਲੇ 28 ਸਾਲਾਂ ਤੋਂ ਗੁਰਦੁਆਰਾ ਸਾਹਿਬ ਵਿਖੇ ਬਹੁਤ ਹੀ ਸੁਚੱਜੇ ਅਤੇ ਸਿੰਘ, ਸੁੱਖੀ ਰੰਧਾਵਾ, ਨਿਰਭੈਅ ਸਿੰਘ, ਗੁਰਪ੍ਰੀਤ ਸਿੰਘ, ਸੁਖਵਿੰਦਰ ਸਿੰਘ, ਸੁਖਵਿੰਦਰ ਸਿੰਘ, ਜੀਵਨ ਸਿੰਘ, ਕੇਵਲ ਸਿੰਘ, ਬੀਬੀ ਜੋਗਿੰਦਰ ਕੌਰ, ਨੀਧੀ ਰਾਣਾ ਅਤੇ ਸਮੁੱਚੀਆਂ ਲੰਗਰ ਵਾਲੀਆਂ ਬੀਬੀਆਂ ਹਾਜਰ ਸਨ।

# ਤਖ਼ਤ ਸ੍ਰੀ ਹਰਿਮੰਦਰ ਪਟਨਾ ਸਾਹਿਬ ਦੇ ਸਾਂਝੇ ਉਪਰਾਲੇ ਹੇਠ ਚੱਲ ਰਹੇ ਗੁਰੂ ਗੋਬਿੰਦ ਸਿੰਘ ਕਾਲਜ ਦਾ ਅਚਾਨਕ ਨਿਰੀਖਣ

ਪਟਨਾ ਸਾਹਿਬ, 27 ਮਈ (ਜਗਜੀਤ ਸਿੰਘ) : ਬਿਹਾਰ ਰਾਜ ਘੱਟ ਗਿਣਤੀ ਕਮਿਸ਼ਨ ਦੇ ਉਪ ਚੈਅਰਮੈਨ ਸਰਦਾਰ ਲਖਵਿੰਦਰ ਸਿੰਘ ਅਤੇ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਜਨਰਲ ਸਕੱਤਰ ਸਰਦਾਰ ਇੰਦਰਜੀਤ ਸਿੰਘ ਨੇ ਆਪਣੀ ਟੀਮ ਸਮੇਤ ਬਿਹਾਰ ਸਰਕਾਰ ਅਤੇ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਤਾਲਮੇਲ ਨਾਲ ਚਲਾਏ ਜਾ ਰਹੇ ਗੁਰੂ ਗੋਬਿੰਦ ਸਿੰਘ ਕਾਲਜ ਦਾ ਅਚਾਨਕ ਨਿਰੀਖਣ ਕੀਤਾ। ਨਿਰੀਖਣ ਦੌਰਾਨ ਉਨ੍ਹਾਂ ਨੇ ਕਾਲਜ



ਦੇ ਵੱਖ-ਵੱਖ ਵਿਭਾਗਾਂ, ਦਫ਼ਤਰੀ ਰਿਕਾਰਡਾਂ, ਵਿਦਿਆਰਥੀਆਂ ਲਈ ਉਪਲਬਧ ਸਹੂਲਤਾਂ ਅਤੇ ਇਮਾਰਤ ਦਾ ਗਹਿਰਾਈ ਨਾਲ ਜਾਇਜ਼ਾ ਲਿਆ। ਟੀਮ ਨੇ ਕਾਲਜ ਦੇ ਪ੍ਰਬੰਧਾਂ 'ਤੇ ਸੰਤੁਸ਼ਟੀ ਜਤਾਉਂਦੇ ਹੋਏ ਕਿਹਾ ਕਿ ਇਹ ਸੰਸਥਾ ਸਿੱਖਿਆ ਦੇ ਖੇਤਰ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੀ ਹੈ। ਇਸ ਮੌਕੇ ਉਪ ਚੈਅਰਮੈਨ ਲਖਵਿੰਦਰ ਸਿੰਘ ਨੇ ਕਿਹਾ ਕਿ ਗੁਰੂ ਗੋਬਿੰਦ ਸਿੰਘ ਕਾਲਜ ਨੂੰ ਹੋਰ ਵਿਕਸਤ ਅਤੇ ਆਧੁਨਿਕ ਬਣਾਉਣ ਲਈ ਬਿਹਾਰ ਸਰਕਾਰ ਕੋਲ ਵਿਸ਼ੇਸ਼ ਸਿਫਾਰਸ਼ ਕੀਤੀ ਜਾਵੇਗੀ, ਤਾਂ ਜੋ ਵਿਦਿਆਰਥੀਆਂ ਨੂੰ ਹੋਰ ਵਧੀਆ ਸਿੱਖਿਆ ਅਤੇ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ। ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਜਨਰਲ ਸਕੱਤਰ ਸਰਦਾਰ ਇੰਦਰਜੀਤ ਸਿੰਘ ਨੇ ਕਿਹਾ ਕਿ ਸਿੱਖਿਆ ਦੇ ਪ੍ਰਸਾਰ ਲਈ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਦਾ ਯੋਗਦਾਨ ਬਹੁਤ ਜ਼ਰੂਰੀ ਹੈ ਅਤੇ ਇਹ ਕਾਲਜ ਭਵਿੱਖ ਵਿੱਚ ਹੋਰ ਉੱਚਾਈਆਂ ਨੂੰ ਛੂਹੇਗਾ। ਨਿਰੀਖਣ ਦੌਰਾਨ ਟੀਮ ਦੇ ਹੋਰ ਮੈਂਬਰ ਵੀ ਮੌਜੂਦ ਰਹੇ ਅਤੇ ਕਾਲਜ ਪ੍ਰਬੰਧਕਾਂ ਨਾਲ ਵੱਖ-ਵੱਖ ਮਸਲਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।

# ਕੈਨਰਾ ਬੈਂਕ ਵੱਲੋਂ ਹਿਮਾਚਲ ਵਿੱਚ ਨਵੀਂ ਸ਼ਾਖਾ ਦਾ ਉਦਘਾਟਨ

ਦੇਹਰਾ, 27 ਮਈ, ਮਈ (ਚ.ਨ.ਸ.) : ਖੇਤਰੀ ਵਿਸਤਾਰ ਅਤੇ ਵਿੱਤੀ ਸਮਾਵੇਸ਼ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ, ਕੈਨਰਾ ਬੈਂਕ ਨੇ ਕੱਲ੍ਹ, 26 ਮਈ 2026 ਨੂੰ ਇੱਥੇ ਆਪਣੀ ਨਵੀਂ ਸ਼ਾਖਾ ਦਾ ਅਧਿਕਾਰਤ ਤੌਰ 'ਤੇ ਉਦਘਾਟਨ ਕੀਤਾ।ਇਸ ਸ਼ਾਖਾ ਦਾ ਉਦਘਾਟਨ ਕੈਨਰਾ ਬੈਂਕ ਦੇ ਜਨਰਲ ਮੈਨੇਜਰ ਸ਼੍ਰੀ ਚੰਦਰ ਸਿੰਘ ਤੋਮਰ ਵੱਲੋਂ ਕੀਤਾ ਗਿਆ। ਇਹ ਸਮਾਗਮ ਸੈਂਟਰਲ ਯੂਨੀਵਰਸਿਟੀ ਆਫ਼ ਹਿਮਾਚਲ ਪ੍ਰਦੇਸ਼ (ਧਰਮਸ਼ਾਲਾ) ਦੇ ਵਾਈਸ ਚਾਂਸਲਰ ਪ੍ਰੋ. ਸਤ ਪ੍ਰਕਾਸ਼ ਬਾਂਸਲ ਅਤੇ ਸ਼ਿਮਲਾ ਸਥਿਤ ਕੈਨਰਾ ਬੈਂਕ ਖੇਤਰੀ ਦਫ਼ਤਰ ਦੇ ਰੀਜਨਲ ਹੈੱਡ ਸ਼੍ਰੀ ਰਵੀ ਕਾਂਤ ਬਰਮਨ ਦੀ ਵਿਸ਼ੇਸ਼ ਮੌਜੂਦਗੀ ਵਿੱਚ ਹੋਇਆ। ਸਮਾਗਮ ਵਿੱਚ ਸਥਾਨਕ ਪਤਵੰਤੇ ਸੱਜਣ, ਵਪਾਰਕ ਭਾਈਚਾਰੇ ਦੇ ਮੈਂਬਰ ਅਤੇ ਇਲਾਕਾ ਨਿਵਾਸੀ ਵੀ ਸ਼ਾਮਲ ਹੋਏ।ਇਕੱਠ ਨੂੰ ਸੰਬੋਧਨ ਕਰਦਿਆਂ ਸ਼੍ਰੀ ਤੋਮਰ ਨੇ ਬੈਂਕ ਦੇ ਸਮਾਵੇਸ਼ੀ ਵਿਕਾਸ ਦੇ ਵਿਜ਼ਨ @ਤੇ ਚਾਨਣਾ ਪਾਇਆ। ਉਨ੍ਹਾਂ ਨੇ ਗਾਹਕਾਂ ਨਾਲ ਸਬੰਧਾਂ ਨੂੰ ਮਜ਼ਬੂਤ ਕਰਨ ਅਤੇ ਸੁਰੱਖਿਅਤ, ਤਕਨਾਲੋਜੀ-ਅਧਾਰਿਤ ਬੈਂਕਿੰਗ ਹੱਲ ਪ੍ਰਦਾਨ ਕਰਨ ਲਈ ਕੈਨਰਾ ਬੈਂਕ ਦੀ ਵਚਨਬੱਧਤਾ @ਤੇ ਜ਼ੋਰ ਦਿੱਤਾ।ਪ੍ਰੋ. ਬਾਂਸਲ ਨੇ ਬੈਂਕ ਦੇ ਵਿਸਤਾਰ ਯਤਨਾਂ



ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਨਵੀਂ ਸ਼ਾਖਾ ਖੇਤਰ ਵਿੱਚ ਵਿੱਤੀ ਜਾਗਰੂਕਤਾ ਅਤੇ ਪਹੁੰਚ ਵਧਾਉਣ ਵਿੱਚ ਅਹਿਮ ਭੂਮਿਕਾ ਨਿਭਾਏਗੀ। ਸ਼੍ਰੀ ਬਰਮਨ ਨੇ ਗਾਹਕ ਸੇਵਾ ਵਿੱਚ ਉੱਤਮਤਾ ਪ੍ਰਤੀ ਬੈਂਕ ਦੀ ਵਚਨਬੱਧਤਾ ਨੂੰ ਦੁਹਰਾਇਆ ਅਤੇ ਕਿਹਾ ਕਿ ਦੇਹਰਾ ਸ਼ਾਖਾ ਸਥਾਨਕ ਲੋਕਾਂ ਦੀਆਂ ਵਧਦੀਆਂ ਵਿੱਤੀ ਮੰਗਾਂ ਨੂੰ ਪੂਰਾ ਕਰਨ ਲਈ ਪੂਰੀ ਤਰ੍ਹਾਂ ਲੈਸ ਹੈ।ਇਹ ਨਵੀਂ ਖੁੱਲ੍ਹੀ ਸ਼ਾਖਾ ਆਧੁਨਿਕ ਡਿਜੀਟਲ ਬੈਂਕਿੰਗ ਹੱਲ, ਰਿਟੇਲ ਅਤੇ ਐੱਮ.ਐੱਸ.ਐੱਮ.ਈ. ਬੈਂਕਿੰਗ, ਖੇਤੀਬਾੜੀ ਵਿੱਤ ਅਤੇ ਵਿਸ਼ੇਸ਼ ਖਪਤਕਾਰ ਉਤਪਾਦਾਂ ਸਮੇਤ ਸੇਵਾਵਾਂ ਦੀ ਇੱਕ ਵਿਸਤ੍ਰਿਤ ਸ਼੍ਰੇਣੀ ਪੇਸ਼ ਕਰੇਗੀ। ਪ੍ਰੋਗਰਾਮ ਦਾ ਸਮਾਪਨ ਬੈਂਕ ਅਧਿਕਾਰੀਆਂ, ਮਹਿਮਾਨਾਂ ਅਤੇ ਨਵੇਂ ਗਾਹਕਾਂ ਵਿਚਕਾਰ ਇੱਕ ਵਿਚਾਰ-ਵਟਾਂਦਰੇ ਦੇ ਸੈਸ਼ਨ ਨਾਲ ਹੋਇਆ।ਵਿਸ਼ੇਸ਼ ਤੌਰ @ਤੇ, ਪੇਂਡੂ ਖੇਤਰ ਦੀ ਸ਼੍ਰੇਣੀ ਤਹਿਤ ਕਾਂਗੜਾ ਜ਼ਿਲ੍ਹੇ ਵਿੱਚ ਕੈਨਰਾ ਬੈਂਕ ਦੀ ਇਹ 22ਵੀਂ ਸ਼ਾਖਾ ਹੈ। ਕੈਨਰਾ ਬੈਂਕ ਵਰਤਮਾਨ ਵਿੱਚ ਪੂਰੇ ਹਿਮਾਚਲ ਪ੍ਰਦੇਸ਼ ਵਿੱਚ 64 ਸ਼ਾਖਾਵਾਂ ਦਾ ਸੰਚਾਲਨ ਕਰ ਰਿਹਾ ਹੈ, ਜਿਨ੍ਹਾਂ ਦੀ ਪੇਂਡੂ ਅਤੇ ਅਰਧ-ਸ਼ਹਿਰੀ ਖੇਤਰਾਂ ਵਿੱਚ ਮਹੱਤਵਪੂਰਨ ਮੌਜੂਦਗੀ ਹੈ। ਬੈਂਕ ਰਾਜ ਦੇ ਘੱਟ ਬੈਂਕਿੰਗ ਸਹੂਲਤਾਂ ਵਾਲੇ ਖੇਤਰਾਂ ਵਿੱਚ ਬੈਂਕਿੰਗ ਪਹੁੰਚ ਨੂੰ ਮਜ਼ਬੂਤ ਕਰਨ ਅਤੇ ਵਿੱਤੀ ਸਸ਼ਕਤੀਕਰਨ ਨੂੰ ਉਤਸ਼ਾਹਿਤ ਕਰਨ ਦੀ ਦਿਸ਼ਾ ਵਿੱਚ ਲਗਾਤਾਰ ਕੰਮ ਕਰ ਰਿਹਾ ਹੈ।

# ਚੰਡੀਗੜ੍ਹ ਨੂੰ ਏਸ਼ੀਅਨ ਰੀਲੇਅ ਚੈਂਪੀਅਨਸ਼ਿਪ 2027 ਦੀ ਮੇਜ਼ਬਾਨੀ

ਚੰਡੀਗੜ੍ਹ, 27 ਮਈ (ਅੰਮ੍ਰਿਤਪਾਲ ਸਿੰਘ) : ਸ਼ਹਿਰ ਦੇ ਖੇਡ ਦ੍ਰਿਸ਼ ਲਈ ਇੱਕ ਵੱਡਾ ਮੀਲ ਪੱਥਰ, ਏਸ਼ੀਅਨ ਐਥਲੈਟਿਕਸ ਐਸੋਸੀਏਸ਼ਨ ਨੇ ਚੰਡੀਗੜ੍ਹ ਨੂੰ ਵੱਕਾਰੀ ਏਸ਼ੀਅਨ ਰੀਲੇਅ ਚੈਂਪੀਅਨਸ਼ਿਪ 2027 ਦੀ ਮੇਜ਼ਬਾਨੀ ਦਾ ਅਧਿਕਾਰ ਦਿੱਤਾ ਹੈ। ਮਈ 2027 ਵਿੱਚ ਚੰਡੀਗੜ੍ਹ ਵਿੱਚ ਹੋਣ ਵਾਲੀ, ਸ਼ਾਨਦਾਰ ਐਥਲੈਟਿਕਸ ਪ੍ਰਾਪਤੀਆਂ ਵਾਲੇ ਮੋਹਰੀ ਏਸ਼ੀਆਈ ਦੇਸ਼ਾਂ ਦੇ ਐਥਲੀਟ ਹਿੱਸਾ ਲੈਣਗੇ। ਇਹ ਈਵੈਂਟ ਚੰਡੀਗੜ੍ਹ ਨੂੰ ਅੰਤਰਰਾਸ਼ਟਰੀ ਖੇਡ ਨਕਸ਼ੇ 'ਤੇ ਸਥਾਪਿਤ ਕਰੇਗਾ। 1989 ਵਿੱਚ ਹੋਈ ਏਸ਼ੀਅਨ ਰੋਇੰਗ ਚੈਂਪੀਅਨਸ਼ਿਪ ਤੋਂ ਬਾਅਦ ਇਹ ਪਹਿਲੀ ਵਾਰ ਹੋਵੇਗਾ ਕਿ ਚੰਡੀਗੜ੍ਹ ਕਿਸੇ ਵੱਡੇ ਅੰਤਰਰਾਸ਼ਟਰੀ ਖੇਡ ਈਵੈਂਟ ਦੀ ਮੇਜ਼ਬਾਨੀ ਕਰੇਗਾ। ਇਸ ਨੂੰ ਤਿੰਨ ਦਹਾਕਿਆਂ ਤੋਂ ਵੱਧ ਸਮੇਂ ਬਾਅਦ ਸ਼ਹਿਰ ਲਈ ਇੱਕ ਮਹੱਤਵਪੂਰਨ ਪ੍ਰਾਪਤੀ ਮੰਨਿਆ ਜਾ ਰਿਹਾ ਹੈ। ਇਹ ਫੈਸਲਾ ਅੱਜ ਹਾਂਗਕਾਂਗ ਵਿੱਚ ਹੋਈ ਏਸ਼ੀਅਨ ਐਥਲੈਟਿਕਸ ਐਸੋਸੀਏਸ਼ਨ ਕੌਂਸਲ ਦੀ ਮੀਟਿੰਗ ਵਿੱਚ ਲਿਆ ਗਿਆ। ਯੂਟੀ ਚੰਡੀਗੜ੍ਹ ਚੰਡੀਗੜ੍ਹ ਦੇ ਮਾਨਯੋਗ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਦੇ ਨਿਰਦੇਸ਼ਾਂ ਹੇਠ, ਚੰਡੀਗੜ੍ਹ ਪੱਖ ਦੀ ਨੁਮਾਇੰਦਗੀ ਸ਼੍ਰੀ ਮਨਦੀਪ ਸਿੰਘ ਬਰਾੜ, ਗ੍ਰਹਿ ਸਕੱਤਰ, ਚੰਡੀਗੜ੍ਹ ਪ੍ਰਸ਼ਾਸਨ, ਅਤੇ ਸ਼੍ਰੀ ਰਵਿੰਦਰ ਚੌਧਰੀ, ਡਾਇਰੈਕਟਰ ਆਫ ਕੰਪੀਟੀਸ਼ਨਜ਼, ਅਥਲੈਟਿਕਸ ਫੈਡਰੇਸ਼ਨ ਆਫ ਇੰਡੀਆ ਨੇ ਕੀਤੀ।

# ਚੱਡਾ ਬ੍ਰਦਰਜ਼ ਵੱਲੋਂ ਖਾਲਸਾ ਕਾਲਜ ਮਟੂਗਾ, ਮੁੰਬਈ ਵਿਖੇ ਚੱਲ ਰਹੇ ਚਾਰ ਸਾਹਿਬਜ਼ਾਦੇ ਐਮ. ਆਰ. ਆਈ. ਸੈਂਟਰ ਲਈ ਸਵਾ ਦੋ ਕਰੋੜ ਰੁਪਏ ਭੇਟ ਕਰਨ ਦਾ ਐਲਾਨ

ਮੁੰਬਈ, 27 ਮਈ (ਅੰਮ੍ਰਿਤਪਾਲ ਸਿੰਘ) : ਮਹਾਰਾਸ਼ਟਰ ਦੇ ਪ੍ਰਸਿੱਧ ਸਿੱਖ ਆਗੂ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਰਦਾਰ ਗੁਰਿੰਦਰ ਸਿੰਘ ਬਾਵਾ ਵੱਲੋਂ ਮੈਡੀਕਲ ਲੰਗਰ ਤਹਿਤ ਮੁੰਬਈ ਅਤੇ ਉਲਹਾਸ ਨਗਰ ਵਿਖੇ ਚਲਾਏ ਜਾ ਰਹੇ ਚਾਰ ਸਾਹਿਬਜ਼ਾਦੇ ਐਮਆਰਆਈ ਅਤੇ ਸਿਟੀ ਸਕੈਨ ਸੈਂਟਰ ਦੇ ਲਈ ਅਮਰੀਕਾ ਅਤੇ ਕੈਨੇਡਾ ਨਿਵਾਸੀ ਦਿਲਮੋਹਨ ਸਿੰਘ ਚੱਡਾ ਅਤੇ ਬਲਜੀਤ ਸਿੰਘ ਚੱਡਾ ਪਰਿਵਾਰ ਵੱਲੋਂ ਸੇਵਾ ਵਜੋਂ ਸਵਾ ਦੋ ਕਰੋੜ ਰੁਪਏ ਦੀ ਸੇਵਾ ਦੇਣ ਦਾ ਐਲਾਨ ਕੀਤਾ ਗਿਆ ਹੈ। ਇੱਥੇ ਜ਼ਿਕਰਯੋਗ ਹੈ



ਕਿ ਸਰਦਾਰ ਗੁਰਿੰਦਰ ਸਿੰਘ ਬਾਬਾ ਜੀ ਵੱਲੋਂ ਚਲਾਈ ਜਾ ਰਹੇ ਇਸ ਮੈਡੀਕਲ ਲੰਗਰ ਤਹਿਤ ਗੁਰੂ ਦੇ ਸਿਧਾਂਤ ਅਨੁਸਾਰ ਬਿਨਾਂ ਕਿਸੇ ਜਾਤ ਪਾਤ ਬਿਨਾਂ ਕਿਸੇ ਭੇਦ ਭਾਵ ਤੇ ਹਰ ਕਿਸੇ ਲਈ ਬਹੁਤ ਹੀ ਵਾਜਬ ਰੇਟ ਦੇ ਉੱਪਰ ਐਮਆਰਆਈ ,ਸਿਟੀ ਸਕੈਨ, ਬਲੱਡ ਟੈਸਟ ਇ ਸੀ ਜੀ , ਫੈਕਟਰੀ ਰੇਟ ਤੇ ਦਵਾਈਆਂ ,ਇਹ ਸਭ ਸਹੂਲਤਾਂ ਬਿਨਾਂ ਕਿਸੇ ਭੇਦ ਭਾਵ ਦੇ ਬਿਲਕੁਲ ਕੰਟਰੋਲ ਰੇਟ ਤੇ ਉਪਲਬਧ ਹਨ ਜਿਸ ਦਾ ਕਿ ਮੁੰਬਈ ਮੁੰਬਈ ਉਲਾਸ ਨਗਰ ਅਤੇ ਇਸ ਦੇ ਆਸ ਪਾਸ ਦੇ ਲੋਕ ਸੰਪੂਰਨ ਫਾਇਦਾ ਲੈ ਰਹੇ ਹਨ। ਜਿਸ ਤੋਂ ਪ੍ਰਭਾਵਿਤ ਹੋ ਕੇ ਸਰਦਾਰ ਦਿਲਮੋਹਨ ਸਿੰਘ ਚੱਡਾ ਤੇ ਬਲਜੀਤ ਸਿੰਘ ਚੱਡਾ ਪਰਿਵਾਰ ਵੱਲੋਂ ਪਿਛਲੇ ਸਾਲ ਵੀ ਚਾਰ ਸਾਹਿਬਜ਼ਾਦੇ ਐਮਆਰਆਈ ਅਤੇ ਸਿਟੀ ਸੈਨ ਸੈਂਟਰ ਲਈ ਡੇਢ ਕਰੋੜ ਰੁਪਆ ਭੇਟ ਕੀਤਾ ਗਿਆ ਸੀ ਅਤੇ ਹੁਣ ਇਸੇ ਲੜੀ ਤਹਿਤ ਦੂਸਰਾ ਸੈਂਟਰ ਉਲਹਾਸ ਨਗਰ ਵਿਖੇ ਸ਼ੁਰੂ ਹੋਣ ਉਪਰੰਤ ਅੱਜ ਕਨੇਡਾ ਤੋਂ ਉਚੇਚੇ ਤੌਰ ਤੇ ਸਰਦਾਰ ਬਲਜੀਤ ਸਿੰਘ ਚੱਡਾ ਜੀ ਨੇ ਗੁਰੂ ਨਾਨਕ ਖਾਲਸਾ ਕਾਲਜ ਮਟੂੰਗਾ ਮੁੰਬਈ ਵਿਖੇ ਚੱਲ ਰਹੇ ਚਾਰ ਸਾਹਿਬਜ਼ਾਦੇ ਐਮਆਰਆਈ ਸੈਂਟਰ ਅਤੇ ਖਾਲਸਾ ਕਾਲਜ ਦਾ ਦੌਰਾ ਕੀਤਾ ਅਤੇ ਸਾਰੀਆਂ ਮੈਡੀਕਲ ਸੈਂਟਰ ਦਾ ਵੀ ਦੌਰਾ ਕੀਤਾ। ਸਰਦਾਰ ਬਾਵਾ ਨੇ ਸਰਦਾਰ ਬਲਜੀਤ ਸਿੰਘ ਚੱਡਾ ਨੂੰ ਮੁੰਬਈ ਆਨ ਤੇ ਜੀ ਆਇਆ ਨੂੰ ਆਖਦੇ ਹੋਏ ਉਹਨਾਂ ਦਾ ਧੰਨਵਾਦ ਕੀਤਾ ਅਤੇ ਉਹਨਾਂ ਨੂੰ ਸਿਰੋਪਾਓ ਅਤੇ ਸ਼ਾਲ ਭੇਟ ਕਰਕੇ ਸਨਮਾਨਿਤ ਕੀਤਾ। ਸਰਦਾਰ ਚੱਡਾ ਵੱਲੋਂ ਜੋ ਸ਼੍ਰੀ ਹਰਿਮੰਦਰ ਸਾਹਿਬ ਉੱਪਰ ਇੱਕ ਕਿਤਾਬ ਤਿਆਰ ਕਰਕੇ ਰਿਲੀਜ਼ ਕੀਤੀ ਗਈ ਹੈ ਉਹ ਸਤਿਕਾਰ shet ਸਰਦਾਰ ਬਾਵਾ ਨੂੰ ਭੇਟ ਕੀਤੀ ਗਈ। ਉਹਨਾਂ ਨੇ ਅੱਗੋਂ ਵੀ ਇਹ ਅਸ਼ਵਾਸਨ ਦਿੱਤਾ ਕਿ ਬਾਬਾ ਜੀ ਤੁਸੀਂ ਇਹ ਸੇਵਾਵਾਂ ਜਾਰੀ ਰੱਖੋ ਅਸੀਂ ਵੀ ਜੋ ਬਣਦੀ ਸਮਰੱਥਾ ਅਨੁਸਾਰ ਸੇਵਾਵਾਂ ਹੋਣਗੀਆਂ ਅਸੀ ਹਮੇਸ਼ਾ ਸਹਿਯੋਗ ਕਰਦੇ ਰਹਾਂਗੇ। ਇਸ ਦੌਰਾਨ ਕਾਲਜ ਦੇ ਡਾਇਰੈਕਟਰ ਐਡਮਿਨਿਸਟ੍ਰੇਸ਼ਨ ਡਾਕਟਰ ਜਸਬੀਰ ਕੌਰ ਮੱਕੜ ਪ੍ਰਿੰਸੀਪਲ ਡਾ. ਰਤਨਨਾ ਸ਼ਰਮਾ ਚੀਫ ਮੈਡੀਕਲ ਆਫਿਸਰ ਡਾ. ਸੁਖਦੀਪ ਕੌਰ ਸੰਧੂ ਅਤੇ ਸਿਵਿਲ ਡਾਇਰੈਕਟਰ ਸੁਖਰਾਜ ਸਿੰਘ ਸੋਹਲ ਮੌਜੂਦ ਸਨ।

# ਸ਼ਾਮ ਲਾਲ ਕਾਲਜ ਦੇ ਸਾਲਾਨਾ ਸਮਾਗਮ ਵਿੱਚ ਦਿੱਲੀ ਦੇ ਉਪ-ਰਾਜਪਾਲ ਦੀ ਆਮਦ

ਨਵੀਂ ਦਿੱਲੀ, 27 ਮਈ (ਅੰਮ੍ਰਿਤਪਾਲ ਸਿੰਘ): ਦਿੱਲੀ ਯੂਨੀਵਰਸਿਟੀ ਦੇ ਵੱਕਾਰੀ ਸੰਸਥਾਨ ਸ਼ਾਮ ਲਾਲ ਕਾਲਜ ਵਿਖੇ ਅੱਜ 56ਵਾਂ ਸਲਾਨਾ ਇਨਾਮ ਵੰਡ ਸਮਾਰੋਹ ਅਤੇ ਵਿਸ਼ੇਸ਼ ਸਮਾਗਮ ਬੜੀ ਧੂਮ-ਧਾਮ ਨਾਲ ਆਯੋਜਿਤ ਕੀਤਾ ਗਿਆ, ਜਿਸ ਵਿੱਚ ਦਿੱਲੀ ਦੇ ਮਾਨਯੋਗ ਉਪ-ਰਾਜਪਾਲ (ਐਲ.ਜੀ.) ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ । ਉਨ੍ਹਾਂ ਨੇ ਆਪਣੇ ਸੰਬੋਧਨ ਦੌਰਾਨ ਕਾਲਜ ਦੇ ਸ਼ਾਨਦਾਰ ਸਫ਼ਰ ਦੀ ਸ਼ਲਾਘਾ ਕਰਦਿਆਂ ਵਿਦਿਆਰਥੀਆਂ ਨੂੰ ਦੇਸ਼ ਦੇ ਨਿਰਮਾਣ ਵਿੱਚ ਹਿੱਸਾ ਪਾਉਣ ਲਈ ਪ੍ਰੇਰਿਤ ਕੀਤਾ । ਇਸ ਵਿਸ਼ੇਸ਼ ਮੌਕੇ ਲੋਕ ਸਭਾ ਮੈਂਬਰ ਸ਼੍ਰੀ ਮਨੋਜ ਕੁਮਾਰ ਤਿਵਾਰੀ, ਦਿੱਲੀ ਯੂਨੀਵਰਸਿਟੀ ਦੇ ਡੀਨ ਆਫ਼ ਕਾਲੇਜਿਸ ਪ੍ਰੋ. ਬਲਰਾਮ ਪਾਣੀ, ਗਵਰਨਿੰਗ ਬਾਡੀ ਦੇ ਮੈਂਬਰ ਸ਼੍ਰੀ ਹਿਮਾਂਸ਼ੂ ਗੁਪਤਾ ਅਤੇ ਕਾਲਜ ਦੇ ਪ੍ਰਿੰਸੀਪਲ ਪ੍ਰੋ. ਨਚੀਕੇਤਾ ਸਿੰਘ ਸਮੇਤ ਵੱਖ-ਵੱਖ ਖੇਤਰਾਂ ਦੀਆਂ ਪ੍ਰਮੁੱਖ ਸ਼ਖਸੀਅਤਾਂ, ਅਧਿਆਪਕ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ



ਸਨ। ਸਮਾਗਮ ਦੌਰਾਨ ਦਿੱਲੀ ਦੇ ਉਪ-ਰਾਜਪਾਲ ਅਤੇ ਹੋਰਨਾਂ ਬੁਲਾਰਿਆਂ ਨੇ ਕਿਹਾ ਕਿ ਭਾਰਤ ਵਿੱਚ ਸ਼ਾਮ ਦੇ ਕਾਲਜ ਸਿਰਫ਼ ਉੱਚ ਸਿੱਖਿਆ ਦਾ ਕੋਈ ਪ੍ਰਬੰਧਕੀ ਵਿਸਥਾਰ ਮਾਤਰ ਨਹੀਂ ਹਨ, ਸਗੋਂ ਇਹ ਸੰਸਥਾਵਾਂ ਲੋਕਤੰਤਰੀ ਸਮਾਵੇਸ਼ ਦੀ ਭਾਵਨਾ ਨੂੰ ਦਰਸਾਉਂਦੀਆਂ ਹਨ । ਇਹ ਕਾਲਜ ਇਸ ਗੱਲ ਨੂੰ ਯਕੀਨੀ ਬਣਾਉਂਦੇ ਹਨ ਕਿ ਉੱਚ ਸਿੱਖਿਆ ਵਿਦਿਆਰਥੀਆਂ ਦੀ ਜ਼ਿੰਦਗੀ ਦੀਆਂ ਹਕੀਕਤਾਂ ਅਤੇ ਹਾਲਾਤ ਮੁਤਾਬਕ ਢਲ ਕੇ ਸਾਰਿਆਂ ਦੀ ਪਹੁੰਚ ਵਿੱਚ ਰਹੇ । ਸਾਲ 1964 ਵਿੱਚ ਸਥਾਪਿਤ ਹੋਏ ਇਸ ਕਾਲਜ ਅਤੇ 1969 ਤੋਂ ਨਿਰੰਤਰ ਚੱਲ ਰਹੇ ਈਵਨਿੰਗ ਕਾਲਜ ਨੇ ਆਪਣੀ ਲੰਮੀ ਇਤਿਹਾਸਕ ਯਾਤਰਾ ਦੌਰਾਨ ਪੀੜ੍ਹੀਆਂ ਨੂੰ ਸਿੱਖਿਅਤ ਕਰਕੇ ਦੇਸ਼ ਦੇ ਵਿਕਾਸ ਵਿੱਚ ਲਗਾਤਾਰ ਯੋਗਦਾਨ ਪਾਇਆ ਹੈ। ਬੁਲਾਰਿਆਂ ਨੇ ਭਾਰਤੀ ਸਮਾਜ ਦੀ ਅਸਲ ਤਸਵੀਰ ਨੂੰ ਇਨ੍ਹਾਂ ਕਾਲਜਾਂ ਰਾਹੀਂ ਪੇਸ਼ ਕਰਦਿਆਂ ਕਿਹਾ ਕਿ ਇੱਥੋਂ ਦੇ ਵਿਦਿਆਰਥੀ ਅਕਸਰ ਦਿਨ ਵੇਲੇ ਕਈ ਤਰ੍ਹਾਂ ਦੀਆਂ ਹੋਰ ਜ਼ਿੰਮੇਵਾਰੀਆਂ ਅਤੇ ਰੁਜ਼ਗਾਰ ਦੇ ਕੰਮਾਂ ਨੂੰ ਸੰਭਾਲਦੇ ਹੋਏ ਰਾਤ ਨੂੰ ਆਪਣੀ ਪੜ੍ਹਾਈ ਪੂਰੀ ਕਰਦੇ ਹਨ, ਜੋ ਕਿ ਉਨ੍ਹਾਂ ਦੇ ਅੰਦਰੂਨੀ ਜਜ਼ਬੇ ਅਤੇ ਮਜ਼ਬੂਤ ਇੱਛਾ ਸ਼ਕਤੀ ਨੂੰ ਦਰਸਾਉਂਦਾ ਹੈ।

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੇ ਵਿਜ਼ਨ ਦਾ ਹਵਾਲਾ ਦਿੰਦਿਆਂ ਉਪ-ਰਾਜਪਾਲ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸਿੱਖਿਆ ਦਾ ਮਕਸਦ ਸਿਰਫ਼ ਕਾਗਜ਼ੀ ਸਰਟੀਫਿਕੇਟਾਂ ਤੱਕ ਸੀਮਤ ਨਹੀਂ ਹੋਣਾ ਚਾਹੀਦਾ, ਬਲਕਿ ਇਹ ਵਿਦਿਆਰਥੀਆਂ ਵਿੱਚ ਸਦੀਵੀ ਸਮਰੱਥਾ, ਉਦੇਸ਼, ਅਤੇ ਮਜ਼ਬੂਤ ਚਰਿੱਤਰ ਦਾ ਨਿਰਮਾਣ ਕਰਨ ਵਾਲੀ ਹੋਣੀ ਚਾਹੀਦੀ ਹੈ । ਇਹ ਕਾਲਜ ਵਿਦਿਆਰਥੀਆਂ ਦੀਆਂ ਰੋਜ਼ਾਨਾ ਦੀਆਂ ਹਕੀਕਤਾਂ ਮੁਤਾਬਕ ਢਲ ਕੇ ਸਿੱਖਿਆ ਨੂੰ ਸਮਾਵੇਸ਼ੀ ਬਣਾਉਂਦੇ ਹਨ ਅਤੇ ਜ਼ਿੰਦਗੀ ਭਰ ਸਿੱਖਣ ਦੀ ਪ੍ਰਕਿਰਿਆ ਨੂੰ ਉਤਸ਼ਾਹਿਤ ਕਰਦੇ ਹਨ। ਉਪ-ਰਾਜਪਾਲ ਨੇ ਨੌਜਵਾਨ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਅੰਦਰ ਲਚਕੀਲਾਪਣ (ਰੇਜ਼ੀਲੈਂਸ), ਹੁਨਰ, ਅਤੇ ਇਮਾਨਦਾਰੀ ਵਰਗੇ ਗੁਣ ਪੈਦਾ ਕਰਨ, ਕਿਉਂਕਿ ਇਹੀ ਨੌਜਵਾਨ ਆਉਣ ਵਾਲੇ ਸਮੇਂ ਵਿੱਚ ਵਿਕਸਿਤ ਭਾਰਤ ਦੇ ਸੁਪਨੇ ਨੂੰ ਸਾਕਾਰ ਕਰਨ ਵਾਲੇ ਅਸਲ ਨਿਰਮਾਤਾ (ਆਰਕੀਟੈਕਟਸ) ਬਣਨਗੇ।

## ਜਨਮ ਦਿਨ ਮੁਬਾਰਕ



ਵਾਰਿਸਦੀਪ ਸਿੰਘ

# ਫਿਰਕੂ ਹੱਲੇ ਖ਼ਿਲਾਫ਼ ਲੋਕ ਮੋਰਚਾ ਪੰਜਾਬ ਨੇ ਕੱਸੀ ਕਮਰ



ਬਠਿੰਡਾ, 27 ਮਈ (ਦੀਪਕ ਸ਼ਰਮਾ) ਲੋਕ ਮੋਰਚਾ ਪੰਜਾਬ ਅਤੇ ਇਨਕਲਾਬੀ ਕੇਂਦਰ ਪੰਜਾਬ ਵੱਲੋਂ ਆਉਂਦੀ 30 ਮਈ ਨੂੰ ਬਰਨਾਲਾ ਵਿਖੇ ਇੱਕ ਸਾਂਝੀ ਸੂਬਾਈ ਕਨਵੈਂਨਸ਼ਨ ਉਲੀਕੀ ਜਾ ਰਹੀ ਹੈ, ਜਿਸ ਦੀਆਂ ਤਿਆਰੀਆਂ ਲਈ ਕਾਰਕੁੰਨਾਂ ਵੱਲੋਂ ਪਿੰਡ-ਪਿੰਡ ਪਹੁੰਚ ਕੀਤੀ ਜਾ ਰਹੀ ਹੈ। ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਜਥੇਬੰਦੀ ਦੇ ਆਗੂਆਂ ਨੇ ਦੱਸਿਆ ਕਿ ਮੌਜੂਦਾ ਵੋਟ ਪਾਰਟੀਆਂ ਲੋਕਾਂ ਦੇ ਅਸਲ ਬੁਨਿਆਦੀ ਮੁੱਦਿਆਂ ਨੂੰ ਰੋਲ ਕੇ ਫਿਰਕੂ ਤੇ ਪਾਟਕਪਾਊ ਸਿਆਸਤ ਕਰ ਰਹੀਆਂ ਹਨ। ਕੇਂਦਰ ਦੀ ਮੋਦੀ ਸਰਕਾਰ ਸਾਮਰਾਜੀ ਨੀਤੀਆਂ ਤਹਿਤ ਮਹਿੰਗਾਈ ਵਧਾ ਕੇ ਆਮ ਜਨਤਾ ਤੇ ਬੋਝ ਪਾ ਰਹੀ ਹੈ ਅਤੇ ਭਾਰਤੀ ਮੰਡੀ ਨੂੰ ਵਿਦੇਸ਼ੀ ਕੰਪਨੀਆਂ ਹਵਾਲੇ ਕਰਨ ਲਈ ਵਪਾਰ ਸਮਝੌਤੇ ਸਿਰੇ ਚਾੜ੍ਹ ਰਹੀ ਹੈ। ਆਗੂਆਂ ਦੋਸ਼ ਲਾਇਆ ਕਿ ਪੰਜਾਬ ਦੀ ਆਪ ਸਰਕਾਰ ਵੀ ਇਹਨਾਂ ਹੀ ਨੀਤੀਆਂ ਤੇ ਚੱਲਦਿਆਂ ਲੋਕਾਂ ਦੀ ਜ਼ੁਬਾਨਬੰਦੀ ਕਰਨ ਅਤੇ ਸੰਘਰਸ਼ਾਂ ਨੂੰ ਕੁਚਲਣ ਦੇ ਰਾਹ ਪਈ ਹੋਈ ਹੈ।ਇਸ ਕਨਵੈਂਨਸ਼ਨ ਦੀ ਸਫ਼ਲਤਾ ਲਈ ਬਠਿੰਡਾ, ਮੋਗਾ, ਮੁਕਤਸਰ ਅਤੇ ਮਾਲੇਰਕੋਟਲਾ ਸਮੇਤ ਵੱਖ-ਵੱਖ ਜ਼ਿਲ੍ਹਿਆਂ ਦੇ ਪਿੰਡਾਂ ਵਿੱਚ ਲਗਾਤਾਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ, ਜਿਨ੍ਹਾਂ ਵਿੱਚ ਕਿਸਾਨ, ਮਜ਼ਦੂਰ, ਵਿਦਿਆਰਥੀ ਅਤੇ ਔਰਤਾਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰ ਰਹੇ ਹਨ। ਕਨਵੈਂਨਸ਼ਨ ਦੌਰਾਨ ਭਾਰਤ-ਅਮਰੀਕਾ ਵਪਾਰ ਸਮਝੌਤੇ ਰੱਦ ਕਰਨ, ਨਿਜੀਕਰਨ ਤੇ ਰੋਕ ਲਾਉਣ, ਗ੍ਰਿਫ਼ਤਾਰ ਕੀਤੇ ਬੁੱਧੀਜੀਵੀਆਂ ਤੇ ਕਾਰਕੁੰਨਾਂ ਨੂੰ ਰਿਹਾਅ ਕਰਨ ਅਤੇ ਯੂਏਪੀਏ ਵਰਗੇ ਕਾਲੇ ਕਾਨੂੰਨ ਖ਼ਤਮ ਕਰਨ ਦੀ ਜ਼ੋਰਦਾਰ ਆਵਾਜ਼ ਉਠਾਈ ਜਾਵੇਗੀ।

## ਸੰਤ ਮਹੇਸ਼ ਮੁਨੀ ਦਾ ਜਨਮ ਦਿਹਾੜਾ ਮਨਾਇਆ

ਭਗਤਾ ਭਾਈ ਕਾ, 27 ਮਈ (ਸਵਰਨ ਸਿੰਘ ਭਗਤਾ) : ਸੰਤ ਮਹੇਸ਼ ਮੁਨੀ ਜੀ ਗਰਲਜ਼ ਕਾਲਜ ਭਗਤਾ ਭਾਈ ਕਾ ਵਿਖੇ ਸੰਸਥਾ ਦੇ ਪ੍ਰੇਰਨਾ ਸਰੋਤ ਅਤੇ ਮਹਾਨ ਸੰਤ ਮਹੇਸ਼ ਮੁਨੀ ਜੀ ਬਾਬਾ ਬੋਰੇ ਵਾਲਿਆਂ ਦਾ ਜਨਮ ਦਿਹਾੜਾ ਬੜੀ ਸ਼ਰਧਾ ਭਗਤੀ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਸੰਤ ਮਹੇਸ਼ ਮੁਨੀ ਜੀ ਗਰਲਜ਼ ਕਾਲਜ ਅਤੇ ਸਕੂਲ ਵੱਲੋਂ, ਐਜੂਕੇਸ਼ਨ ਸੁਸਾਇਟੀ ਦੇ ਸਾਰੇ ਮੈਂਬਰਾਂ ਵੱਲੋਂ ਇਲਾਕਾ ਨਿਵਾਸੀਆਂ ਨੂੰ ਬਾਬਾ ਜੀ ਦੇ ਜਨਮ ਦਿਹਾੜੇ ਦੀਆਂ ਲੱਖ-ਲੱਖ ਵਧਾਈਆਂ। ਇਸ ਮੌਕੇ ਕਾਲਜ ਦੇ ਕੰਟਰੋਲਰ ਇੰਦਰਪਾਲ ਕੌਰ ਕਾਲਜ ਅਤੇ ਸਕੂਲ ਸਟਾਫ ਡਰਾਈਵਰ ਸਾਰਿਆਂ ਨੇ ਹਾਜ਼ਰ ਹੋ ਕੇ ਸੰਤ ਮਹੇਸ਼ ਮੁਨੀ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ।

# ਰੋਟਰੀ ਕਲੱਬ ਵੱਲੋਂ ਲਗਾਇਆ ਗਿਆ 76ਵਾਂ ਐਮਰਜੈਂਸੀ ਖ਼ੂਨਦਾਨ ਕੈਂਪ

ਭਵਾਨੀਗੜ੍ਹ, 27 ਮਈ (ਅਮਨਦੀਪ ਸਿੰਘ ਮਾਝਾ) : ਮਨੁੱਖਤਾ ਦੀ ਸੇਵਾ ਅਤੇ ਸਮਾਜ ਭਲਾਈ ਦੇ ਕਾਰਜਾਂ ਵਿੱਚ ਹਮੇਸ਼ਾ ਮੋਹਰੀ ਰਹਿਣ ਵਾਲੇ ਰੋਟਰੀ ਕਲੱਬ ਭਵਾਨੀਗੜ੍ਹ ਸਿਟੀ ਵੱਲੋਂ ਰਹਿਬਰ ਹਸਪਤਾਲ ਭਵਾਨੀਗੜ੍ਹ ਵਿਖੇ ਇੱਕ ਵਿਸ਼ਾਲ ਐਮਰਜੈਂਸੀ 76 ਵਾਂ ਖੂਨਦਾਨ ਕੈਂਪ ਦਾ ਸਫਲ ਆਯੋਜਨ ਕੀਤਾ ਗਿਆ। ਇਸ ਕੈਂਪ ਦੌਰਾਨ ਖੂਨਦਾਨੀਆਂ ਵਿੱਚ ਬੇਮਿਸਾਲ ਉਤਸ਼ਾਹ ਦੇਖਣ ਨੂੰ ਮਿਲਿਆ, ਜਿੱਥੇ ਕੁੱਲ 124 ਨੌਜਵਾਨਾਂ ਨੇ ਆਪਣੀ ਰਜਿਸਟ੍ਰੇਸ਼ਨ ਕਰਵਾਈ ਅਤੇ ਉਨ੍ਹਾਂ ਵਿੱਚੋਂ ਡਾਕਟਰੀ ਜਾਂਚ ਮਗਰੋਂ 101 ਸਿਹਤਮੰਦ ਦਾਨੀਆਂ ਨੇ ਸਵੈ-ਇੱਛਾ ਨਾਲ ਖੂਨਦਾਨ ਕਰਕੇ ਮਾਨਵਤਾ ਦੀ ਸੇਵਾ ਵਿੱਚ ਵੱਡਾ ਯੋਗਦਾਨ ਪਾਇਆ।ਇਸ ਮੌਕੇ ਰੋਟਰੀ ਕਲੱਬ ਦੇ ਸਾਬਕਾ ਗਵਰਨਰ ਧਰਮਵੀਰ ਗਰਗ ਅਤੇ ਕਲੱਬ ਪ੍ਰਧਾਨ ਈਸ਼ਵਰ ਵਾਂਸਲ ਨੇ ਸਾਰੇ ਖੂਨਦਾਨੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ।ਕੈਂਪ ਦੌਰਾਨ ਰਜਿੰਦਰਾ ਹਸਪਤਾਲ ਪਟਿਆਲਾ ਦੇ ਬਲੱਡ ਬੈਂਕ ਤੋਂ ਪਹੁੰਚੀ ਡਾਕਟਰਾਂ ਅਤੇ ਪੈਰਾ-ਮੈਡੀਕਲ ਸਟਾਫ਼ ਦੀ ਵਿਸ਼ੇਸ਼ ਟੀਮ ਵੱਲੋਂ ਖੂਨ ਇਕੱਠਾ ਕਰਨ ਦੀ ਸੇਵਾ ਨਿਭਾਈ ਗਈ। ਇਸ ਦੇ ਨਾਲ ਹੀ ਕੈਂਪ ਨੂੰ ਸਫਲ ਬਣਾਉਣ ਵਿੱਚ ਰਹਿਬਰ ਇੰਸਟੀਚਿਊਟ ਦੇ ਵਿਦਿਆਰਥੀਆਂ, ਮੈਨੇਜਮੈਂਟ ਅਤੇ ਸਟਾਫ ਨੇ ਵੀ ਪੂਰੀ ਤਨਦੇਹੀ ਅਤੇ ਸੇਵਾ ਭਾਵਨਾ ਨਾਲ ਸਹਿਯੋਗ ਦਿੱਤਾ।ਕੈਂਪ ਦੀ ਸ਼ਾਨਦਾਰ ਸਫਲਤਾ ਵਿੱਚ ਗਊਸ਼ਾਲਾ ਸੇਵਾ ਤੋਂ ਸੰਜੀਵ ਜੀ ਅਤੇ ਉਨ੍ਹਾਂ ਦੇ ਸਾਥੀਆਂ, ਮਾਸਟਰ ਰਾਜਵੀਰ ਜੀ, ਮਾਸਟਰ ਦੀਪਕ ਕਾਂਸਲ ਜੀ, ਚਿਰਾਗ ਮਿੱਤਲ, ਪ੍ਰਦੇਸ਼ ਗਰਗ ਜੀ, ਧਰੁਵ ਸਿੰਗਲਾ, ਪੰਕਜ ਗਰਗ ਅਤੇ ਮਿੰਟੂ ਤੂਰ ਵੱਲੋਂ ਵੀ ਪ੍ਰਬੰਧਾਂ ਨੂੰ ਸੰਭਾਲਣ ਵਿੱਚ ਬਹੁਤ ਹੀ ਸ਼ਲਾਘਾਯੋਗ ਯੋਗਦਾਨ ਪਾਇਆ ਗਿਆ।ਇਸ ਵਿਸ਼ੇਸ਼ ਮੌਕੇ ਤੇ ਕੈਂਪ ਦੇ ਸਮੁੱਚੇ ਪ੍ਰਬੰਧਾਂ ਨੂੰ ਕਾਮਯਾਬ ਕਰਨ ਲਈ ਕਲੱਬ ਦੇ ਸੈਕਟਰੀ ਅਮਿਤ ਸਿੰਗਲਾ, ਰਾਜਿੰਦਰ ਕੁਮਾਰ, ਸੰਜੇ ਗਰਗ, ਉਮੇਸ਼ ਪਾਹਵਾ ਅਤੇ ਭਗਵੰਤ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।

# ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਨੇ ਅਣਮਿੱਥੇ ਸਮੇਂ ਲਈ ਲਗਾਇਆ ਰੋਸ ਧਰਨਾ




ਸੰਗਰੂਰ, 27 ਮਈ (ਹਰਕੰਵਲ ਸਿੰਘ ਹੈਪੀ) : ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਵੱਲੋਂ ਬਰਾਬਰ ਕੰਮ ਬਰਾਬਰ ਤਨਖਾਹ ਮੁਹਿੰਮ ਦੇ ਤਹਿਤ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਸੰਗਰੂਰ ਵਿਖੇ ਪੰਜਾਬ ਪੱਧਰ 'ਤੇ ਅਣਮਿੱਥੇ ਸਮੇਂ ਦੇ ਲਈ ਰੋਸ਼ ਧਰਨਾ ਲਗਾਇਆ ਗਿਆ। ਇਸ ਮੌਕੇ ਸੇਵਾ ਕੇਂਦਰ ਦੇ ਮੁਲਾਜ਼ਮਾਂ ਨੇ ਜ਼ੋਰਦਾਰ ਨਾਅਰੇਬਾਜ਼ੀ ਕਰਦੇ ਹੋਏ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਚੋਣਾਂ ਦੌਰਾਨ ਸਰਕਾਰ ਬਣਦਿਆਂ ਹੀ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਦਾ ਆਮ ਆਦਮੀ ਪਾਰਟੀ ਦੇ ਵੱਲੋਂ ਜੋ ਵਾਅਦਾ ਕੀਤਾ ਗਿਆ ਸੀ ਪ੍ਰੰਤੂ ਹਰ ਵਾਰ ਉਹਨਾਂ ਨੂੰ ਝੂਠੇ ਲਾਰੇ ਲਗਾ ਕੇ ਧਰਨਾ ਸਮਾਪਤ ਕਰਵਾ ਦਿੱਤਾ ਜਾਂਦਾ ਸੀ।ਇਸ ਮੌਕੇ ਸੂਬਾ ਪ੍ਰਧਾਨ ਬਲਜਿੰਦਰ ਸਿੰਘ ਮਾਝਾ ਅਤੇ ਸਰਪ੍ਰਸਤ ਦਮਨਜੀਤ ਸਿੰਘ ਸੋਢੀ ਸਮੇਤ ਹੋਰਨਾਂ ਆਗੂਆਂ ਦਾ ਕਹਿਣਾ ਹੈ ਕਿ ਦਿਨੋ ਦਿਨ ਵੱਧ ਰਹੀ ਮਹਿੰਗਾਈ ਦੇ ਬਾਵਜੂਦ ਵੀ ਉਹਨਾਂ ਨੂੰ 10 ਹਜ਼ਾਰ ਰੁਪਏ ਪ੍ਰਤੀ ਮਹੀਨਾ ਤਨਖਾਹ ਦਿੱਤੀ ਜਾ ਰਹੀ ਹੈ, ਜਿਸ ਨਾਲ ਉਹਨਾਂ ਦਾ ਘਰ ਖਰਚ ਵੀ ਪੂਰਾ ਨਹੀਂ ਹੁੰਦਾ। ਉਹਨਾਂ ਮੰਗ ਕੀਤੀ ਕਿ ਬਾਕੀ ਸਰਕਾਰੀ ਮੁਲਾਜ਼ਮਾਂ ਵਾਂਗ ਜਦੋਂ ਸੇਵਾ ਕੇਂਦਰਾਂ ਦੇ ਮੁਲਾਜ਼ਮਾਂ ਪਾਸੋਂ ਕੰਮ ਲਿਆ ਜਾਂਦਾ ਹੈ ਤਾਂ ਉਹਨਾਂ ਨੂੰ ਘੱਟ ਤਨਖਾਹ ਦੇ ਕੇ ਮਤਰੇਈ ਮਾਂ ਵਾਲਾ ਸਲੂਕ ਹੁਣ ਜੱਥੇਬੰਦੀ ਵੱਲੋਂ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਦੌਰਾਨ ਆਗੂਆਂ ਨੇ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਹੁਣ ਉਹ ਮੰਗਾਂ ਮੰਨਣ 'ਤੇ ਹੀ ਆਪਣੇ ਧਰਨੇ ਨੂੰ ਸਮਾਪਤ ਕਰਨਗੇ। ਇਸ ਮੌਕੇ ਵਾਈਸ ਪ੍ਰਧਾਨ ਮੋਹਨੀ ਸ਼ਰਮਾ, ਮੀਡੀਆ ਸਲਾਹਾਕਾਰ ਅਵਤਾਰ ਪੁਰੀ, ਗੁਲਾਬ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਜੱਥੇਬੰਦੀ ਦੇ ਆਗੂ ਅਤੇ ਮੈਂਬਰ ਮੌਜੂਦ ਸਨ।

# ਸੰਕਰਾਪੁਰੀ ਪੱਤੀ ਦੀਆਂ ਗਲੀਆਂ ਨਾਲੀਆਂ ਦਾ ਪੰਚਾਇਤ ਨੇ ਕੰਮ ਸ਼ੁਰੂ ਕੀਤਾ



ਭੁੱਚੋ ਮੰਡੀ ਨਥਾਣਾ, 27 ਮਈ(ਹਰਬੰਸ ਸਿੰਘ ਭੋਲਾ) :ਨੇੜਲੇ ਪਿੰਡ ਤੁੰਗਵਾਲੀ ਵਿਖੇ ਗਰਾਮ ਪੰਚਾਇਤ ਵੱਲੋ ਸੰਕਰਾਪੁਰੀ ਪੱਤੀ ਵਿਚ ਗਲੀਆਂ ਅਤੇ ਨਾਲੀਆਂ ਦਾ ਕੰਮ ਸ਼ੁਰੂ ਕੀਤਾ ਗਿਆ।ਇਸਦੀ ਜਾਣਕਾਰੀ ਦਿੰਦੇ ਹੋਏ ਪਿੰਡ ਦੇ ਸਰਪੰਚ ਜੋਗਿੰਦਰ ਸਿੰਘ ਬਰਾੜ ਨੇ ਦੱਸਿਆ ਕਿ ਸੰਕਰਾਪੁਰੀ ਪੱਤੀ ਵਿਚ ਗਲੀਆਂ ਅਤੇ ਨਾਲੀਆਂ ਦਾ ਬਹੁਤ ਬੁਰਾ ਹਾਲ ਸੀ। ਨਾਲੀਆਂ ਦਾ ਗੰਦਾ ਪਾਣੀ ਗਲੀਆਂ ਵਿਚ ਖੜਾ ਰਹਿੰਦਾ ਸੀ, ਜਿਸ ਕਰਕੇ ਗੰਦੇ ਪਾਣੀ ਵਿੱਚੋਂ ਬਦਬੂ ਮਾਰਦੀ ਰਹਿੰਦੀ, ਜਿਸ ਤੋਂ ਸੰਕਰਾਪੁਰੀ ਪੱਤੀ ਦੇ ਵਾਸੀ ਲੋਕ ਬਹੁਤ ਪ੍ਰੇਸ਼ਾਨ ਸਨ ਲੋਕਾਂ ਦੀ ਪ੍ਰੇਸ਼ਾਨੀ ਨੂੰ ਦੇਖਦੇ ਹੋਏ ਸੰਕਰਾਪੁਰੀ ਪੱਤੀ ਦੀਆਂ ਗਲੀਆਂ ਅਤੇ ਨਾਲੀਆਂ ਦਾ ਕੰਮ ਸਸ਼ੁਰੂ ਕੀਤਾ ਗਿਆ ਹੈ।ਉਹਨਾਂ ਕਿਹਾ ਕਿ ਸਾਡੀ ਪੰਚਾਇਤ ਦਾ ਸੁਪਨਾ ਹੈ ਕਿ ਸਾਡਾ ਪਿੰਡ ਤੁੰਗਵਾਲੀ ਪੰਜਾਬ "ਚੋਂ ਸਭ ਤੋਂ ਸੋਹਣਾ ਪਿੰਡ ਹੋਵੇ ।ਉਹਨਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਪਿੰਡ ਨੂੰ ਸਾਫ-ਸੁਥਰਾ ਬਣਾਉਣ ਵਿਚ ਵਧ ਤੋਂ ਵਧ ਸਹਿਯੋਗ ਦੇਣ।ਸੰਕਰਾਪੁਰੀ ਪੱਤੀ ਦੇ ਲੋਕਾਂ ਨੇ ਸਰਪੰਚ ਜੋਗਿੰਦਰ ਸਿੰਘ ਬਰਾੜ ਦਾ ਧੰਨਵਾਦ ਕੀਤਾ।ਇਸ ਮੌਕੇ ਸਤਨਾਮ ਸਿੰਘ,ਪਰਮਿੰਦਰ ਸਿੰਘ ਵਾਲੀਆ,ਪਰਮਜੀਤ ਸਿੰਘ, ਜਲੰਧਰ ਸਿੰਘ, ਸੁਖਪਾਲ ਸਿੰਘ, ਜਗਸੀਰ ਸਿੰਘ, ਸੁਰਜੀਤ ਸਿੰਘ,ਬਿੰਦਰ ਸਿੰਘ ਆਦਿ ਹਾਜ਼ਰ ਸਨ।

### ——— ਮਾਮਲਾ ਵਿਆਹ ਦਾ ਖਾਣਾ ਖਾ ਕੇ ਬਿਮਾਰ ਹੋਏ ਵਿਅਕਤੀਆਂ ਦਾ ———

# ਬਰਿੰਦਰ ਕੁਮਾਰ ਗੋਇਲ ਨੇ ਹਸਪਤਾਲ ਪਹੁੰਚਕੇ ਮਰੀਜ਼ਾਂ ਦਾ ਜਾਣਿਆ ਹਾਲ, ਅਧਿਕਾਰੀਆਂ ਨੂੰ ਦਿੱਤੀਆਂ ਮੈਡੀਕਲ ਸਹੂਲਤਾਂ ਸਬੰਧੀ ਹਦਾਇਤਾਂ



ਮੂਨਕ, 27 ਮਈ (ਸਮਸ਼ੇਰ ਸਿੰਘ ਭੁਟਾਲ) :ਪਿਛਲੇ ਦਿਨੀਂ ਮੂਨਕ ਵਿਖੇ ਇੱਕ ਵਿਆਹ ਸਮਾਗਮ ਦੌਰਾਨ ਖਾਣਾ ਖਾਣ ਤੋਂ ਬਾਅਦ ਕਈ ਵਿਅਕਤੀਆਂ (ਮਹਿਲਾਵਾਂ, ਮਰਦ, ਬੱਚੇ ਅਤੇ ਬਜ਼ੁਰਗਾਂ) ਦੀ ਅਚਾਨਕ ਤਬੀਅਤ ਵਿਗੜ ਜਾਣ ਤੋਂ ਬਾਅਦ ਉਹਨਾਂ ਨੂੰ ਮੂਨਕ ਦੇ ਸਿਵਲ ਹਸਪਤਾਲ ਅਤੇ ਕੁਝ ਨੂੰ ਪ੍ਰਾਈਵੇਟ ਹਸਪਤਾਲਾਂ ਵਿੱਚ ਦਾਖਲ ਕਰਵਾਇਆ ਗਿਆ, ਜੋ ਕਿ ਅੱਜ ਵੀ ਹਸਪਤਾਲ ਵਿੱਚ ਜੇਰੇ ਇਲਾਜ ਹਨ। ਕੈਬਿਨਟ ਮੰਤਰੀ ਐਡਵੋਕੇਟ ਬਰਿੰਦਰ ਕੁਮਾਰ ਗੋਇਲ ਨੇ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਸਿਵਲ ਸਰਜਨ ਸੰਗਰੂਰ, ਐਸਡੀਐਮ ਅਤੇ ਹੋਰ ਅਧਿਕਾਰੀਆਂ ਨੂੰ ਤੁਰੰਤ ਹਸਪਤਾਲ ਪਹੁੰਚ ਕੇ ਮਰੀਜ਼ਾਂ ਦਾ ਸਹੀ ਇਲਾਜ ਕਰਵਾਉਣ ਅਤੇ ਹਰ ਤਰ੍ਹਾਂ ਦੀਆਂ ਸਹੂਲਤਾਂ ਉਪਲੱਬਧ ਕਰਨ ਦੇ ਸਖਤ ਦਿਸ਼ਾ ਨਿਰਦੇਸ਼ ਦਿੱਤੇ ਅਤੇ ਨਾਲ ਹੀ ਕਿਹਾ ਕਿ ਜਦੋਂ ਤੱਕ ਪੂਰਾ ਇਲਾਜ ਨਹੀਂ ਹੋ ਜਾਂਦਾ ਉਦੋਂ ਤੱਕ ਸਾਰੇ ਸਿਹਤ ਵਿਭਾਗ ਅਤੇ ਪ੍ਰਸ਼ਾਸਨਿਕ ਅਧਿਕਾਰੀ 24 ਘੰਟੇ ਪਲ ਪਲ ਸਥਿਤੀ 'ਤੇ ਨਜ਼ਰ ਰੱਖਣਗੇ, ਜਿਸ ਤਹਿਤ ਸਿਹਤ ਵਿਭਾਗ ਦੇ ਨਾਲ-ਨਾਲ ਪ੍ਰਸ਼ਾਸਨਿਕ ਅਧਿਕਾਰੀਆਂ ਨੇ ਵੀ ਹਸਪਤਾਲ ਪਹੁੰਚ ਕੇ ਮਰੀਜ਼ਾਂ ਦੀ ਇਲਾਜ ਪ੍ਰਕਿਰਿਆ ਅਤੇ ਸਹੂਲਤਾਂ ਨੂੰ ਦੇਖਿਆ। ਮਰੀਜ਼ਾਂ ਦੇ ਇਲਾਜ ਵਿੱਚ ਤੇਜ਼ੀ ਲਿਆਂਦੀ ਗਈ ਅਤੇ ਵੱਖ-ਵੱਖ ਸ਼ਹਿਰਾਂ ਤੋਂ ਡਾਕਟਰਾਂ ਦੀਆਂ ਟੀਮਾਂ ਨੂੰ ਬੁਲਾ ਕੇ ਹਰ ਤਰ੍ਹਾਂ ਦੀਆਂ ਸਹੂਲਤਾਂ ਉਪਲਬਧ ਕਰਵਾਈਆਂ ਗਈਆਂ। ਕੁਝ ਮਰੀਜ਼ਾਂ ਨੂੰ ਸੰਗਰੂਰ ਰੈਫਰ ਵੀ ਕੀਤਾ ਗਿਆ।ਅੱਜ ਖੁਦ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਕੁਮਾਰ ਗੋਇਲ ਨੇ ਸਿਵਲ ਹਸਪਤਾਲ ਮੂਨਕ ਪਹੁੰਚ ਕੇ ਮਰੀਜ਼ਾਂ ਦਾ ਹਾਲ ਚਾਲ ਜਾਣਿਆ ਤੇ ਪ੍ਰਬੰਧਾਂ ਤੇ ਤਸੱਲੀ ਦਾ ਪ੍ਰਗਟਾਵਾ ਕੀਤਾ, ਇਸ ਮੌਕੇ ਉਨ੍ਹਾਂ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ, ਡਾਕਟਰਾਂ ਤੇ ਪ੍ਰਸ਼ਾਸਨ ਦੇ ਅਧਿਕਾਰੀਆਂ ਤੋਂ ਸਾਰੇ ਘਟਨਾਕ੍ਰਮ ਦੀ ਪੂਰੀ ਜਾਣਕਾਰੀ ਵੀ ਹਾਸਿਲ ਕੀਤੀ ਅਤੇ ਮਰੀਜ਼ਾਂ ਦੇ ਚੱਲ ਰਹੇ ਇਲਾਜ ਬਾਰੇ ਵੀ ਜਾਣਿਆ।ਇਸ ਉਪਰੰਤ ਪੱਤਰਕਾਰਾਂ ਦੇ ਰੂਬਰੂ ਹੁੰਦਿਆਂ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਵਿਆਹ ਵਿੱਚ ਖਾਣਾ ਖਾਣ ਤੋਂ ਬਾਅਦ 72 ਦੇ ਕਰੀਬ ਵਿਅਕਤੀਆਂ ਨੂੰ ਸਰਕਾਰੀ ਹਸਪਤਾਲ ਅਤੇ ਕੁਝ ਨੂੰ ਪ੍ਰਾਈਵੇਟ ਹਸਪਤਾਲਾਂ ਵਿੱਚ ਦਾਖਲ ਕਰਵਾ ਦਿੱਤਾ ਗਿਆ ਹੈ। ਪਰਮਾਤਮਾ ਦਾ ਸ਼ੁਕਰ ਹੈ ਕਿ ਸਾਰੇ ਖਤਰੇ ਤੋਂ ਬਾਹਰ ਹਨ , ਉਨ੍ਹਾਂ ਦੱਸਿਆ ਕਿ ਕੌਹਰੀਆਂ, ਸੰਗਰੂਰ, ਭਵਾਨੀਗੜ੍ਹ ਅਤੇ ਲਹਿਰਾਗਾਗਾ ਤੋਂ ਡਾਕਟਰਾਂ ਦੀਆਂ ਟੀਮਾਂ ਮਰੀਜ਼ਾਂ ਦਾ ਇਲਾਜ ਕਰ ਰਹੀਆਂ ਹਨ। ਪਟਿਆਲਾ ਤੋਂ ਵੀ ਮਾਹਿਰ ਡਾਕਟਰਾਂ ਦੀ ਇੱਕ ਟੀਮ ਮੂਨਕ ਹਸਪਤਾਲ ਪਹੁੰਚ ਰਹੀ ਹੈ, ਸਿਵਲ ਸਰਜਨ ਸੰਗਰੂਰ ਖੁਦ ਸਾਰੇ ਮਿਸ਼ਨ ਦੀ ਨਿਗਰਾਨੀ ਕਰ ਰਹੇ ਹਨ, ਡਾਇਰੈਕਟਰ ਹੈਲਥ ਨਾਲ ਵੀ ਗੱਲਬਾਤ ਹੋ ਚੁੱਕੀ ਹੈ ਤਾਂ ਜੋ ਮਰੀਜ਼ਾਂ ਦੇ ਇਲਾਜ ਵਿੱਚ ਕੋਈ ਕਮੀ ਨਾ ਰਹਿ ਜਾਵੇ, ਉਹਨਾਂ ਕਿਹਾ ਕਿ ਮਰੀਜ਼ਾਂ ਦੇ ਇਲਾਜ ਵਿੱਚ ਕੋਈ ਕਮੀ ਜਾਂ ਢਿਲ ਨਹੀਂ ਆਉਣ ਦਿੱਤੀ ਜਾਵੇਗੀ; ਕਿਸੇ ਵੀ ਤਰ੍ਹਾਂ ਦੀ ਐਮਰਜੈਂਸੀ ਲਈ ਤਿੰਨ ਐਂਬੂਲੈਂਸਾਂ ਨੂੰ ਮੌਕੇ ਤੇ ਤਿਆਰ ਰੱਖਿਆ ਗਿਆ ਹੈ।

# ਪੰਚਾਇਤ ਬੱਲ੍ਹੋ ਦੀ ਪਹਿਲ ਕਦਮੀ : ਸਿੱਧੀ ਬਿਜਾਈ ਤੇ ਬਦਲਵੀਆਂ ਫਸਲਾਂ ਤੇ ਮਿਲੇਗਾ ਇਨਾਮ

### *ਤਰਨਜੋਤ ਵੈਲਫੇਅਰ ਸੁਸਾਇਟੀ ਸਕੀਮ ਲਈ ਦੇਵੇਗੀ ਦਾਨ*



ਬਠਿੰਡਾ 27 ਮਈ : ਜਗਸੀਰ ਭੁੱਕੀ ਧਰਤੀ ਹੇਠਲੇ ਡਿੱਗ ਰਹੇ ਪਾਣੀ ਦੇ ਪੱਧਰ ਨੂੰ ਬਚਾਉਣ ਅਤੇ ਕੁਦਰਤੀ ਸਰੋਤਾਂ ਦੀ ਸੰਭਾਲ ਲਈ ਗ੍ਰਾਮ ਪੰਚਾਇਤ ਬੱਲ੍ਹੋ ਨੇ ਤਰਨਜੋਤ ਵੈਲਫੇਅਰ ਸੁਸਾਇਟੀ ਦੇ ਸਹਿਯੋਗ ਨਾਲ ਪਾਣੀ ਬਚਾਓਲੂਮਾਣ ਪਾਓ ਸਕੀਮ ਲਾਗੂ ਕਰਨ ਦਾ ਇਤਿਹਾਸਕ ਫੈਸਲਾ ਲਿਆ ਹੈ ।ਸਰਪੰਚ ਅਮਰਜੀਤ ਕੌਰ ਨੇ ਸੰਸਥਾ ਨਾਲ ਸਾਂਝੇ ਰੂਪ ਵਿੱਚ ਮੀਟਿੰਗ ਕਰਕੇ ਐਲਾਨ ਕੀਤਾ ਹੈ ਕਿ ਪਿੰਡ ਦੇ ਜੋ ਕਿਸਾਨ ਇਸ ਵਾਰ ਝੋਨੇ ਦੀ ਸਿੱਧੀ ਬਿਜਾਈ ਤੋ ਇਲਾਵਾ ਝੋਨੇ ਦੀ ਜਗ੍ਹਾ ਹੋਰ ਬਦਲਵੀਆਂ ਫਸਲਾਂ ਦੀ ਬਿਜਾਈ ਕਰਨਗੇ ਉਨਾਂ ਕਿਸਾਨਾਂ ਨੂੰ ਪੰਚਾਇਤ ਤਰਨਜੋਤ ਵੈਲਫੇਅਰ ਸੁਸਾਇਟੀ ਦੇ ਸਹਿਯੋਗ ਨਾਲ 500/ - ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ ਮਾਣ ਭੇਟਾ ਦੇਵੇਗੀ । ਤਰਨਜੋਤ ਵੈਲਫੇਅਰ ਸੁਸਾਇਟੀ ਦੇ ਸਰਪ੍ਰਸਤ ਤੇ ਸਮਾਜ ਸੇਵੀ ਗੁਰਮੀਤ ਸਿੰਘ ਮਾਨ ਦਾ ਕਹਿਣਾ ਹੈ ਕਿ ਸਾਡਾ ਮਕਸਦ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਦੀਆਂ ਇਹਨਾਂ ਲੋਕ ਪੱਖੀ ਅਤੇ ਵਾਤਾਵਰਨ ਪੱਖੀ ਸਕੀਮਾਂ ਨੂੰ ਹੇਠਲੇ ਪੱਧਰ ਤੱਕ ਕਾਮਯਾਬ ਕਰਨਾ ਹੈ .ਸਰਕਾਰ ਵੱਲੋ ਮਿਲਣ ਵਾਲੀ ਰਾਸੀ ਅਤੇ ਸਬਸਿਡੀਆ ਤੋ ਇਲਾਵਾ ਸਾਡੀ ਪੰਚਾਇਤ ਅਤੇ ਤਰਨਜੋਤ ਵੈਲਫੇਅਰ ਸੁਸਾਇਟੀ ਵੱਲੋ ਦਿੱਤੀ ਜਾਣ ਵਾਲੀ ਮਾਣ ਭੇਟਾ ਕਿਸਾਨਾਂ ਦੀ ਹੌਸਲਾ ਅਫਜਾਈ ਲਈ ਇੱਕ ਨਿਮਾਣੀ ਜਿਹੀ ਕੋਸਿਸ ਹੈ। ਸਰਪੰਚ ਅਮਰਜੀਤ ਕੌਰ ਦਾ ਕਹਿਣਾ ਹੈ ਕਿ ਪੰਜਾਬ ਸਰਕਾਰ ਪਾਣੀ ਦੀ ਬੱਚਤ ਕਰਨ ਲਈ ਝੋਨੇ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਨੂੰ 1500/-ਰੁਪਏ ਦਾ ਲਾਭ ਦੇ ਰਹੀ ਹੈ, ਉਥੇ ਹੁਣ ਇਸ ਸਕੀਮ ਦਾ ਪਿੰਡ ਬੱਲ੍ਹੋ ਕਿਸਾਨਾਂ ਨੂੰ ਦੋਹਰਾ ਲਾਭ ਮਿਲੇਗਾ । । ਸੰਸਥਾਂ ਦੇ ਪ੍ਰਧਾਨ ਕਰਮਜੀਤ ਸਿੰਘ ਨੇ ਪਿੰਡ ਦੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਜੋ ਕਿਸਾਨ ਝੋਨੇ ਦੀ ਸਿੱਧੀ ਬਿਜਾਈ ਕਰਨਗੇ ਜਾਂ ਹੋਰ ਬਦਲਵੀਆ ਫਸਲਾ ਦੀ ਬਿਜਾਦ ਕਰਨਗੇ ਉਨਾਂ ਕਿਸਾਨਾਂ ਦੇ ਨਾਮ ਸਰਪੰਚ ਕੋਲ ਲਿਖੇ ਜਾਣਗੇ। ।ਸਕੀਮ ਦਾ ਅਗਾਜ ਕਰਨ ਸਮੇ ਪੰਚ ਹਾਕਮ ਸਿੰਘ,ਹਰਬੰਸ ਸਿੰਘ, ਜਗਸੀਰ ਸਿੰਘ, ਕਰਮਜੀਤ ਸਿੰਘ, ਪਰਮਜੀਤ ਕੌਰ, ਰਾਜਵੀਰ ਕੌਰ, ਅਵਤਾਰ ਸਿੰਘ ਨੰਬਰਦਾਰ ਤੇ ਕੇਵਲ ਸਿੰਘ ਸਾਬਕਾ ਪ੍ਰਧਾਨ ਹਾਜ਼ਰ ਸਨ ।

# ਰਛਪਾਲ ਸਿੰਘ ਭੁੱਲਰ ਦੇ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਬਣਨ 'ਤੇ ਡਾ. ਮਿੰਕੂ ਜਵੰਧਾ ਨੇ ਦਿੱਤੀ ਮੁਬਾਰਕਬਾਦ

### *ਸੰਗਰੂਰ 'ਚ ਵਿਕਾਸ ਦੇ ਨਵੇਂ ਦੌਰ ਦੀ ਹੋਵੇਗੀ ਸ਼ੁਰੂਆਤ : ਡਾ. ਮਿੰਕੂ ਜਵੰਧਾ*



ਸੰਗਰੂਰ, 27 ਮਈ (ਹਰਕੰਵਲ ਸਿੰਘ ਹੈਪੀ) :ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾਕਟਰ ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਸੰਗਰੂਰ ਦੇ ਇਲਾਕਾ ਨਿਵਾਸੀਆਂ ਦੇ ਅਥਾਹ ਪਿਆਰ, ਸਹਿਯੋਗ ਅਤੇ ਅਟੁੱਟ ਭਰੋਸੇ ਸਦਕਾ ਸ. ਰਛਪਾਲ ਸਿੰਘ ਭੁੱਲਰ ਜੀ ਨੂੰ ਜ਼ਿਲ੍ਹਾ ਪ੍ਰੀਸ਼ਦ ਦੇ ਚੇਅਰਮੈਨ ਦਾ ਅਹੁਦਾ ਸੰਭਾਲਣ ਤੇ ਹਾਰਦਿਕ ਮੁਬਾਰਕਬਾਦ ਦਿੱਤੀ ਹੈ। ਇਸ ਨਿਯੁਕਤੀ ਨਾਲ ਸੰਗਰੂਰ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਖ਼ੁਸ਼ੀ ਦੀ ਲਹਿਰ ਦੌੜ ਗਈ ਹੈ ਅਤੇ ਇਸ ਨੂੰ ਜਨਤਾ ਦੇ ਭਰੋਸੇ ਅਤੇ ਖੇਤਰ ਦੇ ਵਿਕਾਸ ਦੇ ਇੱਕ ਨਵੇਂ ਦੌਰ ਦੀ ਸ਼ੁਰੂਆਤ ਵਜੋਂ ਦੇਖਿਆ ਜਾ ਰਿਹਾ ਹੈ।ਇਸ ਖ਼ਾਸ ਮੌਕੇ ਤੇ ਆਯੋਜਿਤ ਪ੍ਰੋਗਰਾਮ ਦੌਰਾਨ ਪੰਜਾਬ ਦੇ ਮਾਣਯੋਗ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੇ ਪੋਲੀਟੀਕਲ ਸੈਕਟਰੀ ਅਤੇ ਡਾ. ਮਿੰਕੂ ਜਵੰਧਾ ਦੇ ਨਜ਼ਦੀਕੀ ਮਿੱਤਰ ਸੁਖਵੀਰ ਸਿੰਘ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਉਹਨਾਂ ਨੇ ਵੀ ਸ. ਰਛਪਾਲ ਸਿੰਘ ਭੁੱਲਰ ਨੂੰ ਨਵੀਂ ਜ਼ਿੰਮੇਵਾਰੀ ਮਿਲਣ 'ਤੇ ਸ਼ੁਭਕਾਮਨਾਵਾਂ ਦਿੱਤੀਆਂ। ਇਸ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਡਾ. ਮਿੰਕੂ ਜਵੰਧਾ ਦੀ ਮੁਲਾਕਾਤ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਪ੍ਰੀਤਮ ਸਿੰਘ ਪੀਤੂ ਨਾਲ ਵੀ ਹੋਈ।ਮੀਡੀਆ ਨਾਲ ਗੱਲਬਾਤ ਕਰਦਿਆਂ ਡਾ. ਮਿੰਕੂ ਜਵੰਧਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਰੰਗਲੇ ਪੰਜਾਬ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਵਚਨਬੱਧ ਹੈ। ਉਹਨਾਂ ਕਿਹਾ ਕਿ ਰਛਪਾਲ ਸਿੰਘ ਭੁੱਲਰ ਵਰਗੇ ਮਿਹਨਤੀ ਅਤੇ ਲੋਕ-ਪੱਖੀ ਆਗੂ ਨੂੰ ਇਹ ਅਹੁਦਾ ਮਿਲਣ ਨਾਲ ਸੰਗਰੂਰ ਦੇ ਵਿਕਾਸ ਕਾਰਜਾਂ ਨੂੰ ਹੋਰ ਤੇਜ਼ੀ ਮਿਲੇਗੀ । ਇਸ ਮੌਕੇ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਅਤੇ ਇਲਾਕਾ ਨਿਵਾਸੀ ਵੀ ਹਾਜ਼ਰ ਸਨ, ਜਿਨ੍ਹਾਂ ਨੇ ਨਵੇਂ ਬਣੇ ਚੇਅਰਮੈਨ ਦਾ ਮੂੰਹ ਮਿੱਠਾ ਕਰਵਾ ਕੇ ਖ਼ੁਸ਼ੀ ਸਾਂਝੀ ਕੀਤੀ। ਇਸ ਮੌਕੇ ਮੌਜੂਦ ਰਹੇ ਜਗਦੀਸ਼ ਸਿੰਘ, ਹਰਪ੍ਰੀਤ ਸਿੰਘ, ਬਹਾਦਰ ਸਿੰਘ, ਸੋਨੂੰ ਰਾਮ, ਬਲਪ੍ਰੀਤ ਸਿੰਘ, ਹਰਵਿੰਦਰ ਸਿੰਘ ਹੀਰਾ, ਜਸਪਾਲ ਸਿੰਘ ਸ਼ੇਰੋਂ ਅਤੇ ਹੋਰ ਵੀ ਸਾਥੀ ਮੌਜੂਦ ਰਹੇ।

# ਲੰਗਰ ਬਾਬਾ ਨਿਧਾਨ ਸਿੰਘ ਜੀ ਲਈ ਕਣਕ ਰਵਾਨਾ




ਭਗਤਾ ਭਾਈ ਕਾ, 27 ਮਈ (ਸਵਰਨ ਸਿੰਘ ਭਗਤਾ) : ਸਥਾਨਕ ਸ਼ਹਿਰ ਵਿਖੇ ਸਥਿਤ ਮਠਾੜੂ ਮਕੈਨੀਕਲ ਵਰਕਸ ਵਿਖੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਹਰੇਕ ਸਾਲ ਦੀ ਤਰ੍ਹਾਂ ਸ੍ਰੀ ਹਜ਼ੂਰ ਸਾਹਿਬ ਵਿਖੇ ਲੰਗਰ ਬਾਬਾ ਨਿਧਾਨ ਸਿੰਘ ਜੀ ਲਈ ਹਾੜੀ,ਸਾਉਣੀ ਦੀ ਫਸਲ ਇਕੱਤਰ ਕਰਕੇ ਭੇਜੀ ਜਾਂਦੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਹਰਨੇਕ ਸਿੰਘ ਮਠਾੜੂ ਅਤੇ ਦਵਿੰਦਰ ਸਿੰਘ ਮਠਾੜੂ ਨੇ ਦੱਸਿਆ ਕਿ ਸੰਗਤਾਂ ਦੇ ਸਹਿਯੋਗ ਨਾਲ ਇਸ ਵਾਰ 1763 ਕੁਵਿੰਟਲ ਕਣਕ ਪੰਜ ਟਰੱਕਾਂ ਰਾਹੀਂ ਬਾਬਾ ਨਰਿੰਦਰ ਸਿੰਘ ਜੀ ਹਜ਼ੂਰ ਸਾਹਿਬ ਵਾਲਿਆਂ ਵੱਲੋਂ ਸੰਗਤਾਂ ਦੀ ਹਾਜ਼ਰੀ ਵਿੱਚ ਸ੍ਰੀ ਹਜ਼ੂਰ ਸਾਹਿਬ ਲਈ ਰਵਾਨਾ ਕੀਤੀ ਗਈ। ਇਸ ਮੌਕੇ ਬਾਬਾ ਨਰਿੰਦਰ ਸਿੰਘ ਹਜ਼ੂਰ ਸਾਹਿਬ ਵਾਲਿਆਂ ਵੱਲੋਂ ਮਠਾੜੂ ਮਕੈਨੀਕਲ ਵਰਕਸ ਵਿਖੇ ਦੀਵਾਨ ਸਜਾਏ ਤੇ ਸੰਗਤਾਂ ਨੂੰ ਸਤਿਨਾਮ ਵਾਹਿਗੁਰੂ ਜੀ ਦਾ ਜਾਪ ਕਰਵਾਇਆ ਅਤੇ ਸੰਗਤਾਂ ਨੂੰ ਗੁਰਬਾਣੀ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸੰਗਤਾਂ ਲਈ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਦਵਿੰਦਰ ਸਿੰਘ ਮਠਾੜੂ ਨੇ ਦੱਸਿਆ ਕਿ ਹਜ਼ੂਰ ਸਾਹਿਬ ਵਿਖੇ ਸੰਗਤਾਂ ਦੇ ਰਹਿਣ ਲਈ ਬਹੁਤ ਵਧੀਆ ਪ੍ਰਬੰਧ ਕੀਤੇ ਹੋਏ ਹਨ।ਇਸ ਮੌਕੇ ਮਠਾੜੂ ਮਕੈਨੀਕਲ ਵਰਕਰਸ ਦੇ ਸੰਚਾਲਕ ਹਰਨੇਕ ਸਿੰਘ ਮਠਾੜੂ, ਸੇਵਾਦਾਰ ਬਹਾਦਰ ਸਿੰਘ ਜੈਨਪੁਰ, ਤਰਸੇਮ ਸਿੰਘ ਭਗਤਾ, ਬਲਜੀਤ ਸਿੰਘ,ਸਿੰਗਾਰਾ ਸਿੰਘ,ਮਨਪ੍ਰੀਤ ਸਿੰਘ ਢਢੋਗਲ,ਨਛੱਤਰ ਸਿੰਘ,ਬਲਵਿੰਦਰ ਸਿੰਘ ਧੀਮਾਨ, ਰਛਪਾਲ ਸਿੰਘ ਧੀਮਾਨ, ਬਲਵੀਰ ਸਿੰਘ ਡੀਲਕਸ ਵਾਲੇ,ਦਰਸ਼ਨ ਸਿੰਘ ਭਾਈਕੇ, ਬਲਵੀਰ ਸਿੰਘ ਡੀਲਕਸ ਐਗਰੋ ਇੰਡਸਟਰੀਜ਼,ਪਿਆਰਾ ਸਿੰਘ ਠੱਠੀ ਵਾਲਾ ਹਾਜ਼ਰ ਸਨ।

# ਖੇਡਾਂ ਤੰਦਰੁਸਤ ਸਮਾਜ ਦੀ ਸਿਰਜਣਾ ਦਾ ਸਾਧਨ: ਚੀਮਾ

### *ਕੈਬਨਿਟ ਮੰਤਰੀ ਨੇ ਪਿੰਡ ਖਨਾਲ ਖੁਰਦ ਵਿਖੇ ਸਟੇਡੀਅਮ ਬਣਾਉਣ ਦਾ ਕੀਤਾ ਐਲਾਨ*

ਦਿੜ੍ਹਬਾ, 27 ਮਈ (ਹੈਪੀ) : ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਖੇਡਾਂ ਨਾਲ ਜਿੱਥੇ ਨੌਜਵਾਨਾਂ ਦੀ ਸਿਹਤ ਤੰਦਰੁਸਤੀ ਨਾਲ ਜੁੜੀ ਰਹਿੰਦੀ ਹੈ ਅਤੇ ਦੇਸ਼ ਦਾ ਨੌਜਵਾਨ ਨਸ਼ਿਆਂ ਅਤੇ ਹੋਰ ਸਮਾਜਿਕ ਬੁਰਾਈਆਂ ਤੋਂ ਦੂਰ ਰਹਿੰਦਾ ਹੈ। ਇਸ ਦੇ ਨਾਲ ਹੀ ਆਉਣ ਵਾਲੇ ਸਮੇਂ ਲਈ ਇੱਕ ਤੰਦਰੁਸਤ ਸਮਾਜ ਦੀ ਸਿਰਜਣਾ ਵੀ ਹੁੰਦੀ ਹੈ। ਉਹ ਪਿੰਡ ਖਨਾਲ ਖੁਰਦ ਵਿਖੇ ਕ੍ਰਿਕਟ ਦੇ ਟੂਰਨਾਮੈਂਟ ਦੌਰਾਨ ਖਿਡਾਰੀਆਂ ਦਾ ਹੌਸਲਾ ਵਧਾਉਣ ਲਈ ਆਏ ਸਨ। ਪਿੰਡ ਦੀ ਪੰਚਾਇਤ ਦੇ ਸਹਿਯੋਗ ਨਾਲ ਬਾਬਾ ਵਰਿਆਮ ਸਿੰਘ ਸਪੋਰਟਸ ਕਲੱਬ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਵਿਸ਼ਾਲ ਕ੍ਰਿਕਟ ਟੂਰਨਾਮੈਂਟ ਕਰਵਾਇਆ ਗਿਆ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵਿਸ਼ੇਸ਼ ਮੁੱਖ ਮਹਿਮਾਨ ਦੇ ਤੌਰ ਤੇ ਟੂਰਨਾਮੈਂਟ ਵਿੱਚ ਪਹੁੰਚੇ। ਉਹਨਾਂ ਵੱਲੋਂ ਖਿਡਾਰੀਆਂ ਨੂੰ ਮਿਲ ਕੇ ਉਹਨਾਂ ਦੀ ਹੌਸਲਾ ਅਫਜ਼ਾਈ ਕੀਤੀ। ਕੈਬਨਿਟ ਮੰਤਰੀ ਨੇ ਖਿਡਾਰੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਖੇਡਾਂ ਮਨੁੱਖੀ ਜ਼ਿੰਦਗੀ ਦਾ ਜ਼ਰੂਰੀ ਅੰਗ ਹਨ। ਖੇਡਾਂ ਦੇ ਨਾਲ ਹੀ ਤੰਦਰੁਸਤ ਸਮਾਜ ਦੀ ਨੀਂਹ ਰੱਖੀ ਜਾਂਦੀ ਹੈ। ਉਹਨਾਂ ਕਿਹਾ ਕਿ ਅੱਜ ਗਰਮੀ ਦੇ ਵਿੱਚ ਵੀ ਸਾਡੇ ਪੰਜਾਬ ਦੇ ਨੌਜਵਾਨ ਖੇਡ ਮੈਦਾਨ ਵਿੱਚ ਹੌਸਲੇ ਨਾਲ ਆਪਣੇ ਜੌਹਰ ਵਿਖਾ ਰਹੇ ਹਨ, ਇਸ ਤੋਂ ਪਤਾ ਚਲਦਾ ਹੈ ਕਿ ਪੰਜਾਬ ਦੇ ਨੌਜਵਾਨਾਂ ਅੰਦਰ ਜੋਸ਼ ਅਤੇ ਜਜ਼ਬਾ ਹੈ। ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਦੇ ਦਾਗ ਨਾਲ ਬਦਨਾਮ ਕਰਨ ਵਾਲਿਆਂ ਨੂੰ ਇਹੋ ਜਿਹੇ ਟੂਰਨਾਮੈਂਟ ਜਵਾਬ ਦਿੰਦੇ ਹਨ ਅਤੇ ਉਹਨਾਂ ਨੂੰ ਦੱਸਦੇ ਹਨ ਕਿ ਪੰਜਾਬ ਦਾ ਨੌਜਵਾਨ ਜਿੱਥੇ ਸਰਹੱਦਾਂ ਦੀ ਰਾਖੀ ਕਰਦਾ ਹੈ, ਖੇਤ ਅੰਦਰ ਅਨਾਜ ਪੈਦਾ ਕਰਦਾ ਹੈ ਅਤੇ ਇਸ ਦੇ ਨਾਲ ਹੀ ਉਹ ਜਦੋਂ ਖੇਡ ਦੇ ਮੈਦਾਨ ਦੇ ਵਿੱਚ ਆਉਂਦਾ ਹੈ, ਤਾਂ ਵਿਰੋਧੀ ਟੀਮਾਂ ਨੂੰ ਤਰੇਲੀਆਂ ਪਾ ਦਿੰਦਾ ਹੈ। ਖਿਡਾਰੀਆਂ ਤੇ ਪਿੰਡ ਵਾਸੀਆਂ ਦੀ ਮੰਗ ਉੱਤੇ ਉਨ੍ਹਾਂ ਨੇ ਪਿੰਡ ਖਨਾਲ ਖੁਰਦ ਵਿਖੇ ਇੱਕ ਸਟੇਡੀਅਮ ਬਣਾਉਣ ਦਾ ਵੀ ਐਲਾਨ ਕੀਤਾ। ਉਹਨਾਂ ਕਿਹਾ ਕਿ ਪੰਚਾਇਤ ਜਦੋਂ ਸਟੇਡੀਅਮ ਬਣਾਉਣ ਲਈ ਜ਼ਮੀਨ ਦੇ ਦੇਵੇਗੀ, ਉਸਦੇ ਨਾਲ ਹੀ ਸਟੇਡੀਅਮ ਦਾ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ। ਪੰਜਾਬ ਸਰਕਾਰ ਵੱਲੋਂ ਬਣਾਈ ਗਈ ਖੇਡ ਨੀਤੀ ਅਨੁਸਾਰ ਪੰਜਾਬ ਵਿੱਚ 3000 ਦੇ ਕਰੀਬ ਸਟੇਡੀਅਮ ਬਣਾਏ ਜਾ ਚੁੱਕੇ ਹਨ, ਤਾਂ ਤੇ 6 ਹਜਾਰ ਹੋਰ ਸਟੇਡੀਅਮ ਬਣਾਉਣ ਦਾ ਟੀਚਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ ਰੱਖਿਆ ਗਿਆ ਹੈ। ਉਹਨਾਂ ਸਰਕਾਰ ਦੀ ਖੇਡਾਂ ਪ੍ਰਤੀ ਭਾਵਨਾ ਨੂੰ ਪੇਸ਼ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੋ ਦਿਨ ਪਹਿਲਾਂ ਸੈਂਕੜੇ ਖਿਡਾਰੀਆਂ ਨੂੰ ਮਹਾਰਾਜਾ ਰਣਜੀਤ ਸਿੰਘ ਅਵਾਰਡ ਦੇ ਕੇ ਸਨਮਾਨਿਤ ਕੀਤਾ ਹੈ। ਉਨ੍ਹਾਂ ਕਿਹਾ ਕਿ ਪਹਿਲੀ ਸਰਕਾਰ ਹੈ, ਜੋ ਖਿਡਾਰੀਆਂ ਨੂੰ ਕੰਪੀਟੀਸ਼ਨ ਲੜਨ ਤੋਂ ਪਹਿਲਾਂ ਉਹਨਾਂ ਦੀ ਵਿੱਤੀ ਮਦਦ ਕਰਦੀ ਹੈ। ਪਿੰਡ ਦੇ ਸਰਪੰਚ ਸਤਨਾਮ ਸਿੰਘ ਨੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹਨਾਂ ਵੱਲੋਂ ਪਹਿਲਾਂ ਵੀ ਪਿੰਡ ਦੇ ਵਿੱਚ ਬਹੁਤ ਗਰਾਂਟਾਂ ਦਿੱਤੀਆਂ ਗਈਆਂ ਹਨ ਅਤੇ ਸਟੇਡੀਅਮ ਬਣਾਉਣ ਦੀ ਮੰਗ ਨੂੰ ਪੂਰਾ ਕਰਕੇ ਉਹਨਾਂ ਨੇ ਪਿੰਡ ਵਾਲਿਆਂ ਦਾ ਮਾਣ ਰੱਖਿਆ ਹੈ।

# ਵੋਟਾਂ ਵਾਲਾ ਬਕਸਾ ਗਾਇਬ ਕਰਨ ਦੀ ਕੋਸ਼ਿਸ਼ ਕਰਦੇ ਫੜੇ ਗਏ

ਭੁੱਚੋ ਮੰਡੀ ਨਥਾਣਾ, 27 ਮਈ (ਹਰਬੰਸ ਸਿੰਘ ਭੋਲਾ) :ਨਗਰ ਕੌਂਸਲ ਭੁੱਚੋ ਮੰਡੀ ਦੀਆਂ ਚੋਣਾਂ ਦੌਰਾਨ ਦੇਰ ਸ਼ਾਮ ਵਾਰਡ ਨੰਬਰ 4 ਨਾਲ ਸਬੰਧਤ ਵੋਟਾਂ ਵਾਲੇ ਇਕ ਬਕਸੇ ਨੂੰ ਲੈ ਕੇ ਸ਼ਾਮ ਨੂੰ ਤਣਾਅ ਪੂਰਨ ਸਥਿਤੀ ਬਣ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਸ਼ਿਵਾਲਿਕ ਸੀਨੀਅਰ ਸੈਕੰਡਰੀ ਸਕੂਲ ਦੇ ਨੇੜੇ ਇਕ ਬੱਸ ਵਿੱਚੋ ਵੋਟਾਂ ਵਾਲਾ ਬਕਸਾ ਉਤਾਰ ਕੇ ਇਕ ਕਾਰ ਵਿੱਚ ਰੱਖਣ ਦੀ ਕੋਸ਼ਿਸ਼ ਕਰਦੇ ਲੋਕਾਂ ਦੀ ਨਜ਼ਰ ਚੜ੍ਹੇ । ਇਕੱਠੇ ਹੋਏ ਲੋਕਾਂ ਨੇ ਹੰਗਾਮਾ ਕੀਤਾ। ਇਸ ਘਟਨਾ ਦੀ ਜਾਣਕਾਰੀ ਮਿਲਦਿਆਂ ਹੀ ਲੋਕੀ ਕੁੱਝ ਪਲਾਂ 'ਚ ਹੀ ਵੱਡੀ ਗਿਣਤੀ ਵਿੱਚ ਇਕੱਠੇ ਹੋ ਗਏ ਤੇ ਰੋਸ 'ਚ ਆਏ ਲੋਕਾਂ ਨੇ ਬਕਸਾ ਉਤਾਰਨ ਵਾਲੇ ਦੋ ਵਿਅਕਤੀਆਂ ਦੀ ਖੂਬ ਕੁੱਝ ਮਾਰ ਕੀਤੀ।ਇਸ ਦਰਾਨ ਗੁੱਸੇ ਆਈ ਭੀੜ ਨੇ ਪੁਲਿਸ ਦੀ ਗੱਡੀ ਦਾ ਅਗਲਾ ਸ਼ੀਸ਼ਾ ਭੰਨ ਦਿੱਤਾ। ਸਥਿਤੀ ਕੁੱਝ ਸਮੇਂ ਲਈ ਤਣਾਅ ਪੂਰਨ ਬਣੀ ਰਹੀ ਮੌਕੇ 'ਤੇ ਵਾਰਡ ਨੰਬਰ 4 ਦੇ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਬੰਟੂ ਉਰਫ ਬੰਟੀ ਦੇ ਸਮਰਥਕਾਂ ਨੇ ਜ਼ਬਰਦਸਤ ਰੋਸ਼ ਪ੍ਰਦਰਸ਼ਨ ਕੀਤਾ।ਵੱਡੀ ਗਿਣਤੀ ਵਿੱਚ ਔਰਤਾਂ ਨੇ ਪੁਲਸ ਦੀ ਗੱਡੀ ਘੇਰੀ ਲਈ ਤੇ ਜੰਮਕੇ ਨਾਅਰੇਬਾਜ਼ੀ ਕੀਤੀ ਤੇ ਨਿਰਪੱਖ ਜਾਂਚ ਦੀ ਮੰਗ ਕੀਤੀ।ਇਸ ਸਥਿਤੀ ਨੂੰ ਕਾਬੂ ਕਰਨ ਲਈ ਪੁਲਸ ਵੱਲੋਂ ਭਾਰੀ ਗਿਣਤੀ ਵਿੱਚ ਫੋਰਸ ਮੰਗਵਾਈ ਗਈ।ਇਸ ਮਸਲੇ ਨੂੰ ਹੱਲ ਕਰਨ ਲਈ ਬਠਿੰਡਾ ਦੇ ਐਸ ਪੀ ਨਰਿੰਦਰ ਸਿੰਘ ਅਤੇ ਐਸ ਪੀ ਐੱਚ ਜਗਦੀਸ਼ ਬਿਸ਼ਨੋਈ ਮੌਕੇ 'ਤੇ ਪਹੁੰਚ ਕੇ ਇਸ ਮਾਮਲੇ ਵਿੱਚ ਦਖਲ ਦਿੱਤਾ।

# ਨਗਰ ਕੌਂਸਲ ਚੋਣਾਂ 'ਚ ਕਾਂਗਰਸ ਦੀ ਹੋਵੇਗੀ ਵੱਡੀ ਜਿੱਤ : ਜਰਨੈਲ ਘਰਾਚੋਂ



ਭਵਾਨੀਗੜ੍ਹ, 27 ਮਈ (ਅਮਨਦੀਪ ਸਿੰਘ ਮਾਝਾ) : ਭਵਾਨੀਗੜ੍ਹ ਦੀਆਂ ਨਗਰ ਕੌਂਸਲ ਚੋਣਾਂ ਦੇ ਵਿੱਚ ਕਾਂਗਰਸ ਪਾਰਟੀ ਦੀ ਵੱਡੀ ਜਿੱਤ ਹੋਵੇਗੀ। ਇਹ ਦਾਅਵਾ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਜਰਨੈਲ ਸਿੰਘ ਘਰਾਚੋਂ ਨੇ ਕੀਤਾ। ਉਹਨਾਂ ਕਿਹਾ ਕਿ ਪਿਛਲੇ ਸਮੇਂ ਦੌਰਾਨ ਆਮ ਆਦਮੀ ਪਾਰਟੀ ਦੀ ਸਰਕਾਰ ਸਮੇਂ ਭਵਾਨੀਗੜ੍ਹ ਦਾ ਵਿਕਾਸ ਕਾਰਜ ਬਿਲਕੁਲ ਠੱਪ ਰਿਹਾ ਹੈ। ਜਿਸ ਕਾਰਨ ਭਵਾਨੀਗੜ੍ਹ ਸ਼ਹਿਰ ਦੇ ਵੋਟਰ ਆਮ ਆਦਮੀ ਪਾਰਟੀ ਤੋਂ ਨਰਾਜ਼ ਚੱਲ ਰਹੇ ਸਨ। ਉਹਨਾਂ ਕਿਹਾ ਕਿ ਕਾਂਗਰਸ ਦੀ ਸਰਕਾਰ ਸਮੇਂ ਸਾਬਕਾ ਮੰਤਰੀ ਵਿਜੇ ਇੰਦਰ ਸਿੰਗਲਾ ਨੇ ਹਲਕਾ ਸੰਗਰੂਰ 'ਚ ਗਰਾਂਟਾਂ ਦੇ ਗੱਫੇ ਵੰਡੇ ਅਤੇ ਭਵਾਨੀਗੜ੍ਹ ਦੇ ਵਿੱਚ ਵਿਕਾਸ ਕਾਰਜਾਂ ਦੀ ਹਨੇਰੀ ਲਿਆਂਦੀ, ਜਿਸ ਨੂੰ ਭਵਾਨੀਗੜ੍ਹ ਵਾਸੀ ਯਾਦ ਕਰ ਰਹੇ ਹਨ। ਇਸ ਲਈ ਇਹ ਚੋਣਾਂ ਵਿੱਚ ਭਵਾਨੀਗੜ੍ਹ ਦੇ ਵੋਟਰ ਆਮ ਆਦਮੀ ਪਾਰਟੀ ਨੂੰ ਕਰਾਜ ਹਾਰ ਦੇਣ ਲਈ ਤਿਆਰ ਹਨ। ਜਰਨੈਲ ਘਰਾਚੋ ਨੇ ਦਾਅਵਾ ਕੀਤਾ ਕਿ ਭਵਾਨੀਗੜ੍ਹ ਦੇ 15 ਵਾਰਡਾਂ ਦੇ ਵਿੱਚੋਂ ਵੱਡੀ ਬਹੁਮਤ ਦੇ ਨਾਲ ਕਾਂਗਰਸ ਪਾਰਟੀ ਦੇ ਉਮੀਦਵਾਰ ਵੱਡੇ ਫਰਕ ਨਾਲ ਜਿੱਤਣਗੇ।

# ਰਵਨੀਤ ਬਿੱਟੂ ਵੱਲੋਂ ਪੁਲਿਸ ਖ਼ਿਲਾਫ਼ ਵਰਤੀ ਗਈ ਸ਼ਬਦਾਵਲੀ ਸ਼ਰਮਨਾਕ : ਅਮਨ ਅਰੋੜਾ



ਸੁਨਾਮ ਊਧਮ ਸਿੰਘ ਵਾਲਾ, 27 ਮਈ ( ਮੋਹਣ ਸ਼ਰਮਾ/ਰਾਊਵਰਿੰਦਰ ਮਠਾੜੂ) : ਨਗਰ ਕੌਂਸਲ ਦੀਆਂ 26 ਮਈ ਨੂੰ ਹੋਈਆਂ ਚੋਣਾਂ ਜਿਥੇ ਇੱਕਾ ਦੁੱਕਾ ਘਟਨਾਵਾਂ ਨੂੰ ਛੱਡ ਕੇ ਅਮਨ ਅਮਾਨ ਨਾਲ ਨੇਪਰੇ ਚੜ੍ਹੀਆਂ ਉੱਥੇ ਹੀ ਇਸ ਸਬੰਧੀ ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਇੱਕ ਪ੍ਰੈਸ ਕਾਨਫਰੰਸ ਦੌਰਾਨ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਵੱਲੋਂ ਪੁਲਿਸ ਖਿਲਾਫ ਵਰਤੀ ਗਈ ਸ਼ਬਦਾਵਲੀ ਦੀ ਨਿਖੇਧੀ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਸਖਤ ਹਦਾਇਤਾਂ ਸਨ ਕਿ ਚੋਣਾਂ ਪੁਰ ਅਮਨ ਤਰੀਕੇ ਨਾਲ ਨੇਪਰੇ ਚੜ੍ਹਾਈਆਂ ਜਾਣ। ਉਹਨਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਦਾ ਇਹ ਵਰਕਿੰਗ ਸਟਾਈਲ ਹੀ ਬਣ ਚੁੱਕਿਆ ਹੈ ਕਿ ਇਲੈਕਸ਼ਨ ਵਿੱਚ ਗੁੰਡਾਗਰਦੀ ਕਰਕੇ ਇਲੈਕਸ਼ਨ ਜਿੱਤੀ ਜਾਵੇ। ਜਿਵੇਂ ਪਿਛਲੇ ਸਮੇਂ ਸਾਰੇ ਤੰਤਰ ਨੂੰ ਛਿੱਕੇ ਟੰਗ ਕੇ ਚੋਣਾਂ ਲੁੱਟੀਆਂ ਗਈਆਂ ਹਨ ।ਉਹਨਾਂ ਕਿਹਾ ਕਿ ਜਦੋਂ ਚੋਣ ਪ੍ਰਚਾਰ ਖਤਮ ਹੋ ਜਾਂਦਾ ਹੈ, ਤਾਂ ਕੋਈ ਵੀ ਬਾਹਰੀ ਵਿਅਕਤੀ ਚੋਣ ਹਲਕੇ ਵਿੱਚ ਨਹੀਂ ਰਹਿੰਦਾ। ਅਮਨ ਅਰੋੜਾ ਨੇ ਕਿਹਾ ਕਿ ਜਦੋਂ ਪੁਲਿਸ ਆਪਣੀ ਡਿਊਟੀ ਤਨਦੇਹੀ ਨਾਲ ਨਿਭਾ ਰਹੀ ਸੀ ਤਾਂ ਰਵਨੀਤ ਬਿੱਟੂ ਵੱਲੋਂ ਐਸਪੀ ਰੈਂਕ ਦੇ ਅਫਸਰ ਨੂੰ ਗੁੰਡਾ ਤੇ ਦਲਾਲ ਕਹਿਣਾ ਬਹੁਤ ਸ਼ਰਮਨਾਕ ਹੈ ਇਸ ਤੋਂ ਹੋਰ ਵੀ ਸ਼ਰਮਨਾਕ ਇਹ ਹੈ ਕਿ ਸੰਗਰੂਰ ਦੀ ਔਰਤ ਐਸਐਸਪੀ ਨੂੰ ਇਹ ਕਹਿਣਾ ਕਿ ਜੇ ਤੁਸੀਂ ਔਰਤ ਨਾ ਹੁੰਦੇ ਤਾਂ ਮੈਂ ਉਧੇੜ ਕੇ ਰੱਖ ਦਿੰਦਾ ਬਹੁਤ ਹੀ ਘਟੀਆ ਅਤੇ ਸ਼ਰਮਨਾਕ ਹੈ, ਇਹ ਵਰਤਾਰਾ ਭਾਜਪਾ ਦੀ ਔਰਤਾਂ ਪ੍ਰਤੀ ਸੋਚ ਉਜਾਗਰ ਕਰਦਾ ਹੈ ,ਕੀ ਇਹੀ ਭਾਜਪਾ ਦੀ ਔਰਤ ਸਸ਼ਕਤੀ ਕਰਨ ਦੀ ਨੀਤੀ ਹੈ। ਵਰਦੀ ਧਾਰੀਆਂ ਨਾਲ ਜਾਤ ਪਾਤ ਦੇ ਤੌਰ ਤੇ ਵਿਹਾਰ ਕਰਨਾ ਗਲਤ ਹੈ ,ਅਮਨ ਅਰੋੜਾ ਨੇ ਕਿਹਾ ਕਿ ਰਵਨੀਤ ਬਿੱਟੂ ਦੇ ਸ਼ਰਮਨਾਕਾਰਾ ਵਰਤਾਰੇ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਾ ਹਾਂ। ਅਮਨ ਅਰੋੜਾ ਨੇ ਕਿਹਾ ਕਿ ਜੇ ਤੁਹਾਨੂੰ ਪੰਜਾਬ ਪੁਲਿਸ ਇਨੀ ਹੀ ਮਾੜੀ ਲੱਗਦੀ ਹੈ ਤਾਂ ਤੁਸੀਂ ਆਪਣੀ ਕਾਂਗਰਸ ਸਰਕਾਰ ਵੇਲੇ ਸਾਰੇ ਕਾਨੂੰਨ ਛਿੱਕੇ ਟੰਗ ਕੇ ਆਪਣੇ ਭਰਾ ਨੂੰ ਡੀਐਸਪੀ ਦੀ ਵਰਦੀ ਪਵਾਈ। ਅਰੋੜਾ ਨੇ ਕਿਹਾ ਕਿ ਇੱਕ ਵਾਰ ਫਿਰ ਜਿਸ ਤਰ੍ਹਾਂ ਤੁਸੀਂ ਪੁਲਿਸ ਨਾਲ ਗੁੰਡਾਗਰਦੀ ਅਤੇ ਸ਼ਰਮਨਾਕ ਵਰਤਾਰਾ ਕੀਤਾ ਹੈ ਉਸ ਦੀ ਆਮ ਆਦਮੀ ਪਾਰਟੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦੀ ਹੈ ।

# ਪੰਜਾਬ ਪੁਲਿਸ ਨੂੰ 'ਦਲਾਲ' ਕਹਿਣਾ ਸੂਬੇ ਨੂੰ ਬਦਨਾਮ ਕਰਨ ਦੀ ਕੋਸ਼ਿਸ਼ : ਢਿੱਲੋਂ



ਧੂਰੀ, 27 ਮਈ (ਰਾਜੇਸ਼ਵਰ ਪਿੰਟੂ, ਅਮਨ ਗਰਗ) : :ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਨਗਰ ਕੌਂਸਲ ਚੋਣਾਂ ਦੌਰਾਨ ਧੂਰੀ ਦੌਰੇ 'ਤੇ ਆਏ ਕੇਂਦਰੀ ਰਾਜ ਮੰਤਰੀ ਅਤੇ ਭਾਜਪਾ ਆਗੂ ਰਵਨੀਤ ਸਿੰਘ ਬਿੱਟੂ ਦੇ ਵਿਵਹਾਰ ਨੂੰ ਬਹੁਤ ਹੀ ਸ਼ਰਮਨਾਕ ਅਤੇ ਗੈਰ-ਜ਼ਿੰਮੇਵਾਰ ਕਰਾਰ ਦਿੰਦੇ ਹੋਏ ਤਿੱਖੀ ਪ੍ਰਤੀਕਿਰਿਆ ਦਿੱਤੀ ਹੈ।ਉਨ੍ਹਾਂ ਕਿਹਾ ਕਿ ਸੋਸ਼ਲ ਮੀਡੀਆ 'ਤੇ ਵਾਇਰਲ ਵੀਡੀਓਜ਼ ਨੇ ਸੱਚਾਈ ਸਾਹਮਣੇ ਰੱਖ ਦਿੱਤੀ ਹੈ ਕਿ ਕਿਸ ਤਰ੍ਹਾਂ ਰਵਨੀਤ ਸਿੰਘ ਬਿੱਟੂ ਵੱਲੋਂ ਪੰਜਾਬ ਪੁਲਿਸ ਦੇ ਕਰਮਚਾਰੀਆਂ ਨਾਲ ਬਦਸਲੂਕੀ ਕੀਤੀ ਗਈ ਅਤੇ ਕੇਂਦਰੀ ਏਜੰਸੀਆਂ ਦੇ ਨਾਂ 'ਤੇ ਖੁੱਲ੍ਹੀਆਂ ਧਮਕੀਆਂ ਦੇ ਕੇ ਦਬਾਅ ਬਣਾਉਣ ਦੀ ਕੋਸ਼ਿਸ਼ ਕੀਤੀ ਗਈ। ਇਹ ਸਿਰਫ਼ ਇੱਕ ਵਿਅਕਤੀ ਦਾ ਅਹੰਕਾਰ ਨਹੀਂ, ਸਗੋਂ ਕੇਂਦਰ ਦੀ ਤਾਨਾਸ਼ਾਹੀ ਸੋਚ ਦਾ ਪ੍ਰਤੀਕ ਹੈ। ਚੇਅਰਮੈਨ ਢਿੱਲੋਂ ਨੇ ਸਖ਼ਤ ਸ਼ਬਦਾਂ ਵਿੱਚ ਕਿਹਾ ਕਿ ਇਹ ਪੰਜਾਬ ਹੈ—ਇੱਥੇ ਲੋਕ ਨਾ ਤਾਂ ਧਮਕੀਆਂ ਤੋਂ ਡਰਦੇ ਹਨ ਅਤੇ ਨਾ ਹੀ ਕਿਸੇ ਦੇ ਦਬਾਅ ਹੇਠ ਝੁਕਦੇ ਹਨ। ਪੰਜਾਬ ਪੁਲਿਸ ਦੇਸ਼ ਦੀ ਸਭ ਤੋਂ ਬਿਹਤਰ ਅਤੇ ਇਮਾਨਦਾਰ ਫੋਰਸਾਂ ਵਿੱਚੋਂ ਇੱਕ ਹੈ, ਜਿਸ ਨੂੰ ਦਲਾਲ ਕਹਿਣਾ ਨਾ ਸਿਰਫ਼ ਨਿੰਦਣਯੋਗ ਹੈ, ਬਲਕਿ ਪੂਰੇ ਸੂਬੇ ਦਾ ਅਪਮਾਨ ਹੈ। ਉਨ੍ਹਾਂ ਕਿਹਾ ਕਿ ਭਾਜਪਾ ਆਗੂਆਂ ਵੱਲੋਂ ਘਟੀਆ ਅਤੇ ਵੰਡਵਾਦੀ ਰਾਜਨੀਤੀ ਕਰਦੇ ਹੋਏ ਸਮਾਜ ਨੂੰ ਧਰਮ ਅਤੇ ਵਰਗਾਂ ਦੇ ਨਾਂ 'ਤੇ ਵੰਡਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

# ਡੇਰਾ ਬੱਲਾਂ ਦੇ ਦਰਸ਼ਨਾਂ ਲਈ ਸੰਗਤ ਰਵਾਨਾ



ਖ਼ਨੌਰੀ, 27 ਮਈ (ਓਮਪ੍ਰਕਾਸ਼ ਮੁਆਲ ) : ਸੰਤ ਰਾਮਾਨੰਦ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਹੋਣ ਵਾਲੇ ਪ੍ਰੋਗਰਾਮਾਂ ਵਿੱਚ ਹਿੱਸਾ ਲੈਣ ਲਈ ਬੇਗਮਪੁਰਾ ਧਾਮ ਸ੍ਰੀ ਗੁਰੂ ਰਵਿਦਾਸ ਮੰਦਿਰ ਖਨੌਰੀ ਮੰਡੀ ਤੋਂ ਸੰਗਤਾਂ ਨੂੰ ਰਵਾਨਾਂ ਹੋਇਆ ਹਨ । ਅੰਮ੍ਰਿਤ ਬਾਣੀ ਸ੍ਰੀ ਗੁਰੂ ਰਵਿਦਾਸ ਜੀ ਅੱਗੇ ਯਾਤਰਾ ਸ਼ੁੱਭ ਰਹੇ , ਲਈ ਅਰਦਾਸ ਬੇਨਤੀ ਕਰਦਿਆਂ ਸੰਗਤਾ ਵੱਲੋ ਡੇਰਾ ਸੱਚਖੰਡ ਸ੍ਰੀ ਬੱਲਾਂ ਸਾਹਿਬ ਲਈ ਚਾਲੇ ਪਾਏ ਗਏ। ਇਸ ਮੌਕੇ ਸਤਵੀਰ ਸਿੰਘ ਨੇ ਦਸਿਆ ਕੇ ਸੰਤ ਰਾਮਾਨੰਦ ਜੀ ਨੇ ਸੁੱਤੀ ਹੋਈ ਕੌਮ ਨੂੰ ਜਗਾਇਆ ਅਤੇ ਸਤਿਗੁਰੂ ਰਵਿਦਾਸ ਜੀ ਦਾ ਪ੍ਰਚਾਰ ਦੇਸ਼ਾਂ ਵਿਦੇਸ਼ਾਂ ਤੱਕ ਫੈਲਾਇਆ। ਇਸ ਮੌਕੇ ਫਤਿਹ ਕੁਮਾਰ, ਸਤਵੀਰ ਸਿੰਘ ਗੁਰਮੀਤ, ਮੋਹਨ, ਲੱਭੂ, ਬਿੰਦਰ, ਕਾਲਾ, ਦੀਪ ਆਦਿ ਹਾਜ਼ਰ ਸਨ।

# ਸਮਾਜ ਸੇਵੀ ਹਰੀ ਕ੍ਰਿਸ਼ਨ ਮਦਾਨ ਨੂੰ ਸਦਮਾ, ਭਰਜਾਈ ਦਾ ਦੇਹਾਂਤ



ਮੂਨਕ, 27 ਮਈ (ਸਮਸ਼ੇਰ ਸਿੰਘ ਭੁਟਾਲ) : ਸ਼ਹਿਰ ਦੇ ਸਮਾਜ ਸੇਵੀ ਹਰੀ ਕ੍ਰਿਸ਼ਨ ਮਦਾਨ ਸੁਰਿੰਦਰ ਮਦਾਨ ਨੂੰ ਉਸ ਸਮੇ ਗਹਿਰਾ ਸਦਮਾ ਲੱਗਿਆ, ਜਦੋਂ ਉਹਨਾਂ ਦੇ ਭਰਜਾਈ ਸੁਨੀਤਾ ਰਾਣੀ ( 58) ਪਤਨੀ ਹਰਵਿੰਦਰ ਮਦਾਨ, ਦਾ ਪਿਛਲੇ ਦਿਨੀਂ ਦੇਹਾਂਤ ਹੋ ਗਿਆ। ਉਹਨਾਂ ਦੇ ਅਕਾਲ ਚਲਾਣਾ ਕਰ ਜਾਣ 'ਤੇ ਵੱਖ-ਵੱਖ ਰਾਜਸੀ, ਗੈਰ-ਰਾਜਸੀ ਤੇ ਧਾਰਮਿਕ ਸੰਸਥਾਵਾਂ ਦੀਆਂ ਪ੍ਰਮੁੱਖ ਸ਼ਖਸੀਅਤਾਂ ਵਲੋਂ ਮਦਾਨ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਹੈ। ਇਸ ਮੌਕੇ ਪ੍ਰਮੁੱਖ ਸਖ਼ਸ਼ੀਅਤਾਂ ਨੇ ਕਿਹਾ ਕਿ ਸੁਨੀਤਾ ਰਾਣੀ ਸਮਾਜ ਸੇਵੀ, ਧਾਰਮਿਕ ਸਥਾਨਾਂ ਤੇ ਦਾਨ ਪੁੰਨ ਕਰਨ ਵਾਲੀ ਪ੍ਰਕਿਰਤੀ ਨੂੰ ਪਿਆਰ ਕਰਨ ਵਾਲੀ ਸਖਸ਼ੀਅਤ ਸਨ ।ਅਤੇ ਉਨ੍ਹਾਂ ਦਾ ਵਿਛੋੜਾ ਨਾ ਸਿਰਫ਼ ਮਦਾਨ ਪਰਿਵਾਰ ਲਈ ਅਸਹਿ ਹੈ, ਬਲਕਿ ਸਮਾਜ ਲਈ ਵੱਡਾ ਘਾਟਾ ਹੈ । 'ਆਪ' ਰਤੀਆ ਹਰਿਆਣਾ ਤੋਂ ਜਰਨਲਿਸਟ ਤੇਜਿੰਦਰ ਗਰੋਵਰ ਦੇ ਭੈਣ ਸਨ। ਇਸ ਮੌਕੇ ਕੈਬਨਿਟ ਮੰਤਰੀ ਵਰਿੰਦਰ ਗੋਇਲ, ਸਾਬਕਾ ਵਿੱਤ ਮੰਤਰੀ ਪਰਮਿੰਦਰ ਸਿੰਘ ਢੀਂਡਸਾ, ਸੁਖਵੰਤ ਸਿੰਘ ਸਰਾਓ, ਗੁਰਵਿੰਦਰ ਸਿੰਘ ਸਰਾਓ, ਅਕਾਲੀ ਦਲ ਦੇ ਹਲਕਾ ਇੰਚਾਰਜ ਗਗਨਦੀਪ ਸਿੰਘ ਖੰਡੇਬਾਦ, ,ਅਕਾਲੀ ਦਲ ਦੇ ਜਿਲਾ ਪ੍ਰਧਾਨ ਨਿਰਮਲ ਸਿੰਘ ਕੜੈਲ, ਕਾਂਗਰਸੀ ਆਗੂ ਕਰਨ ਗਿੱਲ ਬੁਸੈਹਰਾ , ਨਗਰ ਪੰਚਾਇਤ ਮੂਨਕ ਪ੍ਰਧਾਨ ਸੁਮਨ ਅਰੋੜਾ, ਆਗੂ ਜੋਨੀ ਅਰੋੜਾ ਭੀਮ ਸੈਨ ਗਰਗ, ਫ਼ਕੀਰ ਚੰਦ ਬਾਂਸਲ, ਭੂਰਾ ਜੈਨ,ਸੋਨੂ ਬਾਂਸ਼ਲ, ਸਰਪੰਚ ਜਸਪਾਲ ਸਿੰਘ ਦੇਹਲਾ, ਕ੍ਰਿਸ਼ਨ ਗਿੱਲ ਬੁਸੈਹਰਾ ਤੇ ਹੋਰਨਾਂ ਸਖਸੀਅਤਾਂ ਨੇ ਵੀ ਪਰਿਵਾਰ ਨਾਲ ਹਮਦਰਦੀ ਪ੍ਰਗਟ ਕੀਤੀ ।

# ਮਨਰੇਗਾ ਕਾਨੂੰਨ ਬਹਾਲ ਕਰਨ ਦੀ ਮੰਗ ਨੂੰ ਲੈ ਕੇ ਮਜ਼ਦੂਰਾਂ ਵੱਲੋਂ ਵੀ.ਬੀ.ਜੀ. ਰਾਮ ਜੀ ਕਾਨੂੰਨ ਦੀਆਂ ਕਾਪੀਆਂ ਸਾੜ ਕੇ ਰੋਸ ਪ੍ਰਦਰਸ਼ਨ



ਬਰਨਾਲਾ, 27 ਮਈ (ਬਘੇਲ ਸਿੰਘ ਧਾਲੀਵਾਲ) : ਨੇੜਲੇ ਪਿੰਡ ਫਰਵਾਹੀ ਵਿਖੇ ਮਨਰੇਗਾ ਮਜ਼ਦੂਰ ਯੂਨੀਅਨ ਪੰਜਾਬ ਸੀਟੂ ਰਜਿਸਟਰ ਨੰਬਰ 06 /2012 ਦੀ ਅਗਵਾਈ ਵਿੱਚ ਮਗਨਰੇਗਾ ਕਾਨੂੰਨ ਨੂੰ ਬਹਾਲ ਕਰਨ ਲਈ ਦੀ ਮੰਗ ਨੂੰ ਲੈ ਕੇ ਵਿਕਸਤ ਭਾਰਤ ਗ੍ਰਾਮੀਣ ਰੁਜ਼ਗਾਰ ਗਰੰਟੀ ਮਿਸ਼ਨ ਕਾਨੂੰਨ ਦੀਆਂ ਕਾਪੀਆਂ ਫੂਕ ਕੇ ਨਾਰੇਬਾਜੀ ਕਰਦਿਆਂ ਰੋਸ ਆਵਾਜ਼ ਬੁਲੰਦ ਕੀਤੀ ਗਈ। ਇਸ ਸਮੇਂ ਯੂਨੀਅਨ ਦੇ ਸੂਬਾਈ ਪ੍ਰਧਾਨ ਸਾਥੀ ਸ਼ੇਰ ਸਿੰਘ ਫਰਵਾਹੀ ਅਤੇ ਜ਼ਿਲ੍ਹਾ ਕਮੇਟੀ ਦੇ ਮੀਤ ਪ੍ਰਧਾਨ ਸੀਲਾ ਫਰਵਾਹੀ ਨੇ ਮੁੱਖ ਰੂਪ 'ਚ ਸੰਬੋਧਨ ਕੀਤਾ। ਇਸ ਰੋਸ ਐਕਸ਼ਨ ਦੀ ਅਗਵਾਈ ਸਿਮਰਜੀਤ ਕੌਰ ਅਮਰਜੀਤ ਕੌਰ ਜਰਨੈਲ ਕੌਰ ਮੇਲਾ ਸਿੰਘ ਦਰਸ਼ਨ ਸਿੰਘ ਨੇ ਕੀਤੀ। ਸੂਬਾਈ ਪ੍ਰਧਾਨ ਸਾਥੀ ਫਰਵਾਹੀ ਨੇ ਬੋਲਦਿਆਂ ਜਾਣਕਾਰੀ ਦਿੱਤੀ ਕਿ ਸੂਬਾ ਕਮੇਟੀ ਦੀ ਸਰਹੰਦ ਵਿਖੇ ਹੋਈ ਮੀਟਿੰਗ ਦੇ ਫੈਸਲਿਆਂ ਮੁਤਾਬਕ ਮਿਤੀ 26 ਮਈ ਤੋਂ ਪਹਿਲੀ ਜੂਨ ਤੱਕ ਜੌਬ ਕਾਰਡ ਧਾਰਕ ਮਜ਼ਦੂਰਾਂ ਦੀਆਂ ਮੀਟਿੰਗਾਂ ਕਰਕੇ ਬੀ.ਜੇ.ਪੀ. ਦੀ ਕੇਂਦਰੀ (ਮੋਦੀ) ਸਰਕਾਰ ਵੱਲੋਂ ਮਨਰੇਗਾ ਕਾਨੂੰਨ ਖਤਮ ਕਰਨ ਅਤੇ ਉਸਦੀ ਥਾਂ ਵੀ.ਬੀ.ਜੀ.ਰਾਮ ਜੀ ਨਾਮ ਦੇ ਹੋਰ ਨਵੇਂ ਕਾਨੂੰਨ ਲਾਗੂ ਕਰਨ ਅਤੇ ਉਸਦੇ ਲਈ ਨਵੇਂ ਰੂਲਜ ਲਾਗੂ ਕਰਨ ਦੇ ਨੋਟੀਫਿਕੇਸ਼ਨ ਜਾਰੀ ਕਰ ਦਿੱਤੇ ਹਨ, ਜਿਸ ਮੁਤਾਬਕ ਮਨਰੇਗਾ ਬਜਟ ਦਾ, ਜੋ ਸੂਬਾ ਸਰਕਾਰਾਂ 10% ਅਤੇ ਕੇਂਦਰੀ ਸਰਕਾਰ 90% ਪੈਸੇ ਖਰਚ ਕਰਦੀਆਂ ਸਨ, ਜੋ ਨਵੇਂ ਕਨੂੰਨ ਤਹਿਤ ਕੇਂਦਰੀ ਸਰਕਾਰ ਆਪਣਾ ਹਿੱਸਾ ਘਟਾ ਕੇ 60% ਪਾਏਗੀ ਜਦ ਕਿ ਪੰਜਾਬ ਸਮੇਤ ਸੂਬਾ ਸਰਕਾਰਾਂ ਦਾ ਹਿੱਸਾ 30% ਤੋਂ ਵਧਾ ਕੇ 40% ਕਰ ਦਿੱਤਾ ਹੈ, ਜਦਕਿ ਸੂਬਾ ਸਰਕਾਰਾਂ ਪਹਿਲਾਂ ਹੀ ਕਰਜ਼ੇ ਦੇ ਵੱਡੇ ਬੋਝ ਹੇਠ ਕਰਾਹ ਰਹੀਆਂ ਹਨ। ਇਸ ਤਰਾਂ ਕੇਂਦਰ ਸਰਕਾਰ ਪੇਂਡੂ ਬੇਰੁਜ਼ਗਾਰ ਮਜ਼ਦੂਰਾਂ ਦੀ ਭਲਾਈ ਲਈ ਚਲਦੀਆਂ ਨਗੂਣੀਆਂ ਸਹੂਲਤਾਂ ਲਈ ਬਜਟ ਵਧਾਉਣ ਦੀ ਆਪਣੀ ਜਿੰਮੇਵਾਰੀ ਤੋਂ ਭੱਜ ਕੇ ਉਹਨਾਂ ਦਾ ਭਾਰ ਸੂਬਾ ਸਰਕਾਰਾਂ ਤੇ ਸੁੱਟ ਰਹੀ ਹੈ ਜਿਸ ਨਾਲ ਜੋਬ ਕਾਰਡ ਧਾਰਕਾਂ ਨੂੰ ਪਹਿਲਾਂ ਮਿਲਦਾ ਕੰਮ ਵੀ ਘੱਟ ਜਾਣ ਕਾਰਨ ਉਹਨਾਂ ਨੂੰ ਵੱਡੀ ਬੇਰੁਜਗਾਰੀ ਦਾ ਸਾਹਮਣਾ ਕਰਨਾ ਪਏਗਾ ਜਿਸ ਦੇ ਵਿਰੁੱਧ ਪੂਰੇ ਪੰਜਾਬ ਅੰਦਰ ਜੋਬ ਕਾਰਡ ਧਾਰਕ ਮਜ਼ਦੂਰਾਂ ਨੂੰ ਜਾਗਰੂਕ ਕਰਨ ਅਤੇ ਇਸ ਦੇ ਸੰਘਰਸ਼ਾਂ ਨੂੰ ਅੱਗੇ ਵਧਾਉਣ ਲਈ ਵੱਡੇ ਪੱਧਰ ਤੇ ਲਾਮਬੰਦੀ ਕੀਤੀ ਜਾਏਗੀ। ਇਸ ਸਮੇਂ ਰਾਣੀ ਅੰਗਰੇਜ਼ ਕੌਰ ਮਨਜੀਤ ਕੌਰ ਸਰਜੀਤ ਕੌਰ ਵਗੈਰਾ ਹਾਜ਼ਰ ਸਨ।

# ਸਮਾਰਟ ਫੋਨ ਵੰਡਣ ਦੇ ਮਾਮਲੇ 'ਚ ਪਾਵਰਕਾਮ ਮੁਲਾਜ਼ਮਾਂ ਦਾ ਰੋਸ, ਮੰਗਾਂ ਨਾ ਮੰਨੀਆਂ ਤਾਂ 16-17 ਜੂਨ ਨੂੰ ਹੜਤਾਲ ਦਾ ਐਲਾਨ



ਬਰਨਾਲਾ, 27 ਮਈ (ਬਘੇਲ ਸਿੰਘ ਧਾਲੀਵਾਲ) : ਪਾਵਰਕੌਮ ਦੇ ਮੁਲਾਜ਼ਮਾਂ ਦੀ ਸਾਂਝੀ ਸੰਘਰਸ਼ ਕਮੇਟੀ ਦੇ ਕਨਵੀਨਰ ਇੰਜ. ਗੁਰਲਾਭ ਸਿੰਘ ਮੌੜ ਦੀ ਅਗਵਾਈ ਵਿੱਚ ਜੁਆਇੰਟ ਫੋਰਮ ਪੰਜਾਬ ਅਤੇ ਏਕਤਾ ਮੰਚ ਪੰਜਾਬ ਦੇ ਸੱਦੇ 'ਤੇ ਸਮੂਹ ਜਥੇਬੰਦੀਆਂ ਦੇ ਆਗੂ ਨੇ ਉੱਪ ਮੁੱਖ ਨਿਗਰਾਨ ਇੰਜੀਨੀਅਰ ਸੰਚਾਲਨ ਸਰਕਲ ਬਰਨਾਲਾ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਜਥੇਬੰਦੀ ਦੇ ਆਗੂਆਂ ਵੱਲੋਂ ਉਪ ਮੁੱਖ ਇੰਜੀਨੀਅਰ ਦੇ ਧਿਆਨ ਵਿੱਚ ਲਿਆਂਦਾ ਗਿਆ ਕਿ ਪਾਵਰਕਾਮ ਦੀ ਮੈਨੇਜਮੈਂਟ ਬਿਜਲੀ ਕਰਮਚਾਰੀਆਂ ਨੂੰ ਸਮਾਰਟ ਫੋਨ ਵੰਡਣ ਦੇ ਮਾਮਲੇ 'ਤੇ ਬਹੁਤ ਕਾਹਲੇ ਕਦਮਾਂ ਰਾਹੀਂ ਫੀਲਡ ਅਧਿਕਾਰੀਆਂ ਦੁਆਰਾ ਕਰਮਚਾਰੀਆਂ ਨੂੰ ਪ੍ਰੇਸ਼ਾਨ ਕਰ ਰਹੀ ਹੈ । ਇਸ ਮਸਲੇ ਨੂੰ ਬੀਤੇ ਦਿਨੀਂ ਜੁਆਇੰਟ ਫੋਰਮ ਅਤੇ ਏਕਤਾ ਮੰਚ ਦੀ ਪਾਵਰਕਾਮ ਮੈਨੇਜਮੈਂਟ ਨਾਲ ਚੰਡੀਗੜ੍ਹ ਵਿੱਚ ਸਾਂਝੇ ਧੜੇ ਦੀ ਲੀਡਰਸ਼ਿਪ ਦੀ ਹੋਈ ਮੀਟਿੰਗ ਸਮੇਂ ਇਹ ਮਸਲਾ ਵੀ ਵਿਚਾਰਿਆ ਗਿਆ ਸੀ ਅਤੇ ਮੋਬਾਈਲ ਫੋਨ ਦੇ ਸਬੰਧ ਵਿੱਚ ਜੋ ਸ਼ੰਕੇ ਹਨ, ਉਨ੍ਹਾਂ ਬਾਰੇ ਮੈਨੇਜਮੈਂਟ ਦੇ ਧਿਆਨ ਵਿੱਚ ਲਿਆ ਕੇ ਮੰਗ ਕੀਤੀ ਗਈ ਸੀ ਕਿ ਮੋਬਾਇਲ ਫੋਨ ਦੇ ਮਾਮਲੇ ਤੇ ਵੱਖਰੇ ਤੌਰ ਤੇ ਵਿਚਾਰ ਚਰਚਾ ਕਰਨ ਤੋਂ ਬਾਅਦ ਪਾਏ ਜਾ ਰਹੇ ਸ਼ੰਕੇ ਦੂਰ ਕਰਕੇ ਹੀ ਮੋਬਾਈਲ ਫੋਨ ਟੈਕਨੀਕਲ ਕਰਮਚਾਰੀਆਂ ਨੂੰ ਵੰਡਣ ਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ। ਉਸ ਵਿੱਚ ਬਾਰੇ ਮੈਨੇਜਮੈਂਟ ਧਿਆਨ ਕਿਉਂ ਨਹੀਂ ਕਰਦੀ ਤਾਂ ਇਸ ਗੱਲ ਦੇ ਜਵਾਬ ਵਿੱਚ ਮੈਨੇਜਮੈਂਟ ਨੇ ਟੈਕਨੀਕਲ ਕਰਮਚਾਰੀਆਂ ਨੂੰ 8 ਘੰਟੇ ਤੋਂ ਵੱਧ ਡਿਊਟੀ ਕਰਨ ਦੇ ਬਦਲੇ ਵਿੱਚ ਓਵਰ ਟਾਈਮ ਦੇਣ ਬਾਰੇ ਵਿਚਾਰ ਕਰਨ ਦਾ ਭਰੋਸਾ ਦਿੱਤਾ ਸੀ। ਪਰ ਫੀਲਡ ਵਿੱਚ ਇਸ ਦੇ ਉਲਟ ਅਧਿਕਾਰੀ ਟੈਕਨੀਕਲ ਕਰਮਚਾਰੀਆਂ ਨੂੰ ਜਬਰਦਸਤੀ ਮੋਬਾਈਲ ਵੰਡਣ ਲਈ ਲਗਾਤਾਰ ਪ੍ਰੇਸ਼ਾਨ ਕਰ ਰਹੇ ਹਨ। ਉੱਪ ਮੁੱਖ ਨਿਗਰਾਨ ਇੰਜਨੀਅਰ ਹਰਵੇਲ ਸਿੰਘ ਧਾਲੀਵਾਲ ਦੇ ਧਿਆਨ ਵਿੱਚ ਲਿਆਂਦਾ ਗਿਆ ਕਿ ਸਰਕਲ ਬਰਨਾਲਾ ਅੰਦਰ ਵੱਡੀ ਪੱਧਰ ਤੇ ਟੈਕਨੀਕਲ ਕਾਮਿਆਂ ਦੀ ਘਾਟ ਹੈ, ਇਸ ਨੂੰ ਮੁੱਖ ਰੱਖਦੇ ਹੋਏ ਜੋ ਟੈਕਨੀਕਲ ਕਰਮਚਾਰੀ ਦਫ਼ਤਰਾਂ ਅੰਦਰ ਕੰਮ ਕਰਦੇ ਹਨ ਉਨ੍ਹਾਂ ਨੂੰ ਤੁਰੰਤ ਫੀਲਡ ਵਿੱਚ ਤਬਦੀਲ ਕੀਤਾ ਜਾਵੇ ਤਾ ਕਿ ਅੱਤ ਦੀ ਗਰਮੀ ਦੇ ਸੀਜ਼ਨ ਵਿੱਚ ਲੋਕਾਂ ਨੂੰ ਵਧੀਆ ਸੇਵਾਵਾਂ ਦਿੱਤੀਆਂ ਜਾ ਸਕਣ। ਮੁਲਾਜ਼ਮਾਂ ਤੇ ਫਾਲਟ ਨੂੰ ਇੱਕ ਘੰਟੇ ਦੇ ਵਿੱਚ ਵਿੱਚ ਦੂਰ ਕਰਨ ਲਈ ਜੋ ਨਾਦਰਸ਼ਾਹੀ ਫੁਰਮਾਨ ਪਾਵਰਕੌਮ ਦੀ ਮਨੈਜਮੈਂਟ ਵੱਲੋਂ ਕੀਤੇ ਜਾ ਰਹੇ ਹਨ, ਉਸ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਆਗੂਆਂ ਨੇ ਕਿਹਾ ਕਿ ਜੇਕਰ ਪੰਜਾਬ ਸਰਕਾਰ ਤੇ ਪਾਵਰਕਾਮ ਦੀ ਮਨੈਜਮੈਂਟ ਵੱਲੋਂ ਬਿਜਲੀ ਮੁਲਾਜ਼ਮਾਂ ਦੀ ਮੰਨੀਆਂ ਹੋਈਆਂ ਮੰਗਾਂ ਨੂੰ ਤੁਰੰਤ ਲਾਗੂ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕਰਦੇ ਹੋਏ 14 ਜੂਨ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਰਿਹਾਇਸ਼ ਸੰਗਰੂਰ ਵਿਖੇ ਲਾਮਿਸਾਲ ਧਰਨਾ ਦੇਣ ਉਪਰੰਤ 16-17 ਜੂਨ ਨੂੰ ਦੋ ਰੋਜ਼ਾ ਹੜਤਾਲ ਕਰਨ ਲਈ ਮਜ਼ਬੂਰ ਹੋਣਗੇ। ਉੱਪ ਮੁੱਖ ਇੰਜੀਨੀਅਰ ਨੂੰ ਮੰਗ ਪੱਤਰ ਦੇਣ ਵਾਲੇ ਆਗੂਆਂ ਵਿੱਚ ਇੰਜ ਰਾਜੇਸ਼ ਕੁਮਾਰ ਬੰਟੀ, ਕਮਲਜੀਤ ਸਿੰਘ ਝਲੂਰ , ਇੰਜ ਸ਼ੁਭਮ ਗਰਗ, ਜਸਵਿੰਦਰ ਸਿੰਘ ਜੱਸੀ, ਕੁਲਵੀਰ ਸਿੰਘ ਔਲਖ, ਇੰਜ ਆਸ਼ੂਤੋਸ਼ ਕੌਸ਼ਲ, ਪ੍ਰਗਟ ਸਿੰਘ ਮੋਹਿਲ, ਜਸਵਿੰਦਰ ਸਿੰਘ ਜੱਸੀ, ਸਰਬਜੀਤ ਸਿੰਘ ਸਮੇਤ ਸਰਕਲ ਬਰਨਾਲਾ ਦੇ ਆਗੂ ਸ਼ਾਮਿਲ ਸਨ ।

# ਪਾਣੀ ਬਚਾਉਣ ਲਈ ਬਰਨਾਲਾ ਵਿੱਚ ਡੀ.ਐਸ.ਆਰ. ਮੁਹਿੰਮ ਤੇਜ਼, ਮੁੱਖ ਖੇਤੀਬਾੜੀ ਅਫ਼ਸਰ ਨੇ ਖੁਦ ਟਰੈਕਟਰ ਚਲਾਕੇ ਕਰਵਾਈ ਝੋਨੇ ਦੀ ਸਿੱਧੀ ਬਿਜਾਈ



ਬਰਨਾਲਾ, 27 ਮਈ ( ਬਘੇਲ ਸਿੰਘ ਧਾਲੀਵਾਲ) : ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਬਰਨਾਲਾ ਵੱਲੋਂ ਜ਼ਿਲ੍ਹੇ ਅੰਦਰ ਪਾਣੀ ਦੀ ਬਚਤ ਅਤੇ ਖੇਤੀ ਖਰਚੇ ਘਟਾਉਣ ਦੇ ਮਕਸਦ ਨਾਲ ਝੋਨੇ ਦੀ ਸਿੱਧੀ ਬਿਜਾਈ (DSR ਤਕਨੀਕ) ਨੂੰ ਉਤਸ਼ਾਹਿਤ ਕਰਨ ਲਈ ਇੱਕ ਵਿਸ਼ੇਸ਼ ਮੁਹਿੰਮ ਵਿੱਢੀ ਗਈ ਹੈ। ਇਸੇ ਲੜੀ ਤਹਿਤ ਅੱਜ ਪਿੰਡ ਠੀਕਰੀਵਾਲ ਜ਼ਿਲ੍ਹਾ ਬਰਨਾਲਾ ਵਿਖੇ ਅਗਾਂਹਵਧੂ ਕਿਸਾਨ ਸਰਦਾਰ ਕੁਲਵਿੰਦਰ ਸਿੰਘ ਅਤੇ ਸੁਖਜਿੰਦਰ ਸਿੰਘ ਪੁੱਤਰ ਸ. ਦਰਸ਼ਨ ਸਿੰਘ ਦੇ ਖੇਤਾਂ ਵਿੱਚ ਤਕਰੀਬਨ 10 ਏਕੜ ਰਕਬੇ ਵਿੱਚ ਝੋਨੇ ਦੀ ਸਿੱਧੀ ਬਿਜਾਈ ਕਰਵਾਈ ਗਈ। ਇਸ ਮੌਕੇ ਮੁੱਖ ਖੇਤੀਬਾੜੀ ਅਫ਼ਸਰ ਡਾਕਟਰ ਸੁਖਪਾਲ ਸਿੰਘ ਗਿੱਲ ਨੇ ਖੁਦ ਟਰੈਕਟਰ ਚਲਾ ਕੇ ਝੋਨੇ ਦੀ ਸਿੱਧੀ ਬਿਜਾਈ (DSR) ਦੀ ਸ਼ੁਰੂਆਤ ਕਰਵਾਈ, ਜਿਸ ਨਾਲ ਕਿਸਾਨਾਂ ਦਾ ਉਤਸਾਹ ਹੋਰ ਵਧਿਆ। ਮੁੱਖ ਖੇਤੀਬਾੜੀ ਅਫ਼ਸਰ ਅਤੇ ਵਿਭਾਗੀ ਟੀਮ ਆਧੁਨਿਕ ਮਸ਼ੀਨਰੀ ਨਾਲ ਖੇਤ ਵਿੱਚ ਬਿਜਾਈ ਕਰਵਾ ਰਹੀ ਹੈ। ਇਸ ਮੌਕੇ ਉਨ੍ਹਾਂ ਦੇ ਨਾਲ ਇੰਜੀਨੀਅਰ ਹਰਮਨਪ੍ਰੀਤ ਸਿੰਘ ਅਤੇ ਤਕਨੀਸ਼ੀਅਨ ਬੇਅੰਤ ਸਿੰਘ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਮੌਕੇ 'ਤੇ ਹਾਜ਼ਰ ਮੁੱਖ ਖੇਤੀਬਾੜੀ ਅਫ਼ਸਰ ਡਾ. ਸੁਖਪਾਲ ਸਿੰਘ ਗਿੱਲ ਨੇ ਕਿਸਾਨਾਂ ਨਾਲ ਡੀ.ਐਸ.ਆਰ. (DSR) ਸੰਬੰਧੀ ਅਹਿਮ ਤਕਨੀਕੀ ਨੁਕਤੇ ਸਾਂਝੇ ਕੀਤੇ। ਡਾ. ਗਿੱਲ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਾਲ 2026-27 ਦੌਰਾਨ ਝੋਨੇ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਨੂੰ 1500 ਰੁਪਏ ਪ੍ਰਤੀ ਏਕੜ ਦੀ ਪ੍ਰੋਤਸਾਹਨ ਰਾਸ਼ੀ ਦਿੱਤੀ ਜਾ ਰਹੀ ਹੈ। ਇਸ ਦੇ ਲਈ ਵਿਭਾਗ ਦੇ ਪੋਰਟਲ 'ਤੇ ਆਨਲਾਈਨ ਰਜਿਸਟ੍ਰੇਸ਼ਨ 10 ਮਈ ਤੋਂ ਸ਼ੁਰੂ ਹੋ ਚੁੱਕੀ ਹੈ। ਅਪਲਾਈ ਕੀਤੀਆਂ ਅਰਜ਼ੀਆਂ ਦੀ ਤਸਦੀਕ ਵਿਭਾਗ ਦੇ ਮਾਹਿਰਾਂ ਵੱਲੋਂ 15 ਜੁਲਾਈ ਤੋਂ 15 ਅਗਸਤ ਦਰਮਿਆਨ ਕੀਤੀ ਜਾਵੇਗੀ, ਜਿਸ ਤੋਂ ਬਾਅਦ ਪ੍ਰੋਤਸਾਹਨ ਰਾਸ਼ੀ ਸਿੱਧੀ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਟ੍ਰਾਂਸਫਰ ਕਰ ਦਿੱਤੀ ਜਾਵੇਗੀ। ਅਗਾਂਹਵਧੂ ਕਿਸਾਨ ਕੁਲਵਿੰਦਰ ਸਿੰਘ ਨੇ ਆਪਣੇ ਅਨੁਭਵ ਸਾਂਝੇ ਕਰਦਿਆਂ ਦੱਸਿਆ ਕਿ ਉਹ ਪਿਛਲੇ 10 ਸਾਲਾਂ ਤੋਂ ਲਗਾਤਾਰ ਡੀ.ਐਸ.ਆਰ. ਵਿਧੀ ਨਾਲ ਹੀ ਝੋਨੇ ਦੀ ਕਾਸ਼ਤ ਕਰਦੇ ਆ ਰਹੇ ਹਨ ਅਤੇ ਇਹ ਵਿਧੀ ਉਨ੍ਹਾਂ ਲਈ ਬਹੁਤ ਫਾਇਦੇਮੰਦ ਸਾਬਤ ਹੋਈ ਹੈ। ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੇ ਇਲਾਕੇ ਦੇ ਹੋਰਨਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਪਾਣੀ ਦੀ ਹਰ ਬੂੰਦ ਬਚਾਉਣ ਅਤੇ ਖੇਤੀ ਨੂੰ ਲਾਹੇਵੰਦ ਬਣਾਉਣ ਲਈ ਰਵਾਇਤੀ ਤਰੀਕੇ ਛੱਡ ਕੇ ਵੱਧ ਤੋਂ ਵੱਧ ਰਕਬੇ ਵਿੱਚ ਝੋਨੇ ਦੀ ਸਿੱਧੀ ਬਿਜਾਈ ਕਰਨ।

# ਜਨਗਣਨਾ-2027 : ਹੰਡਿਆਇਆ ਨੇ ਪਹਿਲਾ ਗੇੜ ਕੀਤਾ ਮੁਕੰਮਲ, ਡੀ.ਸੀ. ਵੱਲੋਂ ਗਿਣਤੀਕਾਰਾਂ ਤੇ ਸੁਪਰਵਾਇਜ਼ਰਾਂ ਦਾ ਵਿਸ਼ੇਸ਼ ਸਨਮਾਨ



ਬਰਨਾਲਾ, 27 ਮਈ ( ਬਘੇਲ ਸਿੰਘ ਧਾਲੀਵਾਲ) : ਡਿਪਟੀ ਕਮਿਸ਼ਨਰ ਸਹਿਤ ਪ੍ਰਮੁੱਖ ਜਨਗਣਨਾ ਅਫ਼ਸਰ ਹਰਪ੍ਰੀਤ ਸਿੰਘ ਆਈ ਏ ਐੱਸ ਵੱਲੋਂ ਜਨਗਣਨਾ 2027 ਦੇ ਪਹਿਲੇ ਦੌਰ ਦਾ ਕੰਮ ਪੂਰਾ ਕਰਨ ਵਿਚ ਮੋਹਰੀ ਰਹਿਣ ਵਾਲੇ ਚਾਰਜ ਅਫਸਰ, ਗਿਣਤੀਕਾਰਾਂ ਤੇ ਸੁਪਰਵਾਇਜ਼ਰਾਂ ਦਾ ਜ਼ਿਲ੍ਹਾ ਪੱਧਰੀ ਸਨਮਾਨ ਕੀਤਾ ਗਿਆ। ਅੱਜ ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿੱਚ ਡਿਪਟੀ ਕਮਿਸ਼ਨਰ ਵੱਲੋਂ ਜਨਗਣਨਾ 2027 ਦੇ ਪਹਿਲੇ ਦੌਰ ਹਾਊਸ ਲਿਸਟਿੰਗ ਦਾ ਕੰਮ ਪੂਰਾ ਕਰਨ ਵਾਲੇ ਇੱਕ ਚਾਰਜ ਅਫ਼ਸਰ, 82 ਗਿਣਤੀਕਾਰਾਂ ਅਤੇ 6 ਸੁਪਰਵਾਇਜ਼ਰਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਬੋਲਦਿਆਂ ਉਹਨਾਂ ਕੰਮ ਪੂਰਾ ਕਰਨ ਵਾਲੇ ਗਿਣਤੀਕਾਰਾ ਅਤੇ ਸੁਪਰਵਾਇਜ਼ਰਾਂ ਦੀ ਭਰਵੀਂ ਤਾਰੀਫ਼ ਕਰਦਿਆਂ ਬਾਕੀ ਗਿਣਤੀਕਾਰਾਂ ਅਤੇ ਸੁਪਰਵਾਇਜ਼ਰਾਂ ਨੂੰ ਇਹਨਾਂ ਤੋਂ ਪ੍ਰੇਰਨਾਂ ਲੈ ਕੇ ਆਪਣਾ ਕੰਮ ਜਲਦੀ ਪੂਰਾ ਕਰਨ ਲਈ ਕਿਹਾ। ਇਸ ਕਾਰਜ ਨੂੰ ਸਮੇਂ ਸਿਰ ਇਸ ਕੰਮ ਨੂੰ ਪੂਰਾ ਕਰਨ ਲਈ ਚਾਰਜ ਅਫ਼ਸਰ ਹੰਡਿਆਇਆ ਸਹਿਤ ਕਾਰਜ ਸਾਧਕ ਅਫ਼ਸਰ ਹਰਪ੍ਰੀਤ ਸਿੰਘ ਨੂੰ ਵਧਾਈ ਦਿੰਦਿਆਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ। ਡਿਪਟੀ ਕਮਿਸ਼ਨਰ ਵੱਲੋਂ ਸੁਪਰਵਾਇਜ਼ਰ ਹਰਪ੍ਰੀਤ ਸਿੰਘ, ਤਲਵਿੰਦਰ ਸਿੰਘ, ਜਯੋਤੀ ਫੁਟੇਲਾ, ਆਰਤੀ ਸ਼ਰਮਾ, ਗੁਰਲਾਲ ਸਿੰਘ (ਸਾਰੇ ਹੰਡਿਆਇਆ ਨਾਲ ਸਬੰਧਤ), ਗਗਨਦੀਪ ਕੌਰ ਦੀ ਭਰਵੀਂ ਤਾਰੀਫ਼ ਕੀਤੀ ਗਈ। ਇਸ ਤੋਂ ਇਲਾਵਾ ਡਿਪਟੀ ਕਮਿਸ਼ਨਰ ਵੱਲੋਂ ਆਪਣਾ ਕੰਮ ਪੂਰਾ ਕਰਨ ਵਾਲੇ 82 ਗਿਣਤੀਕਾਰਾਂ ਨੂੰ ਵੀ ਪ੍ਰਸ਼ੰਸਾ ਪੱਤਰ ਸੌਂਪੇ ਗਏ। ਓਹਨਾਂ ਦੱਸਿਆ ਕਿ ਹੰਡਿਆਇਆ ਦੇ ਸਾਰੇ 26 ਹਾਊਸ ਲਿਸਟਿੰਗ ਬਲਾਕ ਮੁਕੰਮਲ ਹੋ ਗਏ ਹਨ। ਓਹਨਾਂ ਕਿਹਾ ਕਿ ਓਹਨਾਂ ਨੂੰ ਪੂਰੀ ਉਮੀਦ ਹੈ ਕਿ ਜ਼ਿਲ੍ਹਾ ਬਰਨਾਲਾ ਇਹ ਪੜਾਅ ਮੁਕੰਮਲ ਕਰਨ ਵਿਚ ਵੀ ਸੂਬਾ ਪੱਧਰ 'ਤੇ ਮੋਹਰੀ ਰਹੇਗਾ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਵਿਵੇਕ ਕੁਮਾਰ ਮੋਦੀ ਆਈ ਏ ਐੱਸ, ਖੋਜ ਅਫ਼ਸਰ (ਜ਼ਿਲ੍ਹਾ ਉਪ-ਅਰਥ ਅਤੇ ਅੰਕੜਾ ਦਫ਼ਤਰ ਚਰਨਜੀਤ ਕੌਰ, ਸੈਂਸਜ਼ ਸੈੱਲ ਇੰਚਾਰਜ ਹਰਜੀਤ ਸਿੰਘ, ਡਾਇਰੈਕਟੋਰੇਟ ਆਫ਼ ਸੈਂਸਜ਼ ਤੋਂ ਲਵਦੀਪ ਸਿੰਘ, ਜਸਪ੍ਰੀਤ ਕੌਰ, ਗੋਬਿੰਦ ਪਾਲ ਤੇ ਹੋਰ ਅਧਿਕਾਰੀ/ਕਰਮਚਾਰੀ ਹਾਜ਼ਰ ਸਨ।

# 29 ਮਈ ਨੂੰ ਗਿਣਤੀ ਕੇਂਦਰ ਬਣੇ ਸਕੂਲਾਂ ਤੇ ਕਾਲਜਾਂ ਵਿੱਚ ਛੁੱਟੀ ਦਾ ਐਲਾਨ



ਬਰਨਾਲਾ, 27 ਮਈ (ਬਘੇਲ ਸਿੰਘ ਧਾਲੀਵਾਲ) : ਪੰਜਾਬ ਰਾਜ ਵਿੱਚ ਨਗਰ ਨਿਗਮ/ਨਗਰ ਕੌਂਸਲ ਦੀਆਂ ਚੋਣਾਂ ਦੀ ਗਿਣਤੀ ਦੇ ਮੱਦੇਨਜ਼ਰ ਜ਼ਿਲ੍ਹਾ ਮੈਜਿਸਟਰੇਟ ਬਰਨਾਲਾ ਸ੍ਰੀ ਹਰਪ੍ਰੀਤ ਸਿੰਘ (ਆਈ.ਏ.ਐੱਸ.) ਵੱਲੋਂ ਜ਼ਿਲ੍ਹੇ ਦੇ ਵਿੱਦਿਅਕ ਅਦਾਰਿਆਂ ਜਿੱਥੇ ਗਿਣਤੀ ਕੇਂਦਰ ਬਣਾਏ ਗਏ ਹਨ, ਵਿੱਚ ਮਿਤੀ 29 ਮਈ, 2026 ਨੂੰ ਛੁੱਟੀ ਘੋਸ਼ਿਤ ਕੀਤੀ ਗਈ ਹੈ। ਜ਼ਿਲ੍ਹਾ ਬਰਨਾਲਾ ਵਿੱਚ ਵੋਟਾਂ ਦੀ ਗਿਣਤੀ ਲਈ ਐਸ.ਡੀ. ਕਾਲਜ, ਬਰਨਾਲਾ, ਪੀ.ਐਮ.ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਭਦੌੜ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਧਨੌਲਾ ਵਿਖੇ ਗਿਣਤੀ ਕੇਂਦਰ ਬਣਾਏ ਗਏ ਹਨ। ਗਿਣਤੀ ਦੇ ਇਸ ਅਹਿਮ ਕੰਮ ਨੂੰ ਨਿਰਵਿਘਨ ਅਤੇ ਸ਼ਾਂਤੀਪੂਰਵਕ ਢੰਗ ਨਾਲ ਨੇਪਰੇ ਚਾੜ੍ਹਨ ਅਤੇ ਗਿਣਤੀ ਕੇਂਦਰਾਂ ਵਿੱਚ ਕਿਸੇ ਵੀ ਅਣ-ਅਧਿਕਾਰਤ ਵਿਅਕਤੀ ਦੇ ਦਾਖਲੇ ਨੂੰ ਰੋਕਣ ਲਈ ਇਹ ਫੈਸਲਾ ਲਿਆ ਗਿਆ ਹੈ।

# 3 ਨਗਰ ਕੌਂਸਲਾਂ ਅਤੇ 2 ਨਗਰ ਪੰਚਾਇਤਾਂ ਦੀਆਂ ਚੋਣਾਂ ਵਿੱਚ ਵੋਟਾਂ ਦਾ ਕੰਮ ਸ਼ਾਂਤੀਪੂਰਨ ਨੇਪਰੇ ਚੜ੍ਹਿਆ : ਜ਼ਿਲ੍ਹਾ ਚੋਣ ਅਫ਼ਸਰ



ਬੁਢਲਾਡਾ, 27 ਮਈ (ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ) : ਜ਼ਿਲ੍ਹਾ ਮਾਨਸਾ ਦੀਆਂ 3 ਨਗਰ ਕੌਂਸਲਾਂ ਅਤੇ 2 ਨਗਰ ਪੰਚਾਇਤਾਂ ਵਿੱਚ ਵੋਟਾਂ ਪਾਉਣ ਦਾ ਕੰਮ ਅੱਜ ਸ਼ਾਂਤੀਪੂਰਨ ਢੰਗ ਨਾਲ ਨੇਪਰੇ ਚੜ੍ਹ ਗਿਆ ਹੈ। ਜ਼ਿਲ੍ਹਾ ਚੋਣ ਅਫ਼ਸਰ ਨਵਜੋਤ ਕੌਰ ਅਤੇ ਜ਼ਿਲ੍ਹਾ ਪੁਲਿਸ ਮੁਖੀ ਭਾਗੀਰਥ ਸਿੰਘ ਮੀਨਾ ਨੇ ਸਮੂਹ ਵੋਟਰਾਂ, ਉਮੀਦਵਾਰਾਂ, ਸਿਆਸੀ ਪਾਰਟੀਆਂ ਅਤੇ ਚੋਣ ਅਮਲੇ ਦਾ ਸਹਿਯੋਗ ਲਈ ਧੰਨਵਾਦ ਕੀਤਾ ਹੈ।

ਜ਼ਿਲ੍ਹਾ ਚੋਣ ਅਫ਼ਸਰ ਨਵਜੋਤ ਕੌਰ ਨੇ ਦੱਸਿਆ ਕਿ ਅੱਜ ਹੋਈ ਵੋਟਿੰਗ ਦੌਰਾਨ ਕੁਲ 74.36% ਮਤਦਾਨ ਹੋਇਆ। ਉਨ੍ਹਾਂ ਦੱਸਿਆ ਕਿ ਜੋਗਾ ਵਿਖੇ ਸਭ ਤੋਂ ਵੱਧ 85.33% ਵੋਟਰਾਂ ਨੇ ਆਪਣੇ ਵੋਟ ਪਾਉਣ ਦੇ ਅਧਿਕਾਰ ਦੀ ਵਰਤੋਂ ਕੀਤੀ। ਉਨ੍ਹਾਂ ਦੱਸਿਆ ਕਿ ਮਾਨਸਾ ਨਗਰ ਕੌਂਸਲ ਵਿੱਚ 69.23%, ਬੁਢਲਾਡਾ ਵਿੱਚ 76.17%, ਬਰੇਟਾ ਵਿੱਚ 82.26%, ਬੋਹਾ ਵਿੱਚ 84.04 ਪ੍ਰਤੀਸ਼ਤ ਮਤਦਾਨ ਹੋਇਆ।

ਜ਼ਿਲ੍ਹਾ ਚੋਣ ਅਫ਼ਸਰ ਨਵਜੋਤ ਕੌਰ ਨੇ ਵੋਟਿੰਗ ਪ੍ਰਕਿਰਿਆ ਦੌਰਾਨ ਸਮੁੱਚੇ ਚੋਣ ਅਮਲੇ ਵੱਲੋਂ ਨਿਭਾਈ ਡਿਊਟੀ ਦੀ ਵੀ ਸ਼ਲਾਘਾ ਕੀਤੀ। ਉਨ੍ਹਾਂ ਦੱਸਿਆ ਕਿ ਵੋਟਾਂ ਦੀ ਗਿਣਤੀ 29 ਮਈ ਨੂੰ ਹੋਵੇਗੀ।

# ਅਣਪਛਾਤਿਆਂ ਵੱਲੋਂ ਸ਼ਰਾਬ ਦੇ ਠੇਕੇਦਾਰਾਂ ਦੇ ਮੁਲਾਜ਼ਮ 'ਤੇ ਹਮਲਾ



ਧਨੌਲਾ ਮੰਡੀ, 27 ਮਈ ( ਚਮਕੌਰ ਸਿੰਘ ਗੱਗੀ) : ਬੀਤੀ ਰਾਤ ਕਰੀਬ 8:30 ਵਜੇ ਅਨਾਜ ਮੰਡੀ ਨਜ਼ਦੀਕ 7-8 ਅਣਪਛਾਤੇ ਵਿਅਕਤੀਆਂ ਵੱਲੋਂ ਸ਼ਰਾਬ ਦੇ ਠੇਕੇਦਾਰਾਂ ਦੇ ਮੁਲਾਜ਼ਮ 'ਤੇ ਹਮਲਾ ਕਰਕੇ ਗੰਭੀਰ ਰੂਪ ਵਿੱਚ ਜਖਮੀ ਕਰ ਦਿੱਤਾ, ਜਿਸ ਨੂੰ ਧਨੌਲਾ ਦੇ ਸਰਕਾਰੀ ਹਸਪਤਾਲ ਵਿੱਚ ਦਾਖਲ ਕਰਾਇਆ ਗਿਆ ਅਤੇ ਉਸਦੇ ਸਿਰ ਤੇ ਕਾਫੀ ਗਹਿਰੀਆਂ ਚੋਟਾਂ ਹਨ , ਜਿਸ ਦੇ ਇਲਾਜ ਦੌਰਾਨ ਹਾਜ਼ਰ ਡਾਕਟਰ ਨੇ ਆਪਣੇ ਸਟਾਫ ਨਾਲ ਟਾਂਕੇ ਲਾਏ ਮੁਢਲੀ ਸਹਾਇਤਾ ਦਿੱਤੀ। ਇੱਥੇ ਉਸ ਦੇ ਅੱਜ ਬਰਨਾਲਾ ਵਿਖੇ ਜ਼ਰੂਰੀ ਟੈਸਟ ਕਰਵਾਏ ਗਏ। ਇਕੱਤਰ ਕੀਤੀ ਜਾਣਕਾਰੀ ਅਨੁਸਾਰ ਦਾਖਲ ਮੁਲਾਜ਼ਮ ਮੋਹਨਜੀਤ ਸਿੰਘ ਪੁੱਤਰ ਸੁਰਜੀਤ ਸਿੰਘ ਨੇ ਦੱਸਿਆ ਕਿ ਬੀਤੀ ਰਾਤ ਦੋ ਬੰਦੇ ਸਕੂਟਰੀ ਉੱਪਰ ਨਾਜਾਇਜ਼ ਸ਼ਰਾਬ ਵੇਚਣ ਦੀ ਤਾਕ ਵਿੱਚ ਸਨ। ਉਸ ਦੁਆਰਾ ਦੇਖੇ ਜਾਣ 'ਤੇ ਉਹਨਾਂ ਨੇ ਆਪਣੇ ਹੋਰ ਸਾਥੀ ਬੁਲਾ ਲਏ ਅਤੇ ਉਸ ਦੇ ਉੱਤੇ ਤੇਜ਼ਧਾਰ ਹਥਿਆਰ ਨਾਲ ਹਮਲਾ ਕਰ ਦਿੱਤਾ ਅਤੇ ਫਰਾਰ ਹੋ ਗਏ। ਸਰਕਾਰੀ ਹਸਪਤਾਲ ਵੱਲੋਂ ਥਾਣਾ ਧਨੌਲਾ ਵਿਖੇ ਇਸ ਦਾ ਰੁੱਕਾ ਭੇਜਿਆ ਗਿਆ ਹੈ। ਇਸ ਮਾਮਲੇ ਸੰਬੰਧੀ ਖਾਣਾ ਧਨੌਲਾ ਦੀ ਐਸ ਐਚ ਓ ਇੰਸਪੈਕਟਰ ਗੁਰਵਿੰਦਰ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਹਨਾਂ ਕਿਹਾ ਕਿ ਅੱਜ ਮੋਹਨਜੀਤ ਸਿੰਘ ਦੇ ਬਿਆਨ ਲੈ ਕੇ ਬਣਦੀ ਕਾਰਵਾਈ ਕੀਤੀ ਜਾ ਰਹੀ ਹੈ ਛੇਤੀ ਹੀ ਹਮਲਾ ਕਰਨ ਵਾਲਿਆਂ ਨੂੰ ਗ੍ਰਿਫਤਾਰ ਕਰ ਲਿਆ ਜਾਵੇਗਾ। ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਸ਼ਰਾਬ ਦੇ ਠੇਕੇਦਾਰ ਸੁਰਿੰਦਰ ਗਰਗ ਐਮ ਜੀ ਨੇ ਕਿਹਾ ਕਿ ਦੂਜੀਆਂ ਸਟੇਟਾਂ ਤੋਂ ਲਿਆ ਕੇ ਲੋਕ ਸ਼ਰੇਆਮ ਸ਼ਰਾਬ ਵੇਚ ਰਹੇ ਹਨ ਜਿਨਾਂ ਨੂੰ ਨੱਥ ਪਾਉਣੀ ਜਰੂਰੀ ਹੈ ਕਿਉਂਕਿ ਸ਼ਰਾਬ ਦੇ ਠੇਕੇਦਾਰ ਕਰੋੜਾਂ ਰੁਪਏ ਲਗਾ ਕੇ ਕਾਰੋਬਾਰ ਲੈਂਦੇ ਹਨ, ਅਤੇ ਉਹਨਾਂ ਨੂੰ ਬਹੁਤ ਭਾਰੀ ਨੁਕਸਾਨ ਝੱਲਣਾ ਪੈਂਦਾ ਹੈ। ਅਤੇ ਉਹਨਾਂ ਤੋਂ ਕਿਸਤਾ ਵੀ ਨਹੀਂ ਭਰੀਆਂ ਜਾਂਦੀਆਂ। ਇਸ ਕਰਕੇ ਸਰਕਾਰ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਅਜਿਹੇ ਦੋ ਨੰਬਰ ਦੇ ਸ਼ਰਾਬ ਨਾਲ ਜੁੜੇ ਧੰਦੇ ਕਰਨ ਵਾਲਿਆਂ ਨੂੰ ਸਖਤ ਤੋਂ ਸਖਤ ਸਜ਼ਾਵਾਂ ਦੇਣੀਆਂ ਚਾਹੀਦੀਆਂ ਹਨ।

# ਆਕਾਰਾਂ ਦੀ ਦੁਨੀਆਂ ਨਾਲ ਰੂਬਰੂ ਹੋਏ ਬੀ.ਵੀ.ਐਮ. ਦੇ ਨੰਨ੍ਹੇ-ਮੁੰਨ੍ਹੇ ਵਿਦਿਆਰਥੀ




ਬਰਨਾਲਾ, 27 ਮਈ (ਹਮੀਰ ਸਿੰਘ) : ਬੀ.ਵੀ.ਐਮ ਇੰਟਰਨੈਸ਼ਨਲ ਸਕੂਲ ਵੱਲੋਂ ਐਲ.ਕੇ.ਜੀ ਵਿਦਿਆਰਥੀਆਂ ਲਈ ਸ਼ੇਪ ਸੋਰਟਿੰਗ ਗਤੀਵਿਧੀ ਕਰਵਾਈ ਗਈ, ਜਿਸ ਰਾਹੀਂ ਬੱਚਿਆਂ ਨੂੰ ਚੱਕਰ, ਵਰਗ, ਤਿਕੋਣ ਅਤੇ ਆਇਤਕਾਰ ਵਰਗੇ ਵੱਖ-ਵੱਖ ਆਕਾਰਾਂ ਬਾਰੇ ਦਿਲਚਸਪ ਢੰਗ ਨਾਲ ਜਾਣੂੰ ਕਰਵਾਇਆ ਗਿਆ। ਰੰਗੀਨ ਚਾਰਟਾਂ ਅਤੇ ਸਿੱਖਣ ਸਮੱਗਰੀ ਨਾਲ ਸਜੇ ਕਲਾਸਰੂਮ ਵਿੱਚ ਬੱਚਿਆਂ ਨੇ ਖੇਡ-ਖੇਡ ਵਿੱਚ ਆਕਾਰਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਸਹੀ ਸਮੂਹਾਂ ਵਿੱਚ ਰੱਖਿਆ। ਅਧਿਆਪਕਾਂ ਨੇ ਰੋਜ਼ਾਨਾ ਜੀਵਨ ਦੀਆਂ ਵਸਤੂਆਂ ਨਾਲ ਜੋੜ ਕੇ ਬੱਚਿਆਂ ਨੂੰ ਆਕਾਰਾਂ ਦੀ ਮਹੱਤਤਾ ਸਮਝਾਈ। ਸਕੂਲ ਪ੍ਰਬੰਧਨ ਨੇ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਬੱਚਿਆਂ ਦੀ ਰਚਨਾਤਮਕ ਸੋਚ, ਇਕਾਗਰਤਾ ਅਤੇ ਸਿੱਖਣ ਦੀ ਯੋਗਤਾ ਨੂੰ ਮਜ਼ਬੂਤ ਕਰਦੀਆਂ ਹਨ।

# ਨਸ਼ੇ ਦੀ ਓਵਰਡੋਜ਼ ਨਾਲ ਨੌਜਵਾਨ ਦੀ ਮੌਤ, ਸ਼ਮਸ਼ਾਨਘਾਟ ਵਿੱਚੋਂ ਮਿਲੀ ਲਾਸ਼



ਭਦੌੜ, 27 ਮਈ (ਸੁਖਵਿੰਦਰ ਪਲਾਹਾ) : ਭਦੌੜ ਦੇ ਮੁਹੱਲਾ ਵੱਡੇ ਕੌੜਿਆਂ ਦੇ ਸ਼ਮਸ਼ਾਨ ਘਾਟ ਵਿੱਚ ਅੱਜ ਇੱਕ ਨੌਜਵਾਨ ਦੀ ਲਾਸ਼ ਮਿਲਣ 'ਤੇ ਇਲਾਕੇ ਵਿੱਚ ਸਨਸਨੀ ਫੈਲ ਗਈ। ਮੌਕੇ 'ਤੇ ਮੌਜੂਦ ਲੋਕਾਂ ਨੇ ਦੱਸਿਆ ਕਿ ਸ਼ਮਸ਼ਾਨ ਘਾਟ ਵਿੱਚ ਹਰ ਰੋਜ਼ ਕੁਝ ਨੌਜਵਾਨ ਬੈਠ ਕੇ ਨਸ਼ੇ ਦਾ ਸੇਵਨ ਕਰਦੇ ਹਨ ਅਤੇ ਸਮੇਂ ਸਿਰ ਪੁਲਿਸ ਵੀ ਇੱਥੇ ਚੱਕਰ ਲਗਾਉਂਦੀ ਰਹਿੰਦੀ ਹੈ।

ਸ਼ਮਸ਼ਾਨ ਘਾਟ ਵਿੱਚ ਲਾਸ਼ ਮਿਲਣ ਤੇ ਜਦ ਉਸਦੀ ਸ਼ਨਾਖਤ ਕੀਤੀ ਗਈ ਤਾਂ ਲਖਵੀਰ ਸਿੰਘ ਉਰਫ ਬੱਟਾ ਪੁੱਤਰ ਬੂਟਾ ਸਿੰਘ ਵਜੋਂ ਹੋਈ। ਇਸ ਮੌਕੇ ਉਸ ਦੇ ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਲਖਵੀਰ ਸਿੰਘ ਪਿਛਲੇ ਚਾਰ ਸਾਲ ਤੋਂ ਨਸ਼ੇ ਦਾ ਸੇਵਨ ਕਰਨ ਦਾ ਆਦੀ ਸੀ ਅਤੇ ਲਖਵੀਰ ਸਿੰਘ ਸ਼ਾਦੀਸ਼ੁਦਾ ਸੀ, ਉਹਨਾਂ ਦੱਸਿਆ ਕਿ ਲਖਵੀਰ ਸਿੰਘ ਦੇ ਦੋ ਬੇਟੀਆਂ ਅਤੇ ਇੱਕ ਬੇਟਾ ਵੀ ਹੈ। ਮ੍ਰਿਤਕ ਦੇ ਪਿਤਾ ਬੂਟਾ ਸਿੰਘ ਨੇ ਦੱਸਿਆ ਕਿ ਉਸ ਨੂੰ ਅਸੀਂ ਪਹਿਲਾਂ ਵੀ ਕਈ ਵਾਰ ਸਮਝਾਇਆ ਪਰ ਉਹ ਨਸ਼ਾ ਕਰਨ ਤੋਂ ਬਾਜ਼ ਨਹੀਂ ਆਇਆ।

ਇਸ ਸਬੰਧੀ ਥਾਣਾ ਭਦੌੜ ਦੇ ਇੰਸਪੈਕਟਰ ਹਰਸਿਮਰਨਜੀਤ ਸਿੰਘ ਮਹਿਰੋਕ ਨੇ ਕਿਹਾ ਕਿ ਪਰਿਵਾਰਿਕ ਮੈਂਬਰਾਂ ਦੇ ਬਿਆਨਾਂ ਦੇ ਅਧਾਰ ਤੇ 194 BNS ਧਾਰਾ ਦੇ ਤਹਿਤ ਕਾਰਵਾਈ ਕੀਤੀ ਜਾ ਰਹੀ ਹੈ। ਉਹਨਾਂ ਕਿਹਾ ਕਿ ਜੇਕਰ ਕੋਈ ਵੀ ਨੌਜਵਾਨ ਸ਼ਮਸ਼ਾਨ ਘਾਟ ਅੰਦਰ ਜਾਂ ਹੋਰ ਪਾਸੇ ਨਸ਼ੇ ਦਾ ਸੇਵਨ ਕਰਦਾ ਵਿਖਾਈ ਦਿੰਦਾ ਹੈ, ਤਾਂ ਸਾਨੂੰ ਮੌਕੇ 'ਤੇ ਤੁਰੰਤ ਜਾਣਕਾਰੀ ਦਿੱਤੀ ਜਾਵੇ, ਅਸੀਂ ਉਸ ਦੇ ਖਿਲਾਫ ਸਖਤ ਤੇ ਕਾਨੂੰਨੀ ਕਾਰਵਾਈ ਕਰਨ ਵਿੱਚ ਗੁਰੇਜ਼ ਨਹੀਂ ਕਰਾਂਗੇ।

# ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਜੀਵਨੀ ਬਾਰੇ ਕਰਵਾਈ ਗੋਸ਼ਟੀ 'ਚ ਵੱਖ-ਵੱਖ ਵਿਦਵਾਨਾਂ ਨੇ ਲਿਆ ਭਾਗ



ਬਰਨਾਲਾ, 27 ਮਈ (ਸੁਖਵਿੰਦਰ ਸਿੰਘ ਭੰਡਾਰੀ) : ਛੋਟੀ ਉਮਰੇ ਫ਼ਾਂਸੀ ਦਾ ਰੱਸਾ ਚੁੰਮਣ ਵਾਲੇ ਕਰਤਾਰ ਸਿੰਘ ਸਰਾਭਾ ਦੀ ਜੀਵਨੀ ਅਤੇ ਸ਼ਹਾਦਤ ਬਾਰੇ ਕਰਵਾਈ ਗਈ ਗੋਸ਼ਟੀ ਚ ਬੋਲਦਿਆਂ ਹਰਮਨਜੀਤ ਸਿੰਘ ਰੁਪਾਲ, ਅਤੇ ਮਹਿੰਦਰ ਪਾਲ ਗਰਗ ਨੇ ਕਿਹਾ ਕਿ ਹਜ਼ਾਰਾਂ ਨੌਜਵਾਨਾਂ ਨੇ ਦੇਸ਼ ਨੂੰ ਅੰਗਰੇਜ਼ਾਂ ਤੋਂ ਆਜ਼ਾਦ ਕਰਵਾਉਣ ਲਈ ਲੜਾਈ ਲੜੀ ਅਤੇ ਹੱਸਦੇ-ਹੱਸਦੇ ਮੌਤ ਨੂੰ ਗਲ਼ੇ ਲਗਾਇਆ। ਉਨ੍ਹਾਂ ਵਿਚੋਂ ਕਰਤਾਰ ਸਿੰਘ ਸਰਾਭਾ ਪੰਜਾਬ ਦਾ ਅਜਿਹਾ ਸ਼ੇਰ ਸੀ, ਜਿਸਨੇ ਆਪਣੀ ਇੱਕ ਵੱਖਰੀ ਪਹਿਚਾਨ ਬਣਾਈ। ਉਨ੍ਹਾਂ ਦਾ ਜਨਮ ਲੁਧਿਆਣਾ ਦੇ ਪਿੰਡ ਸਰਾਭਾ ਵਿੱਚ 24 ਮਈ 1896 ਨੂੰ ਮਾਤਾ ਸਾਹਿਬ ਕੌਰ ਅਤੇ ਪਿਤਾ ਮੰਗਲ ਸਿੰਘ ਦੇ ਘਰ ਹੋਇਆ। ਉੱਚ ਸਿੱਖਿਆ ਲਈ ਉਹ ਅਮਰੀਕਾ ਚਲਾ ਗਿਆ। ਕੈਲੀਫੋਰਨੀਆ ਚ 15 ਜੁਲਾਈ 1913 ਨੂੰ ਲਾਲਾ ਹਰਦਿਆਲ, ਸੋਹਣ ਸਿੰਘ ਭਕਨਾ, ਬਾਬਾ ਜਵਾਲਾ ਸਿੰਘ, ਸੰਤੋਖ ਸਿੰਘ ਅਤੇ ਸੰਤ ਬਾਬਾ ਵਿਸਾਖਾ ਸਿੰਘ ਦਾਦਰ ਵਰਗੇ ਮਹਾਨ ਸੁਤੰਤਰਤਾ ਸੈਨਾਨੀਆਂ ਦੁਆਰਾ ਆਜ਼ਾਦੀ ਲਈ ਗਦਰ ਪਾਰਟੀ ਬਣਾਈ। ਕਰਤਾਰ ਸਿੰਘ ਸਰਾਭਾ ਵੀ ਪਾਰਟੀ ਦੇ ਸਰਗਰਮ ਮੈਂਬਰ ਬਣ ਗਏ।

ਇਸ ਮੌਕੇ ਬੋਲਦਿਆਂ ਸਮਾਜ ਸੇਵੀ ਕੇਵਲ ਕ੍ਰਿਸ਼ਨ ਗਰਗ ਅਤੇ ਰਾਜੇਸ਼ ਭੂਟਾਨੀ ਨੇ ਕਿਹਾ ਕਿ ਕਰਤਾਰ ਸਿੰਘ ਸਰਾਭਾ ਇੱਕ ਬੇਹਤਰੀਨ ਲਿਖਾਰੀ ਵੀ ਸਨ। ਗ਼ਦਰ ਪਾਰਟੀ ਨੇ 1 ਨਵੰਬਰ 1913 ਨੂੰ ਪੰਜਾਬੀ, ਹਿੰਦੀ, ਉਰਦੂ, ਬੰਗਾਲੀ, ਗੁਜਰਾਤੀ ਅਤੇ ਪਸ਼ਤੋ ਭਾਸ਼ਾਵਾਂ ਵਿੱਚ 'ਗਦਰ' ਨਾਮ ਦਾ ਅਖ਼ਬਾਰ ਪ੍ਰਕਾਸ਼ਤ ਕਰਨਾ ਸ਼ੁਰੂ ਕੀਤਾ। ਕਰਤਾਰ ਸਿੰਘ ਸਰਾਭਾ ਨੇ ਗ਼ਦਰ ਅਖ਼ਬਾਰ ਦੇ ਗੁਰਮੁਖੀ ਐਡੀਸ਼ਨ ਦੇ ਪ੍ਰਕਾਸ਼ਨ ਵਿਚ ਸਰਗਰਮੀ ਨਾਲ ਹਿੱਸਾ ਲਿਆ ਅਤੇ ਇਸ ਲਈ ਕਈ ਲੇਖ ਅਤੇ ਦੇਸ਼ ਭਗਤੀ ਦੀਆਂ ਕਵਿਤਾਵਾਂ ਲਿਖੀਆਂ। ਉਨ੍ਹਾਂ ਨੂੰ ਗ਼ਦਰ ਅਖ਼ਬਾਰ ਦੀ ਪ੍ਰਕਾਸ਼ਨਾਂ ਦੀ ਜ਼ਿੰਮੇਵਾਰੀ ਸੌਂਪੀ ਗਈ।

ਇਸ ਦੌਰਾਨ ਸੁਖਵਿੰਦਰ ਸਿੰਘ ਭੰਡਾਰੀ, ਅਸ਼ਵਨੀ ਸ਼ਰਮਾ ਅਤੇ ਰਾਕੇਸ਼ ਕੁਮਾਰ ਨੇ ਕਿਹਾ ਕਿ ਕਰਤਾਰ ਸਿੰਘ ਸਰਾਭਾ ਨੇ ਆਜ਼ਾਦੀ ਘੁਲਾਟੀਏ ਰਾਸ ਬਿਹਾਰੀ ਬੋਸ ਨਾਲ ਮੁਲਾਕਾਤ ਕੀਤੀ ਅਤੇ ਮੀਆਂ ਮੀਰ ਅਤੇ ਫਿਰੋਜ਼ਪੁਰ ਦੀਆਂ ਛਾਉਣੀਆਂ 'ਤੇ ਕਬਜ਼ਾ ਕਰਕੇ ਅੰਬਾਲਾ ਅਤੇ ਦਿੱਲੀ ਵਿਚ ਹਥਿਆਰਬੰਦ ਬਗਾਵਤ ਕਰਨ ਦਾ ਫ਼ੈਸਲਾ ਕੀਤਾ। ਗ਼ਦਰ ਪਾਰਟੀ ਦੇ ਇੱਕ ਪੁਲਿਸ ਮੁਖ਼ਬਰ ਕਿਰਪਾਲ ਸਿੰਘ ਨੇ ਲਾਲਚ ਵਿੱਚ ਬਰਤਾਨਵੀ ਪੁਲਿਸ ਨੂੰ ਬਗਾਵਤ ਬਾਰੇ ਸੂਚਿਤ ਕਰ ਦਿੱਤਾ, ਜਿਸ ਦੇ ਸਿੱਟੇ ਵਜੋਂ ਪਾਰਟੀ ਦੇ ਵੱਡੀ ਗਿਣਤੀ ਵਿੱਚ ਕ੍ਰਾਂਤੀਕਾਰੀਆਂ ਨੂੰ 19 ਫਰਵਰੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ।

ਬਰਤਾਨਵੀ ਸਰਕਾਰ ਨੇ 16 ਨਵੰਬਰ 1915 ਨੂੰ ਕਰਤਾਰ ਸਿੰਘ ਸਰਾਭਾ ਨੂੰ 19 ਸਾਲ ਦੀ ਉਮਰ ਚ ਅਤੇ ਉਨ੍ਹਾਂ ਦੇ 6 ਹੋਰ ਸਾਥੀਆਂ ਸਮੇਤ ਲਾਹੌਰ ਜੇਲ੍ਹ ਵਿੱਚ ਫਾਂਸੀ ਦੇ ਕੇ ਸ਼ਹੀਦ ਕਰ ਦਿੱਤਾ ਗਿਆ।

# ਵਾਈ.ਐਸ. ਪਬਲਿਕ ਸਕੂਲ ਦੀ ਵਿਦਿਆਰਥਣ ਨੇ ਕੌਮੀ ਚੈਂਪੀਅਨਸ਼ਿਪ ਵਿੱਚ ਜਿੱਤਿਆ ਸੋਨ ਤਮਗ਼ਾ



ਬਰਨਾਲਾ, 27 ਮਈ (ਹਮੀਰ ਸਿੰਘ) : ਵਾਈਐਸ ਪਬਲਿਕ ਸਕੂਲ ਨੇ ਇੱਕ ਵਾਰ ਫਿਰ ਆਪਣੀਆਂ ਉਪਲੱਬਧੀਆਂ ਵਿੱਚ ਇੱਕ ਹੋਰ ਸੁਨਹਿਰੀ ਕਾਮਯਾਬੀ ਸ਼ਾਮਲ ਕੀਤੀ ਹੈ। ਭਾਰਤ ਦੇ ਟਾਪ 50 ਸਕੂਲਾਂ ਵਿੱਚ ਸ਼ਾਮਲ ਇਸ ਸਕੂਲ ਦੀ ਹੋਣਹਾਰ ਵਿਦਿਆਰਥਣ ਰਣਦੀਪ ਕੌਰ ਨੇ ਹੈਦਰਾਬਾਦ ਵਿੱਚ ਹੋਈ 6ਵੀਂ ਮਿਕਸਡ ਨੈਟਬਾਲ ਨੈਸ਼ਨਲ ਚੈਂਪੀਅਨਸ਼ਿਪ ਵਿੱਚ ਗੋਲਡ ਮੈਡਲ ਜਿੱਤ ਕੇ ਪੂਰੇ ਵਾਈਐਸ ਪਰਿਵਾਰ ਦਾ ਨਾਮ ਰੌਸ਼ਨ ਕੀਤਾ ਹੈ। ਸਕੂਲ ਨੇ ਖੇਡਾਂ ਅਤੇ ਕੋ-ਕਰਿਕੂਲਰ ਗਤੀਵਿਧੀਆਂ ਵਿੱਚ ਹੁਣ ਤੱਕ 6713 ਮੈਡਲ ਜਿੱਤ ਕੇ ਸ਼ਾਨਦਾਰ ਰਿਕਾਰਡ ਬਣਾਇਆ ਹੈ, ਜਿਨ੍ਹਾਂ ਵਿੱਚ 128 ਨੈਸ਼ਨਲ ਮੈਡਲ ਵੀ ਸ਼ਾਮਲ ਹਨ। ਇਹ ਉਪਲਬਧੀ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਨਿਖਾਰਨ ਅਤੇ ਖੇਡ ਭਾਵਨਾ ਨੂੰ ਉਤਸ਼ਾਹਿਤ ਕਰਨ ਪ੍ਰਤੀ ਸਕੂਲ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਸਕੂਲ ਦੀ ਮੈਨੇਜਮੈਂਟ ਅਤੇ ਸਟਾਫ ਮੈਂਬਰਾਂ ਨੇ ਰਣਦੀਪ ਕੌਰ ਨੂੰ ਉਸ ਦੀ ਮਿਹਨਤ, ਸਮਰਪਣ ਅਤੇ ਰਾਸ਼ਟਰੀ ਪੱਧਰ 'ਤੇ ਸ਼ਾਨਦਾਰ ਪ੍ਰਦਰਸ਼ਨ ਲਈ ਵਧਾਈ ਦਿੱਤੀ। ਇਹ ਸਫਲਤਾ ਸਕੂਲ ਦੇ ਹੋਰ ਨੌਜਵਾਨ ਖਿਡਾਰੀਆਂ ਲਈ ਵੀ ਪ੍ਰੇਰਨਾ ਦਾ ਸਰੋਤ ਬਣੀ ਹੈ। ਸਕੂਲ ਦੇ ਪ੍ਰਿੰਸੀਪਲ ਮੋਹਿਤ ਜਿੰਦਲ ਨੇ ਵਿਦਿਆਰਥਣ ਨੂੰ ਵਧਾਈ ਦਿੰਦਿਆਂ ਕਿਹਾ, 'ਵਾਈਐਸ ਪਬਲਿਕ ਸਕੂਲ ਹਮੇਸ਼ਾਂ ਵਿਦਿਆਰਥੀਆਂ ਨੂੰ ਵੱਡੇ ਸੁਪਨੇ ਦੇਖਣ ਅਤੇ ਹਰ ਖੇਤਰ ਵਿੱਚ ਉੱਚਾਈਆਂ ਹਾਸਲ ਕਰਨ ਲਈ ਪ੍ਰੇਰਿਤ ਕਰਦਾ ਹੈ। ਰਣਦੀਪ ਕੌਰ ਦੀ ਇਹ ਰਾਸ਼ਟਰੀ ਪੱਧਰ ਦੀ ਸਫਲਤਾ ਸਕੂਲ ਲਈ ਮਾਣ ਵਾਲਾ ਪਲ ਹੈ। ਸਾਨੂੰ ਮਾਣ ਹੈ ਕਿ ਸਾਡੇ ਵਿਦਿਆਰਥੀ ਆਪਣੀ ਪ੍ਰਤਿਭਾ, ਅਨੁਸ਼ਾਸਨ ਅਤੇ ਦ੍ਰਿੜ੍ਹ ਨਿਸ਼ਚੇ ਨਾਲ ਲਗਾਤਾਰ ਸਕੂਲ ਦਾ ਨਾਮ ਰੌਸ਼ਨ ਕਰ ਰਹੇ ਹਨ।' ਅਕਾਦਮਿਕ, ਖੇਡਾਂ ਅਤੇ ਨਵੀਂ ਸੋਚ ਦੇ ਖੇਤਰ ਵਿੱਚ ਲਗਾਤਾਰ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਵਾਈਐਸ ਪਬਲਿਕ ਸਕੂਲ ਖੇਤਰ ਦੇ ਅਗੇਤੀ ਸਿੱਖਿਆ ਸੰਸਥਾਨਾਂ ਵਿੱਚ ਆਪਣੀ ਮਜ਼ਬੂਤ ਪਛਾਣ ਬਣਾਈ ਰੱਖ ਰਿਹਾ ਹੈ ਅਤੇ ਵਿਦਿਆਰਥੀਆਂ ਨੂੰ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਸਫਲਤਾ ਪ੍ਰਾਪਤ ਕਰਨ ਲਈ ਪ੍ਰੇਰਿਤ ਕਰ ਰਿਹਾ ਹੈ।

# ਗਰੀਨ ਫ਼ੀਲਡ ਕਾਨਵੈਂਟ ਸਕੂਲ ਦਾਨਗੜ੍ਹ ਦੇ ਬੱਚਿਆਂ ਨੇ ਲਗਾਇਆ ਇੱਕ ਦਿਨਾਂ ਮਨੋਰੰਜਕ ਤੇ ਸਿੱਖਿਆਦਾਇਕ ਟੂਰ



ਧਨੌਲਾ, 27 ਮਈ ( ਚਮਕੌਰ ਸਿੰਘ ਗੱਗੀ) : ਗਰੀਨ ਫ਼ੀਲਡ ਕਾਨਵੈਂਟ (ਸੀਨੀਅਰ ਸੈਕੰਡਰੀ) ਸਕੂਲ ਦਾਨਗੜ੍ਹ ਵੱਲੋਂ ਬੱਚਿਆਂ ਦੇ ਮਨੋਰੰਜਨ, ਸਿੱਖਿਆ ਅਤੇ ਸਰਵਪੱਖੀ ਵਿਕਾਸ ਨੂੰ ਧਿਆਨ ਵਿੱਚ ਰੱਖਦੇ ਹੋਏ ਐੱਚ.ਜੀ. ਈਟੋਨ ਪਲਾਜ਼ਾ, ਹੰਡਿਆਇਆ ਵਿਖੇ ਇੱਕ ਦਿਨਾ ਵਿੱਦਿਅਕ ਅਤੇ ਮਨੋਰੰਜਕ ਟੂਰ ਲਗਾਇਆ ਗਿਆ। ਇਸ ਟੂਰ ਦੌਰਾਨ ਬੱਚਿਆਂ ਨੇ ਵੱਖ-ਵੱਖ ਮਨੋਰੰਜਕ ਗਤੀਵਿਧੀਆਂ ਦਾ ਆਨੰਦ ਮਾਣਿਆ। ਬੱਚਿਆਂ ਨੇ ਖੇਡਾਂ, ਸਾਂਝੇ ਪ੍ਰੋਗਰਾਮਾਂ ਅਤੇ ਹੋਰ ਰੁਚਿਕਰ ਗਤੀਵਿਧੀਆਂ ਵਿੱਚ ਭਾਗ ਲੈਂਦੇ ਹੋਏ ਆਪਣੇ ਸਾਥੀ ਬੱਚਿਆਂ ਨਾਲ ਯਾਦਗਾਰ ਪਲ ਬਿਤਾਏ। ਬੱਚਿਆਂ ਨੇ ਗੀਤ-ਸੰਗੀਤ ਅਤੇ ਮਨੋਰੰਜਕ ਗਤੀਵਿਧੀਆਂ ਰਾਹੀਂ ਖ਼ੂਬ ਮੌਜ-ਮਸਤੀ ਕੀਤੀ। ਇਸ ਸੰਬੰਧੀ ਚੇਅਰਮੈਨ ਸ. ਸੁਖਮਿੰਦਰ ਸਿੰਘ ਗਿੱਲ ਨੇ ਕਿਹਾ ਕਿ ਅਜਿਹੇ ਟੂਰਾਂ ਦਾ ਮਕਸਦ ਬੱਚਿਆਂ ਨੂੰ ਪਾਠਕ੍ਰਮ ਦੇ ਨਾਲ-ਨਾਲ ਪ੍ਰੈਕਟੀਕਲ ਜਾਣਕਾਰੀ ਅਤੇ ਸਮਾਜਿਕ ਸਾਂਝ ਦਾ ਅਨੁਭਵ ਕਰਵਾਉਣਾ ਹੁੰਦਾ ਹੈ। ਟੂਰ ਦੌਰਾਨ ਬੱਚਿਆਂ ਨੂੰ ਅਨੁਸ਼ਾਸਨ, ਟੀਮ ਵਰਕ ਅਤੇ ਸਾਂਝੇ ਜੀਵਨ ਬਾਰੇ ਵੀ ਜਾਣਕਾਰੀ ਦਿੱਤੀ ਗਈ। ਵਿਦਿਆਰਥੀਆਂ ਨੇ ਵੀ ਇਸ ਟੂਰ ਨੂੰ ਬਹੁਤ ਹੀ ਰੌਚਕ ਅਤੇ ਯਾਦਗਾਰ ਦੱਸਿਆ। ਸਕੂਲ ਵਿੱਚ ਬੱਚਿਆਂ ਦੀ ਪੜ੍ਹਾਈ ਦੇ ਨਾਲ-ਨਾਲ ਉਨ੍ਹਾਂ ਦੇ ਮਾਨਸਿਕ ਅਤੇ ਸ਼ਰੀਰਿਕ ਵਿਕਾਸ ਉੱਤੇ ਵੀ ਖਾਸ ਧਿਆਨ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਕਿਤਾਬੀ ਗਿਆਨ ਦੇ ਨਾਲ-ਨਾਲ ਬਾਹਰੀ ਦੁਨੀਆ ਨਾਲ ਜੋੜਨਾ ਵੀ ਸਮੇਂ ਦੀ ਲੋੜ ਹੈ, ਜਿਸ ਲਈ ਸਮੇਂ-ਸਮੇਂ 'ਤੇ ਅਜਿਹੇ ਵਿਦਿਅਕ ਅਤੇ ਮਨੋਰੰਜਕ ਟੂਰ ਲਗਵਾਏ ਜਾਂਦੇ ਹਨ। ਇਸ ਮੌਕੇ ਪ੍ਰਿੰਸੀਪਲ ਪ੍ਰੀਤ ਕਮਲ ਸ਼ਰਮਾ, ਵਾਈਸ ਪ੍ਰਿੰਸੀਪਲ ਜਸਵੀਰ ਕੌਰ, ਇੰਚਾਰਜ ਅਜਿੰਦਰਪਾਲ ਟਿਵਾਣਾ, ਅਧਿਆਪਕ ਅਤੇ ਵਿਦਿਆਰਥੀ ਹਾਜ਼ਰ ਸਨ।

# ਮਮਤਾ ਦਿਵਸ ਮੌਕੇ ਧਨੌਲਾ ਵਿੱਚ ਗਰਭਵਤੀ ਔਰਤਾਂ 'ਤੇ ਬੱਚਿਆਂ ਦਾ ਮੁਫ਼ਤ ਟੀਕਾਕਰਨ ਅਤੇ ਸਿਹਤ ਜਾਂਚ ਕੈਂਪ



ਧਨੌਲਾ, 27 ਮਈ (ਚਮਕੌਰ ਸਿੰਘ ਗੱਗੀ) : ਸਿਵਲ ਸਰਜਨ ਬਰਨਾਲਾ ਡਾ. ਹਰੀ ਪਾਲ ਸਿੰਘ ਸਿੱਧੂ ਦੇ ਦਿਸ਼ਾ ਨਿਰਦੇਸ਼ਾਂ ਅਤੇ ਜ਼ਿਲ੍ਹਾ ਟੀਕਾਕਰਨ ਅਧਿਕਾਰੀ ਡਾ. ਹਰਜੀਤ ਸਿੰਘ ਦੀ ਅਗਵਾਈ ਵਿੱਚ ਸੀ.ਐੱਚ.ਸੀ ਧਨੌਲਾ ਅਤੇ ਇਸਦੇ ਅਧੀਨ ਆਉਂਦੇ ਵੱਖ-ਵੱਖ ਆਯੂਸ਼ਮਾਨ ਅਰੋਗਿਆ ਕੇਂਦਰਾਂ 'ਤੇ ਮਮਤਾ ਦਿਵਸ ਮਨਾਇਆ ਗਿਆ। ਇਸ ਮੌਕੇ ਬੱਚਿਆਂ ਅਤੇ ਗਰਭਵਤੀ ਔਰਤਾਂ ਦਾ ਮੁਫ਼ਤ ਟੀਕਾਕਰਨ ਅਤੇ ਸਿਹਤ ਜਾਂਚ ਕੀਤੀ ਗਈ।

ਸੀਨੀਅਰ ਮੈਡੀਕਲ ਅਫ਼ਸਰ ਡਾ. ਸਤਵੰਤ ਸਿੰਘ ਔਜਲਾ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਹਰ ਬੁੱਧਵਾਰ ਮਮਤਾ ਦਿਵਸ ਮੌਕੇ ਬੱਚਿਆਂ ਅਤੇ ਗਰਭਵਤੀ ਔਰਤਾਂ ਲਈ ਵਿਸ਼ੇਸ਼ ਕੈਂਪ ਲਗਾਇਆ ਜਾਂਦਾ ਹੈ, ਜਿੱਥੇ ਮਾਂ ਅਤੇ ਬੱਚੇ ਨੂੰ ਵੱਖ ਵੱਖ ਰੋਗਾਂ ਤੋਂ ਬਚਾਉਣ ਲਈ ਉਹਨਾਂ ਦਾ ਮੁਫ਼ਤ ਟੀਕਾਕਰਨ ਕੀਤਾ ਜਾਂਦਾ ਹੈ। ਇਸੇ ਉਦੇਸ਼ ਦੀ ਪੂਰਤੀ ਲਈ ਸੀ.ਐੱਚ.ਸੀ ਧਨੌਲਾ ਵਿਖੇ ਜਨਾਨਾ ਰੋਗਾਂ ਦੇ ਮਾਹਿਰ ਡਾ. ਮਨਦੀਪ ਕੌਰ ਬੱਲ ਅਤੇ ਆਯੂਸ਼ਮਾਨ ਅਰੋਗਿਆ ਕੇਂਦਰਾਂ 'ਤੇ ਕਮਿਊਨਿਟੀ ਹੈਲਥ ਅਫ਼ਸਰਾਂ ਵੱਲੋਂ ਗਰਭਵਤੀ ਔਰਤਾਂ ਦੀ ਮੁਫ਼ਤ ਸਿਹਤ ਜਾਂਚ ਕੀਤੀ ਗਈ। ਸੀਨੀਅਰ ਮੈਡੀਕਲ ਅਫ਼ਸਰ ਨੇ ਦੱਸਿਆ ਕਿ ਮਮਤਾ ਦਿਵਸ ਮੌਕੇ ਲਾਏ ਗਏ ਮੁਫ਼ਤ ਕੈਂਪ ਵਿੱਚ ਗਰਭਵਤੀ ਔਰਤਾਂ ਨੂੰ ਆਇਰਨ ਫੋਲਿਕ ਐਸਿਡ ਅਤੇ ਕੈਲਸ਼ੀਅਮ ਦੀਆਂ ਗੋਲੀਆਂ ਵੀ ਮੁਫ਼ਤ ਵੰਡੀਆਂ ਗਈਆਂ। ਉਹਨਾਂ ਨੇ ਲੋਕਾਂ ਨੂੰ ਹਰ ਬੁੱਧਵਾਰ ਲੱਗਣ ਵਾਲੇ ਇਨ੍ਹਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ, ਤਾਂ ਜੋ ਗਰਭਵਤੀ ਔਰਤਾਂ ਤੇ ਬੱਚਿਆਂ ਦਾ ਸੌ ਫ਼ੀਸਦੀ ਟੀਕਾਕਰਨ ਯਕੀਨੀ ਬਣਾਇਆ ਜਾ ਸਕੇ। ਉਹਨਾਂ ਦੱਸਿਆ ਕਿ ਝਲੂਰ ਸਥਿਤ ਆਯੂਸ਼ਮਾਨ ਅਰੋਗਿਆ ਕੇਂਦਰ ਨੂੰ ਬਿਹਤਰ ਸਿਹਤ ਸੇਵਾਵਾਂ ਪ੍ਰਦਾਨ ਕਰਨ ਸਦਕਾ ਨੈਸ਼ਨਲ ਕੁਆਲਿਟੀ ਅਸ਼ੋਰੇਂਸ ਸਟੈਂਡਰਡ ਅਧੀਨ ਨਿਰਧਾਰਿਤ ਮਾਣਕਾਂ ਨੂੰ ਪੂਰਾ ਕਰਨ ਉਪਰੰਤ ਰਾਸ਼ਟਰੀ ਮਾਨਤਾ ਮਿਲ ਚੁੱਕੀ ਹੈ। ਇਸ ਕੇਂਦਰ 'ਤੇ ਸੀ.ਐੱਚ.ਓ ਰਮਨਦੀਪ ਕੌਰ ਦੀ ਅਗਵਾਈ ਵਿੱਚ ਲੱਗੇ ਕੈਂਪ ਵਿਚ ਏ.ਐੱਨ.ਐੱਮ ਰਣਪ੍ਰੀਤ ਕੌਰ, ਆਸ਼ਾ ਫ਼ੈਸਿਲੀਟੇਟਰ ਸਿਮਰਜੀਤ ਕੌਰ ਅਤੇ ਆਸ਼ਾ ਵਰਕਰ ਹਾਜ਼ਰ ਸਨ।



# ਪਟਿਆਲਾ-ਆਸ/ਪਾਸ



# ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਵੱਲੋਂ ਬੁੱਢਾ ਦਲ ਦੇ ਮੁਖੀ ਜਥੇਦਾਰ ਬਾਬਾ ਬਲਬੀਰ ਸਿੰਘ ਨਾਲ ਮੁਲਾਕਾਤ

**➢ਸਤਿਕਾਰ ਐਕਟ 'ਚ ਸ਼ਾਮਲ ਮੱਦਾਂ ਨੂੰ ਸਿੱਖ ਭਾਵਨਾਵਾਂ ਅਨੁਸਾਰ ਦੂਰ ਕਰੇ ਸਰਕਾਰ : ਐਡਵੋਕੇਟ ਧਾਮੀ**

**➢ਬਾਬਾ ਬਕਾਲਾ ਸਾਹਿਬ ਵਿਖੇ ਪੰਥਕ ਇਕੱਠ 'ਚ ਨਿਹੰਗ ਜਥੇਬੰਦੀਆਂ ਅਤੇ ਸਿੱਖ ਸੰਪਰਦਾਵਾਂ ਦੇ ਮੁਖੀ ਕਰਨਗੇ ਸ਼ਮੂਲੀਅਤ**

ਪਟਿਆਲਾ, 27 ਮਈ (ਰੁਪਾਣਾ/ਅਮਰਜੀਤ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਅੱਜ ਨਿਹੰਗ ਸਿੰਘਾਂ ਦੀ ਸਿਰਮੌਰ ਜਥੇਬੰਦੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਜਥੇਦਾਰ ਬਾਬਾ ਬਲਬੀਰ ਸਿੰਘ ਨਾਲ ਬਾਬਾ ਬਕਾਲਾ ਸਾਹਿਬ ਵਿਖੇ 31 ਮਈ ਨੂੰ ਰੱਖੀ ਪੰਥਕ ਕਾਨਫਰੰਸ ਦੇ ਸਬੰਧ ਵਿਚ ਮੁਲਾਕਾਤ ਕੀਤੀ ਗਈ। ਇਸ ਮੁਲਾਕਾਤ ਦੌਰਾਨ ਪ੍ਰਧਾਨ ਸਾਹਿਬ ਐਡਵੋਕੇਟ ਧਾਮੀ ਦੇ ਨਾਲ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਜਥੇਦਾਰ ਜਸਮੇਰ ਸਿੰਘ ਲਾਛੜੂ, ਜਥੇਦਾਰ ਭੁਪਿੰਦਰ ਸਿੰਘ ਭਲਵਾਨ, ਜਥੇਦਾਰ ਬਲਤੇਜ ਸਿੰਘ ਖੋਖ ਵੀ ਹਾਜਰ ਸਨ। ਇਸ ਉਪਰੰਤ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਗਏ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਤਿਕਾਰ (ਸੋਧ) ਐਕਟ ਵਿਚ ਸ਼ਾਮਲ ਦਰਜ ਕੁਝ ਮੱਦਾਂ ਬਾਰੇ ਸੰਗਤਾਂ ਦੇ ਵੱਡੇ ਇਤਰਾਜ਼ ਹਨ ਅਤੇ ਕਈ ਤਰ੍ਹਾਂ ਦੇ ਭਰਮ ਭੁਲੇਖੇ ਪੈਦਾ ਹੋ ਰਹੇ, ਜਿਨ੍ਹਾਂ ਨੂੰ ਸਿੱਖ ਭਾਵਨਾਵਾਂ ਅਨੁਸਾਰ ਦੂਰ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਇਸ ਐਕਟ ਵਿਚ ਦਰਜ ਮੱਦਾਂ ਨੂੰ ਹਟਾਉਣ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਆਦੇਸ਼ ਕੀਤੇ ਹੋਏ ਹਨ ਜਿਸ ਤਹਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਆਪਣੇ ਫਰਜ਼ਾਂ ਦੀ ਪਹਿਰੇਦਾਰੀ ਕਰ ਰਹੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਗੁਰਦੁਆਰਾ ਬਾਬਾ ਬਕਾਲਾ ਸਹਿਬ ਵਿਖੇ 31 ਮਈ ਨੂੰ ਵਿਸ਼ਾਲ ਪੰਥਕ ਇਕੱਠ ਸੱਦਿਆ ਗਿਆ ਤਾਂ ਜੋ ਪੰਥਕ ਇਕੱਠ ਵਿਚ ਸਮੂਹ ਸਿੱਖ ਜਥੇਬੰਦੀਆਂ, ਦਮਦਮੀ ਟਕਸਾਲ, ਨਿਹੰਗ ਸਿੰਘ ਦਲਾਂ, ਨਿਰਮਲੇ, ਉਦਾਸੀ ਸੰਪਰਦਾ, ਕਾਰ ਸੇਵਾ ਵਾਲੇ ਮਹਾਂਪੁਰਸ਼ਾਂ ਤੇ ਸਮੂਹ ਸਿੱਖ ਫੈਡਰੇਸ਼ਨਾਂ ਦੀ ਭਰਵੀਂ ਸ਼ਮੂਲੀਅਤ ਨਾਲ ਸਾਂਝਾ ਗੁਰਮਤਾ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਜੋ ਮੱਦਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ ਵਿਚ ਸਰਕਾਰ ਵੱਲੋਂ ਲਿਆਂਦਾ ਗਿਆ ਉਹ ਗੁਰਮਤਿ ਦੇ ਅਨੁਕੂਲ ਨਹੀਂ ਹਨ। ਐਡਵੋਕੇਟ ਧਾਮੀ ਨੇ ਕਿਹਾ ਕਿ ਜਦੋਂ ਵੀ ਸਮੇਂ ਸਮੇਂ 'ਤੇ ਕਾਨੂੰਨ ਅੰਦਰ ਸੋਧ ਹੋਈ ਉਸ ਸਮੇਂ ਸਿਰਮੌਰ ਸੰਸਥਾ ਵੱਲੋਂ ਮਤਾ ਪਾਸ ਕੀਤਾ ਜਾਂਦਾ ਰਿਹਾ, ਪ੍ਰੰਤੂ ਹੁਣ ਸਰਕਾਰ ਸੋਧ ਕਾਨੂੰਨ ਅੰਦਰ ਅਜਿਹੀਆਂ ਮੱਦਾਂ ਲੈ ਕੇ ਆਈ ਹੈ, ਜੋ ਸਿੱਖ ਕੌਮ ਦੀਆਂ ਭਾਵਨਾਵਾਂ ਦੇ ਅਨੁਕੂਲ ਨਹੀਂ ਹਨ ਅਤੇ ਸਿੱਖ ਸਿਧਾਂਤਾਂ ਦੀ ਤਰਜ਼ਮਾਨੀ ਨਹੀਂ ਹੋ ਪਾ ਰਹੀ ਹੈ। ਉਨ੍ਹਾਂ ਕਿਹਾ ਕਿ ਬੇਅਦਬੀ ਕਰਨ ਵਾਲਿਆਂ ਨੂੰ ਸਖਤ ਸ਼ਜਾਵਾਂ ਮਿਲਣੀਆਂ ਚਾਹੀਦੀਆਂ ਹਨ, ਜਿਸ 'ਤੇ ਕਿਸੇ ਵੀ ਤਰ੍ਹਾਂ ਦਾ ਕੋਈ ਇਤਰਾਜ਼ ਨਹੀਂ ਕੀਤਾ ਜਾ ਰਿਹਾ ਹੈ, ਪ੍ਰੰਤੂ ਸਰਕਾਰ ਨੂੰ ਸੋਧ ਕਾਨੂੰਨ ਅੰਦਰ ਲਿਆਂਦੀਆਂ ਮਦਾਂ ਨੂੰ ਦੂਰ ਕਰਨ ਲਈ ਸਿੱਖ ਕੌਮ ਦੀਆਂ ਭਾਵਨਾਵਾਂ ਦੀ ਅਣਦੇਖੀ ਨਹੀਂ ਕਰਨੀ ਚਾਹੀਦੀ। ਐਡਵੋਕੇਟ ਧਾਮੀ ਨੇ ਕਿਹਾ ਕਿ ਖਾਲਸਾ ਪੰਥ ਦੀਆਂ ਰਵਾਇਤਾਂ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀਆਂ ਸਿੱਖ ਮਰਿਆਦਾ ਨਾਲ ਜੁੜੀਆਂ ਤਰਜੀਹਾਂ ਹਨ, ਜਿਨਾਂ ਨੂੰ ਕੌਮ ਦੀਆਂ ਭਾਵਨਾਵਾਂ ਅਨੁਸਾਰ ਲਾਗੂ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਤਰ੍ਹਾਂ ਦੇ ਟਕਰਾਅ ਦਾ ਸਵਾਲ ਨਹੀਂ ਬਲਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਰਿਆਦਾ ਨੂੰ ਸੰਗਤਾਂ ਵਿਚ ਇਨ ਬਿਨ ਲਾਗੂ ਕਰਵਾਉਣਾ ਵੀ ਵੱਡੀ ਜ਼ਿੰਮੇਵਾਰੀ ਹੈ। ਇਸ ਮੌਕੇ ਬੁੱਢਾ ਦਲ ਦੇ ਮੁਖੀ ਜਥੇਦਾਰ ਬਾਬਾ ਬਲਬੀਰ ਸਿੰਘ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਦਿੱਤੇ ਸੱਦੇ ਨੂੰ ਸਵੀਕਾਰ ਕਰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ 31 ਮਈ ਦੀ ਬਾਬਾ ਬਕਾਲਾ ਸਾਹਿਬ ਵਿਖੇ ਹੋਣ ਜਾ ਰਹੀ ਪੰਥਕ ਕਾਨਫਰੰਸ ਵਿਚ ਉਹ ਨਿਹੰਗ ਜਥੇਬੰਦੀਆਂ ਦੇ ਮੁਖੀਆਂ ਨੂੰ ਲੈ ਕੇ ਪਹੁੰਚਣਗੇ ਤਾਂ ਜੋ ਸਰਕਾਰ ਵੱਲੋਂ ਲਿਆਂਦੇ ਗਏ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਤਿਕਾਰ ਐਕਟ ਵਿਚ ਸ਼ਾਮਲ ਮੱਦਾਂ 'ਤੇ ਦੀਰਘ ਵਿਚਾਰਾਂ ਤੋਂ ਬਾਅਦ ਸੰਗਤੀ ਰੂਪ ਵਿਚ ਸਾਂਝਾ ਗੁਰਮਤਾ ਕੀਤਾ ਜਾ ਸਕੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੈਨੇਜਰ ਭਾਗ ਸਿੰਘ, ਐਡੀਸ਼ਨਲ ਮੈਨੇਜਰ ਮਨਦੀਪ ਸਿੰਘ ਭਲਵਾਨ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਮੈਂਬਰ ਸਹਿਬਾਨ ਤੇ ਅਧਿਕਾਰੀ ਆਦਿ ਸ਼ਾਮਲ ਸਨ।



# ਲੋਕਾਂ ਦੇ ਅਹਿਸਾਨਾਂ ਦੇ ਕਰਜ਼ੇ ਦਾ ਵਿਆਜ ਮੋੜ ਰਿਹਾ ਹਾਂ : ਡਾ. ਬਲਬੀਰ ਸਿੰਘ

**➢ਵਾਰਡ ਨੰਬਰ 4 ਤੇ 6 'ਚ 86 ਲੱਖ ਦੀ ਲਾਗਤ ਨਾਲ ਬਰਸਾਤੀ ਪਾਣੀ ਦੀ ਨਿਕਾਸੀ ਲਈ ਨਵੀਆਂ ਲਾਈਨਾਂ ਪੈਣਗੀਆਂ**

ਪਟਿਆਲਾ, 27 ਮਈ (ਰੁਪਾਣਾ) : ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਹੈ ਕਿ ਪਿਛਲੇ ਕਈ ਦਹਾਕਿਆਂ ਤੋਂ ਬਰਸਾਤੀ ਪਾਣੀ ਖੜ੍ਹਨ ਦੀ ਸਮੱਸਿਆ ਨਾਲ ਜੂਝ ਰਹੇ ਤ੍ਰਿਪੜੀ ਦੇ ਅਨੰਦ ਨਗਰ-ਏ, ਦਸਮੇਸ਼ ਨਗਰ-ਬੀ ਤੇ ਨੇੜਲੇ ਇਲਾਕਿਆਂ ਦੇ ਵਸਨੀਕਾਂ ਨੂੰ ਹੁਣ ਵੱਡੀ ਰਾਹਤ ਮਿਲੇਗੀ। ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਵਾਰਡ ਨੰਬਰ 6 ਵਿੱਚ ਬਰਸਾਤੀ ਪਾਣੀ ਦੀ ਨਿਕਾਸੀ ਲਈ 45 ਲੱਖ ਰੁਪਏ ਦੀ ਲਾਗਤ ਨਾਲ ਨਵੀਂ ਪਾਇਪਲਾਈਨ ਪਾਉਣ ਦੇ ਕੰਮ ਦੀ ਸ਼ੁਰੂਆਤ ਕਰਵਾਈ। ਇਸ ਦੌਰਾਨ ਉਨ੍ਹਾਂ ਨੇ ਵਾਰਡ ਨੰਬਰ 4 ਅਨੰਦ ਨਗਰ-ਬੀ ਤੋਂ ਜੇਲ੍ਹ ਰੋਡ ਨੂੰ ਜਾਂਦੀ ਸੜਕ 'ਤੇ ਖੜ੍ਹਦੇ ਪਾਣੀ ਦੀ ਸਮੱਸਿਆ ਦੇ ਹੱਲ ਲਈ 40 ਲੱਖ ਰੁਪਏ ਦੀ ਲਾਗਤ ਨਾਲ ਬਣੀ ਤਜਵੀਜ਼ ਦਾ ਵੀ ਮੌਕੇ 'ਤੇ ਜਾ ਕੇ ਜਾਇਜ਼ਾ ਲਿਆ, ਇਸ ਦਾ ਕੰਮ ਵੀ ਬਰਸਾਤਾਂ ਤੋਂ ਪਹਿਲਾਂ-ਪਹਿਲਾਂ ਮੁਕੰਮਲ ਕਰਵਾਇਆ ਜਾਵੇਗਾ। ਡਾ. ਬਲਬੀਰ ਸਿੰਘ ਨੇ ਅੱਜ ਆਪਣੇ ਹਲਕੇ ਦੇ ਵਸਨੀਕਾਂ ਨੂੰ ਮਿਲਦਿਆਂ ਕਿਹਾ ਕਿ ਉਨ੍ਹਾਂ ਉਪਰ ਲੋਕਾਂ ਦੇ ਬਹੁਤ ਅਹਿਸਾਨ ਹਨ, ਜਿਸ ਲਈ ਵਿਕਾਸ ਕਾਰਜ ਕਰਵਾ ਕੇ ਉਹ ਲੋਕਾਂ ਦੇ ਕਜ਼ੇ ਦਾ ਵਿਆਜ ਮੋੜ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਜਿੱਥੇ ਲੋਕਾਂ ਨੂੰ ਬਿਹਤਰ ਇਲਾਜ ਸਹੂਲਤਾਂ ਪ੍ਰਦਾਨ ਕਰਵਾਈਆਂ ਹਨ, ਉਥੇ ਹੀ 10 ਲੱਖ ਰੁਪਏ ਤੱਕ ਦੇ ਇਲਾਜ ਵਾਲੀ ਮੁੱਖ ਮੰਤਰੀ ਸਿਹਤ ਯੋਜਨਾ ਸਮੇਤ ਮਹਿਲਾਵਾਂ ਲਈ 1000-1500 ਰੁਪਏ ਵਿੱਤੀ ਸਹਾਇਤਾ ਮਾਵਾਂ-ਧੀਆਂ ਸਤਿਕਾਰ ਯੋਜਨਾ ਤੋਂ ਇਲਾਵਾ ਲੋਕਾਂ ਨੂੰ ਰਾਸ਼ਨ ਪ੍ਰਦਾਨ ਕਰਨ ਲਈ ਮੇਰੀ ਰਸੋਈ ਵਰਗੀ ਅਹਿਮ ਯੋਜਨਾ ਵੀ ਅਰੰਭੀ ਹੈ। ਭਗਵੰਤ ਮਾਨ ਸਰਕਾਰ ਨੇ ਲੋਕਾਂ ਦੀ ਇਸ ਮੁਸ਼ਕਿਲ ਦਾ ਹੱਲ ਕਰਨ ਲਈ ਕਈ ਤਜਵੀਜ਼ਾਂ ਬਣਾਈਆਂ। ਇਸ ਤਹਿਤ ਧਰਤੀ ਹੇਠਲੇ ਖੂਹ ਬਣਾ ਕੇ ਬਰਸਾਤੀ ਧਰਤੀ ਹੇਠਾਂ ਪਾਉਣ ਸਮੇਤ ਬਰਸਾਤੀ ਪਾਣੀ ਦੀ ਨਿਕਾਸੀ ਲਈ ਪਾਇਪਲਾਈਨ ਨਵੀਂ ਪਾ ਕੇ ਇਸ ਸਮੱਸਿਆ ਤੋਂ ਰਾਹਤ ਦਿਵਾਈ ਜਾ ਰਹੀ ਹੈ। ਡਾ. ਬਲਬੀਰ ਸਿੰਘ ਨੇ ਅੱਜ ਅਨੰਦ ਨਗਰ ਏ ਦੇ ਗੁਰਦੁਆਰਾ ਸਾਹਿਬ ਨੇੜੇ ਸਟਰੌਮ ਵਾਟਰ ਪਾਈਪਲਾਈਨ ਪਾਉਣ ਦੇ ਕੰਮ ਦੀ ਸ਼ੁਰੂਆਤ ਕਰਵਾਈ ਅਤੇ ਨਾਲ ਹੀ ਦਸਮੇਸ਼ ਨਗਰ ਬੀ ਵਿਖੇ ਵੀ ਕੀਤੇ ਜਾਣ ਵਾਲੇ ਕੰਮ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਦੇ ਨਾਲ ਇੰਪਰੂਵਮੈਂਟ ਟਰੱਸਟ ਚੇਅਰਮੈਨ ਹਰਪਾਲ ਸਿੰਘ ਵਿਰਕ, ਨਗਰ ਨਿਗਮ ਕਮਿਸ਼ਨਰ ਪਰਮਜੀਤ ਸਿੰਘ, ਪ੍ਰਿੰਸੀਪਲ ਜੇ.ਪੀ. ਸਿੰਘ, ਕੌਂਸਲਰ ਜਸਬੀਰ ਸਿੰਘ ਗਾਂਧੀ, ਚਰਨਜੀਤ ਸਿੰਘ ਐਸ.ਕੇ., ਮਨਦੀਪ ਸਿੰਘ ਵਿਰਦੀ, ਗੱਜਣ ਸਿੰਘ, ਮਨਿੰਦਰ ਸਿੰਘ, ਅਵਤਾਰ ਸਿੰਘ, ਖੁਸ਼ਹਾਲ ਸਿੰਘ, ਗੁਰਚਰਨ ਸਿੰਘ ਰੁਪਾਣਾ, ਕਰਮਜੀਤ ਸਿੰਘ ਬੈਂਸ, ਰੇਖਾ ਰਾਣੀ, ਮਨਜੀਤ ਕੌਰ, ਅਮਨਜੀਤ ਕੌਰ, ਰਾਜਵਿੰਦਰ ਕੌਰ, ਮਿਨਾਕਸ਼ੀ, ਸ਼ਿਖਾ ਸ਼ਰਮਾ, ਕਾਕਾ ਸਿੰਘ, ਪਟਵਾਰੀ ਕਮਲ ਸ਼ਰਮਾ, ਹਰਪਾਲ ਸਿੰਘ ਸੰਧੂ, ਵਿਪਨ ਕੁਮਾਰ, ਹਰਬੰਸ ਸਿੰਘ, ਮਲਕੀਤ ਸਿੰਘ ਖੱਟੜਾ ਤੇ ਹੋਰ ਇਲਾਕਾ ਨਿਵਾਸੀ ਵੀ ਮੌਜੂਦ ਸਨ।



# ਝੋਨੇ ਦੀ ਬਿਜਾਈ 9 ਜੂਨ ਤੋਂ ਹੋਵੇਗੀ ਸ਼ੁਰੂ : ਡਾ. ਧਰਮਿੰਦਰਜੀਤ ਸਿੰਘ

ਮਲੇਰਕੋਟਲਾ, 27 ਮਈ (ਬਲਜੀਤ ਸਿੰਘ ਟਿੱਬਾ) : ਮੁੱਖ ਖੇਤੀਬਾੜੀ ਅਫ਼ਸਰ ਮਾਲੇਰਕੋਟਲਾ ਡਾ. ਧਰਮਿੰਦਰਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਝੋਨੇ ਦੀ ਲਵਾਈ ਲਈ ਜ਼ਿਲ੍ਹਿਆਂ ਨੂੰ ਵੱਖ-ਵੱਖ ਜ਼ੋਨਾਂ ਵਿੱਚ ਵੰਡ ਕੇ ਨਿਰਧਾਰਿਤ ਮਿਤੀਆਂ ਜਾਰੀ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਮਾਲੇਰਕੋਟਲਾ ਦੇ ਕਿਸਾਨਾਂ ਲਈ 9 ਜੂਨ 2026 ਨੂੰ ਝੋਨੇ ਦੀ ਬਿਜਾਈ ਸ਼ੁਰੂ ਕਰਨ ਦੀ ਮਿਤੀ ਨਿਰਧਾਰਿਤ ਕੀਤਾ ਗਿਆ ਹੈ ਅਤੇ ਕਿਸਾਨ ਇਸ ਮਿਤੀ ਤੋਂ ਪਹਿਲਾਂ ਬਿਜਾਈ ਨਾ ਕਰਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਹ ਫੈਸਲਾ ਭੂ-ਜਲ ਦੇ ਡਿੱਗ ਰਹੇ ਪੱਧਰ ਨੂੰ ਧਿਆਨ ਵਿੱਚ ਰੱਖਦਿਆਂ ਲਿਆ ਗਿਆ ਹੈ, ਤਾਂ ਜੋ ਪਾਣੀ ਦੀ ਸੁਚੱਜੀ ਵਰਤੋਂ ਅਤੇ ਸੰਭਾਲ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਦੱਸਿਆ ਕਿ ਝੋਨੇ ਦੀ ਸਿੱਧੀ ਬਿਜਾਈ ਨਾਲ ਨਾ ਸਿਰਫ਼ ਪਾਣੀ ਦੀ ਬਚਤ ਹੁੰਦੀ ਹੈ, ਸਗੋਂ ਮਜ਼ਦੂਰੀ ਖਰਚ ਵਿੱਚ ਵੀ ਕਮੀ ਆਉਂਦੀ ਹੈ ਅਤੇ ਵਾਤਾਵਰਨ ਨੂੰ ਪ੍ਰਦੂਸ਼ਨ ਤੋਂ ਬਚਾਉਣ ਵਿੱਚ ਵੀ ਮਦਦ ਮਿਲਦੀ ਹੈ। ਡਾ. ਧਰਮਿੰਦਰਜੀਤ ਸਿੰਘ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਖੇਤੀਬਾੜੀ ਵਿਭਾਗ ਵੱਲੋਂ ਜਾਰੀ ਕੀਤੀਆਂ ਸਿਫਾਰਸ਼ਾਂ ਅਨੁਸਾਰ ਹੀ ਝੋਨੇ ਦੀ ਬਿਜਾਈ ਕਰਨ ਅਤੇ ਪ੍ਰਮਾਣਿਤ ਬੀਜਾਂ ਦੀ ਵਰਤੋਂ ਕਰਨ। ਉਨ੍ਹਾਂ ਕਿਹਾ ਕਿ ਬਿਜਾਈ ਤੋਂ ਪਹਿਲਾਂ ਖੇਤ ਦੀ ਸਹੀ ਤਿਆਰੀ, ਨਦੀਨਾਂ ਦੀ ਰੋਕਥਾਮ ਅਤੇ ਪਾਣੀ ਪ੍ਰਬੰਧਨ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ ਤਾਂ ਜੋ ਵਧੀਆ ਪੈਦਾਵਾਰ ਪ੍ਰਾਪਤ ਹੋ ਸਕੇ। ਉਨ੍ਹਾਂ ਕਿਸਾਨਾਂ ਨੂੰ ਇਹ ਵੀ ਅਪੀਲ ਕੀਤੀ ਕਿ ਝੋਨੇ ਦੀ ਲਵਾਈ/ਬਿਜਾਈ ਸਬੰਧੀ ਕਿਸੇ ਵੀ ਤਰ੍ਹਾਂ ਦੀ ਤਕਨੀਕੀ ਜਾਣਕਾਰੀ ਜਾਂ ਸਲਾਹ ਲਈ ਆਪਣੇ ਨੇੜਲੇ ਖੇਤੀਬਾੜੀ ਦਫ਼ਤਰ ਜਾਂ ਖੇਤੀਬਾੜੀ ਮਾਹਿਰਾਂ ਨਾਲ ਸੰਪਰਕ ਕੀਤਾ ਜਾਵੇ।

# 'ਲੋਕਪੱਖੀ ਗੀਤ-ਸੰਗੀਤ ਨੂੰ ਚੁਣੌਤੀਆਂ' ਵਿਸ਼ੇ 'ਤੇ ਚਰਚਾ ਤੇ ਗਾਇਨ ਸਮਾਰੋਹ



ਪਟਿਆਲਾ, 27 ਮਈ (ਚ.ਨ.ਸ) : ਇੰਡੀਅਨ ਪੀਪਲਜ਼ ਥੀਏਟਰ ਐਸੋਸੀਏਸ਼ਨ (ਇਪਟਾ) ਅਤੇ ਪੰਜਾਬੀ ਯੂਨੀਵਰਸਿਟੀ ਦੀ ਸ਼ਹੀਦ ਕਰਤਾਰ ਸਿੰਘ ਸਰਾਭਾ ਚੇਅਰ ਵੱਲੋਂ ਵਿਸ਼ਵ ਪੰਜਾਬੀ ਕੇਂਦਰ ਵਿੱਚ 'ਲੋਕਪੱਖੀ ਗੀਤ-ਸੰਗੀਤ ਨੂੰ ਚੁਣੌਤੀਆਂ' ਵਿਸ਼ੇ 'ਤੇ ਵਿਚਾਰ-ਚਰਚਾ ਅਤੇ ਗਾਇਨ ਸਮਾਰੋਹ ਕਰਵਾਇਆ ਗਿਆ। ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜਨਮ ਦਿਹਾੜੇ ਅਤੇ ਇਪਟਾ ਦੇ ਸਥਾਪਨਾ ਦਿਵਸ ਨੂੰ ਸਮਰਪਿਤ ਇਹ ਸਮਾਗਮ ਪ੍ਰਗਤੀਸ਼ੀਲ ਲੇਖਕ ਸੰਘ ਪਟਿਆਲਾ ਅਤੇ ਪੰਜਾਬੀ ਪ੍ਰਸਾਰ ਮੰਚ ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਦੇ ਕਨਵੀਨਰ ਡਾ. ਕੁਲਦੀਪ ਸਿੰਘ ਦੀਪ ਸਨ। ਸਮਾਗਮ ਦਾ ਆਗਾਜ਼ ਵਿਸ਼ਵ ਪੰਜਾਬੀ ਕੇਂਦਰ ਦੇ ਡਾਇਰੈਕਟਰ ਡਾ. ਭੀਮਇੰਦਰ ਸਿੰਘ ਵੱਲੋਂ ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਵਿਚਾਰਧਾਰਾ ਦੀ ਵਰਤਮਾਨ ਪ੍ਰਸੰਗਿਕਤਾ ਅਤੇ ਇਪਟਾ ਦੇ ਇਤਿਹਾਸਕ ਯੋਗਦਾਨ 'ਤੇ ਕੀਤੀ ਗਈ ਚਰਚਾ ਨਾਲ ਹੋਇਆ। ਪ੍ਰਧਾਨਗੀ ਭਾਸ਼ਣ ਵਿੱਚ ਚਿੰਤਕ ਡਾ. ਰਾਜਿੰਦਰਪਾਲ ਬਰਾੜ ਨੇ ਮਸਨੂਈ ਬੁੱਧੀ ਦੇ ਦੌਰ ਵਿਚ ਨਵੇਂ ਖ਼ਤਰਿਆਂ ਦਾ ਸਾਹਮਣਾ ਕਰਨ ਲਈ ਤਿਆਰ ਰਹਿਣ ਸਣੇ ਲੋਕਪੱਖੀ ਗਾਇਕੀ ਦੀ ਤਰੱਕੀ ਲਈ ਵੱਡੇ ਮੁਹਾਜ਼ ਬਣਾਉਣ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਕਲਾਕਾਰਾਂ ਦੇ ਰੋਜ਼ੀ ਰੋਟੀ ਦੇ ਮਸਲੇ ਹੱਲ ਹੋਣ ਤੱਕ ਉਹ ਮੁਨਾਫ਼ੇ ਵਾਲੀ ਗਾਇਕੀ ਦੀਆਂ ਬਰੂਹਾਂ 'ਤੇ ਜਾਂਦੇ ਰਹਿਣਗੇ। ਪਹਿਲਾਂ ਸਾਹਿਤਕ ਗਾਇਕੀ ਵਿਚ ਉੱਭਰ ਰਹੇ ਗੀਤਕਾਰ ਡਾ. ਗੁਰਸੇਵਕ ਲੰਬੀ ਨੇ ਸਾਹਿਤਕ ਗੀਤਕਾਰੀ ਨੂੰ ਲੋਕਾਈ ਤੱਕ ਪਹੁੰਚਣ ਲਈ ਨਿੱਕੇ ਦਾਇਰਿਆਂ ਤੋਂ ਮੁਕਤ ਹੋ ਕੇ ਆਧੁਨਿਕ ਸਾਧਨਾਂ ਨੂੰ ਅਪਨਾਉਣ ਦੀ ਲੋੜ 'ਤੇ ਜ਼ੋਰ ਦਿੱਤਾ। ਲੋਕਪੱਖੀ ਗਾਇਕੀ ਦੇ ਹਸਤਾਖ਼ਰ ਜਗਰਾਜ ਧੌਲਾ ਨੇ ਕਿਹਾ ਕਿ ਲੋਕਪੱਖੀ ਗੀਤਕਾਰੀ ਅਤੇ ਗਾਇਕੀ ਦਾ ਵਪਾਰਕ ਗਾਇਕੀ ਨਾਲ ਕੋਈ ਮੁਕਾਬਲਾ ਨਹੀਂ। ਮਾਸਟਰ ਰਾਮ ਕੁਮਾਰ ਨੇ ਕਿਹਾ ਕਿ ਗ਼ਰੀਬੀ ਦੀਆਂ ਮਜਬੂਰੀਆਂ ਕਈ ਵਾਰ ਲੋਕਪੱਖੀ ਗਾਇਕੀ ਦੇ ਵਾਰਿਸਾਂ ਨੂੰ ਵਪਾਰਕ ਗਾਇਕੀ ਵੱਲ ਮੋੜ ਦਿੰਦੀਆਂ ਹਨ ਜਿਨ੍ਹਾਂ ਨੂੰ ਡਟੇ ਰਹਿਣ ਲਈ ਉਸਾਰੂ ਧਿਰਾਂ ਦੇ ਸਹਿਯੋਗ ਦੀ ਜ਼ਰੂਰਤ ਹੈ। ਜਗਸੀਰ ਜੀਦਾ ਦਾ ਕਹਿਣਾ ਸੀ ਕਿ ਸਮਾਜ ਵਿਚਲੇ ਬਦਲਦੇ ਸਮੀਕਰਨਾਂ ਦੇ ਨਾਲ ਹੀ ਗਾਇਕੀ ਦੇ ਵਿਸ਼ੇ ਅਤੇ ਅੰਦਾਜ਼ ਵੀ ਬਦਲ ਰਹੇ ਹਨ। ਇਸ ਮੌਕੇ ਡਾ. ਨਿਵੇਦਿਤਾ ਸਿੰਘ ਦਾ ਕਹਿਣਾ ਸੀ ਕਿ ਅਜੋਕੇ ਦੌਰ ਵਿਚ ਸਿਰਫ਼ ਲੋਕਪੱਖੀ ਗਾਇਕਾਂ ਨੂੰ ਹੀ ਚੁਣੌਤੀਆਂ ਨਹੀਂ ਹਨ, ਸਗੋਂ ਸਾਜ਼ਿੰਦਿਆਂ 'ਤੇ ਵੀ ਇਸ ਦੌਰ ਵੱਡੀ ਮਾਰ ਪਈ ਹੈ। ਕਹਾਣੀਕਾਰ ਕਿਰਪਾਲ ਕਜ਼ਾਕ ਨੇ ਗ਼ੈਰਰਸਮੀ ਗੱਲਬਾਤ 'ਚ ਕਿਹਾ ਕਿ ਪ੍ਰੋਫੈਸ਼ਨਲ ਗਾਇਕੀ ਦੀ ਸਭ ਤੋਂ ਵੱਡੀ ਤਾਕਤ ਬੀਟ ਹੈ, ਜਿਸ ਨੂੰ ਅਜੇ ਤੱਕ ਲੋਕਪੱਖੀ ਗਾਇਕੀ ਨੇ ਨਹੀਂ ਆਪਣਾਇਆ। ਇਸ ਮੌਕੇ ਡਾ. ਚਰਨਜੀਤ ਕੌਰ ਬਰਾੜ, ਡਾ. ਸੰਤੋਖ ਸੁੱਖੀ, ਡਾ. ਇਕਬਾਲ ਸੋਮੀਆ ਨੇ ਸਵਾਲਾਂ ਦੇ ਰੂਪ ਵਿਚ ਮਹੱਤਵਪੂਰਨ ਨੁਕਤੇ ਚੁੱਕੇ। ਸਮਾਗਮ ਵਿਚ ਪ੍ਰੋ. ਹਰਜਿੰਦਰ ਵਾਲੀਆ, ਬਲਵਿੰਦਰ ਭੱਟੀ, ਸ਼ਾਇਰ ਅਮਰਜੀਤ ਕਸਕ, ਗੁਲਜ਼ਾਰ ਪਟਿਆਲਵੀ, ਜਗਦੀਸ਼ ਪਾਪੜਾ ਤੇ ਦਵਿੰਦਰ ਪੂਨੀਆ ਮੌਜੂਦ ਰਹੇ। ਇਪਟਾ ਦੇ ਪ੍ਰਧਾਨ ਸੰਜੀਵਨ ਸਿੰਘ ਨੇ ਸਾਰਿਆਂ ਦਾ ਧੰਨਵਾਦ ਕੀਤਾ।

# ਮੱਕੀ ਤੇ ਗੰਨੇ ਦੀ ਵੱਡੀ ਪੱਧਰ 'ਤੇ ਕਾਸ਼ਤ ਕਰਨ ਨਾਲ ਕਿਸਾਨਾਂ ਦੀ ਆਮਦਨ 'ਚ ਹੋਵੇਗਾ ਵਾਧਾ

**ਸਰਕਾਰ ਨੂੰ ਚਾਹੀਦੈ ਕਿ ਉਹ ਪੰਜਾਬ ਦੀਆਂ ਬੰਦ ਪਈਆਂ ਖੰਡ ਮਿੱਲਾਂ ਨੂੰ ਚਲਾਵੇ ਤੇ ਮੱਕੀ ਦੀ ਐਮ.ਐਸ.ਪੀ. 'ਚ ਵੀ ਲੋੜੀਂਦਾ ਵਾਧਾ ਕਰੇ**



ਮਲੇਰਕੋਟਲਾ, 27 ਮਈ (ਚ.ਨ.ਸ.): ਪੰਜਾਬ ਦਾ ਮੌਸਮ ਇੱਥੋਂ ਦੀ ਆਬੋ-ਹਵਾ, ਵਾਤਾਵਰਨ, ਪੌਣ ਪਾਣੀ ਅਤੇ ਇਸ ਦੀ ਮਿੱਟੀ ਦੀ ਬਣਤਰ ਸਦੀਆਂ ਤੋਂ ਗੰਨੇ ਅਤੇ ਮੱਕੀ ਦੀ ਖੇਤੀ ਲਈ ਪੂਰੀ ਤਰ੍ਹਾਂ ਲਾਹੇਵੰਦ ਅਤੇ ਇਕਮਿਕ ਹੈ ਪਰ ਸਮੇਂ ਦੀਆਂ ਸਰਕਾਰਾਂ ਦੀਆਂ ਵਪਾਰਕ ਨੀਤੀਆਂ ਅਤੇ ਕਿਸਾਨਾਂ ਦੀ ਸਰੀਰਕ ਤੌਰ 'ਤੇ ਅਸਾਨ ਖੇਤੀ ਕਰਨ ਦੀ ਮਾਨਸਿਕਤਾ ਦੇ ਚਲਦਿਆਂ ਅਸੀਂ ਪੰਜਾਬ ਦੀਆਂ ਇਨ੍ਹਾਂ ਦੋਵਾਂ ਵਿਰਾਸਤੀ ਫ਼ਸਲਾਂ ਤੋਂ ਪਿਛਲੇ ਲਗਭਗ 40-50 ਸਾਲਾਂ ਤੋਂ ਮੂੰਹ ਮੋੜਦੇ ਅਤੇ ਲਗਾਤਾਰ ਦੂਰੀਆਂ ਬਣਾਉਂਦੇ ਜਾ ਰਹੇ ਹਾਂ। ਗੰਨਾ ਇਕ ਤਰ੍ਹਾਂ ਨਾਲ ਪੱਕੀ ਫ਼ਸਲ ਹੈ ਜਿਹੜੀ ਹਰ ਤਰ੍ਹਾਂ ਦੇ ਮੌਸਮ ਜਿਵੇਂ ਝੱਖੜ, ਤੂਫਾਨ, ਹੜ੍ਹ ਅਤੇ ਸੋਕੇ ਦੀਆਂ ਵਧੀਕੀਆਂ ਦਾ ਟਾਕਰਾ ਕਰਨ ਦੇ ਸਮਰੱਥ ਹੈ। 400 ਕਵਿੰਟਲ ਪ੍ਰਤੀ ਏਕੜ ਦਾ ਝਾੜ ਦੇਣ ਵਾਲੀ ਇਸ ਫ਼ਸਲ ਵਿਚੋਂ ਗੁੜ, ਸ਼ੱਕਰ, ਚੀਨੀ, ਸ਼ੀਰਾ, ਸ਼ਰਾਬ, ਅਲਕੋਹਲ ਅਤੇ ਈਥਾਨੋਲ ਕਢਿਆ ਜਾਂਦਾ ਹੈ। ਸਿਰਫ਼ ਇਹੀ ਇਕ ਫ਼ਸਲ ਹੈ ਜਿਹੜੀ ਧਰਤੀ ਦੀ ਉਪਜਾਊ ਸ਼ਕਤੀ ਨੂੰ ਬਣਾ ਕੇ ਰਖਦੀ ਹੈ ਅਤੇ ਧਰਤੀ ਹੇਠਲੇ ਪਾਣੀ ਦੇ ਭੰਡਾਰਾਂ ਨੂੰ ਬਚਾਉਣ ਵਾਸਤੇ ਕਿਸਾਨਾਂ ਨੂੰ ਕਣਕ-ਝੋਨੇ ਦੇ ਫ਼ਸਲੀ ਚੱਕਰ ਵਿਚੋਂ ਬਾਹਰ ਕੱਢ ਸਕਦੀ ਹੈ। ਇਹ ਫ਼ਸਲ ਪਸ਼ੂਆਂ ਦਾ ਸੱਭ ਤੋਂ ਲਾਹੇਵੰਦ ਚਾਰਾ ਮੰਨੀ ਜਾਂਦੀ ਹੈ ਜਦਕਿ ਇਸ ਦੀ ਰਹਿੰਦ ਖੂੰਹਦ ਨੂੰ ਡੂੰਘੇ ਟੋਏ ਵਿਚ ਦਬ ਕੇ ਇਸ ਦੀ ਆਰਗੈਨਿਕ ਖਾਦ ਵੀ ਬਣਾਈ ਜਾ ਸਕਦੀ ਹੈ। ਸਾਲ 2025-26 ਲਈ ਪੰਜਾਬ ਸਰਕਾਰ ਵੱਲੋਂ ਗੰਨੇ ਦੀ ਫ਼ਸਲ ਦਾ ਰੇਟ 416 ਰੁਪਏ ਪ੍ਰਤੀ ਕਵਿੰਟਲ ਨਿਸ਼ਚਿਤ ਕੀਤਾ ਗਿਆ ਹੈ। ਇਸੇ ਤਰ੍ਹਾਂ ਮੱਕੀ ਦੀ ਫ਼ਸਲ ਵਿੱਚੋਂ ਵੀ ਹਰਾ ਚਾਰਾ, ਅਚਾਰ, ਮੱਕੀ ਦੀ ਰੋਟੀ, ਪਸ਼ੂਆਂ ਦੇ ਦੁੱਧ ਦਾ ਵਧੇਰੇ ਝਾੜ, ਪੋਲਟਰੀ ਫ਼ੀਡ, ਸਟਾਰਚ, ਪੈਕਡ ਫੂਡ ਤੋਂ ਇਲਾਵਾ ਇਹ ਫ਼ਸਲ ਵਿਟਾਮਿਨ ਏ, ਬੀ ਅਤੇ ਈ ਨਾਲ ਭਰਪੂਰ ਹੈ। ਮੱਕੀ ਦੇ ਸੇਵਨ ਨਾਲ ਬਲੱਡ ਪ੍ਰੈਸ਼ਰ ਅਤੇ ਕੈਲਸਟਰੋਲ ਘਟਦਾ ਹੈ। ਇਹ ਫ਼ਸਲ ਝੋਨੇ ਨਾਲੋਂ 70 ਫ਼ੀ ਸਦੀ ਘੱਟ ਪਾਣੀ ਲੈਂਦੀ ਹੈ ਜਦਕਿ ਕੁਲ ਪਾਣੀ ਦਾ 90 ਫ਼ੀਸਦੀ ਧਰਤੀ ਵਿਚ ਸੰਭਾਲ ਕੇ ਰਖਦੀ ਹੈ। ਇਹ ਲਗਭਗ 95-100 ਦਿਨ ਦੀ ਫ਼ਸਲ ਹੈ ਜਿਸ ਵਿਚ 70 ਫ਼ੀ ਸਦੀ ਖ਼ੁਰਾਕੀ ਤੱਤ ਮੌਜੂਦ ਹੁੰਦੇ ਹਨ। ਸਰਕਾਰ ਵੱਲੋਂ ਇਸ ਦਾ ਰੇਟ 2225 ਰੁਪਏ ਪ੍ਰਤੀ ਕਵਿੰਟਲ ਨਿਸ਼ਚਿਤ ਕੀਤਾ ਗਿਆ ਹੈ। ਕਣਕ ਝੋਨੇ ਦੀ ਫ਼ਸਲ ਨੂੰ ਪੂਰੀ ਤਰ੍ਹਾਂ ਤਿਆਗ ਕੇ ਮੱਕੀ ਦੀ ਫ਼ਸਲ ਅਪਨਾਉਣ ਵਾਲਿਆਂ ਨੂੰ ਸੂਬਾ ਸਰਕਾਰ ਪ੍ਰਤੀ ਏਕੜ 17500 ਰੁਪਏ ਦੀ ਵਖਰੀ ਆਰਥਕ ਮਦਦ ਵੀ ਦਿੰਦੀ ਹੈ। ਭਾਰਤ ਸਰਕਾਰ ਸੜਕਾਂ 'ਤੇ ਦੌੜਦੀਆਂ ਡੀਜ਼ਲ ਪਟਰੋਲ ਗੱਡੀਆਂ ਵਿਚ 20 ਫ਼ੀਸਦੀ ਈਥਾਨੋਲ ਮਿਲਾ ਕੇ ਵੇਚਦੀ ਹੈ ਅਤੇ ਸਾਲ 2030 ਤਕ ਇਸ ਦੀ ਮਿਕਦਾਰ 30 ਫ਼ੀਸਦੀ ਤੱਕ ਵਧਾਈ ਜਾ ਸਕਦੀ ਹੈ ਜਿਸ ਕਾਰਨ ਜਿੱਥੇ ਭਾਰਤ ਵਿਚ ਈਥਾਨੋਲ ਦੀ ਖਪਤ ਵਧੇਗੀ ਉੱਥੇ ਇਸ ਦੀ ਮੰਗ ਵੀ ਵਧੇਗੀ। ਗੰਨੇ ਅਤੇ ਮੱਕੀ ਦੀ ਫ਼ਸਲ ਈਥਾਨੋਲ ਦੇ ਸੱਭ ਤੋਂ ਵੱਡੇ ਸਰੋਤ ਹਨ। ਮੱਕੀ ਦੇ ਇਕ ਟਨ ਵਿਚੋਂ 380 ਲੀਟਰ ਈਥਾਨੋਲ ਕੱਢਿਆ ਜਾ ਸਕਦਾ ਹੈ, ਜਦਕਿ ਗੰਨੇ ਦੀ ਪ੍ਰਤੀ ਟਨ ਫ਼ਸਲ ਵਿੱਚੋਂ 70 ਤੋਂ 85 ਲੀਟਰ ਈਥਾਨੋਲ ਹਾਸਲ ਕੀਤਾ ਜਾ ਸਕਦਾ ਹੈ। ਬਰਾਜ਼ੀਲ ਗੰਨੇ ਦੀ ਸੱਭ ਤੋਂ ਵੱਡੀ ਖੇਤੀ ਕਰਦਾ ਹੈ ਅਤੇ ਉਸ ਵਿਚੋਂ ਈਥਾਨੋਲ ਕੱਢ ਕੇ ਅਪਣੀਆਂ ਗੱਡੀਆਂ ਵਿਚ 1975-80 ਤੋਂ ਲੈ ਕੇ ਹੁਣ ਤਕ 27 ਫ਼ੀ ਸਦੀ ਈਥਾਨੋਲ ਦੀ ਮਿਲਾਵਟ ਦੀ ਵਰਤੋਂ ਕਰਦਾ ਆ ਰਿਹਾ ਹੈ। ਇਸ ਤੇਲ ਨੂੰ ਈ-20 ਜਾਂ ਈ-27 ਦੇ ਨਾਂ ਨਾਲ ਜਾਣਿਆ ਜਾਂਦਾ ਹੈ। ਪੰਜਾਬ ਅੰਦਰ ਮੱਕੀ ਅਤੇ ਗੰਨੇ ਦੀ ਵੱਡੀ ਪੱਧਰ 'ਤੇ ਕਾਸ਼ਤ ਕਰਨ ਨਾਲ ਜਿੱਥੇ ਕਿਸਾਨ ਵਧੇਰੇ ਈਥਾਨੋਲ ਪੈਦਾ ਕਰ ਸਕਣਗੇ ਉੱਥੇ ਆਮਦਨ ਦੇ ਵੱਧ ਸਾਧਨ ਵੀ ਪੈਦਾ ਕਰ ਸਕਣਗੇ। ਸੋ, ਪੰਜਾਬ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਪੰਜਾਬ ਦੀਆਂ ਬੰਦ ਪਈਆਂ ਖੰਡ ਮਿੱਲਾਂ ਨੂੰ ਚਲਾਵੇ ਅਤੇ ਮੱਕੀ ਦੀ ਐਮ.ਐਸ.ਪੀ. ਵਿਚ ਵੀ ਵਾਧਾ ਕਰੇ।

# ਮਾਤਾ ਗੁਜਰੀ ਸਕੂਲ ਦੇ ਐਨ.ਸੀ.ਸੀ. ਕੈਡਿਟਾਂ ਨੇ ਕੈਂਪ 'ਚ ਮਾਰੀਆਂ ਮੱਲਾਂ



ਦੇਵੀਗੜ੍ਹ, 27 ਮਈ (ਗੁਰਜੀਤ ਸਿੰਘ ਢੋਟ) : ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ, ਗੁਥਮੜਾ ਦੇ ਐਨ.ਸੀ.ਸੀ. ਕੈਡੇਟਾਂ ਨੇ 15 ਮਈ ਤੋਂ 24 ਮਈ 2026 ਤੱਕ ਰੂਪਨਗਰ ਵਿਖੇ ਆਯੋਜਿਤ 5 ਪੰਜਾਬ ਬਟਾਲੀਅਨ ਐਨ.ਸੀ.ਸੀ. ਸਲਾਨਾ ਸਿਖਲਾਈ ਕੈਂਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਕੈਂਪ ਦੌਰਾਨ ਕੈਡੇਟਾਂ ਨੇ ਵੱਖ-ਵੱਖ ਖੇਡਾਂ ਅਤੇ ਗਤੀਵਿਧੀਆਂ ਵਿੱਚ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਦੇ ਹੋਏ ਕਈ ਉਪਲੱਬਧੀਆਂ ਆਪਣੇ ਨਾਮ ਕੀਤੀਆਂ। ਸਕੂਲ ਦੇ ਕੁੱਲ 24 ਕੈਡਿਟਾਂ, ਜਿਨ੍ਹਾਂ ਵਿੱਚ 14 ਲੜਕੇ ਅਤੇ 10 ਲੜਕੀਆਂ ਸ਼ਾਮਲ ਸਨ, ਨੇ ਇਸ ਕੈਂਪ ਵਿੱਚ ਭਾਗ ਲਿਆ। ਕੈਡੇਟਾਂ ਨੇ ਆਪਣੀ ਲਗਨ, ਅਨੁਸ਼ਾਸਨ ਅਤੇ ਟੀਮ ਭਾਵਨਾ ਦਾ ਪ੍ਰਗਟਾਵਾ ਕਰਦਿਆਂ ਵਾਲੀਬਾਲ ਮੁਕਾਬਲੇ ਵਿੱਚ ਸਿਲਵਰ ਮੈਡਲ, ਖੋ-ਖੋ ਵਿੱਚ ਗੋਲਡ ਮੈਡਲ ਅਤੇ ਟੱਗ ਆਫ ਵਾਰ ਵਿੱਚ ਗੋਲਡ ਮੈਡਲ ਜਿੱਤ ਕੇ ਸਕੂਲ ਦਾ ਮਾਣ ਵਧਾਇਆ। ਕੈਂਪ ਦੌਰਾਨ ਕੈਡੇਟਾਂ ਨੂੰ ਰਨਿੰਗ, ਸ਼ੂਟਿੰਗ, ਫਾਇਰਿੰਗ, ਟ੍ਰੈਕਿੰਗ, ਸੈਲਫ ਡਿਫੈਂਸ, ਟੱਗ ਆਫ ਵਾਰ ਅਤੇ ਸੱਭਿਆਚਾਰਕ ਗਤੀਵਿਧੀਆਂ ਸਬੰਧੀ ਵਿਸ਼ੇਸ਼ ਸਿਖਲਾਈ ਦਿੱਤੀ ਗਈ। ਇਸ ਕੈਂਪ ਵਿੱਚ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਦੇ ਲਗਭਗ 550 ਕੈਡਿਟਾਂ ਨੇ ਭਾਗ ਲਿਆ, ਜਿਸ ਨਾਲ ਵਿਦਿਆਰਥੀਆਂ ਨੂੰ ਆਪਸੀ ਸਾਂਝ, ਅਨੁਸ਼ਾਸਨ, ਲੀਡਰਸ਼ਿਪ ਅਤੇ ਦੇਸ਼ ਸੇਵਾ ਦੀ ਭਾਵਨਾ ਨੂੰ ਮਜ਼ਬੂਤ ਕਰਨ ਦਾ ਮੌਕਾ ਪ੍ਰਾਪਤ ਹੋਇਆ। ਇਸ ਮੌਕੇ ਸਕੂਲ ਦੇ ਡਾਇਰੈਕਟਰ ਭੁਪਿੰਦਰ ਸਿੰਘ, ਪ੍ਰਧਾਨ ਰਵਿੰਦਰ ਕੌਰ, ਅਕਾਦਮਿਕ ਡਾਇਰੈਕਟਰ ਤੇਜਿੰਦਰ ਕੌਰ ਵਾਲੀਆ ਅਤੇ ਸ੍ਰੀ ਕੇਸ਼ਵ ਕਾਂਤ ਨੇ ਕੈਡਿਟਾਂ ਨੂੰ ਉਨ੍ਹਾਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਲਈ ਵਧਾਈ ਦਿੱਤੀ। ਸਕੂਲ ਦੀ ਪ੍ਰਿੰਸੀਪਲ ਪੂਨਮ ਧੀਮਾਨ ਨੇ ਕੈਂਪ ਵਿੱਚ ਭਾਗ ਲੈਣ ਵਾਲੇ ਸਾਰੇ ਕੈਡਿਟਾਂ ਨੂੰ ਵਧਾਈ ਦਿੱਤੀ।

# ਨੀਲੇ ਡਰੰਮ 'ਚੋਂ ਮਿਲੀ ਨੌਜਵਾਨ ਲੜਕੀ ਦੀ ਲਾਸ਼

ਪਟਿਆਲਾ, 27 ਮਈ (ਚ.ਨ.ਸ) : ਸ਼ਹਿਰ ਦੀ ਰੇਲਵੇ ਕਾਲੋਨੀ 'ਚ ਨੀਲੇ ਡਰਮ ਵਿੱਚੋਂ ਇਕ 20 ਸਾਲਾ ਮੁਟਿਆਰ ਦੀ ਲਾਸ਼ ਮਿਲਣ ਨਾਲ ਸਨਸਨੀ ਫੈਲ ਗਈ। ਉਸ ਦੇ ਇਕ ਹੱਥ 'ਤੇ ਨੇਹਾ ਲਿਖਿਆ ਹੋਇਆ ਹੈ, ਜਦਕਿ ਦੂਜੇ ਹੱਥ 'ਤੇ ਦਿਲ ਵਾਲਾ ਟੈਟੂ ਬਣਿਆ ਹੋਇਆ ਹੈ ਜਿਸ 'ਤੇ ਐੱਨ ਤੇ ਏ ਲਿਖਿਆ ਹੈ। ਕੁੜੀ ਦੀ ਲਾਸ਼ ਨੂੰ ਡਰੰਮ ਅੰਦਰ ਰੱਖਣ ਤੋਂ ਬਾਅਦ ਉਸ ਉੱਪਰ ਲਾਲ ਰੰਗ ਲਗਾਇਆ ਗਿਆ ਸੀ। ਸ਼ੰਕਾ ਹੈ ਕਿ ਕਤਲ ਕਰਨ ਤੋਂ ਬਾਅਦ ਲਾਸ਼ ਨੂੰ ਡਰੰਮ 'ਚ ਬੰਦ ਕੀਤਾ ਗਿਆ ਹੈ। ਪੁਲਿਸ ਨੇ ਲਾਸ਼ ਨੂੰ ਕਬਜ਼ੇ 'ਚ ਲੈ ਕੇ ਪੋਸਟਮਾਰਟਮ ਲਈ ਰਾਜਿੰਦਰਾ ਹਸਪਤਾਲ ਭੇਜ ਦਿੱਤਾ ਹੈ। ਕੁੜੀ ਦੇ ਚਿਹਰੇ 'ਤੇ ਹਲਕਾ ਜ਼ਖ਼ਮ ਹੈ, ਪਰ ਸਰੀਰ 'ਤੇ ਕੋਈ ਸੱਟ ਦੇ ਨਿਸ਼ਾਨ ਨਹੀਂ ਦਿਸਿਆ। ਜਾਂਚ ਅਧਿਕਾਰੀ ਏਐੱਸਆਈ ਗੁਰਬਿੰਦਰ ਸਿੰਘ ਨੇ ਕਿਹਾ ਕਿ ਮਾਮਲਾ ਪ੍ਰੇਮ ਪ੍ਰਸੰਗ ਦਾ ਲੱਗ ਰਿਹਾ ਹੈ। ਫਿਲਹਾਲ ਜਾਂਚ ਲਈ ਦੋ ਟੀਮਾਂ ਗਠਿਤ ਕੀਤੀਆਂ ਗਈਆਂ ਹਨ। ਲਾਸ਼ ਦੀ ਪਛਾਣ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

# ਅਮਨ ਸ਼ਾਂਤੀ ਨਾਲ ਵੋਟਿੰਗ ਕਰਨ ਲਈ ਨਾਭਾ ਵਾਸੀਆਂ ਦਾ ਡੀਐਸਪੀ ਬੱਲ ਵੱਲੋਂ ਧੰਨਵਾਦ



ਨਾਭਾ, 27 ਮਈ (ਬਲਜਿੰਦਰ ਮਾਨ) : ਰਿਜ਼ਰਵ ਹਲਕਾ ਨਾਭਾ ਵਿਖੇ ਸਮੂਹ 23 ਵਾਰਡਾਂ 'ਚ ਕੌਂਸਲ ਚੋਣਾਂ ਅਮਨ ਸ਼ਾਂਤੀ ਨਾਲ ਨੇਪਰੇ ਚੜ੍ਹ ਗਈਆਂ ਹਨ। ਦਿਲਚਸਪ ਰਿਹਾ ਕਿ ਲਗਭਗ ਹਰ ਵੋਟਿੰਗ ਕੇਂਦਰਾਂ ਦੇ ਬਾਹਰ ਸਿਆਸੀ ਪਾਰਟੀਆਂ ਦੀ ਟੈਂਟਾ ਹੇਠਾਂ ਅਜਿਹੇ ਭਦਰਪੁਰਸ਼ਾਂ ਦੀ ਗਿਣਤੀ ਬਹੁਤ ਜ਼ਿਆਦਾ ਦੇਖਣ ਨੂੰ ਮਿਲੀ, ਜਿਨ੍ਹਾਂ ਨੇ ਨਾ ਕੋਈ ਵੋਟ ਪਾਉਣੀ ਸੀ। ਨਾਭਾ ਕੌਂਸਲ ਚੋਣਾਂ ਨੂੰ ਅਮਨ ਸ਼ਾਂਤੀ ਨਾਲ ਨੇਪਰੇ ਚਾੜ੍ਹਨ ਵਿਚ ਨਾਭਾ ਵਾਸੀਆਂ ਦੇ ਨਿਭਾਏ ਰੋਲ ਦੀ ਸ਼ਲਾਘਾ ਕਰਦਿਆਂ ਡੀਐਸਪੀ ਨਾਭਾ ਗੁਰਿੰਦਰ ਸਿੰਘ ਬੱਲ ਨੇ ਕਿਹਾ ਕਿ ਨਾਭਾ ਵਿੱਚ ਕੁੱਲ 57 ਪੋਲਿੰਗ ਬੂਥਾਂ ਉੱਤੇ ਅਮਨ ਸ਼ਾਂਤੀ ਨਾਲ ਵੋਟਿੰਗ ਸਮਾਪਤ ਹੋ ਗਈ ਹੈ। ਉਹਨਾਂ ਨਾਭਾ ਵਾਸੀਆਂ ਨੂੰ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਚੋਣਾਂ ਲੋਕਤੰਤਰ ਦੀ ਖੂਬਸੂਰਤੀ ਹਨ ਅਤੇ ਵੋਟਰ ਲੋਕਤੰਤਰ ਨੂੰ ਮਜ਼ਬੂਤ ਕਰਦੇ ਹਨ ਤੇ ਦੋਨਾਂ ਚੀਜ਼ਾਂ ਦਾ ਹਲਕਾ ਵਾਸੀਆਂ ਨੇ ਮਾਣ ਵਧਾਇਆ ਹੈ। ਇਸ ਮੌਕੇ ਐਸ.ਐਚ.ਓ ਭਾਦਸੋਂ ਗੁਰਨਾਮ ਸਿੰਘ, ਐਸ. ਐਚ. ਓ ਕੋਤਵਾਲੀ ਗੁਰਵਿੰਦਰ ਸਿੰਘ ਸੰਧੂ, ਐਸ.ਐਚ.ਓ. ਸਦਰ ਜਸਪ੍ਰੀਤ ਸਿੰਘ, ਡੀਐਸਪੀ ਰੀਡਰ ਜੀਵਨ ਸ਼ਰਮਾ ਆਦ ਹਾਜ਼ਰ ਸਨ।

# ਨਗਰ ਕੌਂਸਲ ਚੋਣਾਂ ਦੌਰਾਨ ਹੰਗਾਮਾ ਕਰਨ ਵਾਲੇ ਅਣਪਛਾਤਿਆਂ ਖ਼ਿਲਾਫ਼ ਤਿੰਨ ਵੱਖ-ਵੱਖ ਮਾਮਲੇ ਦਰਜ

ਸਮਾਣਾ, 27 ਮਈ (ਵਿਜੇ ਕੁਮਾਰ) : ਬੀਤੇ ਦਿਨੀਂ ਸਮਾਣਾ ਵਿੱਚ ਹੋਈਆਂ ਨਗਰ ਕੌਂਸਲ ਚੋਣਾਂ ਦੌਰਾਨ ਹਥਿਆਰਾਂ, ਲਾਠੀਆਂ ਅਤੇ ਡੰਡਿਆਂ ਨਾਲ ਲੈਸ ਭੀੜ ਵੱਲੋਂ ਨਾਅਰੇਬਾਜ਼ੀ ਕਰਨ, ਪੁਲਿਸ ਅਧਿਕਾਰੀਆਂ ਨਾਲ ਬਹਿਸਬਾਜ਼ੀ ਕਰਨ, ਵੋਟਿੰਗ ਦੇ ਕੰਮਾਂ ਵਿੱਚ ਰੁਕਾਵਟ ਪਾਉਣ ਅਤੇ ਪੋਲਿੰਗ ਸਟੇਸ਼ਨਾਂ ਵਿੱਚ ਜ਼ਬਰਦਸਤੀ ਦਾਖਲ ਹੋਣ ਦੇ ਮਾਮਲਿਆਂ ਵਿੱਚ ਸਿਟੀ ਪੁਲਿਸ ਨੇ ਤਿੰਨ ਵੱਖ-ਵੱਖ ਮੁਕੱਦਮਿਆਂ ਤਹਿਤ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਸਿਟੀ ਪੁਲਿਸ ਇੰਚਾਰਜ ਬਲਜੀਤ ਸਿੰਘ ਨੇ ਦੱਸਿਆ ਕਿ ਇਲੈਕਸ਼ਨ ਡਿਊਟੀ ਦੌਰਾਨ ਜਦੋਂ ਉਹ ਪੁਲਿਸ ਪਾਰਟੀ ਸਮੇਤ ਵਾਰਡ ਨੰਬਰ 19 ਵਿੱਚ ਪਹੁੰਚੇ ਤਾਂ ਲਾਠੀਆਂ, ਪੱਥਰਾਂ ਅਤੇ ਤੇਜ਼ਧਾਰ ਹਥਿਆਰਾਂ ਨਾਲ ਲੈਸ ਅਣਪਛਾਤੇ ਵਿਅਕਤੀ ਉੱਥੇ ਇਕੱਠੇ ਹੋ ਰਹੇ ਸਨ। ਰੋਕਣ ਦੇ ਬਾਵਜੂਦ ਨਾਅਰੇਬਾਜ਼ੀ ਕਰ ਰਹੇ ਇਹ ਵਿਅਕਤੀ ਪੁਲਿਸ ਨਾਲ ਬਹਿਸ ਕਰਦੇ ਹੋਏ ਪੋਲਿੰਗ ਸਟੇਸ਼ਨ ਵਿੱਚ ਦਾਖਲ ਹੋਣ ਦੀ ਕੋਸ਼ਿਸ਼ ਕਰਨ ਲੱਗੇ, ਜਦੋਂ ਉਨ੍ਹਾਂ ਨੂੰ ਰੋਕਿਆ ਗਿਆ ਤਾਂ ਉਨ੍ਹਾਂ ਨੇ ਪੁਲਿਸ ਪਾਰਟੀ ਨੂੰ ਧਮਕੀਆਂ ਦਿੰਦੇ ਹੋਏ ਪੱਥਰਾਂ ਅਤੇ ਕੱਚ ਦੀਆਂ ਬੋਤਲਾਂ ਨਾਲ ਹਮਲਾ ਕਰ ਦਿੱਤਾ, ਜਿਸ ਕਾਰਨ ਪੁਲਿਸ ਨੇ ਆਪਣੇ ਬਚਾਅ ਲਈ ਹਵਾਈ ਫਾਇਰਿੰਗ ਕੀਤੀ। ਇੱਕ ਹੋਰ ਘਟਨਾ ਵਿੱਚ, ਏ.ਐੱਸ.ਆਈ. ਧਰਮਿੰਦਰ ਸਿੰਘ ਜਦੋਂ ਪੁਲਿਸ ਪਾਰਟੀ ਸਮੇਤ ਇਲੈਕਸ਼ਨ ਡਿਊਟੀ ਦੌਰਾਨ ਵਾਰਡ ਨੰਬਰ 10, ਮਾਰਕੀਟ ਕਮੇਟੀ ਦਫ਼ਤਰ ਅਨਾਜ ਮੰਡੀ ਦੇ ਬੂਥ ਨੰਬਰ 24, 25 ਕੋਲ ਪਹੁੰਚੇ ਤਾਂ ਪੋਲਿੰਗ ਸਟੇਸ਼ਨ ਦੇ ਗੇਟ ਦੇ ਬਾਹਰ ਕਾਫ਼ੀ ਲੋਕ ਇਕੱਠੇ ਹੋ ਕੇ ਨਾਅਰੇਬਾਜ਼ੀ ਕਰ ਰਹੇ ਸਨ। ਪੋਲਿੰਗ ਸਟੇਸ਼ਨ ਇੰਚਾਰਜ ਗੁਰਮੇਲ ਸਿੰਘ ਨੇ ਉਨ੍ਹਾਂ ਨੂੰ ਅਜਿਹਾ ਕਰਨ ਤੋਂ ਰੋਕਿਆ, ਪਰ ਉਨ੍ਹਾਂ ਲੋਕਾਂ ਨੇ ਪੋਲਿੰਗ ਸਟੇਸ਼ਨ ਦਾ ਗੇਟ ਖੋਲ੍ਹ ਕੇ ਅੰਦਰ ਦਾਖਲ ਹੋਣ ਦੀ ਕੋਸ਼ਿਸ਼ ਕੀਤੀ, ਪੁਲਿਸ ਡਿਊਟੀ ਵਿੱਚ ਰੁਕਾਵਟ ਪਾਈ ਅਤੇ ਪੁਲਿਸ ਪਾਰਟੀ ਨੂੰ ਧਮਕੀਆਂ ਦਿੰਦੇ ਹੋਏ ਫਰਾਰ ਹੋ ਗਏ। ਇਸੇ ਤਰ੍ਹਾਂ ਇੱਕ ਹੋਰ ਮਾਮਲੇ ਵਿੱਚ, ਏ.ਐੱਸ.ਆਈ. ਗੁਰਪ੍ਰੀਤ ਸਿੰਘ ਜਦੋਂ ਪੁਲਿਸ ਪਾਰਟੀ ਸਮੇਤ ਚੋਣ ਡਿਊਟੀ ਦੌਰਾਨ ਵਾਰਡ ਨੰਬਰ 3, ਪਬਲਿਕ ਕਾਲਜ ਸਮਾਣਾ ਦੇ ਪੋਲਿੰਗ ਸਟੇਸ਼ਨ ਕੋਲ ਪਹੁੰਚੇ ਤਾਂ ਕੁਝ ਲੋਕ ਇਕੱਠੇ ਹੋ ਕੇ ਨਾਅਰੇਬਾਜ਼ੀ ਕਰ ਰਹੇ ਸਨ ਅਤੇ ਪੋਲਿੰਗ ਸਟੇਸ਼ਨ ਇੰਚਾਰਜ ਏ.ਐੱਸ.ਆਈ. ਜਗਜੀਤ ਸਿੰਘ ਨੌਜਵਾਨਾਂ ਨੂੰ ਅਜਿਹਾ ਕਰਨ ਤੋਂ ਰੋਕ ਰਹੇ ਸਨ। ਇਕੱਠੇ ਹੋਏ ਲੋਕਾਂ ਨੇ ਪੋਲਿੰਗ ਸਟੇਸ਼ਨ ਦੇ ਅੰਦਰ ਦਾਖਲ ਹੋਣ ਦੀ ਕੋਸ਼ਿਸ਼ ਕੀਤੀ ਅਤੇ ਉੱਥੇ ਤਾਇਨਾਤ ਕਰਮਚਾਰੀਆਂ ਨੂੰ ਧਮਕੀਆਂ ਦਿੱਤੀਆਂ। ਇੱਕ ਹੋਰ ਮਾਮਲੇ ਵਿੱਚ ਏ.ਐੱਸ.ਆਈ. ਗੁਰਪ੍ਰੀਤ ਸਿੰਘ ਪੁਲਿਸ ਪਾਰਟੀ ਸਮੇਤ ਚੋਣ ਡਿਊਟੀ ਦੌਰਾਨ ਵਾਰਡ ਨੰਬਰ 3 ਪਬਲਿਕ ਕਾਲਜ ਸਮਾਣਾ ਦੇ ਪੋਲਿੰਗ ਸਟੇਸ਼ਨ ਦੇ ਕੋਲ ਪਹੁੰਚਿਆ ਤਾਂ ਕੁਝ ਲੋਕ ਇਕੱਠੇ ਹੋ ਕੇ ਨਾਅਰੇਬਾਜ਼ੀ ਕਰ ਰਹੇ ਸਨ ਅਤੇ ਪੋਲਿੰਗ ਸਟੇਸ਼ਨ ਇੰਚਾਰਜ ਏ.ਐੱਸ.ਆਈ. ਜਗਜੀਤ ਸਿੰਘ ਨੌਜਵਾਨਾਂ ਨੂੰ ਅਜਿਹਾ ਕਰਨ ਤੋਂ ਰੋਕ ਰਿਹਾ ਸੀ। ਇਕੱਠੇ ਹੋਏ ਲੋਕਾਂ ਨੇ ਪੋਲਿੰਗ ਸਟੇਸ਼ਨ ਵਿੱਚ ਦਾਖਲ ਹੋਣ ਦੀ ਕੋਸ਼ਿਸ਼ ਕੀਤੀ ਅਤੇ ਮੁਲਾਜ਼ਮਾਂ ਨੂੰ ਧਮਕੀਆਂ ਦੇ ਕੇ ਫਰਾਰ ਹੋ ਗਏ। ਸਿਟੀ ਪੁਲਿਸ ਇੰਚਾਰਜ ਅਨੁਸਾਰ ਪੁਲਿਸ ਆਪਣੇ ਸਰੋਤਾਂ (ਸੂਤਰਾਂ) ਤੋਂ ਜਾਂਚ ਕਰਕੇ ਸ਼ਰਾਰਤੀ ਅਨਸਰਾਂ ਨੂੰ ਟ੍ਰੇਸ (ਟਰੈਕ) ਕਰੇਗੀ ਅਤੇ ਉਨ੍ਹਾਂ ਖ਼ਿਲਾਫ਼ ਕਾਰਵਾਈ ਕੀਤੀ ਜਾਵੇਗੀ।

# ਐਨ.ਐਸ.ਐਸ. ਕੌਮੀ ਸੇਵਾ ਯੋਜਨਾ ਵਿਭਾਗ ਵੱਲੋਂ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਹਸਤਾਖਰ ਮੁਹਿੰਮ




ਸਮਾਣਾ, 27 ਮਈ, (ਵਿਜੇ ਕੁਮਾਰ) : ਰੀਜਨਲ ਡਾਇਰੈਕਟਰ ਐਨ.ਐਸ.ਐਸ. ਚੰਡੀਗੜ੍ਹ ਦੇ ਆਦੇਸ਼ਾਂ ਅਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਕੌਮੀ ਸੇਵਾ ਯੋਜਨਾ ਵਿਭਾਗ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਪ੍ਰਿੰਸੀਪਲ ਡਾ.ਹਰਕੀਰਤ ਸਿੰਘ ਸਿੱਧੂ ਦੀ ਸਰਪ੍ਰਸਤੀ ਹੇਠ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਹਸਤਾਖਰ ਮੁਹਿੰਮ ਚਲਾਈ ਗਈ। ਵਿਦਿਆਰਥੀਆਂ, ਸਟਾਫ਼ ਅਤੇ ਵਲੰਟੀਅਰਾਂ ਨੇ ਨਸ਼ਾ ਮੁਕਤ ਭਾਰਤ ਪ੍ਰਤੀ ਆਪਣੀ ਵਚਨਬੱਧਤਾ ਦਾ ਵਾਅਦਾ ਕੀਤਾ ਅਤੇ ਪਦਾਰਥਾਂ ਦੀ ਦੁਰਵਰਤੋਂ ਵਿਰੁੱਧ ਦਸਤਖਤ ਕੀਤੇ। ਸੈਂਕੜੇ ਵਿਦਿਆਰਥੀਆਂ ਨੇ ਕਿਹਾ ਕਿ ਮੈਂ ਨਸ਼ਿਆਂ ਨੂੰ ਨਹੀਂ ਕਹਿੰਦਾ ਹਾਂ ਅਤੇ ਨਸ਼ਾ ਮੁਕਤ ਭਵਿੱਖ ਲਈ ਸਟੈਂਡ ਲਿਆ। ਇਸ ਮੌਕੇ ਐਨ. ਐਸ. ਐਸ. ਪ੍ਰੋਗਰਾਮ ਅਫਸਰ ਪ੍ਰੋ. ਸੋਨੂੰ ਜੈਨ, ਡਾ. ਕੁਲਜੀਤ ਕੌਰ, ਪ੍ਰੋ. ਹਮਿਤ ਕੁਮਾਰ, ਡਾ. ਸ਼ੇਰ ਸਿੰਘ, ਪ੍ਰੋ. ਸ਼ੰਟੀ ਕੁਮਾਰ ਮੌਜੂਦ ਰਹੇ।

# ਘੇਰ ਕੇ ਕੀਤੀ ਕੁੱਟਮਾਰ

ਪਟਿਆਲਾ, 27 ਮਈ (ਵਿਨੋਦ ਸ਼ਰਮਾ) : ਥਾਣਾ ਸਨੌਰ ਪੁਲਿਸ ਕੋਲ ਬਲਕਾਰ ਸਿੰਘ ਪੁੱਤਰ ਜੀਤ ਸਿੰਘ ਵਾਸੀ ਪਿੰਡ ਕਾਨਾਹੇੜੀ ਨੇ ਅਣਪਛਾਤੇ ਵਿਅਕਤੀਆਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਪੁਲਿਸ ਨੂੰ ਦੱਸਿਆ ਕਿ ਉਹ ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਪਣੇ ਖੇਤਾਂ ਤੋਂ ਘਰ ਨੂੰ ਆ ਰਿਹਾ ਸੀ ਤਾਂ ਤਿੰਨ ਅਣਪਛਾਤੇ ਵਿਅਕਤੀਆਂ, ਜਿਨ੍ਹਾਂ ਦੇ ਮੂੰਹ ਢਕੇ ਹੋਏ ਸਨ, ਮੋਟਰਸਾਈਕਲ ਪਰ ਸਵਾਰ ਹੋ ਕੇ ਆਏ ਅਤੇ ਉਸ ਦੀ ਘੇਰ ਕੇ ਕੁੱਟਮਾਰ ਕੀਤੀ ਤੇ ਉਸ ਦਾ ਮੋਟਰਸਾਈਕਲ ਖੋਹ ਕੇ ਫਰਾਰ ਹੋ ਗਏ। ਪੁਲਿਸ ਨੇ ਧਾਰਾ 115(2), 126(2),304(2), 3(5) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।


ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਅੱਜ ਤੱਕ ਦੇ ਸ਼ਹੀਦਾਂ ਦੀ ਯਾਦ ਵਿੱਚ



ਡਾ. ਸਰਬ ਸਿੰਘ ਬਾਨੀ ਗੁਰੂ ਅਰਜਨ ਕੀਰਤਨ ਮੰਡਲ

ਸ਼ਹੀਦੀ ਜੋੜ-ਮੇਲ

ਅੱਜ ਦਾ ਪ੍ਰੋਗਰਾਮ

28-5-2026

ਦਿਨ-ਵੀਰਵਾਰ



ਭਾਈ ਤਖ਼ਤ ਸਿੰਘ ਜੀ ਸਾਬਕਾ ਪ੍ਰਧਾਨ ਗੁਰੂ ਅਰਜਨ ਕੀਰਤਨ ਮੰਡਲ

ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਆਜ਼ਾਦ ਨਗਰ (ਸਰਹਿੰਦ ਰੋਡ) ਪਟਿਆਲਾ।

ਕੀਰਤਨ ਰਾਤ 7.00 ਵਜੇ ਤੋਂ 9.00 ਵਜੇ ਤੱਕ।

ਸੰਪਰਕ ਕਰੋ : 98887-42047, 99157-70074

ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਸਭਾ ਕਮੇਟੀਆਂ ਦੇ ਸਹਿਯੋਗ ਨਾਲ ਗੁਰੂ ਅਰਜਨ ਕੀਰਤਨ ਮੰਡਲ (ਰਜਿ.) ਪਟਿਆਲਾ



# ਪਟਿਆਲਾ-ਆਸ/ਪਾਸ



## ਖ਼ਾਲਸਾ ਕਾਲਜ ਦੇ 6 ਵਿਦਿਆਰਥੀਆਂ ਨੂੰ ਪੰਜਾਬ ਸਰਕਾਰ ਵੱਲੋਂ ਸਰਵਉੱਚ ਖੇਡ ਪੁਰਸਕਾਰ 'ਮਹਾਰਾਜਾ ਰਣਜੀਤ ਸਿੰਘ ਐਵਾਰਡ' ਪ੍ਰਦਾਨ

ਪਟਿਆਲਾ, 27 ਮਈ (ਰੁਪਾਣਾ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੇ ਉੱਘੇ ਵਿੱਦਿਅਕ ਅਦਾਰੇ ਜਨਰਲ ਸ਼ਿਵਦੇਵ ਸਿੰਘ ਦੀਵਾਨ ਗੁਰਬਚਨ ਸਿੰਘ ਖ਼ਾਲਸਾ ਕਾਲਜ, ਪਟਿਆਲਾ ਨੇ ਇੱਕ ਹੋਰ ਵੱਡੀ ਇਤਿਹਾਸਕ ਪ੍ਰਾਪਤੀ ਕਰ ਲਈ ਹੈ। ਕਾਲਜ ਦੇ 6 ਹੋਣਹਾਰ ਖਿਡਾਰੀਆਂ ਨੂੰ ਖੇਡਾਂ ਦੇ ਖੇਤਰ ਵਿੱਚ ਸ਼ਾਨਦਾਰ ਪ੍ਰਦਰਸ਼ਨ ਬਦਲੇ ਪੰਜਾਬ ਸਰਕਾਰ ਵੱਲੋਂ ਸਰਵਉੱਚ ਖੇਡ ਪੁਰਸਕਾਰ 'ਮਹਾਰਾਜਾ ਰਣਜੀਤ ਸਿੰਘ ਅਵਾਰਡ' ਨਾਲ ਨਿਵਾਜਿਆ ਗਿਆ ਹੈ।ਪੰਜਾਬ ਸਰਕਾਰ ਵੱਲੋਂ ਸਨਮਾਨਿਤ ਕੀਤੇ ਗਏ ਇਹਨਾਂ ਖਿਡਾਰੀਆਂ ਵਿੱਚ ਹੈਂਡਬਾਲ ਖੇਡ ਵਿੱਚੋਂ ਮਨਪ੍ਰੀਤ ਸਿੰਘ, ਮਨਦੀਪ ਕੌਰ, ਕਰਮਜੀਤ ਸਿੰਘ ਤੇ ਬਨੀਤਾ ਸ਼ਰਮਾ ਅਤੇ ਤੀਰਅੰਦਾਜ਼ੀ ਖੇਡ ਵਿੱਚੋਂ ਸੰਗਮਪ੍ਰੀਤ ਸਿੰਘ ਬੀਸਲਾ ਤੇ ਪ੍ਰਭਜੋਤ ਕੌਰ ਸ਼ਾਮਲ ਹਨ। ਇਹਨਾਂ ਵਿਦਿਆਰਥੀਆਂ ਦੇ ਨਾਲ ਹੀ ਖ਼ਾਲਸਾ ਕਾਲਜ ਪਟਿਆਲਾ ਦੀ ਸਟਾਰ ਤੀਰਅੰਦਾਜ਼ ਵਿਦਿਆਰਥਣ ਪਰਨੀਤ ਕੌਰ, ਜੋ ਕਿ ਵਰਲਡ ਕੱਪ ਅਤੇ ਏਸ਼ੀਅਨ ਗੇਮਜ਼ ਵਿੱਚ ਮੈਡਲਿਸਟ ਰਹੀ ਹੈ, ਨੂੰ ਵੀ ਪੰਜਾਬ ਸਰਕਾਰ ਵੱਲੋਂ ਵਿਸ਼ੇਸ਼




ਤੌਰ 'ਤੇ ਨਗਦ ਰਾਸ਼ੀ ਦੇ ਕੇ ਸਨਮਾਨਿਤ ਕੀਤਾ ਗਿਆ ਹੈ। ਇਸ ਸ਼ਾਨਦਾਰ ਸਫਲਤਾ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਧਾਨ ਸ. ਹਰਜਿੰਦਰ ਸਿੰਘ ਧਾਮੀ ਨੇ ਜੇਤੂ ਵਿਦਿਆਰਥੀਆਂ ਅਤੇ ਉਹਨਾਂ ਦੇ ਕੋਚ ਸਾਹਿਬਾਨ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਪੁਰਸਕਾਰ ਸਾਡੇ ਵਿਦਿਆਰਥੀਆਂ ਦੀ ਸਖ਼ਤ ਮਿਹਨਤ ਅਤੇ ਸੰਸਥਾ ਦੀ ਉੱਚੀ ਸੋਚ ਦਾ ਪ੍ਰਤੀਕ ਹੈ। ਸ਼੍ਰੋਮਣੀ ਕਮੇਟੀ ਆਪਣੇ ਵਿੱਦਿਅਕ ਅਦਾਰਿਆਂ ਵਿੱਚ ਨੌਜਵਾਨਾਂ ਨੂੰ ਸਿੱਖਿਆ ਦੇ ਨਾਲ-ਨਾਲ ਖੇਡਾਂ ਵਿੱਚ ਵੀ ਮੋਹਰੀ ਬਣਾਉਣ ਲਈ ਹਮੇਸ਼ਾ ਤਤਪਰ ਹੈ। ਖ਼ਾਲਸਾ ਕਾਲਜ ਪਟਿਆਲਾ ਨੇ ਦੇਸ਼ ਨੂੰ ਅੰਤਰਰਾਸ਼ਟਰੀ ਪੱਧਰ ਦੇ ਖਿਡਾਰੀ ਦਿੱਤੇ ਹਨ, ਜਿਨ੍ਹਾਂ 'ਤੇ ਪੂਰੀ ਸਿੱਖ ਕੌਮ ਅਤੇ ਪੰਜਾਬ ਨੂੰ ਮਾਣ ਹੈ। ਸ਼੍ਰੋਮਣੀ ਕਮੇਟੀ ਦੇ ਸਕੱਤਰ ਵਿੱਦਿਆ ਸ. ਸੁਖਮਿੰਦਰ ਸਿੰਘ ਨੇ ਵੀ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ, 'ਕਾਲਜ ਦਾ ਖੇਡ ਸੱਭਿਆਚਾਰ ਅਤੇ ਵਿਸ਼ਵ-ਪੱਧਰੀ ਬੁਨਿਆਦੀ ਢਾਂਚਾ ਖਿਡਾਰੀਆਂ ਨੂੰ ਇਸ ਮੁਕਾਮ 'ਤੇ ਪਹੁੰਚਾਉਣ ਵਿੱਚ ਸਹਾਈ ਸਿੱਧ ਹੋਇਆ ਹੈ।ਅਸੀਂ ਭਵਿੱਖ ਵਿੱਚ ਵੀ ਖਿਡਾਰੀਆਂ ਨੂੰ ਹਰ ਸੰਭਵ ਸਹੂਲਤ ਦਿੰਦੇ ਰਹਾਂਗੇ ਤਾਂ ਜੋ ਉਹ ਵਿਸ਼ਵ ਪੱਧਰ 'ਤੇ ਦੇਸ਼ ਦਾ ਨਾਂ ਰੋਸ਼ਨ ਕਰ ਸਕਣ।' ਇਸ ਮੌਕੇ ਐਸ.ਜੀ.ਪੀ.ਸੀ ਦੇ ਡਾਇਰੈਕਟੋਰੇਟ ਆਫ ਐਜੂਕੇਸ਼ਨ ਦੇ ਡਿਪਟੀ ਡਾਇਰੈਕਟਰ ਡਾ. ਕਸ਼ਮੀਰ ਸਿੰਘ ਅਤੇ ਕਾਲਜ ਦੇ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉੱਭਾ ਵੱਲੋਂ ਵੀ ਜੇਤੂਆਂ ਨੂੰ ਮੁਬਾਰਕਬਾਦ ਦਿੱਤੀ ਗਈ। ਕਾਲਜ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉੱਭਾ ਨੇ ਖਿਡਾਰੀਆਂ ਦੀ ਪਿੱਠ ਥਾਪੜਦਿਆਂ ਕਿਹਾ ਕਿ ਖ਼ਾਲਸਾ ਕਾਲਜ ਪਟਿਆਲਾ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿੱਚ ਵੀ ਵਿਸ਼ਵ-ਪੱਧਰੀ ਸਹੂਲਤਾਂ ਅਤੇ ਮਾਹੌਲ ਪ੍ਰਦਾਨ ਕਰਨ ਲਈ ਵਚਨਬੱਧ ਹੈ। ਇਹ ਅਵਾਰਡ ਖਿਡਾਰੀਆਂ ਦੀ ਸਖ਼ਤ ਮਿਹਨਤ, ਕੋਚਾਂ ਦੀ ਸੁਚੱਜੀ ਅਗਵਾਈ ਅਤੇ ਕਾਲਜ ਪ੍ਰਬੰਧਕਾਂ ਦੇ ਸਹਿਯੋਗ ਦਾ ਨਤੀਜਾ ਹੈ।ਇਸ ਵਿਸ਼ੇਸ਼ ਮੌਕੇ 'ਤੇ ਖਾਲਸਾ ਕਾਲਜ ਪਟਿਆਲਾ ਦੇ ਡੀਨ ਸਪੋਰਟਸ ਅਤੇ ਮੁਖੀ ਫਿਜ਼ੀਕਲ ਐਜੂਕੇਸ਼ਨ ਵਿਭਾਗ ਡਾ. ਗੁਰਸ਼ਰਨ ਸਿੰਘ ਗਿੱਲ ਨੇ ਜਿੱਥੇ ਅਵਾਰਡ ਪ੍ਰਾਪਤ ਕਰਨ ਵਾਲੇ ਸਮੂਹ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ, ਉੱਥੇ ਹੀ ਉਨ੍ਹਾਂ ਨੇ ਸੰਗਮਪ੍ਰੀਤ ਸਿੰਘ ਬੀਸਲਾ ਤੇ ਪ੍ਰਭਜੋਤ ਕੌਰ ਦੇ ਕੋਚ ਦਰੋਣਾਚਾਰੀਆ ਅਵਾਰਡੀ ਜੀਵਨਜੋਤ ਸਿੰਘ ਤੇਜਾ ਡਿਪਟੀ ਡਾਇਰੈਕਟਰ ਪੀ.ਆਈ.ਐਸ. ਪੰਜਾਬ ਨੂੰ ਵੀ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ। ਡਾ. ਗਿੱਲ ਨੇ ਅਹਿਮ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਖੇਡ ਦੇ ਖੇਤਰ ਵਿੱਚ ਮਹਾਰਾਜਾ ਰਣਜੀਤ ਸਿੰਘ ਐਵਾਰਡ ਹਾਸਲ ਕਰਨ ਵਾਲੇ ਇਨ੍ਹਾਂ ਹੈਂਡਵਾਲ ਦੇ ਖਿਡਾਰੀਆਂ ਦੀ ਰੈਗੂਲਰ ਪ੍ਰੈਕਟਿਸ ਵੀ ਖ਼ਾਲਸਾ ਕਾਲਜ ਕੈਂਪਸ ਵਿਖੇ ਹੀ ਕਰਵਾਈ ਜਾਂਦੀ ਰਹੀ ਹੈ, ਜੋ ਕਿ ਕਾਲਜ ਦੇ ਖੇਡ ਢਾਂਚੇ ਲਈ ਇੱਕ ਬਹੁਤ ਵੱਡਾ ਮਾਣ ਹੈ। ਇਸ ਮੌਕੇ ਕਾਲਜ ਦੇ ਸਮੂਹ ਸਟਾਫ਼, ਖੇਡ ਵਿਭਾਗ ਅਤੇ ਵਿਦਿਆਰਥੀਆਂ ਨੇ ਜੇਤੂਆਂ ਨੂੰ ਮੁਬਾਰਕਬਾਦ ਦਿੰਦਿਆਂ ਉਹਨਾਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕੀਤੀ।

## ਬੂਥ ਨੰਬਰ 6 ਦੀ ਪੋਲਿੰਗ ਸਖ਼ਤ ਸੁਰੱਖਿਆ ਪ੍ਰਬੰਧਾਂ ਨਾਲ ਨੇਪਰੇ ਚੜ੍ਹੀ, 885 'ਚੋਂ 557 ਵੋਟਾਂ ਪੋਲ

ਸਮਾਣਾ, 27 ਮਈ (ਵਿਜੇ ਕੁਮਾਰ) : ਵਾਰਡ ਨੰਬਰ 3 ਦੇ ਬੂਥ ਨੰਬਰ 6 'ਤੇ ਵੋਟਾਂ ਵਾਲੇ ਦਿਨ ਬੈਲਟ ਪੇਪਰ ਖੋਹ ਕੇ ਭੱਜਣ ਦੀ ਘਟਨਾ ਤੋਂ ਬਾਅਦ ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਇਸ ਬੂਥ 'ਤੇ ਦੁਬਾਰਾ ਵੋਟਾਂ (ਰੀ-ਪੋਲਿੰਗ) ਪਵਾਉਣ ਦੇ ਹੁਕਮ ਦਿੱਤੇ ਸਨ। ਇਸੇ ਦੇ ਚੱਲਦਿਆਂ ਬੁੱਧਵਾਰ ਨੂੰ ਸਮਾਣਾ ਦੇ ਵਾਰਡ ਨੰਬਰ 3 ਬੂਥ ਨੰਬਰ 6 ਪਬਲਿਕ ਕਾਲਜ ਵਿੱਚ ਮੁੜ ਵੋਟਾਂ ਪਵਾਈਆਂ ਗਈਆਂ।ਸਵੇਰੇ ਸੱਤ ਵਜੇ ਤੋਂ ਹੀ ਲੋਕ ਪੋਲਿੰਗ ਸਟੇਸ਼ਨ 'ਤੇ ਲਾਈਨਾਂ ਲਗਾ ਕੇ ਖੜ੍ਹੇ ਹੋ ਗਏ ਸਨ,ਪਰ ਵੋਟਿੰਗ ਨਿਰਧਾਰਤ ਸਮੇਂ ਤੋਂ 25 ਮਿੰਟ ਦੇਰੀ ਨਾਲ ਸ਼ੁਰੂ ਹੋਈ, ਜਿਸ 'ਤੇ ਕਈ ਲੋਕਾਂ ਨੇ ਇਤਰਾਜ਼ ਵੀ ਪ੍ਰਗਟਾਇਆ। ਗੌਰਤਲਬ ਹੈ ਕਿ ਕੱਲ੍ਹ ਸਮਾਣਾ ਵਿੱਚ ਹੋਈਆਂ ਵੋਟਾਂ ਦੌਰਾਨ ਲਗਭਗ 55.50 ਫੀਸਦੀ ਵੋਟਿੰਗ ਪੋਲ ਹੋਈ। ਕੁੱਲ 47044 ਵੋਟਰਾਂ ਵਿੱਚੋਂ 26089 ਵੋਟਰਾਂ ਨੇ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕੀਤੀ। ਬੂਥ ਨੰਬਰ ਛੇ ਵਿੱਚ ਕੁੱਲ 885 ਵੋਟਾਂ ਵਿੱਚੋਂ 557 ਵੋਟਾਂ ਪੋਲ ਹੋਈਆਂ ਚੋਣ ਅਫ਼ਸਰ ਰਸ਼ਪਿੰਦਰ ਸਿੰਘ ਨੇ ਦੱਸਿਆ ਕਿ 108 ਉਮੀਦਵਾਰਾਂ ਦੀ ਕਿਸਮਤ ਦਾ ਫੈਸਲਾ ਬੈਲਟ ਬਾਕਸਾਂ



(ਮਤਪੇਟੀਆਂ) ਵਿੱਚ ਬੰਦ ਕਰਕੇ ਬੀ.ਐੱਡ. ਕਾਲਜ ਵਿੱਚ ਸੁਰੱਖਿਅਤ ਰੱਖਵਾ ਦਿੱਤਾ ਗਿਆ ਹੈ, ਜਿਸ ਦੀ ਗਿਣਤੀ 29 ਮਈ ਨੂੰ ਕੀਤੀ ਜਾਵੇਗੀ। ਵੈਭਵ ਚੌਧਰੀ ਐੱਸ.ਪੀ. ਹੈੱਡਕੁਆਰਟਰ ਪਟਿਆਲਾ ਨੇ ਦੱਸਿਆ ਕਿ ਵੋਟਿੰਗ ਨੂੰ ਅਮਨ-ਅਮਾਨ ਨਾਲ ਨੇਪਰੇ ਚਾੜ੍ਹਨ ਲਈ 150 ਤੋਂ ਵੱਧ ਪੁਲਿਸ ਮੁਲਾਜ਼ਮ ਤਾਇਨਾਤ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਵੋਟਰਾਂ ਤੋਂ ਇਲਾਵਾ ਕਿਸੇ ਵੀ ਵਿਅਕਤੀ ਨੂੰ ਪੋਲਿੰਗ ਸਟੇਸ਼ਨ ਦੇ ਆਸ-ਪਾਸ ਆਉਣ ਦੀ ਇਜਾਜ਼ਤ ਨਹੀਂ ਦਿੱਤੀ ਗਈ, ਤਾਂ ਜੋ ਲੋਕ ਬਿਨਾਂ ਕਿਸੇ ਡਰ ਦੇ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰ ਸਕਣ।

## ਪਾਰਦਰਸ਼ੀ ਅਤੇ ਅਮਨ-ਅਮਾਨ ਨਾਲ ਵੋਟਾਂ ਦੀ ਗਿਣਤੀ ਲਈ ਕਾਊਂਟਿੰਗ ਸਟਾਫ਼ ਦੀ ਵਿਸ਼ੇਸ਼ ਰਿਹਰਸਲ ਸੰਪੰਨ

ਮਲੇਰਕੋਟਲਾ, 27 ਮਈ (ਬਲਜੀਤ ਸਿੰਘ ਟਿੱਬਾ) : ਰਾਜ ਚੋਣ ਕਮਿਸ਼ਨ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਦੀ ਅਗਵਾਈ ਹੇਠ ਜ਼ਿਲ੍ਹੇ ਵਿੱਚ ਨਗਰ ਕੌਂਸਲ ਮਾਲੇਰਕੋਟਲਾ, ਨਗਰ ਕੌਂਸਲ ਅਹਿਮਦਗੜ੍ਹ ਅਤੇ ਨਗਰ ਪੰਚਾਇਤ ਅਮਰਗੜ੍ਹ ਦੀਆਂ ਚੋਣਾਂ ਦੀ ਵੋਟਾਂ ਦੀ ਗਿਣਤੀ ਨੂੰ ਪਾਰਦਰਸ਼ੀ, ਨਿਰਪੱਖ ਅਤੇ ਅਮਨ-ਅਮਾਨ ਨਾਲ ਨੇਪਰੇ ਚੜ੍ਹਾਉਣ ਲਈ ਕਾਊਂਟਿੰਗ ਸਟਾਫ਼ ਦੀ ਵਿਸ਼ੇਸ਼ ਰਿਹਰਸਲ ਕਰਵਾਈ ਗਈ। ਰਿਟਰਨਿੰਗ ਅਫ਼ਸਰ-ਕਮ-ਐਸ.ਡੀ.ਐਮ. ਅਮਰਗੜ੍ਹ ਹਰਬੰਸ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 29 ਮਈ 2026 ਨੂੰ ਸਵੇਰੇ 08:00 ਵਜੇ ਵੋਟਾਂ ਦੀ ਗਿਣਤੀ ਸ਼ੁਰੂ ਹੋਵੇਗੀ ਅਤੇ ਇਸ ਲਈ ਸਰਕਾਰੀ ਕਾਲਜ ਅਮਰਗੜ੍ਹ ਵਿਖੇ ਸਾਰੇ ਲੋੜੀਂਦੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਉਨ੍ਹਾਂ ਕਿਹਾ ਕਿ ਕਾਊਂਟਿੰਗ ਸਟਾਫ਼ ਨੂੰ ਰਿਹਰਸਲ ਦੌਰਾਨ ਰਾਜ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਤੇ ਗਿਣਤੀ ਪ੍ਰਕਿਰਿਆ ਸਬੰਧੀ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ ਤਾਂ ਜੋ ਗਿਣਤੀ ਦਾ ਕੰਮ ਪੂਰੀ ਪਾਰਦਰਸ਼ਤਾ ਅਤੇ ਸੁਚੱਜੇ ਢੰਗ ਨਾਲ ਸੰਪੰਨ ਹੋ ਸਕੇ। ਉਨ੍ਹਾਂ ਦੱਸਿਆ ਕਿ ਵੋਟਾਂ ਦੀ ਗਿਣਤੀ ਦੌਰਾਨ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਜਾਣਗੇ ਅਤੇ ਕਾਊਂਟਿੰਗ ਸੈਂਟਰ ਵਿੱਚ ਕੇਵਲ ਅਧਿਕਾਰਤ ਵਿਅਕਤੀਆਂ ਨੂੰ ਹੀ ਦਾਖ਼ਲਾ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਚੋਣ ਪ੍ਰਕਿਰਿਆ ਨੂੰ ਨਿਰਪੱਖ ਅਤੇ ਸ਼ਾਂਤਮਈ ਢੰਗ ਨਾਲ ਸੰਪੰਨ ਕਰਵਾਉਣ ਲਈ ਪ੍ਰਸ਼ਾਸਨ ਪੂਰੀ ਤਰ੍ਹਾਂ ਵਚਨਬੱਧ ਹੈ।

## ਸਨੌਰ ਦੀਆਂ ਸੜਕਾਂ 'ਤੇ ਵਗਦਾ ਸੀਵਰੇਜ ਦਾ ਗੰਦਾ ਪਾਣੀ, ਆਖਿਰ ਜ਼ਿੰਮੇਵਾਰ ਕੌਣ?

ਸਨੌਰ, 27 ਮਈ (ਪ੍ਰਥਮ ਕੁਮਾਰ) : ਸਨੌਰ ਸ਼ਹਿਰ 'ਚ ਸੜਕਾਂ 'ਤੇ ਵਗਦੇ ਗੰਦੇ ਪਾਣੀ ਦੀ ਸਮੱਸਿਆ ਨੇ ਨਿਵਾਸੀਆਂ ਦੀ ਜ਼ਿੰਦਗੀ ਨੂੰ ਮੁਸ਼ਕਲ ਬਣਾਉਣ ਵਿੱਚ ਕੋਈ ਕਸਰ ਨਹੀਂ ਛੱਡੀ ਹੈ। ਇਸ ਦੇ ਨਾਲ ਖ਼ਬਰਾਂ ਦੀਆਂ ਸੁਰਖੀਆਂ ਤੇ ਪਹਿਲਾਂ ਹੀ ਸਨੌਰ ਦੀ ਟੁੱਟੀ ਫਿਰਨੀ ਦਾ ਜ਼ਿਕਰ ਕਈ ਵਾਰੀ ਹੋਇਆ ਹੈ। ਬੀਤੇ ਦਿਨ ਸਨੌਰ ਦੇ ਵਸਨੀਕਾਂ ਵੱਲੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇਸ ਗੱਲ ਦੀ ਚਿੰਤਾ ਪ੍ਰਗਟ ਕੀਤੀ ਗਈ ਹੈ। ਕਿ ਸਨੌਰ ਦੀ ਸੜਕਾਂ ਤੇ ਸੀਵਰੇਜ ਦੇ ਗੰਦੇ ਪਾਣੀ ਕਾਰਨ ਸਾਡਾ ਜੀਣਾ ਮੁਸ਼ਕਲ ਹੋਇਆ ਪਿਆ ਹੈ, ਤੇ ਇਹ ਸਮੱਸਿਆ ਨਾ ਸਿਰਫ਼ ਸੜਕਾਂ ਦੇ ਟ੍ਰੈਫਿਕ ਨੂੰ ਪ੍ਰਭਾਵਿਤ ਕਰ ਰਹੀ ਹੈ, ਸਗੋਂ ਸਿਹਤ ਸਮੱਸਿਆਵਾਂ ਦਾ ਕਾਰਨ ਵੀ ਬਣ ਰਹੀ ਹੈ। ਅਤੇ ਸੀਵਰੇਜ਼ ਦੇ ਗੰਦੇ ਪਾਣੀ ਕਾਰਨ ਮਛਰਾਂ ਦੇ ਵਧਣ ਦਾ ਮੌਕਾ ਵੀ ਪੈਦਾ ਹੁੰਦਾ ਹੈ।



ਜਿਸ ਕਾਰਨ ਡੇਂਗੂ ਜਿਹੀਆਂ ਬਿਮਾਰੀਆਂ ਦਾ ਸੰਕਟ ਵਿੱਚ ਵਾਧਾ ਹੁੰਦਾ ਹੈ। ਇਹ ਸਮੱਸਿਆ ਖਾਸ ਤੌਰ 'ਤੇ ਉਸ ਸਥਾਨ 'ਤੇ ਪਾਈ ਜਾ ਰਹੀ ਹੈ ਜਿੱਥੇ ਪੀ.ਐਮ.ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਸਨੌਰ, ਸਥਿਤ ਹੈ ਤੇ ਸੀਵਰੇਜ਼ ਦੇ ਗੰਦੇ ਪਾਣੀ ਦੀ ਸਮੱਸਿਆ ਸਗੋਂ ਬੱਚਿਆਂ ਦੀ ਸਿਹਤ ਲਈ ਵੀ ਖਤਰਾ ਬਣ ਚੁੱਕੀ ਹੈ ਤੇ ਇਸ ਕਾਰਨ ਬੱਚਿਆਂ ਨੂੰ ਸਕੂਲ ਆਉਣ-ਜਾਉਣ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਸਨੌਰ ਦੇ ਵਸਨੀਕਾਂ ਵੱਲੋਂ ਸਮੁੱਚੀ ਭਲਾਈ ਲਈ ਪ੍ਰਸ਼ਾਸਨ ਨੂੰ ਆਵਾਜ਼ ਹੈ ਕਿ ਇਲਾਕੇ ਵਿੱਚ ਵਗਦੇ ਸੀਵਰਜ਼ ਦੇ ਗੰਦੇ ਪਾਣੀ ਦੀ ਗੰਭੀਰ ਸਮੱਸਿਆ ਦਾ ਤੁਰੰਤ ਹੱਲ ਕੱਢਿਆ ਜਾਵੇ ਤੇ ਇਸ ਮੁੱਦੇ ਨੂੰ ਤਤਕਾਲ ਪ੍ਰਭਾਵ ਨਾਲ ਹੱਲ ਕਰਨ ਲਈ ਜ਼ਰੂਰੀ ਕਦਮ ਚੁੱਕੇ ਜਾਣਗੇ।

## ਅੱਗ ਲੱਗਣ ਕਾਰਨ ਤੂੜੀ ਸੜ ਕੇ ਸੁਆਹ

**➤ਪੀੜਤ ਪਰਿਵਾਰ ਕੋਲ ਜ਼ਮੀਨ ਨਾ ਹੋਣ ਕਾਰਨ ਪਸ਼ੂਆਂ ਲਈ ਮਹਿੰਗੇ ਭਾਅ 'ਤੇ ਖ਼ਰੀਦੀ ਸੀ ਤੂੜੀ**

ਘਨੌਰ, 27 ਮਈ (ਰਾਜਿੰਦਰ ਸਿੰਘ ਕੰਬੋਜ) : ਹਲਕਾ ਘਨੌਰ ਦੇ ਪਿੰਡ ਖੇੜੀ ਗੁਰਨਾ ਦੇ ਵਸਨੀਕ ਦਲਿਤ ਪਰਿਵਾਰ ਦੀ ਪਸ਼ੂਆਂ ਲਈ ਖਰੀਦੀ ਗਈ ਤੂੜੀ ਨੂੰ ਅੱਗ ਲੱਗ ਜਾਣ ਤੇ ਇਸ ਅੱਗ ਨਾਲ ਤੂੜੀ ਸੜ ਕੇ ਸੁਆਹ ਹੋ ਜਾਣ ਦਾ ਸਮਾਚਾਰ ਹੈ।



ਇਸ ਸੜੀ ਹੋਈ ਤੂੜੀ ਦੇ ਢੇਰ ਨੂੰ ਦਿਖਾਉਂਦੇ ਹੋਏ ਪੀੜਤ ਰਣਧੀਰ ਸਿੰਘ ਪੁੱਤਰ ਸੁਰਜਨ ਸਿੰਘ ਨੇ ਦੱਸਿਆ ਕਿ ਉਸ ਦੇ ਪਰਿਵਾਰ ਕੋਲ ਕੋਈ ਜਮੀਨ ਨਹੀਂ ਹੈ ਅਤੇ ਉਹ ਆਪਣੇ ਪਰਿਵਾਰ ਦੇ ਗੁਜਾਰੇ ਲਈ ਪਸ਼ੂ ਰੱਖੇ ਹੋਏ ਹਨ, ਜਿਨ੍ਹਾਂ ਦਾ ਦੁੱਧ ਵੇਚ ਕੇ ਆਪਣੇ ਪਰਿਵਾਰ ਦਾ ਗੁਜ਼ਾਰਾ ਚਲਾਉਂਦਾ ਹੈ। ਉਹਨਾਂ ਦੱਸਿਆ ਕਿ ਉਸਨੇ ਆਪਣੇ ਪਸ਼ੂਆਂ ਦੇ ਚਾਰੇ ਲਈ ਪੰਜ ਟਰਾਲੀਆਂ ਤੂੜੀ ਦੀਆਂ ਮਹਿੰਗੇ ਭਾਅ ਖਰੀਦੀਆਂ ਹੋਈਆਂ ਸਨ ਇਸ ਖਰੀਦੀ ਗਈ ਤੂੜੀ ਦਾ ਕੁੱਪ ਬੰਨਣਾ ਸੀ। ਪੀੜਤ ਵਿਅਕਤੀ ਨੇ ਦੱਸਿਆ ਕਿ ਅੱਜ ਦੁਪਹਿਰ ਵੇਲੇ ਅਚਾਨਕ ਤੂੜੀ ਦੇ ਢੇਰ ਨੂੰ ਅੱਗ ਲੱਗ ਗਈ, ਜਿਸ ਬਾਰੇ ਜਦੋਂ ਉਹਨਾਂ ਨੂੰ ਸੂਚਨਾ ਮਿਲੀ ਤਾਂ ਉਸ ਨੇ ਜਦੋਂ ਮੌਕੇ 'ਤੇ ਪਹੁੰਚੇ ਤਾਂ ਦੇਖਿਆ ਕਿ ਤੂੜੀ ਦੀਆਂ ਪੰਜ ਟਰਾਲੀਆਂ ਸੜ ਕੇ ਸਵਾਹ ਹੋ ਚੁੱਕੀਆਂ ਸਨ, ਜਿਸ ਕਾਰਨ ਉਸ ਦਾ ਤਕਰੀਬਨ 25 ਤੋਂ 30 ਹਜਾਰ ਰੁਪਏ ਦਾ ਨੁਕਸਾਨ ਹੋ ਗਿਆ ਹੈ। ਉਹਨਾਂ ਦੱਸਿਆ ਕਿ ਇਸ ਅੱਗ ਲੱਗਣ ਦੇ ਕਾਰਨ ਬਾਰੇ ਪਤਾ ਨਹੀਂ ਚੱਲਿਆ ਪਰੰਤੂ ਉਸਦਾ ਕਾਫੀ ਨੁਕਸਾਨ ਹੋ ਗਿਆ ਹੈ। ਦੱਸਣਯੋਗ ਹੈ ਕਿ ਇਸ ਵੇਲੇ ਤੂੜੀ 1000 ਰੁਪਏ ਤੋਂ ਉੱਪਰ ਵਿਕ ਰਹੀ ਹੈ, ਜਿਸ ਕਾਰਨ ਪਸ਼ੂ ਪਾਲਕਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

## ਸਨੈਚਿੰਗ ਦੇ ਮਾਮਲੇ 'ਚੋਂ ਬਰੀ

ਪਟਿਆਲਾ, 27 ਮਈ (ਵਿਨੋਦ ਸ਼ਰਮਾ) : ਸਨੈਚਿੰਗ ਦੇ ਮਾਮਲੇ ਵਿੱਚੋਂ ਅਦਾਲਤ ਨੇ ਇੱਕ ਵਿਅਕਤੀ ਪਰਵਿੰਦਰ ਸਿੰਘ ਵਾਸੀ ਪਾਤੜਾਂ ਨੂੰ ਬਚਾਅਪੱਖ ਦੇ ਸੀਨੀਅਰ ਵਕੀਲ ਹਰਮਿੰਦਰ ਸਿੰਘ ਸ਼ੈਂਟੀ ਅਤੇ ਅਮਨਜੋਤ ਕੌਰ ਦੀਆਂ ਦਲੀਲਾਂ ਮੰਨਦਿਆਂ ਬਰੀ ਕਰ ਦਿੱਤਾ ਹੈ। ਪੁਲਿਸ ਨੇ ਗੁਰਵਿੰਦਰ ਸਿੰਘ ਦੀ ਸ਼ਿਕਾਇਤ 'ਤੇ ਥਾਣਾ ਸਿਟੀ ਸਮਾਣਾ ਵਿਖੇ ਸਾਲ 2018 ਵਿੱਚ ਮਾਮਲਾ ਦਰਜ ਕੀਤਾ ਸੀ।ਸ਼ਿਕਾਇਤਕਰਤਾ ਨੇ ਕਥਿਤ ਦੋਸ਼ ਲਗਾਇਆ ਸੀ ਕਿ ਉਕਤ ਵਿਅਕਤੀ ਜੋ ਕਿ ਉਸ ਦੀ ਦਾਦੀ ਦਾ ਕੁਝ ਸਮਾਨ ਕਥਿਤ ਤੌਰ 'ਤੇ ਸਨੈਚਿੰਗ ਕਰਕੇ ਲੈ ਗਿਆ ਸੀ।ਮਾਮਲਾ ਸਾਬਤ ਨਾ ਹੋਣ 'ਤੇ ਉਕਤ ਵਿਅਕਤੀ ਨੂੰ ਬਰੀ ਕਰ ਦਿੱਤਾ।

## ਸੜਕ ਹਾਦਸੇ ਦੌਰਾਨ ਦੋ ਭੈਣਾਂ ਦੇ ਇਕੱਲੇ ਭਰਾ ਦੀ ਇਟਲੀ 'ਚ ਮੌਤ

ਸਮਾਣਾ, 27 ਮਈ (ਵਿਜੇ ਕੁਮਾਰ) : ਹਲਕਾ ਸਮਾਣਾ ਦੇ ਪਿੰਡ ਲਲੋਛੀ ਦੇ ਤੇਜਿੰਦਰ ਸਿੰਘ (25) ਨੌਜਵਾਨ ਦੀ ਇਟਲੀ 'ਚ ਇੱਕ ਸੜਕ ਹਾਦਸੇ ਦੌਰਾਨ ਮੌਤ ਹੋ ਗਈ। ਇਸ ਘਟਨਾ ਦੀ ਸੂਚਨਾ ਤੇਜਿੰਦਰ ਸਿੰਘ ਦੇ ਕਿਸੇ ਰਿਸ਼ਤੇਦਾਰ ਨੇ ਉਸਦੇ ਪਰਿਵਾਰ ਨੂੰ ਦਿੱਤੀ। ਮ੍ਰਿਤਕ ਤੇਜਿੰਦਰ ਸਿੰਘ ਦੇ ਪਿਤਾ ਰੋਸ਼ਨ ਸਿੰਘ ਨੇ ਜਾਣਕਾਰੀ ਦਿੱਤੀ ਕਿ ਉਹਨਾਂ ਦਾ ਪੁੱਤਰ ਤਕਰੀਬਨ ਢਾਈ ਸਾਲ ਪਹਿਲਾਂ ਆਰਥਿਕ ਤੰਗੀ ਕਾਰਨ ਵਰਕ ਪਰਮਿਟ 'ਤੇ ਇਟਲੀ ਗਿਆ ਸੀ। ਜੋ ਇਟਲੀ ਦੇ ਸ਼ਹਿਰ ਬਰੋਨਾ ਵਿਖੇ ਰਹਿੰਦਾ ਸੀ, ਜੋ ਕੁਝ ਦਿਨ ਪਹਿਲਾਂ ਪੀਆਰ ਹੋ ਗਿਆ ਸੀ। ਉਹਨਾਂ ਜਾਣਕਾਰੀ ਦਿੱਤੀ ਕਿ 25 ਮਈ ਨੂੰ ਤਜਿੰਦਰ ਸਿੰਘ ਆਪਣੇ ਇੱਕ ਦੋਸਤ ਨਾਲ ਸਾਈਕਲ 'ਤੇ ਸਵਾਰ ਹੋ ਕੇ ਫਾਰਮ ਹਾਊਸ ਵਿੱਚ ਕੰਮ 'ਤੇ ਜਾ ਰਹੇ ਸਨ, ਤਾਂ ਉਸ ਵਕਤ ਇਹਨਾਂ ਦਾ ਸਾਈਕਲ ਕਿਸੇ ਕਾਰ ਨਾਲ ਟਕਰਾ ਗਿਆ, ਜਿਸ ਕਾਰਨ ਇਹਨਾਂ ਦੋਵਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਤਜਿੰਦਰ ਸਿੰਘ ਦੋ ਭੈਣਾਂ ਦਾ ਇਕੱਲਾ ਭਰਾ ਸੀ। ਰੋਸ਼ਨ ਸਿੰਘ ਨੇ ਕੇਂਦਰ ਅਤੇ ਪੰਜਾਬ ਸਰਕਾਰ ਨੂੰ ਬੇਨਤੀ ਕੀਤੀ ਹੈ ਕਿ ਉਸ ਦੇ ਪੁੱਤਰ ਦੀ ਲਾਸ਼ ਨੂੰ ਭਾਰਤ ਲੈ ਕੇ ਆਉਣ ਲਈ ਸਾਡੀ ਮਦਦ ਕੀਤੀ ਜਾਵੇ।

## ਓਪਨ ਯੂਨੀਵਰਸਿਟੀ 'ਚ ਪੌਦੇ ਲਗਾਏ

ਪਟਿਆਲਾ, 27 ਮਈ (ਚ.ਨ.ਸ) : ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਦੇ ਸਮਾਜ ਸ਼ਾਸਤਰ ਵਿਭਾਗ ਵੱਲੋਂ CIQA ਦੇ ਸਹਿਯੋਗ ਨਾਲ ਐਨਈਪੀ ਸਾਰਥੀ ਪਹਿਲ ਹੇਠ ਇੱਕ ਪੌਧਾਰੋਪਣ ਅਤੇ ਬੀਜ ਵੰਡ ਪ੍ਰੋਗ੍ਰਾਮ ਆਯੋਜਿਤ ਕੀਤਾ ਗਿਆ। ਇਸ ਪ੍ਰੋਗ੍ਰਾਮ ਦਾ ਮਕਸਦ ਵਾਤਾਵਰਨ ਜਾਗਰੂਕਤਾ ਅਤੇ ਸਮੁਦਾਇਕ ਭਾਗੀਦਾਰੀ ਨੂੰ ਵਧਾਉਣਾ ਸੀ। ਇਸ ਮੌਕੇ 'ਤੇ ਵੱਖ-ਵੱਖ ਥਾਵਾਂ 'ਤੇ ਪੌਦੇ ਲਗਾਏ ਗਏ ਅਤੇ ਭਾਗੀਦਾਰਾਂ ਨੂੰ ਬੀਜ ਵੰਡੇ ਗਏ ਤਾਂ ਜੋ ਘਰ ਪੱਧਰ 'ਤੇ ਵੀ ਵਾਤਾਵਰਨ ਸੰਭਾਲ ਨੂੰ ਉਤਸ਼ਾਹ ਮਿਲੇ। ਇਹ ਪ੍ਰੋਗ੍ਰਾਮ ਸਹਰ - ਸੀਡਜ਼ ਆਫ ਹੋਪ ਦੇ ਸਹਿਯੋਗ ਨਾਲ ਕੀਤਾ ਗਿਆ, ਜੋ ਨੌਜਵਾਨ ਵਾਤਾਵਰਣ ਪ੍ਰੇਮੀ ਪ੍ਰਭਸੀਰਤ ਕੌਰ ਵੱਲੋਂ ਚਲਾਇਆ ਜਾ ਰਿਹਾ ਇੱਕ



ਉਪਰਾਲਾ ਹੈ। ਮਾਨਯੋਗ ਵਾਈਸ ਚਾਂਸਲਰ ਪ੍ਰੋ. ਰਤਨ ਸਿੰਘ ਨੇ ਇਸ ਪਹਿਲ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਅਜਿਹੇ ਪ੍ਰੋਗ੍ਰਾਮ ਵਾਤਾਵਰਨ ਜਾਗਰੂਕਤਾ ਵਧਾਉਣ ਵਿੱਚ ਅਤੇ ... ਮਹੱਤਵਪੂਰਨ ਹਨ। ਰਜਿਸਟਰਾਰ ਬਲਜੀਤ ਸਿੰਘ ਖੇਹਰਾ ਨੇ ਵੀ ਵਾਤਾਵਰਨ ਸੰਭਾਲ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਡਾ. ਕੁਲਦੀਪ ਵਾਲੀਆ, ਡਾਇਰੈਕਟਰ CIQA, ਨੇ ਵੀ ਇਸ ਉਪਰਾਲੇ ਦੀ ਸਰਾਹਨਾ ਕੀਤੀ ਅਤੇ ਸੰਸਥਾਵਾਂ ਵਿੱਚ ਟਿਕਾਊ ਵਿਕਾਸ ਦੀ ਲੋੜ 'ਤੇ ਚਰਚਾ ਕੀਤੀ। ਇਹ ਪ੍ਰੋਗ੍ਰਾਮ ਡਾ. ਸ਼ੇਫਾਲੀ ਬੇਦੀ (ਐਨਈਪੀ ਸਾਰਥੀ ਕੋਆਰਡੀਨੇਟਰ) ਅਤੇ ਡਾ. ਕਰਣ ਸੁਖੀਜਾ (ਮੁਖੀ, ਯੋਜਨਾ ਅਤੇ ਨਿਗਰਾਨੀ ਸੈੱਲ) ਦੀ ਅਗਵਾਈ ਹੇਠ ਸਫਲਤਾਪੂਰਵਕ ਕਰਵਾਇਆ ਗਿਆ। ਡਾ. ਧਰਮਿੰਦਰ, ਡਾ. ਸੁਖਦੇਵ, ਹਰਪ੍ਰੀਤ ਸਿੰਘ ਅਤੇ ਸੁਖਪ੍ਰੀਤ ਕੌਰ ਵੀ ਇਸ ਮੌਕੇ 'ਤੇ ਮੌਜੂਦ ਸਨ।

## ਭਲਕੇ ਸਖ਼ਤ ਸੁਰੱਖਿਆ ਪ੍ਰਬੰਧਾਂ ਹੇਠ ਹੋਵੇਗੀ ਨਗਰ ਕੌਂਸਲਾਂ ਤੇ ਨਗਰ ਪੰਚਾਇਤਾਂ ਦੀਆਂ ਵੋਟਾਂ ਦੀ ਗਿਣਤੀ: ਡੀ.ਸੀ.

ਮਲੇਰਕੋਟਲਾ, 27 ਮਈ (ਬਲਜੀਤ ਸਿੰਘ ਟਿੱਬਾ): ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਿਰਾਜ ਐਸ. ਤਿੜਕੇ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਵਿੱਚ ਨਗਰ ਕੌਂਸਲ ਮਾਲੇਰਕੋਟਲਾ, ਨਗਰ ਕੌਂਸਲ ਅਹਿਮਦਗੜ੍ਹ ਅਤੇ ਨਗਰ ਪੰਚਾਇਤ ਅਮਰਗੜ੍ਹ ਦੀਆਂ ਚੋਣਾਂ ਅਮਨ-ਅਮਾਨ ਅਤੇ ਪਾਰਦਰਸ਼ੀ ਢੰਗ ਨਾਲ ਸੰਪੰਨ ਹੋ ਚੁੱਕੀਆਂ ਹਨ। ਉਨ੍ਹਾਂ ਕਿਹਾ ਕਿ ਹੁਣ 29 ਮਈ 2026 ਨੂੰ ਹੋਣ ਵਾਲੀ ਵੋਟਾਂ ਦੀ ਗਿਣਤੀ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਾਰੇ ਲੋੜੀਂਦੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਕੁੱਲ ਤਿੰਨ ਕਾਊਂਟਿੰਗ ਸੈਂਟਰ ਸਥਾਪਤ ਕੀਤੇ ਗਏ ਹਨ, ਜਿੱਥੇ ਵੋਟਾਂ ਦੀ ਗਿਣਤੀ ਸਵੇਰੇ 8 ਵਜੇ ਤੋਂ ਸ਼ੁਰੂ ਹੋਵੇਗੀ। ਉਨ੍ਹਾਂ ਦੱਸਿਆ ਕਿ ਨਗਰ ਕੌਂਸਲ ਮਾਲੇਰਕੋਟਲਾ ਦੀ ਵੋਟਾਂ ਦੀ ਗਿਣਤੀ ਸਥਾਨਕ ਸਰਕਾਰੀ ਕਾਲਜ ਮਾਲੇਰਕੋਟਲਾ ਵਿਖੇ, ਨਗਰ ਕੌਂਸਲ ਅਹਿਮਦਗੜ੍ਹ ਦੀ ਗਿਣਤੀ ਗਾਂਧੀ ਸਕੂਲ ਅਹਿਮਦਗੜ੍ਹ ਵਿਖੇ ਅਤੇ ਨਗਰ ਪੰਚਾਇਤ ਅਮਰਗੜ੍ਹ ਦੀ ਗਿਣਤੀ ਸਰਕਾਰੀ ਕਾਲਜ ਅਮਰਗੜ੍ਹ ਵਿਖੇ ਸਖ਼ਤ ਸੁਰੱਖਿਆ ਪ੍ਰਬੰਧਾਂ ਹੇਠ ਕਰਵਾਈ ਜਾਵੇਗੀ।



ਉਨ੍ਹਾਂ ਕਿਹਾ ਕਿ ਵੋਟਾਂ ਦੀ ਗਿਣਤੀ ਵਾਲੇ ਦਿਨ ਉਮੀਦਵਾਰਾਂ, ਉਨ੍ਹਾਂ ਦੇ ਗਿਣਤੀ ਏਜੰਟਾਂ, ਰਿਟਰਨਿੰਗ ਅਫ਼ਸਰਾਂ ਅਤੇ ਸਬੰਧਤ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਸਟਰਾਂਗ ਰੂਮ ਖੋਲ੍ਹੇ ਜਾਣਗੇ ਅਤੇ ਪੂਰੀ ਪ੍ਰਕਿਰਿਆ ਪਾਰਦਰਸ਼ੀ ਢੰਗ ਨਾਲ ਨੇਪਰੇ ਚੜ੍ਹਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਕਾਊਂਟਿੰਗ ਸੈਂਟਰਾਂ ਦੇ ਆਲੇ-ਦੁਆਲੇ ਪੁਲਿਸ ਵੱਲੋਂ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ ਅਤੇ ਬਿਨਾਂ ਅਧਿਕਾਰ ਪੱਤਰ ਕਿਸੇ ਵੀ ਵਿਅਕਤੀ ਨੂੰ ਦਾਖ਼ਲ ਹੋਣ ਦੀ ਇਜਾਜ਼ਤ ਨਹੀਂ ਹੋਵੇਗੀ। ਡਿਪਟੀ ਕਮਿਸ਼ਨਰ ਨੇ ਇਹ ਵੀ ਦੱਸਿਆ ਕਿ ਰਿਟਰਨਿੰਗ ਅਫ਼ਸਰਾਂ ਦੀ ਦੇਖ-ਰੇਖ ਹੇਠ ਕਾਊਂਟਿੰਗ ਸਟਾਫ਼ ਦੀ ਵਿਸ਼ੇਸ਼ ਰਿਹਰਸਲ ਕਰਵਾਈ ਜਾ ਚੁੱਕੀ ਹੈ ਤਾਂ ਜੋ ਗਿਣਤੀ ਪ੍ਰਕਿਰਿਆ ਸੁਚੱਜੇ ਢੰਗ ਨਾਲ ਸੰਪੰਨ ਹੋ ਸਕੇ। ਉਨ੍ਹਾਂ ਸਾਰੇ ਉਮੀਦਵਾਰਾਂ ਅਤੇ ਉਨ੍ਹਾਂ ਦੇ ਸਮਰਥਕਾਂ ਨੂੰ ਅਪੀਲ ਕੀਤੀ ਕਿ ਨਤੀਜਿਆਂ ਦੌਰਾਨ ਸ਼ਾਂਤੀ, ਸਹਿਯੋਗ ਅਤੇ ਭਾਈਚਾਰਕ ਸਾਂਝ ਬਣਾਈ ਰੱਖਦਿਆਂ ਲੋਕਤੰਤਰਕ ਪ੍ਰਕਿਰਿਆ ਦਾ ਸਤਿਕਾਰ ਕੀਤਾ ਜਾਵੇ।

## ਡੈਡੀਕੇਟਿਡ ਬ੍ਰਦਰਜ਼ ਗਰੁੱਪ ਵੱਲੋਂ ਤ੍ਰਿਪੜੀ ਸਕੂਲ ਦੀਆਂ ਹੋਣਹਾਰ ਵਿਦਿਆਰਥਣਾਂ ਦਾ ਡੀ.ਬੀ.ਜੀ. ਸਕਾਲਰਸ਼ਿਪ ਨਾਲ ਸਨਮਾਨ




ਪਟਿਆਲਾ, 27 ਮਈ (ਚ.ਨ.ਸ) : ਡੈਡੀਕੇਟਿਡ ਬ੍ਰਦਰਜ਼ ਗਰੁੱਪ ਰਜਿਸਟਰਡ ਪੰਜਾਬ ਪਟਿਆਲਾ ਦੇ ਸੰਸਥਾਪਕ ਪ੍ਰਧਾਨ ਡਾ.ਰਾਕੇਸ਼ ਵਰਮੀ ਦੀ ਸਰਪ੍ਰਸਤੀ ਹੇਠ ਪੀ ਐਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਤ੍ਰਿਪੜੀ ਵਿਖੇ 10+1 ਦੀਆਂ ਵਿਦਿਆਰਥਣਾਂ ਨੂੰ ਸਨਮਾਨਿਤ ਕੀਤਾ। ਮੰਚ ਦਾ ਬਾਖੂਬੀ ਸੰਚਾਲਨ ਸੀਨੀਅਰ ਲੈਕਚਰਾਰ ਮੈਡਮ ਰਜਨੀ ਭਾਰਗਵ ਨੇ ਕੀਤਾ। ਉਨ੍ਹਾਂ ਦੱਸਿਆ 10ਵੀ ਕਲਾਸ ਦੀਆਂ ਬੋਰਡ ਦੀਆਂ ਪ੍ਰੀਖਿਆ ਵਿੱਚ ਮੈਰਿਟ ਪ੍ਰਾਪਤ ਕਰਨ ਵਾਲੀਆ ਵਿਦਿਆਰਥਣਾਂ ਨੂੰ ਡੀ.ਬੀ.ਜੀ ਸਕਾਲਰਸ਼ਿਪ ਨਾਲ ਡੈਡੀਕੇਟਿਡ ਬ੍ਰਦਰਜ਼ ਗਰੁੱਪ ਦੀ ਸਮੁੱਚੀ ਟੀਮ ਦੁਆਰਾ ਸਨਮਾਨਿਤ ਕੀਤਾ ਗਿਆ। ਸਕੂਲ ਦੇ ਪ੍ਰਿੰਸੀਪਲ ਸੰਦੀਪ ਕੁਮਾਰ ਦੀ ਅਗਵਾਈ ਵਿੱਚ ਕਰਵਾਏ ਗਏ ਇਸ ਸਨਮਾਨ ਸਮਾਰੋਹ ਵਿੱਚ 90% ਤੋਂ ਵੱਧ ਅੰਕ ਲੈਣ ਵਾਲਿਆਂ ਹੋਣਹਾਰ ਵਿਦਿਆਰਥਣਾਂ ਜੀਵਿਕਾ, ਚਾਹਤ, ਇਨਾਇਸ਼ਾ, ਭੂਮਿਕਾ, ਰੁਚਿਕਾ, ਚਰਨਪ੍ਰੀਤ ਕੌਰ, ਮੁਸਕਾਨ, ਸਨੇਹਾ, ਕਾਜਲ, ਸਿਮਰਨ ਕੌਰ ਨੂੰ ਨਕਦ ਰਕਮ ਅਤੇ ਸਟੇਸ਼ਨਰੀ ਦੇ ਕੇ ਸਨਮਾਨਿਤ ਕੀਤਾ ਗਿਆ। ਮੁਹੰਮਦ ਰਮਜਾਨ ਢਿੱਲੋਂ ਪ੍ਰਜੈਕਟ ਇੰਚਾਰਜ, ਸ਼ਵੈਤਾ ਜਿੰਦਲ ਸਮਾਜ ਸੁਧਾਰਕ, ਮੁਹੰਮਦ ਖਾਨ, ਦਮਨਪ੍ਰੀਤ ਕੌਰ ਵਾਇਸ ਪ੍ਰਿੰਸੀਪਲ , ਅਲਪਨਾ ਗੋਇਲ, ਸੁਖਜੀਤ ਕੌਰ, ਅੰਜੂ ਬਾਲਾ, ਕੁਸਮ ਰਾਣੀ ਨੇ ਵੀ ਵਿਦਿਆਰਥਣਾਂ ਦੀ ਹੌਸਲਾ ਅਫਜਾਈ ਕੀਤੀ। ਇਸ ਸਨਮਾਨ ਸਮਾਰੋਹ ਮੌਕੇ ਪ੍ਰਿੰਸੀਪਲ ਸੰਦੀਪ ਕੁਮਾਰ, ਵਾਇਸ ਪ੍ਰਿੰਸੀਪਲ ਦਮਨਪ੍ਰੀਤ ਕੌਰ, ਸੀਨੀਅਰ ਲੈਕਚਰਾਰ ਮੈਡਮ ਰਜਨੀ ਭਾਰਗਵ ਨੇ ਸੰਬੋਧਨ ਕਰਦੇ ਹੋਏ ਕਿਹਾ ਡੈਡੀਕੇਟਿਡ ਬ੍ਰਦਰਜ਼ ਗਰੁੱਪ ਪੰਜਾਬ ਵੱਲੋਂ ਹੋਣਹਾਰ ਵਿਦਿਆਰਥਣਾਂ ਨੂੰ ਦਿੱਤੇ ਗਏ ਸਨਮਾਨ ਸਕੂਲ ਦੇ ਵਿਦਿਆਰਥੀਆਂ ਲਈ ਬਹੁਤ ਲਾਭਦਾਇਕ ਸਾਬਿਤ ਹੋਵੇਗੇ। ਇਸ ਸਨਮਾਨ ਨਾਲ ਵਿਦਿਆਰਥਣਾਂ ਦਾ ਮਨੋਬਲ ਵੀ ਉੱਚਾ ਹੋਇਆ ਹੈ। ਉਨ੍ਹਾਂ ਦੇ ਮਾਪਿਆਂ ਦਾ ਸਿਰ ਵੀ ਫਖਰ ਨਾਲ ਉਠਿਆ ਹੈ ਅਤੇ ਉਨ੍ਹਾਂ ਵੱਲੋਂ ਡੈਡੀਕੇਟਿਡ ਬ੍ਰਦਰਜ਼ ਗਰੁੱਪ ਪੰਜਾਬ ਦੀ ਸਮੁੱਚੀ ਟੀਮ ਦੇ ਇਸ ਪ੍ਰਸ਼ੰਸਾ ਯੋਗ ਕਦਮ ਦੀ ਤਾਰੀਫ ਕਰਦੇ ਹੋਏ ਧੰਨਵਾਦ ਕੀਤਾ ।

## ਈਦ ਉਲ ਅਜ਼ਹਾ ਮੌਕੇ ਸਫਾਈ, ਅਮਨ ਤੇ ਇਨਸਾਨੀਅਤ ਦਾ ਖਾਸ ਧਿਆਨ ਰੱਖਿਆ ਜਾਵੇ : ਮੁਫਤੀ ਅਬਦੁਲ ਮਾਲਿਕ ਕਾਸਮੀ

ਮਲੇਰਕੋਟਲਾ, 27 ਮਈ (ਅਸ਼ਰਫ ਅਨਸਾਰੀ) : ਈਦ ਉਲ ਅਜ਼ਹਾ ਦੇ ਪਵਿੱਤਰ ਤਿਉਹਾਰ ਮੌਕੇ ਮੁਫਤੀ ਅਬਦੁਲ ਮਾਲਿਕ ਕਾਸਮੀ ਨੇ ਸਮੂਹ ਮੁਸਲਿਮ ਭਾਈਚਾਰੇ ਨੂੰ ਅਪੀਲ ਕਰਦਿਆਂ ਕਿਹਾ ਕਿ ਕੁਰਬਾਨੀ ਦੇ ਇਸ ਮੁਕੱਦਸ ਦਿਨਾਂ ਵਿੱਚ ਸਫਾਈ, ਸੁਚੱਜੇ ਪ੍ਰਬੰਧ ਅਤੇ ਆਪਸੀ ਭਾਈਚਾਰੇ ਦਾ ਖਾਸ ਧਿਆਨ ਰੱਖਿਆ ਜਾਵੇ।



ਉਨ੍ਹਾਂ ਕਿਹਾ ਕਿ ਇਸਲਾਮ ਸਾਨੂੰ ਪਾਕੀਜ਼ਗੀ, ਇਨਸਾਨੀਅਤ ਅਤੇ ਦੂਜਿਆਂ ਦੀ ਸਹੂਲਤ ਦਾ ਪਾਠ ਪੜ੍ਹਾਉਂਦਾ ਹੈ, ਇਸ ਲਈ ਹਰ ਵਿਅਕਤੀ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਆਪਣੇ ਆਲੇ-ਦੁਆਲੇ ਦੇ ਮਾਹੌਲ ਨੂੰ ਸਾਫ ਸੁਥਰਾ ਰੱਖੇ। ਉਨ੍ਹਾਂ ਕਿਹਾ ਕਿ ਕੁਰਬਾਨੀ ਕਰਨ ਮੌਕੇ ਜਾਨਵਰਾਂ ਦੀ ਜੋ ਵੀ ਵੇਸਟੇਜ ਜਾਂ ਬਚਿਆ ਹੋਇਆ ਸਮਾਨ ਹੋਵੇ, ਉਸ ਨੂੰ ਸੜਕਾਂ, ਗਲੀਆਂ ਜਾਂ ਖੁੱਲ੍ਹੀਆਂ ਥਾਵਾਂ 'ਤੇ ਨਾ ਸੁੱਟਿਆ ਜਾਵੇ। ਅਜਿਹਾ ਕਰਨ ਨਾਲ ਨਾ ਸਿਰਫ ਗੰਦਗੀ ਫੈਲਦੀ ਹੈ, ਸਗੋਂ ਆਉਣ-ਜਾਣ ਵਾਲੇ ਲੋਕਾਂ ਨੂੰ ਵੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਬਿਮਾਰੀਆਂ ਫੈਲਣ ਦਾ ਖਤਰਾ ਵੀ ਬਣਿਆ ਰਹਿੰਦਾ ਹੈ। ਮੁਫਤੀ ਸਾਹਿਬ ਨੇ ਕਿਹਾ ਕਿ ਕੁਰਬਾਨੀ ਵਾਲੀ ਥਾਂ ਨੂੰ ਤੁਰੰਤ ਸਾਫ ਕੀਤਾ ਜਾਵੇ ਅਤੇ ਨਗਰ ਕੌਂਸਲ ਵੱਲੋਂ ਜਾਰੀ ਕੀਤੇ ਨਿਯਮਾਂ ਦੀ ਪਾਲਣਾ ਕੀਤੀ ਜਾਵੇ। ਉਨ੍ਹਾਂ ਲੋਕਾਂ ਨੂੰ ਪਲਾਸਟਿਕ ਦੇ ਥੈਲਿਆਂ ਜਾਂ ਢੱਕੇ ਹੋਏ ਡੱਬਿਆਂ ਵਿੱਚ ਵੇਸਟੇਜ ਇਕੱਠੀ ਕਰਕੇ ਨਿਰਧਾਰਿਤ ਥਾਵਾਂ 'ਤੇ ਹੀ ਸੁੱਟਣ ਦੀ ਅਪੀਲ ਕੀਤੀ। ਅੰਤ ਵਿੱਚ ਉਨ੍ਹਾਂ ਸਮੂਹ ਸ਼ਹਿਰ ਵਾਸੀਆਂ ਨੂੰ ਈਦ ਉਲ ਅਜ਼ਹਾ ਦੀਆਂ ਮੁਬਾਰਕਾਂ ਦਿੰਦਿਆਂ ਕਿਹਾ ਕਿ ਸਭ ਮਿਲਜੁਲ ਕੇ ਤਿਉਹਾਰ ਨੂੰ ਪਿਆਰ, ਅਮਨ ਅਤੇ ਸਾਫ ਸੁਥਰੇ ਮਾਹੌਲ ਵਿੱਚ ਮਨਾਉਣ।

## ਸਵਾਮੀ ਬ੍ਰਹਮਦੇਵ ਜੀ ਅਤੇ ਨਿਜਾਨੰਦ ਜੀ ਦਾ ਸਮਾਣਾ ਪਹੁੰਚਣ 'ਤੇ ਨਿੱਘਾ ਸਵਾਗਤ

ਸਮਾਣਾ, 27 ਮਈ (ਵਿਜੇ ਕੁਮਾਰ) : ਸਵਾਮੀ ਬ੍ਰਹਮਦੇਵ ਜੀ ਮਹਾਰਾਜ ਨੂੰ ਪਦਮ ਸ੍ਰੀ ਐਵਾਰਡ ਮਿਲਣ ਉਪਰਾਂਤ ਸਮਾਣਾ ਵਿਖੇ ਪਹੁੰਚੇ। ਇਸ ਮੌਕੇ ਉਹਨਾਂ ਨਾਲ ਸੁਆਮੀ ਨਿਜਾਨੰਦ ਜੀ ਵੀ ਮੌਜੂਦ ਸਨ। ਸਮਾਣਾ ਪਹੁੰਚਣ 'ਤੇ ਸ੍ਰੀ ਜਗਦੰਬਾ ਆਸ਼ਰਮ ਕਮੇਟੀ ਅਤੇ ਸਮੂਹ ਸੰਗਤਾਂ ਵੱਲੋਂ ਬਾਬਾ ਬੰਦਾ ਸਿੰਘ ਬਹਾਦਰ ਚੌਂਕ ਵਿੱਚ ਉਨਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਸੰਗਤਾਂ ਨੂੰ ਸੰਬੋਧਨ ਕਰਦਿਆਂ ਸਵਾਮੀ ਬ੍ਰਹਮਦੇਵ ਜੀ ਨੇ ਦੱਸਿਆ ਕਿ ਉਕਤ ਐਵਾਰਡ ਉਹਨਾਂ ਨੂੰ ਕੋਈ ਦਰਖਾਸਤ ਜਾ ਸਿਫਾਰਸ 'ਤੇ ਨਹੀਂ ਸਗੋਂ ਕੇਂਦਰ ਸਰਕਾਰ ਵੱਲੋਂ ਆਪਣੀ ਇੱਛਾ ਅਨੁਸਾਰ ਦਿੱਤਾ ਗਿਆ ਹੈ। ਉਹਨਾਂ ਦੱਸਿਆ ਕਿ ਪਿਤਾ ਦੀ ਪਹਿਚਾਣ ਪੁੱਤਰਾਂ ਨਾਲ ਤੇ ਪੁੱਤਰਾਂ ਦੀ ਪਹਿਚਾਣ ਪਿਤਾ ਨਾਲ ਬਣਦੀ ਹੈ, ਪੁੱਤਰਾਂ ਨੂੰ ਚੰਗਾ ਪਿਤਾ ਮਿਲਣਾ ਸਨਮਾਨ ਬਰਾਬਰ ਹੈ। ਉਹਨਾਂ ਪ੍ਰਧਾਨ ਮੰਤਰੀ ਜੀ ਵੱਲੋਂ ਆਸ਼ਰਮ ਅੰਦਰ



ਚਲਾਏ ਜਾ ਰਹੇ ਅੰਧ ਵਿਸ਼ਵ ਵਿਦਿਆਲਿਆ, ਸਕੂਲ, ਕਾਲਜ, ਹਸਪਤਾਲ ਬਾਰੇ ਪੁੱਛੇ ਜਾਣ 'ਤੇ ਸਵਾਮੀ ਜੀ ਨੇ ਜਵਾਬ ਵਿੱਚ ਪ੍ਰਧਾਨ ਮੰਤਰੀ ਦਾ ਉਕਤ ਸੇਵਾਵਾਂ ਦੀ ਪਹਿਚਾਣ ਕਰਨ 'ਤੇ ਧੰਨਵਾਦ ਕੀਤਾ ਤੇ ਦੱਸਿਆ ਕਿ ਪਹਿਚਾਣ ਐਵੇਂ ਨਹੀਂ ਬਣਦੀ ਬਣਾਉਣੀ ਪੈਂਦੀ ਹੈ। ਉਹਨਾਂ ਸੰਗਤਾਂ ਨਾਲ ਪਦਮ ਸ੍ਰੀ ਐਵਾਰਡ ਮਿਲਣ ਦੇ ਸਾਰੇ ਅਨੁਭਵ ਸਾਂਝੇ ਕੀਤੇ। ਅੰਤ 'ਚ ਸਾਰਿਆਂ ਨੂੰ ਅਸ਼ੀਰਵਾਦ ਦੇ ਰੂਪ ਵਿੱਚ ਪ੍ਰਸ਼ਾਦ ਵੰਡਿਆ। ਇਸ ਮੌਕੇ ਸਮਾਣਾ ਸ਼ਹਿਰ ਵੱਲੋਂ ਸਵਾਮੀ ਬ੍ਰਹਮਦੇਵ ਜੀ ਅਤੇ ਸਵਾਮੀ ਨਿਜਾਨੰਦ ਜੀ ਨੂੰ ਸਰਪ੍ਰਸਤ ਰਮੇਸ਼ ਗਰਗ ਤੇ ਕਪੂਰ ਚੰਦ ਬਾਂਸਲ ਵੱਲੋਂ ਸ਼ਾਲ ਭੇਟ ਕੀਤੀ ਗਈ। ਇਸ ਮੌਕੇ ਸੰਸਥਾ ਪ੍ਰਧਾਨ ਰਜਿੰਦਰ ਜੱਜੀ, ਹਰਿੰਦਰ ਭਟੇਜਾ, ਸੁਰਿੰਦਰ ਕੁਮਾਰ, ਸ਼ਸ਼ੀ ਭੂਸ਼ਣ ਸਿੰਗਲਾ, ਹੇਮਰਾਜ, ਵਿਨੋਦ ਕੁਮਾਰ ਮਿੱਤਲ, ਵਿਨੋਦ ਬਾਂਸਲ, ਨਰੇਸ਼ ਕੁਮਾਰ, ਧਰਮਪਾਲ (ਬਿੱਟੂ), ਰਜਿੰਦਰ ਬਾਂਸਲ (ਪੱਪੂ), ਅਰੁਣ ਗੁਪਤਾ (ਕਾਕਾ), ਕੇਵਲ ਕ੍ਰਿਸ਼ਨ,ਪੱਪੀ ਵੂਲ ਸਟੋਰ, ਰਕੇਸ਼ ਕੁਮਾਰ, ਮਾਸਟਰ ਕ੍ਰਿਸ਼ਨ ਕੁਮਾਰ, ਸੁਭਾਸ਼ ਚੰਦਰ,ਦਿਆਲ ਚੰਦ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

## ਰਾਸ਼ਟਰੀ ਕਾਵਿ ਸਾਗਰ ਨੇ ਮਾਂ ਦਿਵਸ ਨੂੰ ਸਮਰਪਿਤ ਗੋਸ਼ਠੀ ਕਰਵਾਈ

ਪਟਿਆਲਾ, 27 ਮਈ (ਚ.ਨ.ਸ) : ਰਾਸ਼ਟਰੀ ਕਾਵਿ ਸਾਗਰ ਨੇ ਮਾਂ ਦਿਵਸ ਨੂੰ ਸਮਰਪਿਤ ਕਵੀ ਗੋਸ਼ਠੀ ਕਰਵਾਈ ਜਿਸ ਵਿਚ ਦੇਸ਼ ਵਿਦੇਸ਼ ਤੋਂ ਕੁਲ 29 ਕਵੀਆਂ ਨੇ ਭਾਗ ਲਿਆ। ਇਹ ਇੱਕ ਨਵੇਕਲੇ ਕਿਸਮ ਦਾ ਕਵੀ ਦਰਬਾਰ ਸੀ ,ਜਿਸ ਵਿਚ ਅੱਜ ਕਲ ਦੀਆਂ ਓਹਨਾਂ ਮਾਵਾਂ ਦੀ ਵੀ ਗੱਲ ਕੀਤੀ ਗਈ ,ਜੋ ਬੱਚਿਆਂ ਨੂੰ ਪੜ੍ਹਾ ਲਿਖਾ ਕੇ ਪੈਰਾਂ 'ਤੇ ਖੜਾ ਕਰਨ ਤੋਂ ਬਾਅਦ ਸੁਣਦੇ ਨੇ, 'ਅਗਰ ਪੜਾਇਆ ਤਾਂ ਕੋਈ ਅਹਿਸਾਨ ਨਹੀਂ ਕੀਤਾ, ਇਹ ਤੁਹਾਡਾ ਫ਼ਰਜ਼ ਸੀ,ਨਹੀਂ ਜਨਮ ਕਿਉਂ ਦਿੱਤਾ'। ਇਹੋ ਜਿਹੇ ਲਫ਼ਜ਼ ਸੁਣ ਕੇ ਮਾਪਿਆਂ ਨੂੰ ਲਗਦਾ ਹੈ ਕੋਈ ਸੁਪਨਾ ਤੇ ਨਹੀਂ ਦੇਖ ਰਹੇ। ਅੱਜ ਦੇ ਮਾਹੌਲ ਵਿਚ ਬਿਰਧ ਆਸ਼ਰਮ ਦਾ ਖੁੱਲਣਾ , ਕੀ ਮਾਪਿਆਂ ਲਈ ਇਕ ਅਭਿਸ਼ਾਪ ਵਾਂਗੂੰ ਨਹੀਂ ਲਗਦਾ? ਪਰ ਬਜ਼ੁਰਗ ਇਸ ਨੂੰ ਆਪਣੀ ਕਿਸਮਤ ਤੇ ਬੱਚਿਆਂ ਦੀ ਜ਼ਿੰਦਗੀ ਬਨਾਉਣ ਲਈ ਕੁਰਬਾਨੀ ਸਮਝ, ਚੁੱਪ



ਰਹਿ ਜਾਂਦੇ ਨੇ। ਪਰੋਗਰਾਮ ਦੇ ਸ਼ੁਰੂ ਵਿਚ, ਸਭਾ ਦੀ ਪ੍ਰਧਾਨ ਆਸ਼ਾ ਸ਼ਰਮਾ ਨੇ ਮਾਂ ਦੇ ਮਹੱਤਵ ਬਾਰੇ ਦਸਦੇ, ਮਾਂ ਲਈ ਸ਼ੇਅਰ ਬੋਲ ਕੇ ਪ੍ਰੋਗਰਾਮ ਦਾ ਆਗਾਜ਼ ਕੀਤਾ । ਆਸ਼ਾ ਨੇ ਕਿਹਾ ਜਿਸ ਘਰ ਵਿਚ ਮਾਂ ਬਾਪ ਦਾ ਅਸ਼ੀਰਵਾਦ ਨਹੀਂ, ਜਿਸ ਘਰ ਵਿਚ ਮਾਂ ਬਾਪ ਦੀ ਕਦਰ ਨਹੀਂ ,ਉਹ ਘਰ-ਘਰ ਨਹੀਂ ਇਕ ਸਰਾਂ ਹੈ ,ਜਿਸ ਵਿਚ ਲੋਕ ਮਿਲਦੇ ਨੇ , ਰੋਟੀ ਖਾਂਦੇ ਨੇ ਤੇ ਸੌ ਜਾਂਦੇ ਨੇ । ਸ਼੍ਰੀਮਤੀ ਪ੍ਰਿਆ ਗੋਗੀਆ ਨੇ ਬਾਖੂਬੀ ਮੰਚ ਸੰਚਾਲਨ ਕੀਤਾ ਤੇ ਸਭ ਦੀ ਵਾਹ ਵਾਹ ਖੱਟੀ ।ਕਵਿਤਾ ਪਾਠ ਵਿੱਚ ਕਈ ਕਿਸਮ ਦੇ ਮਸਲੇ ਸਾਹਮਣੇ ਆਏ । ਮਾਂ ਬਾਪ ਨੂੰ ਛਡ ਵਿਦੇਸ਼ੀ ਹੋਈ ਔਲਾਦ, ਜਦੋਂ ਫ਼ਖ਼ਰ ਨਾਲ ਕਹਿੰਦੀ ਹੈ ਅਸੀਂ ਓਸ ਦੇਸ਼ ਦੇ ਬਾਸ਼ਿੰਦੇ ਹੋ ਗਏ ਹਾਂ ,ਸਾਨੂੰ ਇਸ ਦੇਸ਼ ਤੋਂ ਚਿੱਠੀ ਮਿਲ ਚੁੱਕੀ ਹੈ ,ਓਸ ਵਕਤ ਮਾਂ ਦੀ ਕੀ ਹਾਲਤ ਹੁੰਦੀ ਹੋਵੇਗੀ !ਮੁੜ ਸਾਂਝੇ ਪਰਿਵਾਰਾਂ ਦੀ ਲੋੜ ਮਹਿਸੂਸ ਹੋਈ । ਇਸ ਪ੍ਰੋਗਰਾਮ ਵਿਚ ਆਸ਼ਾ ਸ਼ਰਮਾ ਪਟਿਆਲਾ ਪੰਜਾਬ, ਪ੍ਰਿਆ ਗੋਗੀਆ ਬੰਬੇ ਤੋਂ, ਸਨੇਹ ਵਿਜ ਦਿੱਲੀ ਤੋਂ, ਡਾ. ਸੁਦੇਸ਼ ਚੁੱਘ ਛੱਤੀਸਗੜ੍ਹ ਤੋਂ, ਪਰਕਾਸ਼ ਕੌਰ ਨਿਊ ਯੌਰਕ ਤੋਂ, ਜਾਗ੍ਰਿਤੀ ਗੌੜ ਪਟਿਆਲਾ ਤੋਂ ,ਇੰਦੂ ਪੌਲ ਝੱਜਰ ਤੋਂ ,ਮਨਜੀਤ ਅਜ਼ਾਦ, ਕਨੀਜ਼ ਮਨਜ਼ੂਰ ,ਪਰਵੀਨ ਸਿੱਧੂ ਗੁਰਦਾਸਪੁਰ,ਸੁਖਦੇਵ ਸਿੰਘ ਫਗਵਾੜਾ ਤੋਂ, ਮਨਪ੍ਰੀਤ ਮੱਟੂ ਅੰਮ੍ਰਿਤਸਰ ਤੋਂ, ਡਾ. ਰਵਿੰਦਰ ਭਾਟੀਆ ਅਲਿਪੁਰ ਤੋਂ, ਨਿਸ਼ਾ ਮਲਹੋਤਰਾ ਮੋਹਾਲੀ ਤੋਂ ,ਅਮਰਜੀਤ ਸਿੱਧੂ ਦਿਲੀ ਤੋਂ, ਸੁਨੀਤ ਮਦਾਨ ਮੋਹਾਲੀ ਤੋਂ , ਡਾ. ਵੀਨਾ ਮੱਸੂਣ ਪੰਚ ਕੂਲਾ ਤੋਂ, ਕੁਲਵਿੰਦਰ ਸਿੰਘ ਗਾਖਲ ,ਇੰਦਰਜੀਤ ਸਿੰਘ ਬਠਿੰਡਾ ਤੋਂ, ਪੌਲੀ ਬਰਾੜ ਅਮਰੀਕਾ ਤੋਂ , ਮਾਈਕਲ ਚਿਤਵਾਨੀ , ਅਸ਼ੋਕ ਭੰਡਾਰੀ ਧੂਰੀ ਤੋਂ ,ਨੇਹਾ ਸ਼ਰਮਾ ਪੰਚਕੂਲਾ, ਮੈਨੂੰ ਮਾਨਵ ਤੇ ਗੁਰਦਰਸ਼ਨ ਗੁਸੀਲ ਤੇ ਉਮਾ ਨਾਸਰ, ਬੀ ਐਸ ਗੁਰਮ ,ਕਮਲਦੀਪ ਕੌਰ ਤੇ ਪਰਮਿੰਦਰ ਕੌਰ ਪਟਿਆਲਾ ਨੇ ਭਾਗ ਲਿਆ ਤੇ ਆਪਣੇ ਵਿਚਾਰ ਕਵਿਤਾ ਰਾਹੀਂ ਸਾਂਝੇ ਕੀਤੇ । ਮਾਹੌਲ ਅੱਜ ਦੇ ਹਾਲਾਤ ਨੂੰ ਲੈ ਕੇ ਮਾਂ ਬਾਪ ਦੀ ਸਥਿਤੀ ਬਿਆਨ ਕਰਦੇ ਕਾਫੀ ਗੰਭੀਰ ਹੋ ਗਿਆ । ਆਖਿਰ ਵਿਚ ਮਹਿਮਾਨਾਂ ਆਪਣਾ ਵਿਸ਼ਲੇਸ਼ਣ ਦਿੱਤਾ ਤੇ ਆਸ਼ਾ ਸ਼ਰਮਾ ਨੇ ਆਏ ਸਾਰੇ ਸਾਹਿਤਕਾਰਾਂ ਤੇ ਮਹਿਮਾਨਾ ਦਾ ਧੰਨਵਾਦ ਕੀਤਾ ।

## 7 ਬੋਤਲਾਂ ਸ਼ਰਾਬ ਬ੍ਰਾਮਦ

ਪਟਿਆਲਾ, 27 ਮਈ (ਵਿਨੋਦ ਸ਼ਰਮਾ) : ਥਾਣਾ ਕੋਤਵਾਲੀ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਮੁਹੰਮਦ ਸਾਹਿਲ ਪੁੱਤਰ ਅਸਪਾਕ ਮੁਹੰਮਦ ਵਾਸੀ ਗਲੀ ਨੰ. 1 ਹਰਿੰਦਰ ਗਰੇਵਾਲ ਇਨਕਲੇਵ ਸੂਲਰ ਰੋਡ ਪਟਿਆਲਾ ਵਿਰੁੱਧ ਧਾਰਾ 61, 1, 14 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਇੰਸਪੈਕਟਰ ਪੂਰਨ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਘਾਸ ਮੰਡੀ ਚੌਕ ਪਟਿਆਲਾ ਪਾਸ ਮੌਜੂਦ ਸੀ, ਜੋ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈੱਕ ਕਰਨ ਪਰ ਦੋਸ਼ੀ ਪਾਸੋਂ 7 ਬੋਤਲਾਂ ਸ਼ਰਾਬ ਠੇਕਾ ਦੇਸ਼ੀ ਮਾਰਕਾ ਪੰਜਾਬ ਅਸਲੀ ਮੋਟਾ ਸੰਤਰਾ ਫਾਰ ਸੇਲ ਇਨ ਪੰਜਾਬ ਤੇ ਤਿੰਨ ਬੋਤਲਾਂ ਸ਼ਰਾਬ ਠੇਕਾ ਦੇਸ਼ੀ ਮਾਰਕਾ ਰਾਣੋ ਸੌਫੀ ਫਾਰ ਸੇਲ ਇਨ ਪੰਜਾਬ ਦੀਆਂ ਬ੍ਰਾਮਦ ਹੋਈਆਂ।

## ਬਹੁਤ ਹੀ ਮਿੱਠ ਬੋਲੜੇ, ਧਾਰਮਿਕ ਵਿਚਾਰਾਂ ਵਾਲੇ ਤੇ ਨੇਕ ਦਿਲ ਸ਼ਖਸੀਅਤ ਸਨ ਮਾਤਾ ਜੋਗਿੰਦਰ ਕੌਰ

-ਇਨਸਾਨ ਦੇ ਨੇਕ ਸੁਭਾਅ ਤੇ ਚੰਗੇ ਵਿਚਾਰਾਂ ਸਦਕਾ ਹੀ ਉਸਦੇ ਮਰਨ ਤੋਂ ਬਾਅਦ ਵੀ ਉਸਨੂੰ ਹਮੇਸ਼ਾਂ ਯਾਦ ਕੀਤਾ ਜਾਂਦਾ ਹੈ। ਅਜਿਹੀ ਹੀ ਸ਼ਖਸੀਅਤ ਦੀ ਮਾਲਕ ਸਨ ਮਾਤਾ ਜੋਗਿੰਦਰ ਕੌਰ ਜੀ (94 ਸਾਲ) (ਧਰਮਪਤਨੀ ਸਵ ਤਰਲੋਕ ਸਿੰਘ ਨੱਕਈ ਸੰਧੂ ), ਜੋ ਕਿ ਬਹੁਤ ਹੀ ਮਿੱਠ ਬੋਲੜੇ, ਮਿਲਾਪੜੇ, ਧਾਰਮਿਕ ਵਿਚਾਰਾਂ ਤੇ ਨੇਕ ਦਿਲ ਸ਼ਖਸੀਅਤ ਸਨ। ਉਨ੍ਹਾਂ ਦਾ ਤੁਰ ਜਾਣਾ ਪਰਿਵਾਰ ਅਤੇ ਸਕੇ ਸਬੰਧੀਆਂ ਲਈ ਵੱਡਾ ਘਾਟਾ ਹੈ, ਜੋ ਕਿਸੇ ਵੀ ਕੀਮਤ 'ਤੇ ਪੂਰਾ ਤਾਂ ਨਹੀਂ ਕੀਤਾ ਜਾ ਸਕਦਾ, ਪਰ ਉਨ੍ਹਾਂ ਦੇ ਚੰਗੇ ਵਿਚਾਰ, ਚੰਗਾ ਵਿਵਹਾਰ ਅਤੇ ਉਨ੍ਹਾਂ ਦੀ ਨੇਕੀ ਹਮੇਸ਼ਾਂ ਹੀ ਪਰਿਵਾਰ ਲਈ ਅਸ਼ੀਰਵਾਦ ਦਾ ਕੰਮ ਕਰਦੀ ਰਹੇਗੀ। ਉਨ੍ਹਾਂ ਵੱਲੋਂ ਆਪਣੇ ਬੱਚਿਆਂ ਨੂੰ ਦਿੱਤੇ ਚੰਗੇ ਸੰਸਕਾਰਾਂ ਤੇ ਸਿੱਖਿਆ ਸਦਕਾ ਹੀ ਅੱਜ ਉਨ੍ਹਾਂ ਦੇ ਸਪੁੱਤਰ ਟਕਸਾਲੀ ਅਕਾਲੀ ਆਗੂ ਪ੍ਰਿਤਪਾਲ ਸਿੰਘ ਨਕੱਈ, ਸਪੁੱਤਰ ਹਰਪਾਲ ਸਿੰਘ ਨਕੱਈ ਅਤੇ ਪੋਤਰੇ ਅਜੇਪਾਲ ਸਿੰਘ ਸੰਧੂ ਯੂ ਐੱਸ ਏ, ਗੁਰਜੈਪਾਲ ਸਿੰਘ ਸੰਧੂ ਯੂ ਐੱਸ ਏ ਅਤੇ ਸਿਮਰਤਪਾਲ ਸਿੰਘ ਸੰਧੂ ਯੂ ਐੱਸ ਏ ਸਮਾਜ ਵਿੱਚ ਚੰਗਾ ਨਾਮਣਾ ਖੱਟ ਰਹੇ ਹਨ।ਇਸ ਦੁੱਖ ਦੀ ਘੜੀ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ, ਹਲਕਾ ਸਮਾਣਾ ਇੰਚਾਰਜ ਜਥੇਦਾਰ ਜਗਮੀਤ ਸਿੰਘ ਹਰਿਆਊ, ਜਥੇਦਾਰ ਕੁਲਦੀਪ ਸਿੰਘ ਨੱਸੂਪੁਰ ਅਤੇ ਜਥੇਦਾਰ ਅਮਰਜੀਤ ਸਿੰਘ ਪੰਜਰਥ ਆਦਿ ਸਮੇਤ ਵੱਡੀ ਗਿਣਤੀ ਵਿੱਚ ਸਮਾਜਿਕ, ਧਾਰਮਿਕ ਅਤੇ ਰਾਜਨੀਤਿਕ ਸ਼ਖ਼ਸੀਅਤਾਂ ਨੇ ਨਕੱਈ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।ਦੱਸ ਦਈਏ ਕਿ ਮਾਤਾ ਜੋਗਿੰਦਰ ਕੌਰ 18 ਮਈ ਨੂੰ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਕੇ ਪ੍ਰਮਾਤਮਾ ਦੇ ਚਰਨਾਂ ਚ ਜਾ ਬਿਰਾਜੇ ਸਨ ।ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ ਅੱਜ 28 ਮਈ ਦਿਨ ਵੀਰਵਾਰ ਨੂੰ ਸਮਾਂ ਦੁਪਹਿਰ 12 ਤੋਂ 1 ਵਜੇ ਤੱਕ ਗੁਰਦੁਆਰਾ ਥੜ੍ਹਾ ਸਾਹਿਬ ਸਮਾਣਾ ਵਿਖੇ ਹੋਵੇਗੀ। ਸਭ ਨੇ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ।



ਹਰਜਿੰਦਰ ਸਿੰਘ ਜਵੰਦਾ